ਬੁੱਧਵਾਰ, 15 ਜੁਲਾਈ, 2026
31 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 44

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • WEDNESDAY, 15 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# 8 ਟੋਲ ਪਲਾਜ਼ੇ ਹੋਏ ਮਹਿੰਗੇ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**
ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਨੇ ਪੰਜਾਬ ਅਤੇ ਹਰਿਆਣਾ ਦੇ ਅੱਠ ਟੋਲ ਪਲਾਜ਼ਿਆਂ ’ਤੇ ਟੋਲ ਟੈਕਸ ਦੀਆਂ ਦਰਾਂ ਵਿੱਚ ਸੋਧ ਕਰ ਦਿੱਤੀ ਹੈ, ਜੋ ਕਿ 14 ਜੁਲਾਈ ਤੋਂ ਲਾਗੂ ਹੋ ਗਈਆਂ ਹਨ। ਇਸ ਵਾਧੇ ਕਾਰਨ ਸੰਗਰੂਰ, ਚੰਡੀਗੜ੍ਹ, ਲੁਧਿਆਣਾ, ਅੰਮ੍ਰਿਤਸਰ, ਤਰਨ ਤਾਰਨ, ਫਰੀਦਕੋਟ, ਬਠਿੰਡਾ, ਅਬੋਹਰ ਅਤੇ ਮੌੜ ਦੇ ਰੂਟਾਂ ’ਤੇ ਸਫ਼ਰ ਕਰਨ ਵਾਲੇ ਵਾਹਨ ਚਾਲਕਾਂ ਨੂੰ ਹੁਣ ਪ੍ਰਤੀ ਗੇੜਾ 5 ਰੁਪਏ ਤੋਂ ਲੈ ਕੇ 10 ਰੁਪਏ ਤੱਕ ਵਧੇਰੇ ਜੇਬ ਢਿੱਲੀ ਕਰਨੀ ਪਵੇਗੀ। ਘੁਲਾਲ ਟੋਲ ਪਲਾਜ਼ਾ (ਚੰਡੀਗੜ੍ਹ-ਖਰੜ-ਲੁਧਿਆਣਾ ਹਾਈਵੇਅ) ’ਤੇ ਨਿੱਜੀ ਕਾਰਾਂ ਅਤੇ ਹਲਕੇ ਮੋਟਰ ਵਾਹਨਾਂ ਲਈ ਟੋਲ ਟੈਕਸ ਵਧਾ ਕੇ ਇੱਕ ਪਾਸੇ ਦੀ ਯਾਤਰਾ ਲਈ 115 ਰੁਪਏ ਅਤੇ ਦੋਵਾਂ ਪਾਸਿਆਂ (ਆਉਣ-ਜਾਣ) ਲਈ 170 ਰੁਪਏ ਕਰ ਦਿੱਤਾ ਗਿਆ ਹੈ।

ਬੱਸਾਂ ਅਤੇ ਟਰੱਕਾਂ ਲਈ ਇੱਕ ਪਾਸੇ ਦਾ ਰੇਟ 390 ਰੁਪਏ ਅਤੇ ਦੋਵਾਂ ਪਾਸਿਆਂ ਦਾ ਰੇਟ 580 ਰੁਪਏ ਤੈਅ ਕੀਤਾ ਗਿਆ ਹੈ। ਕੋਟ ਕਰੋੜ ਟੋਲ ਪਲਾਜ਼ਾ (ਅੰਮ੍ਰਿਤਸਰ-ਤਰਨ ਤਾਰਨ-ਹਰੀਕੇ-ਫਰੀਦਕੋਟ-ਬਠਿੰਡਾ ਹਾਈਵੇਅ ’ਤੇ ਕਾਰਾਂ ਅਤੇ ਹਲਕੇ ਵਾਹਨਾਂ ਲਈ ਇੱਕ ਪਾਸੇ ਦਾ ਟੋਲ 50 ਰੁਪਏ ਅਤੇ ਦੋਵਾਂ ਪਾਸਿਆਂ ਦਾ 70 ਰੁਪਏ ਹੋਵੇਗਾ। ਬੱਸਾਂ ਅਤੇ ਟਰੱਕਾਂ ਲਈ ਇਹ ਦਰਾਂ ਕ੍ਰਮਵਾਰ 165 ਰੁਪਏ (ਇੱਕ ਪਾਸੇ) ਅਤੇ 250 ਰੁਪਏ (ਦੋਵੇਂ ਪਾਸੇ) ਕੀਤੀਆਂ ਗਈਆਂ ਹਨ। ਕਾਲਾ ਟਿੱਬਾ ਟੋਲ ਪਲਾਜ਼ਾ (ਅਬੋਹਰ-ਸੀਤੋ-ਗੰਨੋ-ਡੱਬਵਾਲੀ ਰੂਟ) ’ਤੇ ਕਾਰਾਂ ਅਤੇ ਹਲਕੇ ਵਾਹਨਾਂ ਲਈ ਇੱਕ ਪਾਸੇ ਦਾ ਟੈਕਸ 50 ਰੁਪਏ ਅਤੇ ਦੋਵਾਂ ਪਾਸਿਆਂ ਦਾ 80 ਰੁਪਏ ਨਿਰਧਾਰਿਤ ਕੀਤਾ ਗਿਆ ਹੈ। ਬੱਸਾਂ ਅਤੇ ਟਰੱਕਾਂ ਨੂੰ ਇੱਕ ਪਾਸੇ ਲਈ 175 ਰੁਪਏ ਅਤੇ ਦੋਵਾਂ ਪਾਸਿਆਂ ਦੀ ਯਾਤਰਾ ਲਈ 265 ਰੁਪਏ ਦੇਣੇ ਪੈਣਗੇ।

ਸ਼ੇਖੂਪੁਰਾ ਟੋਲ ਪਲਾਜ਼ਾ (ਮੌੜ-ਰੋਮਾਣਾ ਮੰਡੀ ਹਾਈਵੇਅ ’ਤੇ ਕਾਰਾਂ ਅਤੇ ਹਲਕੇ ਵਾਹਨਾਂ ਨੂੰ ਇੱਕ ਪਾਸੇ ਦੇ 55 ਰੁਪਏ ਅਤੇ ਵਾਪਸੀ ਦੇ 85 ਰੁਪਏ ਦੇਣੇ ਹੋਣਗੇ। ਬੱਸਾਂ ਅਤੇ ਟਰੱਕਾਂ ਲਈ ਇਹ ਫੀਸ ਕ੍ਰਮਵਾਰ 185 ਰੁਪਏ ਅਤੇ 280 ਰੁਪਏ ਹੋਵੇਗੀ। ਲਹਿਰਾਬੇਗਾ ਟੋਲ ਪਲਾਜ਼ਾ (ਤਪਾ-ਬਠਿੰਡਾ ਹਾਈਵੇਅ ’ਤੇ ਕਾਰਾਂ ਅਤੇ ਹਲਕੇ ਵਾਹਨਾਂ ਲਈ ਇੱਕ ਪਾਸੇ ਦਾ ਟੋਲ 80 ਰੁਪਏ ਅਤੇ ਦੋਵਾਂ ਪਾਸਿਆਂ ਦਾ 120 ਰੁਪਏ ਹੋਵੇਗਾ। ਬੱਸਾਂ ਅਤੇ ਟਰੱਕਾਂ ਲਈ ਹੁਣ ਇੱਕ ਪਾਸੇ ਦੇ 270 ਰੁਪਏ ਅਤੇ ਦੋਵਾਂ ਪਾਸਿਆਂ ਦੇ 400 ਰੁਪਏ ਚਾਰਜ ਕੀਤੇ ਜਾਣਗੇ। ਖੂਈਆਂ ਸਰਵਰ ਟੋਲ ਪਲਾਜ਼ਾ (ਮਲੋਟ-ਅਬੋਹਰ ਬਾਈਪਾਸ-ਸਾਧੂਵਾਲੀ ਹਾਈਵੇਅ) ’ਤੇ ਕਾਰਾਂ ਅਤੇ ਹਲਕੇ ਵਾਹਨਾਂ ਲਈ ਸੋਧਿਆ ਹੋਇਆ ਟੋਲ ਇੱਕ ਪਾਸੇ ਲਈ 105 ਰੁਪਏ ਅਤੇ ਦੋਵਾਂ ਪਾਸਿਆਂ ਲਈ 155 ਰੁਪਏ ਹੈ। ਬੱਸਾਂ ਅਤੇ ਟਰੱਕਾਂ ਲਈ ਇਹ ਫੀਸ ਵਧਾ ਕੇ ਕ੍ਰਮਵਾਰ 350 ਰੁਪਏ (ਇੱਕ ਪਾਸੇ) ਅਤੇ 520 ਰੁਪਏ (ਦੋਵੇਂ ਪਾਸੇ) ਕਰ ਦਿੱਤੀ ਗਈ ਹੈ।

ਕਾਲਾਝਾੜ ਟੋਲ ਪਲਾਜ਼ਾ (ਪਟਿਆਲਾ ਬਾਈਪਾਸ ਹਾਈਵੇਅ) ’ਤੇ ਕਾਰਾਂ ਅਤੇ ਹਲਕੇ ਵਾਹਨਾਂ ਲਈ ਟੋਲ ਰੇਟ ਇੱਕ ਪਾਸੇ ਦਾ 115 ਰੁਪਏ ਅਤੇ ਦੋਵਾਂ ਪਾਸਿਆਂ ਦਾ 175 ਰੁਪਏ ਹੋ ਗਿਆ ਹੈ। ਬੱਸਾਂ ਅਤੇ ਟਰੱਕਾਂ ਨੂੰ ਹੁਣ ਇੱਕ ਪਾਸੇ ਦੇ 390 ਰੁਪਏ ਅਤੇ ਦੋਵਾਂ ਪਾਸਿਆਂ ਦੇ 585 ਰੁਪਏ ਚੁਕਾਉਣੇ ਪੈਣਗੇ। ਪੈਂਦ ਟੋਲ ਪਲਾਜ਼ਾ (ਸੰਗਰੂਰ-ਡੋਗਲ ਕਲਾਂ ਹਾਈਵੇਅ) ’ਤੇ ਕਾਰਾਂ ਅਤੇ ਹਲਕੇ ਵਾਹਨਾਂ ਲਈ ਯੂਜ਼ਰ ਫੀਸ ਇੱਕ ਪਾਸੇ ਦੀ 95 ਰੁਪਏ ਅਤੇ ਦੋਵਾਂ ਪਾਸਿਆਂ ਦੀ 145 ਰੁਪਏ ਕੀਤੀ ਗਈ ਹੈ। ਬੱਸਾਂ ਅਤੇ ਟਰੱਕਾਂ ਲਈ ਇਹ ਫੀਸ ਕ੍ਰਮਵਾਰ 325 ਰੁਪਏ (ਇੱਕ ਪਾਸੇ) ਅਤੇ ਦੋਵਾਂ ਪਾਸਿਆਂ ਲਈ 485 ਰੁਪਏ ਤੈਅ ਕੀਤੀ ਗਈ ਹੈ


# ਅਰੁੰਧਤੀ, ਨਸੀਰੂਦੀਨ ਤੇ ਹੋਰਨਾਂ ਵੱਲੋਂ ਭੁੱਖ ਹੜਤਾਲ ਖ਼ਤਮ ਕਰਨ ਦੀ ਅਪੀਲ



**ਨਵੀਂ ਦਿੱਲੀ :** ਦੇਸ਼ ਦੀਆਂ ਕਈ ਉੱਘੀਆਂ ਸ਼ਖ਼ਸੀਅਤਾਂ, ਜਿਨ੍ਹਾਂ ਵਿੱਚ ਮਸ਼ਹੂਰ ਲੇਖਿਕਾ ਅਰੁੰਧਤੀ ਰਾਏ, ਪ੍ਰਸਿੱਧ ਅਦਾਕਾਰ ਨਸੀਰੂਦੀਨ ਸ਼ਾਹ, ਰਤਨਾ ਪਾਠਕ ਸ਼ਾਹ ਅਤੇ ਅਰਥਸ਼ਾਸਤਰੀ ਜਯਤੀ ਘੋਸ਼ ਸ਼ਾਮਲ ਹਨ, ਨੇ ਦਿੱਲੀ ਦੇ ਜੰਤਰ-ਮੰਤਰ ਵਿਖੇ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ’ਤੇ ਸੋਨਮ ਵਾਂਗਚੁੱਕ ਸਮੇਤ ਬੈਠੇ ਹੋਰ ਪ੍ਰਦਰਸ਼ਨਕਾਰੀਆਂ ਨੂੰ ਆਪਣਾ ਵਰਤ ਖ਼ਤਮ ਕਰਨ ਦੀ ਅਪੀਲ ਕੀਤੀ ਹੈ। ਇਸ ਦੇ ਨਾਲ ਹੀ ਇਨ੍ਹਾਂ ਸ਼ਖ਼ਸੀਅਤਾਂ ਨੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਦਾ ਪੂਰਾ ਸਮਰਥਨ ਕੀਤਾ ਹੈ। ਜਾਰੀ ਕੀਤੇ ਇੱਕ ਸਾਂਝੇ ਬਿਆਨ ਵਿੱਚ ਇਨ੍ਹਾਂ ਉੱਘੇ ਨਾਗਰਿਕਾਂ ਨੇ ਕਿਹਾ ਕਿ ਉਹ ਸਰਕਾਰ ਵਿਰੁੱਧ ਇਸ ਅੰਦੋਲਨ ਦੀ ਅਗਵਾਈ ਕਰਨ ਲਈ ਪ੍ਰਦਰਸ਼ਨਕਾਰੀਆਂ ਦੇ ‘ਬਹੁਤ ਸ਼ੁਕਰਗੁਜ਼ਾਰ’ ਹਨ, ਪਰ ਨਾਲ ਹੀ ਉਨ੍ਹਾਂ ਦੀ ਵਿਗੜ ਰਹੀ ਸਿਹਤ ਨੂੰ ਲੈ ਕੇ ਡੂੰਘੀ ਚਿੰਤਾ ਵਿੱਚ ਹਨ। ਬਿਆਨ ਵਿੱਚ ਕਿਹਾ ਗਿਆ, “ਅਸੀਂ ਤੁਹਾਡੇ ਪੱਕੇ ਇਰਾਦੇ, ਹੌਸਲੇ ਅਤੇ ਜਜ਼ਬੇ ਨੂੰ ਸਲਾਮ ਕਰਦੇ ਹਾਂ, ਜਿਸ ਨਾਲ ਤੁਸੀਂ ਦੇਸ਼ ਭਰ ਦੇ ਵਿਦਿਆਰਥੀਆਂ ਅਤੇ ਨੌਜਵਾਨਾਂ ਲਈ ਇਸ ਅੰਦੋਲਨ ਦੀ ਅਗਵਾਈ ਕਰ ਰਹੇ ਹੋ। ਪ੍ਰਦਰਸ਼ਨਕਾਰੀਆਂ ਨੂੰ ਭੁੱਖ ਹੜਤਾਲ ਖ਼ਤਮ ਕਰਨ ਦੀ ਬੇਨਤੀ ਕਰਦਿਆਂ ਬਿਆਨ ਵਿੱਚ ਲਿਖਿਆ ਗਿਆ, “ਅਸੀਂ ਤੁਹਾਨੂੰ ਅਪੀਲ ਕਰਦੇ ਹਾਂ ਕਿ ਅੱਗੇ ਆਉਣ ਵਾਲੇ ਲੰਮੇ ਅਤੇ ਵਧੇਰੇ ਔਖੇ ਸੰਘਰਸ਼ ਦੇ ਹਿੱਤ ਵਿੱਚ ਇਸ ਭੁੱਖ ਹੜਤਾਲ ਨੂੰ ਤੁਰੰਤ ਖ਼ਤਮ ਕਰਨ ਬਾਰੇ ਵਿਚਾਰ ਕਰੋ। ਇਹ ਲੜਾਈ ਇੱਕ ਮੈਰਾਥਨ ਦੀ ਤਰ੍ਹਾਂ ਹੈ, ਕੋਈ 100 ਮੀਟਰ ਦੀ ਦੌੜ ਨਹੀਂ। ਆਉਣ ਵਾਲੇ ਦਿਨਾਂ ਵਿੱਚ ਸਾਨੂੰ ਤੁਹਾਡੀ, ਤੁਹਾਡੀ ਤਾਕਤ ਅਤੇ ਤੁਹਾਡੀ ਅਗਵਾਈ ਦੀ ਬਹੁਤ ਲੋੜ ਹੈ। ਇਹ ਅਪੀਲ ਜੰਤਰ-ਮੰਤਰ ’ਤੇ ਕਾਕਰੋਚ ਜਨਤਾ ਪਾਰਟੀ ਦੇ ਚੱਲ ਰਹੇ ਪ੍ਰਦਰਸ਼ਨ ਦੇ 24ਵੇਂ ਦਿਨ ਅਤੇ ਸਿੱਖਿਆ ਸ਼ਾਸਤਰੀ ਤੇ ਵਾਤਾਵਰਣ ਪ੍ਰੇਮੀ ਸੋਨਮ ਵਾਂਗਚੁਕ ਦੀ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ ਦੇ 16ਵੇਂ ਦਿਨ ਸਾਹਮਣੇ ਆਈ ਹੈ। ਪ੍ਰਬੰਧਕਾਂ ਮੁਤਾਬਕ, ਭੁੱਖ ਹੜਤਾਲ ਸ਼ੁਰੂ ਕਰਨ ਤੋਂ ਬਾਅਦ ਹੁਣ ਤੱਕ ਵਾਂਗਚੁਕ ਦਾ ਭਾਰ 8.2 ਕਿਲੋਗ੍ਰਾਮ ਘਟ ਗਿਆ ਹੈ। ਸਾਂਝੇ ਬਿਆਨ ਰਾਹੀਂ ਦਿੱਲੀ ਦੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਉਹ 20 ਜੁਲਾਈ ਨੂੰ ਸੰਸਦ ਦੇ ਮਾਨਸੂਨ ਸੈਸ਼ਨ ਦੇ ਪਹਿਲੇ ਦਿਨ ਸੀ.ਜੇ.ਪੀ. ਵੱਲੋਂ ਕੱਢੇ ਜਾਣ ਵਾਲੇ ਸੰਸਦ ਮਾਰਚ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ। ਇਸ ਬਿਆਨ ’ਤੇ ਦਸਤਖ਼ਤ ਕਰਨ ਵਾਲਿਆਂ ਵਿੱਚ ਅਰੁੰਧਤੀ ਰਾਏ, ਨਸੀਰੂਦੀਨ ਸ਼ਾਹ, ਰਤਨਾ ਪਾਠਕ ਸ਼ਾਹ ਅਤੇ ਜਯਤੀ ਘੋਸ਼ ਤੋਂ ਇਲਾਵਾ ਪ੍ਰਸਿੱਧ ਅਕਾਦਮਿਕ ਅਨੁਰਾਧਾ ਚੇਨੌਏ, ਨਿਵੇਦਿਤਾ ਮੈਨਨ, ਤਨਿਕਾ ਸਰਕਾਰ, ਆਦਿਤਿਆ ਨਿਗਮ, ਫਿਲਮਸਾਜ਼ ਸੰਜੇ ਕਾਕ, ਸਮਾਜਿਕ ਕਾਰਕੁਨ ਲਲਿਤਾ ਰਾਮਦਾਸ, ਕਵਿਤਾ ਸ੍ਰੀਵਾਸਤਵ, ਮਧੂ ਭੂਸ਼ਣ ਅਤੇ ਅਰੁੰਧਤੀ ਘੋਸ਼ ਸ਼ਾਮਲ ਹਨ।

ਵਾਂਗਚੁਕ ਇਕੱਲੇ ਨਹੀਂ, ਵਿਦਿਆਰਥੀ ਵੀ ਉਨ੍ਹਾ ਨਾਲ ਭੁੱਖ ਹੜਤਾਲ ਕਰ ਰਹੇ ਹਨ। ਇਨ੍ਹਾਂ ਵਿੱਚੋਂ ਘੱਟੋ-ਘੱਟ ਚਾਰ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ ਤੋਂ ਹਨ। ਉਨ੍ਹਾਂ ਵਿੱਚੋਂ ਇੱਕ ਦੀਪਕ ਨੂੰ ਸੋਮਵਾਰ ਹਾਈਪੋਵੋਲੇਮਿਕ (ਖ਼ੂਨ ਜਾਂ ਤਰਲ ਪਦਾਰਥਾਂ ਦੀ ਭਾਰੀ ਕਮੀ) ਕਾਰਨ ਰਾਮ ਮਨੋਹਰ ਲੋਹੀਆ ਹਸਪਤਾਲ ਵਿੱਚ ਦਾਖਲ ਕਰਵਾਉਣਾ ਪਿਆ ਸੀ। ਹਾਲਾਂਕਿ ਉਸ ਨੂੰ ਮੰਗਲਵਾਰ ਛੁੱਟੀ ਦੇ ਦਿੱਤੀ ਗਈ।

# ਛੱਤ ਡਿੱਗਣ ਨਾਲ ਮਾਂ-ਪੁੱਤ ਦੀ ਮੌਤ, ਦੋ ਬੇਟੀਆਂ ਗੰਭੀਰ ਜ਼ਖਮੀ




**ਤਲਵੰਡੀ ਸਾਬੋ (ਜਗਦੀਪ ਗਿੱਲ)**
ਸੋਮਵਾਰ ਰਾਤ ਇੱਥੇ ਸੁੱਤੇ ਪਏ ਪਰਵਾਰ ਉੱਪਰ ਅਚਾਨਕ ਡਿੱਗੀ ਮਕਾਨ ਦੀ ਛੱਤ ਕਾਰਨ ਮਾਂ ਤੇ ਪੁੱਤਰ ਦੀ ਮੌਕੇ ’ਤੇ ਮੌਤ ਹੋ ਗਈ ਅਤੇ ਦੋ ਧੀਆਂ ਸਖਤ ਜ਼ਖਮੀ ਹੋ ਗਈਆਂ।

ਮੁਹੱਲਾ ਤੇ ਨਗਰ ਨਿਵਾਸੀਆਂ ਦੀ ਮਦਦ ਨਾਲ ਮਲਬੇ ਹੇਠੋਂ ਕੱਢ ਕੇ ਚੌਹਾਂ ਨੂੰ ਸਿਵਲ ਹਸਪਤਾਲ ਤਲਵੰਡੀ ਸਾਬੋ ਪਹੁੰਚਾਇਆ ਗਿਆ। ਡਾਕਟਰਾਂ ਨੇ ਬੀਰਪਾਲ ਕੌਰ ਤੇ ਅਰਸ਼ਦੀਪ ਸਿੰਘ (ਪੁੱਤਰ) ਨੂੰ ਮ੍ਰਿਤਕ ਘੋਸ਼ਿਤ ਕਰਦਿਆਂ ਦੂਸਰੀਆਂ ਦੋਵੇਂ ਜ਼ਖਮੀ ਕੁੜੀਆਂ ਨੂੰ ਮੁਢਲੀ ਡਾਕਟਰੀ ਸਹਾਇਤਾ ਦੇਣ ਤੋਂ ਬਾਅਦ ਏਮਜ਼ ਬਠਿੰਡਾ ਵਿਖੇ ਰੈਫਰ ਕਰ ਦਿੱਤਾ। ਘਟਨਾ ਰਾਤ ਕਰੀਬ 11 ਵਜੇ ਵਾਪਰੀ, ਜਦੋਂ ਪਰਵਾਰ ਰੋਜ਼ਾਨਾ ਦੀ ਤਰ੍ਹਾਂ ਹਾਲੇ ਸੁੱਤਾ ਹੀ ਪਿਆ ਸੀ। ਬੀਰਪਾਲ ਕੌਰ ਆਪ ਦੋਵੇਂ ਬੇਟੀਆਂ ਸੁਮਨਪ੍ਰੀਤ ਕੌਰ, ਖੁਸ਼ਪ੍ਰੀਤ ਕੌਰ ਅਤੇ ਪੁੱਤਰ ਅਰਸ਼ਦੀਪ ਸਿੰਘ ਨੂੰ ਨਾਲ ਲੈ ਕੇ ਅੰਦਰ ਮਕਾਨ ਦੀ ਛੱਤ ਹੇਠ ਸੌਂ ਗਈ, ਜਦੋਂ ਕਿ ਪਰਵਾਰ ਦਾ ਮੁਖੀ ਧਰਮ ਸਿੰਘ ਉਰਫ ਕਾਲਾ ਸਿੰਘ ਬਾਹਰ ਵਿਹੜੇ ਵਿੱਚ ਪੈ ਗਿਆ।ਸੁਮਨਪ੍ਰੀਤ ਕੌਰ ਸਥਾਨਕ ਖਾਲਸਾ ਹਾਈ ਸਕੂਲ ਵਿੱਚੋਂ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਫਸਟ ਆਉਂਦੀ ਰਹਿਣ ਦੇ ਨਾਲ-ਨਾਲ ਪਿਛਲੇ ਸਾਲ ਦਸਵੀਂ ਸ਼੍ਰੇਣੀ ਦੀ ਪ੍ਰੀਖਿਆ ਵਿੱਚ ਪੰਜਾਬ ਦੀ ਮੈਰਿਟ ਸੂਚੀ ਵਿੱਚ ਆਈ ਸੀ।

# ਬੇਅਦਬੀ ਮਾਮਲੇ ਦੇ ਮੁਲਜ਼ਮ ਦਾ ਕਤਲ



**ਸ੍ਰੀ ਫਤਿਹਗੜ੍ਹ ਸਾਹਿਬ :** ਪੰਜਾਬ ਵਿੱਚ ਬੇਅਦਬੀ ਮਾਮਲਿਆਂ ਨਾਲ ਜੁੜੇ ਇੱਕ ਵੱਡੇ ਘਟਨਾਕ੍ਰਮ ਵਿੱਚ, ਸਾਲ 2020 ਦੇ ਇੱਕ ਬੇਅਦਬੀ ਕੇਸ ਦੇ ਮੁਲਜ਼ਮ ਦਾ ਬੀਤੀ ਅੱਧੀ ਰਾਤ ਨੂੰ ਤੇਜ਼ਧਾਰ ਹਥਿਆਰਾਂ ਨਾਲ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਮ੍ਰਿਤਕ ਦੀ ਪਛਾਣ 45 ਸਾਲਾ ਮੇਵਾ ਸਿੰਘ ਵਜੋਂ ਹੋਈ ਹੈ, ਜੋ ਕਿ ਮੰਡੀ ਗੋਬਿੰਦਗੜ੍ਹ ਦੇ ਨਜ਼ਦੀਕੀ ਪਿੰਡ ਲਾਡਪੁਰ ਤੂਰਾਂ ਦਾ ਰਹਿਣ ਵਾਲਾ ਸੀ। ਮੇਵਾ ਸਿੰਘ ਹਾਲ ਹੀ ਵਿੱਚ ਅਦਾਲਤ ਵੱਲੋਂ ਜ਼ਮਾਨਤ ਮਿਲਣ ਮਗਰੋਂ ਜੇਲ੍ਹ ਤੋਂ ਬਾਹਰ ਆਇਆ ਸੀ। ਇਹ ਵਾਰਦਾਤ ਅੱਧੀ ਰਾਤ ਦੇ ਕਰੀਬ ਉਸ ਸਮੇਂ ਵਾਪਰੀ ਜਦੋਂ ਮੇਵਾ ਸਿੰਘ ਆਪਣੇ ਪਰਵਾਰ ਸਮੇਤ ਘਰ ਵਿੱਚ ਮੌਜੂਦ ਸੀ। ਇੱਕ ਅਣਪਛਾਤਾ ਹਮਲਾਵਰ ਘਰ ਦੀ ਕੰਧ ਟੱਪ ਕੇ ਅੰਦਰ ਦਾਖ਼ਲ ਹੋਇਆ ਅਤੇ ਉਸ ਨੇ ਮੇਵਾ ਸਿੰਘ ’ਤੇ ਤੇਜ਼ਧਾਰ ਹਥਿਆਰ ਨਾਲ ਤਾਬੜਤੋੜ ਹਮਲਾ ਕਰ ਦਿੱਤਾ। ਹਮਲਾ ਇੰਨਾ ਭਿਆਨਕ ਸੀ ਕਿ ਮੇਵਾ ਸਿੰਘ ਨੇ ਮੌਕੇ ’ਤੇ ਹੀ ਦਮ ਤੋੜ ਦਿੱਤਾ, ਜਦ ਕਿ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਹਮਲਾਵਰ ਹਨੇਰੇ ਦਾ ਫ਼ਾਇਦਾ ਉਠਾ ਕੇ ਫ਼ਰਾਰ ਹੋਣ ਵਿੱਚ ਕਾਮਯਾਬ ਹੋ ਗਿਆ। ਅਮਲੋਹ ਦੇ ਡੀ.ਐੱਸ.ਪੀ. ਬਿਕਰਮਜੀਤ ਸਿੰਘ ਘੁੰਮਣ ਨੇ ਦੱਸਿਆ ਕਿ ਮ੍ਰਿਤਕ ਦੇ ਸਰੀਰ ’ਤੇ ਤੇਜ਼ਧਾਰ ਹਥਿਆਰ ਦੇ ਕਈ ਡੂੰਘੇ ਜ਼ਖ਼ਮ ਸਨ।

# 2 ਤੇਲ ਟੈਂਕਰਾਂ ’ਤੇ ਹਮਲਾ, ਇੱਕ ਭਾਰਤੀ ਦੀ ਮੌਤ

**ਅਬੂਧਾਬੀ :** ਸੰਯੁਕਤ ਅਰਬ ਅਮੀਰਾਤ ਦੇ ਰੱਖਿਆ ਮੰਤਰਾਲੇ ਦੇ ਅਨੁਸਾਰ, ਹਾਰਮੁਜ਼ ਜਲਡਮਰੂ ਵਿੱਚ ਦੋ ਯੂ ਏ ਈ ਤੇਲ ਟੈਂਕਰਾਂ ‘ਤੇ ਈਰਾਨੀ ਮਿਜ਼ਾਈਲ ਹਮਲੇ ਵਿੱਚ ਇੱਕ ਭਾਰਤੀ ਚਾਲਕ ਦਲ ਦੇ ਮੈਂਬਰ ਦੀ ਮੌਤ ਹੋ ਗਈ ਹੈ। ਹਮਲੇ ਵਿੱਚ ਛੇ ਭਾਰਤੀਆਂ ਸਮੇਤ ਅੱਠ ਹੋਰ ਜ਼ਖਮੀ ਹੋਏ ਹਨ। ਯੂ ਏ ਈ ਦੇ ਰੱਖਿਆ ਮੰਤਰਾਲੇ ਨੇ ਕਿਹਾ ਕਿ “ਮੋਮਬਾਸਾ” ਅਤੇ “ਅਲ ਬਾਹੀਆ” ਨਾਮਕ ਤੇਲ ਟੈਂਕਰਾਂ ਨੂੰ ਓਮਾਨ ਦੇ ਪਾਣੀਆਂ ਵਿੱਚ ਜਲਡਮਰੂ ਦੇ ਦੱਖਣੀ ਰਸਤੇ ਵਿੱਚੋਂ ਲੰਘਦੇ ਸਮੇਂ ਨਿਸ਼ਾਨਾ ਬਣਾਇਆ ਗਿਆ ਸੀ। ਮਰਨ ਵਾਲਾ ਭਾਰਤੀ ਚਾਲਕ ਦਲ ਦਾ ਮੈਂਬਰ ਮੋਮਬਾਸਾ ਜਹਾਜ਼ ‘ਤੇ ਸਵਾਰ ਸੀ। ਮੰਤਰਾਲੇ ਨੇ ਅੱਠ ਲੋਕਾਂ ਦੇ ਜ਼ਖਮੀ ਹੋਣ ਦੀ ਰਿਪੋਰਟ ਦਿੱਤੀ, ਜਿਨ੍ਹਾਂ ਵਿੱਚ ਛੇ ਭਾਰਤੀ ਅਤੇ ਦੋ ਯੂਕਰੇਨੀ ਸ਼ਾਮਲ ਹਨ। ਜ਼ਖਮੀਆਂ ਵਿੱਚੋਂ ਚਾਰ ਨੂੰ ਗੰਭੀਰ ਸੱਟਾਂ ਲੱਗੀਆਂ। ਈਰਾਨੀ ਮਿਜ਼ਾਈਲ ਹਮਲਿਆਂ ਕਾਰਨ ਦੋਵੇਂ ਟੈਂਕਰਾਂ ਨੂੰ ਅੱਗ ਲੱਗ ਗਈ ਅਤੇ ਕਾਫ਼ੀ ਨੁਕਸਾਨ ਹੋਇਆ। ਹਮਲੇ ਤੋਂ ਬਾਅਦ, ਯੂ ਏ ਈ ਨੇ ਇੱਕ ਬਿਆਨ ਜਾਰੀ ਕਰਕੇ ਇਸ ਦੀ ਸਖ਼ਤ ਨਿੰਦਾ ਕੀਤੀ ਅਤੇ ਚੇਤਾਵਨੀ ਦਿੱਤੀ ਕਿ ਉਹ ਬਦਲਾ ਲੈਣ ਦਾ ਅਧਿਕਾਰ ਰੱਖਦਾ ਹੈ। ਇਸ ਹਮਲੇ ਨੂੰ ਅੰਤਰਰਾਸ਼ਟਰੀ ਕਾਨੂੰਨ ਦੀ ਗੰਭੀਰ ਉਲੰਘਣਾ ਦੱਸਦੇ ਹੋਏ, ਯੂ ਏ ਈ ਦੇ ਰੱਖਿਆ ਮੰਤਰਾਲੇ ਨੇ ਕਿਹਾ ਕਿ ਦੇਸ਼ ਆਪਣੀ ਪ੍ਰਭੂਸੱਤਾ, ਸੁਰੱਖਿਆ ਅਤੇ ਸਮੁੰਦਰੀ ਹਿੱਤਾਂ ਦੀ ਰੱਖਿਆ ਲਈ ਸਾਰੇ ਜ਼ਰੂਰੀ ਉਪਾਅ ਕਰੇਗਾ। ਬਿਆਨ ਵਿੱਚ ਕਿਹਾ ਗਿਆ ਹੈ, “ਯੂ ਏ ਈ ਕਿਸੇ ਵੀ ਖਤਰੇ ਦਾ ਸਾਹਮਣਾ ਕਰਨ ਅਤੇ ਖੇਤਰੀ ਸਥਿਰਤਾ ਨੂੰ ਕਮਜ਼ੋਰ ਕਰਨ ਵਾਲੀਆਂ ਕਾਰਵਾਈਆਂ ਦਾ ਸਖ਼ਤ ਜਵਾਬ ਦੇਣ ਲਈ ਪੂਰੀ ਤਰ੍ਹਾਂ ਤਿਆਰ ਹੈ।” ਸੋਮਵਾਰ ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਦੀ ਜਲ ਸੈਨਾ ਦੀ ਨਾਕਾਬੰਦੀ ਨੂੰ ਮੁੜ ਸ਼ੁਰੂ ਕਰਨ ਦਾ ਐਲਾਨ ਕੀਤਾ।

# ਲਾਵਾਰਿਸ ਦੀ ਲਾਸ਼ ਸ਼ਮਸ਼ਾਨਘਾਟ ਨੇੜੇ ਸੁੱਟੀ

**ਫਰੀਦਕੋਟ :** ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫਰੀਦਕੋਟ ਦੇ ਸਰਜੀਕਲ ਵਾਰਡ ਵਿੱਚ ਤਾਇਨਾਤ ਅਮਲੇ ਵੱਲੋਂ ਇੱਕ ਲਾਵਾਰਿਸ ਮਰੀਜ਼ ਦੀ ਮੌਤ ਤੋਂ ਬਾਅਦ ਉਸ ਦੀ ਲਾਸ਼ ਨੂੰ ਹਸਪਤਾਲ ਦੇ ਬਾਹਰ ਸ਼ਮਸ਼ਾਨਘਾਟ ਦੇ ਨੇੜੇ ਸੁੱਟਣ ਦਾ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਹਸਪਤਾਲ ਪ੍ਰਸ਼ਾਸਨ ਨੇ ਤੁਰੰਤ ਕਾਰਵਾਈ ਕਰਦਿਆਂ ਲਾਸ਼ ਨੂੰ ਵਾਪਸ ਮੰਗਵਾ ਕੇ ਮੋਰਚਰੀ ਵਿੱਚ ਰਖਵਾ ਦਿੱਤਾ ਹੈ। ਹਾਊਸ ਸਰਜਨ ਅਤੇ ਵਾਰਡ ਦੇ ਡਿਊਟੀ ਸਟਾਫ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ ਅਤੇ ਵਿਭਾਗੀ ਜਾਂਚ ਦੇ ਹੁਕਮ ਦਿੱਤੇ ਗਏ ਹਨ। ਫਿਰੋਜ਼ਪੁਰ ਪੁਲੀਸ ਕਰੀਬ ਇੱਕ ਹਫ਼ਤਾ ਪਹਿਲਾਂ ਇੱਕ ਜ਼ਖਮੀ ਲਾਵਾਰਿਸ

• ਬਾਕੀ ਸਫਾ 2 ’ਤੇ

## ਪ੍ਰਸ਼ਾਂਤ ਨਾਲੋਂ ਪਤਨੀ ਅਮੀਰ



**ਪਟਨਾ :** ਬਿਹਾਰ ਦੇ ਬਾਂਕੀਪੁਰ ਅਸੈਂਬਲੀ ਹਲਕੇ ਦੀ ਉਪ ਚੋਣ ਨਾਲ ਪਹਿਲੀ ਵਾਰ ਚੋਣ ਮੈਦਾਨ ਵਿੱਚ ਉੱਤਰੇ ਜਨ ਸੁਰਾਜ ਪਾਰਟੀ ਦੇ ਬਾਨੀ ਪ੍ਰਸ਼ਾਂਤ ਕਿਸ਼ੋਰ ਵੱਲੋਂ ਨਾਮਜ਼ਦਗੀ ਕਾਗਜ਼ ਨਾਲ ਦਾਖਲ ਹਲਫਨਾਮੇ ਵਿੱਚ ਦੱਸਿਆ ਹੈ ਕਿ ਉਸ ਕੋਲ 96 ਕਰੋੜ ਦੀ ਸੰਪਤੀ ਹੈ। ਇਸ ਵਿੱਚ 22.19 ਕਰੋੜ ਦੀ ਚੱਲ ਤੇ 73.87 ਕਰੋੜ ਦੀ ਅਚੱਲ ਸੰਪਤੀ ਹੈ। ਉਸ ਦੀ ਪਤਨੀ ਡਾ. ਜਾਹਨਵੀ ਦਾਸ ਉਸ ਨਾਲੋਂ ਅਮੀਰ ਹੈ। ਆਸਾਮ ਵਿੱਚ ਮੈਡੀਕਲ ਪ੍ਰੈਕਟੀਸ਼ਨਰ ਜਾਹਨਵੀ ਦੀ ਸੰਪਤੀ ਕਰੀਬ 102 ਕਰੋੜ ਹੈ। ਇਸ ਵਿੱਚ 89.51 ਕਰੋੜ ਚੱਲ ਤੇ 12.42 ਕਰੋੜ ਅਚੱਲ ਸੰਪਤੀ ਹੈ। ਪ੍ਰਸ਼ਾਂਤ ਦੇ ਗਾਜ਼ੀਆਬਾਦ ’ਚ ਦੋ ਫਲੈਟ ਅਤੇ ਪਟਨਾ, ਦਿੱਲੀ ਦੇ ਵਸੰਤ ਵਿਹਾਰ ਤੇ ਬਿਹਾਰ ਦੇ ਬਕਸਰ ਵਿੱਚ ਪਲਾਟ ਹਨ। ਉਹ ਵੇਧਾ ਵੈਂਚਰ ਪ੍ਰਾਈਵੇਟ ਲਿਮਟਿਡ ਦਾ ਮਾਲਕ ਵੀ ਹੈ, ਜਿਸ ਨੇ 2 ਅਕਤੂਬਰ 2024 ਵਿੱਚ ਬਣੀ ਜਨ ਸੁਰਾਜ ਨੂੰ 2024-25 ਵਿੱਚ 85 ਕਰੋੜ ਦਾ ਚੰਦਾ ਦਿੱਤਾ ਸੀ। ਪ੍ਰਸ਼ਾਂਤ ਦਾ ਜਨਮ ਬਕਸਰ ਜ਼ਿਲ੍ਹੇ ਵਿੱਚ ਹੋਇਆ ਸੀ, ਜਿੱਥੇ ਉਸ ਦੇ ਪਿਤਾ ਡਾਕਟਰ ਤੇ ਮਾਂ ਗ੍ਰਹਿਣੀ ਸਨ। ਬਾਂਕੀਪੁਰ ਸੀਟ ਨਿਤਿਨ ਨਬੀਨ ਦੇ ਭਾਜਪਾ ਦੇ ਕੁਲ ਹਿੰਦ ਪ੍ਰਧਾਨ ਤੇ ਰਾਜ ਸਭਾ ਮੈਂਬਰ ਬਣਨ ਕਾਰਨ ਖਾਲੀ ਹੋਈ ਹੈ। ਪ੍ਰਸ਼ਾਂਤ ਦਾ ਭਾਜਪਾ ਦੇ ਨੀਰਜ ਸਿਨਹਾ ਤੇ ਰਾਜਦ ਦੀ ਰੇਖਾ ਗੁਪਤਾ ਨਾਲ ਤਿਕੋਣਾ ਮੁਕਾਬਲਾ ਹੈ। ਵੋਟਾਂ 30 ਜੁਲਾਈ ਨੂੰ ਪੈਣਗੀਆਂ ਤੇ ਨਤੀਜਾ 3 ਅਗਸਤ ਨੂੰ ਨਿਕਲੇਗਾ।

## ਬਿੱਟੂ ਦੀ ਪੰਜਾਬ ’ਚ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ : ਪਰਗਟ ਸਿੰਘ

**ਚੰਡੀਗੜ੍ਹ :** ਕਾਂਗਰਸ ਆਗੂ ਪਰਗਟ ਸਿੰਘ ਨੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ’ਤੇ ਵਰ੍ਹਦਿਆਂ ਕਿਹਾ ਕਿ ਉਹ ਸਿਆਸੀ ਏਜੰਡੇ ਤਹਿਤ ਪੰਜਾਬ ’ਚ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਫਿਲਮ ਦੀ ਰਿਲੀਜ਼ ਅਤੇ ਪਾਬੰਦੀ ਨਾਲ ਕਈ ਸਵਾਲ ਖੜ੍ਹੇ ਹੁੰਦੇ ਹਨ। ਕਾਂਗਰਸ ਦੇ ਲੋਕ ਸਭਾ ਮੈਂਬਰ ਮਨੀਸ਼ ਤਿਵਾੜੀ ਨੇ ਕਿਹਾ ਕਿ ਹਿੰਦੂਆਂ ਅਤੇ ਸਿੱਖਾਂ ਦੀ ਸਾਂਝ ਨੇ ਪੰਜਾਬ ਨੂੰ ਬਚਾਇਆ ਸੀ। ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਨੁਕਸਾਨ ਪਹੁੰਚਾਉਣ ਵਾਲੇ ਸਿੱਧੇ ਤੌਰ ’ਤੇ ਪਾਕਿਸਤਾਨੀ ਖ਼ੁਫ਼ੀਆ ਏਜੰਸੀ ਆਈ ਐੱਸ ਆਈ ਦੇ ਹੱਥਾਂ ’ਚ ਖੇਡਣਗੇ।

# ਟੈਕਸਟਾਈਲ ਖੇਤਰ ’ਚ ਅਥਾਹ ਸੰਭਾਵਨਾਵਾਂ ਮੌਜੂਦ : ਭਗਵੰਤ ਮਾਨ



**ਨਵੀਂ ਦਿੱਲੀ :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਟੈਕਸਟਾਈਲ ਨਿਵੇਸ਼ ਲਈ ਭਾਰਤ ਦੇ ਸਭ ਤੋਂ ਪਸੰਦੀਦਾ ਸਥਾਨ ਵਜੋਂ ਪੰਜਾਬ ਦੀ ਵਕਾਲਤ ਕਰਦਿਆਂ ਕਿਹਾ ਕਿ ਸੂਬੇ ਵਿੱਚ ਟੈਕਸਟਾਈਲ ਖੇਤਰ ਵਿਚ ਅਥਾਹ ਮੌਕੇ ਉਪਲੱਬਧ ਹਨ ਅਤੇ ਇਹ ਉੱਦਮੀਆਂ ਲਈ ਇੱਕ ਪਾਰਦਰਸ਼ੀ, ਉਦਯੋਗ ਪੱਖੀ ਮਾਹੌਲ ਪ੍ਰਦਾਨ ਕਰਦਾ ਹੈ। ਨਵੀਂ ਦਿੱਲੀ ਵਿਖੇ ਭਾਰਤ ਟੈਕਸ 2026 ਦੌਰਾਨ ਪੰਜਾਬ ਸਟੇਟ ਪੈਵੇਲੀਅਨ ਦਾ ਉਦਘਾਟਨ ਅਤੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਿਵੇਸ਼, ਰੋਜ਼ਗਾਰ ਅਤੇ ਬਰਾਮਦ ਨੂੰ ਹੁਲਾਰਾ ਦੇਣ ਲਈ ਇੱਕ ਨਵੀਂ ਉਦਯੋਗਿਕ ਅਤੇ ਵਪਾਰਕ ਵਿਕਾਸ ਨੀਤੀ ਪੇਸ਼ ਕੀਤੀ ਗਈ ਹੈ ਅਤੇ ਸਿੰਗਲ ਵਿੰਡੋ ਤੇ ਸਿੰਗਲ ਪੈਨ ਪ੍ਰਣਾਲੀਆਂ ਰਾਹੀਂ ਸਮਾਂਬੱਧ ਪ੍ਰਵਾਨਗੀਆਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਮਾਨ ਨੇ ਕਿਹਾ ਕਿ ਪੰਜਾਬ ਨੇ ਪਿਛਲੇ ਚਾਰ ਸਾਲਾਂ ਵਿੱਚ ਦੋ ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕੀਤਾ ਹੈ ਅਤੇ ਰੋਜ਼ਗਾਰ ਦੇ ਪੰਜ ਲੱਖ ਮੌਕੇ ਪੈਦਾ ਕੀਤੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਉੱਦਮੀਆਂ ਨੂੰ ਸੂਬੇ ਦੇ ਵਿਕਾਸ ਵਿੱਚ ਭਾਈਵਾਲ ਮੰਨਦੀ ਹੈ ਅਤੇ ਲਾਲ ਕਾਰਡ ਪ੍ਰਣਾਲੀ ਰਾਹੀਂ ਨੌਕਰਸ਼ਾਹੀ ਨਾਲ ਸਬੰਧਤ ਪਰੇਸ਼ਾਨੀ ਨੂੰ ਖਤਮ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਨੂੰ ਉੱਨਤ ਟੈਕਸਟਾਈਲ ਨਿਰਮਾਣ ਅਤੇ ਉਦਯੋਗਿਕ ਨਿਵੇਸ਼ ਲਈ ਦੇਸ਼ ਦਾ ਪਸੰਦੀਦਾ ਸਥਾਨ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਭਾਰਤ ਟੈਕਸ 2026 ਦੌਰਾਨ ਪੰਜਾਬ ਸਟੇਟ ਸੈਸ਼ਨ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ, “ਪਿਛਲੀਆਂ ਸਰਕਾਰਾਂ ਵੱਲੋਂ ਉਦਯੋਗਪਤੀਆਂ ਨੂੰ ਏ ਟੀ ਐਮ ਮੰਨਿਆ ਜਾਂਦਾ ਸੀ, ਪਰ ‘ਆਪ’ ਸਰਕਾਰ ਨੇ ਉਨ੍ਹਾਂ ਨੂੰ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਬਰਾਬਰ ਦਾ ਭਾਈਵਾਲ ਬਣਾਇਆ ਹੈ। ਪੰਜਾਬੀਆਂ ਨੂੰ ਸਖ਼ਤ ਮਿਹਨਤ, ਸਮਰਪਣ ਅਤੇ ਦੇਸ਼ ਭਗਤੀ ਦੀ ਅਦੁੱਤੀ ਭਾਵਨਾ ਨਾਲ ਨਿਵਾਜਿਆ ਗਿਆ ਹੈ। ਇਨ੍ਹਾਂ ਗੁਣਾਂ ਦੇ ਕਾਰਨ ਪੰਜਾਬੀਆਂ ਨੇ ਹਰ ਖੇਤਰ ਵਿੱਚ ਮੱਲ੍ਹਾਂ ਮਾਰੀਆਂ ਹਨ। ਇਨ੍ਹਾਂ ਗੱਲਾਂ ਨੂੰ

• ਬਾਕੀ ਸਫਾ 2 ’ਤੇ

# ਭਾਜਪਾ ਨੇ ਪੰਜਾਬ ਨੂੰ ਨਸ਼ਿਆਂ ਤੇ ਗੈਂਗਸਟਰਾਂ ਦਾ ਕੇਂਦਰ ਬਣਾਇਆ : ‘ਆਪ’

**ਚੰਡੀਗੜ੍ਹ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਦੌਰੇ ਤੋਂ ਠੀਕ ਪਹਿਲਾਂ ਸੂਬੇ ਦੀ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) ਨੇ ਕੇਂਦਰ ਦੀ ਭਾਜਪਾ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ। ‘ਆਪ’ ਨੇ ਕੇਂਦਰ ’ਤੇ ਪੰਜਾਬ ਨਾਲ ਜਾਣਬੁੱਝ ਕੇ ਵਿਤਕਰਾ ਕਰਨ ਅਤੇ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿੱਚ ਬੰਦ ਇੱਕ ਨਾਮੀ ਗੈਂਗਸਟਰ ਨੂੰ ਪੰਜਾਬ ਵਿੱਚ ਨਸ਼ਾ ਨੈੱਟਵਰਕ ਚਲਾਉਣ ਦੀ ਖੁੱਲ੍ਹ ਦੇਣ ਦੇ ਗੰਭੀਰ ਦੋਸ਼ ਲਾਏ ਹਨ। ਇਸ ਦੇ ਨਾਲ ਹੀ ਕੇਂਦਰ ਸਰਕਾਰ ’ਤੇ ਪੰਜਾਬ ਨੂੰ ਹਥਿਆਰਾਂ ਅਤੇ ਨਸ਼ਿਆਂ ਦਾ ‘ਡੰਪਿੰਗ ਗਰਾਊਂਡ’ ਬਣਾਉਣ ਦੇ ਰਾਹ ਪੈਣ ਦੇ ਵੀ ਇਲਜ਼ਾਮ ਲਾਏ ਗਏ ਹਨ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਇੱਕ ਪੱਤਰਕਾਰ ਸੰਮੇਲਨ ਦੌਰਾਨ ਕੇਂਦਰ ਨੂੰ ਘੇਰਦਿਆਂ ਕਿਹਾ ਕਿ ਪੰਜਾਬ ਅਤੇ ਇੱਥੋਂ ਦੀ ਜਵਾਨੀ ਨੂੰ ਜਾਣਬੁੱਝ ਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕੌਮਾਂਤਰੀ ਸਰਹੱਦ ਪਾਰੋਂ ਤਸਕਰੀ ਕੀਤੇ ਜਾਣ ਵਾਲੇ ਨਸ਼ਿਆਂ ਦਾ 80 ਫੀਸਦੀ ਹਿੱਸਾ ਪੰਜਾਬ ਵਿੱਚ ਸੁੱਟਿਆ ਜਾ ਰਿਹਾ ਹੈ, ਜਿਸ ਕਾਰਨ ਸੂਬੇ ਵਿੱਚ ਆਈਸ ਅਤੇ ਕੋਕੀਨ ਵਰਗੇ ਨਵੇਂ ਅਤੇ ਘਾਤਕ ਨਸ਼ਿਆਂ ਦੀ ਆਮਦ ਵਧ ਗਈ ਹੈ। ਉਨ੍ਹਾਂ ਸਵਾਲ ਉਠਾਇਆ ਕਿ ਸਰਹੱਦ ਅਤੇ ਉਸ ਦੇ ਅੰਦਰਲਾ 50 ਕਿਲੋਮੀਟਰ ਦਾ ਘੇਰਾ ਕੇਂਦਰ ਦੀ ਸੁਰੱਖਿਆ ਹੇਠ ਹੈ, ਫਿਰ ਵੀ ਡਰੋਨਾਂ ਰਾਹੀਂ ਨਸ਼ੇ ਅਤੇ ਹਥਿਆਰ ਕਿਵੇਂ ਆ ਰਹੇ ਹਨ? ਕੇਂਦਰ ਕੋਲ ਇਨ੍ਹਾਂ ਡਰੋਨਾਂ ਨੂੰ ਰੋਕਣ ਦੀ ਤਕਨੀਕ ਹੈ, ਜਿਸ ਦੀ ਵਰਤੋਂ ਅਪਰੇਸ਼ਨ ਸਿੰਧੂਰ ਦੌਰਾਨ ਕੀਤੀ ਗਈ ਸੀ, ਪਰ ਹੁਣ ਇਸ ਨੂੰ ਕਿਉਂ ਨਹੀਂ ਵਰਤਿਆ ਜਾ ਰਿਹਾ। ਸਿਹਤ ਮੰਤਰੀ ਨੇ ਅਮਰੀਕੀ ਜਾਂਚ ਏਜੰਸੀ ਐੱਫ.ਬੀ.ਆਈ. ਵੱਲੋਂ ਪੰਜਾਬੀ ਗੈਂਗਸਟਰਾਂ ਅਤੇ ਉਨ੍ਹਾਂ ਦੇ ਕਾਰਟੇਲ ਬਾਰੇ ਕੀਤੇ ਖੁਲਾਸਿਆਂ ਦਾ ਹਵਾਲਾ ਦਿੰਦਿਆਂ (ਬਿਨਾਂ ਨਾਂਅ ਲਏ ਲਾਰੈਂਸ ਬਿਸ਼ਨੋਈ ਵੱਲ ਇਸ਼ਾਰਾ ਕਰਦਿਆਂ) ਕਿਹਾ ਕਿ ‘ਡਬਲ ਇੰਜਣ’ ਸਰਕਾਰ ਵਾਲੇ ਰਾਜ ਦੀ ਸਾਬਰਮਤੀ ਜੇਲ੍ਹ ਵਿੱਚ ਬੈਠਾ ਵਿਅਕਤੀ ਅੱਜ ਵਿਸ਼ਵ ਪੱਧਰੀ ਨਸ਼ਾ ਤਸਕਰੀ ਦਾ ਨੈੱਟਵਰਕ ਚਲਾ ਰਿਹਾ ਹੈ। ਉਨ੍ਹਾਂ ਕੇਂਦਰ ਨੂੰ ਚੁਣੌਤੀ ਦਿੱਤੀ ਕਿ ਜੇਕਰ ਉਹ ਨਸ਼ਾ ਮੁਕਤੀ ਚਾਹੁੰਦੇ ਹਨ ਤਾਂ ਇਸ ਗੈਂਗਸਟਰ ਨੂੰ ਪੰਜਾਬ ਦੀ ਜੇਲ੍ਹ ਵਿੱਚ ਭੇਜਿਆ ਜਾਵੇ, ਜਿੱਥੇ ਪੰਜਾਬ ਸਰਕਾਰ ਨਾ ਸਿਰਫ਼ ਉਸ ਦਾ ਇਲਾਜ ਕਰੇਗੀ ਬਲ ਕਿ ਉਸ ਨੂੰ ਸੁਧਾਰੇਗੀ ਵੀ। ਉਨ੍ਹਾ ਕਿਹਾ ਕਿ ਕੱਲ੍ਹ ਹੀ ਪਟਿਆਲਾ ਵਿੱਚ ਮੱਧ ਪ੍ਰਦੇਸ਼ (ਜੋ ਕਿ ਇੱਕ ਹੋਰ ਡਬਲ ਇੰਜਣ ਵਾਲਾ ਰਾਜ ਹੈ) ਤੋਂ ਹਥਿਆਰਾਂ ਦੀ ਖੇਪ ਪਹੁੰਚੀ ਹੈ, ਜੋ ਸਿੱਧ ਕਰਦੀ ਹੈ ਕਿ ਹਥਿਆਰਾਂ ਦੀ ‘ਹੋਮ ਡਿਲੀਵਰੀ’ ਹੋ ਰਹੀ ਹੈ। ਪੰਜਾਬ ਨਾਲ ਹੋ ਰਹੇ ਵਿਤਕਰੇ ਦਾ ਇੱਕ ਹੋਰ ਸਬੂਤ ਪੇਸ਼ ਕਰਦਿਆਂ ਡਾ. ਬਲਬੀਰ ਸਿੰਘ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਸੂਬੇ ਦੀ ਫਲੈਗਸ਼ਿਪ ਸਿਹਤ ਬੀਮਾ ਯੋਜਨਾ ਨੂੰ ਪੀ.ਜੀ.ਆਈ.

• ਬਾਕੀ ਸਫਾ 2 ’ਤੇ

# ਤਲਾਕਸ਼ੁਦਾ ਪਤਨੀ ਦਾ ‘ਯੋਗ’ ਬੱਚਾ ਤਰਸ ਦੇ ਆਧਾਰ ’ਤੇ ਬਰਾਬਰ ਵਿੱਤੀ ਸਹਾਇਤਾ ਦਾ ਹੱਕਦਾਰ

**ਚੰਡੀਗੜ੍ਹ (ਨ ਜ਼ ਸ)**
ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਫੈਸਲਾ ਸੁਣਾਇਆ ਹੈ ਕਿ ਸਰਕਾਰੀ ਮੁਲਾਜ਼ਮ ਦੀ ਮੌਤ ਤੋਂ ਬਾਅਦ ਤਰਸ ਦੇ ਆਧਾਰ ’ਤੇ ਮਿਲਣ ਵਾਲੀ ਵਿੱਤੀ ਸਹਾਇਤਾ ਵਿੱਚ ਪਹਿਲੇ ਵਿਆਹ ਤੋਂ ਹੋਇਆ ਬੱਚਾ ਬਰਾਬਰ ਦਾ ਹਿੱਸਾ ਪ੍ਰਾਪਤ ਕਰਦਾ ਰਹੇਗਾ, ਭਾਵੇਂ ਉਸ ਮੁਲਾਜ਼ਮ ਨੇ ਆਪਣੇ ਜੀਵਨ ਕਾਲ ਵਿੱਚ ਦੁਬਾਰਾ ਵਿਆਹ ਕਰਵਾ ਲਿਆ ਹੋਵੇ।

ਅਦਾਲਤ ਨੇ ਕਿਹਾ ਕਿ ਪਤੀ-ਪਤਨੀ ਵਿਚਕਾਰ ਤਲਾਕ ਪਿਤਾ ਅਤੇ ਉਸ ਦੇ ਬੱਚੇ ਵਿਚਕਾਰ ਕਾਨੂੰਨੀ ਰਿਸ਼ਤੇ ਨੂੰ ਖਤਮ ਨਹੀਂ ਕਰਦਾ। ਅਦਾਲਤ ਨੇ ਇਹ ਵੀ ਕਿਹਾ ਕਿ ਹਰਿਆਣਾ ਸਿਵਲ ਸਰਵਿਸਿਜ਼ (ਤਰਸ ਦੇ ਆਧਾਰ ’ਤੇ ਵਿੱਤੀ ਸਹਾਇਤਾ ਜਾਂ ਨਿਯੁਕਤੀ) ਨਿਯਮ, 2019 ਦਾ ਨਿਯਮ 28 ਸਪੱਸ਼ਟ ਤੌਰ ’ਤੇ ਵਿਧਵਾ ਅਤੇ ਤਲਾਕਸ਼ੁਦਾ ਪਤਨੀ ਤੋਂ ਹੋਏ ਯੋਗ ਬੱਚੇ ਨੂੰ ਬਰਾਬਰ ਹਿੱਸੇ ਵਿੱਚ ਤਰਸ ਦੇ ਆਧਾਰ ’ਤੇ ਵਿੱਤੀ ਸਹਾਇਤਾ ਦੇਣ ਦਾ ਹੁਕਮ ਦਿੰਦਾ ਹੈ।

ਹਰਿਆਣਾ ਸਿੱਖਿਆ ਵਿਭਾਗ ਦੇ ਮੁਲਾਜ਼ਮ ਦੀ ਦੂਜੀ ਪਤਨੀ ਵੱਲੋਂ ਦਾਇਰ ਰਿੱਟ ਪਟੀਸ਼ਨ ਨੂੰ ਖਾਰਜ ਕਰਦੇ ਹੋਏ, ਜਸਟਿਸ ਸੰਦੀਪ ਮੌਦਗਿਲ ਨੇ ਮੁਲਾਜ਼ਮ ਦੇ ਪਹਿਲੇ ਵਿਆਹ ਤੋਂ ਹੋਏ ਪੁੱਤਰ ਨੂੰ ਤਰਸ ਦੇ ਆਧਾਰ ’ਤੇ ਬਰਾਬਰ ਵਿੱਤੀ ਸਹਾਇਤਾ ਦੇਣ ਦੇ ਹੁਕਮਾਂ ਨੂੰ ਬਰਕਰਾਰ ਰੱਖਿਆ। ਉਨ੍ਹਾ ਕਿਹਾ ਕਿ ਨਿਯਮ 28 ਦੀ ਭਾਸ਼ਾ ਸਪੱਸ਼ਟ, ਨਿਰਸੰਦੇਹ ਹੈ ਅਤੇ ਵਿਆਖਿਆ ਦੀ ਕੋਈ ਗੁੰਜਾਇਸ਼ ਨਹੀਂ ਛੱਡਦੀ।

ਪਟੀਸ਼ਨਰ ਨੇ 9/17 ਦਸੰਬਰ 2025 ਅਤੇ ਇਸ ਸਾਲ 9 ਮਾਰਚ ਦੇ ਉਨ੍ਹਾਂ ਹੁਕਮਾਂ ਨੂੰ ਚੁਣੌਤੀ ਦਿੱਤੀ ਸੀ, ਜਿਸ ਰਾਹੀਂ ਸਮਰੱਥ ਅਥਾਰਟੀ ਨੇ ਮ੍ਰਿਤਕ ਮੁਲਾਜ਼ਮ ਦੇ ਪਹਿਲੇ ਵਿਆਹ ਤੋਂ ਹੋਏ ਪੁੱਤਰ ਨੂੰ ਤਰਸ ਦੇ ਆਧਾਰ ’ਤੇ ਵਿੱਤੀ ਸਹਾਇਤਾ ਦਾ ਬਰਾਬਰ ਹਿੱਸੇਦਾਰ ਮੰਨਿਆ ਅਤੇ ਉਸ ਅਨੁਸਾਰ ਭੁਗਤਾਨ ਨੂੰ ਮਨਜ਼ੂਰੀ ਦਿੱਤੀ ਸੀ। ਜਸਟਿਸ ਮੌਦਗਿਲ ਨੇ ਦੇਖਿਆ ਕਿ ਪਹਿਲੇ ਵਿਆਹ ਤੋਂ ਬੱਚਾ 23 ਅਪਰੈਲ 2010 ਨੂੰ ਪੈਦਾ ਹੋਇਆ ਸੀ। ਵਿਆਹ 15 ਜੁਲਾਈ 2019 ਨੂੰ ਆਪਸੀ ਸਹਿਮਤੀ ਨਾਲ ਤਲਾਕ ਵਿੱਚ ਖਤਮ ਹੋ ਗਿਆ ਸੀ। ਮੁਲਾਜ਼ਮ ਨੇ ਇਸ ਤੋਂ ਬਾਅਦ 22 ਜੁਲਾਈ 2019 ਨੂੰ ਪਟੀਸ਼ਨਰ ਨਾਲ ਵਿਆਹ ਕਰ ਲਿਆ ਸੀ ਅਤੇ ਉਸ ਵਿਆਹ ਤੋਂ ਇੱਕ ਬੱਚਾ ਪੈਦਾ ਹੋਇਆ ਸੀ। ਹਰਿਆਣਾ ਸਿੱਖਿਆ ਵਿਭਾਗ ਵਿੱਚ ਡੀ ਪੀ ਈ ਵਜੋਂ ਸੇਵਾ ਨਿਭਾਉਂਦੇ ਹੋਏ ਮੁਲਾਜ਼ਮ ਦੀ 5 ਜੁਲਾਈ 2024 ਨੂੰ ਡਿਊਟੀ ਦੌਰਾਨ ਮੌਤ ਹੋ ਗਈ। ਉਸਦੀ ਮੌਤ ਤੋਂ ਬਾਅਦ, ਤਰਸ ਦੇ ਆਧਾਰ ’ਤੇ ਵਿੱਤੀ ਸਹਾਇਤਾ ਸ਼ੁਰੂ ਵਿੱਚ ਸਿਰਫ ਪਟੀਸ਼ਨਰ (ਦੂਜੀ ਪਤਨੀ) ਦੇ ਹੱਕ ਵਿੱਚ ਮਨਜ਼ੂਰ ਕੀਤੀ ਗਈ ਸੀ। ਬਾਅਦ ਵਿੱਚ, ਪਹਿਲੇ ਵਿਆਹ ਤੋਂ ਹੋਏ ਬੱਚੇ ਨੇ ਆਪਣੀ ਮਾਂ ਰਾਹੀਂ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ। ਅਦਾਲਤ ਵੱਲੋਂ ਜਾਰੀ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਸਮਰੱਥ ਅਥਾਰਟੀ ਨੇ ਮਾਮਲੇ ਦੀ ਜਾਂਚ ਕੀਤੀ, ਉਸਨੂੰ 2019 ਦੇ ਨਿਯਮਾਂ ਦੇ ਨਿਯਮ 28 ਤਹਿਤ ਬਰਾਬਰ ਹਿੱਸੇ ਦਾ ਹੱਕਦਾਰ ਮੰਨਿਆ ਅਤੇ ਇਸ ਤੋਂ ਬਾਅਦ 9 ਮਾਰਚ ਨੂੰ ਨਤੀਜਨ ਮਨਜ਼ੂਰੀ ਆਦੇਸ਼ ਜਾਰੀ ਕੀਤਾ।

ਪਟੀਸ਼ਨਰ ਦੇ ਵਕੀਲ ਨੇ ਦਲੀਲ ਦਿੱਤੀ ਕਿ ਬੱਚੇ ਨੂੰ ਪਰਵਾਰ ਦੇ ਨਿਰਭਰ ਮੈਂਬਰ ਵਜੋਂ ਨਹੀਂ ਮੰਨਿਆ ਜਾ ਸਕਦਾ, ਕਿਉਂਕਿ ਉਸ ਦੀ ਮਾਂ ਨੇ 2019 ਵਿੱਚ ਮੁਲਾਜ਼ਮ ਤੋਂ ਤਲਾਕ ਲੈ ਲਿਆ ਸੀ, ਸਥਾਈ ਗੁਜ਼ਾਰੇ (ਐਲੀਮਨੀ) ਵਜੋਂ 30 ਲੱਖ ਰੁਪਏ ਦਾ ਭੁਗਤਾਨ ਕੀਤਾ ਗਿਆ ਸੀ ਅਤੇ ਬੱਚਾ ਆਪਣੀ ਮਾਂ ਕੋਲ ਰਹਿੰਦਾ ਸੀ। ਇਹ ਦਲੀਲ ਦਿੱਤੀ ਗਈ ਸੀ ਕਿ ਕਿਉਂਕਿ ਬੱਚਾ ਵੱਖਰਾ ਰਹਿ ਰਿਹਾ ਸੀ, ਇਸ ਲਈ ਉਸ ਨੂੰ ਮੁਲਾਜ਼ਮ ’ਤੇ ਨਿਰਭਰ ਨਹੀਂ ਮੰਨਿਆ ਜਾ ਸਕਦਾ ਅਤੇ ਨਾ ਹੀ ਉਹ ਤਰਸ ਦੇ ਆਧਾਰ ’ਤੇ ਵਿੱਤੀ ਸਹਾਇਤਾ ਦਾ ਦਾਅਵਾ ਕਰ ਸਕਦਾ ਹੈ।
ਿ ਏ ਸ

• ਬਾਕੀ ਸਫਾ 2 ’ਤੇ

## ਅੱਜ-ਨਾਮਾ

ਇੱਕ ਦਿਨ ਇੱਕ ਅਦਾਲਤੀ ਹੁਕਮ ਹੁੰਦਾ,
ਫਲਾਣੀ ਗੱਲ ’ਤੇ ਲਾਈ ਗਈ ਰੋਕ ਭਾਈ।
ਕਰਦੀ ਹੋਰ ਅਦਾਲਤ ਕੋਈ ਹੁਕਮ ਦੂਜਾ,
ਪੜ੍ਹ-ਪੜ੍ਹ ਹੁੰਦੇ ਹੈਰਾਨ ਫਿਰ ਲੋਕ ਭਾਈ।
ਦੇਂਦਾ ਈ ਜੱਜ ਜੇ ਕੋਈ ਸਟੇਅ ਆਰਡਰ,
ਰਾਹਤਾਂ ਦਿੰਦਾ ਪਟੀਸ਼ਨਰ ਨੂੰ ਥੋਕ ਭਾਈ।
ਦੂਸਰਾ ਜੱਜ ਕੋਈ ਏਦਾਂ ਦਾ ਕੇਸ ਸੁਣਦਾ,
ਗੇਅਰ ਪੁੱਠਾ ਜਿਹਾ ਦੇਂਦਾ ਈ ਠੋਕ ਭਾਈ।
ਔਕੜਾਂ ਪਹਿਲਾਂ ਸਮਾਜ ਵਿੱਚ ਘੱਟ ਨਾਹੀਂ,
ਸਾਰੇ ਈ ਪਾਸੇ ਤਾਂ ਪਿਆ ਘਮਸਾਣ ਭਾਈ।
ਨਿਆਂ ਦੇ ਪੱਖੋਂ ਵੀ ਜਦੋਂ ਨਹੀਂ ਖੈਰ ਪੈਂਦੀ,
ਜਾਣ ਜੇ ਲੋਕ ਤਾਂ ਕਿੱਥੇ ਫਿਰ ਜਾਣ ਭਾਈ।

-ਤੀਸ ਮਾਰ ਖਾਂ

# ਸ਼ੁੱਧ ਪੈਟਰੋਲ ਦਾ ਵਿਕਲਪ ਦਿਓ ਤੇ ਈ-20 ਪੈਟਰੋਲ ਦੇ ਰੇਟ ਘਟਾਓ : ਕੇਜਰੀਵਾਲ



**ਨਵੀਂ ਦਿੱਲੀ (ਨ ਜ਼ ਸ)**
ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਈ-20 ਦੇ ਮੁੱਦੇ ’ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਚਿੱਠੀ ਲਿਖ ਕੇ ਮੁੱਖ ਤੌਰ ’ਤੇ ਦੋ ਮੰਗਾਂ ਕੀਤੀਆਂ ਹਨ। ਉਨ੍ਹਾ ਕਿਹਾ ਕਿ ਸਰਕਾਰ ਨੂੰ ਲੋਕਾਂ ਨੂੰ ਪੈਟਰੋਲ ਪੰਪਾਂ ’ਤੇ ਈ-20 ਅਤੇ ਸ਼ੁੱਧ ਪੈਟਰੋਲ ਦਾ ਵਿਕਲਪ ਦੇਣਾ ਚਾਹੀਦਾ ਹੈ, ਤਾਂ ਜੋ ਉਹ ਆਪਣੀ ਮਰਜ਼ੀ ਅਨੁਸਾਰ ਪੈਟਰੋਲ ਲੈ ਸਕਣ।ਇਸ ਦੇ ਨਾਲ ਹੀ ਈ-20 ਦੀ ਕੀਮਤ ਘੱਟ ਹੋਣੀ ਚਾਹੀਦੀ ਹੈ, ਕਿਉਂਕਿ ਇਸ ਦੀ ਵਰਤੋਂ ਨਾਲ ਗੱਡੀਆਂ ਦੀ ਮਾਈਲੇਜ ਘਟ ਰਹੀ ਹੈ ਅਤੇ ਕੰਪੋਨੈਂਟਸ ਖਰਾਬ ਹੋ ਰਹੇ ਹਨ।ਉਨ੍ਹਾ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ, ‘ਮੇਰੇ ਜਾਂ ਆਮ ਆਦਮੀ ਪਾਰਟੀ ਦੇ ਸੋਸ਼ਲ ਮੀਡੀਆ ਹੈਂਡਲ ’ਤੇ ਜਾਣ, ਜਿੱਥੇ ਇੱਕ ਲਿੰਕ ਵਿੱਚ ਪੀ ਐੱਮ ਦੇ ਨਾਂਅ ਪਟੀਸ਼ਨ ਮਿਲੇਗੀ।ਉਸ ’ਤੇ ਸਾਈਨ ਕਰਨ ਅਤੇ ਈ-20 ਨੂੰ ਲੈ ਕੇ ਆਪਣਾ ਅਨੁਭਵ ਸਾਂਝਾ ਕਰਨ।ਮੈਂ ਲੋਕਾਂ ਦੇ ਅਨੁਭਵ ਸਾਂਝੇ ਕਰਨ ਲਈ ਪ੍ਰਧਾਨ ਮੰਤਰੀ ਨੂੰ ਮਿਲਣ ਦਾ ਸਮਾਂ ਵੀ ਮੰਗਿਆ ਹੈ।’ ਮੰਗਲਵਾਰ ਪ੍ਰੈੱਸ ਕਾਨਫਰੰਸ ਕਰਦਿਆਂ ਕੇਜਰੀਵਾਲ ਨੇ ਕਿਹਾ, ‘ਪਟੀਸ਼ਨ ਵਿੱਚ ਲੋਕ ਆਪਣੇ ਅਨੁਭਵ ਵੀ ਸਾਂਝੇ ਕਰ ਸਕਦੇ ਹਨ ਕਿ ਉਨ੍ਹਾਂ ਕੋਲ ਕਿਹੜੀ ਗੱਡੀ ਹੈ, ਪਹਿਲਾਂ ਕਿੰਨੀ ਮਾਈਲੇਜ ਆਉਂਦੀ ਸੀ ਅਤੇ ਹੁਣ ਕਿੰਨੀ ਆ ਰਹੀ ਹੈ, ਉਨ੍ਹਾਂ ਦੀ ਗੱਡੀ ਵਿੱਚ ਕੀ ਖਰਾਬੀ ਆਈ ਹੈ ਜਾਂ ਕਿਹੜੇ ਕੰਪੋਨੈਂਟਸ ਖਰਾਬ ਹੋਏ ਹਨ।ਜੋ ਵੀ ਅਨੁਭਵ ਲੋਕ ਲਿਖਣਾ ਚਾਹੁਣ, ਉਹ ਲਿਖ ਸਕਦੇ ਹਨ।ਜਿੰਨੇ ਵੀ ਦਸਤਖਤ ਸਾਡੇ ਕੋਲ ਇਕੱਠੇ ਹੋਣਗੇ, ਜਦੋਂ ਪ੍ਰਧਾਨ ਮੰਤਰੀ ਜੀ ਮੈਨੂੰ ਮਿਲਣ ਲਈ ਬੁਲਾਉਣਗੇ, ਤਾਂ ਉਨ੍ਹਾਂ ਸਾਰੀਆਂ ਪਟੀਸ਼ਨਾਂ ਦਾ ਪ੍ਰਿੰਟ ਆਊਟ ਲੈ ਕੇ ਮੈਂ ਪ੍ਰਧਾਨ ਮੰਤਰੀ ਨੂੰ ਸੌਂਪ ਕੇ ਆਵਾਂਗਾ।ਮੇਰੀ ਸਾਰੇ ਲੋਕਾਂ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਪਟੀਸ਼ਨ ’ਤੇ ਦਸਤਖਤ ਕਰਨ ਤਾਂ ਜੋ ਪ੍ਰਧਾਨ ਮੰਤਰੀ ਤੱਕ ਜਨਤਾ ਦੀ ਆਵਾਜ਼ ਪਹੁੰਚ ਸਕੇ।’

ਕੇਜਰੀਵਾਲ ਨੇ ਪ੍ਰਧਾਨ ਮੰਤਰੀ ਨੂੰ ਲਿਖੇ ਪੱਤਰ ਵਿੱਚ ਕਿਹਾ ਹੈ ਕਿ ਪੁਰਾਣੇ ਵਾਹਨਾਂ ’ਤੇ ਈ-20 ਪੈਟਰੋਲ ਮੜ੍ਹਨ ਨੂੰ ਲੈ ਕੇ ਜਨਤਾ ਵਿੱਚ ਭਾਰੀ ਗੁੱਸਾ ਹੈ।ਇਹ ਵਾਹਨ ਈ-20 ਦੇ ਅਨੁਕੂਲ ਨਹੀਂ ਹਨ। ਵਿਆਪਕ ਪੱਧਰ ’ਤੇ ਫੈਲੇ ਇਸ ਅਸਲ ਸੰਕਟ ਨੂੰ ਸੁਣਨ ਦੀ ਬਜਾਏ, ਮੰਤਰੀ ਵਿਰੋਧ ਕਰਨ ਵਾਲਿਆਂ ਨੂੰ ਦੇਸ਼ਧ੍ਰੋਹੀ, ਬੇਰੁਜ਼ਗਾਰ, ਸਮਾਜਿਕ ਕਾਰਕੁਨ ਅਤੇ ਲਾਬੀਸਟ ਆਦਿ ਕਹਿ ਕੇ ਗਾਲ੍ਹਾਂ ਕੱਢ ਰਹੇ ਹਨ। ਅਰਵਿੰਦ ਕੇਜਰੀਵਾਲ ਨੇ ਪੱਤਰ ਵਿੱਚ ਅੱਗੇ ਕਿਹਾ ਹੈ ਕਿ ਸਰਕਾਰ ਦੇ ਇਸ ਫੈਸਲੇ ਨੂੰ ਸਹੀ ਠਹਿਰਾਉਣ ਵਾਲਾ ਕੋਈ ਤਾਰਕਿਕ, ਵਿਗਿਆਨਕ, ਇੰਜੀਨੀਅਰਿੰਗ ਜਾਂ ਆਰਥਿਕ ਆਧਾਰ ਨਹੀਂ ਹੈ। ਲੋਕਾਂ ਨੂੰ ਸ਼ੱਕ ਹੈ ਕਿ ਸ਼ਾਇਦ ਵਿਆਪਕ ਲੋਕ ਭਲਾਈ ਦੀ ਬਜਾਏ ਕੁਝ ਨਿੱਜੀ ਹਿੱਤ ਹਨ ਜੋ ਇਸ ਫੈਸਲੇ ਨੂੰ ਤੈਅ ਕਰ ਰਹੇ ਹਨ।

ਅਰਵਿੰਦ ਕੇਜਰੀਵਾਲ ਨੇ ਕਿਹਾ ਹੈ ਕਿ ਦੇਸ਼ ਵਿੱਚ 2023 ਤੋਂ ਪਹਿਲਾਂ ਬਣੇ ਲੱਗਭੱਗ 30 ਕਰੋੜ ਰਜਿਸਟਰਡ ਦੋਪਹੀਆ ਅਤੇ ਚਾਰ ਪਹੀਆ ਵਾਹਨ ਹਨ, ਜੋ ਈ-20 ਪੈਟਰੋਲ ਦੇ ਅਨੁਕੂਲ ਨਹੀਂ ਹਨ। ਇਨ੍ਹਾਂ ਸਾਰੇ ਵਾਹਨਾਂ ਦੇ ‘ਓਨਰ ਮੈਨੂਅਲ’ ਵੀ ਸਪੱਸ਼ਟ ਰੂਪ ਵਿੱਚ ਸ਼ੁੱਧ ਪੈਟਰੋਲ ਜਾਂ ਕੁਝ ਮਾਮਲਿਆਂ ਵਿੱਚ ਈ-10 ਪੈਟਰੋਲ ਤੋਂ ਇਲਾਵਾ ਕਿਸੇ ਹੋਰ ਬਾਲਣ ਦੀ ਵਰਤੋਂ ਦੇ ਖਿਲਾਫ ਸਲਾਹ ਦਿੰਦੇ ਹਨ, ਪਰ ਈ-20 ਲਈ ਕਦੇ ਨਹੀਂ ਕਹਿੰਦੇ। ਈ-20 ਦੀ ਵਰਤੋਂ ਕਰਨ ਤੋਂ ਇਲਾਵਾ ਕੋਈ ਹੋਰ ਵਿਕਲਪ ਨਾ ਬਚਣ ਕਾਰਨ, ਇਨ੍ਹਾਂ ਵਾਹਨ ਮਾਲਕਾਂ ਨੂੰ ਬਾਲਣ ਦੀ ਮਾਈਲੇਜ ਵਿੱਚ ਭਾਰੀ ਨੁਕਸਾਨ ਉਠਾਉਣਾ ਪੈ ਰਿਹਾ ਹੈ ਅਤੇ ਨਾਲ ਹੀ ਉਨ੍ਹਾਂ ਦੇ ਵਾਹਨਾਂ ਵਿੱਚ ਤੇਜ਼ੀ ਨਾਲ ਟੁੱਟ-ਭੱਜ ਹੋ ਰਹੀ ਹੈ ਅਤੇ ਇੰਜਣ ਤੇ ਫਿਊਲ ਸਿਸਟਮ ਦੇ ਮਹੱਤਵਪੂਰਨ ਪੁਰਜ਼ੇ ਖਰਾਬ ਹੋ ਰਹੇ ਹਨ।

# ਡਾ. ਇਕਬਾਲ ਕੌਰ ਸੌਂਦ ਦੇ ਦੇਹਾਂਤ ਨਾਲ ਸਾਹਿਤਕ ਜਗਤ ਸਦਮੇ ’ਚ



**ਲੁਧਿਆਣਾ (ਨਵਾਂ ਜ਼ਮਾਨਾ ਸਰਵਿਸ)**
ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਮੈਂਬਰਾਂ ਤੇ ਸਮੂਹ ਮੈਂਬਰਾਂ ਨੇ ਅਕਾਦਮੀ ਦੇ ਜੀਵਨ ਮੈਂਬਰ ਡਾ. ਇਕਬਾਲ ਕੌਰ ਸੌਂਦ ਦੇ ਦੇਹਾਂਤ ’ਤੇ ਡੂੰਘੇ ਦੁੱਖ ਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ।

ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਡਾ. ਇਕਬਾਲ ਕੌਰ ਸੌਂਦ ਨੇ ਦੋ ਦਹਾਕੇ ਤੋਂ ਵੱਧ ਸਮਾਂ ਵੱਖ-ਵੱਖ ਵਿਦਿਅਕ ਸੰਸਥਾਵਾਂ ਵਿਚ ਅਧਿਆਪਨ ਅਤੇ ਖੋਜ ਕਾਰਜ ਕੀਤਾ। ਉਹ ਕੁਸ਼ਲ ਅਧਿਆਪਕ, ਸੰਵੇਦਨਸ਼ੀਲ ਕਵਿੱਤਰੀ ਤੇ ਅਨੁਵਾਦਕ ਸਨ। ਅਕਾਦਮੀ ਵੱਲੋਂ ਉਹਨਾ ਨੂੰ ਪ੍ਰੋ. ਨਿਰਪਜੀਤ ਕੌਰ ਗਿੱਲ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ ਸੀ। ਅਕਾਦਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਡਾ. ਇਕਬਾਲ ਕੌਰ ਸੌਂਦ ਦੇ ਸਦੀਵੀ ਵਿਛੋੜੇ ’ਤੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਹ ਪੰਜਾਬੀ ਦੇ ਪ੍ਰਸਿੱਧ ਲੇਖਕ ਸਨ।ਉਨ੍ਹਾ ਕਿਹਾ ਡਾ. ਇਕਬਾਲ ਕੌਰ ਸੌਂਦ ਮਨੁੱਖੀ ਰਿਸ਼ਤਿਆਂ ਨੂੰ ਪਰਤ-ਦਰ-ਪਰਤ ਉਘਾੜਨ ਵਾਲੀ ਕਹਾਣੀਕਾਰ ਸੀ। ਉਨ੍ਹਾ ਦੇ ਅਚਾਨਕ ਸਦੀਵੀ ਵਿਛੋੜੇ ਨਾਲ ਉਨ੍ਹਾ ਦੇ ਪਰਵਾਰ, ਸਨੇਹੀਆਂ ਅਤੇ ਪੰਜਾਬੀ ਸਾਹਿਤ ਜਗਤ ਨੂੰ ਵੱਡਾ ਘਾਟਾ ਪਿਆ ਹੈ। ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਡਾ. ਇਕਬਾਲ ਕੌਰ ਸੌਂਦ ਦੇ ਸਦੀਵੀ ਵਿਛੋੜੇ ’ਤੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਡਾ.

• ਬਾਕੀ ਸਫਾ 2 ’ਤੇ

## ਸੁਖਵੀਰ ਬਰਾੜ ਹਲਕਾ ਬਾਘਾ ਪੁਰਾਣਾ ਦੇ ਪ੍ਰਧਾਨ ਨਿਯੁਕਤ, ਮਾਹਲਾ ਨੇ ਕੀਤਾ ਸਨਮਾਨਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦੇ ਐੱਸ.ਓ.ਆਈ. ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ ਜਦੋਂ ਪਾਰਟੀ ਹਾਈਕਮਾਨ ਵੱਲੋਂ ਸੁਖਵੀਰ ਬਰਾੜ ਸੁੱਖਾ ਨੂੰ ਹਲਕਾ ਬਾਘਾ ਪੁਰਾਣਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਨਿਯੁਕਤੀ ਉਪਰੰਤ ਕਰਵਾਏ ਗਏ ਸਮਾਗਮ ਦੌਰਾਨ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਯੂਥ ਕੋਰ ਕਮੇਟੀ ਦੇ ਮੈਂਬਰ ਸੁਖਜੀਤ ਸਿੰਘ ਮਾਹਲਾ ਨੇ ਨਵੇਂ ਪ੍ਰਧਾਨ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਤੇ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।ਇਸ ਮੌਕੇ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪਾਰਟੀ ਪ੍ਰਤੀ ਸਮਰਪਿਤ, ਮਿਹਨਤੀ ਤੇ ਇਮਾਨਦਾਰ ਵਰਕਰਾਂ ਨੂੰ ਬਣਦਾ ਮਾਣ-ਸਨਮਾਨ ਦਿੰਦਾ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਹੀ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਤੇ ਉਨ੍ਹਾਂ ਨੂੰ ਸੰਗਠਨ ਵਿੱਚ ਅਹਿਮ ਜ਼ਿੰਮੇਵਾਰੀਆਂ ਦੇ ਕੇ ਹੋਰ ਉਤਸ਼ਾਹਤ ਕੀਤਾ ਜਾਂਦਾ ਹੈ।ਉਨ੍ਹਾਂ ਸੁਖਵੀਰ ਬਰਾੜ ਸੁੱਖਾ ਨੂੰ ਅਪੀਲ ਕੀਤੀ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੇ ਸਿਧਾਂਤਾਂ ਨੂੰ ਘਰ-ਘਰ ਪਹੁੰਚਾਉਣ ਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਸਰਗਰਮ ਭੂਮਿਕਾ ਨਿਭਾਉਣ।ਨਵ-ਨਿਯੁਕਤ ਪ੍ਰਧਾਨ ਸੁਖਵੀਰ ਬਰਾੜ ਨੇ ਪਾਰਟੀ ਹਾਈਕਮਾਨ ਤੇ ਸਮੂਹ ਸੀਨੀਅਰ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਵਿਸ਼ਵਾਸ ਉਨ੍ਹਾਂ 'ਤੇ ਪ੍ਰਗਟਾਇਆ ਹੈ, ਉਹ ਉਸ 'ਤੇ ਪੂਰੀ ਤਨਦੇਹੀ, ਇਮਾਨਦਾਰੀ ਤੇ ਲਗਨ ਨਾਲ ਖਰਾ ਉਤਰਨਗੇ।ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਤੇ ਹਰ ਵਾਰਡ ਵਿੱਚ ਨੌਜਵਾਨਾਂ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਜੋੜਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਅਤੇ ਪਾਰਟੀ ਦੇ ਸਿਧਾਂਤਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇਗਾ।ਇਸ ਮੌਕੇ ਸੁਖਜੀਤ ਸਿੰਘ ਮਾਹਲਾ, ਜਗਮੋਹਨ ਸਿੰਘ ਜੈ ਸਿੰਘ ਵਾਲਾ, ਹਲਕਾ ਯੂਥ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਗੋਪੀ ਕੋਟਲਾ, ਵਪਾਰ ਮੰਡਲ ਦੇ ਪ੍ਰਧਾਨ ਪਵਨ ਗੋਇਲ, ਸਰਕਲ ਪ੍ਰਧਾਨ ਹਰਜੀਤ ਸਿੰਘ ਗਿੱਲ, ਜਸਪ੍ਰੀਤ ਸਿੰਘ ਮਾਹਲਾ, ਕਰਮ ਸਿੰਘ ਮਾਹਲਾ, ਰਾਜਵਿੰਦਰ ਸਿੰਘ ਜੈ ਸਿੰਘ ਵਾਲਾ, ਐਡਵੋਕੇਟ ਰਾਮ ਬਾਂਸਲ, ਚੈਰੀ ਭਾਟੀਆ, ਗੁਰਜੰਟ ਸਿੰਘ ਬਰਾੜ, ਆਤਮਾ ਸਿੰਘ ਬਰਾੜ, ਸੁਖਮਨਦੀਪ ਸਿੰਘ, ਇੰਦਰਜੀਤ ਸਿੰਘ ਲੰਡੇ, ਜਨਮ ਚਨੂੰ ਵਾਲਾ, ਚੰਦਨ ਸੇਠੀ ਤੇ ਹੋਰ ਹਾਜ਼ਰ ਸਨ।

## ਡੀ ਏ ਵੀ ਕੇ ਆਰ ਬੀ ਪਬਲਿਕ ਸਕੂਲ 'ਚ ਵੀ ਕੇ ਚੋਪੜਾ ਦਾ ਸਵਾਗਤ




**ਕੋਟ ਈਸੇ ਖਾਂ (ਅਰੋੜਾ)**-ਡੀਏਵੀ ਕੇਆਰਬੀ ਪਬਲਿਕ ਸਕੂਲ ਵਿੱਚ ਡੀਏਵੀ ਕਾਲਜ ਮੈਨੇਜਿੰਗ ਕਮੇਟੀ, ਨਵੀਂ ਦਿੱਲੀ ਦੇ ਡਾਇਰੈਕਟਰ (ਪਬਲਿਕ ਸਕੂਲਜ਼) ਸ੍ਰੀ ਵੀ. ਕੇ. ਚੋਪੜਾ ਜੀ ਨੇ ਸਕੂਲ ਦਾ ਵਿਸ਼ੇਸ਼ ਦੌਰਾ ਕੀਤਾ।ਉਨ੍ਹਾਂ ਸਕੂਲ ਦੇ ਅਕਾਦਮਿਕ ਮਿਆਰ, ਅਨੁਸ਼ਾਸਨ, ਵਿਦਿਆਰਥੀਆਂ ਦੀਆਂ ਗਤੀਵਿਧੀਆਂ ਤੇ ਸਕੂਲ ਦੇ ਸਮੁੱਚੇ ਵਿਕਾਸ ਦਾ ਜਾਇਜ਼ਾ ਲਿਆ।ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਗੁਣਵੱਤਾ ਭਰਪੂਰ ਸਿੱਖਿਆ, ਅਨੁਸ਼ਾਸਨ ਤੇ ਨੈਤਿਕ ਕਦਰਾਂ-ਕੀਮਤਾਂ ਨੂੰ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਡੀਏਵੀ ਪਬਲਿਕ ਸਕੂਲ, ਪੱਖੋਵਾਲ ਰੋਡ, ਲੁਧਿਆਣਾ ਦੇ ਪ੍ਰਿੰਸੀਪਲ ਤੇ ਡੀਏਵੀ ਕੇਆਰਬੀ ਪਬਲਿਕ ਸਕੂਲ ਦੇ ਮੈਨੇਜਰ ਮੈਡਮ ਜਸਵਿੰਦਰ ਕੌਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਉਨ੍ਹਾਂ ਨੇ ਸਕੂਲ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਡੀਏਵੀ ਸੰਸਥਾਵਾਂ ਹਮੇਸ਼ਾ ਹੀ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹਨ।ਉਨ੍ਹਾਂ ਦੀ ਪ੍ਰੇਰਨਾਦਾਇਕ ਹਾਜ਼ਰੀ, ਅਨਮੋਲ ਮਾਰਗਦਰਸ਼ਨ ਅਤੇ ਹੌਸਲਾ ਅਫ਼ਜ਼ਾਈ ਭਰੇ ਸ਼ਬਦਾਂ ਨੇ ਸਾਡੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਸਿੱਖਿਆ ਅਤੇ ਹਰ ਖੇਤਰ ਵਿੱਚ ਉੱਤਮਤਾ ਹਾਸਲ ਕਰਨ ਲਈ ਨਵੀਂ ਪ੍ਰੇਰਨਾ ਦਿੱਤੀ।ਉਨ੍ਹਾਂ ਦੇ ਵਿਚਾਰਾਂ ਨੇ ਸਾਡੇ ਅੰਦਰ ਸਮਰਪਣ, ਅਨੁਸ਼ਾਸਨ ਤੇ ਉੱਚੇ ਮਿਆਰਾਂ ਨੂੰ ਅਪਣਾਉਣ ਦਾ ਨਵਾਂ ਜੋਸ਼ ਭਰਿਆ ਹੈ।ਸਕੂਲ ਪ੍ਰਿੰਸੀਪਲ ਮੈਡਮ ਰਿਤੂ ਦੂਆ ਤੇ ਸਕੂਲ ਚੇਅਰਮੈਨ ਵਿਜੇ ਕੁਮਾਰ ਧੀਰ ਨੇ ਦੱਸਿਆ ਕਿ ਸ੍ਰੀ ਵੀ. ਕੇ. ਚੋਪੜਾ ਦਾ ਦਿਲੋਂ ਧੰਨਵਾਦ ਕਰਦੇ ਹਾਂ ਕਿ ਉਨ੍ਹਾਂ ਨੇ ਆਪਣਾ ਕੀਮਤੀ ਸਮਾਂ ਕੱਢ ਕੇ ਸਾਡੇ ਸਕੂਲ ਦਾ ਦੌਰਾ ਕੀਤਾ ਅਤੇ ਆਪਣੀ ਸਨੇਹਮਈ ਹਾਜ਼ਰੀ ਨਾਲ ਇਸ ਮੌਕੇ ਨੂੰ ਯਾਦਗਾਰ ਬਣਾ ਦਿੱਤਾ।ਸਕੂਲ ਪ੍ਰਬੰਧਕ ਕਮੇਟੀ ਨੇ ਡਾਇਰੈਕਟਰ ਤੇ ਮੈਨੇਜਰ ਮੈਡਮ ਦਾ ਆਉਣ ਦਾ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਚੰਗੇਰੇ ਨਤੀਜੇ ਲੈਣ ਲਈ ਯਤਨਸ਼ੀਲ ਰਹਿਣਗੇ।

## ਨਗਰ ਕੌਂਸਲ ਦੀ ਨਵੀਂ ਟੀਮ ਚੁਣੀ, 'ਆਪ' ਵਰਕਰ ਬਾਗੋ-ਬਾਗ



**ਅਰਨੀਵਾਲਾ (ਨਿਸ਼ ਸ਼ਰਮਾ)**-ਨਗਰ ਕੌਂਸਲ ਚੋਣਾਂ 'ਚ ਆਮ ਆਦਮੀ ਪਾਰਟੀ ਵੱਲੋਂ 6 ਸੀਟਾਂ 'ਤੇ ਸ਼ਾਨਦਾਰ ਜਿੱਤ ਦਰਜ ਕਰਨ ਤੋਂ ਬਾਅਦ ਨਗਰ ਕੌਂਸਲ ਦੀ ਨਵੀਂ ਲੀਡਰਸ਼ਿਪ ਦਾ ਐਲਾਨ ਕਰ ਦਿੱਤਾ ਗਿਆ।ਵਿਧਾਇਕ ਜਗਦੀਪ ਕੰਬੋਜ ਗੋਲਡੀ ਦੀ ਹਾਜ਼ਰੀ ਵਿੱਚ ਮੋਨੂੰ ਕੁੱਕੜ (ਪਤਨੀ ਅਸ਼ਵਨੀ ਕੁਮਾਰ ਕੁੱਕੜ) ਨੂੰ ਨਗਰ ਕੌਂਸਲ ਅਰਨੀਵਾਲਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਚੋਣ ਪ੍ਰਕਿਰਿਆ ਦੌਰਾਨ ਸ਼ਿਵ ਕੁਮਾਰ ਭੱਲਾ ਅਤੇ ਕੁਲਵੰਤ ਕੌਰ ਨੂੰ ਸਰਬਸੰਮਤੀ ਨਾਲ ਨਗਰ ਕੌਂਸਲ ਦੇ ਵਾਈਸ ਪ੍ਰਧਾਨ ਚੁਣਿਆ ਗਿਆ।ਨਵੀਂ ਟੀਮ ਦੇ ਗਠਨ ਨਾਲ ਪਾਰਟੀ ਵਰਕਰਾਂ ਵਿੱਚ ਖੁਸ਼ੀ ਦਾ ਮਾਹੌਲ ਵੇਖਣ ਨੂੰ ਮਿਲਿਆ।ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਨਗਰ ਕੌਂਸਲ ਅਰਨੀਵਾਲਾ ਦੇ ਸਰਵਪੱਖੀ ਵਿਕਾਸ, ਲੋਕ ਭਲਾਈ ਤੇ ਪਾਰਦਰਸ਼ੀ ਪ੍ਰਸ਼ਾਸਨ ਲਈ ਟੀਮ ਮਿਲ ਕੇ ਕੰਮ ਕਰੇਗੀ।ਨਵ-ਨਿਯੁਕਤ ਪ੍ਰਧਾਨ ਤੇ ਵਾਈਸ ਪ੍ਰਧਾਨਾਂ ਨੇ ਵੀ ਲੋਕਾਂ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਸ਼ਹਿਰ ਦੇ ਵਿਕਾਸ ਅਤੇ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਉਣ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।

## ਭਾਈ ਤਖ਼ਤ ਸਿੰਘ ਸਿੱਖ ਕੰਨਿਆ ਮਹਾਂ-ਵਿਦਿਆਲਾ ਦੀਆਂ ਬੱਚੀਆਂ ਵੱਲੋਂ ਸ਼ਬਦ ਗੁਰੂ ਪ੍ਰਚਾਰ



**ਮੱਖੂ (ਰਛਪਾਲ ਸਿੰਘ ਸੰਧੂ)**-ਭਾਈ ਤਖਤ ਸਿੰਘ ਸਿੱਖ ਕੰਨਿਆ ਮਹਾਂ ਵਿਦਿਆਲਾ ਬੁੱਢੇਵਾਲ ਲੁਧਿਆਣਾ ਵੱਲੋਂ ਸ਼ੁਰੂ ਕੀਤੀ ਹੋਈ ਸ਼ਬਦ ਗੁਰੂ ਪ੍ਰਚਾਰ ਯਾਤਰਾ ਜਦ ਗੁਰਦੁਆਰਾ ਸਿੰਘ ਸਭਾ ਵਿਖੇ ਪਹੁੰਚੀ ਤਾਂ ਗੁਰਦੁਆਰਾ ਸਾਹਿਬ ਦੀ ਸ੍ਰੀ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਸਵਾਗਤ ਕੀਤਾ ਗਿਆ। ਗੁਰਦੁਆਰਾ ਸਾਹਿਬ ਵਿਖੇ ਭਾਈ ਤਖਤ ਸਿੰਘ ਸਿੱਖ ਕੰਨਿਆ ਮਹਾਂ ਵਿਦਿਆਲਾ ਬੁੱਢੇਵਾਲ ਲੁਧਿਆਣਾ ਦੀਆਂ ਧੀਆਂ ਦੇ ਜੱਥੇ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਕੀਰਤਨ, ਕਥਾ ਰਾਹੀਂ ਗੁਰੂ ਦਾ ਪ੍ਰਚਾਰ ਕੀਤਾ ਗਿਆ।ਵੱਡੀ ਗਿਣਤੀ ਵਿੱਚ ਸੰਗਤ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਗੁਰਸਿੱਖ ਬੱਚੀਆਂ ਵੱਲੋਂ ਗੁਰਬਾਣੀ ਕੀਰਤਨ ਤੇ ਕਥਾ ਰਾਹੀਂ ਕੀਤੇ ਗੁਰੂ ਪ੍ਰਚਾਰ ਦਾ ਆਨੰਦ ਮਾਣਿਆ।ਭਾਈ ਤਖਤ ਸਿੰਘ ਸਿੱਖ ਕੰਨਿਆ ਮਹਾਂ ਵਿਦਿਆਲਾ ਦੇ ਸੇਵਦਾਰ ਭਾਈ ਮੇਜਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਹਿਗੁਰੂ ਜੀ ਦੀ ਮੇਹਰ ਸਦਕਾ ਭਾਈ ਤਖਤ ਸਿੰਘ ਸਿੱਖ ਕੰਨਿਆ ਮਹਾਂ ਵਿਦਿਆਲਾ ਬੁੱਢੇਵਾਲ ਲੁਧਿਆਣਾ ਦੀਆਂ ਧੀਆਂ ਦੇ ਜੱਥੇ ਵੱਲੋਂ ਸ਼ਬਦ ਗੁਰੂ ਪ੍ਰਚਾਰ ਯਾਤਰਾ 27 ਜੂਨ ਤੋਂ ਸ਼ੁਰੂ ਕੀਤੀ ਹੋਈ, ਜੋ 31 ਜੁਲਾਈ ਤੱਕ ਪੰਜਾਬ ਦੇ ਵੱਖ-ਵੱਖ ਸ਼ਹਿਰਾਂ, ਕਸਬਿਆਂ ਤੇ ਪਿੰਡਾਂ ਵਿੱਚ ਗੁਰਬਾਣੀ ਕੀਰਤਨ, ਕਥਾ, ਕਵੀਸ਼ਰੀ ਰਾਹੀਂ ਗੁਰਸਿੱਖ ਬੱਚੀਆਂ ਵੱਲੋਂ ਸ਼ਬਦ ਗੁਰੂ ਪ੍ਰਚਾਰ ਕੀਤਾ ਜਾ ਰਿਹਾ ਹੈ।ਸ੍ਰੀ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਸੁਸਾਇਟੀ ਦੇ ਪ੍ਰਧਾਨ ਬੀਬੀ ਸ਼ਰਨਜੀਤ ਕੌਰ ਦੀ ਅਗਵਾਈ ਵਿੱਚ ਭਾਈ ਤਖਤ ਸਿੰਘ ਸਿੱਖ ਕੰਨਿਆ ਮਹਾਂ ਵਿਦਿਆਲਾ ਬੁੱਢੇਵਾਲ ਲੁਧਿਆਣਾ ਦੀਆਂ ਬੱਚੀਆਂ ਤੇ ਭਾਈ ਮੇਜਰ ਸਿੰਘ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਗੁਰਦੁਆਰਾ ਸਾਹਿਬ ਵਿਖੇ ਪਹੁੰਚੀ ਹੋਈ ਸੰਗਤ ਵਿੱਚ ਅਤੁੱਟ ਲੰਗਰ ਵਰਤਾਇਆ ਗਿਆ।ਲੰਗਰ ਵਰਤਾਉਣ ਦੀ ਸੇਵਾ ਸ੍ਰੀ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਨਿਭਾਈ ਗਈ।

## ਪੰਜਾਬ ਚੈਂਪੀਅਨ ਬਣਿਆ ਫੱਗੂਵਾਲ ਦਾ ਹੋਣਹਾਰ ਨਿਸ਼ਾਨੇਬਾਜ਼ ਅਨੰਤਵੀਰ ਸਿੰਘ



**ਭਵਾਨੀਗੜ੍ਹ (ਰਾਜ ਖੁਰਮੀ)**-ਪਿੰਡ ਫੱਗੂਵਾਲ ਦੇ ਹੋਣਹਾਰ ਨਿਸ਼ਾਨੇਬਾਜ਼ ਅਨੰਤਵੀਰ ਸਿੰਘ ਫੱਗੂਵਾਲ ਨੇ ਇੱਕ ਵਾਰ ਫਿਰ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 61ਵੀਂ ਪੰਜਾਬ ਰਾਜ ਰਾਈਫਲ-ਪਿਸਟਲ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ ਆਪਣੇ ਗਰੁੱਪ ਵਿੱਚ ਪੂਰੇ ਪੰਜਾਬ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਪੰਜਾਬ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ ਹੈ।ਇਸ ਉਪਲਬਧੀ ਦੀ ਖ਼ਬਰ ਪਿੰਡ ਫੱਗੂਵਾਲ ਪਹੁੰਚਦਿਆਂ ਹੀ ਪਰਵਾਰ ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਜਾਣਕਾਰੀ ਅਨੁਸਾਰ 8 ਤੋਂ 14 ਜੁਲਾਈ ਤੱਕ ਮੋਹਾਲੀ-ਚੰਡੀਗੜ੍ਹ ਵਿਖੇ ਹੋਈ ਇਸ ਚੈਂਪੀਅਨਸ਼ਿਪ ਵਿੱਚ ਅਨੰਤਵੀਰ ਸਿੰਘ ਨੇ 21 ਸਾਲ ਤੱਕ ਦੇ ਯੂਥ ਵਰਗ ਵਿੱਚ ਪੂਰੇ ਪੰਜਾਬ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ 21 ਤੋਂ 60 ਸਾਲ ਦੇ ਸੀਨੀਅਰ ਵਰਗ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਆਪਣੇ ਨਾਂਅ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ।ਅਨੰਤਵੀਰ ਦੇ ਮਾਤਾ-ਪਿਤਾ ਸਾਬਕਾ ਸਰਪੰਚ ਅਰਵਿੰਦਰ ਕੌਰ ਤੇ ਗੁਰਦੀਪ ਸਿੰਘ ਫੱਗੂਵਾਲ ਨੇ ਦੱਸਿਆ ਕਿ ਅਨੰਤਵੀਰ ਬਚਪਨ ਤੋਂ ਹੀ ਨਿਸ਼ਾਨੇਬਾਜ਼ੀ ਵਿੱਚ ਦਿਲਚਸਪੀ ਰੱਖਦਾ ਹੈ ਤੇ ਇਸ ਤੋਂ ਪਹਿਲਾਂ ਵੀ ਉਹ ਪੰਜਾਬ ਸਕੂਲ ਖੇਡਾਂ ਵਿੱਚ ਪੰਜਾਬ ਚੈਂਪੀਅਨ ਰਹਿ ਚੁੱਕਾ ਹੈ।ਇਸ ਦੇ ਨਾਲ ਹੀ ਉਹ ਕੌਮੀ ਪੱਧਰ 'ਤੇ ਵੀ ਚੈਂਪੀਅਨ ਬਣ ਕੇ ਆਪਣੇ ਪਿੰਡ ਅਤੇ ਪੰਜਾਬ ਦਾ ਮਾਣ ਵਧਾ ਚੁੱਕਿਆ ਹੈ।ਇਸ ਸ਼ਾਨਦਾਰ ਸਫਲਤਾ 'ਤੇ ਅਨੰਤਵੀਰ ਦੇ ਕੋਚ ਸ਼ਿਵਮ ਕਾਕੜੀਆ ਅਤੇ ਕੋਚ ਜੈਸਮੀਨ ਕੌਰ (ਪਟਿਆਲਾ) ਨੇ ਉਸ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਨੰਤਵੀਰ ਨੇ ਲਗਾਤਾਰ ਮਿਹਨਤ ਅਤੇ ਅਨੁਸ਼ਾਸਨ ਦੇ ਬਲਬੂਤੇ ਇਹ ਉਪਲਬਧੀ ਹਾਸਲ ਕੀਤੀ ਹੈ ਅਤੇ ਭਵਿੱਖ ਵਿੱਚ ਉਹ ਕੌਮੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਵੀ ਪੰਜਾਬ ਦਾ ਨਾਂਅ ਰੌਸ਼ਨ ਕਰੇਗਾ।

## ਕੁੱਟਮਾਰ ਮਾਮਲਿਆਂ 'ਚ ਚਾਰ ਵਿਅਕਤੀ ਨਾਮਜ਼ਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਦੇ ਸਾਨੀਪੁਰ ਰੋਡ ਤੇ ਪਿੰਡ ਤਿੰਬਰਪੁਰ ਵਿਖੇ ਵਾਪਰੀਆਂ ਕੁੱਟਮਾਰ ਦੀਆਂ ਦੋ ਕਥਿਤ ਘਟਨਾਵਾਂ ਦੇ ਸਬੰਧ ਵਿੱਚ ਪੁਲਸ ਵੱਲੋਂ ਚਾਰ ਵਿਅਕਤੀਆਂ ਨੂੰ ਕੇਸ ਵਿੱਚ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਬਲਕਾਰ ਸਿੰਘ ਵਾਸੀ ਸਾਨੀਪੁਰ ਰੋਡ ਸਰਹਿੰਦ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਾਏ ਕਿ ਪੁਰਾਣੀ ਰੰਜ਼ਿਸ਼ ਦੇ ਚੱਲਦਿਆਂ ਉਸ ਦੇ ਮੱਡ ਹਾਊਸ ਵਿਰਸਾ ਵਿਖੇ ਆਏ ਗੁਰਪ੍ਰੀਤ ਸਿੰਘ, ਮਨੀਸ਼ ਕੁਮਾਰ ਤੇ ਉਨ੍ਹਾਂ ਦੇ 2/3 ਨਾਮਾਲੂਮ ਸਾਥੀਆਂ ਵੱਲੋਂ ਉਸਦੀ ਕੁੱਟਮਾਰ ਕੀਤੀ ਗਈ ਅਤੇ ਉਸ ਦੇ ਸਪਲੈਂਡਰ ਮੋਟਰਸਾਈਕਲ ਦੀ ਵੀ ਭੰਨਤੋੜ ਕੀਤੀ ਗਈ।ਸ਼ਿਕਾਇਤ ਕਰਤਾ ਦੇ ਬਿਆਨਾਂ 'ਤੇ ਗੁਰਪ੍ਰੀਤ ਸਿੰਘ ਵਾਸੀ ਸਰਹਿੰਦ, ਮਨੀਸ਼ ਕੁਮਾਰ ਵਾਸੀ ਪਿੰਡ ਭੱਟਮਾਜਰਾ ਤੇ 2/3 ਨਾਮਾਲੂਮ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਸਰਹਿੰਦ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।ਇੱਕ ਵੱਖਰੇ ਮਾਮਲੇ ਵਿੱਚ ਗਗਨਦੀਪ ਸਿੰਘ ਵਾਸੀ ਪਿੰਡ ਤਿੰਬਰਪੁਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਾਏ ਕਿ ਉਧਾਰ ਦਿੱਤੇ ਪੈਸੇ ਵਾਪਸ ਨਾ ਦੇਣ ਕਾਰਨ ਹਸਵਿੰਦਰ ਸਿੰਘ, ਗੁਰਪਿੰਦਰ ਸਿੰਘ ਤੇ ਦੋ ਨਾਮਾਲੂਮ ਵਿਅਕਤੀਆਂ ਨੇ ਉਸ ਨੂੰ ਪਿੰਡ ਵਿੱਚ ਆ ਕੇ ਘੇਰ ਲਿਆ ਤੇ ਉਸਦੀ ਕੁੱਟਮਾਰ ਕੀਤੀ। ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਹਸਵਿੰਦਰ ਸਿੰਘ ਵਾਸੀ ਸਨੀ ਐਨਕਲੇਵ(ਮੋਹਾਲੀ), ਗੁਰਪਿੰਦਰ ਸਿੰਘ ਵਾਸੀ ਪਿੰਡ ਬਲੌਂਗੀ (ਮੋਹਾਲੀ) ਤੇ ਦੋ ਨਾਮਾਲੂਮ ਵਿਅਕਤੀਆਂ ਵਿਰੁੱਧ ਬੀ ਐਨ ਐਸ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਉਦੇਪੁਰ ਦੀਵਾਨਵਾਲਾ ਮਾਈਨਰ ਅਜੇ ਤੱਕ ਪਾਣੀ ਤੋਂ ਸੱਖਣਾ

### ਕਿਸਾਨਾਂ ਨੂੰ ਝੋਨਾ ਲਾਉਣ 'ਚ ਆ ਰਹੀ ਐ ਭਾਰੀ ਮੁਸ਼ਕਲ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮ ਪਾਰਟੀ ਦੀ ਭਗਵੰਤ ਮਾਨ ਸਰਕਾਰ ਵੱਲੋਂ ਪਟਿਆਲਾ ਜ਼ਿਲ੍ਹੇ ਅੰਦਰ ਝੋਨੇ ਦੀ ਲਵਾਈ 9 ਜੂਨ ਤੋਂ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਸੀ। ਸਰਕਾਰ ਵੱਲੋਂ ਝੋਨੇ ਦੀ ਲੁਆਈ ਲਈ ਰੋਜ਼ਾਨਾ 8 ਘੰਟੇ ਬਿਜਲੀ ਸਪਲਾਈ ਦੇਣ ਤੋਂ ਇਲਾਵਾ ਟੇਲਾਂ ਤੱਕ ਨਹਿਰੀ ਪਾਣੀ ਕਿਸਾਨਾਂ ਨੂੰ ਦੇਣ ਦੇ ਵਾਅਦੇ ਤਾਂ ਕੀਤੇ ਗਏ, ਪ੍ਰੰਤੂ ਨਹਿਰੀ ਵਿਭਾਗ ਦੀ ਗੈਰ-ਯੋਜਨਾਬੰਦੀ ਕਾਰਨ ਕਿਸਾਨਾਂ ਨੂੰ ਝੋਨਾ ਲਗਾਉਣ ਲਈ ਨਹਿਰੀ ਪਾਣੀ ਨਹੀਂ ਮਿਲ ਰਿਹਾ, ਜਿਸ ਕਾਰਨ ਉਨ੍ਹਾਂ ਦੀ ਝੋਨੇ ਦੀ ਲੁਆਈ ਨਹੀਂ ਹੋ ਰਹੀ। ਨਹਿਰੀ ਵਿਭਾਗ ਵੱਲੋਂ ਹਲਕਾ ਸਨੌਰ 'ਚ ਪੈਂਦੇ ਕਈ ਰਜਬਾਹਿਆਂ ਨੂੰ ਇਸ ਸੀਜ਼ਨ ਦੌਰਾਨ ਪੱਕਾ ਕੀਤਾ ਗਿਆ ਹੈ ਤਾਂ ਕਿ ਰਜਬਾਹਿਆਂ ਦਾ ਵੱਧ ਤੋਂ ਵੱਧ ਪਾਣੀ ਕਿਸਾਨਾਂ ਦੀਆਂ ਜ਼ਮੀਨਾਂ ਤੱਕ ਪਹੁੰਚ ਸਕੇ।ਜਾਣਕਾਰੀ ਅਨੁਸਾਰ ਦੀਵਾਨਵਾਲਾ ਉਦੇਪੁਰ ਮਾਈਨਰ ਨੂੰ ਪਿਛਲੇ ਸਾਲ ਪੱਕਾ ਕੀਤਾ ਗਿਆ ਸੀ।ਦੇਵੀਗੜ੍ਹ-ਘੜਾਮ ਵਾਲੇ ਰਜਬਾਹੇ ਨੂੰ ਇਸ ਸੀਜ਼ਨ ਦੌਰਾਨ ਜਨਸੂਆ ਤੋਂ ਲੈ ਕੇ ਪਿੰਡ ਹਡਾਣਾ ਤੱਕ ਪੱਕਾ ਕੀਤਾ ਗਿਆ ਹੈ ਤੇ ਬਾਕੀ ਦਾ ਹਿੱਸਾ ਅਗਲੇ ਸੀਜ਼ਨ ਦੌਰਾਨ ਨਹਿਰੀ ਵਿਭਾਗ ਵੱਲੋਂ ਪੱਕੇ ਕਰਨ ਦੀ ਯੋਜਨਾ ਹੈ।

ਇਸ ਦੌਰਾਨ ਦੇਵੀਗੜ੍ਹ-ਘੜਾਮ ਵਾਲੇ ਰਜਬਾਹੇ 'ਚ ਐਲਾਨ ਦੇ ਇੱਕ ਮਹੀਨੇ ਬਾਅਦ ਤਾਂ ਪਾਣੀ ਛੱਡ ਦਿੱਤਾ ਗਿਆ ਹੈ ਤੇ ਕਿਸਾਨ ਇਸ ਪਾਣੀ ਦੀ ਝੋਨਾ ਲਾਉਣ ਲਈ ਵਰਤੋਂ ਕਰ ਰਹੇ ਹਨ, ਪਰ ਦੀਵਾਨਵਾਲਾ ਉਦੇਪੁਰ ਮਾਈਨਰ 'ਚ ਅਜੇ ਤੱਕ ਤਸੱਲੀਬਖਸ਼ ਢੰਗ ਨਾਲ ਪਾਣੀ ਨਹੀਂ ਛੱਡਿਆ ਗਿਆ, ਜਿਸ ਕਰਕੇ ਰਜਬਾਹੇ ਦੇ ਨਾਲ ਲੱਗਦੇ ਦੀਵਾਨਵਾਲਾ, ਪਲਾਖਾ, ਬਹਿਰੂ, ਗੁਥਮੜਾ, ਬੁੜੇਮਾਜਰਾ, ਬਰਕਤਪੁਰ ਆਦਿ ਪਿੰਡਾਂ ਦੇ ਕਿਸਾਨਾਂ ਦਾ ਕਹਿਣਾ ਹੈ ਕਿ ਰਜਬਾਹੇ 'ਚ ਪਾਣੀ ਨਾ ਆਉਣ ਕਰ ਕੇ ਉਨ੍ਹਾਂ ਨੂੰ ਝੋਨਾ ਲਾਉਣ 'ਚ ਭਾਰੀ ਮੁਸ਼ਕਲ ਪੇਸ਼ ਆ ਰਹੀ ਹੈ।

ਉਨ੍ਹਾਂ ਨਹਿਰੀ ਵਿਭਾਗ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਇਸ ਰਜਵਾਹੇ 'ਚ ਪਾਣੀ ਛੱਡਿਆ ਜਾਵੇ ਤਾਂ ਕਿ ਕਿਸਾਨ ਆਪਣਾ ਝੋਨਾ ਲਾ ਸਕਣ।

## ਸਫਾ 1 ਦੇ ਬਾਕੀ...

### ਟੈਕਸਟਾਈਲ ਖੇਤਰ 'ਚ ਅਥਾਹ...

ਯਾਦ ਕਰਨ ਦਾ ਇੱਕੋ ਇੱਕ ਉਦੇਸ਼ ਸਾਡੀਆਂ ਨੌਜਵਾਨ ਪੀੜ੍ਹੀਆਂ ਨੂੰ ਸੂਬੇ ਦੀ ਸ਼ਾਨਦਾਰ ਅਤੇ ਅਮੀਰ ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਤੋਂ ਜਾਣੂ ਕਰਵਾਉਣਾ ਹੈ।" ਮੁੱਖ ਮੰਤਰੀ ਨੇ ਕਿਹਾ, ਅੱਜ ਪੰਜਾਬ ਕੋਲ ਸਭ ਤੋਂ ਬਿਹਤਰ ਉੱਦਮੀ ਕਲਚਰ, ਸਭ ਤੋਂ ਬਿਹਤਰ ਨਿਰਮਾਣ ਸਮਰੱਥਾ, ਸਭ ਤੋਂ ਬਿਹਤਰ ਹੁਨਰਮੰਦ ਸਟਾਫ਼, ਏਕੀਕ੍ਰਿਤ ਵੈਲਯੂ ਚੇਨ ਅਤੇ ਰਣਨੀਤਕ ਸਥਾਨ ਮੌਜੂਦ ਹੈ।ਮੈਂ ਉਦਯੋਗਿਕ ਆਗੂਆਂ, ਨਿਵੇਸ਼ਕਾਂ, ਨਵੀਨਤਾਕਾਰਾਂ, ਗਲੋਬਲ ਬ੍ਰਾਂਡਾਂ ਅਤੇ ਤਕਨਾਲੋਜੀ ਕੰਪਨੀਆਂ ਨੂੰ ਪੰਜਾਬ ਦੇ ਵਿਕਾਸ ਵਿੱਚ ਭਾਈਵਾਲ ਬਣਨ ਦਾ ਸੱਦਾ ਦਿੰਦਾ ਹਾਂ।ਮਾਨ ਨੇ ਕਿਹਾ ਕਿ ਉਦਯੋਗਿਕ ਵਿਕਾਸ ਸਰਕਾਰ ਅਤੇ ਉਦਯੋਗਾਂ ਦਰਮਿਆਨ ਸਹਿਯੋਗ ਨਾਲ ਹੀ ਸੰਭਵ ਹੋ ਸਕਦਾ ਹੈ।ਉਨ੍ਹਾਂ ਕਿਹਾ, ਮੈਨੂੰ ਪੂਰਾ ਭਰੋਸਾ ਹੈ ਕਿ ਉਦਯੋਗਿਕ ਖੇਤਰ ਉਦੋਂ ਹੀ ਤਰੱਕੀ ਕਰ ਸਕਦਾ ਹੈ ਜਦੋਂ ਸਰਕਾਰ ਅਤੇ ਉਦਯੋਗ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨ। ਇਸ ਲਈ ਨਿਵੇਸ਼ਕ ਅਤੇ ਉੱਦਮੀ ਪੰਜਾਬ ਦੇ ਉਦਯੋਗਿਕ ਭਵਿੱਖ ਦੇ ਮੁੱਖ ਥੰਮ੍ਹ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦਾ ਮਜ਼ਬੂਤ ਨਿਵੇਸ਼ ਈਕੋਸਿਸਟਮ ਵਾਜਬ ਬਿਜਲੀ ਦਰਾਂ, ਜ਼ਮੀਨ ਸਬੰਧੀ ਸਹੂਲਤਾਂ ਅਤੇ ਨਿਵੇਸ਼ਕ-ਪੱਖੀ ਮਾਹੌਲ ਪ੍ਰਦਾਨ ਕਰਦਾ ਹੈ।ਪੰਜਾਬ ਕਾਰੋਬਾਰ ਕਰਨ ਦੀ ਸੌਖ ਵਿੱਚ ਪਹਿਲੇ ਸਥਾਨ 'ਤੇ ਹੈ ਅਤੇ ਇੱਕ ਕੁਸ਼ਲ ਸਿੰਗਲ ਵਿੰਡੋ ਸਿਸਟਮ ਰਾਹੀਂ ਪਾਰਦਰਸ਼ੀ ਢੰਗ ਨਾਲ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਪੰਜਾਬ ਰਾਈਟ ਟੂ ਬਿਜ਼ਨਸ ਐਕਟ ਪਾਸ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਾਲ 2022 ਵਿੱਚ ਸੱਤਾ ਸੰਭਾਲਣ ਉਪਰੰਤ ਮੇਰੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਕਈ ਕ੍ਰਾਂਤੀਕਾਰੀ ਪਹਿਲਕਦਮੀਆਂ ਕੀਤੀਆਂ, ਜਿਹਨਾਂ ਸਦਕਾ ਪੰਜਾਬ ਹੁਣ ਹਰ ਖੇਤਰ ਵਿੱਚ ਮੋਹਰੀ ਬਣ ਕੇ ਉਭਰ ਰਿਹਾ ਹੈ। ਭਾਰਤ ਟੈਕਸ 2026 ਦੌਰਾਨ ਪੰਜਾਬ ਸਟੇਟ ਸੈਸ਼ਨ ਵਿੱਚ ਡੈਲੀਗੇਟਸ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਭਾਰਤ ਟੈਕਸ ਮਹਿਜ਼ ਉਤਪਾਦਾਂ ਦੀ ਪ੍ਰਦਰਸ਼ਨੀ ਨਹੀਂ ਹੈ, ਸਗੋਂ ਇੱਕ ਪਲੇਟਫਾਰਮ ਹੈ, ਜਿੱਥੇ ਭਾਰਤ ਦੇ ਟੈਕਸਟਾਈਲ ਭਵਿੱਖ ਦੀ ਰੂਪਰੇਖਾ ਘੜੀ ਜਾ ਰਹੀ ਹੈ, ਭਾਈਵਾਲੀ ਸਥਾਪਤ ਕੀਤੀ ਜਾ ਰਹੀ ਹੈ ਅਤੇ ਨਵੇਂ ਮੌਕੇ ਪੈਦਾ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ, ਨਰਮੇ ਦੀ ਖੇਤੀ ਤੋਂ ਲੈ ਕੇ ਕਤਾਈ ਤੱਕ, ਧਾਗੇ ਤੋਂ ਲੈ ਕੇ ਕੱਪੜੇ ਤੱਕ, ਬੁਣਾਈ ਅਤੇ ਪ੍ਰੋਸੈਸਿੰਗ ਤੋਂ ਲੈ ਕੇ ਗਾਰਮੈਂਟਸ ਤੱਕ ਅਤੇ ਨਿਰਮਾਣ ਤੋਂ ਲੈ ਕੇ ਨਿਰਯਾਤ ਤੱਕ, ਪੰਜਾਬ ਕੋਲ ਕੁਝ ਅਜਿਹਾ ਹੈ ਜਿਸ ਦਾ ਦਾਅਵਾ ਦੁਨੀਆ ਦੇ ਬਹੁਤ ਘੱਟ ਖੇਤਰ ਕਰ ਸਕਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਭਾਰਤ ਦੀਆਂ ਕੁਝ ਸਭ ਤੋਂ ਪ੍ਰਸਿੱਧ ਟੈਕਸਟਾਈਲ ਕੰਪਨੀਆਂ ਦਾ ਘਰ ਹੈ, ਜਿਨ੍ਹਾਂ ਵਿੱਚ ਵਰਧਮਾਨ, ਸਨਾਤਨ ਟੈਕਸਟਾਈਲਜ਼, ਨਾਹਰ, ਮੌਂਟੇ ਕਾਰਲੋ, ਗੰਗਾ ਐਕਰੋਵੂਲ, ਸਪੋਰਟਕਿੰਗ, ਸ਼ਿੰਗੋਰਾ ਅਤੇ ਓਕਟੇਵ ਸ਼ਾਮਲ ਹਨ, ਜਿਨ੍ਹਾਂ ਸਾਰਿਆਂ ਨੇ ਗੁਣਵੱਤਾ ਅਤੇ ਨਵੀਨਤਾ ਵਿੱਚ ਵਿਸ਼ਵ ਪੱਧਰੀ ਮਾਪਦੰਡ ਸਥਾਪਤ ਕੀਤੇ ਹਨ। ਉਨ੍ਹਾਂ ਕਿਹਾ, "ਜਦੋਂ ਲੋਕ ਪੰਜਾਬ ਦੇ ਟੈਕਸਟਾਈਲ ਉਦਯੋਗ ਬਾਰੇ ਸੋਚਦੇ ਹਨ, ਤਾਂ ਇੱਕ ਸ਼ਹਿਰ ਜੋ ਤੁਰੰਤ ਮਨ ਵਿੱਚ ਆਉਂਦਾ ਹੈ ਉਹ ਹੈ ਲੁਧਿਆਣਾ, ਜੋ ਕਿ ਉੱਤਰੀ ਭਾਰਤ ਵਿੱਚ ਸਭ ਤੋਂ ਵੱਡਾ ਕੱਪੜਾ ਅਤੇ ਨਿਟਵੀਅਰ ਕਲਸਟਰ ਹੈ। ਇਹ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਇਹ ਸ਼ਹਿਰ ਭਾਰਤ ਦੇ ਊਨੀ ਨਿਟਵੀਅਰ ਵਿੱਚ ਲਗਭਗ 90 ਫੀਸਦ ਅਤੇ ਦੇਸ਼ ਦੇ ਹੌਜ਼ਰੀ ਉਤਪਾਦਨ ਵਿੱਚ ਲਗਭਗ 65 ਫੀਸਦ ਯੋਗਦਾਨ ਪਾਉਂਦਾ ਹੈ।" ਉਨ੍ਹਾਂ ਕਿਹਾ ਕਿ ਪੰਜਾਬ ਹਮੇਸ਼ਾ ਇੱਕ ਬਾਹਰਮੁਖੀ ਆਰਥਿਕਤਾ ਰਿਹਾ ਹੈ ਅਤੇ ਸੂਬਾ ਸਰਕਾਰ ਉਦਯੋਗਪਤੀਆਂ ਦੀ ਰਵਾਇਤੀ ਬਾਜ਼ਾਰਾਂ ਤੋਂ ਅੱਗੇ ਵਧਣ, ਆਪਣੀ ਨਿਰਯਾਤ ਸਮਰੱਥਾ ਵਿੱਚ ਵਿਭਿੰਨਤਾ ਲਿਆਉਣ ਅਤੇ ਗਲੋਬਲ ਵੈਲਿਊ ਚੇਨਜ਼ ਵਿੱਚ ਵਧੇਰੇ ਸ਼ਮੂਲੀਅਤ ਨਾਲ ਜੁੜਨ ਵਿੱਚ ਮਦਦ ਕਰਨਾ ਚਾਹੁੰਦੀ ਹੈ।

### ਤਲਾਕਸ਼ੁਦਾ ਪਤਨੀ ਦਾ...

ਪਟੀਸ਼ਨ ਦਾ ਵਿਰੋਧ ਕਰਦਿਆਂ, ਰਾਜ ਅਤੇ ਬੱਚੇ ਦੇ ਵਕੀਲ ਨੇ ਦਲੀਲ ਦਿੱਤੀ ਕਿ ਨਿਯਮ 28 ਖਾਸ ਤੌਰ 'ਤੇ ਅਜਿਹੀ ਸਥਿਤੀ ਦੀ ਕਲਪਨਾ ਕਰਦਾ ਹੈ, ਜਿੱਥੇ ਇੱਕ ਮ੍ਰਿਤਕ ਸਰਕਾਰੀ ਮੁਲਾਜ਼ਮ ਦੇ ਪਿੱਛੇ ਇੱਕ ਵਿਧਵਾ ਅਤੇ ਤਲਾਕਸ਼ੁਦਾ ਪਤਨੀ ਦਾ ਯੋਗ ਬੱਚਾ ਹੋਵੇ, ਜੋ ਬਰਾਬਰ ਹਿੱਸੇ ਵਿੱਚ ਭੁਗਤਾਨ ਨੂੰ ਲਾਜ਼ਮੀ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਤਲਾਕ ਸਮਝੌਤੇ ਤਹਿਤ ਪ੍ਰਾਪਤ ਹਿਰਾਸਤ, ਰਿਹਾਇਸ਼, ਨਿਰਭਰਤਾ ਜਾਂ ਰੱਖ-ਰਖਾਅ ਦੇ ਮੁੱਦੇ ਉਦੋਂ ਅਪ੍ਰਸੰਗਿਕ ਹੋ ਜਾਂਦੇ ਹਨ ਜਦੋਂ ਕਾਨੂੰਨੀ ਵਿਵਸਥਾ ਲਾਗੂ ਹੁੰਦੀ ਹੈ। ਨਿਯਮ 28 ਨੂੰ ਦੁਹਰਾਉਂਦੇ ਹੋਏ, ਜਸਟਿਸ ਮੌਦਗਿਲ ਨੇ ਕਿਹਾ ਕਿ ਜਿੱਥੇ ਮ੍ਰਿਤਕ ਸਰਕਾਰੀ ਮੁਲਾਜ਼ਮ ਦੇ ਪਿੱਛੇ ਇੱਕ ਵਿਧਵਾ ਹੋਵੇ ਪਰ ਉਹ ਤਲਾਕਸ਼ੁਦਾ ਪਤਨੀ ਜਾਂ ਪਤਨੀਆਂ ਤੋਂ ਯੋਗ ਬੱਚੇ ਛੱਡ ਗਿਆ ਹੋਵੇ, ਤਰਸ ਦੇ ਆਧਾਰ 'ਤੇ ਵਿੱਤੀ ਸਹਾਇਤਾ ਬਰਾਬਰ ਹਿੱਸਿਆਂ ਵਿੱਚ ਦਿੱਤੀ ਜਾਵੇਗੀ।

ਇਸ ਵਿਵਸਥਾ ਦੀ ਸਪੱਸ਼ਟ ਭਾਸ਼ਾ 'ਤੇ ਜ਼ੋਰ ਦਿੰਦੇ ਹੋਏ, ਜਸਟਿਸ ਮੌਦਗਿਲ ਨੇ ਕਿਹਾ, "ਨਿਯਮ ਬਣਾਉਣ ਵਾਲੀ ਅਥਾਰਟੀ ਦੁਆਰਾ ਵਰਤੀ ਗਈ ਭਾਸ਼ਾ ਸਪੱਸ਼ਟ, ਨਿਰਸੰਦੇਹ ਹੈ ਅਤੇ ਇਸ ਵਿੱਚ ਵਿਆਖਿਆ ਦੀ ਕੋਈ ਗੁੰਜਾਇਸ਼ ਨਹੀਂ ਛੱਡਦੀ। ਨਿਯਮ ਵਿਸ਼ੇਸ਼ ਤੌਰ 'ਤੇ ਲਾਭਪਾਤਰੀਆਂ ਦੀਆਂ ਦੋ ਸ਼੍ਰੇਣੀਆਂ ਨੂੰ ਮਾਨਤਾ ਦਿੰਦਾ ਹੈ, ਅਰਥਾਤ ਮ੍ਰਿਤਕ ਮੁਲਾਜ਼ਮ ਦੀ ਵਿਧਵਾ; ਅਤੇ ਤਲਾਕਸ਼ੁਦਾ ਪਤਨੀ ਤੋਂ ਯੋਗ ਬੱਚਾ ਜਾਂ ਬੱਚੇ। ਇੱਕ ਵਾਰ ਜਦੋਂ ਇਹ ਸ਼ਰਤਾਂ ਮੌਜੂਦ ਹੁੰਦੀਆਂ ਹਨ, ਤਾਂ ਨਿਯਮ ਖੁਦ ਇਹ ਲਾਜ਼ਮੀ ਬਣਾਉਂਦਾ ਹੈ ਕਿ ਤਰਸ ਦੇ ਆਧਾਰ 'ਤੇ ਵਿੱਤੀ ਸਹਾਇਤਾ ਬਰਾਬਰ ਹਿੱਸਿਆਂ ਵਿੱਚ ਦਿੱਤੀ ਜਾਵੇਗੀ।"

ਪਟੀਸ਼ਨਰ ਦੀ ਮੁੱਖ ਦਲੀਲ ਨੂੰ ਰੱਦ ਕਰਦੇ ਹੋਏ, ਅਦਾਲਤ ਨੇ ਕਿਹਾ, "ਤਲਾਕ ਪਤੀ ਅਤੇ ਪਤਨੀ ਵਿਚਕਾਰ ਵਿਆਹੁਤਾ ਰਿਸ਼ਤੇ ਨੂੰ ਖਤਮ ਕਰ ਸਕਦਾ ਹੈ, ਪਰ ਇਹ ਪਿਤਾ ਅਤੇ ਉਸਦੇ ਬੱਚੇ ਵਿਚਕਾਰ ਰਿਸ਼ਤੇ ਨੂੰ ਖਤਮ ਨਹੀਂ ਕਰਦਾ। ਮ੍ਰਿਤਕ ਮੁਲਾਜ਼ਮ ਦੇ ਪੁੱਤਰ ਵਜੋਂ ਬੱਚੇ ਦੀ ਸਥਿਤੀ ਤਲਾਕ ਦੇ ਫੈਸਲੇ ਕਾਰਨ ਕਦੇ ਵੀ ਖਤਮ ਨਹੀਂ ਹੋਈ। ਇਸੇ ਤਰ੍ਹਾਂ, ਤਲਾਕਸ਼ੁਦਾ ਪਤਨੀ ਨੂੰ ਸਥਾਈ ਗੁਜ਼ਾਰਾ ਜਾਂ ਬੱਚੇ ਲਈ ਰੱਖ-ਰਖਾਅ ਦੀ ਰਕਮ ਦਾ ਭੁਗਤਾਨ ਸੇਵਾ ਨਿਯਮਾਂ ਦੁਆਰਾ ਬਾਅਦ ਵਿੱਚ ਦਿੱਤੇ ਗਏ ਕਾਨੂੰਨੀ ਅਧਿਕਾਰਾਂ ਦੀ ਜ਼ਬਤੀ ਦਾ ਕਾਰਨ ਨਹੀਂ ਬਣ ਸਕਦਾ।"

ਜਸਟਿਸ ਮੌਦਗਿਲ ਨੇ ਇਸ ਦਲੀਲ ਨੂੰ ਵੀ ਰੱਦ ਕਰ ਦਿੱਤਾ ਕਿ ਬੱਚਾ ਮ੍ਰਿਤਕ ਮੁਲਾਜ਼ਮ 'ਤੇ ਨਿਰਭਰ ਨਹੀਂ ਸੀ। ਨਿਯਮਾਂ ਦੁਆਰਾ ਖਿੱਚੇ ਗਏ ਫਰਕ ਨੂੰ ਸਮਝਾਉਂਦੇ ਹੋਏ, ਉਨ੍ਹਾ ਕਿਹਾ: "ਮਹੱਤਵਪੂਰਨ ਤੌਰ 'ਤੇ, 2019 ਦੇ ਨਿਯਮਾਂ ਦੇ ਨਿਯਮ 28 ਵਿੱਚ 'ਨਿਰਭਰ ਬੱਚਾ' ਸ਼ਬਦ ਦੀ ਵਰਤੋਂ ਨਹੀਂ ਕੀਤੀ ਗਈ ਹੈ। ਨਿਯਮ ਸੁਚੇਤ ਤੌਰ 'ਤੇ 'ਯੋਗ ਬੱਚਾ' ਸ਼ਬਦ ਦੀ ਵਰਤੋਂ ਕਰਦਾ ਹੈ। ਇਹ ਫਰਕ ਇਤਫਾਕੀਆ ਨਹੀਂ ਹੈ। ਜੇ ਨਿਯਮ ਬਣਾਉਣ ਵਾਲੀ ਅਥਾਰਟੀ ਨਿਰਭਰਤਾ ਨੂੰ ਗਵਰਨਿੰਗ ਮਾਪਦੰਡ ਬਣਾਉਣਾ ਚਾਹੁੰਦੀ, ਤਾਂ ਉਹ ਅਜਿਹੀ ਜ਼ਰੂਰਤ ਨੂੰ ਸਪੱਸ਼ਟ ਤੌਰ 'ਤੇ ਸ਼ਾਮਲ ਕਰ ਸਕਦੀ ਸੀ।"

ਫੈਸਲੇ ਵਿੱਚ ਅੱਗੇ ਕਿਹਾ ਗਿਆ ਹੈ, "ਇਸ ਦੀ ਬਜਾਏ, ਇੱਕ ਵਿਸ਼ੇਸ਼ ਵਿਵਸਥਾ ਖਾਸ ਤੌਰ 'ਤੇ ਤਲਾਕਸ਼ੁਦਾ ਪਤਨੀ ਤੋਂ ਪੈਦਾ ਹੋਏ ਬੱਚਿਆਂ ਲਈ ਬਣਾਈ ਗਈ ਹੈ, ਜਿਸ ਨਾਲ ਇਹ ਮੰਨਿਆ ਗਿਆ ਹੈ ਕਿ ਅਜਿਹੇ ਬੱਚੇ ਜ਼ਰੂਰੀ ਨਹੀਂ ਕਿ ਮ੍ਰਿਤਕ ਮੁਲਾਜ਼ਮ ਦੀ ਮੌਤ ਦੇ ਸਮੇਂ ਉਸਦੇ ਨਾਲ ਰਹਿ ਰਹੇ ਹੋਣ। ਇਸ ਲਈ, ਵਿਧਾਨਕ ਇਰਾਦਾ ਇਹ ਜਾਪਦਾ ਹੈ ਕਿ ਮਾਪਿਆਂ ਵਿਚਕਾਰ ਤਲਾਕ ਦੇ ਬਾਵਜੂਦ, ਬੱਚੇ ਨੂੰ ਮ੍ਰਿਤਕ ਸਰਕਾਰੀ ਮੁਲਾਜ਼ਮ ਦੀ ਸੇਵਾ ਤੋਂ ਮਿਲਣ ਵਾਲੇ ਲਾਭ ਤੋਂ ਵਾਂਝਾ ਨਹੀਂ ਕੀਤਾ ਜਾਣਾ ਚਾਹੀਦਾ ਹੈ।"

ਜਸਟਿਸ ਮੌਦਗਿਲ ਨੇ ਦੇਖਿਆ ਕਿ ਬੱਚਾ ਮੁਲਾਜ਼ਮ ਦੇ ਕਾਨੂੰਨੀ ਵਿਆਹ ਤੋਂ ਪੈਦਾ ਹੋਇਆ ਸੀ, ਆਪਣੇ ਪਿਤਾ ਦੀ ਮੌਤ ਦੇ ਸਮੇਂ ਨਾਬਾਲਗ ਸੀ ਅਤੇ ਕਿਸੇ ਵੀ ਕਾਨੂੰਨੀ ਅਯੋਗਤਾ ਤੋਂ ਪੀੜਤ ਨਹੀਂ ਸੀ। ਇੱਕ ਵਾਰ ਜਦੋਂ ਉਹ ਨਿਯਮਾਂ ਦੇ ਤਹਿਤ 'ਯੋਗ ਬੱਚੇ' ਦੇ ਵੇਰਵੇ ਨੂੰ ਪੂਰਾ ਕਰਦਾ ਹੈ, ਤਾਂ ਨਿਯਮ 28 ਆਪਣੇ ਆਪ ਲਾਗੂ ਹੋ ਜਾਂਦਾ ਹੈ।"

ਹਾਈ ਕੋਰਟ ਨੇ ਪਟੀਸ਼ਨਰ ਦੀ ਇਸ ਦਲੀਲ ਨੂੰ ਵੀ ਰੱਦ ਕਰ ਦਿੱਤਾ ਕਿ ਬੱਚਾ ਪਹਿਲਾਂ ਹੀ ਮੁਲਾਜ਼ਮ ਦੀ ਖੇਤੀਬਾੜੀ ਜਾਇਦਾਦ ਵਿੱਚ ਹਿੱਸਾ ਪ੍ਰਾਪਤ ਕਰ ਚੁੱਕਾ ਹੈ, ਇਹ ਕਹਿੰਦੇ ਹੋਏ ਕਿ ਕਿਸੇ ਜਾਇਦਾਦ ਦਾ ਉਤਰਾਧਿਕਾਰ ਅਤੇ ਤਰਸ ਦੇ ਆਧਾਰ 'ਤੇ ਵਿੱਤੀ ਸਹਾਇਤਾ ਦਾ ਹੱਕ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰਦੇ ਹਨ ਅਤੇ ਇੱਕ ਨੂੰ ਦੂਜੇ 'ਤੇ ਨਿਰਭਰ ਨਹੀਂ ਬਣਾਇਆ ਜਾ ਸਕਦਾ ਤਾਂ ਜੋ ਉਸਨੂੰ ਉਸਦੇ ਕਾਨੂੰਨੀ ਹੱਕ ਤੋਂ ਵਾਂਝਾ ਕੀਤਾ ਜਾ ਸਕੇ।ਮਾਮਲੇ ਨੂੰ ਸਮਾਪਤ ਕਰਦੇ ਹੋਏ, ਜਸਟਿਸ ਮੌਦਗਿਲ ਨੇ ਕਿਹਾ, "ਬੱਚਾ ਆਪਣੇ ਮਾਤਾ-ਪਿਤਾ ਵਿਚਕਾਰ ਤਲਾਕ ਦੇ ਬਾਵਜੂਦ ਤਰਸ ਦੇ ਆਧਾਰ 'ਤੇ ਵਿੱਤੀ ਸਹਾਇਤਾ ਦੇ ਉਦੇਸ਼ ਲਈ ਮ੍ਰਿਤਕ ਮੁਲਾਜ਼ਮ ਦਾ ਪੁੱਤਰ ਅਤੇ ਕਾਨੂੰਨੀ ਵਾਰਿਸ ਬਣਿਆ ਹੋਇਆ ਹੈ ਅਤੇ 2019 ਦੇ ਨਿਯਮਾਂ ਦਾ ਨਿਯਮ 28 ਵਿਸ਼ੇਸ਼ ਤੌਰ 'ਤੇ ਤਲਾਕਸ਼ੁਦਾ ਪਤਨੀ ਤੋਂ ਹੋਏ 'ਯੋਗ ਬੱਚੇ' ਦੇ ਹੱਕ ਨੂੰ ਮਾਨਤਾ ਦਿੰਦਾ ਹੈ। ਸਮਰੱਥ ਅਥਾਰਟੀ ਨੇ ਤਰਸ ਦੇ ਆਧਾਰ 'ਤੇ ਵਿੱਤੀ ਸਹਾਇਤਾ ਬਰਾਬਰ ਹਿੱਸਿਆਂ ਵਿੱਚ ਜਾਰੀ ਕਰਨ ਦੇ ਨਿਰਦੇਸ਼ ਦੇ ਕੇ ਸਿਰਫ ਕਾਨੂੰਨੀ ਫਰਜ਼ ਨੂੰ ਲਾਗੂ ਕੀਤਾ ਹੈ।" ਵਿਵਾਦਿਤ ਆਦੇਸ਼ਾਂ ਵਿੱਚ ਦਖਲ ਦੇਣ ਲਈ ਕੋਈ ਗੈਰ-ਕਾਨੂੰਨੀਅਤ ਨਾ ਪਾਉਂਦੇ ਹੋਏ, ਹਾਈ ਕੋਰਟ ਨੇ ਰਿੱਟ ਪਟੀਸ਼ਨ ਨੂੰ ਖਾਰਜ ਕਰ ਦਿੱਤਾ।

### ਡਾ. ਇਕਬਾਲ ਕੌਰ...

ਇਕਬਾਲ ਕੌਰ ਸੌਂਦ ਸਾਹਿਤ ਦੇ ਖੇਤਰ ਵਿਚ ਨਿਰੰਤਰ ਕਾਰਜਸ਼ੀਲ ਰਹੇ। ਉਨ੍ਹਾ 'ਬਟਵਾਰਾ' ਕਹਾਣੀ ਸੰਗ੍ਰਹਿ ਤੋਂ ਇਲਾਵਾ ਪੰਜਾਬੀ ਲੋਕਯਾਨ, ਦਿਲ ਦੀਆਂ ਬਾਤੀਂ, ਭਗਤ ਨਾਮਦੇਵ : ਰਚਨਾ ਸੰਸਾਰ ਪੁਸਤਕਾਂ ਦੀ ਰਚਨਾ ਕੀਤੀ। ਉਨ੍ਹਾ ਦੱਸਿਆ ਡਾ. ਸੌਂਦ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਪੰਜਾਬੀ ਵਿਭਾਗ ਦੇ ਭਗਤ ਨਾਮਦੇਵ ਚੇਅਰ ਦੇ ਮੁਖੀ ਵਜੋਂ ਰਿਟਾਇਰ ਹੋਏ ਅਤੇ ਲਗਾਤਾਰ ਸਮਾਜਿਕ ਕਾਰਜਾਂ ਵਿਚ ਸਰਗਰਮ ਰਹੇ। ਡਾ. ਸੌਂਦ ਨਾਰੀ ਚੇਤਨਾ ਮੰਚ ਦੇ ਪ੍ਰਧਾਨ ਵਜੋਂ ਕਾਰਜਸ਼ੀਲ ਰਹੇ।

ਪੰਜਾਬੀ ਲੋਕ ਵਿਰਾਸਤ ਅਕਾਦਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਉਨ੍ਹਾ ਦੇ ਜਾਣ ਨਾਲ ਲੋਕ ਧਾਰਾ ਖੋਜ, ਉਚਤਮ ਸੰਪਾਦਨ ਤੇ ਵਿਰਾਸਤ ਦੀ ਪਹਿਰੇਦਾਰੀ ਨੂੰ ਵੱਡਾ ਘਾਟਾ ਪਿਆ ਹੈ। ਉਨ੍ਹਾ ਦੀ ਦੇਸ਼ ਵੰਡ ਨਾਲ ਸੰਬੰਧਤ ਕਹਾਣੀਆਂ ਦਾ ਸੰਗ੍ਰਹਿ 'ਬੰਦ ਬੂਹੇ ਦੀ ਹੂਕ' ਦਰਦਾਂ ਵਿੰਨ੍ਹੀ ਦਾਸਤਾਨ ਹੈ। ਖੋਜ ਕਾਰਜ ਤੋਂ ਇਲਾਵਾ ਉਨ੍ਹਾ ਕੁਝ ਕਵਿਤਾਵਾਂ ਵੀ ਲਿਖੀਆਂ, ਜੋ ਸੰਗ੍ਰਹਿ ਰੂਪ ਵਿੱਚ ਕੁਝ ਸਮਾਂ ਪਹਿਲਾਂ ਪ੍ਰਕਾਸ਼ਨ ਅਧੀਨ ਸਨ। ਅਗਾਂਹਵਧੂ ਸੋਚ ਨੂੰ ਪਰਨਾਏ ਡਾ. ਸੌਂਦ ਜੀਵਨ ਭਰ ਇਸਤਰੀ ਹੱਕਾਂ ਦੀ ਸਲਾਮਤੀ ਅਤੇ ਆਵਾਜ਼ ਬਣ ਕੇ ਡਟੇ ਰਹੇ। 1947 ਦੀ ਭਿਆਨਕ ਦੇਸ਼ ਵੰਡ ਮੌਕੇ ਆਪਣਿਆਂ ਹੱਥੋਂ ਹੀ ਕਤਲ ਹੋਏ ਦੇਸ਼ ਭਗਤ ਕਾਮਰੇਡ ਗਹਿਲ ਸਿੰਘ ਛੱਜਲਵੱਡੀ ਦੀ ਉਹ ਧੀ ਸਨ। ਬਾਪੂ ਜੀ ਦੀ ਯਾਦ ਵਿੱਚ ਉਹ ਹਰ ਸਾਲ ਛੱਜਲਵੱਡੀ ਪਿੰਡ ਵਿੱਚ ਸਾਲਾਨਾ ਸਮਾਗਮ ਵੀ ਕਰਵਾਉਂਦੇ ਸਨ। ਉਹ ਕੁਝ ਅਰਸੇ ਤੋਂ ਬਿਮਾਰ ਸਨ। ਆਪਣੇ ਜੀਵਨ ਸਾਥੀ ਪ੍ਰਿੰਸੀਪਲ ਨਰੋਤਮ ਸਿੰਘ ਦੇ ਸੰਗ ਉਹ ਹਰ ਸਾਹਿਤਕ ਸਮਾਗਮ ਦੀ ਸ਼ਾਨ ਬਣਦੇ ਸਨ।ਅਫ਼ਸੋਸ ਦਾ ਪ੍ਰਗਟਾਵਾ ਕਰਨ ਵਾਲਿਆਂ ਵਿਚ ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਰਵਿੰਦਰ ਸਿੰਘ ਭੱਠਲ, ਡਾ. ਲਖਵਿੰਦਰ ਸਿੰਘ ਜੌਹਲ, ਡਾ. ਵਰਿਆਮ ਸਿੰਘ ਸੰਧੂ, ਡਾ. ਗੁਰਇਕਬਾਲ ਸਿੰਘ, ਡਾ. ਸਰਬਜੀਤ ਕੌਰ ਸੋਹਲ, ਜਸਪਾਲ ਮਾਨਖੇੜਾ, ਸਹਿਜਪ੍ਰੀਤ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ, ਡਾ. ਅਰਵਿੰਦਰ ਕੌਰ ਕਾਕੜਾ, ਸੁਰਿੰਦਰ ਨੀਰ, ਸੁਰਿੰਦਰ ਕੈਲੇ, ਜਨਮੇਜਾ ਸਿੰਘ ਜੌਹਲ, ਹਰਵਿੰਦਰ ਸਿੰਘ ਸਿਰਸਾ, ਡਾ. ਅੰਮੀਆ ਕੁੰਵਰ, ਡਾ. ਹਰੀ ਸਿੰਘ ਜਾਚਕ, ਕੇ. ਸਾਧੂ ਸਿੰਘ, ਭੁਪਿੰਦਰ ਸਿੰਘ ਸੰਧੂ, ਸੰਜੀਵਨ ਸਿੰਘ, ਡਾ. ਸਿਮਰਜੀਤ ਕੌਰ ਗਿੱਲ, ਡਾ. ਤਰਸਪਾਲ ਕੌਰ, ਮਨਜਿੰਦਰ ਸਿੰਘ ਧਨੋਆ, ਤ੍ਰੈਲੋਚਨ ਲੋਚੀ, ਪ੍ਰਭਜੋਤ ਸਿੰਘ ਸੋਹੀ, ਪ੍ਰਿੰ. ਨਵਤੇਜ ਗੜ੍ਹਦੀਵਾਲਾ, ਰਜਿੰਦਰ ਸਿੰਘ ਰਾਜਨ, ਮੱਖਣ ਮਾਨ, ਰੋਜ਼ੀ ਸਿੰਘ, ਅੰਮ੍ਰਿਤਸਰ ਵਿਰਸਾ ਵਿਹਾਰ ਦੇ ਪ੍ਰਧਾਨ ਕੇਵਲ ਧਾਲੀਵਾਲ, ਫੋਕਲੋਰ ਰਿਸਰਚ ਅਕਾਦਮੀ ਦੇ ਪ੍ਰਧਾਨ ਰਮੇਸ਼ ਯਾਦਵ, ਆਲਮੀ ਵਿਰਾਸਤ ਫਾਊਂਡੇਸ਼ਨ ਦੇ ਪ੍ਰਧਾਨ ਭੂਪਿੰਦਰ ਸਿੰਘ ਸੰਧੂ, ਜਨਰਲ ਸਕੱਤਰ ਡਾ ਸੁਖਦੇਵ ਸਿੰਘ ਸੇਖੋਂ, ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਪੰਜਾਬ ਪ੍ਰਧਾਨ ਪ੍ਰੋ. ਸੁਰਜੀਤ ਜੱਜ, ਜ਼ਿਲ੍ਹਾ ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਜਮਹੂਰੀ ਅਧਿਕਾਰ ਸਭਾ ਵੱਲੋਂ ਡਾ. ਪਰਮਿੰਦਰ ਸਿੰਘ, ਗੁਰੂ ਨਾਨਕ ਯੂਨੀਵਰਸਿਟੀ ਦੇ ਵਿਦਵਾਨ ਡਾ. ਸੁਖਦੇਵ ਸਿੰਘ ਸੋਹਲ, ਡਾ. ਹਰਿਭਜਨ ਸਿੰਘ ਭਾਟੀਆ, ਡਾ. ਮਨਜਿੰਦਰ ਸਿੰਘ, ਡਾ. ਬਲਜੀਤ ਕੌਰ ਰਿਆੜ, ਡਾ. ਹਰਿੰਦਰ ਕੌਰ ਸੋਹਲ, ਡਾ. ਇੰਦਰਾ ਵਿਰਕ, ਡਾ. ਭਾਗਇੰਦਰ ਕੌਰ, ਡਾ. ਗੁਰਬੀਰ ਸਿੰਘ ਬਰਾੜ ਤੇ ਡਾ. ਹੀਰਾ ਸਿੰਘ ਸ਼ਾਮਲ ਹਨ।ਉਨ੍ਹਾ ਦਾ ਅੰਤਮ ਸੰਸਕਾਰ 15 ਜੁਲਾਈ ਨੂੰ ਅੰਮ੍ਰਿਤਸਰ ਵਿਖੇ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਨੇੜਲੇ ਸ਼ਮਸ਼ਾਨਘਾਟ ਵਿੱਚ ਕੀਤਾ ਜਾਵੇਗਾ।

## ਸਿੱਖਿਆ ਪ੍ਰਤੀ ਸੰਵੇਦਨਹੀਣਤਾ ਦੀ ਰਸਾਤਲ ਤੱਕ ਡਿੱਗੀ ਮੋਦੀ ਸਰਕਾਰ : ਸੁਖਦੇਵ ਸ਼ਰਮਾ



**ਧੂਰੀ (ਸੁਖਦੇਵ ਧੂਰੀ)**-ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਇੱਕ ਮਾਤਰ ਮੰਗ ਨੂੰ ਪੂਰਾ ਕਰਾਉਣ ਲਈ ਕਾਕਰੋਚ ਪਾਰਟੀ ਵੱਲੋਂ ਜੰਤਰ ਮੰਤਰ 'ਤੇ ਕੀਤੇ ਜਾ ਰਹੇ ਸੰਘਰਸ਼ ਨੇ ਪੂਰੇ ਦੇਸ਼ ਵਿੱਚ ਚੇਤਨਾ ਦੀ ਲਹਿਰ ਪੈਦਾ ਕਰ ਦਿੱਤੀ ਹੈ। ਇਸ ਅੰਦੋਲਨ ਨੂੰ ਮਿਲ ਰਿਹਾ ਦੇਸ਼ ਵਿਆਪੀ ਸਮਰਥਨ ਇਸ ਦੀ ਵਾਜਬੀਅਤ ਤੇ ਸਾਰਥਿਕਤਾ ਨੂੰ ਤਸਦੀਕ ਕਰ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ ਨੇ ਕੀਤਾ।ਉਨ੍ਹਾਂ ਅੱਗੇ ਕਿਹਾ ਕਿ ਜਦੋਂ ਤੋਂ ਮੋਦੀ ਸਰਕਾਰ ਨੇ ਕੇਂਦਰ ਦੀ ਸੱਤਾ ਸੰਭਾਲੀ ਹੈ, ਹਰ ਵੱਡੀ ਛੋਟੀ ਪ੍ਰੀਖਿਆ ਦੇ ਪ੍ਰਸ਼ਨ ਪੱਤਰ ਲੀਕ ਹੋਣ ਦਾ ਬਦਨੁਮਾ ਧੱਬਾ ਇਸ ਦੀ ਛਵੀ ਨੂੰ ਦਾਗਦਾਰ ਕਰ ਰਿਹਾ ਹੈ ਅਤੇ ਸਿੱਖਿਆ ਪ੍ਰਤੀ ਇਸਦੀ ਪਹੁੰਚ ਦਾ ਪਰਦਾਫਾਸ਼ ਕਰ ਰਿਹਾ ਹੈ।ਮੌਜੂਦਾ ਸਰਕਾਰ ਦੇ ਸਮੇਂ ਹੀ ਲੱਖਾਂ ਸਕੂਲਾਂ ਦਾ ਬੰਦ ਹੋਣਾ ਤੇ ਉਚੇਰੀ ਸਿੱਖਿਆ ਦਾ ਨਿਮਨਤਮ ਪੱਧਰ 'ਤੇ ਪਹੁੰਚਣਾ ਸਰਕਾਰ ਦੀ ਸਿਖਿਆ ਪ੍ਰਤੀ ਬੇਰੁਖੀ ਦਾ ਜਿਉਂਦਾ ਜਾਗਦਾ ਪ੍ਰਮਾਣ ਹੈ।ਇਸ ਦੇ ਨਾਲ ਪੇਪਰ ਲੀਕ ਦੀ ਘਟਨਾ ਤੋਂ ਬਾਅਦ ਦਰਜਨਾਂ ਵਿਦਿਆਰਥੀਆਂ ਦੀ ਖੁਦਕੁਸ਼ੀ ਵੀ ਸਰਕਾਰ ਦੀ ਸੰਵੇਦਨਾ ਨੂੰ ਝੰਜੋੜਨ ਵਿੱਚ ਕਾਮਯਾਬ ਨਹੀਂ ਹੋਈ ਹੈ।ਇਸ ਲਈ ਜਨਤਾ ਦੀਆਂ ਦੇਸ਼ ਵਿਆਪੀ ਭਾਵਨਾਵਾਂ ਨੂੰ ਸਮਝਦੇ ਹੋਏ ਮੋਦੀ ਸਰਕਾਰ ਨੂੰ ਧਰਮੇਂਦਰ ਪ੍ਰਧਾਨ ਦਾ ਅਸਤੀਫ਼ਾ ਤੁਰੰਤ ਪ੍ਰਭਾਵ ਤੋਂ ਲੈ ਕੇ ਸੋਨਮ ਵਾਂਗਚੁਕ ਅਤੇ ਸਾਥੀਆਂ ਦੀ ਭੁੱਖ ਹੜਤਾਲ ਨੂੰ ਖੁਲ੍ਹਵਾਉਣਾ ਚਾਹੀਦਾ ਹੈ ਤੇ ਪੇਪਰ ਲੀਕ ਵਰਗੀ ਤ੍ਰਾਸਦੀ ਤੋਂ ਵਿਦਿਆਰਥੀਆਂ ਨੂੰ ਬਚਾਉਣ ਲਈ ਦੋਸ਼ੀਆਂ ਖਿਲਾਫ਼ ਠੋਸ ਕਾਰਵਾਈ ਕਰਨੀ ਚਾਹੀਦੀ ਹੈ ਤੇ ਪੇਪਰ ਲੀਕ ਰੋਕਣ ਲਈ ਪੁਖਤਾ ਪ੍ਰਬੰਧ ਕਰਨੇ ਚਾਹੀਦੇ ਹਨ।ਮੀਟਿੰਗ 'ਚ ਇਹ ਵਿਚਾਰ ਵੀ ਪ੍ਰਮੁੱਖਤਾ ਨਾਲ ਆਇਆ ਕਿ ਜੇਕਰ ਨਿਕਟ ਭਵਿੱਖ ਵਿੱਚ ਇਸ ਮਸਲੇ ਉਪਰ ਸਰਕਾਰ ਸਹੀ ਫ਼ੈਸਲਾ ਨਹੀਂ ਕਰਦੀ ਤਾਂ ਇਸ ਭੁੱਖ ਹੜਤਾਲ ਦੇ ਸਮਰਥਨ 'ਚ ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਵੀ ਸੰਕੇਤਕ ਭੁੱਖ ਹੜਤਾਲ 'ਤੇ ਬੈਠਣਗੇ।

## ਗੇਟ ਆਈਲੈਟਸ ਐਂਡ ਵੀਜ਼ਾ ਸਰਵਿਸ ਦਾ ਲਾਇਸੰਸ ਰੱਦ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸ੍ਰੀ ਡੈਵੀ ਗੋਇਲ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਦੇ ਸੈਕਸ਼ਨ 6.(1) ਦੇ ਤਹਿਤ ਗੇਟ ਆਈਲੈਟਸ ਐਂਡ ਵੀਜ਼ਾ ਸਰਵਿਸ ਦਾ ਲਾਇਸੰਸ ਕੈਂਸਲ ਕਰ ਦਿੱਤਾ ਹੈ।ਵਧੀਕ ਜ਼ਿਲ੍ਹਾ ਮੈਜਿਸਟਰੇਟ ਅਨੁਸਾਰ ਐਕਟ/ਰੂਲਜ਼ ਮੁਤਾਬਕ ਕਿਸੇ ਵੀ ਕਿਸਮ ਦੀ ਇਸਦੇ ਖੁਦ ਜਾਂ ਇਸਦੀ ਫਰਮ ਦੇ ਖਿਲਾਫ ਕੋਈ ਵੀ ਸ਼ਿਕਾਇਤ ਆਦਿ ਦਾ ਉਕਤ ਲਾਇਸੰਸੀ ਹਰ ਪੱਖੋਂ ਜ਼ਿੰਮੇਵਾਰ ਹੋਵੇਗਾ ਤੇ ਇਸਦੀ ਭਰਪਾਈ ਕਰਨ ਦਾ ਵੀ ਜ਼ਿੰਮੇਵਾਰ ਹੋਵੇਗਾ।

### ਲਾਵਾਰਿਸ ਦੀ...

ਵਿਅਕਤੀ ਨੂੰ ਇਲਾਜ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਲੈ ਕੇ ਆਈ ਸੀ, ਜਿੱਥੇ ਸਰਜਰੀ ਵਿਭਾਗ ਵਿੱਚ ਉਸ ਦਾ ਇਲਾਜ ਚੱਲ ਰਿਹਾ ਸੀ ਅਤੇ ਸੋਮਵਾਰ ਰਾਤ ਨੂੰ ਉਸ ਦੀ ਮੌਤ ਹੋ ਗਈ। ਹਸਪਤਾਲ ਦੇ ਵਾਰਡ ਦੇ ਸਟਾਫ਼ ਨੇ ਸਰਜਰੀ ਵਿਭਾਗ ਵਿੱਚ ਤਾਇਨਾਤ ਇੱਕ ਹਾਊਸ ਸਰਜਨ ਦੇ ਨਿਰਦੇਸ਼ਾਂ 'ਤੇ ਲਾਵਾਰਿਸ ਲਾਸ਼ ਨੂੰ ਚੁੱਕ ਕੇ ਮੈਡੀਕਲ ਕਾਲਜ ਕੈਂਪਸ ਦੇ ਬਿਲਕੁਲ ਨੇੜੇ ਸਥਿਤ ਇੱਕ ਸ਼ਮਸ਼ਾਨਘਾਟ (ਰਾਮਬਾਗ) ਦੇ ਬਾਹਰ ਸੁੱਟ ਦਿੱਤਾ। ਇਹ ਮਾਮਲਾ ਉਦੋਂ ਸਾਹਮਣੇ ਆਇਆ ਜਦੋਂ ਰਾਹਗੀਰਾਂ ਨੇ ਲਾਸ਼ ਦੇਖ ਕੇ ਸਥਾਨਕ ਐਨ ਜੀ ਓ 'ਸਹਾਰਾ ਸੋਸਾਇਟੀ' ਦੇ ਪ੍ਰਧਾਨ ਅਸ਼ੋਕ ਭਟਨਾਗਰ ਨੂੰ ਸੂਚਿਤ ਕੀਤਾ।

### ਭਾਜਪਾ ਨੇ ਪੰਜਾਬ...

ਚੰਡੀਗੜ੍ਹ ਵਿੱਚ ਲਾਗੂ ਕਰਨ ਦੀ ਇਜਾਜ਼ਤ ਨਹੀਂ ਦੇ ਰਹੀ, ਜਦੋਂ ਕਿ ਪੀ.ਜੀ.ਆਈ. ਵਰਗਾ ਵੱਡਾ ਪ੍ਰੋਜੈਕਟ ਦਹਾਕਿਆਂ ਪਹਿਲਾਂ ਖ਼ਾਸ ਤੌਰ 'ਤੇ ਪੰਜਾਬ ਲਈ ਹੀ ਸਥਾਪਤ ਕੀਤਾ ਗਿਆ ਸੀ। ਕੇਂਦਰ ਦੀ ਬੇਰੁਖ਼ੀ ਦੇ ਬਾਵਜੂਦ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਸਿਹਤ ਮੰਤਰੀ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੰਜਾਬ ਪੁਲਸ, ਸਿਹਤ, ਸਿੱਖਿਆ ਅਤੇ ਸਮਾਜਿਕ ਸੁਰੱਖਿਆ ਵਿਭਾਗ ਮਿਲ ਕੇ ਕੰਮ ਕਰ ਰਹੇ ਹਨ।

## ਘੱਗਰ 'ਚ ਨਜਾਇਜ਼ ਮਾਈਨਿੰਗ ਨੂੰ ਲੁਕਾਉਣ ਲਈ ਜਾਣਬੁੱਝ ਕੇ ਪਾਣੀ ਛੱਡਿਆ : ਸ਼ੈਰੀ ਰਿਆੜ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸ ਆਗੂ ਮਨਸਿਮਰਤ ਸਿੰਘ ਸ਼ੈਰੀ ਰਿਆੜ ਨੇ ਕਪੂਰੀ ਵਿਖੇ ਘੱਗਰ ਦਰਿਆ ਦੇ ਕੰਢੇ ਪਹੁੰਚ ਕੇ ਕਥਿਤ ਨਜਾਇਜ਼ ਮਾਈਨਿੰਗ ਦੇ ਮੁੱਦੇ 'ਤੇ ਪੰਜਾਬ ਸਰਕਾਰ ਨੂੰ ਘੇਰਦਿਆਂ ਗੰਭੀਰ ਦੋਸ਼ ਲਗਾਏ।ਉਨ੍ਹਾਂ ਕਿਹਾ ਕਿ ਘੱਗਰ ਵਿੱਚ ਕੁਦਰਤੀ ਤੌਰ 'ਤੇ ਕੋਈ ਵੱਡਾ ਪਾਣੀ ਨਹੀਂ ਆਇਆ, ਸਗੋਂ ਆਪਣੇ ਕਥਿਤ ਕੁਕਰਮਾਂ ਤੇ ਨਜਾਇਜ਼ ਮਾਈਨਿੰਗ ਨੂੰ ਲੁਕਾਉਣ ਲਈ ਜਾਣਬੁੱਝ ਕੇ ਪਾਣੀ ਛੱਡਿਆ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼ੈਰੀ ਰਿਆੜ ਨੇ ਕਿਹਾ ਕਿ 11 ਜੁਲਾਈ ਨੂੰ ਦੁਪਹਿਰ 12 ਵਜੇ ਘੱਗਰ ਦਾ ਗੇਜ ਲੈਵਲ ਕਰੀਬ 14.5 ਫੁੱਟ ਦਰਜ ਕੀਤਾ ਗਿਆ ਸੀ, ਜਦਕਿ ਉਸੇ ਦਿਨ ਸ਼ਾਮ 6 ਵਜੇ ਇਹ ਘਟ ਕੇ ਲਗਭਗ 10.5 ਫੁੱਟ ਰਹਿ ਗਿਆ।ਉਨ੍ਹਾਂ ਕਿਹਾ ਕਿ ਇੰਨੇ ਘੱਟ ਸਮੇਂ ਵਿੱਚ ਪਾਣੀ ਦੇ ਪੱਧਰ ਵਿੱਚ ਆਇਆ ਇਹ ਫਰਕ ਕਈ ਸਵਾਲ ਖੜ੍ਹੇ ਕਰਦਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਇਹ ਸਾਰਾ ਮਾਮਲਾ ਇੱਕ 'ਮੈਨ ਮੇਡ ਡਿਜ਼ਾਸਟਰ' (ਮਨੁੱਖੀ ਦਖ਼ਲ ਨਾਲ ਪੈਦਾ ਕੀਤੀ ਸਥਿਤੀ) ਬਣਾਉਣ ਦੀ ਕੋਸ਼ਿਸ਼ ਸੀ, ਤਾਂ ਜੋ ਘੱਗਰ ਦੇ ਕੰਢਿਆਂ 'ਤੇ ਹੋਈ ਕਥਿਤ ਨਜਾਇਜ਼ ਮਾਈਨਿੰਗ ਦੇ ਨਿਸ਼ਾਨ ਮਿਟਾਏ ਜਾ ਸਕਣ।ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਇਸ ਮਾਮਲੇ ਦੀ ਨਿਰਪੱਖ ਜਾਂਚ ਨਾ ਹੋਈ ਤਾਂ ਭਵਿੱਖ ਵਿੱਚ ਹੜ੍ਹਾਂ ਦਾ ਖਤਰਾ ਹੋਰ ਵੀ ਵਧ ਸਕਦਾ ਹੈ ਤੇ ਇਸ ਦਾ ਖਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪਵੇਗਾ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਘੱਗਰ ਨਾਲ ਜੁੜੇ ਹਰ ਮਾਮਲੇ ਦੀ ਉੱਚ ਪੱਧਰੀ ਤੇ ਨਿਰਪੱਖ ਜਾਂਚ ਕਰਵਾਈ ਜਾਵੇ।ਜੇਕਰ ਕਿਸੇ ਵੀ ਵਿਅਕਤੀ ਜਾਂ ਅਧਿਕਾਰੀ ਦੀ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

## ਹਰਬੰਸ ਸਿੰਘ ਨੂੰ ਐੱਸ ਸੀ ਵਿੰਗ ਦਾ ਸਰਕਲ ਪ੍ਰਧਾਨ ਬਣਨ 'ਤੇ ਕੀਤਾ ਸਨਮਾਨਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਹਰਬੰਸ ਸਿੰਘ ਸਾਬਕਾ ਸਰਪੰਚ ਪਿੰਡ ਲਧਾਈ ਕੇ ਨੂੰ ਸਰਕਲ ਘੋਲੀਏ ਦਾ ਐੱਸ. ਸੀ. ਵਿੰਗ ਦਾ ਸਰਕਲ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਇਲਾਕੇ ਦੇ ਅਕਾਲੀ ਆਗੂਆਂ ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ।ਇਸ ਮੌਕੇ ਲਖਵਿੰਦਰ ਸਿੰਘ ਸਿੱਧੂ ਲਧਾਈ ਕੇ, ਤਰਸੇਮ ਗਿੱਲ ਤੇ ਤਲਵਾਰ ਬਰਾੜ ਵੱਲੋਂ ਹਰਬੰਸ ਸਿੰਘ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ ਤੇ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਦਿਲੋਂ ਵਧਾਈ ਦਿੱਤੀ ਗਈ।ਸਨਮਾਨ ਸਮਾਗਮ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਹਰਬੰਸ ਸਿੰਘ ਲੰਬੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਵਿਚਾਰਧਾਰਾ ਨਾਲ ਜੁੜੇ ਹੋਏ ਹਨ ਤੇ ਉਨ੍ਹਾਂ ਦੀ ਮਿਹਨਤ, ਲਗਨ ਤੇ ਲੋਕਾਂ ਨਾਲ ਨੇੜਤਾ ਨੂੰ ਦੇਖਦਿਆਂ ਪਾਰਟੀ ਵੱਲੋਂ ਉਨ੍ਹਾਂ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਹਰਬੰਸ ਸਿੰਘ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕਰਨਗੇ।ਇਸ ਮੌਕੇ ਹਰਬੰਸ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜਤਾਏ ਗਏ ਭਰੋਸੇ 'ਤੇ ਉਹ ਪੂਰੀ ਤਰ੍ਹਾਂ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ।ਉਨ੍ਹਾਂ ਕਿਹਾ ਕਿ ਉਹ ਸਰਕਲ ਘੋਲੀਏ ਦੇ ਹਰ ਪਿੰਡ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ, ਵਰਕਰਾਂ ਨੂੰ ਇਕਜੁੱਟ ਕਰਨ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਾਰਟੀ ਹਾਈਕਮਾਨ ਤੱਕ ਪਹੁੰਚਾਉਣ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ।

## ਹਰ ਆਗੂ ਤੇ ਵਰਕਰ ਨੂੰ ਅਨੁਸ਼ਾਸਨ ਪ੍ਰਤੀ ਪਾਬੰਦ ਹੋਣਾ ਸਮੇਂ ਦੀ ਮੁੱਖ ਲੋੜ : ਕਾਂਤਾ ਕੁਠਾਲਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਾਂਗਰਸ ਪਾਰਟੀ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਬਣਾਉਣ ਲਈ ਪਾਰਟੀ ਦੇ ਸਮੂਹ ਆਗੂਆਂ, ਵਰਕਰਾਂ ਨੂੰ ਅਨੁਸ਼ਾਸਨ 'ਚ ਰਹਿ ਕੇ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।ਇਹ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਬੀਬੀ ਕਾਂਤਾ ਕੁਠਾਲਾ ਨੇ ਹਲਕਾ ਮਹਿਲ ਕਲਾਂ ਦੇ ਵੱਖ-ਵੱਖ ਪਿੰਡਾਂ ਅੰਦਰ ਸੰਪਰਕ ਮੁਹਿੰਮ ਤਹਿਤ ਆਗੂਆਂ, ਵਰਕਰਾਂ ਨੂੰ ਮਿਲਣ ਉਪਰੰਤ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਦੇ ਹਰ ਇਕ ਆਗੂ, ਵਰਕਰ ਨੂੰ ਅਨੁਸ਼ਾਸਨ ਪ੍ਰਤੀ ਪਾਬੰਦ ਹੋਣਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਆਪ ਦੀਆਂ ਨੀਤੀਆਂ ਤੋਂ ਤੰਗ ਆਏ ਲੋਕ ਹੁਣ ਕਾਂਗਰਸ ਪਾਰਟੀ ਨੂੰ ਬਦਲ ਵਜੋਂ ਵੇਖ ਰਹੇ ਹਨ, ਪਰ ਇਸ ਮੌਕੇ ਨੂੰ ਸੰਭਾਲਣਾ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ।ਬੀਬੀ ਕੁਠਾਲਾ ਨੇ ਪੰਜਾਬ ਸਰਕਾਰ ਵੱਲੋਂ ਵੋਟਾਂ ਨੇੜੇ ਆਉਣ ਕਰਕੇ ਕੁਝ ਕੁ ਬੀਬੀਆਂ ਦੇ ਖਾਤਿਆਂ 'ਚ ਤਿੰਨ ਤਿੰਨ ਮਹੀਨੇ ਦੇ ਅਡਵਾਂਸ ਪੈਸੇ ਪਾਉਣ ਨੂੰ ਚੋਣ ਸਟੰਟ ਆਖਦਿਆਂ ਪਹਿਲਾ ਕਰਜਾਈ ਸੂਬੇ ਉਪਰ ਹੋਰ ਕਰਜਾ ਚੁਕ ਕੇ ਲੋਕਾਂ ਭਰਮਾਉਣ ਲਈ ਤਰ੍ਹਾਂ ਤਰ੍ਹਾਂ ਦੀਆਂ ਸਕੀਮਾਂ ਦਾ ਲਾਭ ਦੇਣਾ ਸਿਰਫ ਲੋਕਾਂ ਨੂੰ ਗੁਮਰਾਹ ਕਰਨ ਤੋਂ ਸਿਵਾਏ ਹੋਰ ਕੱਖ ਨਹੀਂ ਹੈ।ਕਾਂਤਾ ਕੁਠਾਲਾ ਨੇ ਦੱਸਿਆ ਕਿ ਪਿੰਡਾਂ ਅੰਦਰ ਜਾਣ 'ਤੇ ਪਤਾ ਲੱਗਦਾ ਹੈ ਕਿ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਕਿੰਨੀਆਂ ਤੰਗੀਆਂ ਤੁਰਸ਼ੀਆਂ ਦਾ ਸ਼ਿਕਾਰ ਹਨ।ਉਨ੍ਹਾਂ ਸਮੂਹ ਲੋਕਾਂ ਨੂੰ ਕਾਂਗਰਸ ਦੀ ਅਗਵਾਈ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ ਹੈ।

## ਕੇ.ਡੀ. ਪਬਲਿਕ ਸਕੂਲ ਤਾਰੇਵਾਲਾ 'ਚ ਮੈਰਾਥਨ ਦਾ ਸਫ਼ਲ ਆਯੋਜਨ



**ਜਲਾਲਾਬਾਦ (ਜੀਤ ਕੁਮਾਰ)**-ਕੇ.ਡੀ. ਪਬਲਿਕ ਸਕੂਲ ਤਾਰੇ ਵਾਲਾ ਵਿਖੇ ਪ੍ਰਿੰਸੀਪਲ ਸ਼੍ਰੀਮਤੀ ਮਾਨਸੀ ਸਿੰਘ ਦੀ ਅਗਵਾਈ ਹੇਠ 5 ਕਿਲੋਮੀਟਰ ਮੈਰਾਥਨ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਮੈਰਾਥਨ ਦਾ ਉਦੇਸ਼ ਵਿਦਿਆਰਥੀਆਂ ਅਤੇ ਨੌਜਵਾਨਾਂ ਵਿੱਚ ਸਿਹਤ, ਤੰਦਰੁਸਤੀ, ਅਨੁਸ਼ਾਸਨ ਤੇ ਖੇਡ ਭਾਵਨਾ ਨੂੰ ਉਤਸ਼ਾਹਤ ਕਰਨਾ ਸੀ। ਸਕੂਲ ਦੇ ਵਿਦਿਆਰਥੀਆਂ ਦੇ ਨਾਲ-ਨਾਲ ਵੱਖ-ਵੱਖ ਗੁਆਂਢੀ ਸਕੂਲਾਂ ਦੇ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਮੁਕਾਬਲੇ ਵਿੱਚ ਹਿਸਾ ਲਿਆ। ਪ੍ਰਿੰਸੀਪਲ ਸ਼੍ਰੀਮਤੀ ਮਾਨਸੀ ਸਿੰਘ ਨੇ ਸਵੇਰੇ 6:15 ਵਜੇ ਮੈਰਾਥਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਅਧਿਆਪਕਾਂ ਨੂੰ ਨਿਰਧਾਰਤ ਰੂਟ 'ਤੇ ਵਿਦਿਆਰਥੀਆਂ ਦੀ ਸੁਰੱਖਿਆ ਤੇ ਸੁਚੱਜੇ ਆਚਰਣ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਡਿਊਟੀਆਂ ਸੌਂਪੀਆਂ ਗਈਆਂ ਸਨ। ਵਿਦਿਆਰਥੀਆਂ ਦੀ ਸਹੂਲਤ ਲਈ ਪੂਰੇ ਰੂਟ 'ਤੇ ਸਾਫ਼ ਪੀਣ ਵਾਲੇ ਪਾਣੀ ਦੇ ਢੁਕਵੇਂ ਪ੍ਰਬੰਧ ਕੀਤੇ ਗਏ ਸਨ। ਸਾਰੇ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਤੇ ਅਨੁਸ਼ਾਸਨ ਨਾਲ ਦੌੜ ਪੂਰੀ ਕੀਤੀ। ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਕ੍ਰਮਵਾਰ 2100, 1100 ਤੇ 600 ਦੇ ਨਕਦ ਇਨਾਮਾਂ ਦੇ ਨਾਲ-ਨਾਲ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ, ਜਦੋਂਕਿ ਬਾਕੀ ਸਾਰੇ ਭਾਗੀਦਾਰਾਂ ਨੂੰ ਵੀ ਸਰਟੀਫਿਕੇਟ ਦਿੱਤੇ ਗਏ। ਪ੍ਰਿੰਸੀਪਲ ਸ਼੍ਰੀਮਤੀ ਮਾਨਸੀ ਸਿੰਘ ਨੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਸਿਹਤ ਜਾਗਰੂਕਤਾ, ਆਤਮ-ਵਿਸ਼ਵਾਸ, ਅਨੁਸ਼ਾਸਨ ਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਦੇ ਹਨ, ਜੋ ਉਨ੍ਹਾਂ ਨੂੰ ਜੀਵਨ ਵਿੱਚ ਇੱਕ ਸਕਾਰਾਤਮਕ ਮਾਰਗ ਵੱਲ ਲੈ ਜਾਂਦੇ ਹਨ। ਸਕੂਲ ਪ੍ਰਬੰਧਨ ਕਮੇਟੀ ਦੇ ਚੇਅਰਮੈਨ ਡਾ. ਬਿਮਲ ਖੰਨਾ ਅਤੇ ਵਾਈਸ-ਚੇਅਰਮੈਨ ਡਾ. ਸੰਦੀਪ ਖੰਨਾ ਨੇ ਅਧਿਆਪਕਾਂ, ਮਾਪਿਆਂ, ਵਿਦਿਆਰਥੀਆਂ ਤੇ ਪ੍ਰਬੰਧਕ ਕਮੇਟੀ ਨੂੰ ਸਫ਼ਲ ਸਮਾਗਮ ਲਈ ਵਧਾਈ ਦਿੱਤੀ।

## ਪਰੀਸ਼ਾ ਗਰਗ ਤੇ ਸਨਾਇਆ ਨੇ ਸੋਨ ਤਮ.ਗਾ ਜਿੱਤਿਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੇਂਟ ਜ਼ੇਵੀਅਰਜ ਸਕੂਲ ਦੀਆਂ ਵਿਦਿਆਰਥਣਾਂ ਨੇ ਸਟੇਟ ਖੇਡਾਂ ਸਬ-ਜੂਨੀਅਰ ਪਾਵਰ ਲਿਫਟਿੰਗ ਜੋ 14 ਮਈ ਨੂੰ ਲੁਧਿਆਣੇ ਵਿਖੇ ਹੋਈਆਂ, ਵਿੱਚ ਭਾਗ ਲਿਆ।ਆਪਣੀ ਸਖਤ ਮਿਹਨਤ ਦਾ ਸਬੂਤ ਦਿੰਦਿਆਂ ਦੋਵਾਂ ਵਿਦਿਆਰਥਣਾਂ ਪਰੀਸ਼ਾ ਗਰਗ ਤੇ ਸਨਾਇਆ ਨੇ ਸੋਨ ਤਮਗੇ 'ਤੇ ਕਬਜ਼ਾ ਕਰਕੇ ਨੈਸ਼ਨਲ ਖੇਡਾਂ ਲਈ ਆਪਣਾ ਸਥਾਨ ਪੱਕਾ ਕੀਤਾ।ਦੋਵਾਂ ਵਿਦਿਆਰਥਣਾਂ ਨੇ ਨੈਸ਼ਨਲ ਖੇਡਾਂ ਜੋ 23 ਜੂਨ ਤੋਂ 28 ਤੱਕ ਹੈਦਰਾਬਾਦ ਵਿਖੇ ਹੋਈਆਂ ਵਿੱਚ ਭਾਗ ਲਿਆ, ਜਿਸ ਵਿੱਚ ਭਾਰਤ ਦੇ ਸਾਰੇ ਰਾਜਾਂ ਦੇ ਖਿਡਾਰੀ ਖੇਡਣ ਲਈ ਆਏ ਹੋਏ ਸਨ।ਪਰੀਸ਼ਾ ਗਰਗ ਨੇ ਸਖਤ ਮੁਕਾਬਲਾ ਕਰਦੇ ਨੈਸ਼ਨਲ ਖੇਡਾਂ ਵਿੱਚ ਵਿੱਚ ਪੰਜਵਾਂ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਸਨਾਇਆ ਨੇ ਵੀ ਸਖਤ ਮੁਕਾਬਲਾ ਕਰਕੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ।ਸਕੂਲ ਪਹੁੰਚਣ 'ਤੇ ਦੋਵਾਂ ਵਿਦਿਆਰਥਣਾਂ ਦਾ ਸਕੂਲ ਦੇ ਮੈਨੇਜਰ ਫਾਦਰ ਆਂਦਰੇ ਫਰਨਾਂਡਿਜ, ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ, ਕੋਆਰਡੀਨੇਟਰ ਮੈਡਮ ਪ੍ਰੇਮ ਲਤਾ ਤੇ ਮੈਡਮ ਅੰਜੂ ਬਾਲਾ ਨੇ ਸ਼ਾਨਦਾਰ ਸਵਾਗਤ ਕੀਤਾ।ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ ਨੇ ਖਿਡਾਰੀਆਂ ਲਈ ਪਹਿਲੇ ਭਾਸ਼ਣ ਵਿੱਚ ਉਹਨਾਂ ਨੂੰ ਹੋਰ ਮਿਹਨਤ ਕਰਕੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕਰਨ ਲਈ ਤੇ ਵੱਧ ਤੋਂ ਵੱਧ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ ਨੇ ਖੇਡਾਂ ਦੇ ਮਾਹਰ ਅਧਿਆਪਕਾਂ ਗੁਰਪਿੰਦਰ ਸਿੰਘ ਭੁੱਲਰ, ਪਰਮਿੰਦਰ ਸਿੰਘ, ਮੈਡਮ ਅਮਨਦੀਪ ਕੌਰ ਤੇ ਮਿਸ ਜੋਤੀ ਨੂੰ ਮੁਬਾਰਕਾਂ ਦਿੱਤੀਆਂ ਅਤੇ ਭਵਿੱਖ ਵਿੱਚ ਹੋਰ ਦਮਦਾਰ ਖਿਡਾਰੀ ਬਣਾਉਣ ਦਾ ਸੱਦਾ ਦਿੱਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਮੋਦੀ ਸਰਕਾਰ ਆਰ ਐੱਸ ਐੱਸ ਦੇ ਇਸ਼ਾਰਿਆਂ 'ਤੇ ਕੰਮ ਕਰ ਰਹੀ : ਜਾਮਾਰਾਏ

**ਮਹਿੰਗਾਈ, ਬੇਰੁਜ਼ਗਾਰੀ ਤੇ ਨਸ਼ਿਆਂ ਦੇ ਮੁੱਦੇ 'ਤੇ ਆਰ ਐੱਮ ਪੀ ਆਈ ਨੇ ਪ੍ਰਗਟਾਈ ਚਿੰਤਾ**

**ਤਰਨ ਤਾਰਨ (ਪ੍ਰਿਤਪਾਲ ਸਿੰਘ)-** ਲੋਕ ਸੰਪਰਕ ਮੁਹਿੰਮ ਤਹਿਤ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਪਿੰਡ ਬਾਠ ਕਲਾ 'ਚ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਵਿਰੁੱਧ ਮਜ਼ਦੂਰਾਂ ਕਿਸਾਨਾਂ ਨੌਜਵਾਨਾਂ ਨੂੰ ਲਾਮਬੰਦ ਕਰਨ ਲਈ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਮਜ਼ਦੂਰਾਂ ਦੇ ਆਗੂ ਗੁਰਭੇਜ ਸਿੰਘ ਭੱਟੀ ਨੇ ਕੀਤੀ।ਇਸ ਮੌਕੇ ਬੋਲਦਿਆਂ ਪਾਰਟੀ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਆਰਐੱਸਐੱਸ ਦੇ ਇਸ਼ਾਰਿਆਂ 'ਤੇ ਕੰਮ ਕਰ ਰਹੀ ਹੈ ਤੇ ਸੂਬਿਆਂ ਦੇ ਹੱਕਾਂ 'ਤੇ ਤੇਜ਼ੀ ਨਾਲ ਹਮਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕਈਆਂ ਸਾਲਾਂ ਤੋਂ ਲਮਕਦੇ ਆ ਮਸਲੇ ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨਾ, ਪੰਜਾਬੀ ਬੋਲਦੇ ਇਲਾਕੇ, ਪੰਜਾਬੀ ਭਾਸ਼ਾ ਨੂੰ ਸੂਬੇ ਅੰਦਰ ਲਾਗੂ ਨਾ ਕਰਨਾ, ਪੰਜਾਬ ਦੇ ਪ੍ਰਬੰਧਕੀ ਬੋਰਡ ਡੈਮਾਂ ਦੀ ਨੁਮਾਇੰਦਗੀ ਪੰਜਾਬ ਤੋਂ ਖ਼ਤਮ ਕਰਨਾ ਆਦਿ ਮਸਲਿਆਂ ਵੱਲ ਕੇਂਦਰ ਸਰਕਾਰ ਸੁੱਤੀ ਪਈ ਹੈ ਅਤੇ ਸਾਡੀਆਂ ਹਾਕਮ ਸਰਕਾਰਾਂ ਨੂੰ ਚੋਣਾਂ ਦੇ ਦਰਮਿਆਨ ਇਹ ਸਾਰੇ ਮਸਲੇ ਚੇਤੇ ਆ ਜਾਂਦੇ ਹਨ। ਉਨ੍ਹਾਂ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਵੱਲੋਂ ਤਿਆਰ ਕੀਤੇ ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ ਅਤੇ ਫੇਰ ਲੋਕਾਂ ਨੂੰ ਪਿਛਾਖੜੀ ਵਿਚਾਰਧਾਰਾ ਵੱਲ ਲੈ ਕੇ ਜਾਇਆ ਜਾ ਰਿਹਾ ਹੈ।ਦੇਸ਼ ਅੰਦਰ ਮਨੂ ਸਿਮਰਤੀ ਲਾਗੂ ਕਰਕੇ ਭਗਵਾਂਕਰਨ ਕੀਤਾ ਜਾ ਰਿਹਾ ਹੈ।ਜਾਮਾਰਾਏ ਨੇ ਕਿਹਾ ਕਿ ਮਹਿੰਗਾਈ, ਬੇਰੁਜ਼ਗਾਰੀ ਨੂੰ ਠੱਲ੍ਹ ਪਾਉਣ ਲਈ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਇਸ ਮੌਕੇ ਪਾਰਟੀ ਦੇ ਆਗੂ ਬਲਦੇਵ ਸਿੰਘ ਪੰਡੋਰੀ, ਕਿਸਾਨ ਆਗੂ ਚਰਨਜੀਤ ਸਿੰਘ ਬਾਠ ਨੇ ਬੋਲਦਿਆਂ ਕਿਹਾ ਕਿ ਪੰਜਾਬ ਦੇ ਭਗਵੰਤ ਮਾਨ ਸਰਕਾਰ ਅਤੇ ਕੇਂਦਰ ਦੀ ਬੀ ਜੇ ਪੀ ਸਰਕਾਰ ਦੀਆਂ ਨੀਤੀਆਂ ਵਿੱਚ ਕੋਈ ਅੰਤਰ ਨਹੀਂ। ਪੰਜਾਬ ਅੰਦਰ ਨਸ਼ਿਆਂ ਦੀ ਦਲਦਲ ਫਸੇ ਹਜ਼ਾਰਾਂ ਨੌਜਵਾਨ ਮੌਤ ਦੇ ਮੂੰਹ ਜਾ ਰਹੇ ਹਨ ਅਤੇ ਲੋਕਾਂ ਦੇ ਘਰਾਂ 'ਚ ਸੱਥਰ ਵਿਛ ਰਹੇ ਹਨ।ਆਗੂਆਂ ਨੇ ਸ਼ਹੀਦ ਊਧਮ ਸਿੰਘ ਸੁਨਾਮ ਦੇ ਸ਼ਹੀਦੀ ਦਿਨ 31 ਜੁਲਾਈ ਨੂੰ ਤਰਨ ਤਾਰਨ 'ਚ ਕੀਤੇ ਜਾ ਰਹੇ ਸੈਮੀਨਾਰ 'ਚ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ।ਇਸ ਮੌਕੇ ਪੂਰਨ ਸਿੰਘ, ਅਮਰੀਕ ਸਿੰਘ, ਚਰਨ ਸਿੰਘ, ਬਲਵਿੰਦਰ ਸਿੰਘ, ਗੁਰਦੀਪ ਸਿੰਘ, ਹਰਜਿੰਦਰ ਸਿੰਘ, ਸਰਬਜੀਤ ਸਿੰਘ, ਕੰਵਲਜੀਤ ਸਿੰਘ ਵਿੱਕੀ, ਦਲਜੀਤ ਸਿੰਘ, ਨਿਰਮਲ ਸਿੰਘ, ਰਸਪਾਲ ਸਿੰਘ ਮੈਂਬਰ ਆਦਿ ਹਾਜ਼ਰ ਸਨ।



# ਠਠਿਆਰੀ ਗੇਟ ਵਿਖੇ ਅਤਿ ਆਧੁਨਿਕ ਹਾਈ ਮਾਸਟ ਲਾਈਟਾਂ ਦਾ ਉਦਘਾਟਨ

**ਬਟਾਲਾ, (ਡਾ. ਮਲਵਿੰਦਰ ਸਿੰਘ)** ਬਟਾਲਾ ਹਲਕੇ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨਸ਼ੀਲ ਹਾਂ ਅਤੇ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ, ਸ਼ੈਰੀ ਕਲਸੀ ਨੇ ਠਠਿਆਰੀ ਗੇਟ ਵਿਖੇ ਲੋਕਾਂ ਦੀ ਮੌਜੂਦਗੀ ਵਿੱਚ ਅਤਿ ਆਧੁਨਿਕ ਹਾਈ ਮਾਸਟ ਲਾਈਟਾਂ ਦਾ ਉਦਘਾਟਨ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਹੁਣ ਇਸ ਖੇਤਰ ਦੀਆਂ ਗਲੀਆਂ ਰੌਸ਼ਨ ਹੋਣਗੀਆਂ, ਜਿਸ ਨਾਲ ਇਥੋਂ ਦੇ ਵਸਨੀਕਾਂ ਨੂੰ ਰਾਤ ਵੇਲੇ ਆਉਣ-ਜਾਣ ਵਿੱਚ ਸਹੂਲਤ ਮਿਲੇਗੀ ਅਤੇ ਸੁਰੱਖਿਆ ਵੀ ਵਧੇਗੀ। ਉਨ੍ਹਾਂ ਦੁਹਰਾਇਆ ਕਿ ਹਲਕੇ ਦਾ ਵਿਕਾਸ ਹੀ ਮੇਰੀ ਮੁੱਖ ਤਰਜੀਹ ਹੈ,ਜਿਸ ਲਈ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਇਸ ਮੌਕੇ ਠਠਿਆਰੀ ਗੇਟ ਦੇ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਨੂੰ ਹੋਰ ਖ਼ੂਬਸੂਰਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਤੇਜ਼ਗਤੀ ਨਾਲ ਚੱਲ ਰਹੇ ਹਨ।ਉਨ੍ਹਾਂ ਦੱਸਿਆ ਕਿ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕੰਮ ਬਿਨਾਂ ਪੱਖਪਾਤ ਦੇ ਕਰਵਾਏ ਜਾ ਰਹੇ ਹਨ। ਸ਼ਹਿਰ ਅੰਦਰ ਚੌਂਕਾਂ ਨੂੰ ਚੌੜਾ ਕਰਕੇ ਖ਼ੂਬਸੂਰਤ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਦੀ ਯਾਦ ਵਿਚ ਉਸਾਰੇ ਨਵੇਂ ਚੌਂਕ ਦਾ ਉਦਘਾਟਨ ਕਰਕੇ ਲੋਕ ਸਮਰਪਿਤ ਕੀਤਾ ਗਿਆ ਹੈ। ਇਸ ਚੌਂਕ ਵਿੱਚ ਸ਼ਾਨਦਾਰ ਲਾਈਟਾਂ ਵੀ ਲਗਾਈਆਂ ਗਈਆਂ ਹਨ। ਇਸ ਤੋਂ ਪਹਿਲਾਂ ਵੀ ਸ਼ਹੀਦ ਭਗਤ ਸਿੰਘ ਚੌਕ ਅਗਰਸੈਨ ਚੌਕ ਆਦਿ ਦੀ ਉਸਾਰੀ ਕੀਤੀ ਜਾ ਚੁੱਕੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬਟਾਲੇ ਦਾ ਸਰਬਪੱਖੀ ਵਿਕਾਸ ਕਰਵਾਉਣਾ ਤੇ ਦਹਾਕਿਆਂ ਤੋਂ ਮੁਸ਼ਕਿਲਾਂ ਨਾਲ ਜੂਝ ਰਹੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨਾ ਹੈ, ਜਿਸ ਲਈ ਉਹੀ ਦਿਨ- ਰਾਤ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ।ਇਸ ਮੌਕੇ ਇਥੋਂ ਦੇ ਵਸਨੀਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਲਾਈਟਾਂ ਲੱਗਣ ਨਾਲ ਉਨ੍ਹਾਂ ਨੂੰ ਬਹੁਤ ਰਾਹਤ ਮਿਲੀ ਹੈ ਅਤੇ ਸਵੇਰੇ ਤੜਕਸਾਰ ਅਤੇ ਰਾਤ ਸਮੇਂ ਲਾਈਟਾਂ ਲੱਗਣ ਨਾਲ ਬਹੁਤ ਲਾਭ ਮਿਲੇਗਾ। ਉਨ੍ਹਾਂ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਖ਼ੂਬਸੂਰਤ ਬਣਾਉਣ ਲਈ ਵਿਧਾਇਕ ਸ਼ੈਰੀ ਕਲਸੀ ਵਲੋਂ ਸ਼ਾਨਦਾਰ ਉਪਰਾਲੇ ਕੀਤੇ ਗਏ ਹਨ।



# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੀ ਸਵਰਲੀਨ ਕੌਰ ਨੇ ਫ਼ਿਲਮ 'ਸਤਲੁਜ' 'ਚ ਆਪਣੀ ਅਦਾਕਾਰੀ ਦੇ ਜੌਹਰ ਦਿਖਾਏ

**ਤਰਨ ਤਾਰਨ (ਪ੍ਰਿਤਪਾਲ ਸਿੰਘ)-** ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਦੀ ਵਿਦਿਆਰਥਣ ਸਵਰਲੀਨ ਕੌਰ ਨੇ ਪ੍ਰਸਿੱਧ ਪੰਜਾਬੀ ਫਿਲਮ ਸਤਲੁਜ ਵਿੱਚ ਅਦਾਕਾਰੀ ਕਰਕੇ ਸਕੂਲ, ਆਪਣੇ ਮਾਤਾ-ਪਿਤਾ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਮਸ਼ਹੂਰ ਨਿਰਦੇਸ਼ਕ ਤੇਹੂਨ ਦੀ ਨਿਰਦੇਸ਼ਨਾ ਹੇਠ ਬਣੀ ਇਸ ਫਿਲਮ ਵਿੱਚ ਮੁੱਖ ਭੂਮਿਕਾ ਸੁਪਰਸਟਾਰ ਦਿਲਜੀਤ ਦੋਸਾਂਝ ਨੇ ਨਿਭਾਈ ਹੈ।ਉਨ੍ਹਾਂ ਦੇ ਨਾਲ ਅਰਜੁਨ ਰਾਮਪਾਲ, ਸੁਵਿੰਦਰ ਵਿੱਕੀ ਅਤੇ ਕੰਵਲਜੀਤ ਸਿੰਘ ਵਰਗੇ ਦਿੱਗਜ ਕਲਾਕਾਰ ਵੀ ਨਜ਼ਰ ਆਏ ਹਨ।ਇਸ ਫਿਲਮ ਵਿੱਚ ਸਵਰਲੀਨ ਕੌਰ ਨੇ ਸ. ਜਸਵੰਤ ਸਿੰਘ ਖਾਲੜਾ ਦਾ ਕਿਰਦਾਰ ਨਿਭਾਅ ਰਹੇ ਪ੍ਰਸਿੱਧ ਕਲਾਕਾਰ ਦਿਲਜੀਤ ਦੋਸਾਂਝ ਦੀ ਬੇਟੀ ਦਾ ਕਿਰਦਾਰ ਨਿਭਾਇਆ ਹੈ।ਇੰਨੇ ਗੰਭੀਰ ਅਤੇ ਵੱਡੇ ਪ੍ਰੋਜੈਕਟ ਵਿੱਚ ਸਵਰਲੀਨ ਕੌਰ ਵੱਲੋਂ ਨਿਭਾਈ ਗਈ ਭੂਮਿਕਾ ਉਸਦੀ ਸ਼ਾਨਦਾਰ ਅਦਾਕਾਰੀ ਅਤੇ ਪ੍ਰਤਿਭਾ ਨੂੰ ਦਰਸਾਉਂਦੀ ਹੈ।ਇਸ ਮੌਕੇ ਚੀਫ਼ ਖਾਲਸਾ ਦੀਵਾਨ ਦੇ ਅਡੀਸ਼ਨਲ ਆਨਰੇਰੀ ਸਕੱਤਰ, ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਹਰਜੀਤ ਸਿੰਘ, ਲੋਕਲ ਕਮੇਟੀ ਦੇ ਮੀਤ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ, ਸਕੂਲ ਦੇ ਮੈਂਬਰ ਇੰਚਾਰਜ ਨਵਜੋਤ ਸਿੰਘ, ਸਕੂਲ ਦੇ ਮੈਂਬਰ ਇੰਚਾਰਜ ਰਣਦੀਪ ਸਿੰਘ ਅਤੇ ਪ੍ਰਿੰਸੀਪਲ ਸਤਵੰਤ ਸਿੰਘ ਬੈਂਸ ਵੱਲੋਂ ਸਵਰਲੀਨ ਕੌਰ ਅਤੇ ਉਸ ਦੇ ਮਾਤਾ-ਪਿਤਾ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ ਅਤੇ ਸਵਰਲੀਨ ਨੂੰ ਸਨਮਾਨਿਤ ਕੀਤਾ ਗਿਆ।



# ਵਿਦਿਆਰਥੀਆਂ ਨੇ ਪੇਪਰ ਬੈਗ ਬਣਾ ਕੇ ਦਿੱਤਾ ਵਾਤਾਵਰਨ ਨੂੰ ਸੰਭਾਲਣ ਦਾ ਸੁਨੇਹਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)** ਮਮਤਾ ਨਿਕੇਤਨ ਕਾਨਵੈਂਟ ਸਕੂਲ, ਤਰਨ ਤਾਰਨ ਵੱਲੋਂ ਵਿਦਿਆਰਥੀਆਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪੇਪਰ ਬੈਗ ਬਣਾਉਣ ਦੀ ਗਤੀਵਿਧੀ ਕਰਵਾਈ ਗਈ।ਇਸ ਗਤੀਵਿਧੀ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਵਾਤਾਵਰਨ ਸੰਭਾਲ ਅਤੇ ਪਲਾਸਟਿਕ ਦੀ ਥਾਂ ਕਾਗਜ਼ ਦੇ ਬੈਗਾਂ ਦੀ ਵਰਤੋਂ ਲਈ ਉਤਸ਼ਾਹਿਤ ਕਰਨਾ ਸੀ।ਗਤੀਵਿਧੀ ਦੌਰਾਨ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਰੰਗ-ਬਿਰੰਗੇ ਅਤੇ ਆਕਰਸ਼ਕ ਪੇਪਰ ਬੈਗ ਤਿਆਰ ਕੀਤੇ ਅਤੇ ਆਪਣੀ ਰਚਨਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਪਲਾਸਟਿਕ ਦੇ ਨੁਕਸਾਨਾਂ ਬਾਰੇ ਜਾਣਕਾਰੀ ਦਿੰਦਿਆਂ ਵਾਤਾਵਰਨ ਦੀ ਸੁਰੱਖਿਆ ਲਈ ਪੇਪਰ ਬੈਗਾਂ ਦੀ ਵਰਤੋਂ ਕਰਨ ਦਾ ਸੰਦੇਸ਼ ਦਿੱਤਾ।ਸਕੂਲ ਦੇ ਪ੍ਰਿੰਸੀਪਲ ਮੈਡਮ ਗੁਰਚਰਨ ਕੌਰ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਵਿੱਚ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਘਰਾਂ ਅਤੇ ਸਮਾਜ ਵਿੱਚ ਵੀ ਪਲਾਸਟਿਕ ਦੀ ਵਰਤੋਂ ਘਟਾ ਕੇ ਵਾਤਾਵਰਨ-ਅਨੁਕੂਲ ਵਿਕਲਪ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।



# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-** ਪੰਜਾਬ ਪੈਨਸ਼ਨਰਜ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਵਿਸ਼ੇਸ਼ ਇਕੱਤਰਤਾ ਪਿਆਰਾ ਸਿੰਘ ਬਲਾਕ ਪ੍ਰਧਾਨ ਧਾਰੀਵਾਲ ਦੀ ਪ੍ਰਧਾਨਗੀ ਹੇਠ ਸਥਾਨਕ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਹੋਈ। ਇਕੱਤਰਤਾ ਦਾ ਆਰੰਭ ਕਰਦਿਆਂ ਜ਼ਿਲ੍ਹਾ ਪ੍ਰੈੱਸ ਸਕੱਤਰ ਮੰਗਤ ਚੰਚਲ ਵੱਲੋਂ ਇਕੱਤਰਤਾ ਦਾ ਅਜੰਡਾ ਪੇਸ਼ ਕੀਤਾ ਗਿਆ। ਅਜੰਡੇ 'ਤੇ ਬੋਲਦਿਆਂ ਜ਼ਿਲ੍ਹਾ ਵਿੱਤ ਸਕੱਤਰ ਸ਼੍ਰੀ ਸੁਰੇਸ਼ ਸ਼ਰਮਾ ਨੇ ਦੱਸਿਆ ਕਿ 17 ਜੁਲਾਈ ਨੂੰ ਮੁਲਾਜ਼ਮ-ਪੈਨਸ਼ਨਰ ਸਾਂਝੇ ਮੋਰਚੇ ਦੀ ਮੁਹਾਲੀ ਵਿਖੇ ਹੋਣ ਵਾਲੀ ਰੈਲੀ ਹੁਣ 7 ਅਗਸਤ ਦਿਨ ਸ਼ੁੱਕਰਵਾਰ ਨੂੰ ਮੋਹਾਲੀ ਵਿਖੇ ਹੋਵੇਗੀ ਅਤੇ 29 ਜੁਲਾਈ ਦਿਨ ਬੁੱਧਵਾਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਮੁਲਾਜ਼ਮ-ਪੈਨਸ਼ਨਰ ਸਾਂਝੇ ਮੋਰਚੇ ਦੀ ਰੈਲੀ ਪਹਿਲਾਂ ਤੋਂ ਮਿਥੇ ਦਿਨ 29 ਜੁਲਾਈ ਦਿਨ ਬੁੱਧਵਾਰ ਨੂੰ ਹੀ ਸੰਗਰੂਰ ਵਿਖੇ ਹੋਵੇਗੀ।ਇਸ ਲਈ ਉਨ੍ਹਾ ਨੇ 29 ਜੁਲਾਈ ਦੀ ਰੈਲੀ ਵਿੱਚ ਹੁੰਮ-ਹੁਮਾ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ ਜਿਸ ਨੂੰ ਸਰਬਸੰਮਤੀ ਨਾਲ ਪ੍ਰਵਾਨ ਕੀਤਾ ਗਿਆ ।ਸਾਥੀ ਮੱਖਣ ਕੁਹਾੜ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਜੋ ਵੱਡੇ ਵੱਡੇ ਸਬਜ਼ਬਾਗ ਦਿਖਾ ਕੇ ਸੱਤਾ ਵਿਚ ਆਈ ਸੀ ਉਹ ਸਭ-ਕੁਝ ਭੁੱਲ-ਭੁਲਾ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਸਲਿਆਂ ਵੱਲੋਂ ਮੂੰਹ ਮੋੜ ਕੇ ਮੁਫਤ ਦੀਆਂ ਰਿਓੜੀਆਂ ਵੰਡਣ ਦੇ ਰਾਹ ਪੈ ਚੁਕੀ ਹੈ ਇਸ ਲਈ ਸਾਡੇ ਕੋਲ ਬਸ ਸੰਘਰਸ਼ ਦਾ ਰਾਹ ਹੀ ਰਹਿ ਗਿਆ ਹੈ ਅਤੇ ਉਨ੍ਹਾਂ ਇੱਕੋ-ਇੱਕ ਠੀਕ ਰਾਹ ਏਕੇ ਤੇ ਸੰਘਰਸ਼ ਦਾ ਨਾਹਰਾ ਬੁਲੰਦ ਕੀਤਾ। ਐੱਲ.ਟੀ.ਸੀ. ਦੀ ਪ੍ਰਾਪਤੀ ਸਬੰਧੀ ਸੁਰੇਸ਼ ਸ਼ਰਮਾ ਨੇ ਦੱਸਿਆ ਕਿ ਅਨੈਕਸ਼ਰ ਏ ਹਰ ਪੈਨਸ਼ਨਰ ਲਈ ਭਰਨਾ ਜ਼ਰੂਰੀ ਹੈ ਅਤੇ ਇੱਕ ਵਾਰ ਹੀ ਭਰਨਾ ਹੈ ਸੋ ਇਹ ਭਰ ਲੈਣਾ ਅਤੀ ਜ਼ਰੂਰੀ ਹੈ। ਬਾਕੀ ਐੱਲ. ਟੀ. ਸੀ. ਜਿਹੜੇ ਮਹੀਨੇ ਮਿਲਣ ਯੋਗ ਹੋਵੇ ਉਸ ਤੋਂ ਮਹੀਨਾ ਪਹਿਲਾਂ ਹੀ ਅਪਲਾਈ ਕਰ ਦੇਣਾ ਚਾਹੀਦਾ ਹੈ ਤਾਂ ਕਿ ਸਮੇਂ ਸਿਰ ਪ੍ਰਾਪਤ ਹੋ ਸਕੇ।ਇਸ ਸਮੇਂ ਸਵਿੰਦਰ ਔਲਖ ਜ਼ਿਲ੍ਹਾ ਜਨਰਲ ਸਕੱਤਰ, ਵਿਨੋਦ ਸ਼ਰਮਾ ਬਲਾਕ ਜਨਰਲ ਸਕੱਤਰ ਨੇ ਵੀ ਵਿਚਾਰ ਚਰਚਾ ਵਿੱਚ ਭਾਗ ਲਿਆ।

ਇਸ ਤੋਂ ਇਲਾਵਾ ਸਰਵ ਸ੍ਰੀ ਪਿਆਰਾ ਸਿੰਘ, ਅਮਰਜੀਤ ਸੈਣੀ, ਜਸਵੀਰ ਸਿੰਘ, ਬਲਵਿੰਦਰ ਸਿੰਘ, ਮਹਿੰਦਰ ਸਿੰਘ, ਜਸਪਾਲ ਸਿੰਘ, ਸੁਰਿੰਦਰ ਕਲਸੀ, ਨਰਿੰਦਰ ਸਿੰਘ, ਪ੍ਰੇਮ ਨਾਥ, ਦਰਬਾਰੀ ਲਾਲ, ਮੰਗਤ ਚੰਚਲ, ਬੂਟਾ ਰਾਮ ਪ੍ਰੇਮ ਨਗਰ, ਲਖਵਿੰਦਰ ਸਿੰਘ, ਰਘਬੀਰ ਚਾਹਲ ਰਮੇਸ਼ ਚੰਦਰ ਸ਼ਰਮਾ ਅਤੇ ਬੂਟਾ ਰਾਮ ਆਜ਼ਾਦ ਹਾਜ਼ਰ ਸਨ।ਅਖੀਰ ਵਿੱਚ ਸ ਪਿਆਰਾ ਸਿੰਘ ਡਡਵਾਂ ਵੱਲੋਂ ਹਾਜ਼ਰ ਸਾਥੀਆਂ ਨੂੰ ਰੈਲੀ ਵਿੱਚ ਪਹੁੰਚਣ ਹਿਤ ਜੋਰਦਾਰ ਅਪੀਲ ਕੀਤੀ ਗਈ ਅਤੇ ਧੰਨਵਾਦ ਵੀ ਕੀਤਾ ਗਿਆ।



# ਆਸ਼ਾ ਵਰਕਰ ਫਸਿਲੀਟੇਟਰ ਯੂਨੀਅਨ ਵੱਲੋਂ ਚੰਡੀਗੜ੍ਹ 'ਚ ਰੋਸ ਪ੍ਰਦਰਸ਼ਨ 4 ਅਗਸਤ ਤੋਂ

**ਛੇਟਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) :** ਆਸ਼ਾ ਵਰਕਰ ਫਸੀਲੀਟੇਟਰ ਯੂਨੀਅਨ ਪੰਜਾਬ (ਸੀਟੂ) ਦੀ ਆਨਲਾਈਨ ਮੀਟਿੰਗ ਸੂਬਾ ਪ੍ਰਧਾਨ ਸਰੋਜ ਬਾਲਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਜਨਰਲ ਸਕੱਤਰ ਸੀਮਾ ਰਾਣੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਮੰਨਣ ਦੀ ਥਾਂ 'ਤੇ ਆਨਾਕਾਰੀ ਕੀਤੀ ਜਾ ਰਹੀ ਹੈ। ਕੀਤੇ ਵਾਦਿਆਂ ਤੋਂ ਸਰਕਾਰ ਮੁੱਕਰ ਰਹੀ ਹੈ। ਲਗਾਤਾਰ ਵਰਕਰਾਂ ਤੋਂ ਵੱਧ ਕੰਮ ਲਿਆ ਜਾ ਰਿਹਾ ਹੈ। ਵਰਕਰਾਂ ਨੇ ਕੱਟੇ ਹੋਏ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ ਹਨ, ਜਿਸ ਕਰਕੇ ਵਰਕਰਾਂ 'ਚ ਭਾਰੀ ਰੋਸ ਹੈ।

ਸਕੀਮ ਵਰਕਰਾਂ ਨੂੰ ਰੈਗੂਲਰ ਗ੍ਰੇਡ 'ਤੇ ਪੱਕੇ ਕਰਵਾਉਣ ਲਈ ਤੇ ਘੱਟੋ-ਘੱਟ ਉਜ਼ਰਤ 26000 ਹਜ਼ਾਰ ਰੁਪਏ ਲੈਣ ਲਈ ਚਾਰ,ਪੰਜ ਤੇ ਛੇ ਅਗਸਤ 2026 ਨੂੰ ਡਾਇਰੈਕਟਰ ਨੈਸ਼ਨਲ ਹੈੱਲਥ ਮਿਸ਼ਨ ਸੈਕਟਰ 38-ਬੀ ਪ੍ਰਿਆਸ ਬਿਲਡਿੰਗ ਚੰਡੀਗੜ੍ਹ ਵਿਚ ਲਗਾਤਾਰ ਰੋਸ ਪ੍ਰਦਰਸ਼ਨ ਕਰਦੇ ਹੋਏ ਧਰਨਾ ਲਗਾਇਆ ਜਾਏਗਾ। ਪਹਿਲੇ ਦਿਨ ਪਟਿਆਲਾ, ਰੋਪੜ, ਫਤਿਹਗੜ੍ਹ ਸਾਹਿਬ ਤੇ ਮੁਹਾਲੀ ਦੀਆਂ ਭੈਣਾਂ ਵੱਡੀ ਗਿਣਤੀ ਵਿਚ ਸ਼ਾਮਿਲ ਹੋਣਗੀਆਂ। ਇਸ ਧਰਨੇ ਵਿਚ ਪੰਜਾਬ ਦੀ ਸਮੁੱਚੀ ਲੀਡਰਸ਼ਿਪ ਸ਼ਾਮਿਲ ਹੋਵੇਗੀ। ਉਨ੍ਹਾਂ ਨੇ ਅੱਗੇ ਦੱਸਿਆ ਕਿ 29 ਜੁਲਾਈ ਨੂੰ ਦਿੱਲੀ ਵਿਚ ਹੋ ਰਹੀ ਕਨਵੈਂਸ਼ਨ ਵਿਚ ਵੀ ਵਰਕਰਾਂ ਵੱਡੀ ਗਿਣਤੀ ਵਿਚ ਸ਼ਾਮਿਲ ਹੋਣਗੀਆਂ। ਇਸ ਮੀਟਿੰਗ ਵਿਚ ਰਣਜੀਤ ਕੌਰ ਰੋਪੜ, ਭੁਪਿੰਦਰਜੀਤ ਮੋਹਾਲੀ, ਹਰਿੰਦਰ ਜੀਤ ਕੌਰ ਪਟਿਆਲਾ, ਅਮਰਜੀਤ ਕੌਰ ਨਵਾਂ ਸ਼ਹਿਰ, ਸੁਖਜੀਤ ਕੌਰ ਜਲੰਧਰ, ਜੋਗਿੰਦਰ ਕੌਰ ਹੁਸ਼ਿਆਰਪੁਰ, ਸਰਬਜੀਤ ਕੌਰ ਲੁਧਿਆਣਾ, ਰਘਬੀਰ ਕੌਰ ਨਾਗ ਅੰਮ੍ਰਿਤਸਰ, ਰਵਿੰਦਰ ਕੌਰ ਗੁਰਦਾਸਪੁਰ, ਪਰਮਿੰਦਰ ਕੌਰ ਫਿਲੌਰ, ਕੰਵਲਜੀਤ ਨਵਾਂ ਸ਼ਹਿਰ, ਸੀਟੂ ਦੇ ਸੂਬਾਈ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ ਆਦਿ ਸ਼ਾਮਿਲ ਸਨ।



# ਗੁਰਵਿੰਦਰ ਸਿੰਘ ਝੰਡੇਰ ਤੇ ਜੁਗਰਾਜ ਸਿੰਘ ਉਦੋਨੰਗਲ ਦਿਹਾਤੀ ਯੂਥ ਪ੍ਰਧਾਨ ਨਿਯੁਕਤ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-** ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪਾਰਟੀ ਦੇ ਜਥੇਬੰਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਦੇ ਉਦੇਸ਼ ਨਾਲ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ ਹਨ। ਪਾਰਟੀ ਦੇ ਕੌਮੀ ਪ੍ਰਧਾਨ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਸਹਿਮਤੀ ਅਤੇ ਪਾਰਟੀ ਹਾਈਕਮਾਂਡ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰਵਿੰਦਰ ਸਿੰਘ ਝੰਡੇਰ ਅਤੇ ਜੁਗਰਾਜ ਸਿੰਘ ਉਦੋਨੰਗਲ ਨੂੰ ਅੰਮ੍ਰਿਤਸਰ ਦਿਹਾਤੀ ਯੂਥ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪਾਰਟੀ ਆਗੂਆਂ ਨੇ ਕਿਹਾ ਕਿ ਦੋਵੇਂ ਨੌਜਵਾਨ ਲੰਮੇ ਸਮੇਂ ਤੋਂ ਪਾਰਟੀ ਦੀ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ, ਪੰਜਾਬ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨ ਅਤੇ ਨੌਜਵਾਨਾਂ ਨੂੰ ਸੰਗਠਿਤ ਕਰਨ ਲਈ ਲਗਾਤਾਰ ਸਰਗਰਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਦੀ ਨਿਸ਼ਠਾ, ਮਿਹਨਤ ਅਤੇ ਸਮਰਪਣ ਨੂੰ ਦੇਖਦਿਆਂ ਪਾਰਟੀ ਨੇ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਹੈ।ਨਵ-ਨਿਯੁਕਤ ਯੂਥ ਪ੍ਰਧਾਨਾਂ ਗੁਰਵਿੰਦਰ ਸਿੰਘ ਝੰਡੇਰ ਅਤੇ ਜੁਗਰਾਜ ਸਿੰਘ ਉਦੋਨੰਗਲ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਭਰੋਸੇ ਤੇ ਪੂਰੀ ਤਨਦੇਹੀ ਨਾਲ ਖਰੇ ਉਤਰਣਗੇ ਅਤੇ ਅੰਮ੍ਰਿਤਸਰ ਦਿਹਾਤੀ ਦੇ ਹਰ ਪਿੰਡ ਅਤੇ ਹਰ ਨੌਜਵਾਨ ਤੱਕ ਪਾਰਟੀ ਦੀ ਸੋਚ, ਸਿਧਾਂਤਾਂ ਅਤੇ ਨੀਤੀਆਂ ਨੂੰ ਪਹੁੰਚਾਉਣ ਲਈ ਦਿਨ-ਰਾਤ ਮਿਹਨਤ ਕਰਨਗੇ।ਉਨ੍ਹਾਂ ਕਿਹਾ ਕਿ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਚੜ੍ਹਦੀ ਕਲਾ ਲਈ ਨੌਜਵਾਨਾਂ ਨੂੰ ਇਕੱਠਾ ਕਰਨਾ ਅਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣਾ ਉਨ੍ਹਾਂ ਦੀ ਪਹਿਲ ਹੋਵੇਗੀ।ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਦੋਵੇਂ ਆਗੂਆਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਉਨ੍ਹਾਂ ਦੀ ਅਗਵਾਈ ਹੇਠ ਅੰਮ੍ਰਿਤਸਰ ਦਿਹਾਤੀ ਦਾ ਯੂਥ ਵਿੰਗ ਹੋਰ ਮਜ਼ਬੂਤ ਹੋਵੇਗਾ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ।



# ਰਿਆੜਕੀ ਸਕੂਲ ਤੁਗਲਵਾਲਾ ਦੇ ਵਿਦਿਆਰਥੀਆਂ ਨੇ ਲਾਈ ਮੈਡਲਾਂ ਦੀ ਝੜੀ

**ਧਾਰੀਵਾਲ, (ਮਨਦੀਪ ਵਿੱਕੀ)-** ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੇ 20 ਵਿਦਿਆਰਥੀਆਂ ਨੇ ਓਪਨ ਸਟੇਟ ਕਰਾਟੇ ਚੈਂਪੀਅਨਸ਼ਿਪ-2026 ਵਿੱਚ ਆਪਣੇ ਜੌਹਰ ਵਿਖਾਉਂਦਿਆਂ ਮੈਡਲਾਂ ਦੀ ਝੜੀ ਲਾ ਕੇ ਆਪਣੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਅਕਾਦਮਿਕ ਤੇ ਧਾਰਮਿਕ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਮੈਦਾਨ ਵਿੱਚ ਵੀ ਆਪਣੇ ਵਿਦਿਆਰਥੀਆਂ ਨੂੰ ਉੱਚੀਆਂ ਉਡਾਣਾਂ ਭਰਨ ਲਈ ਸਦਾ ਪ੍ਰੇਰਿਤ ਕਰਨ ਵਾਲੀ ਇਸ ਸੰਸਥਾ ਲਈ ਇਹ ਪ੍ਰਾਪਤੀ ਇੱਕ ਹੋਰ ਮਾਣਮੱਤਾ ਪਲ ਬਣ ਕੇ ਉੱਭਰੀ ਹੈ। ਇਸ ਸਬੰਧੀ ਸੰਸਥਾ ਦੇ ਮੁੱਖ ਪ੍ਰਬੰਧਕ ਸ. ਗਗਨਦੀਪ ਸਿੰਘ ਵਿਰਕ, ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਅਤੇ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਪੰਜਾਬ ਸੋਤੋਕਾਨ ਕਰਾਟੇ ਆਰਗੇਨਾਈਜੇਸ਼ਨ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਕਰਵਾਈ ਗਈ ਓਪਨ ਸਟੇਟ ਕਰਾਟੇ ਚੈਂਪੀਅਨਸ਼ਿਪ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਰਿਆੜਕੀ ਸਕੂਲ ਤੁਗਲਵਾਲਾ ਦੀਆਂ ਹੋਣਹਾਰ ਵਿਦਿਆਰਥਣਾਂ ਅਨੁਰੀਤ ਕੌਰ, ਸੁਪ੍ਰੀਤ ਕੌਰ ਅਤੇ ਸਿਮਰਜੀਤ ਕੌਰ ਨੇ ਗੋਲਡ ਮੈਡਲ ਜਿੱਤ ਕੇ ਸੋਨੇ 'ਤੇ ਸੁਹਾਗੇ ਵਾਲੀ ਗੱਲ ਕਰ ਵਿਖਾਈ। ਰਵਲੀਨ ਕੌਰ, ਏਕਮਪ੍ਰੀਤ ਕੌਰ, ਸਵਰੀਤ ਕੌਰ, ਕਿਰਤਪਾਲ ਕੌਰ, ਸਿਮਰਤ, ਅਰਸਪ੍ਰੀਤ ਕੌਰ ਅਤੇ ਗੁਰਬੀਰ ਸਿੰਘ ਨੇ ਸਿਲਵਰ ਮੈਡਲ ਆਪਣੇ ਨਾਮ ਕੀਤੇ, ਜਦਕਿ ਸੁਪ੍ਰੀਤ ਕੌਰ, ਮਨਮੀਤ ਕੌਰ, ਪਰਨੀਤ ਕੌਰ, ਗੁਰਨੂਰ ਕੌਰ, ਸਿਰਤਪ੍ਰੀਤ ਕੌਰ, ਸੋਨਾਕਸੀ ਸਰਮਾ, ਮਨਵੀਰ ਸਿੰਘ, ਸਹਿਬਾਜ ਸਿੰਘ ਅਤੇ ਅਭਿਜੋਤ ਸਿੰਘ ਨੇ ਬ੍ਰੋਨਜ ਮੈਡਲ ਪ੍ਰਾਪਤ ਕਰਕੇ ਆਪਣਾ, ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਉੱਚਾ ਕੀਤਾ। ਇਨ੍ਹਾਂ ਬਾਲ ਖਿਡਾਰੀਆਂ ਦੀ ਫੁਰਤੀ ਤੇ ਲਗਨ ਨੇ ਮੈਦਾਨ ਵਿੱਚ ਹਾਜਰ ਹਰ ਦਰਸਕ ਨੂੰ ਕਾਇਲ ਕਰ ਦਿੱਤਾ। ਸੰਸਥਾ ਦੇ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਦੱਸਿਆ ਕਿ ਇਹ ਸਾਨਦਾਰ ਸਫਲਤਾ ਵਿਦਿਆਰਥੀਆਂ ਅਤੇ ਸਕੂਲ ਦੇ ਕੋਚ ਸਾਹਿਬਾਨ ਦੀ ਅਣਥੱਕ ਮਿਹਨਤ ਦਾ ਹੀ ਨਤੀਜਾ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀਆਂ ਨਿਰੀਆਂ ਮੈਡਲ ਨਹੀਂ, ਸਗੋਂ ਵਿਦਿਆਰਥੀਆਂ ਦੀ ਮਿਹਨਤ, ਅਨੁਸਾਸਨ, ਆਤਮ-ਵਿਸਵਾਸ ਅਤੇ ਨਿਰੋਈ ਖੇਡ ਭਾਵਨਾ ਦਾ ਜਿਊਂਦਾ-ਜਾਗਦਾ ਪ੍ਰਤੀਕ ਹਨ। ਪ੍ਰਿੰਸੀਪਲ ਇੰਦਰਜੀਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਸੰਸਥਾ ਦੇ ਮੁੱਖ ਪ੍ਰਬੰਧਕ ਸ. ਗਗਨਦੀਪ ਸਿੰਘ ਵਿਰਕ ਅਤੇ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਾਮਨਾ ਕੀਤੀ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਨਵੀਆਂ ਉੱਚਾਈਆਂ ਨੂੰ ਛੂਹੰਦੇ ਰਹਿਣ ਅਤੇ ਆਪਣੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਮ ਰੌਸਨ ਕਰਦੇ ਰਹਿਣ। ਉਨ੍ਹਾਂ ਆਖਿਆ ਕਿ ਅੱਜ ਦੇ ਇਹ ਨਿੱਕੇ ਹੱਥ ਕੱਲ੍ਹ ਨੂੰ ਇਲਾਕੇ ਦੀਆਂ ਵੱਡੀਆਂ ਮੰਜ਼ਿਲਾਂ ਦੇ ਝੰਡੇ ਗੱਡਣਗੇ।ਇਸ ਮੌਕੇ ਕੋਚ ਦਵਿੰਦਰ ਸਿੰਘ, ਸਪੋਰਟਸ ਵਿੰਗ ਦੇ ਇੰਚਾਰਜ ਜਤਿੰਦਰ ਕੁਮਾਰ ਅਤੇ ਡੀਪੀ ਰਾਜਵਿੰਦਰ ਕੌਰ ਵੀ ਹਾਜਰ ਸਨ।




# 99.2 ਫ਼ੀਸਦੀ ਅੰਕ ਪ੍ਰਾਪਤ ਕਰਨ ਵਾਲੀ ਕ੍ਰਿਸ਼ਾ ਜੈਨ ਦਾ ਰਾਜਪਾਲ ਵੱਲੋਂ ਸਨਮਾਨ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** ਸ਼ਹਿਰ ਦੀ ਹੋਣਹਾਰ ਵਿਦਿਆਰਥਣ ਕ੍ਰਿਸ਼ਾ ਜੈਨ, ਜੋ ਕਿ ਸ਼੍ਰੀ ਹੇਮਰ ਜੈਨ (ਬੰਟੀ), ਮੈਨੇਜਰ, ਐੱਸ. ਏ. ਜੈਨ ਸੀਨੀਅਰ ਸੈਕੰਡਰੀ ਸਕੂਲ ਦੀ ਧੀ ਹੈ, ਨੇ ਸੀਬੀਐਸਈ ਬਾਰ੍ਹਵੀਂ ਜਮਾਤ ਦੀ ਬੋਰਡ ਪ੍ਰੀਖਿਆ ਵਿੱਚ 99.2 ਫ਼ੀਸਦੀ ਅੰਕ ਹਾਸਲ ਕਰਕੇ ਨਾ ਸਿਰਫ਼ ਆਪਣੇ ਪਰਿਵਾਰ ਅਤੇ ਸਕੂਲ, ਸਗੋਂ ਸਮੁੱਚੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਉਨ੍ਹਾਂ ਦੀ ਇਸ ਸ਼ਾਨਦਾਰ ਅਕਾਦਮਿਕ ਪ੍ਰਾਪਤੀ ਦੇ ਸਨਮਾਨ ਵਜੋਂ ਪੰਜਾਬ ਦੇ ਮਾਣਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਰਾਜ ਭਵਨ ਵਿੱਚ ਕ੍ਰਿਸ਼ਾ ਜੈਨ ਨੂੰ ਸਨਮਾਨਿਤ ਕੀਤਾ।ਰਾਜਪਾਲ ਨੇ ਕ੍ਰਿਸ਼ਾ ਦੀ ਮਿਹਨਤ, ਲਗਨ ਅਤੇ ਅਨੁਸ਼ਾਸਨ ਦੀ ਭਰਪੂਰ ਸ਼ਲਾਘਾ ਕਰਦਿਆਂ ਉਸ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਕ੍ਰਿਸ਼ਾ ਜੈਨ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਪਿਆਂ, ਅਧਿਆਪਕਾਂ ਅਤੇ ਸਕੂਲ ਨੂੰ ਦਿੰਦਿਆਂ ਕਿਹਾ ਕਿ ਨਿਰੰਤਰ ਮਿਹਨਤ, ਸਮੇਂ ਦੀ ਕਦਰ ਅਤੇ ਅਧਿਆਪਕਾਂ ਦੀ ਸਹੀ ਰਹਿਨੁਮਾਈ ਹੀ ਇਸ ਪ੍ਰਾਪਤੀ ਦਾ ਆਧਾਰ ਰਹੀ। ਇਸ ਸਨਮਾਨ ਨਾਲ ਪਰਿਵਾਰ, ਸਕੂਲ ਅਤੇ ਸ਼ਹਿਰ ਵਿੱਚ ਖੁਸ਼ੀ ਦਾ ਮਾਹੌਲ ਹੈ ਅਤੇ ਵੱਖ-ਵੱਖ ਸਮਾਜਿਕ, ਸਿੱਖਿਆਕ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਕ੍ਰਿਸ਼ਾ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।



# ਮਹਿਲਾਵਾਂ ਦੀ ਆਮਦਨ ਵਧਾਉਣ ਲਈ 'ਫ੍ਰੀਜ਼ਰ ਆਨ ਵੀਲਜ਼' ਪ੍ਰੋਜੈਕਟ ਦੀ ਸ਼ੁਰੂਆਤ

**ਪਠਾਨਕੋਟ, (ਦਵਿੰਦਰ ਸਿੰਘ):** ਪੰਜਾਬ ਸਟੇਟ ਰੂਰਲ ਲਾਈਵਲੀਹੁੱਡ ਮਿਸ਼ਨ ਵੱਲੋਂ ਪੇਂਡੂ ਖੇਤਰਾਂ ਦੀਆਂ ਸਵੈ ਸਹਾਇਤਾ ਸਮੂਹ ਮਹਿਲਾਵਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਨੂੰ ਰੋਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰਨ ਲਈ 'ਫ੍ਰੀਜ਼ਰ ਆਨ ਵੀਲਜ਼' ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਪ੍ਰੋਜੈਕਟ ਤਹਿਤ ਮਹਿਲਾਵਾਂ ਨੂੰ ਫ੍ਰੀਜ਼ਰ ਆਨ ਵੀਲਜ਼ ਯੂਨਿਟ ਮੁਹੱਈਆ ਕਰਵਾਏ ਜਾਣਗੇ, ਜਿਸ ਰਾਹੀਂ ਉਹ ਦੁੱਧ ਅਤੇ ਦੁੱਧ ਤੋਂ ਤਿਆਰ ਉਤਪਾਦ, ਹਨੀ, ਪੇਅ ਪਦਾਰਥ ਅਤੇ ਹੋਰ ਖਾਣ-ਪੀਣ ਦੀਆਂ ਵਸਤਾਂ ਦੀ ਵਿਕਰੀ ਕਰਕੇ ਆਪਣੀ ਆਮਦਨ ਵਿੱਚ ਵਾਧਾ ਕਰ ਸਕਣਗੀਆਂ।ਅਰਸ਼ਦੀਪ ਸਿੰਘ ਵਧੀਕ ਡਿਪਟੀ ਕਮਿਸ਼ਨਰ ( ਜ ) ਪਠਾਨਕੋਟ ਨੇ ਦੱਸਿਆ ਕਿ ਇਹ ਉਪਰਾਲਾ ਮਹਿਲਾ ਸਸ਼ਕਤੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ, ਜਿਸ ਨਾਲ ਮਹਿਲਾਵਾਂ ਨੂੰ ਆਪਣੇ ਕਾਰੋਬਾਰ ਦਾ ਵਿਸਥਾਰ ਕਰਨ ਅਤੇ ਵਧੇਰੇ ਰੋਜ਼ਗਾਰ ਦੇ ਮੌਕੇ ਪ੍ਰਾਪਤ ਹੋਣਗੇ।ਉਨ੍ਹਾਂ ਕਿਹਾ ਕਿ ਪ੍ਰੋਜੈਕਟ ਰਾਹੀਂ ਮਹਿਲਾਵਾਂ ਨੂੰ ਤਕਨੀਕੀ ਸਿਖਲਾਈ ਅਤੇ ਮਾਰਕੀਟਿੰਗ ਸਹਾਇਤਾ ਵੀ ਪ੍ਰਦਾਨ ਕੀਤੀ ਜਾਵੇਗੀ।ਇਸ ਯੋਜਨਾ ਤਹਿਤ ਪੰਜਾਬ ਸਟੇਟ ਰੂਰਲ ਲਾਈਵਲੀਹੁੱਡ ਮਿਸ਼ਨ ਵੱਲੋਂ ਮੋੜਨ ਯੋਗ 1.5 ਲੱਖ ਰੁਪਏ ਤੱਕ ਦੀ ਆਰਥਿਕ ਸਹਾਇਤਾ ਬਿਨਾਂ ਕਿਸੇ ਵਿਆਜ ਤੋਂ ਅਤੇ ਦੋ ਸਾਲਾਂ ਦੀ ਮੁਫ਼ਤ ਸਰਵਿਸਿੰਗ ਦੀ ਸਹੂਲਤ ਵੀ ਦਿੱਤੀ ਜਾਵੇਗੀ। ਇਸ ਦੇ ਇਲਾਵਾ, ਰੋਜ਼ਾਨਾ ਦੁੱਧ ਅਤੇ ਹੋਰ ਉਤਪਾਦਾਂ ਦੀ ਵਿਕਰੀ ਤੋਂ ਮਹਿਲਾਵਾਂ ਨੂੰ ਨਿਯਮਿਤ ਆਮਦਨ ਪ੍ਰਾਪਤ ਹੋਵੇਗੀ। 'ਫ੍ਰੀਜ਼ਰ ਆਨ ਵੀਲਜ਼' ਪ੍ਰੋਜੈਕਟ ਨਾਲ ਪੇਂਡੂ ਮਹਿਲਾਵਾਂ ਦੀ ਆਰਥਿਕ ਤਰੱਕੀ ਨੂੰ ਨਵੀਂ ਦਿਸ਼ਾ ਮਿਲੇਗੀ ਅਤੇ ਉਨ੍ਹਾਂ ਦੇ ਸਮਾਜਿਕ-ਆਰਥਿਕ ਵਿਕਾਸ ਨੂੰ ਹੋਰ ਮਜ਼ਬੂਤੀ ਪ੍ਰਾਪਤ ਹੋਵੇਗੀ।ਇਸ ਸਕੀਮ ਦਾ ਲਾਭ ਲੈਣ ਦੇ ਇੱਛੁਕ ਪਠਾਨਕੋਟ ਜ਼ਿਲ੍ਹੇ ਦੇ ਯੋਗ ਉਮੀਦਵਾਰ ਆਪਣੇ ਨੇੜਲੇ ਦਫ਼ਤਰ ਜਾਂ ਬਲਾਕ ਮਿਸ਼ਨ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।



# ਅਕਾਲ ਅਕੈਡਮੀ ਤਿੱਬੜ ਨੇ 13 ਗੋਲਡ ਮੈਡਲ ਜਿੱਤੇ

**ਧਾਰੀਵਾਲ, (ਮਨਦੀਪ ਵਿੱਕੀ)-** ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਅਕਾਲ ਅਕੈਡਮੀ ਤਿੱਬੜ ਨੇ ਇੱਕ ਵਾਰ ਫਿਰ ਅਕਾਦਮਿਕ ਖੇਤਰ ਵਿੱਚ ਆਪਣੀ ਸ਼ਾਨਦਾਰ ਪ੍ਰਤਿਭਾ ਦਾ ਸਬੂਤ ਦਿੰਦਿਆਂ ਸ਼ੈਸ਼ਨ 2025-26 ਦੇ ਅੰਤਰਰਾਸ਼ਟਰੀ ਓਲੰਪੀਆਡ ਵਿੱਚ ਸ਼ਾਨਦਾਰ ਪ੍ਰਦਰਸਨ ਕਰਕੇ 13 ਗੋਲਡ ਮੈਡਲ ਜਿੱਤੇ ਹਨ। ਇਸ ਸਬੰਧੀ ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਦੱਸਿਆ ਇਸ ਓਲੰਪੀਆਡ ਵਿੱਚ ਅਕਾਲ ਅਕੈਡਮੀ ਤਿੱਬੜ ਦੇ 107 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲੈ ਕੇ ਖੇਤਰੀ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ। ਇਸ ਮੁਕਾਬਲੇ ਵਿੱਚ ਸਭ ਤੋਂ ਵੱਡੀ ਉਪਲੱਬਧੀ ਦੂਜੀ ਜਮਾਤ ਦੀ ਵਿਦਿਆਰਥਣ ਖੁਸ਼ਦੀਪ ਕੌਰ ਨੇ ਅੰਗਰੇਜੀ ਵਿਸ਼ੇ ਵਿੱਚ ਜ਼ੋਨ ਪੱਧਰ 'ਤੇ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਜਿੱਤਿਆ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਦੂਜਾ ਸਥਾਨ ਪ੍ਰਾਪਤ ਕਰਕੇ ਸਿਲਵਰ ਮੈਡਲ ਆਪਣੇ ਨਾਮ ਕੀਤਾ। ਇਸ ਤੋਂ ਇਲਾਵਾ ਵੀ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਗਣਿਤ ਵਿੱਚ 8 ਵਿਦਿਆਰਥੀਆਂ ਨੇ ਗੋਲਡ ਮੈਡਲ ਪ੍ਰਾਪਤ ਕੀਤੇ। ਵਿਗਿਆਨ ਵਿੱਚ 4 ਵਿਦਿਆਰਥੀਆਂ ਨੇ ਗੋਲਡ ਮੈਡਲ ਜਿੱਤੇ। ਇਸ ਇਤਿਹਾਸਕ ਸਫਲਤਾ ਦਾ ਜਸ਼ਨ ਮਨਾਉਣ ਲਈ ਸਕੂਲ ਵਿੱਚ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਅਤੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਮਿਹਨਤ ਅਤੇ ਲਗਨ ਦੀ ਭਰਪੂਰ ਸ਼ਲਾਘਾ ਕੀਤੀ। ਇਸ ਤੋਂ ਇਲਾਵਾ ਸੰਬੰਧਿਤ ਕਲਾਸ/ਵਿਸ਼ਾ ਇੰਚਾਰਜ ਅਧਿਆਪਕਾਂ ਨੂੰ ਵੀ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ। ਅਕੈਡਮੀ ਦੇ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਉਨ੍ਹਾਂ ਅਧਿਆਪਕਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਮਿਹਨਤ ਅਤੇ ਮਾਰਗਦਰਸਨ ਸਦਕਾ ਵਿਦਿਆਰਥੀਆਂ ਨੇ ਇਹ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਨੇ ਓਲੰਪੀਆਡ ਇੰਚਾਰਜ ਸ੍ਰੀਮਤੀ ਪੂਨਮ ਨੂੰ ਉਨ੍ਹਾਂ ਦੀ ਸੁਚੱਜੀ ਯੋਜਨਾ, ਸਮਰਪਣ ਅਤੇ ਸ਼ਾਨਦਾਰ ਮਾਰਗਦਰਸਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।




# ਸਬ-ਡਵੀਜ਼ਨ ਹਰਚੋਵਾਲ 'ਚ ਟੈਕਨੀਕਲ ਸਟਾਫ ਦੀ ਭਾਰੀ ਘਾਟ; ਬਿਜਲੀ ਸੇਵਾਵਾਂ ਹੋ ਰਹੀਆਂ ਪ੍ਰਭਾਵਿਤ

**ਧਾਰੀਵਾਲ/ਹਰਚੋਵਾਲ, (ਮਨਦੀਪ ਵਿੱਕੀ)-** ਪਾਵਰਕੌਮ ਸਬ ਡਵੀਜ਼ਨ ਹਰਚੋਵਾਲ (ਤੁਗਲਵਾਲ) ਵਿੱਚ ਟੈਕਨੀਕਲ ਸਟਾਫ ਦੀ ਭਾਰੀ ਘਾਟ ਕਾਰਨ ਬਿਜਲੀ ਸੇਵਾਵਾਂ ਪ੍ਰਭਾਵਿਤ ਹੋ ਰਹੀਆਂ ਹਨ। ਇੱਥੇ 14 ਫੀਡਰਾਂ ਦੀ ਦੇਖਭਾਲ ਅਤੇ ਐਮਰਜੈਂਸੀ ਫਾਲਟਾਂ ਦੇ ਨਿਪਟਾਰੇ ਲਈ ਲੋੜੀਂਦਾ ਟੈਕਨੀਕਲ ਅਮਲਾ ਉਪਲੱਬਧ ਨਾ ਹੋਣ ਕਾਰਨ ਫੀਲਡ ਵਿੱਚ ਤਾਇਨਾਤ ਕਰਮਚਾਰੀਆਂ 'ਤੇ ਕੰਮ ਦਾ ਬੋਝ ਲਗਾਤਾਰ ਵੱਧ ਰਿਹਾ ਹੈ, ਜਿਸਦਾ ਅਸਰ ਪਖਤਕਾਰਾਂ ਨੂੰ ਮਿਲ ਰਹੀਆਂ ਬਿਜਲੀ ਸੇਵਾਵਾਂ 'ਤੇ ਪੈ ਰਿਹਾ ਹੈ। ਜਾਣਕਾਰੀ ਅਨੁਸਾਰ ਸਬ ਡਿਵੀਜ਼ਨ ਹਰਚੋਵਾਲ ਵਿੱਚ ਮਨਜ਼ੂਰਸ਼ੁਦਾ 13 ਲਾਈਨਮੈਨ ਅਸਾਮੀਆਂ ਦੇ ਮੁਕਾਬਲੇ ਸਿਰਫ 8 ਲਾਈਨਮੈਨ ਅਤੇ 24 ਸਹਾਇਕ ਲਾਈਨਮੈਨਾਂ ਦੇ ਮੁਕਾਬਲੇ ਕੇਵਲ 2 ਸਹਾਇਕ ਲਾਈਨਮੈਨ ਹੀ ਫੀਲਡ ਵਿੱਚ ਡਿਊਟੀ ਨਿਭਾ ਰਹੇ ਹਨ। ਬਿਜਲੀ ਕਰਮਚਾਰੀਆਂ ਦੱਸਿਆ ਅਜਿਹੀ ਸਥਿਤੀ ਵਿੱਚ 14 ਫੀਡਰਾਂ ਦੀ ਨਿਰੰਤਰ ਨਿਗਰਾਨੀ ਅਤੇ ਐਮਰਜੈਂਸੀ ਫਾਲਟਾਂ ਦਾ ਤੁਰੰਤ ਨਿਪਟਾਰਾ ਕਰਕੇ ਸਮੇਂ ਸਿਰ ਬਿਜਲੀ ਸਪਲਾਈ ਬਹਾਲ ਕਰਨਾ ਬਹੁਤ ਮੁਸ਼ਕਲ ਹੋ ਰਿਹਾ ਹੈ। ਪੈਡੀ ਸੀਜਨ ਦੌਰਾਨ ਫੀਲਡ ਵਿੱਚ ਟੈਕਨੀਕਲ ਸਟਾਫ ਦੀ ਸਖਤ ਲੋੜ ਹੈ। ਪਰ ਕੁੱਝ ਟੈਕਨੀਕਲ ਕਰਮਚਾਰੀ ਦਫਤਰਾਂ ਵਿੱਚ ਕਲੈਰੀਕਲ ਕੰਮ ਕਰ ਰਹੇ ਹਨ, ਉਨ੍ਹਾਂ ਦੇ ਮੂਲ ਟੈਕਨੀਕਲ ਕੰਮ ਲਈ ਫੀਲਡ ਵਿੱਚ ਤਾਇਨਾਤ ਕੀਤਾ ਜਾਵੇ ਤਾਂ ਜੋ ਬਿਜਲੀ ਸੇਵਾਵਾਂ ਵਿੱਚ ਸੁਧਾਰ ਆ ਸਕੇ। ਖਪਤਕਾਰਾਂ ਅਤੇ ਸਬ ਡਿਵੀਜਨ ਦੇ ਲਾਈਨਮੈਨ ਕਸ਼ਮੀਰ ਸਿੰਘ, ਰਮਨਜੀਤ ਸਿੰਘ ਗੁਰਮੇਜ ਸਿੰਘ, ਨਿਸ਼ਾਨ ਸਿੰਘ, ਯੂਨਿਸ ਮਸੀਹ, ਰਣਜੀਤ ਸਿੰਘ,ਵਿਕਰਮਜੀਤ ਸਿੰਘ, ਦਵਿੰਦਰ ਸਿੰਘ (ਸਾਰੇ ਲਾਈਨਮੈਨ), ਸਹਾਇਕ ਲਾਈਨਮੈਨ ਸੰਦੀਪ ਕੁਮਾਰ, ਸਹਾਇਕ ਲਾਈਨਮੈਨ ਪਰਮਜੀਤ ਸਿੰਘ ਅਤੇ ਲਵਪ੍ਰੀਤ ਸਿੰਘ ਮੂੜ ਆਦਿ ਨੇ ਪ੍ਰਬੰਧਨ ਨੂੰ ਅਪੀਲ ਮੰਗ ਕੀਤੀ ਹੈ ਸਬ ਡਿਵੀਜ਼ਨ ਹਰਚੋਵਾਲ ਵਿੱਚ ਟੈਕਨੀਕਲ ਸਟਾਫ ਦੀ ਘਾਟ ਨੂੰ ਤੁਰੰਤ ਦੂਰ ਕਰਨ ਲਈ ਦਫਤਰਾਂ ਵਿੱਚ ਕਲੈਰੀਕਲ ਕੰਮ ਕਰਦੇ ਟੈਕਨੀਕਲ ਕਰਮਚਾਰੀਆਂ ਨੂੰ ਫੀਲਡ ਵਿੱਚ ਤਾਇਨਾਤ ਕੀਤਾ ਜਾਵੇ ਤਾਂ ਜੋ ਫਾਲਟਾਂ ਦਾ ਤੁਰੰਤ ਨਿਪਟਾਰਾ ਹੋ ਸਕੇ ਅਤੇ ਗਰਮੀ ਦੇ ਮੌਸਮ ਵਿੱਚ ਖਪਤਕਾਰਾਂ ਨੂੰ ਸਮੇਂ ਸਿਰ ਨਿਰਵਿਘਨ ਬਿਜਲੀ ਸੇਵਾਵਾਂ ਮਿਲ ਸਕਣ।



# ਚੀਫ਼ ਖ਼ਾਲਸਾ ਦੀਵਾਨ ਐਲੂਮਨੀ ਸੁਸਾਇਟੀ ਵੱਲੋਂ ਵਿਦਿਆਰਥੀਆਂ ਲਈ ਏ ਆਈ ਸੈਮੀਨਾਰ ਦਾ ਆਯੋਜਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਚੀਫ਼ ਖ਼ਾਲਸਾ ਦੀਵਾਨ ਐਲੂਮਨੀ ਸੁਸਾਇਟੀ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਮਜੀਠਾ ਰੋਡ ਬਾਈਪਾਸ ਵਿਖੇ 10ਵੀਂ ਤੋਂ 12ਵੀਂ ਜਮਾਤ ਦੇ ਸੀ.ਕੇ.ਡੀ ਵਿਦਿਆਰਥੀਆਂ ਲਈ ਇਕ ਵਿਸ਼ੇਸ਼ ਜਾਣਕਾਰੀ ਭਰਪੂਰ ਸੈਮੀਨਾਰ ਕਰਵਾਇਆ ਗਿਆ ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਆਰਟੀਫਿਸ਼ਲ ਇੰਟੈਲੀਜੈਂਸ ਦੀਆਂ ਨਵੀਆਂ ਸੰਭਾਵਨਾਵਾਂ, ਇਸਦੀ ਸੁਰੱਖਿਅਤ ਵਰਤੋਂ ਅਤੇ ਭਵਿੱਖ ਵਿੱਚ ਇਸ ਦੀ ਵਧ ਰਹੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ। ਸੈਮੀਨਾਰ ਦੇ ਰਿਸੋਰਸ ਪਰਸਨ ਮਿ: ਬਿਨਵੰਤ ਖੁਰਾਣਾ (ਚੀਫ਼ ਖ਼ਾਲਸਾ ਦੀਵਾਨ ਐਲੂਮਨੀ ਵਿਦਿਆਰਥੀ) ਨੇ ਆਪਣੀ ਟੀਮ ਦੇ ਸਹਿਯੋਗ ਨਾਲ ਬਹੁਤ ਹੀ ਸਰਲ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਵਿਦਿਆਰਥੀਆਂ ਨੂੰ ਲਾਈਵ ਡੈਮੋ ਰਾਹੀਂ ਆਰਟੀਫਿਸ਼ਲ ਇੰਟੈਲੀਜੈਂਸ ਦੀ ਬੁਨਿਆਦੀ ਕਾਰਜ ਪ੍ਰਣਾਲੀ ਸਮਝਾਈ। ਉਨ੍ਹਾਂ ਏ. ਆਈ. ਦੀ ਮਦਦ ਨਾਲ ਕੰਪਨੀ ਬ੍ਰਾਂਡ ਬਣਾਉਣਾ, ਏ. ਆਈ. ਟੂਲਸ ਅਤੇ ਵਰਕ ਫਲੋ ਦੀ ਵਰਤੋਂ, ਏ. ਆਈ. ਰਾਹੀਂ ਵੀਡੀਓ ਅਤੇ ਪ੍ਰੈਜ਼ੈਂਟੇਸ਼ਨ ਤਿਆਰ ਕਰਨ ਦੇ ਤਰੀਕੇ ਬਾਬਤ ਵਿਸਥਾਰਪੂਰਵਕ ਦੱਸਿਆ। ਇਸ ਮੌਕੇ ਏ. ਆਈ. ਦੀ ਮਦਦ ਨਾਲ ਤਿਆਰ ਕੀਤੀਆਂ ਲਘੂ ਫਿਲਮਾਂ, ਵਰਚੂਅਲ ਖੇਡਾਂ ਅਤੇ ਰੋਬੋਟ ਦੇ ਲਾਈਵ ਡੈਮੋ ਦਾ ਵਿਲੱਖਣ ਅਨੁਭਵ ਕਰਵਾਇਆ ਗਿਆ। ਪ੍ਰਸਿੱਧ ਬੁੱਧੀਜੀਵੀ ਆਰ. ਐੱਸ. ਬਾਵਾ ਨੇ ਆਪਣੇ ਜੀਵਨ ਦੇ ਅਨੁਭਵ ਸਾਂਝੇ ਕਰਦਿਆਂ ਅਜੋਕੇ ਯੁੱਗ ਵਿਚ ਨਿਰੰਤਰ ਸਿੱਖਣ ਅਤੇ ਆਪਣੇ ਆਪ ਨੂੰ ਸਮੇਂ ਦੇ ਅਨੁਸਾਰ ਅੱਪਡੇਟ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਐਲੂਮਨੀ ਸੁਸਾਇਟੀ ਵੱਲੋਂ ਸਟੇਚ ਤੋਂ ਬਿਨਵੰਤ ਖੁਰਾਣਾ, ਮੌਰਫ ਮੈਟਾ ਅਕੈਡਮੀ ਤੋ ਆਸ਼ਿਮਾ ਖੁਰਾਣਾ ਅਤੇ ਕਰੀਅਰ ਕੰਪਾਸ ਤੋਂ ਆਰ. ਐੱਸ. ਬਾਵਾ ਨੂੰ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕਾਰਜਕਾਰੀ ਪ੍ਰਿੰਸੀਪਲ ਮੀਤੂ ਮਿਨੋਚਾ ਨੇ ਐਲੂਮਨੀ ਸੁਸਾਇਟੀ ਦੇ ਅਹੁਦੇਦਾਰਾਂ ਅਤੇ ਰਿਸੋਰਸਪਰਸਨਜ਼ ਅਤੇ ਉਨ੍ਹਾਂ ਦੀ ਟੀਮ ਦਾ ਧੰਨਵਾਦ ਕੀਤਾ।

ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਰਮਣੀਕ ਸਿੰਘ, ਡਿਪਟੀ ਡਾਇਰੈਕਟਰ ਉਰਮਿੰਦਰ ਕੌਰ, ਪ੍ਰਭਜੀਤ ਸਿੰਘ ਅਰੋੜਾ, ਮੀਤ ਪ੍ਰਧਾਨ ਪ੍ਰਭਜੋਤ ਸਿੰਘ ਸੇਠੀ, ਜਨਰਲ ਸਕੱਤਰ ਸਾਗਰਜੀਤ ਸਿੰਘ ਕਟਾਰੀਆ, ਜਾਇੰਟ ਸਕੱਤਰ ਤਰਿੰਦਰ ਸਿੰਘ, ਜਾਇੰਟ ਸਕੱਤਰ ਰੂਬੀਨਾ ਸਿੰਘ, ਫਾਇਨਾਂਸ ਸੈਕਟਰੀ ਡਾ. ਪ੍ਰਭਜੋਤ ਕੌਰ, ਐਲੂਮਨੀ ਐਗਜ਼ੈਗਟਿਵ ਕਮੇਟੀ ਦੇ ਮੈਂਬਰ ਰਛਪਾਲ ਸਿੰਘ ਅਤੇ ਵਨਿੰਦਰ ਬਖਸ਼ੀ, ਸੀ. ਕੇ. ਡੀ. ਐਲੂਮਨੀ ਪ੍ਰਿੰਸੀਪਲਜ਼ ਜਸਪਾਲ ਕੌਰ, ਗੁਰਪ੍ਰੀਤ ਕੌਰ, ਐਲੂਮਨੀ ਅਧਿਆਪਕ ਹਰਪ੍ਰੀਤ ਕੌਰ, ਪ੍ਰਿੰਸੀਪਲ ਮੀਤੂ ਮਿਨੋਚਾ ਅਤੇ ਵੱਡੀ ਗਿਣਤੀ ਵਿਚ ਸੀ. ਕੇ. ਡੀ. ਸਕੂਲਾਂ ਦੇ ਵਿਦਿਆਰਥੀ ਹਾਜ਼ਰ ਸਨ।




# ਮਹਿਲਾ ਕੈਦੀਆਂ ਨੂੰ ਹੁਨਰਮੰਦ ਉਦਯੋਗਪਤੀ ਬਣਾਉਣ ਲਈ 'ਪ੍ਰੋਜੈਕਟ ਉਡਾਣ' ਦਾ ਆਗਾਜ਼

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਸਮਾਜਿਕ ਬਦਲਾਅ ਨੂੰ ਹੁਨਰ ਵਿਕਾਸ ਰਾਹੀਂ ਪ੍ਰੋਤਸਾਹਿਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ, ਪੀਐੱਚਡੀ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ (ਪੀਐੱਚਡੀਸੀਸੀਆਈ) ਦੇ ਰਿਜਨਲ ਫੈਸ਼ਨ ਟੈਕਸ ਐਂਡ ਟੈੱਕ ਫੋਰਮ ਅਤੇ ਪੰਜਾਬ ਸਟੇਟ ਚੈਪਟਰ ਨੇ ਸਟੂਡੀਓ ਬਾਈ ਹਿਮਾਨੀ ਅਰੋੜਾ ਦੇ ਸਹਿਯੋਗ ਨਾਲ ਕ੍ਰਾਫਟ ਫਾਰਵਰਡ ਪਹਿਲ ਅਧੀਨ ਕੇਂਦਰੀ ਜੇਲ੍ਹ ਅੰਮ੍ਰਿਤਸਰ ਵਿਖੇ ਸਥਾਪਤ ਪੀਐੱਚਡੀਸੀਸੀਆਈ ਸਕਿੱਲ ਡਿਵੈਲਪਮੈਂਟ ਸੈਂਟਰ ਵਿੱਚ 'ਪ੍ਰੋਜੈਕਟ ਉਡਾਣ' ਦੀ ਸ਼ੁਰੂਆਤ ਕੀਤੀ। ਸਮਾਗਮ ਦੌਰਾਨ ਮਹਿਮਾਨਾਂ ਦਾ ਸਵਾਗਤ ਕਰਦਿਆਂ ਪੀਐੱਚਡੀਸੀਸੀਆਈ ਦੇ ਪੰਜਾਬ ਸਟੇਟ ਚੈਪਟਰ ਦੇ ਚੇਅਰਮੈਨ ਕਰਨ ਗਿਲਹੋਤਰਾ ਨੇ ਕਿਹਾ ਕਿ ਇਹ ਸਕਿੱਲ ਡਿਵੈਲਪਮੈਂਟ ਸੈਂਟਰ ਹੁਨਰ ਵਿਕਾਸ ਰਾਹੀਂ ਪੁਨਰਵਾਸ ਲਈ ਪੀਐੱਚਡੀਸੀਸੀਆਈ ਦੀ ਦ੍ਰਿੜ੍ਹ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਚੈਂਬਰ ਦਾ ਉਦੇਸ਼ ਮਹਿਲਾ ਕੈਦੀਆਂ ਨੂੰ ਰੁਜ਼ਗਾਰਯੋਗ ਹੁਨਰ ਪ੍ਰਦਾਨ ਕਰਨਾ, ਉਨ੍ਹਾਂ ਦਾ ਆਤਮ-ਵਿਸ਼ਵਾਸ ਵਧਾਉਣਾ ਅਤੇ ਟਿਕਾਊ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣਾ ਹੈ ਤਾਂ ਜੋ ਰਿਹਾਈ ਤੋਂ ਬਾਅਦ ਉਹ ਸਮਾਜ ਵਿੱਚ ਸਨਮਾਨ ਨਾਲ ਮੁੜ ਆਪਣੀ ਪਛਾਣ ਬਣਾ ਸਕਣ। ਇਸ ਮੌਕੇ ਰਿਜਨਲ ਫੈਸ਼ਨ ਟੈਕਸ ਐਂਡ ਟੈਕ ਫੋਰਮ, ਪੀਐੱਚਡੀਸੀਸੀਆਈ ਦੀ ਚੇਅਰਪਰਸਨ ਅਤੇ 'ਪ੍ਰੋਜੈਕਟ ਉਡਾਣ' ਦੀ ਅਗਵਾਈ ਕਰ ਰਹੀ ਹਿਮਾਨੀ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਇਸ ਪਹਿਲ ਦੇ ਉਦੇਸ਼ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਟੂਡੀਓ ਬਾਈ ਹਿਮਾਨੀ ਅਰੋੜਾ ਵੱਲੋਂ ਮਹਿਲਾ ਕੈਦੀਆਂ ਨੂੰ ਸਿਲਾਈ, ਕਢਾਈ, ਟੈਕਸਟਾਈਲ ਕਲਾ ਅਤੇ ਆਧੁਨਿਕ ਫੈਸ਼ਨ ਤਕਨੀਕਾਂ ਦੀ ਸੁਚੱਜੀ ਅਤੇ ਬਾਜ਼ਾਰ ਦੀ ਮੰਗ ਅਨੁਸਾਰ ਸਿਖਲਾਈ ਦਿੱਤੀ ਜਾਵੇਗੀ।



# ਬਾਬੋਵਾਲ 'ਚ ਅਕਾਲੀ ਦਲ (ਵਾਰਿਸ ਪੰਜਾਬ ਦੇ) ਨੂੰ ਮਿਲਿਆ ਭਰਵਾਂ ਹੁੰਗਾਰਾ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-** ਪਿੰਡ ਬਾਬੋਵਾਲ ਵਿਖੇ ਅਕਾਲੀ ਦਲ (ਵਾਰਿਸ ਪੰਜਾਬ ਦੇ) ਵੱਲੋਂ ਇਕ ਮੀਟਿੰਗ ਹੋਈ, ਜਿਸ ਵਿਚ ਵੱਡੀ ਗਿਣਤੀ ਵਿਚ ਪਾਰਟੀ ਵਰਕਰਾਂ, ਸਮਰਥਕਾਂ ਨੇ ਸ਼ਮੂਲੀਅਤ ਕੀਤੀ ।ਪਾਰਟੀ ਨੂੰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਚੋਣ ਸਰਗਰਮੀਆਂ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਭਾਈ ਨਾਥਵਿੰਦਰ ਸਿੰਘ ਫੌਜੀ ਸਮੇਤ ਹੋਰ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਦਾ ਮਿਲ ਰਿਹਾ ਭਰਵਾਂ ਸਹਿਯੋਗ ਪਾਰਟੀ ਨੂੰ ਹੋਰ ਮਜ਼ਬੂਤੀ ਦੇਵੇਗਾ ।ਇਸ ਮੌਕੇ ਜਥੇ. ਭਾਈ ਬਲਜਿੰਦਰ ਸਿੰਘ ਜ਼ਿਲ੍ਹਾ ਦਿਹਾਤੀ ਜਰਨਲ ਸਕੱਤਰ, ਕੰਵਲਜੀਤ ਸਿੰਘ ਅੰਮ੍ਰਿਤਸਰ ਮੀਡੀਆ ਇੰਚਾਰਜ, ਕਿਰਪਾਲ ਸਿੰਘ ਫੌਜੀ, ਸੰਦੀਪ ਸਿੰਘ, ਬਾਬਾ ਨਰਾਇਣ ਸਿੰਘ, ਬੜਕ ਸਿੰਘ, ਖੜਕ ਸਿੰਘ ਪੰਜਾਬ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਨਵੀਂ ਬਿਪਤਾ

*ਭਾਰਤੀ ਚੋਣ ਕਮਿਸ਼ਨ ਨੇ ਵੋਟਰ ਸੂਚੀ ਵਿੱਚ ਪਹਿਲੀ ਵਾਰ ਨਾਂਅ ਜੁੜਵਾਉਣ ਵਾਲੇ ਨਵੇਂ ਵੋਟਰਾਂ ਲਈ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਇੱਕ ਨਵੀਂ ਵਿਵਸਥਾ ਲਾਗੂ ਕੀਤੀ ਹੈ। ਹੁਣ ਫਾਰਮ 6 ਭਰਨ ਵਾਲੇ ਬਿਨੈਕਾਰਾਂ ਨੂੰ ਆਪਣੇ ਮਾਪਿਆਂ ਦੀਆਂ ਵੋਟਾਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਨਾਲ ਸੰਬੰਧਤ ਜਾਣਕਾਰੀ ਵੀ ਦੇਣੀ ਹੋਵੇਗੀ। ਜੇ ਆਨਲਾਈਨ ਅਰਜ਼ੀ ਦੌਰਾਨ ਇਹ ਐਲਾਨਨਾਮਾ ਨਹੀਂ ਭਰਿਆ ਜਾਂਦਾ, ਤਾਂ ਅਰਜ਼ੀ ਅੱਗੇ ਨਹੀਂ ਵਧ ਸਕੇਗੀ। ਨਵੀਂ ਵਿਵਸਥਾ ਦੇ ਤਹਿਤ ਬਿਨੈਕਾਰਾਂ ਨੂੰ ਇਹ ਦੱਸਣਾ ਪਵੇਗਾ ਕਿ ਕੀ ਉਹ ਜਾਂ ਉਨ੍ਹਾਂ ਦੇ ਮਾਤਾ-ਪਿਤਾ ਵੋਟਰ ਸੂਚੀ ਦੀ ਪਿਛਲੀ ਐੱਸ ਆਈ ਆਰ ਵਿੱਚ ਸ਼ਾਮਲ ਸਨ। ਅਜਿਹਾ ਕਰਨ ਲਈ ਚੋਣ ਕਮਿਸ਼ਨ ਨੇ ਆਪਣੇ ਪੋਰਟਲ ਈ ਸੀ ਆਈ ਨੈੱਟ 'ਤੇ ਆਨਲਾਈਨ ਅਰਜ਼ੀ ਦਿੰਦੇ ਸਮੇਂ ਫਾਰਮ 6 ਵਿੱਚ 'ਜੇ' ਤੇ 'ਕੇ' ਸੈਕਸ਼ਨ ਵਿਚਾਲੇ ਇੱਕ ਨਵਾਂ 'ਐਲਾਨਨਾਮਾ' ਜੋੜਿਆ ਹੈ। ਇਸ ਵਿੱਚ ਬਿਨੈਕਾਰ ਨੂੰ ਤਿੰਨ ਵਿਕਲਪ ਦਿੱਤੇ ਗਏ ਹਨ... (1) ਮੇਰਾ ਨਾਂਅ ਪਿਛਲੀ ਐੱਸ ਆਈ ਆਰ ਦੀ ਵੋਟਰ ਸੂਚੀ ਵਿੱਚ ਮੌਜੂਦ ਹੈ। (2) ਮੇਰੇ ਮਾਤਾ-ਪਿਤਾ/ਦਾਦਾ-ਦਾਦੀ ਦੇ ਨਾਂਅ ਪਿਛਲੀ ਐੱਸ ਆਈ ਆਰ ਦੀ ਵੋਟਰ ਸੂਚੀ ਵਿੱਚ ਮੌਜੂਦ ਹਨ। (3) ਨਾ ਮੇਰਾ ਅਤੇ ਨਾ ਹੀ ਮੇਰੇ ਮਾਤਾ-ਪਿਤਾ ਦਾ ਨਾਂਅ ਪਿਛਲੀ ਐੱਸ ਆਈ ਆਰ ਦੀ ਵੋਟਰ ਸੂਚੀ ਵਿੱਚ ਮੌਜੂਦ ਸੀ। ਜੇ ਬਿਨੈਕਾਰ ਪਹਿਲਾ ਜਾਂ ਦੂਜਾ ਵਿਕਲਪ ਚੁਣਦਾ ਹੈ ਤਾਂ ਉਸ ਨੂੰ ਸੰਬੰਧਤ ਵਿਧਾਨ ਸਭਾ ਹਲਕਾ, ਪੋਲਿੰਗ ਸਟੇਸ਼ਨ ਅਤੇ ਵੋਟਰ ਸੂਚੀ ਵਿੱਚ ਦਰਜ ਸੀਰੀਅਲ ਨੰਬਰ ਵੀ ਭਰਨਾ ਪਵੇਗਾ। ਜੇ ਇਹ ਜਾਣਕਾਰੀ ਉਪਲੱਬਧ ਨਹੀਂ ਹੈ ਤਾਂ ਸਿਰਫ ਤੀਜਾ ਵਿਕਲਪ ਚੁਣਨ ਦਾ ਰਾਹ ਬਚਦਾ ਹੈ। ਇਹ ਨਵੀਂ ਵਿਵਸਥਾ ਅਧਿਕਾਰਕ ਤੌਰ 'ਤੇ ਲਾਜ਼ਮੀ ਨਹੀਂ ਦੱਸੀ ਗਈ, ਪਰ ਜਦੋਂ ਤੱਕ ਇਸ ਨੂੰ ਭਰਿਆ ਨਹੀਂ ਜਾਂਦਾ, ਆਨਲਾਈਨ ਅਰਜ਼ੀ ਅੱਗੇ ਨਹੀਂ ਵਧੇਗੀ। ਦੂਜੇ ਪਾਸੇ, ਕਮਿਸ਼ਨ ਦੀ ਵੈੱਬਸਾਈਟ ਤੋਂ ਡਾਊਨਲੋਡ ਹੋਣ ਵਾਲੇ ਆਫਲਾਈਨ ਫਾਰਮ 6 ਵਿੱਚ ਇਹ ਨਵਾਂ ਸੈਕਸ਼ਨ ਮੌਜੂਦ ਨਹੀਂ।*

*ਇਹ ਘਟਨਾਕ੍ਰਮ ਚੋਣ ਕਮਿਸ਼ਨ ਦੀ ਦੇਸ਼ਵਿਆਪੀ ਐੱਸ ਆਈ ਆਰ ਪ੍ਰਕਿਰਿਆ ਦੌਰਾਨ ਸਾਹਮਣੇ ਆਇਆ ਹੈ। ਇਸ ਪ੍ਰਕਿਰਿਆ ਦੇ ਤਹਿਤ, ਪਿਛਲੇ ਸਾਲ ਤੋਂ ਹੁਣ ਤੱਕ 10 ਰਾਜਾਂ ਅਤੇ ਤਿੰਨ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵੋਟਰ ਸੂਚੀ ਵਿੱਚੋਂ 5 ਕਰੋੜ 58 ਲੱਖ ਤੋਂ ਵੱਧ ਨਾਂਅ ਹਟਾ ਦਿੱਤੇ ਗਏ ਹਨ, ਜਿਸ ਕਾਰਨ ਲੋਕਾਂ ਦੇ ਬੱਚਿਆਂ 'ਤੇ ਇਸ ਦੇ ਪੈਣ ਵਾਲੇ ਪ੍ਰਭਾਵ ਬਾਰੇ ਚਿੰਤਾਵਾਂ ਪੈਦਾ ਹੋ ਗਈਆਂ ਹਨ। ਇਹ ਵਿਵਸਥਾ ਉਨ੍ਹਾਂ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ ਆਨਲਾਈਨ ਪੋਰਟਲ 'ਤੇ ਦਿਖਾਈ ਦੇ ਰਹੀ ਹੈ, ਜਿੱਥੇ 2025-26 ਦੌਰਾਨ ਐੱਸ ਆਈ ਆਰ ਪੂਰੀ ਹੋ ਚੁੱਕੀ ਹੈ ਜਾਂ ਜਾਰੀ ਹੈ। ਹਾਲਾਂਕਿ ਬਿਹਾਰ, ਜਿੱਥੇ ਸਭ ਤੋਂ ਪਹਿਲਾਂ ਐੱਸ ਆਰ ਆਈ ਹੋਈ ਸੀ ਅਤੇ ਆਸਾਮ, ਜਿੱਥੇ ਐੱਸ ਆਈ ਆਰ ਨਹੀਂ ਕਰਵਾਈ ਜਾ ਰਹੀ, ਵਿੱਚ ਇਹ ਨਵੀਂ ਵਿਵਸਥਾ ਦਿਖਾਈ ਨਹੀਂ ਦੇ ਰਹੀ। ਚੋਣ ਕਮਿਸ਼ਨ ਨੇ ਅਜੇ ਤੱਕ ਇਹ ਸਪੱਸ਼ਟ ਨਹੀਂ ਕੀਤਾ ਕਿ ਜੇ ਕੋਈ ਬਿਨੈਕਾਰ ਤੀਜਾ ਵਿਕਲਪ ਚੁਣਦਾ ਹੈ, ਯਾਨੀ ਕਿ ਉਸ ਦੇ ਮਾਪਿਆਂ ਦਾ ਨਾਂਅ ਪਿਛਲੀ ਐੱਸ ਆਈ ਆਰ ਵਿੱਚ ਨਹੀਂ ਸੀ, ਤਾਂ ਉਸ ਦੀ ਅਰਜ਼ੀ ਦੀ ਜਾਂਚ ਜਾਂ ਪ੍ਰਕਿਰਿਆ 'ਤੇ ਇਸ ਦਾ ਕੀ ਪ੍ਰਭਾਵ ਪਵੇਗਾ।*

*ਇਹ ਆਨਲਾਈਨ ਬਦਲਾਅ ਚੋਣਕਾਰ ਰਜਿਸਟ੍ਰੇਸ਼ਨ ਨਿਯਮ, 1960 ਵਿੱਚ ਕਿਸੇ ਵੀ ਸੰਬੰਧਤ ਸੋਧ ਤੋਂ ਬਿਨਾਂ ਲਾਗੂ ਕੀਤਾ ਗਿਆ ਹੈ। ਲੋਕ ਪ੍ਰਤੀਨਿਧਤਾ ਐਕਟ, 1950 ਦੀ ਧਾਰਾ 28 ਕਹਿੰਦੀ ਹੈ ਕਿ ਕੇਂਦਰ ਸਰਕਾਰ, ਚੋਣ ਕਮਿਸ਼ਨ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ, ਸਰਕਾਰੀ ਗਜ਼ਟ ਵਿੱਚ ਨੋਟੀਫਿਕੇਸ਼ਨ ਰਾਹੀਂ ਇਸ ਐਕਟ ਦੇ ਉਦੇਸ਼ਾਂ ਨੂੰ ਪੂਰਾ ਕਰਨ ਲਈ ਨਿਯਮ ਬਣਾ ਸਕਦੀ ਹੈ। ਇਸ ਸੰਬੰਧ ਵਿੱਚ ਚੋਣ ਕਮਿਸ਼ਨ ਦੇ ਦੋ ਸਾਬਕਾ ਸੀਨੀਅਰ ਅਧਿਕਾਰੀਆਂ ਨੇ ਕਿਹਾ ਹੈ ਕਿ ਫਾਰਮ ਵਿੱਚ ਕਿਸੇ ਵੀ ਤਬਦੀਲੀ ਲਈ ਨਿਯਮਾਂ ਵਿੱਚ ਸੋਧ ਦੀ ਲੋੜ ਹੋਵੇਗੀ। ਇੱਕ ਸਾਬਕਾ ਅਧਿਕਾਰੀ ਮੁਤਾਬਕ ਚੋਣ ਕਮਿਸ਼ਨ ਆਪਣੇ ਆਪ ਫਾਰਮ ਵਿੱਚ ਇੱਕ ਕੌਮਾ (,) ਵੀ ਨਹੀਂ ਜੋੜ ਸਕਦਾ। ਫਾਰਮ 6 ਲੋਕ ਪ੍ਰਤੀਨਿਧਤਾ ਐਕਟ, 1950 ਅਤੇ ਵੋਟਰ ਰਜਿਸਟ੍ਰੇਸ਼ਨ ਨਿਯਮ, 1960 ਦੇ ਤਹਿਤ ਇੱਕ ਵਿਧਾਨਕ ਫਾਰਮ ਹੈ। ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਕਰਨ ਦਾ ਅਧਿਕਾਰ ਕੇਂਦਰ ਸਰਕਾਰ ਕੋਲ ਹੈ, ਜੋ ਕਾਨੂੰਨ ਮੰਤਰਾਲੇ ਦੇ ਨੋਟੀਫਿਕੇਸ਼ਨ ਰਾਹੀਂ ਨਿਯਮ ਬਦਲਦੀ ਹੈ। ਮਿਸਾਲ ਵਜੋਂ ਜਦੋਂ ਸੰਸਦ ਨੇ ਇਸ ਤੋਂ ਪਹਿਲਾਂ 2021 ਵਿੱਚ ਵੋਟਰ ਸੂਚੀ ਨੂੰ ਆਧਾਰ ਨਾਲ ਜੋੜਨ ਦਾ ਕਾਨੂੰਨ ਬਣਾਇਆ ਸੀ, ਤਾਂ ਕਾਨੂੰਨ ਮੰਤਰਾਲੇ ਨੇ 17 ਜੂਨ, 2022 ਨੂੰ ਇੱਕ ਅਧਿਕਾਰਕ ਨੋਟੀਫਿਕੇਸ਼ਨ ਜਾਰੀ ਕਰਕੇ ਲੋਕ ਪ੍ਰਤੀਨਿਧਤਾ ਐਕਟ, 1950 ਦੇ ਤਹਿਤ ਫਾਰਮ 6 ਵਿੱਚ ਬਦਲਾਅ ਕੀਤੇ ਸਨ। ਇਸ ਦਾ ਮਤਲਬ ਹੈ ਕਿ ਪਹਿਲਾਂ ਨਿਯਮ ਬਦਲੇ ਗਏ, ਫਿਰ ਫਾਰਮ ਵਿੱਚ ਸੋਧ ਕੀਤੀ ਗਈ। ਹਾਲਾਂਕਿ ਇਸ ਵਾਰ ਅਜੇ ਤੱਕ ਅਜਿਹਾ ਕੋਈ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ।*

# ਇੰਜ ਵਾਰਿਆ ਸੀ ਬੱਬਰ ਰਤਨ ਸਿੰਘ ਰੱਕੜ ਨੇ ਆਪਣਾ ਸਿਰ

**ਵਿਜੈ ਬੰਬੇਲੀ**

ਜੰਗਿ-ਏ-ਅਜ਼ਾਦੀ ਵਿੱਚ ਅਣਤੋਲਵਾਂ ਹਿੱਸਾ ਪਾਉਣ ਵਾਲੇ ਬੱਬਰ ਅਕਾਲੀ ਸੂਰਮਿਆਂ ਨੇ ਆਪਣੇ ਵਿਰਸੇ ਅਤੇ ਇਤਿਹਾਸ ਨੂੰ ਦ੍ਰਿੜ੍ਹਤਾ ਨਾਲ ਦੁਹਰਾਉਂਦਿਆਂ ਲਹੂ-ਵੀਟਵੀਂ ਜੰਗ ਲੜੀ ਸੀ। ਸੁਤੰਤਰਤਾ ਲਈ ਜੂਝ ਮਰਨ ਵਾਲੇ ਬੱਬਰ ਅਕਾਲੀ, ਸਿਰੇ ਦੀਆਂ ਅਣਸਾਵੀਆਂ ਹਾਲਤਾਂ ਅਤੇ ਬਹੁਤੀਆਂ ਸਥਿਤੀਆਂ ਵਿੱਚ ਆਮ ਹਥਿਆਰਾਂ ਨਾਲ ਲੈਸ ਹੋਣ ਦੇ ਬਾਵਜੂਦ ਸੈਂਕੜੇ-ਹਥਿਆਰਬੰਦਾਂ ਉੱਤੇ ਭਾਰੂ ਪੈ ਜਾਣ ਵਾਲੇ ਜਜ਼ਬੇ ਪਰੁਨੇ ਸੂਰਮੇ ਸਨ।

ਇਸ ਲਹਿਰ ਦੌਰਾਨ ਸਰਕਾਰੀ ਧਾੜਾਂ ਨਾਲ ਬੱਬਰ ਸੂਰਮਿਆਂ ਦੇ ਪੰਜ ਬੇਜੋੜ ਅਤੇ ਹੈਰਤਅੰਗੇਜ਼ ਮੁਕਾਬਲੇ ਹੋਏ ਸਨ : ਪਹਿਲਾ; ਬੰਬੇਲੀ (ਫਗਵਾੜਾ, ਕਪੂਰਥਲਾ) ਸਾਕਾ (1 ਸਤੰਬਰ, 1923)। ਇਸ ਅਣਸਾਵੇਂ ਮੁਕਾਬਲੇ ਵਿੱਚ ਗ਼ਦਰੀ/ਬੱਬਰ ਕਰਮ ਸਿੰਘ ਦੌਲਤਪੁਰ, ਬੱਬਰ ਮੁਹਿੰਦਰ ਸਿੰਘ ਸੈਣੀ ਪੰਡੋਰੀ ਗੰਗਾ ਸਿੰਘ, ਬੱਬਰ ਉਦੇ ਸਿੰਘ ਰਾਮਗੜ੍ਹ ਝੁਗੀਆਂ ਅਤੇ ਬੱਬਰ ਬਿਸ਼ਨ ਸਿੰਘ ਮਾਂਗਟ ਨੇ ਸ਼ਾਨਾਮੱਤੀ ਸ਼ਹੀਦੀ ਪਾਈ। ਦੂਜਾ; ਮੰਨਣਹਾਨਾ (ਕੋਟਫਤੂਹੀ, ਹੁਸ਼ਿਆਰਪੁਰ) ਸਾਕਾ (25 ਅਕਤੂਬਰ, 1923), ਜਿਸ ਵਿੱਚ ਬੱਬਰ ਧੰਨਾ ਸਿੰਘ ਬਹਿਬਲਪੁਰ ਨੇ ਸਵੈ ਰੱਤ ਡੋਲ੍ਹਵੀਂ ਅਹੂਤੀ ਪਾਈ ਸੀ। ਤੀਜਾ; ਮੰਡੇਰ (ਆਦਮਪੁਰ, ਜਲੰਧਰ) ਸਾਕਾ (12 ਦਸੰਬਰ, 1923)। ਇਸ ਮੁਕਾਬਲੇ ਦੌਰਾਨ ਬੱਬਰ ਬੰਤਾ ਸਿੰਘ ਧਾਮੀਆਂ ਅਤੇ ਜਵਾਲਾ ਸਿੰਘ ਫਤਿਹਪੁਰ ਕੋਠੀ ਸ਼ਹੀਦ ਹੋਏ। ਚੌਥਾ; ਚੱਕ-54 (ਮਿੰਟਗੁਮਰੀ) ਮੁਕਾਬਲਾ ਮਿਤੀ 8 ਜੂਨ, 1924 ਨੂੰ ਹੋਇਆ, ਜਿਸ ਵਿੱਚ, ਮੰਡੇਰ ਸਾਕੇ ਵਿੱਚੋਂ ਹੈਰਤਅੰਗੇਜ਼ ਢੰਗ ਨਾਲ ਬਚ ਨਿਕਲੇ ਬੱਬਰ ਵਰਿਆਮ ਸਿੰਘ ਧੁੱਗਾ ਨੇ ਆਪਣਾ ਸਿਰ ਵਾਰਿਆ ਸੀ। ਪੰਜਵਾਂ; 15 ਜੁਲਾਈ, 1932 ਨੂੰ ਰੁੜਕੀ ਖਾਸ/ਸੈਣੀਆਂ (ਗੜ੍ਹਸ਼ੰਕਰ, ਹੁਸ਼ਿਆਰਪੁਰ) ਵਿਖੇ ਹੋਏ ਇੱਕ ਵਿਲੱਖਣ ਮੁਕਾਬਲੇ ਵਿੱਚ ਨਿਰਾਲੇ ਸੂਰਮੇ ਬੱਬਰ ਰਤਨ ਸਿੰਘ ਰੱਕੜ ਨੇ ਸਿਰ ਵਾਰਿਆ ਸੀ।

ਇਹ ਲੇਖ ਦੇਸ਼ਭਗਤਾਂ ਦੇ ਪਿੰਡ ਰੁੜਕੀ ਸੈਣੀਆਂ ਵਿੱਚ ਹੋਏ ਲਹੂ-ਵੀਟਵੇਂ ਅਸਲ ਮੁਕਾਬਲੇ ਨੂੰ ਸੰਬੋਧਿਤ ਹੈ ਜਿਸ ਦਾ ਆਧਾਰ ਉਸੇ ਪਿੰਡ ਦੇ ਵਸਨੀਕ, ਤਾ-ਉਮਰ ਸਰਗਰਮ ਰਹੇ ਦੇਸ਼ ਭਗਤ ਗਿਆਨੀ ਗੁਰਚਰਨ ਸਿੰਘ ਵੈਦ, ਜਿਹੜਾ ਖੁਦ ਵੀ ਬੱਬਰ ਰਤਨ ਸਿੰਘ ਰੱਕੜ ਦਾ ਨੇੜੂ ਰਿਹਾ ਹੈ, ਖਾਸ ਕਰਕੇ ਆਖਰੀ ਵਕਤੀਂ ਜਦੋਂ ਰੱਕੜ ਜੀ ਅਕਸਰ ਹੀ ਉਸ ਪਿੰਡ ਪਨਾਹ ਲੈਣ ਲੱਗ ਪਏ ਸਨ, ਦੀ ਚਸ਼ਮਦੀਦੀ ਨੂੰ ਬਣਾਇਆ ਗਿਆ ਹੈ। ਪਹਿਲੇ ਸਾਕਿਆਂ ਵਾਂਗ ਬੱਬਰ ਰੱਕੜ ਵੀ ਆਪਣੇ ਇੱਕ ਸਕੇ-ਸੋਧਰੇ ਨੰਬਰਦਾਰ ਮੀਹਾਂ ਸਿੰਘ ਗੜ੍ਹੀ ਕਾਨੂੰਗੋ ਅਤੇ ਜ਼ੈਲਦਾਰ ਸਿਕੰਦਰ ਖਾਂ ਮਹਿਤਪੁਰ ਤੇ ਸਰਕਾਰੀ ਖੈਰ-ਖ਼ੁਆਹਾਂ ਸਮੇਤ ਅਬਦੁਲ ਅਜ਼ੀਜ਼ ਜ਼ੈਲਦਾਰ ਬਗਵਾਈ ਦੇ ਧਰੋਹ ਦਾ ਸ਼ਿਕਾਰ ਹੋ ਗਏ ਸਨ।

ਬਕੌਲ ਗਿਆਨੀ ਗੁਰਚਰਨ ਸਿੰਘ ਉਕਤ, "...ਦਿਨ ਦਾ ਡੇਢ ਕੁ ਵੱਜਿਆ ਸੀ। ਇੱਕ ਸਾਵਣ (15 ਜੁਲਾਈ 1932) ਦੀ ਸੰਗਰਾਂਦ, ਜ਼ੁੰਮੇ ਵਾਲਾ ਦਿਨ (ਸ਼ੁੱਕਰਵਾਰ)। ਦੋ ਦਿਨ ਪਹਿਲਾਂ ਮੀਂਹ ਦਾ ਭਰਵਾਂ ਛਰਾਟਾ ਪੈ ਚੁੱਕਿਆ ਸੀ, ਬੇਹੱਦ ਹੁੰਮਸ ਭਰਿਆ ਦਿਨ। ਬਿਜਾਈ ਚੱਲ ਰਹੀ ਸੀ, ਸਾਡਾ ਗੁਆਂਢੀ ਚੌ. ਮਹਿੰਦੀ ਖਾ ਲਿਆਈਂ ਵਿੱਚ ਮਿਰਚਾਂ ਲਗਾ ਰਿਹਾ ਸੀ, ਜਦ ਉਸ ਦੀ ਨਿਗਾਹ ਨੇੜਲੇ ਕਮਾਦ ਦੇ ਓਹਲਿਓਂ ਨਿਕਲਦੇ ਹਥਿਆਰਬੰਦ ਸਰਕਾਰੀ ਘੋੜ-ਸਵਾਰਾਂ 'ਤੇ ਪਈ, ਜਿਹੜੇ ਸਾਡੇ ਪਿੰਡ ਨੂੰ ਪੀਢਾ-ਘੇਰਾ ਪਾਉਣ ਤੋਂ, ਬੱਸਾਂ-ਮੋਟਰਾਂ ਵਿੱਚ ਆਣ ਪਹੁੰਚੀ ਕੁਮਕ ਤੋਂ ਪਹਿਲਾਂ ਭੇਜੇ ਗਏ ਸਨ। ਇਹਨਾਂ ਘੋੜ-ਚੜ੍ਹਿਆਂ ਨੇ ਚਾਰ-ਚੁਫੇਰਿਓਂ ਦੋ-ਦੋ ਦੀਆਂ ਕਤਾਰਾਂ ਵਿੱਚ ਪਿੰਡ ਵਗਲਣਾਂ ਸ਼ੁਰੂ ਕਰ ਦਿੱਤਾ। ਅੱਖ-ਝਪਕਣ ਦਾ ਫੇਰ ਸਮਝੋ ਕਿ ਪੁਲਸ ਨਾਲ ਭਰੀਆਂ ਜੀਪਾਂ-ਲਾਰੀਆਂ ਵੀ ਆਣ-ਖੜੋਣ ਲੱਗੀਆਂ। ਸਮਝਣ ਨੂੰ ਦੇਰ ਨਾ ਲੱਗੀ ਕਿ ਜ਼ਰੂਰ ਬੱਬਰ ਸਾਹਿਬ, ਅੱਜ ਸਾਡੇ ਨਗਰ 'ਚ ਹੋਣਗੇ ਅਤੇ ਸਰਕਾਰੀ-ਹਮਜੋਲੀਆਂ, ਪਰ ਰੁੜਕੀ ਤਾਂ ਅਜਿਹਾ ਨਹੀਂ ਸੀ, ਨੇ ਜ਼ਰੂਰ ਧ੍ਰੋਹ ਕਮਾਇਆ ਹੋਵੇਗਾ। ਪੁਲਸ-ਫ਼ੌਜ ਨੇ ਧਾਵਾ ਬੋਲ, ਦੇਸ਼ ਭਗਤ ਗੋਂਦਾ ਸਿੰਘ ਦੇ ਘਰ ਦਾ ਘੇਰਾ ਘੱਤ, ਹਰ ਗਲੀ-ਮੋੜ ਰੋਕ-ਮੱਲ, ਬੇ-ਰਹਿਮੀ ਨਾਲ ਪਿੰਡ ਖਾਲੀ ਕਰਾਉਣਾ ਸ਼ੁਰੂ ਕਰ ਦਿੱਤਾ। ਪਿੰਡ ਸੁੰਨਾ ਹੋਣ ਤੋਂ ਪਹਿਲਾਂ ਹੀ ਬੰਦੂਕਾਂ ਅੱਗ-ਉਗਲਣ ਲੱਗ ਪਈਆਂ, ਦਹਿਸ਼ਤ ਦਾ ਮਾਹੌਲ ਹੋਰ ਪਸਰ ਗਿਆ।

ਘੜੀ ਕੁ ਬਾਅਦ ਬੱਬਰ-ਬੰਦੂਕ ਹੱਥੋਂ ਫੱਟੜ ਹੈੱਡ ਕੰਸਟੇਬਲ ਜੁੰਮੇ ਖਾਂ ਸਰਦੁੱਲਾਪੁਰ (ਮਾਹਿਲਪੁਰ), ਜਿਸ ਨੂੰ ਧੜਵੈਲ ਡਾਕੂਆਂ ਨੂੰ ਸਰਕਾਰ ਨੇ ਸਿਰ ਪਰਨੇ ਕਰਨ ਕਰਕੇ 'ਜਾਂਬਾਜ਼' ਦਾ ਖ਼ਿਤਾਬ ਦਿੱਤਾ ਹੋਇਆ ਸੀ ਅਨੁਸਾਰ, 'ਉਸ ਦਾ ਪਟਾ-ਰੌਂਦ ਅਤੇ ਰਫਲ ਵੀ ਬੱਬਰ ਨੇ ਨੱਪ ਲਏ ਸਨ', ਦਾ ਮੰਜਾ ਪਿੰਡੋਂ ਬਾਹਰ ਆ ਗਿਆ। ਮਗਰੋਂ, ਇਸੇ ਜੁੰਮੇ ਖਾਂ ਦੇ ਅਖਾੜੇ ਦਾ ਘੁਲੇਟਾ ਸਿਪਾਹੀ ਊਧਮ ਸਿੰਘ ਵੀ ਬੱਬਰ ਹੱਥੋਂ ਮਾਰਿਆ ਗਿਆ। ਦਰਅਸਲ ਇਹ ਦੋਵੇਂ ਬੱਬਰ ਨੂੰ ਤੱਤ-ਭੜੱਤੇ ਕਾਬੂ ਕਰਕੇ ਇਨਾਮੀ-ਲਾਲਸਾ ਦਾ ਸ਼ਿਕਾਰ ਹੋ ਗਏ ਸਨ। ਘੇਰਾਬੰਦੀ ਅਤੇ ਗੋਲਾਬਾਰੀ ਦਾ ਪਤਾ ਲੱਗਦਿਆਂ ਹੀ ਬੱਬਰ ਸਾਹਿਬ ਦੇ ਕੁਝ ਹਮਦਰਦ, ਖਾਸ ਕਰਕੇ ਗੋਂਦਾ ਸਿੰਘ ਦਾ ਭਰਾ ਈਸ਼ਰ ਸਿੰਘ ਵੀ ਸਰਗਰਮ ਹੋ ਗਏ ਸਨ, ਗੋਂਦਾ ਸਿੰਘ ਜੀ ਪਿੰਡੋਂ ਬਾਹਰ ਸਨ, ਪਰ ਭਾਰੀ ਪੁਲਸ ਅਤੇ ਸਰਕਾਰੀ-ਹਮਜੋਲੀਆਂ ਸਾਹਮਣੇ ਸਭ ਵਿਅਰਥ।

ਅਸਲ ਵਿੱਚ ਸੂਰਮਾ ਅੰਦਰ ਘੂਕ-ਸੁੱਤਾ ਪਿਆ ਸੀ, ਜਦ ਅਚਨਚੇਤ ਹਮਲਾ ਸ਼ੁਰੂ ਹੋਇਆ। ਭਲਾ! ਕੱਲੇ-ਕਾਹਰੇ ਦਾ ਵੱਡੀਆਂ ਧਾੜਾਂ ਸਾਹਮਣੇ ਕੀ ਮੁਕਾਬਲਾ? ਜਿਵੇਂ ਕਿ ਆਸ ਹੀ ਸੀ, ਯੋਧਾ ਡਟ ਗਿਆ। ਦੋ



ਸਿਪਾਹੀਆਂ ਨੂੰ ਮਾਰ-ਘੱਤ ਹੱਥ ਲਏ ਅਸਲੇ ਕਾਰਨ ਬੱਬਰ ਦਾ ਅਸਲੇ ਵਜੋਂ ਪੱਖ ਕੁਝ ਸਵੱਲਾ ਹੋ ਗਿਆ ਸੀ। ਬੱਬਰ ਧੀਰਜ ਨਾਲ ਵਿਰਲੀ-ਟਾਵੀਂ ਗੋਲੀ ਦਾਗਦਾ। ਸਾਬਕਾ ਫ਼ੌਜੀ ਹੋਣ ਨਾਤੇ, ਉਹ ਇਹ ਵੀ ਜਾਣਦਾ ਸੀ ਕਿ ਗੁਰੀਲਾ-ਯੁੱਧ ਕਿਵੇਂ ਲੜੀਦੀ ਹੈ। ਸਬੱਬੀਂ ਮੋਰਚਾ ਕੁਝ ਸਾਜ਼ਗਾਰ ਵੀ ਸੀ, ਜਦਕਿ ਸਰਕਾਰੀ ਧਾੜਾਂ ਕਰੀਬ ਖੁਲ੍ਹੇ 'ਚ ਸਨ। ਉਦੋਂ ਕਰੀਬ ਸਾਰੀਆ ਕੰਧਾਂ-ਕੋਠੇ ਕੱਚੇ ਹੁੰਦੇ ਸਨ ਅਤੇ ਛੱਤਾਂ ਬਾਲੇ-ਕੜੀਆਂ, ਛਤੀਰ-ਲਟੈਣਾਂ ਅਤੇ ਸਿਰਕੀ ਜਾਂ ਘਾਹ-ਸਰਕੜੇ ਦੀਆਂ ਹੁੰਦੀਆਂ ਸਨ। ਸੋ, ਵਾਹ ਨਾ ਪੈਂਦੀ ਵੇਖ ਦੂਰੋਂ ਹੀ ਬਾਸਾਂ ਨਾਲ ਤੇਲ-ਲਾਟਾਂ ਬੰਨ੍ਹ ਛੱਤਾਂ ਉੱਤੇ ਜਾਂ ਕੰਧਾਂ ਨਾਲ ਕਪਾਹ-ਛਿਟੀਆਂ ਜਾਂ ਟੰਡ-ਬੂਝੇ ਸੁੱਟ ਅੱਗ ਲਗਾ ਦਿੱਤੀ ਗਈ। ਸਿਪਾਹੀ, ਪਹਿਲਾਂ ਹੀ ਲੁਕਦੇ ਫਿਰਦੇ ਸਨ, ਭਾਂਬੜਾਂ ਦੇ ਬਹਾਨੀ ਉਹ ਹੋਰ ਦੂਰ ਜਾਂ ਓਹਲੇ ਹੋ ਗਏ। ਗੋਰੇ-ਅਹਿਲਕਾਰਾਂ ਦੀ ਸਖ਼ਤ ਤਾੜਨਾ ਕਾਰਨ ਕੁਝ ਨੇੜਿਓਂ ਪਰ ਆਪ-ਮੁਹਾਰੇ, ਫਾਇਰ ਵੀ ਕਰਨ ਲੱਗੇ, ਪਰ ਬੱਬਰ ਦਾ ਵਿਰਲਾ-ਟਾਵਾਂ ਫਾਇਰ ਵੀ ਕਰੀਬ-ਕਰੀਬ ਕਾਰਗਰ ਹੁੰਦਾ। ਅਗਨੀ, ਪਰਚੰਡ-ਰੂਪ ਅਖਤਿਆਰ ਕਰ ਗਈ।

ਮਜਬੂਰ ਹੋ ਬੱਬਰ ਸਾਹਿਬ ਨਾਲ ਦੇ ਕਮਰੇ, ਜਿਸ ਨੂੰ ਇੱਕ ਆਰਜ਼ੀ-ਤਾਕੀ ਜੋੜਦੀ ਸੀ, ਵਿੱਚ ਆ ਗਏ। ਇਸ ਕਮਰੇ ਨੂੰ ਵੀ ਭਿਆਨਕ ਅੱਗ 'ਚ ਬਦਲ ਦਿੱਤਾ ਗਿਆ। ਰੱਕੜ ਜੀ, ਫੁਰਤੀ ਨਾਲ ਇਸ ਕਮਰੇ ਦੀ ਕੰਧ ਪਾੜ ਕੇ, ਨਾਲ-ਜੁੜਵੇਂ ਘਰ 'ਚ ਦਾਖਲ ਹੋ ਗਏ, ਜਿਸ ਨੂੰ ਅੱਗ ਲਾਉਣ ਦਾ ਜ਼ੇਰਾ, ਕੋਈ ਵੀ ਨਹੀਂ ਸੀ ਕਰ ਰਿਹਾ। ਮੌਕੇ 'ਤੇ ਪਹੁੰਚ ਚੁੱਕੇ ਐਸ ਪੀ ਅਤੇ ਡੀ ਸੀ ਨੇ ਉਥੇ ਹਾਜ਼ਰ ਅਤਰੇ ਲੰਬੜ ਦੇ ਸੰਭਾਵਤ-ਪਹਿਲਵਾਨ ਮੁੰਡੇ ਹਜ਼ਾਰਾ ਸਿੰਘ ਨੂੰ ਗੋਪਾਲ ਚੌਕੀਦਾਰ ਸਮੇਤ ਅੱਗ ਲਾਉਣ ਲਈ ਸ਼ਿਸਕਾਰ ਦਿੱਤਾ। ਕੋਠੇ ਦੀ ਛੱਤ ਪਾੜ ਘਾਹ-ਫੂਸੀ ਛੱਤ ਨੂੰ ਅੱਗ ਲਾਉਣ ਦਾ ਯਤਨ ਹੋਇਆ, ਸਿਸ਼ਤ ਬੰਨ੍ਹ ਕੇ ਬੱਬਰ ਵੱਲੋਂ ਮਾਰੀ ਗੋਲੀ ਦਾ ਸ਼ਿਕਾਰ ਹੋ ਉਭਰਦਾ ਗਭਰੂਟ ਮਾਰਿਆ ਗਿਆ। ਉਪਰੰਤ, ਚੌਕੀਦਾਰ ਦੇ ਬੁੜਬੜਾਹਟ ਭਰੇ ਦੱਸੇ ਅੰਦਾਜ਼ੇ ਤਹਿਤ ਇੱਕ ਸਿਪਾਹੀ ਛੱਤ ਨੂੰ ਅੱਗ ਦੇਣ ਵਿੱਚ ਸਫਲ ਹੋ ਗਿਆ। ਬਚ-ਬਚਾਅ ਕੇ ਕੰਧਾਂ ਨੂੰ ਪਹਿਲਾਂ ਹੀ ਅਗਨੀਗ੍ਰਸਤ ਕਰ ਦਿੱਤਾ ਗਿਆ ਸੀ। ਫਿਰ, ਪੁਲਸ ਨੇ ਬੱਬਰ ਹਮਦਰਦ ਨੰਬਰਦਾਰ ਈਸ਼ਰ ਸਿੰਘ, ਬੱਬਰ ਜੀ ਦੇ ਪਨਾਹਦੇਤੇ ਗੋਂਦਾ ਸਿੰਘ ਦੇ ਭਾਈ ਨੂੰ ਧਿੰਗੋਜ਼ੋਰੀ ਬੱਬਰ ਵੱਲ ਤੋਰਿਆ ਕਿ ਉਹ ਸਰੰਡਰ ਕਰ ਦੇਣ, ਪਰ ਉਹ ਭੁਲੇਖੇ ਵੱਸ ਬੱਬਰ-ਗੋਲੀ ਨਾਲ ਜ਼ਖਮੀ ਹੋਣ ਦੇ ਬਾਵਜੂਦ ਬੱਬਰ ਜੀ ਨੂੰ ਇੱਕ ਹੱਦ ਤੀਕ ਅਸਲ ਮਾਜਰਾ ਦੱਸਣ ਵਿੱਚ ਸਫ਼ਲ ਰਿਹਾ।

ਅੱਗ ਜ਼ੋਰ ਫੜਨ ਲੱਗੀ। ਸੂਰਮਾ ਤੀਜੇ ਘਰ ਤੋਂ ਚੌਥੇ ਜੁੜਵੇਂ ਘਰ 'ਚ ਜਾਣ ਅਤੇ ਨਵਾਂ ਮੋਰਚਾ ਮੱਲਣ ਵਿੱਚ ਸਫ਼ਲ ਹੋ ਗਿਆ। ਬਾਹਰੋ, ਗੋਲੀਆ ਦਾ ਮੀਂਹ ਵਰ੍ਹ ਰਿਹਾ ਸੀ। ਬੱਬਰ ਯੋਜਨਾ ਤਾੜ, ਪੁਲਸ ਨੇ ਇਸ ਘਰ ਸਮੇਤ ਨਾਲ ਲੱਗਦੇ ਪੰਜਵੇਂ ਘਰ, ਜਿਹੜਾ ਈਸ਼ਰ ਸਿੰਘ ਰੋੜੇ ਦਾ ਸੀ ਅਤੇ ਸ਼ਤੀਰੀਆਂ ਤੇ ਲੱਕੜ ਦੇ ਸਮਾਨ ਸਮੇਤ ਹੋਰ ਨਿੱਕ-ਸੁੱਕ ਨਾਲ ਭਰਿਆ ਹੋਇਆ ਸੀ, ਨੂੰ ਵੀ ਅੱਗ ਲਗਾ ਦਿੱਤੀ। ਪੰਜੇ ਜੁੜਵੇਂ ਘਰ ਭਖਦੇ ਅੰਗਿਆਰ ਬਣ ਚੁੱਕੇ ਸਨ। ਉਂਜ ਵੀ ਗਰਮੀ ਦਾ ਕਹਿਰ ਸੀ। ਮੁਕਾਬਲਾ ਚੱਲਦੇ ਨੂੰ ਅੱਠ ਪਹਿਰ ਬੀਤ ਚੁੱਕੇ ਸਨ। ਘੁਸਮੁਸਾ ਉੱਤਰ ਰਿਹਾ ਸੀ। ਭਾਵੇਂ ਸਾਰਾ ਇਲਾਕਾ ਆਣ ਢੁੱਕਾ ਸੀ, ਪਰ ਮੀਲਾਂ-ਬੱਧੀ ਦੂਰ ਦੀਹਦੀਆਂ ਲਾਟਾਂ ਅਤੇ ਗੋਲੀਆਂ ਦੀ ਠੂਹ-ਠਾਹ ਤੋਂ ਬਿਨਾਂ ਫਿਜ਼ਾ ਵਿੱਚ ਅਜ਼ਬ-ਸੰਨਾਟਾ ਅਤੇ ਭੈਅ ਦਾ ਮਹੌਲ ਸੀ।

ਇਸੇ ਅਗੰਮ ਅਤੇ ਆਤਿਸ਼ੀ ਮਹੌਲ ਵਿੱਚ ਅਚਨਚੇਤ ਬੱਬਰ ਸੂਰਮਾ ਅਗਨੀ ਕੁੰਡ 'ਚੋਂ ਬਾਹਰ ਆ ਗਿਆ। ਹਾਲਾਤ ਦਾ ਤਕਾਜ਼ਾ ਵੇਖੋ, ਕਾਰਨ ਭਾਵੇਂ ਬਹੁਤ ਸਾਰੇ ਸਨ, ਹਾਥੀ ਵਰਗੀ ਚਾਲ ਨਾਲ ਝੂਮਦੇ ਆ ਰਹੇ ਥੱਕੇ-ਮਾਂਦੇ ਕਾਲੇ-ਝੁਲਸੇ ਬੱਬਰ ਉੱਤੇ ਕਿਸੇ ਗੋਲੀ ਨਾ ਚਲਾਈ। ਕੁਝ ਪਲ, ਆਸੇ-ਪਾਸੇ ਵੇਖ, ਬੱਬਰ ਭੀੜੀਆਂ ਗਲੀਆਂ ਲੰਘ ਚੌਂਕ 'ਚ ਆ ਖੜੋਇਆ। ਅਖੀਰ ਪਤਾ ਨਹੀਂ ਕੀ ਸੋਚ ਨੇੜਲੇ ਡੂੰਘੇ ਟੋਏ 'ਚ ਖੜ੍ਹੋ ਧਰਤੀ ਨੂੰ ਨਮਸਕਾਰ ਕਰ, ਅਸਮਾਨ ਵੱਲ ਤੱਕ ਆਪਣੀ ਪੁੜਪੜੀ ਵਿੱਚ ਇੱਕੋ-ਇੱਕ ਆਖਰੀ ਬਚਦੀ ਗੋਲੀ ਮਾਰ ਧਰਤ-ਮਾਂ ਵਿੱਚ ਵਲੀਨ ਹੋ ਗਿਆ।"

**# ਸੰਪਰਕ : 94634-39075**

# ਨਸ਼ੇ ਨੂੰ ਖਤਮ ਕਰਨਾ ਸਮੇਂ ਦੀਆਂ ਸਰਕਾਰਾਂ ਲਈ ਵੱਡੀ ਚੁਣੌਤੀ

ਦੇਸ਼ ਦੇ ਨੌਜਵਾਨ ਵਰਗ ਵਿੱਚ ਨਸ਼ਿਆਂ ਦੀ ਆਦਤ ਦਾ ਨਿਰੰਤਰ ਵਧਣਾ ਦੇਸ਼ ਲਈ ਅਤਿ ਚਿੰਤਾਜਨਕ ਹੈ। ਨਸ਼ਿਆਂ ਦਾ ਇਹ ਰੁਝਾਨ ਹੁਣ ਪਿੰਡਾਂ,ਕਸਬਿਆਂ,ਸ਼ਹਿਰਾਂ ਆਦਿ ਵਿੱਚੋਂ ਹੁੰਦਾ ਹੋਇਆ ਹਸਪਤਾਲਾਂ ਅਤੇ ਸਿੱਖਿਅਕ ਸੰਸਥਾਵਾਂ ਤੱਕ ਵੀ ਪਹੁੰਚ ਚੁੱਕਾ ਹੈ, ਜੋ ਦੇਸ਼ ਦੀ ਨੌਜਵਾਨ ਪੀੜ੍ਹੀ ਨੂੰ ਲਗਾਤਾਰ ਆਪਣੀ ਲਪੇਟ ਵਿੱਚ ਲੈ ਰਿਹਾ ਹੈ । ਸਮੇਂ ਦੀਆਂ ਸਰਕਾਰਾਂ ਭਾਵੇਂ ਨਸ਼ਿਆਂ ਨੂੰ ਕਾਬੂ ਕਰਨ ਦੇ ਲੱਖ ਦਾਅਵੇ ਕਰਦੀਆ ਹਨ, ਪਰ ਜ਼ਮੀਨੀ ਹਕੀਕਤ ਰੋਜ਼ਾਨਾ ਖ਼ਬਰਾਂ ਰਾਹੀ ਸਾਡੇ ਸਾਹਮਣੇ ਆ ਰਹੀ ਹੈ।

ਨਸ਼ੇ ਦੇ ਆਦੀ ਹੋਏ ਨੌਜਵਾਨ ਗਲੀਆਂ, ਬਾਜ਼ਾਰਾਂ ਵਿੱਚ ਸ਼ਰੇਆਮ ਚੋਰੀ ਅਤੇ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ । ਅਜਿਹੇ ਵਰਤਾਰੇ ਨੂੰ ਵੇਖ ਕੇ ਲੱਗਦਾ ਹੈ ਕਿ ਸਰਕਾਰ ਜਾਂ ਪੁਲਸ ਪ੍ਰਸ਼ਾਸਨ ਵੱਲੋਂ ਸਮੇ-ਸਮੇ 'ਤੇ ਨਸ਼ਿਆਂ ਖ਼ਿਲਾਫ਼ ਚਲਾਈਆਂ ਜਾ ਰਹੀਆਂ ਮੁਹਿੰਮਾਂ ਸਿਰਫ਼ ਅੰਕੜਿਆਂ ਤੱਕ ਹੀ ਸੀਮਤ ਹੋ ਰਹੀਆਂ ਹਨ ।

ਅਸੀਂ ਜਾਣਦੇ ਹਾਂ ਕਿ ਕਿਸੇ ਵੀ ਦੇਸ਼ ਦੀ ਤਰੱਕੀ ਵਿੱਚ ਉੱਥੋਂ ਦੀ ਨੌਜਵਾਨ ਪੀੜ੍ਹੀ ਦਾ ਅਹਿਮ ਯੋਗਦਾਨ ਹੁੰਦਾ ਹੈ, ਪਰ ਜਦੋਂ ਦੇਸ਼ ਦਾ ਨੌਜਵਾਨ ਵਰਗ ਨਸ਼ਿਆਂ ਦੀ ਦਲਦਲ ਵਿੱਚ ਫਸ ਜਾਵੇ ਤਾਂ ਇਸ ਨਾਲ ਜਿੱਥੇ ਦੇਸ਼ ਦਾ ਭਵਿੱਖ ਧੁੰਦਲਾ ਹੋਣ ਲੱਗਦਾ ਹੈ, ਉੱਥੇ ਹੀ ਦੇਸ ਵਿੱਚ ਅਨੇਕ ਸਮਾਜਿਕ ਬੁਰਾਈਆ ਵੀ ਇਸ ਨਸ਼ੇ ਦੀ ਬਹੁਤਾਤ ਕਾਰਨ ਪੈਦਾ ਹੋਣ ਲੱਗਦੀਆ ਹਨ । ਚੋਰੀ, ਡਕੈਤੀ, ਜਬਰ-ਜ਼ਨਾਹ ਵਰਗੀਆਂ ਦਿਨੋਂ-ਦਿਨ ਵਧ ਰਹੀਆ ਘਟਨਾਵਾਂ ਵੀ ਨਸ਼ਿਆਂ ਦੀ ਬੁੱਕਲ ਵਿੱਚੋਂ ਹੀ ਪੈਦਾ ਹੁੰਦੀਆ ਹਨ । ਚਾਇਲਡ ਲਾਈਨ ਇੰਡੀਆ ਫਾਊਂਡੇਸ਼ਨ ਦੀ ਰਿਪੋਰਟ ਦੇ ਅਨੁਸਾਰ ਦੇਸ਼ ਵਿੱਚ 65 ਫ਼ੀਸਦੀ ਨਸ਼ੇ ਅਜਿਹੇ ਨੌਜਵਾਨ ਕਰ ਰਹੇ ਹਨ, ਜਿਨ੍ਹਾਂ ਦੀ ਉਮਰ 18 ਸਾਲ ਤੋਂ ਵੀ ਘੱਟ ਹੈ। ਅਜਿਹੇ ਨੌਜਵਾਨ ਸਿਗਰੇਟ, ਸ਼ਰਾਬ ਅਤੇ ਮੈਡੀਸਨ ਨਸ਼ਿਆਂ ਦਾ ਪ੍ਰਯੋਗ ਕਰ ਰਹੇ ਹਨ।



ਜਗਤਾਰ ਸਮਾਲਸਰ

ਇੱਕ ਸਰਵੇ ਅਨੁਸਾਰ ਦੇਸ਼ ਵਿੱਚ ਰੋਜ਼ਾਨਾ ਲੱਗਭੱਗ 6000 ਨੌਜਵਾਨ ਤੰਬਾਕੂ ਉਤਪਾਦਾਂ ਦਾ ਪ੍ਰਯੋਗ ਕਰਨ ਵਾਲਿਆਂ ਵਿੱਚ ਸ਼ਾਮਲ ਹੋ ਰਹੇ ਹਨ । ਭਾਰਤ ਵਿੱਚ ਲੱਗਭੱਗ 12 ਕਰੋੜ ਲੋਕ ਸਿਗਰਟ ਪ੍ਰਯੋਗ ਕਰਦੇ ਹਨ, ਜਿਨ੍ਹਾਂ ਵਿੱਚ ਔਰਤਾਂ ਦੀ ਗਿਣਤੀ ਵੀ 1 ਕਰੋੜ 27 ਲੱਖ ਦੇ ਕਰੀਬ ਹੈ। ਸ਼ਰਾਬ ਦਾ ਸੇਵਨ ਕਰਨ ਵਿੱਚ ਵੀ ਦੇਸ਼ ਦਾ ਨੌਜਵਾਨ ਵਰਗ ਮੋਹਰੀ ਹੈ। 40 ਦੇਸ਼ਾਂ ਵਿੱਚ ਸ਼ਰਾਬ ਦੇ ਸੇਵਨ ਸੰਬੰਧੀ ਕੀਤੇ ਗਏ ਸਰਵੇ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਪਿਛਲੇ 20 ਸਾਲਾਂ ਦੌਰਾਨ ਭਾਰਤ ਵਿੱਚ ਸ਼ਰਾਬ ਦੀ ਵਰਤੋਂ ਵਿੱਚ 60 ਫ਼ੀਸਦੀ ਦਾ ਵਾਧਾ ਹੋ ਚੁੱਕਾ ਹੈ, ਜਿਸ ਵਿੱਚ ਨੌਜਵਾਨ ਵਰਗ ਦੀ ਗਿਣਤੀ ਵਧੇਰੇ ਹੈ।

ਅੱਜ ਨੌਜਵਾਨ ਵਰਗ ਵਿੱਚ ਨਸ਼ੇ ਸਿਰਫ਼ ਸ਼ਰਾਬ, ਸਿਗਰਟ ਜਾਂ ਅਫ਼ੀਮ ਤੱਕ ਹੀ ਸੀਮਤ ਨਹੀ, ਸਗੋਂ ਹੁਣ ਕੋਕੀਨ, ਹੈਰੋਇਨ ਗਾਂਜਾ, ਚਰਸ ਅਤੇ ਨਸ਼ੀਲੀਆਂ ਦਵਾਈਆਂ ਸਹਿਤ ਅਨੇਕ ਮੈਡੀਸਨ ਨਸ਼ਿਆਂ ਦਾ ਸੇਵਨ ਨੌਜਵਾਨਾਂ ਵਿੱਚ ਵਧੇਰੇ ਵਧ ਰਿਹਾ ਹੈ ।

ਵਰਲਡ ਸਿਹਤ ਸੰਗਠਨ ਦੇ ਅੰਕੜਿਆ ਅਨੁਸਾਰ ਤੰਬਾਕੂ ਦੇ ਪ੍ਰਯੋਗ ਕਾਰਨ ਦੁਨੀਆ ਭਰ ਵਿੱਚ 50 ਲੱਖ ਤੋਂ ਜ਼ਿਆਦਾ ਲੋਕ ਹਰ ਸਾਲ ਆਪਣੀ ਜਾਨ ਗਵਾ ਰਹੇ ਹਨ, ਜਿਨ੍ਹਾਂ ਵਿਚੋਂ ਲੱਖਾਂ ਮੌਤਾਂ ਤਾਂ ਕੇਵਲ ਭਾਰਤ ਵਿੱਚ ਹੋ ਰਹੀਆ ਹਨ। ਕੌਮੀ ਅਪਰਾਧ ਬਿਊਰੋ (ਐੱਨ ਸੀ ਬੀ) ਦੇ ਅੰਕੜਿਆਂ ਅਨੁਸਾਰ ਭਾਰਤ ਵਿੱਚ ਹਰ ਦਿਨ ਨਸ਼ੇ ਦੀ ਵਜ੍ਹਾ ਨਾਲ ਪਰੇਸ਼ਾਨ ਹੋ ਕੇ 10 ਲੋਕ ਆਤਮ-ਹੱਤਿਆ ਕਰ ਰਹੇ ਹਨ। ਅੰਕੜਿਆਂ ਅਨੁਸਾਰ ਡਰੱਗਜ਼ ਆਦਿ ਨਸ਼ੇ ਦਾ ਸ਼ਿਕਾਰ ਹੋਏ ਸੂਬਿਆਂ ਵਿੱਚੋਂ ਸਭ ਤੋਂ ਜ਼ਿਆਦਾ ਆਤਮ-ਹੱਤਿਆਵਾ ਮਹਾਰਾਸ਼ਟਰ, ਮੱਧ ਪ੍ਰਦੇਸ਼, ਕੇਰਲ ਅਤੇ ਤਾਮਿਲਨਾਡੂ ਵਿੱਚ ਹੋ ਰਹੀਆ ਹਨ।

ਸਰਵੇਖਣ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਭਾਰਤ ਵਿੱਚ ਹਰ ਸਾਲ ਲੋਕ ਨਸ਼ੇ ਤੇ ਹੀ ਕਰੀਬ 20 ਖਰਬ ਰੁਪਏ ਖਰਚ ਕਰ ਰਹੇ ਹਨ। ਇੱਕ ਗੈਰ-ਸਰਕਾਰੀ ਸੰਸਥਾ ਦੀ ਰਿਪੋਰਟ ਦੇ ਅਨੁਸਾਰ ਪੰਜਾਬ ਵਿੱਚ ਕਈ ਕਰੋੜ ਰੁਪਏ ਦੀ ਡਰੱਗਜ਼ ਦੀ ਖਪਤ ਹਰ ਸਾਲ ਹੋ ਰਹੀ ਹੈ। ਪੰਜਾਬ ਵਿੱਚ ਹਰ ਮਹੀਨੇ 112 ਨੌਜਵਾਨ ਨਸ਼ਿਆਂ ਅੱਗੇ ਆਪਣੀ ਜ਼ਿੰਦਗੀ ਹਾਰ ਰਹੇ ਹਨ। ਇੱਕ ਹੀ ਸੀਰਿੰਜ ਨਾਲ ਡਰੱਗਜ਼ ਲੈਣ ਦੀ ਵਜ੍ਹਾ ਕਾਰਨ ਨੌਜਵਾਨਾਂ ਵਿੱਚ ਐਚ ਆਈ ਵੀ, ਹੈਪੇਟਾਇਟਸ-ਸੀ ਅਤੇ ਹੈਪੇਟਾਇਟਸ-ਬੀ ਵਰਗੀਆ ਬਿਮਾਰੀਆਂ ਵੀ ਤੇਜ਼ੀ ਨਾਲ ਫੈਲ ਰਹੀਆ ਹਨ।ਪੰਜਾਬ ਵਿੱਚ ਐਚ ਆਈ ਵੀ ਦੇ ਮਰੀਜ਼ਾਂ ਦੀ ਗਿਣਤੀ ਵਿੱਚ ਪਿਛਲੇ 5 ਸਾਲਾ ਦੌਰਾਨ 30 ਫੀਸਦੀ ਤੱਕ ਦਾ ਵਾਧਾ ਹੋਇਆ ਹੈ।

ਪੰਜਾਬ ਵਿੱਚੋਂ ਹਰ ਸਾਲ ਕਰੀਬ 45 ਹਜ਼ਾਰ ਵਿਦਿਆਰਥੀਆਂ ਦਾ ਪੜ੍ਹਾਈ ਵੀਜ਼ੇ 'ਤੇ ਬਾਹਰ ਜਾਣ ਪਿੱਛੇ ਉਨ੍ਹਾਂ ਦੇ ਮਾਪਿਆਂ ਦਾ ਇੱਕ ਤਰਕ ਇਹ ਵੀ ਹੈ ਕਿ ਉਨ੍ਹਾਂ ਦੇ ਬੱਚੇ ਨਸ਼ਿਆਂ ਦੀ ਗ੍ਰਿਫ਼ਤ ਤੋਂ ਬਚ ਸਕਣ। ਪਿਛਲੇ 10 ਸਾਲ ਦੇ ਅੰਕੜਿਆਂ ਅਨੁਸਾਰ ਇਕੱਲੇ ਪੰਜਾਬ ਵਿੱਚ ਹੀ 38 ਪ੍ਰਤੀਸ਼ਤ ਤੋਂ ਵਧ 78 ਪ੍ਰਤੀਸ਼ਤ ਨੌਜਵਾਨ ਨਸ਼ਿਆ ਦੀ ਲਪੇਟ ਵਿੱਚ ਆ ਚੁੱਕੇ ਹਨ। ਨੌਜਵਾਨਾਂ ਵਿੱਚ ਇਹ ਰੁਝਾਨ ਮਾਨਸਿਕ ਪਰੇਸ਼ਾਨੀ ਕਾਰਨ ਨਿਰੰਤਰ ਵਧ ਰਿਹਾ ਹੈ। ਰੁਜ਼ਗਾਰ ਦੀ ਵੱਡੀ ਘਾਟ ਇਸ ਦਾ ਮੁੱਖ ਕਾਰਨ ਹੈ । ਨਸ਼ਿਆਂ ਦੀ ਦਲਦਲ 'ਚ ਫਸੇ ਨੌਜਵਾਨ ਵਰਗ ਨੂੰ ਇਸ ਅਲਾਮਤ ਤੋਂ ਮੁਕਤ ਕਰਨ ਦਾ ਦਾਅਵਾ ਕਰਨ ਵਾਲੇ ਅਨੇਕ ਨਸ਼ਾ ਛੁਡਾਊ ਕੇਂਦਰ ਅੱਜ ਹਰ ਗਲੀ-ਮੁਹੱਲੇ ਵਿੱਚ ਖੁੱਲ੍ਹੇ ਦਿਖਾਈ ਦਿੰਦੇ ਹਨ, ਜੋ ਨਸ਼ਿਆਂ ਦੇ ਆਦੀ ਹੋ ਚੁੱਕੇ ਲੋਕਾਂ ਦੀ ਜ਼ਿੰਦਗੀ ਨਾਲ ਵੱਡਾ ਖਿਲਵਾੜ ਕਰ ਰਹੇ ਹਨ ਅਤੇ ਉਨ੍ਹਾਂ ਦਾ ਆਰਥਕ ਸ਼ੋਸਣ ਕਰ ਰਹੇ ਹਨ । ਨੌਜਵਾਨ ਵਰਗ ਦਾ ਲਗਾਤਾਰ ਗਲਤ ਦਿਸ਼ਾ ਵੱਲ ਨੂੰ ਜਾਣਾ ਦੇਸ਼ ਲਈ ਬਿਲਕੁਲ ਵੀ ਸ਼ੁਭ-ਸੰਕੇਤ ਨਹੀ। ਅੱਜ ਦੇਸ਼ ਦੇ ਹਰ ਸੂਬੇ ਦੀ ਸਰਕਾਰ ਵਾਸਤੇ ਇਹ ਵੱਡੀ ਚੁਣੌਤੀ ਹੈ ਕਿ ਉਹ ਆਪਣੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਵੇ, ਜਿਸ ਲਈ ਜ਼ਰੂਰੀ ਹੈ ਕਿ ਸਮੇਂ ਦੀਆਂ ਸਰਕਾਰਾਂ ਨਸ਼ਿਆਂ ਦੀ ਰੋਕਥਾਮ ਲਈ ਵਕਤ ਰਹਿੰਦੇ ਠੋਸ ਕਦਮ ਚੁੱਕਣ, ਤਾਂ ਕਿ ਨਿਰੰਤਰ ਬਰਬਾਦੀ ਵੱਲ ਵਧ ਰਹੇ ਨੌਜਵਾਨ ਵਰਗ ਦੇ ਵੱਡੇ ਹਿੱਸੇ ਨੂੰ ਬਚਾਇਆ ਜਾ ਸਕੇ।

**ਸੰਪਰਕ 94670-95953**

# ਨਿਆਂ ਸੁਧਾਰ ਜਾਂ ਨਿਆਂ ਪ੍ਰਣਾਲੀ ਦਾ ਪੁਨਰਗਠਨ ?

ਭਾਰਤ ਦਾ ਸੰਵਿਧਾਨ ਕੇਵਲ ਇੱਕ ਕਾਨੂੰਨੀ ਦਸਤਾਵੇਜ਼ ਨਹੀਂ, ਸਗੋਂ ਸਮਾਜਿਕ ਨਿਆਂ, ਸਮਾਨਤਾ ਅਤੇ ਮਨੁੱਖੀ ਮਰਿਆਦਾ ਦਾ ਜੀਵੰਤ ਘੋਸ਼ਣਾ-ਪੱਤਰ ਹੈ । ਸੰਵਿਧਾਨ ਨਿਰਮਾਤਾਵਾਂ ਨੇ ਇਹ ਭਲੀ-ਭਾਂਤੀ ਸਮਝ ਲਿਆ ਸੀ ਕਿ ਜੇ ਨਿਆਂ ਸਿਰਫ਼ ਉਹਨਾਂ ਲੋਕਾਂ ਤੱਕ ਸੀਮਿਤ ਰਹਿ ਜਾਵੇ, ਜੋ ਮਹਿੰਗੇ ਵਕੀਲ ਕਰ ਸਕਦੇ ਹਨ, ਤਾਂ ਲੋਕਤੰਤਰ ਦਾ ਅਸਲ ਉਦੇਸ਼ ਅਧੂਰਾ ਰਹਿ ਜਾਵੇਗਾ ।ਭਾਰਤ ਦਾ ਸੰਵਿਧਾਨ ਸਿਰਫ਼ ਨਾਗਰਿਕਾਂ ਨੂੰ ਅਧਿਕਾਰ ਹੀ ਨਹੀਂ ਦਿੰਦਾ, ਸਗੋਂ ਇਹ ਵੀ ਯਕੀਨੀ ਬਣਾਉਂਦਾ ਹੈ ਕਿ ਹਰ ਵਿਅਕਤੀ ਨੂੰ ਨਿਆਂ ਪ੍ਰਾਪਤ ਕਰਨ ਦਾ ਬਰਾਬਰ ਮੌਕਾ ਮਿਲੇ। ਇਹੀ ਕਾਰਨ ਹੈ ਕਿ ਸੰਵਿਧਾਨ ਦੇ ਅਨੁਛੇਦ 39-ਏ ਵਿੱਚ ਰਾਜ ਨੂੰ ਇਹ ਜ਼ਿੰਮੇਵਾਰੀ ਦਿੱਤੀ ਗਈ ਹੈ ਕਿ ਆਰਥਿਕ ਜਾਂ ਸਮਾਜਿਕ ਤੌਰ 'ਤੇ ਕਮਜ਼ੋਰ ਵਿਅਕਤੀ ਵੀ ਨਿਆਂ ਤੋਂ ਵਾਂਝਾ ਨਾ ਰਹੇ ਅਤੇ ਉਸ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਹੋਵੇ।

ਇਸ ਦੇ ਨਾਲ-ਨਾਲ ਅਨੁਛੇਦ 14 (ਕਾਨੂੰਨ ਅੱਗੇ ਸਮਾਨਤਾ) ਅਤੇ ਅਨੁਛੇਦ 21 (ਜੀਵਨ ਅਤੇ ਵਿਅਕਤੀਗਤ ਆਜ਼ਾਦੀ ਦਾ ਅਧਿਕਾਰ) ਵੀ ਨਿਰਪੱਖ ਅਤੇ ਨਿਆਂਪੂਰਨ ਸੁਣਵਾਈ ਦੀ ਗਾਰੰਟੀ ਦਿੰਦੇ ਹਨ । ਇਨ੍ਹਾਂ ਸੰਵਿਧਾਨਕ ਉਦੇਸ਼ਾਂ ਨੂੰ ਅਮਲੀ ਰੂਪ ਦੇਣ ਲਈ ਸੰਸਦ ਨੇ ਮੁਫਤ ਕਾਨੂੰਨੀ ਸੇਵਾਵਾਂ ਅਥਾਰਟੀ ਐਕਟ 1987 ਬਣਾਇਆ, ਜਿਸ ਦੇ ਤਹਿਤ ਕੇਂਦਰੀ, ਰਾਜ ਅਤੇ ਜਿਲ੍ਹਾ ਪੱਧਰ 'ਤੇ ਮੁਫਤ ਕਾਨੂੰਨੀ ਸੇਵਾਵਾਂ ਦੀ ਵਿਵਸਥਾ ਕੀਤੀ ਗਈ।

ਅੱਜ ਜਦੋਂ ਦੇਸ਼ ਵਿੱਚ ਲ਼ੀਗਲ ਏਡ ਡਿਫੈਂਸ ਕੌਂਸਲ ਕਾਰਜ ਯੋਜਨਾ ਡਿਸਪੋਜ਼ਲ ਕੇਸ ਅਤੇ ਪੇਂਡੂ ਨਿਆਂਲਿਆ ਵਰਗੀਆਂ ਨੀਤੀਆਂ 'ਤੇ ਗੰਭੀਰ ਚਰਚਾ ਚੱਲ ਰਹੀ ਹੈ, ਤਾਂ ਇਹ ਜ਼ਰੂਰੀ ਹੋ ਜਾਂਦਾ ਹੈ ਕਿ ਅਸੀਂ ਇਸ ਬਹਿਸ ਨੂੰ ਭਾਵਨਾਵਾਂ ਦੀ ਥਾਂ ਸੰਵਿਧਾਨਕ ਸਿਧਾਂਤਾਂ ਦੀ ਕਸੌਟੀ 'ਤੇ ਪਰਖੀਏ ।ਪੰਜਾਬ ਦੀਆਂ ਬਾਰ ਐਸੋਸੀਏਸ਼ਨਾਂ ਵਿੱਚ ਇੱਕ ਗੰਭੀਰ ਚਰਚਾ ਛਿੜੀ ਹੋਈ ਹੈ। ਸੀਨੀਅਰ ਐਡਵੋਕੇਟ ਸੁਵੀਰ ਸਿੱਧੂ ਮੈਂਬਰ ਬਾਰ ਕੌਂਸਲ ਵੱਲੋਂ ਜਾਰੀ ਖੁੱਲ੍ਹੇ ਪੱਤਰ ਨੇ ਇਸ ਬਹਿਸ ਨੂੰ ਹੋਰ ਤੇਜ਼ ਕਰ ਦਿੱਤਾ ਹੈ।

**ਕੀ ਹੈ ਲੀਗਲ ਏਡ ਡਿਫੈਂਸ ਕੌਂਸਲ ?**

ਲੀਗਲ ਏਡ ਡਿਫੈਂਸ ਕੌਂਸਲ ਦਾ ਮੂਲ ਉਦੇਸ਼ ਇਹ ਹੈ ਕਿ ਹਰ ਦੋਸ਼ੀ ਨੂੰ ਆਪਣੀ ਗੱਲ ਕਹਿਣ ਹਿੱਤ ਸਮਰਪਿਤ ਅਤੇ ਤਜਰਬੇਕਾਰ ਡਿਫੈਂਸ ਕਾਊਂਸਲਰ ਮਿਲ ਸਕਣ। ਇਸ ਦਾ ਉਦੇਸ਼ ਮੁਫ਼ਤ ਕਾਨੂੰਨੀ ਸਹਾਇਤਾ ਦੀ ਗੁਣਵੱਤਾ ਅਤੇ ਜਵਾਬਦੇਹੀ ਵਧਾਉਣਾ ਹੈ । ਸੰਵਿਧਾਨਕ ਨਜ਼ਰੀਏ ਤੋਂ ਇਹ ਭਾਰਤੀ ਸੰਵਿਧਾਨ ਦੇ ਅੁਨਛੇਦ 39-ਏ ਦੀ ਭਾਵਨਾ ਨਾਲ ਮੇਲ ਖਾਂਦਾ ਹੈ, ਪਰ ਇਸ ਦੇ ਸੰਬੰਧ ਵਿੱਚ ਬਾਰ ਐਸੋਸੀਏਸ਼ਨਾਂ ਦੀ ਚਿੰਤਾ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ ।

ਜੇਕਰ ਵੱਖ-ਵੱਖ ਅਦਲਾਤਾਂ ਵਿੱਚ ਚਲ ਰਹੇ 700 ਦੇ ਕਰੀਬ ਕੇਸ 4-5 ਲੀਗਲ ਡਿਫੈਂਸ ਕੌਂਸਲ ਨੂੰ ਦਿੱਤੇ ਜਾਣਗੇ ਤਾਂ ਇਸ ਨਾਲ ਨਾ ਕੇਵਲ ਕੰਮ ਦਾ ਬੋਝ ਵਧੇਗਾ, ਬਲਕਿ ਕੰਮ ਦੀ ਗੁਣਵੱਤਾ 'ਤੇ ਵੀ ਪ੍ਰਭਾਵ ਪਵੇਗਾ।



ਡਾ. ਸੰਦੀਪ ਘੰਡ

**ਕਾਰਜ-ਯੋਜਨਾ ਅਤੇ ਕੇਸਾਂ ਦੇ ਫੈਸਲੇ ਦਾ ਟੀਚਾ**

ਦੇਸ਼ ਦੀਆਂ ਅਦਾਲਤਾਂ ਵਿੱਚ ਲੰਬਿਤ ਕੇਸਾਂ ਦੀ ਵੱਡੀ ਗਿਣਤੀ ਇੱਕ ਹਕੀਕਤ ਹੈ। ਇਸ ਨੂੰ ਘਟਾਉਣ ਲਈ ਕਾਰਗੁਜ਼ਾਰੀ ਦੀ ਨਿਗਰਾਨੀ ਅਤੇ ਕੇਸਾਂ ਦੇ ਤੇਜ਼ ਨਿਪਟਾਰੇ ਦੀ ਪ੍ਰਣਾਲੀ ਲਿਆਂਦੀ ਗਈ ਹੈ।

ਪਰ ਇੱਕ ਹੋਰ ਸਵਾਲ ਵੀ ਉਠਦਾ ਹੈ—

ਕੀ ਨਿਆਂ ਦੀ ਗੁਣਵੱਤਾ ਨੂੰ ਕੇਸਾਂ ਦੀ ਗਿਣਤੀ ਨਾਲ ਮਾਪਿਆ ਜਾ ਸਕਦਾ ਹੈ ?

ਜੇ ਜੱਜਾਂ ਅਤੇ ਵਕੀਲਾਂ ਉੱਤੇ ਸਿਰਫ਼ ਨਿਪਟਾਰੇ ਦਾ ਦਬਾਅ ਹੋਵੇ, ਤਾਂ ਕਿਤੇ ਐਸਾ ਨਾ ਹੋਵੇ ਕਿ ਗਵਾਹਾਂ ਦੀ ਜਿਰ੍ਹਾ, ਕਾਨੂੰਨੀ ਦਲੀਲਾਂ ਅਤੇ ਨਿਰਪੱਖ ਸੁਣਵਾਈ ਪ੍ਰਭਾਵਤ ਨਾ ਹੋਣ । ਨਿਆਂ ਦੀ ਗਤੀ ਜ਼ਰੂਰੀ ਹੈ, ਪਰ ਨਿਆਂ ਦੀ ਗੁਣਵੱਤਾ ਉਸ ਤੋਂ ਵੀ ਵੱਧ ਮਹੱਤਵਪੂਰਨ ਹੈ।

**ਗ੍ਰਾਮ ਨਿਆਂ ਲਿਆਂ ਦੀ ਧਾਰਨਾ**

ਇਸ ਦਾ ਮਕਸਦ ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਨੇੜੇ ਤੇਜ਼ ਅਤੇ ਸਸਤਾ ਨਿਆਂ ਪ੍ਰਦਾਨ ਕਰਨਾ ਸੀ।ਇਹ ਵਿਚਾਰ ਆਪਣੇ ਆਪ ਵਿੱਚ ਲੋਕ-ਹਿਤਕਾਰੀ ਹੈ,ਪਰ ਅਮਲ ਵਿੱਚ ਕਈ ਰਾਜਾਂ ਵਿੱਚ ਗ੍ਰਾਮ ਨਿਆਂਲਿਆਂ ਨੂੰ ਉਹ ਸਫ਼ਲਤਾ ਨਹੀਂ ਮਿਲੀ, ਜਿਸ ਦੀ ਉਮੀਦ ਕੀਤੀ ਗਈ ਸੀ। ਇਸ ਲਈ ਇਹ ਜਾਇਜ਼ ਸਵਾਲ ਹੈ ਕਿ ਕੀ ਪਹਿਲਾਂ ਮੌਜੂਦਾ ਜ਼ਿਲ੍ਹਾ ਅਦਾਲਤਾਂ ਨੂੰ ਹੋਰ ਮਜ਼ਬੂਤ ਬਣਾਇਆ ਜਾਵੇ ਜਾਂ ਨਵੀਆਂ ਸਮਾਨਾਂਤਰ ਸੰਸਥਾਵਾਂ ਦਾ ਵਿਸਥਾਰ ਕੀਤਾ ਜਾਵੇ ?

**ਸੁਤੰਤਰ ਬਾਰ - ਲੋਕਤੰਤਰ ਦੀ ਤਾਕਤ**

ਇੱਕ ਸੁਤੰਤਰ ਨਿਆਂ ਪਾਲਿਕਾ ਤਦੋਂ ਹੀ ਪ੍ਰਭਾਵਸ਼ਾਲੀ ਹੋ ਸਕਦੀ ਹੈ, ਜਦੋਂ ਵਕਾਲਤ ਵੀ ਸੁਤੰਤਰ, ਆਰਥਿਕ ਤੌਰ 'ਤੇ ਸਮਰੱਥ ਅਤੇ ਪੇਸ਼ੇਵਰ ਤੌਰ 'ਤੇ ਮਜ਼ਬੂਤ ਹੋਵੇ।ਵਕੀਲ ਕੇਵਲ ਆਪਣੇ ਮੁਅੱਕਲ ਦੇ ਪ੍ਰਤੀਨਿਧੀ ਨਹੀਂ ਹੁੰਦੇ, ਸਗੋਂ ਉਹ ਨਿਆਂ ਪ੍ਰਣਾਲੀ ਦੇ ਅਹਿਮ ਸਤੰਭ ਹਨ। ਇਸ ਲਈ ਅਜਿਹੇ ਕਿਸੇ ਵੀ ਸੁਧਾਰ, ਜੋ ਸਿੱਧੇ ਤੌਰ 'ਤੇ ਵਕਾਲਤ ਦੇ ਢਾਂਚੇ ਨੂੰ ਪ੍ਰਭਾਵਤ ਕਰਦਾ ਹੋਵੇ, ਨੂੰ ਲਾਗੂ ਕਰਨ ਤੋਂ ਪਹਿਲਾਂ ਬਾਰ ਕੌਂਸਲਾਂ, ਬਾਰ ਐਸੋਸੀਏਸ਼ਨਾਂ, ਨਿਆਂ ਪਾਲਿਕਾ ਅਤੇ ਸਰਕਾਰ ਵਿਚਕਾਰ ਵਿਆਪਕ ਵਿਚਾਰ-ਵਟਾਂਦਰਾ ਹੋਣਾ ਚਾਹੀਦਾ ਹੈ।

**ਬਹਿਸ ਦਾ ਅਸਲ ਕੇਂਦਰ**

ਮੌਜੂਦਾ ਚਰਚਾ ਦਾ ਕੇਂਦਰ ਇਹ ਨਹੀਂ ਕਿ ਗਰੀਬਾਂ ਨੂੰ ਕਾਨੂੰਨੀ ਸਹਾਇਤਾ ਮਿਲਣੀ ਚਾਹੀਦੀ ਹੈ ਜਾਂ ਨਹੀਂ। ਇਸ ਬਾਰੇ ਕੋਈ ਦੋ ਰਾਵਾਂ ਨਹੀਂ ਹੋ ਸਕਦੀਆਂ। ਅਸਲ ਸਵਾਲ ਇਹ ਹੈ ਕਿ ਕਾਨੂੰਨੀ ਸਹਾਇਤਾ ਦੇਣ ਦਾ ਸਭ ਤੋਂ ਪ੍ਰਭਾਵਸ਼ਾਲੀ ਅਤੇ ਸੰਵਿਧਾਨਕ ਤੌਰ 'ਤੇ ਸੰਤੁਲਿਤ ਮਾਡਲ ਕਿਹੜਾ ਹੋਵੇ ? ਕੀ ਸੁਧਾਰਾਂ ਨਾਲ ਨਿਆਂ ਤੱਕ ਪਹੁੰਚ ਹੋਰ ਮਜ਼ਬੂਤ ਹੋ ਰਹੀ ਹੈ ਜਾਂ ਕਿਤੇ ਅਣਜਾਣੇ ਵਿੱਚ ਵਕਾਲਤ ਦੀ ਸੁਤੰਤਰਤਾ ਅਤੇ ਨਿਆਂ ਪ੍ਰਣਾਲੀ ਦੇ ਸੰਤੁਲਨ 'ਤੇ ਪ੍ਰਭਾਵ ਤਾਂ ਨਹੀਂ ਪੈ ਰਿਹਾ ?

ਨਿਆਂ ਦੀ ਅਸਲ ਤਾਕਤ ਕੇਵਲ ਕਾਨੂੰਨਾਂ ਵਿੱਚ ਨਹੀਂ, ਸਗੋਂ ਉਨ੍ਹਾਂ ਸੰਸਥਾਵਾਂ ਦੀ ਸੁਤੰਤਰਤਾ ਅਤੇ ਲੋਕਾਂ ਦੇ ਭਰੋਸੇ ਵਿੱਚ ਵਸਦੀ ਹੈ, ਜੋ ਉਨ੍ਹਾਂ ਕਾਨੂੰਨਾਂ ਨੂੰ ਜੀਵੰਤ ਬਣਾਉਂਦੀਆਂ ਹਨ।ਲੀਗਲ ਏਡ ਡਿਫੈਂਸ ਕੌਂਸਲ ਦੇ ਸਮਰਥਕ ਕਹਿੰਦੇ ਹਨ ਕਿ ਪੁਰਾਣੀ ਪ੍ਰਣਾਲੀ ਵਿੱਚ ਹਰ ਵਕੀਲ ਦੀ ਗੁਣਵੱਤਾ ਇੱਕੋ ਜਿਹੀ ਨਹੀਂ ਹੁੰਦੀ ਸੀ। ਕਈ ਵਾਰ ਲੀਗਲ ਏਡ ਦੇ ਕੇਸਾਂ ਨੂੰ ਘੱਟ ਤਰਜੀਹ ਮਿਲਦੀ ਸੀ, ਕਿਉਂਕਿ ਵਕੀਲ ਨਿੱਜੀ ਕੇਸਾਂ ਵਿੱਚ ਵੀ ਵਿਅਸਤ ਹੁੰਦੇ ਸਨ।

ਉਨ੍ਹਾਂ ਦੇ ਅਨੁਸਾਰ ਪੂਰਨ-ਕਾਲਿਕ ਡਿਫੈਂਸ ਕਾਊਂਸਲ ਪ੍ਰਣਾਲੀ ਨਾਲ—

ਲੋੜਵੰਦ ਵਿਅਕਤੀ ਨੂੰ ਤੁਰੰਤ ਵਕੀਲ ਮਿਲਦਾ ਹੈ।

ਕੇਸਾਂ ਦੀ ਨਿਰੰਤਰ ਨਿਗਰਾਨੀ ਸੰਭਵ ਹੁੰਦੀ ਹੈ।

ਵਿਸ਼ੇਸ਼ ਤਾਲੀਮ ਪ੍ਰਾਪਤ ਵਕੀਲਾਂ ਰਾਹੀਂ ਬਿਹਤਰ ਬਚਾਅ ਯਕੀਨੀ ਬਣਾਇਆ ਜਾ ਸਕਦਾ ਹੈ।

ਲੀਗਲ ਏਡ ਸੇਵਾਵਾਂ ਦੀ ਗੁਣਵੱਤਾ ਦਾ ਮੁਲਾਂਕਣ ਕਰਨਾ ਆਸਾਨ ਹੁੰਦਾ ਹੈ।

ਇਹ ਤਰਕ ਨੀਤੀ ਦੇ ਪ੍ਰਸ਼ਾਸਨਿਕ ਪੱਖ ਨੂੰ ਮਜ਼ਬੂਤ ਕਰਦੇ ਹਨ।

**ਬਾਰ ਐਸੋਸੀਏਸ਼ਨਾਂ ਦੀਆਂ ਚਿੰਤਾਵਾਂ**

ਦੂਜੇ ਪਾਸੇ ਬਾਰ ਐਸੋਸੀਏਸ਼ਨਾਂ ਦਾ ਕਹਿਣਾ ਹੈ ਕਿ ਸੁਧਾਰ ਦਾ ਅਰਥ ਇਹ ਨਹੀਂ ਹੋਣਾ ਚਾਹੀਦਾ ਕਿ ਪੂਰੀ ਪ੍ਰਣਾਲੀ ਕੁਝ ਨਿਯੁਕਤ ਵਕੀਲਾਂ ਤੱਕ ਸੀਮਿਤ ਹੋ ਜਾਵੇ।

ਉਨ੍ਹਾਂ ਦੀਆਂ ਮੁੱਖ ਚਿੰਤਾਵਾਂ ਇਹ ਹਨ—

ਪਹਿਲੀ, ਜੇ ਲੀਗਲ ਏਡ ਦਾ ਵੱਡਾ ਹਿੱਸਾ ਕੁਝ ਪੂਰਨ-ਕਾਲਿਕ ਵਕੀਲਾਂ ਨੂੰ ਹੀ ਦਿੱਤਾ ਜਾਵੇਗਾ, ਤਾਂ ਨਵੇਂ ਅਤੇ ਜੂਨੀਅਰ ਵਕੀਲਾਂ ਲਈ ਅਦਾਲਤੀ ਤਜਰਬੇ ਦੇ ਮੌਕੇ ਘਟ ਸਕਦੇ ਹਨ।

ਦੂਜੀ, ਜ਼ਿਲ੍ਹਾ ਬਾਰਾਂ ਦੀ ਆਰਥਿਕ ਮਜ਼ਬੂਤੀ ਪ੍ਰਭਾਵਤ ਹੋ ਸਕਦੀ ਹੈ। ਛੋਟੇ ਸ਼ਹਿਰਾਂ ਵਿੱਚ ਕਈ ਨੌਜਵਾਨ ਵਕੀਲਾਂ ਲਈ ਲੀਗਲ ਏਡ ਦੇ ਕੇਸ ਹੀ ਪੇਸ਼ੇ ਦੀ ਸ਼ੁਰੂਆਤ ਦਾ ਆਧਾਰ ਬਣਦੇ ਹਨ।

ਤੀਜੀ, ਅਪਰਾਧਿਕ ਬਚਾਅ ਪ੍ਰਣਾਲੀ ਦੀ ਸੁਤੰਤਰਤਾ ਬਾਰੇ ਇੱਕ ਧਾਰਨਾ ਦਾ ਸਵਾਲ ਵੀ ਉੱਠਦਾ ਹੈ। ਭਾਵੇਂ ਲੀਗਲ ਡਿਫੈਂਸ ਕੌਂਸਲ ਦਾ ਪ੍ਰਬੰਧ ਪੁਲਸ ਨਹੀਂ ਕਰਦੀ, ਫਿਰ ਵੀ ਕੁਝ ਵਕੀਲਾਂ ਦਾ ਮੰਨਣਾ ਹੈ ਕਿ ਡਿਫੈਂਸ ਸਿਸਟਮ ਦੀ ਸੰਸਥਾਗਤ ਬਣਤਰ ਅਜਿਹੀ ਹੋਣੀ ਚਾਹੀਦੀ ਹੈ, ਜਿਸ ਨਾਲ ਉਸ ਦੀ ਪੂਰੀ ਸੁਤੰਤਰਤਾ 'ਤੇ ਕੋਈ ਸ਼ੱਕ ਨਾ ਰਹੇ।

**ਕੀ ਵਿਚਕਾਰਲਾ ਰਾਹ ਸੰਭਵ ਹੈ ?**

ਵਕੀਲ ਸਿਰਫ਼ ਆਪਣੇ ਮੁਅੱਕਲ ਦੀ ਨੁਮਾਇੰਦਗੀ ਨਹੀਂ ਕਰਦੇ, ਸਗੋਂ ਅਦਾਲਤ ਦੇ ਅਧਿਕਾਰੀ ਵਜੋਂ ਨਿਆਂ ਦੀ ਪ੍ਰਕਿਰਿਆ ਦਾ ਅਹਿਮ ਹਿੱਸਾ ਹੁੰਦੇ ਹਨ। ਜੇ ਜ਼ਿਲ੍ਹਾ ਪੱਧਰ ਦੀ ਵਕਾਲਤ ਕਮਜ਼ੋਰ ਹੁੰਦੀ ਹੈ ਤਾਂ ਲੰਮੇ ਸਮੇਂ ਵਿੱਚ ਇਸ ਦਾ ਪ੍ਰਭਾਵ ਨਿਆਂ ਦੀ ਗੁਣਵੱਤਾ 'ਤੇ ਵੀ ਪੈ ਸਕਦਾ ਹੈ।ਇਸੇ ਲਈ ਕਿਸੇ ਵੀ ਸੁਧਾਰ ਵਿੱਚ ਬਾਰ ਦੀ ਭਾਗੀਦਾਰੀ ਸਿਰਫ਼ ਰਸਮੀ ਨਹੀਂ, ਸਗੋਂ ਅਰਥਪੂਰਨ ਹੋਣੀ ਚਾਹੀਦੀ ਹੈ।

ਇਹ ਵੀ ਓਨਾ ਹੀ ਸੱਚ ਹੈ ਕਿ ਨਿਆਂ ਪ੍ਰਣਾਲੀ ਸਿਰਫ਼ ਵਕੀਲਾਂ ਦੇ ਹਿੱਤਾਂ ਲਈ ਨਹੀਂ ਚੱਲ ਸਕਦੀ। ਇਸ ਦਾ ਪਹਿਲਾ ਫਰਜ਼ ਆਮ ਨਾਗਰਿਕ ਪ੍ਰਤੀ ਹੈ।

ਇਸ ਲਈ ਬਾਰ ਐਸੋਸੀਏਸ਼ਨਾਂ ਦੀਆਂ ਚਿੰਤਾਵਾਂ ਨਿਆਂ ਦੀ ਗੁਣਵੱਤਾ, ਸੁਤੰਤਰ ਵਕਾਲਤ ਅਤੇ ਸੰਵਿਧਾਨਕ ਸੰਤੁਲਨ ਨਾਲ ਜੁੜੀਆਂ ਹਨ ਜਾਂ ਕੇਵਲ ਪੇਸ਼ੇਵਰ ਹਿੱਤਾਂ ਨਾਲ। ਇਸ ਦਾ ਜਵਾਬ ਤੱਥਾਂ, ਖੋਜ ਅਤੇ ਸੰਵਾਦ ਰਾਹੀਂ ਹੀ ਮਿਲ ਸਕਦਾ ਹੈ।

**ਅੱਗੇ ਦਾ ਰਾਹ: ਟਕਰਾਅ ਨਹੀਂ, ਸੰਵਾਦ**

ਇਸ ਪੂਰੀ ਬਹਿਸ ਦਾ ਹੱਲ ਟਕਰਾਅ ਵਿੱਚ ਨਹੀਂ, ਸਗੋਂ ਸੰਵਾਦ ਵਿੱਚ ਹੈ।

ਮੇਰੇ ਵਿਚਾਰ ਵਿੱਚ ਹੇਠ ਲਿਖੇ ਸੁਝਾਵਾਂ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾ ਸਕਦਾ ਹੈ—

1. ਲੀਗਲ ਏਡ ਡਿਫੈਂਸ ਕੌਂਸਲ ਦੀ ਸੁਤੰਤਰ ਮੁਲਾਂਕਣ ਕਮੇਟੀ ਬਣਾਈ ਜਾਵੇ, ਜਿਸ ਵਿੱਚ ਨਿਆਂ ਪਾਲਿਕਾ, ਮੁਫਤ ਕਾਨੂੰਨੀ ਸੇਵਾਵਾਂ ਅਥਾਰਟੀ, ਬਾਰ ਕੌਂਸਲ ਅਤੇ ਬਾਰ ਐਸੋਸੀਏਸ਼ਨਾਂ ਦੇ ਪ੍ਰਤੀਨਿਧੀ ਸ਼ਾਮਲ ਹੋਣ।
2. ਹਾਈਬ੍ਰਿਡ ਮਾਡਲ ਅਪਣਾਇਆ ਜਾਵੇ, ਜਿਸ ਵਿੱਚ ਪੂਰੇ ਸਮੇਂ ਦੇ ਡਿਫੈਂਸ ਕੌਂਸਲ ਦੇ ਨਾਲ ਯੋਗ ਪੈਨਲ ਵਕੀਲਾਂ ਨੂੰ ਵੀ ਮੌਕੇ ਦਿੱਤੇ ਜਾਣ।
3. ਨੌਜਵਾਨ ਵਕੀਲਾਂ ਲਈ ਵਿਸ਼ੇਸ਼ ਸਿਖਲਾਈ ਅਤੇ ਮੈਨਟਰਸ਼ਿਪ ਪ੍ਰੋਗਰਾਮ ਸ਼ੁਰੂ ਕੀਤੇ ਜਾਣ, ਤਾਂ ਜੋ ਕਾਨੂੰਨੀ ਸਹਾਇਤਾ ਪੇਸ਼ੇਵਰ ਵਿਕਾਸ ਦਾ ਵੀ ਸਾਧਨ ਬਣੇ।
4. ਕਾਰਜ-ਯੋਜਨਾ ਰਾਹੀਂ ਕੇਸਾਂ ਦੇ ਨਿਪਟਾਰੇ ਵਿੱਚ ਗੁਣਵੱਤਾ ਪੈਮਾਨੇ ਵੀ ਸ਼ਾਮਲ ਕੀਤੇ ਜਾਣ, ਜਿਵੇਂ ਫ਼ੈਸਲਿਆਂ ਦੀ ਗੁਣਵੱਤਾ, ਸੁਣਵਾਈ ਦਾ ਸਮਾਂ, ਪੱਖਕਾਰਾਂ ਦੀ ਸੰਤੁਸ਼ਟੀ ਅਤੇ ਅਪੀਲ ਵਿੱਚ ਫ਼ੈਸਲੇ ਦੀ ਸਥਿਤੀ।
5. ਗ੍ਰਾਮ ਨਿਆਂਲਿਆ ਦਾ ਵਿਸਥਾਰ ਕਰਨ ਤੋਂ ਪਹਿਲਾਂ ਰਾਜ-ਵਾਰ ਅਧਿਐਨ ਕੀਤਾ ਜਾਵੇ ਕਿ ਮੌਜੂਦਾ ਜ਼ਿਲ੍ਹਾ ਅਦਾਲਤਾਂ ਨੂੰ ਮਜ਼ਬੂਤ ਕਰਨਾ ਜ਼ਿਆਦਾ ਪ੍ਰਭਾਵਸ਼ਾਲੀ ਹੋਵੇਗਾ ਜਾਂ ਨਵੀਂਆਂ ਸੰਸਥਾਵਾਂ ਬਣਾਉਣਾ।
6. ਹਰ ਵੱਡੇ ਨਿਆਂਇਕ ਸੁਧਾਰ ਤੋਂ ਪਹਿਲਾਂ ਬਾਰ ਐਸੋਸੀਏਸ਼ਨਾਂ ਨਾਲ ਸੰਸਥਾਗਤ ਸਲਾਹ-ਮਸ਼ਵਰਾ ਲਾਜ਼ਮੀ ਕੀਤਾ ਜਾਵੇ।

ਭਾਰਤ ਦੀ ਨਿਆਂ ਪ੍ਰਣਾਲੀ ਦੁਨੀਆ ਦੀਆਂ ਸਭ ਤੋਂ ਵੱਡੀਆਂ ਨਿਆਂਇਕ ਪ੍ਰਣਾਲੀਆਂ ਵਿੱਚੋਂ ਇੱਕ ਹੈ। ਇਸ ਦੀਆਂ ਚੁਣੌਤੀਆਂ ਵੀ ਵੱਡੀਆਂ ਹਨ ਅਤੇ ਸੁਧਾਰਾਂ ਦੀ ਲੋੜ ਵੀ ਅਟੱਲ ਹੈ।

ਪਰ ਸੁਧਾਰਾਂ ਦਾ ਉਦੇਸ਼ ਕੇਵਲ ਕੇਸਾਂ ਦੀ ਗਿਣਤੀ ਘਟਾਉਣਾ ਨਹੀਂ ਹੋ ਸਕਦਾ। ਉਨ੍ਹਾਂ ਦਾ ਉਦੇਸ਼ ਨਿਆਂ ਨੂੰ ਹੋਰ ਸੁਲਭ, ਹੋਰ ਨਿਰਪੱਖ ਅਤੇ ਹੋਰ ਭਰੋਸੇਯੋਗ ਬਣਾਉਣਾ ਹੋਣਾ ਚਾਹੀਦਾ ਹੈ, ਅੱਜ ਲੋੜ ਇਸ ਗੱਲ ਦੀ ਨਹੀਂ ਕਿ ਅਸੀਂ ਸੁਧਾਰਾਂ ਦੇ ਹੱਕ ਜਾਂ ਵਿਰੋਧ ਵਿੱਚ ਖੜ੍ਹੇ ਹੋਈਏ। ਲੋੜ ਇਸ ਗੱਲ ਦੀ ਹੈ ਕਿ ਅਸੀਂ ਅਜਿਹੇ ਸੁਧਾਰਾਂ ਦਾ ਸਮਰਥਨ ਕਰੀਏ, ਜੋ ਸੰਵਿਧਾਨ ਦੀ ਮੂਲ ਭਾਵਨਾ, ਸੁਤੰਤਰ ਨਿਆਂ ਪਾਲਿਕਾ, ਸੁਤੰਤਰ ਬਾਰ ਅਤੇ ਆਮ ਨਾਗਰਿਕ ਦੇ ਨਿਆਂ ਦੇ ਅਧਿਕਾਰ—ਇਨ੍ਹਾਂ ਚਾਰਾਂ ਵਿਚਕਾਰ ਸੰਤੁਲਨ ਕਾਇਮ ਰੱਖਣ।

ਇੱਕ ਮਜ਼ਬੂਤ ਲੋਕਤੰਤਰ ਦੀ ਪਹਿਚਾਣ ਕੇਵਲ ਚੰਗੇ ਕਾਨੂੰਨਾਂ ਨਾਲ ਨਹੀਂ ਹੁੰਦੀ, ਅਜਿਹੀਆਂ ਸੰਸਥਾਵਾਂ ਨਾਲ ਹੁੰਦੀ ਹੈ, ਜੋ ਲੋਕਾਂ ਦਾ ਭਰੋਸਾ ਜਿੱਤਣ। ਇਹ ਭਰੋਸਾ ਉਦੋਂ ਹੀ ਬਣਿਆ ਰਹੇਗਾ, ਜਦੋਂ ਨਿਆਂ ਪ੍ਰਣਾਲੀ ਦੇ ਹਰ ਸੁਧਾਰ ਦਾ ਕੇਂਦਰ ਸੰਵਿਧਾਨ ਹੋਵੇਗਾ, ਨਾ ਕਿ ਕੇਵਲ ਪ੍ਰਸ਼ਾਸਨਿਕ ਸੁਵਿਧਾ।

**# ਸੰਪਰਕ : 94782-31000**

# ਦਿਨ-ਦਿਹਾੜੇ ਹੋਏ ਕਤਲ ਦੀ ਗੁੱਥੀ ਮਹਿਜ਼ 2 ਘੰਟਿਆਂ 'ਚ ਸੁਲਝਾਈ

## ਮੁੱਖ ਮੁਲਜ਼ਮ ਹਥਿਆਰਾਂ ਤੇ ਨਕਦੀ ਸਣੇ ਕਾਬੂ



ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)

ਜ਼ਿਲ੍ਹਾ ਫ਼ਰੀਦਕੋਟ ਦੇ ਮੁਹੱਲਾ ਜਾਨੀਆ ਵਿਖੇ ਦਿਨ-ਦਿਹਾੜੇ ਇੱਕ ਘਰ ਵਿੱਚ ਦਾਖਲ ਹੋ ਕੇ ਬੇਰਹਿਮੀ ਨਾਲ ਕੀਤੇ ਗਏ ਮਹਿਲਾ ਦੇ ਕਤਲ ਦੇ ਮਾਮਲੇ ਨੂੰ ਫਰੀਦਕੋਟ ਪੁਲਸ ਨੇ ਮਹਿਜ਼ 2 ਘੰਟਿਆਂ ਦੇ ਅੰਦਰ-ਅੰਦਰ ਟਰੇਸ ਕਰਕੇ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਪੁਲਸ ਨੇ ਮੁਲਜ਼ਮ ਕੋਲੋਂ ਵਾਰਦਾਤ ਵਿੱਚ ਵਰਤੇ ਹਥਿਆਰ ਤੇ ਲੁੱਟੀ ਗਈ ਨਕਦੀ ਵੀ ਬਰਾਮਦ ਕਰ ਲਈ ਹੈ।

ਸ਼ਿਕਾਇਤਕਰਤਾ ਪ੍ਰਦੀਪ ਕਾਲੜਾ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਹ ਰੋਜ਼ਾਨਾ ਵਾਂਗ ਸਵੇਰੇ 07:30 ਵਜੇ ਆਪਣੀ ਡਿਊਟੀ 'ਤੇ ਚਲਾ ਗਿਆ ਸੀ ਤੇ ਉਸ ਦੀਆਂ ਦੋਵੇਂ ਧੀਆਂ ਸਕੂਲ ਗਈਆਂ ਸਨ।ਘਰ ਵਿੱਚ ਉਸ ਦੀ ਪਤਨੀ ਨੀਤੂ ਇਕੱਲੀ ਸੀ।ਜਦੋਂ ਉਹ ਦੁਪਹਿਰ ਵਕਤ 02:10 ਵਜੇ ਘਰ ਵਾਪਸ ਆਇਆ ਤਾਂ ਉਸ ਦੀ ਪਤਨੀ ਨੇ ਦਰਵਾਜ਼ਾ ਨਹੀਂ ਖੋਲ੍ਹਿਆ।ਸ਼ੱਕ ਪੈਣ 'ਤੇ ਜਦੋਂ ਉਹ ਆਪਣੀ ਭਰਜਾਈ ਮੀਰਾ ਨਾਲ ਅੰਦਰ ਗਿਆ ਤਾਂ ਉਸ ਦੀ ਪਤਨੀ ਬੈੱਡ 'ਤੇ ਬੇਹੱਦ ਖੂਨ ਨਾਲ ਲੱਥਪੱਥ ਮ੍ਰਿਤਕ ਹਾਲਤ ਵਿੱਚ ਪਈ ਸੀ।ਇਸ ਦੇ ਨਾਲ ਹੀ ਅਲਮਾਰੀ ਦੇ ਦਰਾਜ਼ ਵਿੱਚ ਰੱਖੇ 44,000 ਰੁਪਏ ਵੀ ਗਾਇਬ ਸਨ।

ਪ੍ਰਦੀਪ ਕਾਲੜਾ ਨੇ ਦੱਸਿਆ ਕਿ ਮੁਹੱਲੇ ਦਾ ਹੀ ਰਹਿਣ ਵਾਲਾ ਪ੍ਰੇਮ ਚੰਦ ਅਕਸਰ ਉਨ੍ਹਾਂ ਦੇ ਘਰ ਆਉਂਦਾ-ਜਾਂਦਾ ਸੀ ਤੇ ਪਹਿਲਾਂ ਵੀ ਨਿੱਕੀ-ਮੋਟੀ ਚੋਰੀ ਕਰਦਾ ਸੀ, ਜਿਸ ਨੂੰ ਉਸ ਦੀ ਪਤਨੀ ਟੋਕਦੀ ਸੀ।ਗੁਆਂਢੀ ਭੂਸ਼ਣ ਕੁਮਾਰ ਵੱਲੋਂ ਦੁਪਹਿਰ ਸਮੇਂ ਪ੍ਰੇਮ ਚੰਦ ਨੂੰ ਉਨ੍ਹਾਂ ਦੇ ਘਰੋਂ ਤੇਜ਼ ਕਦਮੀਂ ਬਾਹਰ ਨਿਕਲਦੇ ਦੇਖਿਆ ਗਿਆ ਸੀ, ਜਿਸ ਤੋਂ ਬਾਅਦ ਪੁਲਸ ਨੂੰ ਸ਼ੱਕੀ ਬਾਰੇ ਪਤਾ ਲੱਗਾ।ਐੱਸ.ਐੱਸ.ਪੀ. ਸ੍ਰੀ ਗੁਰਬੇਸ ਸਿੰਘ ਬੈਂਸ ਦੀ ਅਗਵਾਈ, ਐੱਸ ਪੀ (ਇਨਵੈਸਟੀਗੇਸ਼ਨ) ਸ੍ਰੀ ਜੋਗੇਸ਼ਵਰ ਸਿੰਘ ਗੋਰਾਇਆ ਦੀ ਰਹਿਨੁਮਾਈ ਤੇ ਡੀ.ਐੱਸ.ਪੀ (ਸਬ-ਡਵੀਜ਼ਨ) ਸ੍ਰੀ ਤਰਲੋਚਨ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਐਕਸ਼ਨ ਵਿੱਚ ਆਈ ਪੁਲਸ ਟੀਮ ਨੇ ਫੌਰੀ ਕਾਰਵਾਈ ਕਰਦਿਆਂ ਨਾਕਾਬੰਦੀ ਕਰਕੇ ਮੁੱਖ ਮੁਲਜ਼ਮ ਪ੍ਰੇਮ ਚੰਦ ਪੁੱਤਰ ਬਦਰੀ ਨਾਥ (ਵਾਸੀ ਸੇਚੀਆਂ ਵਾਲੀ ਗਲੀ, ਮੁਹੱਲਾ ਜਾਨੀਆ, ਫਰੀਦਕੋਟ) ਨੂੰ ਵਾਰਦਾਤ ਦੇ ਮਹਿਜ਼ 2 ਘੰਟਿਆਂ ਅੰਦਰ ਹੀ ਗ੍ਰਿਫ਼ਤਾਰ ਕਰ ਲਿਆ।ਮੁਲਜ਼ਮ ਖਿਲਾਫ ਮੁਕੱਦਮਾ ਨੰਬਰ 334, ਮਿਤੀ 13-07-2026 ਧਾਰਾਵਾਂ 103, 305, 333 ਬੀ.ਐੱਨ.ਐੱਸ. ਤਹਿਤ ਥਾਣਾ ਸਿਟੀ ਫਰੀਦਕੋਟ ਵਿਖੇ ਦਰਜ ਕਰ ਉਸ ਕੋਲੋਂ 1 ਕਟਰ, 1 ਕਰਦ (ਚਾਕੂ) ਤੇ 44,000 ਰੁਪਏ ਨਗਦ ਕੈਸ਼ ਬਰਾਮਦ ਕੀਤੇ।

# ਏ ਐੱਸ ਆਈ 7000 ਰੁਪਏ ਰਿਸ਼ਵਤ ਲੈਂਦਾ ਰੰਗੇ-ਹੱਥੀਂ ਕਾਬੂ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਮਹਿਲਾ ਪੁਲਸ ਥਾਣਾ, ਪੁਲਸ ਲਾਈਨਜ਼ ਸੰਗਰੂਰ ਵਿਖੇ ਤਾਇਨਾਤ ਏ.ਐੱਸ.ਆਈ. (ਲੋਕਲ ਰੈਂਕ) ਕਮਲਜੀਤ ਸਿੰਘ ਨੂੰ 7,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਦਾ ਆਪਣੀ ਪਤਨੀ ਨਾਲ ਘਰੇਲੂ ਵਿਵਾਦ ਚੱਲ ਰਿਹਾ ਸੀ, ਜਿਸ ਕਾਰਨ ਉਸ ਦੀ ਪਤਨੀ ਵੱਖ ਰਹਿ ਰਹੀ ਸੀ।ਉਸ ਦੀ ਪਤਨੀ ਨੇ ਬਾਅਦ ਵਿੱਚ ਮਹਿਲਾ ਪੁਲਸ ਥਾਣਾ, ਸੰਗਰੂਰ ਵਿਖੇ ਉਸ ਦੇ, ਉਸ ਦੇ ਪਿਤਾ ਤੇ ਉਸ ਦੇ ਭਰਾ ਖ਼ਿਲਾਫ਼ ਸ਼ਿਕਾਇਤ ਦਰਜ ਕਰਵਾਈ ਸੀ।ਇਸ ਮਾਮਲੇ ਦੀ ਪੜਤਾਲ ਏ.ਐੱਸ.ਆਈ. ਕਮਲਜੀਤ ਸਿੰਘ ਵੱਲੋਂ ਕੀਤੀ ਜਾ ਰਹੀ ਸੀ, ਜਿਸ ਸਬੰਧੀ ਮੁਲਜ਼ਮ ਏ.ਐੱਸ.ਆਈ. ਨੇ ਇਸ ਕੇਸ ਦਾ ਚਲਾਨ ਸਮਰੱਥ ਅਦਾਲਤ ਵਿੱਚ ਪੇਸ਼ ਕਰਨ ਬਦਲੇ ਉਸ ਤੋਂ 10,000 ਰੁਪਏ ਰਿਸ਼ਵਤ ਮੰਗੀ ਸੀ।ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ ਮੁਲਜ਼ਮ ਏ.ਐੱਸ.ਆਈ. ਨੂੰ 3,000 ਰੁਪਏ ਪਹਿਲਾਂ ਹੀ ਦੇ ਚੁੱਕਾ ਸੀ ਤੇ ਬਾਕੀ ਰਹਿੰਦੇ 7,000 ਰੁਪਏ ਜਲਦੀ ਦੇਣ ਦਾ ਵਾਅਦਾ ਕੀਤਾ ਸੀ।

ਰਿਸ਼ਵਤ ਦੀ ਬਾਕੀ ਰਹਿੰਦੀ ਰਕਮ ਦੇਣ ਲਈ ਰਾਜ਼ੀ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਤੱਕ ਪਹੁੰਚ ਕੀਤੀ।ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਏ.ਐੱਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 7,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਕੌਮੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵੱਲੋਂ ਮੋਗਾ-ਬਠਿੰਡਾ ਦੌਰਾ ਅੱਜ ਤੋਂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕੌਮੀ ਮਹਿਲਾ ਕਮਿਸ਼ਨ (ਐੱਨ ਸੀ ਡਬਲਿਊ) ਦੀ ਚੇਅਰਪਰਸਨ ਸ੍ਰੀਮਤੀ ਵਿਜਯਾ ਰਹਾਟਕਰ 15 ਤੇ 16 ਜੁਲਾਈ ਨੂੰ ਪੰਜਾਬ ਦੇ ਮੋਗਾ ਤੇ ਬਠਿੰਡਾ ਦਾ ਦੌਰਾ ਕਰਨਗੇ।ਇਸ ਦੌਰਾਨ ਉਹ ਮਹਿਲਾਵਾਂ ਦੀ ਸੁਰੱਖਿਆ, ਸ਼ਿਕਾਇਤ ਨਿਵਾਰਨ, ਲਿੰਗ ਸੰਵੇਦਨਸ਼ੀਲਤਾ ਤੇ ਵਿਭਾਗਾਂ ਦੇ ਆਪਸੀ ਤਾਲਮੇਲ ਨਾਲ ਸਬੰਧਤ ਵੱਖ-ਵੱਖ ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਕਰਨਗੇ।ਇਸ ਦੌਰਾਨ ਚੇਅਰਪਰਸਨ 15 ਜੁਲਾਈ ਨੂੰ ਦੁਪਹਿਰ 12:30 ਵਜੇ ਤੋਂ 2:00 ਵਜੇ ਤੱਕ ਮੋਗਾ ਨਗਰ ਨਿਗਮ ਦੇ ਕਮਿਊਨਿਟੀ ਹਾਲ ਵਿੱਚ ਤੇ 16 ਜੁਲਾਈ ਨੂੰ ਦੁਪਹਿਰ 12:00 ਵਜੇ ਤੋਂ 1:30 ਵਜੇ ਤੱਕ ਬਠਿੰਡਾ ਦੇ ਮਿਨੀ ਸਕੱਤਰੇਤ ਸਥਿਤ ਡੀਸੀ ਮੀਟਿੰਗ ਹਾਲ ਵਿੱਚ ਮਹਿਲਾ ਜਨ ਸੁਣਵਾਈ ਦੀ ਪ੍ਰਧਾਨਗੀ ਕਰਨਗੇ।ਇਸ ਜਨ ਸੁਣਵਾਈ ਰਾਹੀਂ ਮਹਿਲਾਵਾਂ ਨੂੰ ਆਪਣੀਆਂ ਸ਼ਿਕਾਇਤਾਂ ਪੇਸ਼ ਕਰਨ, ਸੰਸਥਾਗਤ ਸਹਾਇਤਾ ਪ੍ਰਾਪਤ ਕਰਨ ਤੇ ਸਮੇਂ ਸਿਰ ਨਿਵਾਰਨ ਲਈ ਮੰਚ ਮੁਹੱਈਆ ਕਰਵਾਇਆ ਜਾਵੇਗਾ।ਪਹਿਲਾਂ ਤੋਂ ਦਰਜ ਮਾਮਲਿਆਂ ਤੋਂ ਇਲਾਵਾ ਮੌਕੇ 'ਤੇ ਆਉਣ ਵਾਲੀਆਂ ਸ਼ਿਕਾਇਤਾਂ ਵੀ ਸਵੀਕਾਰ ਕੀਤੀਆਂ ਜਾਣਗੀਆਂ।

# ਪੰਜਾਬ ਨੰਬਰਦਾਰ ਯੂਨੀਅਨ ਸਮਰਾ ਬਲਾਕ ਨਾਭਾ ਦੀ ਮੀਟਿੰਗ

**ਨਾਭਾ (ਅਮਨ ਗਰਗ)**-ਪੰਜਾਬ ਨੰਬਰਦਾਰ ਯੂਨੀਅਨ ਸਮਰਾ ਬਲਾਕ ਨਾਭਾ ਦੀ ਮੀਟਿੰਗ ਹਾਕਮ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਐੱਸ ਡੀ ਐੱਮ ਦਫ਼ਤਰ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਹਾਕਮ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਨੇ ਪਹਿਲਾਂ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ 'ਤੇ ਨੰਬਰਦਾਰਾਂ ਦੀਆਂ ਮੰਗਾਂ ਪਹਿਲ ਦੇ ਅਧਾਰ 'ਤੇ ਮੰਨੀਆਂ ਜਾਣਗੀਆਂ, ਪਰ ਅਜੇ ਤੱਕ ਪੂਰੀਆਂ ਨਹੀਂ ਕੀਤੀਆਂ ਗਈਆਂ, ਉਨ੍ਹਾਂ ਮੰਗਾਂ ਨੂੰ ਜਲਦ ਪੂਰਾ ਕੀਤਾ ਜਾਵੇ।ਮੀਟਿੰਗ ਵਿੱਚ ਗੁਰਚਰਨ ਸਿੰਘ ਘਾਣੀਵਾਲ, ਰਣਜੀਤ ਸਿੰਘ ਚੌਧਰੀਮਾਜਰਾ, ਸਤਨਾਮ ਸਿੰਘ ਧਨੌਰਾ, ਅਮਰੀਕ ਸਿੰਘ ਕਨਸੂਹਾ, ਹਰਸਿਮਰਤ ਸਿੰਘ ਗਲਵੱਟੀ, ਗੁਰਬਚਨ ਸਿੰਘ ਘਣੀਵਾਲ, ਅਮਰੀਕ ਸਿੰਘ ਕਨਸੂਹਾ ਕਲਾਂ, ਬਲਵਿੰਦਰ ਸਿੰਘ ਧਨੌਰੀ, ਹਰਭਜਨ ਸਿੰਘ ਢੀਂਗੀ, ਸੁਖਪ੍ਰੀਤ ਸਿੰਘ, ਲਖਵੀਰ ਸਿੰਘ ਸ਼ਮਲਾ, ਰਣਧੀਰ ਸਿੰਘ ਦੁਲੱਦੀ, ਗੁਰਚਰਨ ਸਿੰਘ ਗੁਰਦਿੱਤਪੁਰਾ, ਜਰਨੈਲ ਸਿੰਘ ਲੁਬਾਣਾ ਟੇਕੂ, ਜੀਤ ਸਿੰਘ ਬਨੇਰਾ ਕਲਾਂ, ਯਾਦਵਿੰਦਰ ਸਿੰਘ ਦੰਦਰਾਲਾ ਢੀਂਡਸਾ, ਰਘਵੀਰ ਸਿੰਘ ਕਕਰਾਲਾ ਆਦਿ ਸ਼ਾਮਲ ਸਨ।

# ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਯੂਨੀਅਨ ਵੱਲੋਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਲ ਇੰਡੀਆ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਯੂਨੀਅਨ ਪੰਜਾਬ ਗਰੁੱਪ ਏਟਕ ਮੁੱਖ ਦਫ਼ਤਰ ਪਸਸਫ 1680/22-ਬੀ ਚੰਡੀਗੜ੍ਹ ਜ਼ਿਲ੍ਹਾ ਚੇਅਰਮੈਨ ਸ਼ਿੰਦਰਪਾਲ ਕੌਰ ਮੰਦਰਾਂ, ਜ਼ਿਲ੍ਹਾ ਪ੍ਰਧਾਨ ਸੰਦੀਪ ਕੌਰ ਨੀਤੂ ਮੋਗਾ, ਜ਼ਿਲ੍ਹਾ ਜਨਰਲ ਸਕੱਤਰ ਅਮਨਦੀਪ ਕੌਰ ਰੱਤੂ ਦੀ ਅਗਵਾਈ ਵਿੱਚ ਵਰਹਿਰਿਆਂ ਵਿਖੇ ਐੱਸ ਡੀ ਐੱਮ ਦਫ਼ਤਰ ਅੱਗੇ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਦੀ ਲਮਕ ਅਵਸਥਾ ਵਿੱਚ ਸਾਰੇ ਚਾਰ ਸਾਲ ਤੋਂ ਪਈਆਂ ਮੰਗਾਂ ਨੂੰ ਮਨਾਉਣ ਲਈ ਰੋਸ ਪ੍ਰਦਰਸ਼ਨ ਕੀਤਾ ਗਿਆ।ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ 'ਤੇ ਪੰਜਾਬ ਪ੍ਰਧਾਨ ਪੈਨਸ਼ਨਰਜ਼ ਯੂਨੀਅਨ ਪ੍ਰਧਾਨ ਸੁਖਵਿੰਦਰ ਸਿੰਘ ਸਾਹਿਲ, ਪੰਜਾਬ ਪਸਸਫ ਸੈਕਟਰੀ ਭੁਪਿੰਦਰ ਸਿੰਘ ਸੇਖੋਂ, ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ, ਪੰਜਾਬ ਆਗੂ ਬਲਕਰਨ ਕੌਰ ਅਬੋਹਰ, ਸ੍ਰੋਮਣੀ ਅਕਾਲੀ ਦਲ ਪੰਜਾਬ ਜਨਰਲ ਸਕੱਤਰ ਬੂਟਾ ਸਿੰਘ ਰਣਸੀਂਹ ਕਲਾਂ ਤੇ ਸ਼ਹਿਰ ਦੇ ਯੋਗ ਸੁੱਘੜੀ ਕਮੇਟੀ ਨੇ ਭੈਣਾਂ ਦਾ ਸਮਰਥਨ ਵੱਡੀ ਗਿਣਤੀ ਵਿੱਚ ਕੀਤਾ।ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਅਮਰਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਵਿਭਾਗ ਵਿੱਚ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਨੂੰ ਹਰ ਪੱਖੋਂ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵੋਟਾਂ ਤੋਂ ਪਹਿਲਾਂ ਵਰਕਰਾਂ ਨਾਲ ਕੀਤਾ ਵਾਅਦਾ ਪੂਰਾ ਕੀਤਾ ਜਾਵੇ।

ਮੀਟਿੰਗ ਵਿੱਚ ਸਾਥੀ ਨਿੰਦਰ ਕੌਰ, ਰਮਨਦੀਪ ਕੌਰ ਵਿੱਤ ਸਕੱਤਰ, ਰੀਨੂੰ ਬਾਲਾ, ਹਰਵਿੰਦਰ ਕੌਰ, ਜਸਵਿੰਦਰ ਕੌਰ, ਦਲਜੀਤ ਕੌਰ, ਜਿਲਾ ਚੈਅਰਮੈਨ ਸਿਬਜਜੀਤ ਕੌਰ ਫਰੀਦਕੋਟ, ਸੁੱਖਪਾਲ ਕੌਰ, ਜਿਲਾ ਸਲਾਹਕਾਰ ਜੈਤੋ, ਪਰਮਜੀਤ ਕੌਰ ਬਲਾਕ ਪ੍ਰਧਾਨ ਗੁਰੂ ਹਰਸਹਾਏ, ਭੋਲੀ ਰਾਣੀ ਬਲਾਕ ਪ੍ਰਧਾਨ ਕੱਸੋਆਣਾ, ਇੰਦਰਜੀਤ ਕੌਰ ਆਦਿ ਸ਼ਾਮਲ ਸਨ।

## ਕਾਤਰਾਂ

### ਅਣਪਛਾਤੀ ਲਾਸ਼ ਮਿਲੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਥਾਣਾ ਸਦਰ ਧੂਰੀ ਦੇ ਮੁੱਖੀ ਇੰਸਪੈਕਟਰ ਕਰਨਵੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਥਾਣਾ ਸਦਰ ਧੂਰੀ ਦੀ ਪੁਲਸ ਨੂੰ ਇੱਕ ਅਣਪਛਾਤੀ ਲਾਸ਼ ਮਿਲੀ ਹੈ, ਜਿਸ ਦੀ ਉਮਰ ਕਰੀਬ 30/35 ਸਾਲ, ਕੱਦ ਕਰੀਬ 5 ਫੁੱਟ 9 ਇੰਚ, ਰੰਗ ਕਣਕਵੰਨਾ, ਸਰੀਰ ਭਰਵਾਂ, ਦਾੜ੍ਹੀ ਕੇਸ ਕੱਟੇ ਹੋਏ ਨੀਲੇ ਰੰਗ ਦੀ ਲੋਅਰ ਪਹਿਨੀ ਹੋਈ ਹੈ।ਉਨ੍ਹਾਂ ਦੱਸਿਆ ਕਿ ਇਹ ਲਾਸ਼ ਮਿਤੀ 13 ਜੁਲਾਈ ਨੂੰ ਧੂਰੀ ਤੋਂ ਪਿੰਡ ਬੇਨੜਾ ਨੂੰ ਆਉਂਦਾ ਸੂਆ ਵਿੱਚੋਂ ਮਿਲੀ ਹੈ।ਉਨ੍ਹਾਂ ਦੱਸਿਆ ਕਿ ਇਸ ਮ੍ਰਿਤਕ ਦੇਹ ਨੂੰ 72 ਘੰਟਿਆਂ ਵਾਸਤੇ ਮੋਰਚਰੀ ਸਿਵਲ ਹਸਪਤਾਲ ਧੂਰੀ ਰਖਵਾਇਆ ਗਿਆ ਹੈ, ਜੇਕਰ ਕਿਸੇ ਨੂੰ ਇਸ ਬਾਰੇ ਕੁੱਝ ਪਤਾ ਲੱਗੇ ਤਾਂ ਥਾਣਾ ਸਦਰ ਧੂਰੀ ਦੇ ਮੋਬਾਇਲ ਨੰਬਰ 80545-45107, 78372-52517 ਤੇ 80545-45307 'ਤੇ ਸੂਚਨਾ ਦੇਵੋ।

### ਅਕਾਲੀ ਆਗੂ 'ਤੇ ਚੱਲੀ ਗੋਲੀ



**ਬਰੇਟਾ (ਰੀਤਵਾਲ)**-ਬਰੇਟਾ ਮੰਡੀ ਵਿੱਚ ਇੱਕ ਆੜ੍ਹਤ ਦੀ ਦੁਕਾਨ ਕਰਦੇ ਅਕਾਲੀ ਆਗੂ ਦਲਵੀਰ ਸਿੰਘ ਉਰਫ਼ ਕਾਲਾ ਜਵੰਦਾ ਪਿੰਡ ਕੁਲਰੀਆਂ, ਜੋ ਸੋਮਵਾਰ ਦੀ ਸ਼ਾਮ 7 ਵਜੇ ਦੇ ਕਰੀਬ, ਜਦੋਂ ਆਪਣੇ ਪਿੰਡ ਵਾਪਸ ਜਾਣ ਲਈ ਆਪਣੀ ਕਾਰ 'ਤੇ ਸਵਾਰ ਹੋਣ ਲੱਗਾ ਤਾਂ ਇੱਕ ਮੋਟਰਸਾਈਕਲ ਨੌਜਵਾਨ ਨੇ ਉਸ 'ਤੇ ਗੋਲੀ ਚਲਾ ਦਿੱਤੀ, ਗੋਲੀ ਅਕਾਲੀ ਆਗੂ ਦੀ ਵੱਖੀ ਵਿੱਚ ਜਾ ਲੱਗੀ।ਪੀੜਤ ਨੂੰ ਇਕੱਠੇ ਹੋਏ ਲੋਕਾਂ ਵੱਲੋਂ ਇਲਾਜ ਲਈ ਸਿਵਲ ਹਸਪਤਾਲ ਬੁਢਲਾਡਾ ਲਿਜਾਇਆ ਗਿਆ।ਬਾਅਦ ਵਿੱਚ ਉਸ ਨੂੰ ਲੁਧਿਆਣਾ ਵਿਖੇ ਰੈਫਰ ਕਰ ਦਿੱਤਾ ਗਿਆ।ਘਟਨਾ ਦੀ ਜਾਣਕਾਰੀ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚੀ, ਜਿਸ ਨੇ ਸਬੂਤ ਇਕੱਠੇ ਕੀਤੇ ਤੇ ਜਾਂਚ ਸ਼ੁਰੂ ਕਰ ਦਿੱਤੀ।ਹਮਲੇ ਦੇ ਉਦੇਸ਼ ਦਾ ਅਜੇ ਤੱਕ ਅਧਿਕਾਰਤ ਤੌਰ 'ਤੇ ਖੁਲਾਸਾ ਨਹੀਂ ਹੋਇਆ ਹੈ।ਦਿਨ-ਦਿਹਾੜੇ ਵਾਪਰੀ ਇਸ ਘਟਨਾ 'ਤੇ ਸਥਾਨਕ ਲੋਕਾਂ ਨੇ ਚਿੰਤਾ ਪ੍ਰਗਟ ਕੀਤੀ ਹੈ ਤੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਅਤੇ ਸ਼ਹਿਰ ਵਿੱਚ ਸੁਰੱਖਿਆ ਮਜ਼ਬੂਤ ਕਰਨ ਦੀ ਮੰਗ ਕੀਤੀ ਹੈ।ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਨੂੰ ਜਲਦੀ ਹੀ ਫੜਨ ਲਈ ਟੀਮਾਂ ਤਾਇਨਾਤ ਕਰ ਦਿੱਤੀਆਂ ਗਈਆਂ ਹਨ।

### ਨਿਊ ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਦੀ ਚੋਣ ਅੱਜ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਨਿਊ ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਦੀ ਦੋ ਸਾਲਾ ਚੋਣ 15 ਜੁਲਾਈ ਬੁੱਧਵਾਰ ਨੂੰ ਗੋਲ਼ ਪਾਰਕ ਧੂਰੀ ਵਿਖੇ ਹੋਣ ਜਾ ਰਹੀ ਮੀਟਿੰਗ 'ਚ ਪੰਜ ਮੈਂਬਰੀ ਚੋਣ ਪੈਨਲ ਦੇ ਮੈਂਬਰ ਮੂਲ ਚੰਦ ਸ਼ਰਮਾ ਨੇ ਦੱਸਿਆ ਕਿ ਚੋਣ ਦਾ ਸਮਾਂ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਦਾ ਹੈ।ਚੋਣ ਸਿਰਫ਼ ਪ੍ਰਧਾਨ ਤੇ ਜਨਰਲ ਸਕੱਤਰ ਲਈ ਹੀ ਹੋ ਰਹੀ ਹੈ, ਬਾਕੀ ਅਹੁਦੇਦਾਰ ਤੇ ਕਾਰਜਕਾਰਨੀ ਮੈਂਬਰ ਉਨ੍ਹਾਂ ਦੋਵਾਂ ਵੱਲੋਂ ਬਾਅਦ ਵਿੱਚ ਨਾਮਜ਼ਦ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ 400 ਤੋਂ ਉੱਪਰ ਮੈਂਬਰਾਂ ਵਾਲ਼ੀ ਇਸ ਸੰਸਥਾ ਦੇ ਪ੍ਰਧਾਨ ਦੇ ਅਹੁਦੇ ਲਈ ਸਰਬਜੀਤ ਸਿੰਘ ਸ਼ਰਮਾ, ਜਗਦੀਸ਼ ਚੰਦਰ ਸ਼ਰਮਾ ਤੇ ਚਰਨਜੀਤ ਸਿੰਘ ਕੈਂਥ ਤੇ ਜਨਰਲ ਸਕੱਤਰ ਲਈ ਗੁਰਦੀਪ ਸਿੰਘ, ਹਰਦੀਪ ਸਿੰਘ ਤੇ ਨਰਿੰਦਰ ਸਿੰਘ ਬਖ਼ਸ਼ੀ ਉਮੀਦਵਾਰ ਹਨ।ਨਤੀਜਾ ਓਸੇ ਦਿਨ ਸ਼ਾਮ ਨੂੰ ਐਲਾਨ ਦਿੱਤਾ ਜਾਵੇਗਾ।

# ਪੈਰਾ-ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਦਾ ਗਠਨ, ਡਾਇਰੈਕਟਰ ਸਿਹਤ ਵਿਭਾਗ ਨੂੰ ਦਿੱਤਾ ਜਾਵੇਗਾ ਮੰਗ ਪੱਤਰ



ਮਾਲੇਰਕੋਟਲਾ (ਅਸਗਰ ਪਰਿਹਾਰ)

ਕਾਮਰੇਡ ਰਛੌਤਰ ਸਿੰਘ ਹਾਲ ਵਿਖੇ ਵਿਰਸਾ ਸਿੰਘ ਪੰਨੂ ਅਤੇ ਗਗਨਦੀਪ ਸਿੰਘ ਭੁੱਲਰ ਦੀ ਸਾਂਝੀ ਅਗਵਾਈ ਹੇਠ ਪੈਰਾਮੈਡੀਕਲ ਸਿਹਤ ਮੁਲਾਜ਼ਮਾਂ ਦੀ ਅਹਿਮ ਮੀਟਿੰਗ ਹੋਈ।ਮੀਟਿੰਗ ਦੌਰਾਨ ਪੰਜਾਬ ਅੰਦਰ ਮੁਲਾਜ਼ਮ ਹਿੱਤਾਂ ਲਈ ਸਰਗਰਮ ਦੋ ਪ੍ਰਮੁੱਖ ਪੈਰਾਮੈਡੀਕਲ ਜਥੇਬੰਦੀਆਂ ਵਿੱਚੋਂ ਸਾਂਝੇ ਤੌਰ 'ਤੇ 'ਪੈਰਾਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ' ਦਾ ਗਠਨ ਕੀਤਾ ਗਿਆ।

ਜਥੇਬੰਦਕ ਕਾਰਵਾਈਆਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਨਰਿੰਦਰ ਸ਼ਰਮਾ ਫਿਰੋਜ਼ਪੁਰ ਤੇ ਗੁਲਜ਼ਾਰ ਖਾਨ ਮਾਲੇਰਕੋਟਲਾ ਨੂੰ ਬਤੌਰ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ।ਇਸ ਦੇ ਨਾਲ ਹੀ ਪ੍ਰੈੱਸ ਸਕੱਤਰ ਅਤੇ ਸੋਸ਼ਲ ਮੀਡੀਆ ਦੀ ਜ਼ਿੰਮੇਵਾਰੀ ਰਾਜਿੰਦਰ ਬਲੂਆਣਾ ਅਤੇ ਜਸਵਿੰਦਰ ਸਿੰਘ ਫਿਰੋਜ਼ਪੁਰ ਨੂੰ ਸੌਂਪੀ ਗਈ।ਸਰਬਸੰਮਤੀ ਨਾਲ ਕਮੇਟੀ ਮੈਂਬਰਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਡਾਕਟਰ ਸੁਨੀਲ ਅਰਗੋਤਰਾ ਸੀ.ਐਚ.ਓ, ਡਾਕਟਰ ਪ੍ਰੀਤ ਮੁਖੀਜਾ, ਸੰਦੀਪ ਸਿੰਘ ਸਿੱਧੂ ਰੇਡੀਓਗ੍ਰਾਫਰ, ਮਨਜੀਤ ਸਿੰਘ ਤਰਨਤਾਰਨ, ਗੁਰਜਿੰਦਰ ਸਿੰਘ ਢਿੱਲੋਂ, ਹਰਮਿੰਦਰ ਪਾਲ ਫ਼ਤਹਿਗੜ੍ਹ ਸਾਹਿਬ, ਅਸ਼ੋਕ ਕੁਮਾਰ ਸੰਗਰੂਰ, ਚਮਕੌਰ ਸਿੰਘ ਐਮ.ਐਲ.ਟੀ, ਸੁਖਵਿੰਦਰ ਸਿੰਘ ਦੋਦਾ, ਮੁਨੱਵਰ ਜਹਾਂ ਮਲੇਰਕੋਟਲਾ, ਗੁਰਜਿੰਦਰ ਸਿੰਘ (ਪ੍ਰਧਾਨ ਆਊਟਸੋਰਸ ਯੂਨੀਅਨ), ਗੁਰਦੇਵ ਸਿੰਘ ਢਿੱਲੋਂ, ਸੁਖਜਿੰਦਰ ਸਿੰਘ ਫ਼ਾਜ਼ਿਲਕਾ, ਹਰਜੀਤ ਸਿੰਘ ਪਹੁਵਿੰਡ, ਸੁਰਿੰਦਰ ਸੋਨੀ ਲੁਧਿਆਣਾ, ਰਾਮ ਪ੍ਰਸ਼ਾਦ ਫਿਰੋਜ਼ਪੁਰ, ਗੁਰਦੇਵ ਸਿੰਘ ਬੱਲ, ਪਵਨਜੀਤ ਸਿੰਘ ਵਿਰਕ ਫ਼ਾਜ਼ਿਲਕਾ, ਗੁਰਪਾਲ ਸਿੰਘ ਲੁਧਿਆਣਾ, ਜਸਮੇਲ ਸਿੰਘ ਮੋਗਾ, ਹਰਵਿੰਦਰ ਸਿੰਘ ਅਤੇ ਜਸਮੇਲ ਸਿੰਘ (ਏਡਜ਼ ਕੰਟਰੋਲ ਪ੍ਰੋਗਰਾਮ), ਚਰਨਜੀਤ ਸਿੰਘ ਟਹਿਣਾ ਫ਼ਰੀਦਕੋਟ, ਗੁਰਪ੍ਰੀਤ ਸਿੰਘ ਸੰਗਰੂਰ, ਸੁਖਜੀਤ ਸਿੰਘ ਮੁਕਤਸਰ, ਰਜਵੰਤ ਸਿੰਘ ਬਾਗੜੀਆ, ਅਮਨਦੀਪ ਸਿੰਘ ਜਲੰਧਰ, ਸਿਕੰਦਰ ਸਿੰਘ ਢੇਰ ਰੋਪੜ ਤੇ ਹਰਵਿੰਦਰ ਸਿੰਘ ਛੀਨਾ ਨੂੰ ਆਗੂਆਂ ਨੇ ਵੱਡਾ ਐਲਾਨ ਕਰਦਿਆਂ ਕਿਹਾ ਕਿ ਪੈਰਾਮੈਡੀਕਲ ਸਿਹਤ ਮੁਲਾਜ਼ਮਾਂ ਦੇ ਮਸਲਿਆਂ ਦੇ ਹੱਲ ਲਈ ਆਉਂਦੀ 23 ਜੁਲਾਈ ਨੂੰ ਸਿਹਤ ਵਿਭਾਗ ਦੇ ਡਾਇਰੈਕਟਰ ਨੂੰ ਇੱਕ ਵਿਸ਼ਾਲ ਮਾਸ ਡੈਪੂਟੇਸ਼ਨ (ਵਫ਼ਦ) ਮਿਲ ਕੇ ਮੰਗ ਪੱਤਰ ਸੌਂਪੇਗਾ।

# 52 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਕਾਬੂ



**ਭਵਾਨੀਗੜ੍ਹ (ਰਾਜ ਖੁਰਮੀ)**-ਸ਼ਰਾਬ ਦੀ ਤਸਕਰੀ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਭਵਾਨੀਗੜ੍ਹ ਪੁਲਸ ਤੇ ਆਬਕਾਰੀ (ਐਕਸਾਈਜ਼) ਵਿਭਾਗ ਨੇ ਸਾਂਝੀ ਕਾਰਵਾਈ ਕਰਦਿਆਂ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ।ਸਾਂਝੀ ਨਾਕਾਬੰਦੀ ਦੌਰਾਨ ਇੱਕ ਆਈ-20 ਕਾਰ ਵਿੱਚੋਂ 52 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਕਰਕੇ ਕਾਰ ਚਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਥਾਣਾ ਭਵਾਨੀਗੜ੍ਹ ਦੇ ਐੱਸ.ਐੱਚ.ਓ. ਇੰਸਪੈਕਟਰ ਰਮਨਦੀਪ ਸਿੰਘ ਨੇ ਦੱਸਿਆ ਕਿ ਏ.ਐੱਸ.ਆਈ. ਦਰਸ਼ਨ ਸਿੰਘ ਆਪਣੀ ਪੁਲਸ ਪਾਰਟੀ ਸਮੇਤ ਭਵਾਨੀਗੜ੍ਹ ਕੈਂਚੀਆਂ ਫਲਾਈਓਵਰ ਹੇਠਾਂ ਗਸ਼ਤ 'ਤੇ ਮੌਜੂਦ ਸਨ।ਇਸ ਦੌਰਾਨ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਆਬਕਾਰੀ ਵਿਭਾਗ ਦੀ ਇੰਸਪੈਕਟਰ ਨੀਲਮ ਚੋਪੜਾ ਦੀ ਟੀਮ ਨਾਲ ਮਿਲ ਕੇ ਪਿੰਡ ਨਦਾਮਪੁਰ ਨੇੜੇ ਸਾਂਝੀ ਨਾਕਾਬੰਦੀ ਕੀਤੀ ਗਈ।ਇਸ ਦੌਰਾਨ ਸ਼ੱਕ ਦੇ ਆਧਾਰ 'ਤੇ ਇੱਕ ਆਈ-20 ਕਾਰ ਨੂੰ ਰੋਕ ਕੇ ਤਲਾਸ਼ੀ ਲਈ ਗਈ ਤਾਂ ਉਸ ਵਿੱਚੋਂ 52 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਹੋਈਆਂ।ਪੁਲਸ ਨੇ ਮੌਕੇ 'ਤੇ ਹੀ ਕਾਰ ਤੇ ਸ਼ਰਾਬ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ।ਪੁਲਸ ਨੇ ਕਾਰ ਚਾਲਕ ਦੀ ਪਛਾਣ ਜਸਮੀਤ ਸਿੰਘ ਵਾਸੀ ਪਿੰਡ ਖਨਾਲ ਕਲਾਂ (ਦਿੜ੍ਹਬਾ) ਵਜੋਂ ਕਰਦਿਆਂ ਉਸ ਨੂੰ ਗ੍ਰਿਫ਼ਤਾਰ ਕਰ ਲਿਆ।ਮੁਲਜ਼ਮ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਮਿਊਂਸਪਲ ਇੰਪਲਾਈਜ਼ ਫੈਡਰੇਸ਼ਨ ਵੱਲੋਂ ਕੰਮ ਛੋੜ ਹੜਤਾਲ ਜਾਰੀ

## ਸਰਕਾਰ ਨੇ ਜਲਦ ਮੰਗਾਂ ਨਾ ਮੰਨੀਆਂ ਤਾਂ ਸੜਕਾਂ 'ਤੇ ਉਤਰਾਂਗੇ : ਅਸ਼ੋਕ ਸਾਰਵਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਿਊਂਸਪਲ ਇੰਪਲਾਈਜ਼ ਫੈਡਰੇਸ਼ਨ ਨਗਰ ਨਿਗਮ ਮੋਗਾ ਵੱਲੋਂ ਸੱਤਵੇਂ ਦਿਨ ਕੰਮ ਛੋੜ ਹੜਤਾਲ ਜਾਰੀ ਰਹੀ। ਅੱਜ ਦੀ ਹੜਤਾਲ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਪ੍ਰਧਾਨ ਅਸ਼ੋਕ ਸਾਰਵਾਨ ਤੇ ਸਫਾਈ ਸੇਵਕ ਪੰਜਾਬ ਦੇ ਮੁੱਖ ਸਲਾਹਕਾਰ ਕੁਲਦੀਪ ਸ਼ਰਮਾ ਉਨ੍ਹਾਂ ਨੇ ਮਿਊਂਸਪਲ ਕਾਮਿਆਂ ਦੇ ਹੌਸਲੇ ਨੂੰ ਵਧਾਉਂਦੇ ਹੋਏ ਕਿਹਾ ਕਿ ਇਹ ਕੰਮ ਛੋੜ ਹੜਤਾਲ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਪੰਜਾਬ ਸਰਕਾਰ ਮਿਊਂਸਪਲ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਜਿਵੇਂ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, ਆਊਟ ਸੋਰਸ ਕਰਮਚਾਰੀਆਂ ਨੂੰ ਇੰਸ਼ੋਰੈਂਸ ਕਰਨਾ, ਪੁਰਾਣੀ ਪੈਨਸ਼ਨ ਨੂੰ ਬਹਾਲ ਕਰਨਾ, ਡੀ ਏ ਦੀ ਰਕਮ ਨੂੰ ਜਾਰੀ ਕਰਨਾ ਆਦਿ ਮੰਗਾਂ ਬਾਬਤ ਨੋਟੀਫਿਕੇਸ਼ਨ ਜਾਰੀ ਨਹੀਂ ਕਰਦੀ।

ਉਨ੍ਹਾਂ ਨੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਇਹ ਦੱਸਿਆ ਕਿ ਅਸੀਂ ਪੰਜਾਬ ਸਰਕਾਰ ਨੂੰ ਇਹ ਚੇਤਾਵਨੀ ਦਿੰਨੇ ਹਾਂ ਕੀ ਜੇਕਰ ਉਨ੍ਹਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਦਾਰੀ ਪੰਜਾਬ ਸਰਕਾਰ ਦੀ ਹੋਵੇਗੀ। ਉਨ੍ਹਾਂ ਦੱਸਿਆ ਕਿ ਅਸੀਂ ਪੰਜਾਬ ਵਾਸੀਆਂ ਖਿਲਾਫ ਨਹੀਂ ਹਾਂ, ਅਸੀਂ ਵੀ ਆਪਣੇ ਸ਼ਹਿਰ ਨੂੰ ਸਾਫ ਸੁਥਰਾ ਰੱਖਣ 'ਚ ਯਕੀਨ ਰੱਖਦੇ ਹਾਂ, ਪਰ ਹੜਤਾਲ ਕਰਨਾ ਹੁਣ ਸਾਡੀ ਮਜਬੂਰੀ ਹੈ, ਫਿਰ ਵੀ ਅਸੀਂ ਧਾਰਮਿਕ ਸਥਾਨਾਂ ਜਿਵੇਂ ਮੰਦਰ ਗੁਰਦੁਆਰਾ ਸਾਹਿਬ ਤੇ ਸਕੂਲਾਂ ਵਿੱਚ ਹੋਣ ਵਾਲਾ ਐਮਰਜੰਸੀ ਕੰਮ ਕਰਵਾ ਰਹੇ ਹਾਂ।ਇਸ ਧਰਨੇ ਵਿੱਚ ਸ਼ਹਿਰ ਦੀਆਂ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਨੇ ਵੀ ਆਪਣਾ ਸਮਰਥਨ ਦਿੱਤਾ। ਇਸ ਮੌਕੇ ਮਿਊਂਸਪਲ ਇੰਪਲਾਈਜ਼ ਫੈਡਰੇਸ਼ਨ ਦੇ ਪ੍ਰਧਾਨ ਜਸਵੀਰ ਸਿੰਘ ਗਿੱਲ, ਜਨਰਲ ਸਕੱਤਰ ਵਿੱਕੀ ਬੋਹਤ, ਚੇਅਰਮੈਨ ਸਿਕੰਦਰ ਗੁੱਲੂ, ਚੀਫ ਸਕੱਤਰ ਨਰੋਤਮ ਬੋਹਤ, ਕੈਸ਼ੀਅਰ ਜੋਗਿੰਦਰ ਭੁੱਲਰ, ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੋਮਨਾਥ ਚੋਬੜ, ਜਨਰਲ ਸਕੱਤਰ ਵਿਸ਼ਵਨਾਥ ਜੋਨੀ, ਚੇਅਰਮੈਨ ਰਜਿੰਦਰ ਬੋਹਤ, ਕੈਸ਼ੀਅਰ ਅਜੇ ਪੰਤਮੋਲੀ, ਚੀਫ ਸਕੱਤਰ ਰਵੀਸਾਰਵਾਨ, ਸੀਨੀਅਰ ਆਗੂ ਮਦਨ ਲਾਲ ਬੋਹਤ ਰਿਟਾਇਰਮੈਂਟ ਯੂਨੀਅਨ ਦੇ ਪ੍ਰਧਾਨ ਹਰਕ੍ਰਿਸ਼ਨ ਬੋਹਤ, ਹਰਬੰਸ ਸਾਗਰ, ਸੰਯੁਕਤ ਅਫਸਰ ਐਸੋਸੀਏਸ਼ਨ ਦੇ ਪ੍ਰਧਾਨ ਰਵੀ ਚਾਵਰੀਆ, ਬੇਲਦਾਰ ਯੂਨੀਅਨ ਤੋਂ ਜਸਮੇਲ ਸਿੰਘ, ਪ੍ਰਵੀਨ ਕੁਮਾਰ, ਸੀਵਰੇਜ ਯੂਨੀਅਨ ਤੋਂ ਸਤੀਸ਼ ਕੁਮਾਰ, ਜਸਪਾਲ, ਰਾਜ ਕੁਮਾਰ ਚੰਡਾਲੀਆ, ਅਸ਼ੋਕ ਪੰਤਮੋਲੀ, ਰਘੂਵੀਰ ਅਨਾਰਿਆ, ਅਜੇ ਚਾਵਰੀਆ, ਕੁਲਵੰਤ ਰਾਏ ਤੇ ਹੋਰ ਮੁਲਾਜ਼ਮ ਸਾਥੀਆਂ ਨੇ ਹਿੱਸਾ ਲਿਆ।

# ਮੁੱਖ ਮੰਤਰੀ ਦਾ ਧੂਰੀ ਤੋਂ ਮੁੜ ਵਿਧਾਨ ਸਭਾ ਚੋਣ ਲੜਨਾ ਲੱਗਭੱਗ ਤੈਅ

**ਧੂਰੀ, (ਮੋਹਿਤ ਗਰਗ, ਮਨੋਹਰ ਸਗੂ, ਬਿੰਨੀ ਗਰਗ)**-ਪੰਜਾਬ ਦੀ ਸਿਆਸਤ ਵਿੱਚ ਇਸ ਵੇਲੇ ਹਲਕਾ ਧੂਰੀ ਫਿਰ ਸਭ ਤੋਂ ਵੱਧ ਚਰਚਾ ਦਾ ਕੇਂਦਰ ਬਣਿਆ ਹੋਇਆ ਹੈ।ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ ਇਸੇ ਇਤਿਹਾਸਕ ਹਲਕੇ ਤੋਂ ਚੋਣ ਮੈਦਾਨ ਵਿੱਚ ਨਿੱਤਰਨ ਦੇ ਸੰਕੇਤ ਪੂਰੀ ਤਰ੍ਹਾਂ ਸਾਫ਼ ਹੋ ਚੁੱਕੇ ਹਨ।ਸਿਆਸੀ ਮਾਹਰਾਂ ਮੁਤਾਬਕ ਮੁੱਖ ਮੰਤਰੀ ਮਾਨ ਦਾ ਧੂਰੀ ਤੋਂ ਦੁਬਾਰਾ ਚੋਣ ਲੜਨਾ ਲਗਭਗ ਤੈਅ ਹੋ ਚੁੱਕਾ ਹੈ, ਜਿਸ ਨੇ ਹਲਕੇ ਦੇ ਵੋਟਰਾਂ ਅਤੇ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਇੱਕ ਨਵਾਂ ਜੋਸ਼ ਤੇ ਉਤਸ਼ਾਹ ਭਰ ਦਿੱਤਾ ਹੈ।ਇਸ ਤਿਆਰੀ ਦੀ ਸਭ ਤੋਂ ਵੱਡੀ ਮਿਸਾਲ ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਹਲਕੇ ਵਿੱਚ ਦਿਨ-ਰਾਤ ਕੀਤੀ ਜਾ ਰਹੀ ਮਿਹਨਤ ਹੈ।ਉਹ ਹਲਕੇ ਦੇ ਪਿੰਡ-ਪਿੰਡ ਅਤੇ ਵਾਰਡ-ਵਾਰਡ ਜਾ ਕੇ ਲੋਕਾਂ ਨਾਲ ਸਿੱਧਾ ਸੰਵਾਦ ਰਚਾ ਰਹੇ ਹਨ। ਸੁਖਵੀਰ ਸਿੰਘ ਆਮ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਬਹੁਤ ਨੇੜਿਓਂ ਸੁਣ ਰਹੇ ਹਨ ਅਤੇ ਮੌਕੇ 'ਤੇ ਹੀ ਪ੍ਰਸ਼ਾਸਨਿਕ ਅਧਿਕਾਰੀਆਂ ਰਾਹੀਂ ਹੱਲ ਕਰਾ ਰਹੇ ਹਨ।ਮੁੱਖ ਮੰਤਰੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਿੰਡਾਂ ਦੀਆਂ ਸੱਥਾਂ ਵਿੱਚ ਜਾ ਕੇ ਲੋਕਾਂ ਨੂੰ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੋਂ ਜਾਣੂ ਕਰਾਇਆ ਜਾ ਰਿਹਾ ਹੈ।ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੇ ਇਸ ਵੀ.ਆਈ.ਪੀ. ਹਲਕੇ ਦੇ ਸਰਵਪੱਖੀ ਵਿਕਾਸ ਲਈ ਦਿਲ ਖੋਲ੍ਹ ਕੇ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ।ਲੰਘੀਆਂ ਪਾਰਲੀਮੈਂਟ ਚੋਣਾਂ ਤੋਂ ਲੈ ਕੇ ਬਲਾਕ ਸੰਮਤੀ, ਗ੍ਰਾਮ ਪੰਚਾਇਤਾਂ ਅਤੇ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਵੱਲੋਂ ਦਰਜ ਕੀਤੀਆਂ ਗਈਆਂ ਹੂੰਝਾ ਫੇਰ ਜਿੱਤਾਂ ਨੇ ਹਾਈਕਮਾਨ ਦਾ ਹੌਸਲਾ ਬੁਲੰਦ ਕਰ ਦਿੱਤਾ ਹੈ।



# ਮਾਲਵਾ ਜ਼ੋਨ ਅੰਦਰ ਧਰਮ ਪ੍ਰਚਾਰ ਲਹਿਰ ਨੂੰ ਗੁਰਮਤਿ ਸਮਾਗਮਾਂ ਰਾਹੀਂ ਪ੍ਰਚੰਡ ਕਰਾਂਗੇ : ਐਡਵੋਕੇਟ ਧਾਮੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਯੋਗ ਅਗਵਾਈ ਵਿਚ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਮਾਲਵਾ ਜ਼ੋਨ ਦੇ ਪ੍ਰਚਾਰਕ ਸਾਹਿਬਾਨਾਂ ਦੀ ਇਕੱਤਰਤਾ ਕੀਤੀ ਗਈ, ਤਾਂ ਜੁ ਮਾਲਵਾ ਜ਼ੋਨ ਅੰਦਰ 'ਚੱਲਦਾ ਵਹੀਰ' ਰਾਹੀਂ ਗੁਰਮਤਿ ਸਮਾਗਮ ਕਰਵਾਕੇ ਧਰਮ ਪ੍ਰਚਾਰ ਪਸਾਰ ਦੀ ਲਹਿਰ ਨੂੰ ਵਧੇਰੇ ਪ੍ਰਚੰਡ ਕੀਤਾ ਜਾ ਸਕੇ। ਪ੍ਰਚਾਰਕ ਸਾਹਿਬਾਨ ਦੀ ਇਕੱਤਰਤਾ ਦਾ ਦੌਰਾਨ ਉਚੇਚੇ ਤੌਰ 'ਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਸਮੇਤ ਸ਼੍ਰੋਮਣੀ ਕਮੇਟੀ ਮੈਂਬਰ ਸਾਬਿਬਾਨਾਂ ਵਿੱਚ ਬੀਬੀ ਕੁਲਦੀਪ ਕੌਰ ਟੌਹੜਾ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਭੁਪਿੰਦਰ ਸਿੰਘ ਭਲਵਾਨ, ਬੀਬੀ ਪਰਮਜੀਤ ਕੌਰ ਭੰਗੂ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਗੁਰਿੰਦਰ ਸਿੰਘ ਮੱਥਰੇਵਾਲ ਅਤੇ ਮਾਲਵ ਜ਼ੋਨ ਦੇ ਪ੍ਰਚਾਰਕਾਂ ਦੇ ਇੰਚਾਰਜ ਭੋਲਾ ਸਿੰਘ ਵੀ ਪੁੱਜੇ ਹੋਏ ਸਨ।

ਪ੍ਰਚਾਰਕ ਸਾਹਿਬਾਨ ਦੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਚੱਲਦਾ ਵਹੀਰ ਵਿੱਚ ਜਿੱਥੇ ਧਰਮ ਪ੍ਰਚਾਰ ਲਹਿਰ ਤਹਿਤ ਗੁਰਮਤਿ ਸਮਾਗਮ ਹੋਣਗੇ, ਉਥੇ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਨੂੰ ਸੰਗਤਾਂ ਤੱਕ ਲਿਜਾਇਆ ਜਾਵੇਗਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਕੁੱਝ ਅਜਿਹੀਆਂ ਤਾਕਤਾਂ ਸਿੱਖਾਂ ਦੀਆਂ ਸਿਰਮੌਰ ਸੰਸਥਾਵਾਂ ਅੰਦਰ ਅੰਦੂਰਨੀ ਦਖਲ ਦੇਣਾ ਚਾਹੁੰਦੀਆਂ, ਜਿਨ੍ਹਾਂ ਦੇ ਮਨਸੂਬੇ ਕਦੇ ਵੀ ਸਫਲ ਨਹੀਂ ਹੋਣਗੇ।ਉਨ੍ਹਾਂ ਕਿਹਾ ਕਿ ਅਜਿਹੀਆਂ ਸ਼ਕਤੀਆਂ ਦਾ ਏਜੰਡਾ ਸਿੱਖ ਕੌਮ ਅੰਦਰ ਦੁਬਿਧਾ ਨੂੰ ਪੈਦਾ ਕਰਨਾ, ਗੁਰਬਾਣੀ ਤੋਂ ਦੂਰ ਕਰਨਾ ਤੇ ਬੇਅਦਬੀ ਵਰਗੇ ਅਜਿਹੇ ਕਾਨੂੰਨ ਲਿਆ ਕੇ ਬਾਣੀ ਦਾ ਅਦਬ, ਸਤਿਕਾਰ ਤੇ ਮਰਿਆਦਾ ਪ੍ਰਤੀ ਭਰਮ ਭੁਲੇਖੇ ਪੈਦਾ ਕਰਨਾ ਹੈ, ਜਿਨ੍ਹਾਂ ਦਾ ਮੁਕਾਬਲਾ ਪ੍ਰਚਾਰਕ ਸਾਹਿਬਾਨਾਂ ਨੂੰ ਗੁਰਮਤਿ ਦੀ ਰੌਸ਼ਨੀ ਵਿੱਚ ਕਰਨਾ ਹੋਵੇਗਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਦੀ ਇਸ ਇਕੱਤਰਤਾ ਵਿੱਚ ਦੀਰਘ ਵਿਚਾਰਾਂ ਤੋਂ ਬਾਅਦ ਫੈਸਲਾ ਕੀਤਾ ਗਿਆ ਕਿ ਜਲਦ ਤਰੀਕਾਂ ਦਾ ਐਲਾਨ ਤਕਰਕੇ ਇਸ ਧਰਮ ਪ੍ਰਚਾਰ ਚੱਲਦਾ ਵਹੀਰ ਨੂੰ ਪੂਰੇ ਪੰਜਾਬ ਭਰ ਅੰਦਰ ਪ੍ਰਚੰਡ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪ੍ਰਚਾਰਕ ਸਾਹਿਬਾਨਾ ਹੋਣ ਵਾਲੇ ਗੁਰਮਤਿ ਸਮਾਗਮਾਂ ਵਿੱਚ ਅਜਿਹਾ ਸੰਦੇਸ਼ ਸੰਗਤਾਂ ਤੱਕ ਪਹੁੰਚਾਉਣ ਕਿ ਸ੍ਰੀ ਅਕਾਲ ਤਖਤ ਸਾਹਿਬ ਸਰਵਉਚ ਹੈ, ਜਿਸ ਦਾ ਵਿਲੱਖਣ ਸਿਧਾਂਤ ਹੈ, ਜਿਸ ਪ੍ਰਤੀ ਸੰਗਤਾਂ ਨੂੰ ਵੱਧ ਤੋਂ ਵੱਧ ਸੁਚੇਤ ਕੀਤਾ ਜਾ ਸਕੇ।ਉਪਰੰਤ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਵੀ ਧਰਮ ਪ੍ਰਚਾਰ ਦੀ ਇਸ ਮੁਹਿੰਮ ਦੀ ਪੁਰਜ਼ੋਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਅੰਦਰ ਸੰਗਤ, ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਰਵਉੱਚ ਸਿਧਾਂਤ ਦੀ ਅਹਿਮੀਅਤ ਬਾਰੇ ਜਾਗਰੂਕ ਕਰਨਾ ਬੇਹੱਦ ਜ਼ਰੂਰੀ ਹੈ।

# ਸਿਹਤ ਕਾਮਿਆਂ ਵੱਲੋਂ ਮੰਗਾਂ ਨੂੰ ਲੈ ਕੇ ਐੱਸ ਐੱਮ ਓ ਖਿਲਾਫ ਨਾਅਰੇਬਾਜ਼ੀ



**ਨਾਭਾ (ਅਮਨ ਗਰਗ)**-ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਤਹਿਸੀਲ ਬਰਾਂਚ ਨਾਭਾ ਵੱਲੋਂ ਸਬ-ਕਮੇਟੀ ਸਿਵਲ ਹਸਪਤਾਲ ਨਾਭਾ ਦੇ ਕੱਚੇ ਕਰਮਚਾਰੀ/ ਡੇਲੀਵੇਜਿਜ਼, ਠੇਕੇਦਾਰੀ ਸਿਸਟਮ, ਆਊਟਸੋਰਸ 'ਤੇ ਕੰਮ ਕਰਦੇ ਕਾਮਿਆਂ ਦਾ ਡਾਟਾ ਆਈ.ਐੱਚ.ਆਰ.ਐੱਮ.ਐੱਸ. 'ਤੇ ਅਪਡੇਟ ਕਰਵਾਉਣ ਲਈ ਰੋਸ ਮੁਜ਼ਾਹਰਾ ਕੀਤਾ ਗਿਆ।ਇਸ ਰੋਸ ਮੁਜ਼ਾਹਰੇ ਦੀ ਅਗਵਾਈ ਤਹਿਸੀਲ ਪ੍ਰਧਾਨ ਦੀਪ ਚੰਦ ਹੰਸ, ਸਿਵਲ ਹਸਪਤਾਲ ਪ੍ਰਧਾਨ ਅਜੇ ਕੁਮਾਰ ਤੇ ਪੀ.ਐੱਸ.ਐੱਸ.ਐੱਫ. ਦੇ ਤਹਿਸੀਲ ਪ੍ਰਧਾਨ ਲਖਵੀਰ ਸਿੰਘ ਲੱਕੀ ਨੇ ਕੀਤੀ।ਇਸ ਰੋਸ ਮੁਜ਼ਾਹਰੇ ਵਿੱਚ ਲੰਮੇ ਸਮੇਂ ਤੋਂ ਕੰਮ ਕਰ ਰਹੇ ਕੱਚੇ ਕਰਮਚਾਰੀ ਜਿਵੇਂ ਕਿ ਡੇਲੀਵੇਜਿਜ਼, ਠੇਕੇਦਾਰ ਸਿਸਟਮ, ਆਊਟਸੋਰਸ ਕਾਮਿਆਂ ਨਾਲ ਪਿਛਲੇ ਲੰਮੇ ਸਮੇਂ ਤੋਂ ਹੋ ਰਹੇ ਸ਼ੋਸ਼ਣ ਖਿਲਾਫ ਨਾਅਰੇਬਾਜ਼ੀ ਕੀਤੀ ਗਈ।ਵਿਸ਼ੇਸ਼ ਤੌਰ 'ਤੇ ਐੱਸ.ਐੱਮ.ਓ. ਨਾਭਾ ਵੱਲੋਂ ਜਥੇਬੰਦੀਆਂ ਦੇ ਚਿੱਠੀ ਪੱਤਰ ਨੂੰ ਅਣਦੇਖਾ ਕੀਤਾ ਜਾ ਰਿਹਾ ਸੀ, ਨਾ ਹੀ ਕੋਈ ਮੀਟਿੰਗ ਦਾ ਸਮਾਂ ਦਿੱਤਾ ਜਾ ਰਿਹਾ ਸੀ।ਇਸ ਕਰਕੇ ਇਸ ਰੋਸ ਮੁਜ਼ਾਹਰੇ ਵਿੱਚ ਐੱਸ.ਐੱਮ.ਓ. ਖਿਲਾਫ ਵੀ ਕਾਮਿਆਂ ਵੱਲੋਂ ਨਾਅਰੇਬਾਜ਼ੀ ਕੀਤੀ ਗਈ। ਜਥੇਬੰਦੀ ਵੱਲੋਂ ਵਾਰ-ਵਾਰ ਪੰਜਾਬ ਸਰਕਾਰ ਤੋਂ ਮਹਿੰਗਾਈ ਭੱਤਾ, ਪੁਰਾਣੀ ਪੈਨਸ਼ਨ ਬਹਾਲ ਕਰਨ ਤੇ ਘੱਟੋ ਘੱਟ ਉਜ਼ਰਤ 40 ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੀ ਮੰਗ ਕੀਤੀ ਜਾ ਰਹੀ ਹੈ।

ਜਥੇਬੰਦੀ ਨੇ ਇਹ ਵੀ ਮੰਗ ਕੀਤੀ ਕਿ ਸਿਵਲ ਹਸਪਤਾਲ ਨਾਭਾ ਵਿੱਚ ਨਵੀਂ ਬਣੀ ਬਿਲਡਿੰਗ ਵਿੱਚ ਘੱਟੋ ਘੱਟ 30 ਦਰਜਾ ਚਾਰ ਕਰਮਚਾਰੀਆਂ ਦੀਆਂ ਖਾਲੀ ਪਈਆਂ ਆਸਾਮੀਆਂ ਪੁਰ ਕੀਤੀਆਂ ਜਾਣ ਤਾਂ ਜੋ ਘੱਟ ਗਿਣਤੀ ਵਿੱਚ ਕੰਮ ਕਰਦੇ ਕਾਮਿਆਂ ਤੇ ਬੋਝ ਘੱਟ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਰਜੀਤ ਸਿੰਘ, ਵਰਿੰਦਰ ਗਾਗਟ (ਗੋਲਡੀ), ਰਾਜਨ, ਗੁਰਵਿੰਦਰ ਸਿੰਘ, ਕਰਮਜੀਤ ਰਾਮਗੜ੍ਹੀਆ, ਸੁਖਵਿੰਦਰ ਸਿੰਘ (ਭਿੰਦੀ), ਪੂਜਾ, ਸੁਖਪ੍ਰੀਤ ਕੌਰ, ਮਨਜੀਤ ਕੌਰ, ਰਾਣੀ ਆਦਿ ਵਰਕਰ ਹਾਜ਼ਰ ਸਨ।

# ਏਡਿਡ ਸਕੂਲ ਅਧਿਆਪਕਾਂ ਤੇ ਕ੍ਰਮਚਾਰੀਆਂ ਵੱਲੋਂ ਸਰਕਾਰ ਖ਼ਿਲਾਫ਼ ਆਰ-ਪਾਰ ਦੀ ਲੜਾਈ ਦਾ ਐਲਾਨ



**ਧੂਰੀ (ਸੁਖਦੇਵ ਧੂਰੀ)**-ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਤੇ ਹੋਰ ਕ੍ਰਮਚਾਰੀ ਯੂਨੀਅਨ (ਪੰਜਾਬ-1967) ਵੱਲੋਂ ਸਿੱਖਿਆ ਵਿਭਾਗ ਤੇ ਪੰਜਾਬ ਸਰਕਾਰ ਦੇ ਅੜੀਅਲ ਰਵੱਈਏ ਖ਼ਿਲਾਫ਼ ਤਿੱਖੇ ਸੰਘਰਸ਼ ਦਾ ਬਿਗਲ ਵਜਾ ਦਿੱਤਾ ਗਿਆ ਹੈ।ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਨੇ ਐਲਾਨ ਕੀਤਾ ਕਿ ਵਿਭਾਗੀ ਨਾਕਾਮੀਆਂ ਤੇ ਮੰਗਾਂ ਵੱਲ ਕੀਤੇ ਜਾ ਰਹੇ ਲਗਾਤਾਰ ਝੂਠੇ ਵਾਅਦਿਆਂ ਤੋਂ ਤੰਗ ਆ ਕੇ ਸਮੁੱਚਾ ਏਡਿਡ ਸਟਾਫ਼ ਅਤੇ ਪੈਨਸ਼ਨਰਜ਼ ਸਾਥੀ 21 ਜੁਲਾਈ ਨੂੰ ਸਵੇਰੇ 10:30 ਵਜੇ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ ਦੇ ਦਫ਼ਤਰ ਅੱਗੇ ਇੱਕ ਵਿਸ਼ਾਲ ਰੋਸ ਧਰਨਾ ਦੇਣ ਲਈ ਮਜਬੂਰ ਹੋਏ ਹਨ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਵਿਭਾਗ ਨੇ ਤੁਰੰਤ ਮੰਗਾਂ ਨਾ ਮੰਨੀਆਂ ਤਾਂ ਇਹ ਸੰਘਰਸ਼ ਸਰਕਾਰ ਨੂੰ ਗੋਡੇ ਟੇਕਣ ਲਈ ਮਜਬੂਰ ਕਰ ਦੇਵੇਗਾ। ?ਯੂਨੀਅਨ ਆਗੂ ਮਿਸ਼ਰਾ ਸਿੰਘ ਬਮਾਲ ਨੇ ਦੱਸਿਆ ਗਿਆ ਕਿ 4 ਜੂਨ ਨੂੰ ਜਥੇਬੰਦੀ ਦੀ ਕੈਬਨਿਟ ਸਬ-ਕਮੇਟੀ ਨਾਲ ਦਫ਼ਤਰ ਵਿੱਚ ਹੋਈ ਅਹਿਮ ਮੀਟਿੰਗ ਦੌਰਾਨ ਸਬ-ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਵੱਲੋਂ ਵਿਭਾਗੀ ਅਫ਼ਸਰਾਂ ਨੂੰ ਸਪੱਸ਼ਟ ਹੁਕਮ ਦਿੱਤੇ ਗਏ ਸਨ ਕਿ ਬਿਨਾਂ ਆਡਿਟ ਪੈਰਾ ਰਿਪੋਰਟ ਦੀ ਉਡੀਕ ਕੀਤੇ ਜਨਵਰੀ ਤੋਂ ਮਾਰਚ 2026 ਦੀ ਗ੍ਰਾਂਟ ਤੁਰੰਤ ਜਾਰੀ ਕੀਤੀ ਜਾਵੇ, ਪਰ ਬੜੇ ਅਫ਼ਸੋਸ ਦੀ ਗੱਲ ਹੈ ਕਿ ਡੇਢ ਮਹੀਨਾ ਲੰਘ ਜਾਣ ਦੇ ਬਾਵਜੂਦ ਇਹ ਗ੍ਰਾਂਟਾਂ ਜਾਰੀ ਨਹੀਂ ਕੀਤੀਆਂ ਗਈਆਂ, ਜਿਸ ਕਾਰਨ ਸਮੁੱਚੇ ਪੰਜਾਬ ਦਾ ਏਡਿਡ ਸਟਾਫ਼ ਭੁੱਖਮਰੀ ਦੀ ਕਗਾਰ 'ਤੇ ਪਹੁੰਚ ਚੁੱਕਾ ਹੈ ਅਤੇ ਇਸੇ ਰੋਸ ਵਜੋਂ ਇਹ ਮੋਰਚਾ ਖੋਲ੍ਹਿਆ ਜਾ ਰਿਹਾ ਹੈ।

ਆਗੂਆਂ ਨੇ ਦੱਸਿਆ ਕਿ ਅਦਾਲਤ ਦੇ ਆਦੇਸ਼ਾਂ ਤੋਂ ਬਾਅਦ ਜਾਰੀ ਹੋਏ ਵਿਭਾਗੀ ਪੱਤਰ ਸਾਲ 2011 ਅਤੇ ਪੱਤਰ ਮੀਮੋ ਨੰਬਰ 17/90-2017 ਗ(3) ਮਿਤੀ 14-12-2017 ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਇਨ੍ਹਾਂ ਹੁਕਮਾਂ ਦੇ ਬਾਵਜੂਦ ਅਪ੍ਰੈਲ ਤੋਂ ਦਸੰਬਰ ਤੱਕ ਦੀ ਐਡਵਾਂਸ ਗ੍ਰਾਂਟ ਹਾਲੇ ਤੱਕ ਜਾਰੀ ਨਹੀਂ ਕੀਤੀ ਗਈ, ਜਿਸ ਕਾਰਨ ਕ੍ਰਮਚਾਰੀਆਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।ਯੂਨੀਅਨ ਨੇ ਵਿਭਾਗ ਦੀ ਢਿੱਲੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸਬ-ਕਮੇਟੀ ਦੀ ਮੀਟਿੰਗ ਵਿੱਚ ਇਹ ਫੈਸਲਾ ਹੋਇਆ ਸੀ ਕਿ ਏਡਿਡ ਸਟਾਫ਼ ਨੂੰ ਸਰਕਾਰੀ ਸਕੂਲਾਂ ਵਿੱਚ ਮਰਜ (ਸ਼ਾਮਲ) ਕਰਨ ਜਾਂ ਉਦੋਂ ਤੱਕ ਮੁਸ਼ਕਲਾਂ ਵਾਲੇ ਸਕੂਲਾਂ ਦੇ ਸਟਾਫ਼ ਲਈ ਟ੍ਰਾਂਸਫਰ ਪਾਲਿਸੀ ਲਾਗੂ ਕਰਨ ਅਤੇ ਹੋਰਨਾਂ ਸਕੂਲਾਂ/ਸੰਸਥਾਵਾਂ ਵਿੱਚ ਡੈਪੂਟੇਸ਼ਨ 'ਤੇ ਭੇਜਣ ਦੀ ਯੂਨੀਅਨ ਦੀ ਮੰਗ ਸਬੰਧੀ ਵਿਚਾਰ ਕਰਕੇ ਕੋਈ ਫੈਸਲਾ ਲੈਣ ਲਈ ਇੱਕ ਉੱਚ ਪੱਧਰੀ ਵਿਭਾਗੀ ਕਮੇਟੀ ਦਾ ਗਠਨ ਕੀਤਾ ਜਾਵੇਗਾ, ਪਰ ਲੰਮਾ ਸਮਾਂ ਬੀਤਣ ਦੇ ਬਾਵਜੂਦ ਇਸ ਫੈਸਲੇ 'ਤੇ ਵਿਭਾਗ ਵੱਲੋਂ ਕੋਈ ਵੀ ਕਾਰਵਾਈ ਹੁੰਦੀ ਨਜ਼ਰ ਨਹੀਂ ਆ ਰਹੀ।ਪੈਨਸ਼ਨਰਾਂ ਦੀ ਖ਼ੁਆਰੀ ਦਾ ਜ਼ਿਕਰ ਕਰਦਿਆਂ ਆਗੂਆਂ ਨੇ ਕਿਹਾ ਕਿ ਮੈਡਮ ਬਲਵੰਤ ਕੌਰ, ਜੋ 30-04-2024 ਨੂੰ ਸੇਵਾਮੁਕਤ ਹੋਏ ਸਨ, ਸਮੇਤ ਅਜਿਹੇ ਸੈਂਕੜੇ ਏਡਿਡ ਕ੍ਰਮਚਾਰੀ ਹਨ, ਜਿਨ੍ਹਾਂ ਦਾ ਲੰਮਾ ਸਮਾਂ ਲੰਘ ਜਾਣ ਦੇ ਬਾਵਜੂਦ ਪੀ.ਪੀ.ਓ. ਆਰਡਰ ਜਾਰੀ ਨਹੀਂ ਕੀਤਾ ਗਿਆ।ਯੂਨੀਅਨ ਮੰਗ ਕਰਦੀ ਹੈ ਕਿ ਅਜਿਹੇ ਸਾਰੇ ਕੇਸਾਂ ਵਿੱਚ ਸੋਧੇ ਹੋਏ ਪੀ.ਪੀ.ਓ. ਆਰਡਰ ਤੁਰੰਤ ਜਾਰੀ ਕੀਤੇ ਜਾਣ ਤੇ ਆਨਲਾਈਨ ਤਰਜ਼ 'ਤੇ ਪੀ.ਪੀ.ਓ. ਜਾਰੀ ਕਰਨ ਦੀ ਪੱਕੀ ਨੀਤੀ ਅਪਨਾਈ ਜਾਵੇ।

# ਬੀ ਕੇ ਯੂ ਸਿੱਧੂਪੁਰ/ਡੱਲੇਵਾਲ ਵੱਲੋਂ ਟੋਲ ਪਲਾਜ਼ਾ ਅਜ਼ੀਜ਼ਪੁਰ ਤੇ ਧਰੇੜੀ ਜੱਟਾਂ ਵਿਖੇ ਧਰਨੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਕਿਸਾਨ ਯੂਨੀਅਨ ਏਕਤਾ (ਸਿੱਧੂਪੁਰ/ਡੱਲੇਵਾਲ) ਦੇ ਸੂਬਾਈ ਸੱਦੇ 'ਤੇ ਮੰਗਲਵਾਰ ਕਿਸਾਨਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਟੋਲ ਪਲਾਜ਼ਿਆਂ ਨੂੰ ਪਰਚੀ ਮੁਕਤ ਕਰ ਕੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।

ਯੂਨੀਅਨ ਵੱਲੋਂ ਪੂਰੇ ਪੰਜਾਬ ਵਿੱਚ ਸਵੇਰੇ 11:00 ਵਜੇ ਤੋਂ ਲੈ ਕੇ ਸ਼ਾਮ 4:00 ਵਜੇ ਤੱਕ ਟੋਲ ਪਲਾਜ਼ੇ ਮੁਫ਼ਤ ਕਰਨ ਦਾ ਐਲਾਨ ਕੀਤਾ ਗਿਆ ਸੀ, ਜਿਸ ਤਹਿਤ ਕਿਸਾਨਾਂ ਨੇ ਵੱਖ-ਵੱਖ ਹਾਈਵੇ 'ਤੇ ਧਰਨੇ ਲਾਏ।ਯੂਨੀਅਨ ਦੇ ਸੱਦੇ 'ਤੇ ਅੱਜ ਸਵੇਰੇ 11:00 ਵਜੇ ਕਿਸਾਨਾਂ ਨੇ ਬਨੂੜ ਤੋਂ ਜ਼ੀਰਕਪੁਰ ਨੂੰ ਜਾਂਦੇ ਕੌਮੀ ਮਾਰਗ 'ਤੇ ਪੈਂਦੇ ਅਜ਼ੀਜ਼ਪੁਰ ਟੋਲ ਪਲਾਜ਼ਾ ਨੂੰ ਪੂਰੀ ਤਰ੍ਹਾਂ ਪਰਚੀ ਮੁਕਤ ਕਰ ਦਿੱਤਾ।ਕਿਸਾਨਾਂ ਵੱਲੋਂ ਟੋਲ ਪਲਾਜ਼ਾ 'ਤੇ ਧਰਨਾ ਆਰੰਭ ਦਿੱਤਾ ਗਿਆ ਹੈ, ਜਿਸ ਵਿੱਚ ਸੂਬਾਈ ਆਗੂ ਮਾਨ ਸਿੰਘ ਰਾਜਪੁਰਾ, ਤਰਲੋਚਨ ਸਿੰਘ ਨੰਡਿਆਲੀ, ਗੁਰਮੀਤ ਸਿੰਘ ਸਿਆਊ ਤੇ ਹੋਰ ਪ੍ਰਮੁੱਖ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਹਨ।ਇਸ ਦੌਰਾਨ ਕਿਸਾਨਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਪੰਜਾਬ ਸਰਕਾਰ ਦੇ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਦੂਜੇ ਪਾਸੇ, ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਬੀ.ਕੇ.ਯੂ. (ਡੱਲੇਵਾਲ) ਜ਼ਿਲ੍ਹਾ ਪਟਿਆਲਾ ਵੱਲੋਂ ਪਟਿਆਲਾ-ਰਾਜਪੁਰਾ ਰੋਡ 'ਤੇ ਸਥਿਤ ਧਰੇੜੀ ਜੱਟਾਂ ਟੋਲ ਪਲਾਜ਼ਾ 'ਤੇ ਵੀ ਧਰਨਾ ਮਾਰ ਕੇ ਇਸ ਨੂੰ ਵਾਹਨਾਂ ਲਈ ਪਰਚੀ ਮੁਕਤ ਕਰ ਦਿੱਤਾ ਗਿਆ।ਇਸ ਧਰਨੇ ਦੀ ਅਗਵਾਈ ਕਰਦਿਆਂ ਯੂਨੀਅਨ ਦੇ ਜ਼ਿਲ੍ਹਾ ਕਨਵੀਨਰ ਜਗਦੀਪ ਸਿੰਘ ਅਲੂਣਾ ਨੇ ਸਰਕਾਰ ਦੀਆਂ ਨੀਤੀਆਂ ਦੀ ਸਖ਼ਤ ਨਿਖੇਧੀ ਕੀਤੀ।

# ਮਿਆਰੀ ਸਿਹਤ ਸੇਵਾਵਾਂ ਲਈ ਪੀ ਜੀ ਆਈ ਦੀ ਯਾਤਰਾ ਇਤਿਹਾਸਕ ਮੀਲ ਪੱਥਰ : ਪ੍ਰੋ. ਵਿਵੇਕ ਲਾਲ



**ਸਮਰਾਲਾ (ਸੁਰਜੀਤ ਸਿੰਘ)**-ਪ੍ਰਧਾਨ ਮੰਤਰੀ ਵੱਲੋਂ 17 ਜੁਲਾਈ ਨੂੰ ਰਾਸ਼ਟਰ ਨੂੰ ਸਮਰਪਤ ਕੀਤੀਆਂ ਜਾਣ ਵਾਲੀਆਂ ਬੁਨਿਆਦੀ ਸਿਹਤ ਯੋਜਨਾਵਾਂ ਬਾਰੇ ਪੀਜੀਆਈ ਚੰਡੀਗੜ੍ਹ ਦੇ ਨਿਦੇਸ਼ਕ ਪ੍ਰੋ. ਵਿਵੇਕ ਲਾਲ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੀਜੀਆਈ ਉੱਤਰੀ ਭਾਰਤ ਦੇ ਕਰੋੜਾਂ ਲੋਕਾਂ ਤੱਕ ਉੱਚ ਪੱਧਰੀ, ਸੁਲਭ ਤੇ ਕਿਫਾਇਤੀ ਸਿਹਤ ਸੇਵਾਵਾਂ ਇੱਕ ਉੱਚੀ ਪੁਲਾਂਘ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਪੀਜੀਆਈ ਅਹਾਤੇ ਵਿੱਚ ਐਡਵਾਂਸਡ ਮਦਰ ਐਂਡ ਚਾਈਲਡ ਸੈਂਟਰ ਤੇ ਐਡਵਾਂਸਡ ਨਿਊਰੋਸਾਇੰਸਿਜ਼ ਸੈਂਟਰ ਦਾ ਉਦਘਾਟਨ ਕਰਨਗੇ।ਇਸ ਦੇ ਨਾਲ ਹੀ ਉਹ ਪ੍ਰਧਾਨ ਮੰਤਰੀ ਆਯੂਸ਼ਮਾਨ ਭਾਰਤ ਹੈਲਥ ਇਨਫਰਾਸਟਰੱਕਚਰ ਮਿਸ਼ਨ ਤਹਿਤ ਬਣਨ ਵਾਲੇ 150 ਬਿਸਤਰਿਆਂ ਵਾਲੇ ਕ੍ਰਿਟੀਕਲ ਕੇਅਰ ਹਸਪਤਾਲ ਬਲਾਕ ਦਾ ਨੀਂਹ ਪੱਥਰ ਵੀ ਰੱਖਣਗੇ। ਲਗਭਗ ?1,200 ਕਰੋੜ ਦੀ ਲਾਗਤ ਵਾਲੀਆਂ ਇਹ ਪਰਿਯੋਜਨਾਵਾਂ ਉੱਤਰੀ ਭਾਰਤ ਵਿੱਚ ਤੀਜੇ ਪੱਧਰ ਦੀਆਂ ਸਿਹਤ ਸੇਵਾਵਾਂ, ਮੈਡੀਕਲ ਸਿੱਖਿਆ ਤੇ ਉੱਨਤ ਖੋਜ ਨੂੰ ਨਵੀਂ ਮਜ਼ਬੂਤੀ ਦੇਣਗੀਆਂ।ਰੋਗੀ ਸੇਵਾ ਪ੍ਰਤੀ ਸੰਸਥਾ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਪ੍ਰੋ. ਲਾਲ ਨੇ ਕਿਹਾ ਕਿ ਸੰਸਥਾ ਦਾ ਮੂਲ ਮੰਤਰ ਰੋਗੀ ਸੇਵਾ ਹੈ।ਉਨ੍ਹਾਂ ਕਿਹਾ ਕਿ ਸੰਸਥਾ ਦੀ ਹਰ ਨਵੀਂ ਸਹੂਲਤ ਮਰੀਜ਼ ਕੇਂਦਰਿਤ ਹੁੰਦੀ ਹੈ।ਮੀਡੀਆ ਬ੍ਰੀਫਿੰਗ ਦੌਰਾਨ ਡੀਨ (ਅਕਾਦਮਿਕਸ) ਪ੍ਰੋ. ਸੰਜੇ ਜੈਨ, ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਸ੍ਰੀ ਪੰਕਜ ਰਾਏ, ਨਿਊਰੋਸਰਜਰੀ ਵਿਭਾਗ ਦੇ ਮੁਖੀ ਪ੍ਰੋ. ਐੱਸ. ਕੇ. ਗੁਪਤਾ, ਮੈਡੀਕਲ ਸੁਪਰਡੈਂਟ ਪ੍ਰੋ. ਅਸ਼ੋਕ ਕੁਮਾਰ ਸਮੇਤ ਵਿਭਾਗਾਂ ਦੇ ਮੁਖੀ ਹਾਜ਼ਰ ਸਨ।ਪ੍ਰੋ. ਲਾਲ ਨੇ ਐਡਵਾਂਸਡ ਮਦਰ ਐਂਡ ਚਾਈਲਡ ਸੈਂਟਰ ਬਾਰੇ ਜਾਣਕਾਰੀ ਦਿੰਦਿਆਂ ਡਾਇਰੈਕਟਰ ਨੇ ਕਿਹਾ ਕਿ 505 ਕਰੋੜ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਇਹ 300 ਬਿਸਤਰਿਆਂ ਵਾਲਾ ਆਧੁਨਿਕ ਕੇਂਦਰ ਨਵਜਾਤ ਗੰਭੀਰ ਦੇਖਭਾਲ ਇਕਾਈਆਂ, ਮਾਡਿਊਲਰ ਆਪ੍ਰੇਸ਼ਨ ਥੀਏਟਰਾਂ ਅਤੇ ਮਾਂ ਤੇ ਨਵਜਾਤ ਲਈ ਸਮੁੱਚੀਆਂ ਸਿਹਤ ਸੇਵਾਵਾਂ ਨਾਲ ਲੈਸ ਹੈ।ਇਸ ਨਾਲ ਪੀ ਜੀ ਆਈ ਦੀ ਹਰ ਸਾਲ 6,000 ਤੋਂ ਵੱਧ ਉੱਚ ਜੋਖਮ ਵਾਲੀਆਂ ਜਣੇਪਿਆਂ ਦੇ ਪ੍ਰਬੰਧਨ ਦੀ ਸਮਰੱਥਾ ਹੋਰ ਮਜ਼ਬੂਤ ਹੋਵੇਗੀ। ਇਨਫੋਸਿਸ ਫਾਊਂਡੇਸ਼ਨ ਦੇ ਸਹਿਯੋਗ ਲਈ ਧੰਨਵਾਦ ਪ੍ਰਗਟ ਕਰਦਿਆਂ ਪ੍ਰੋ. ਲਾਲ ਨੇ ਕਿਹਾ ਕਿ ਉੱਨਤ ਮੈਡੀਕਲ ਉਪਕਰਨਾਂ ਲਈ 147 ਕਰੋੜ ਦੇ ਉਦਾਰ ਯੋਗਦਾਨ ਲਈ ਅਸੀਂ ਇਨਫੋਸਿਸ ਫਾਊਂਡੇਸ਼ਨ ਦੇ ਦਿਲੋਂ ਆਭਾਰੀ ਹਾਂ।ਪ੍ਰੋ. ਲਾਲ ਨੇ ਆਯੁਸ਼ਮਾਨ ਭਾਰਤ ਯੋਜਨਾ ਦੇ ਪ੍ਰਭਾਵ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਯੋਜਨਾ ਨੇ ਅੰਗ ਪ੍ਰਤੀਰੋਪਣ, ਕੈਂਸਰ ਇਲਾਜ, ਜਟਿਲ ਦਿਲ ਤੇ ਨਿਊਰੋਲੋਜੀਕਲ ਸਰਜਰੀਆਂ ਵਰਗੇ ਉੱਚ ਪੱਧਰੀ ਇਲਾਜ ਆਰਥਿਕ ਤੌਰ 'ਤੇ ਉਨ੍ਹਾਂ ਮਰੀਜ਼ਾਂ ਲਈ ਵੀ ਸੰਭਵ ਬਣਾਏ ਹਨ, ਜੋ ਪਹਿਲਾਂ ਇਸ ਦਾ ਖਰਚਾ ਨਹੀਂ ਝੱਲ ਸਕਦੇ ਸਨ।ਉੱਨਤ ਇਲਾਜ ਦੀ ਕਿਫਾਇਤ 'ਤੇ ਜ਼ੋਰ ਦਿੰਦਿਆਂ ਪ੍ਰੋ. ਲਾਲ ਨੇ ਕਿਹਾ ਕਿ ਅੱਜ ਪੀਜੀਆਈਐੱਮਈਆਰ ਇਸ ਗੱਲ ਦੀ ਜੀਵੰਤ ਮਿਸਾਲ ਹੈ ਕਿ ਉੱਚ ਪੱਧਰੀ ਸਿਹਤ ਸੇਵਾਵਾਂ ਲਾਜ਼ਮੀ ਤੌਰ 'ਤੇ ਮਹਿੰਗੀਆਂ ਨਹੀਂ ਹੁੰਦੀਆਂ।ਆਯੁਸ਼ਮਾਨ ਭਾਰਤ ਯੋਜਨਾ ਤੇ ਸਾਡੀਆਂ ਅੰਮ੍ਰਿਤ ਫਾਰਮੇਸੀਆਂ ਰਾਹੀਂ ਕਈ ਮਹਿੰਗੀਆਂ ਦਵਾਈਆਂ ਪੱਛਮੀ ਦੇਸ਼ਾਂ ਦੀ ਤੁਲਨਾ ਵਿੱਚ ਲਗਭਗ ਤਿੰਨ ਸੌ ਗੁਣਾ ਘੱਟ ਕੀਮਤ 'ਤੇ ਉਪਲਬਧ ਕਰਵਾਈਆਂ ਜਾ ਰਹੀਆਂ ਹਨ, ਜਿਸ ਨਾਲ ਜੀਵਨ ਰੱਖਿਅਕ ਇਲਾਜ ਲੋੜਵੰਦਾਂ ਦੀ ਪਹੁੰਚ ਵਿੱਚ ਆਇਆ ਹੈ।

## ਯੂਨੀਵਰਸਿਟੀ ਕੈਂਪਸ 'ਚ ਚੱਲ ਰਹੀ ਕੌਂਸਲਿੰਗ ਦਾ ਵੀ ਸੀ ਵੱਲੋਂ ਦੌਰਾ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਜਗਦੀਪ ਸਿੰਘ ਵੱਲੋਂ ਯੂਨੀਵਰਸਿਟੀ ਕੈਂਪਸ ਦੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕੀਤਾ ਗਿਆ, ਜਿੱਥੇ ਵੱਖ-ਵੱਖ ਮਾਸਟਰ ਡਿਗਰੀ (ਪੋਸਟ-ਗ੍ਰੈਜੂਏਸ਼ਨ), ਪੀ.ਜੀ. ਡਿਪਲੋਮਾ, ਡਿਪਲੋਮਾ ਤੇ ਸਰਟੀਫਿਕੇਟ ਕੋਰਸਾਂ ਵਿੱਚ ਦਾਖਲੇ ਲਈ ਕੌਂਸਲਿੰਗ ਪ੍ਰਕਿਰਿਆ ਚੱਲ ਰਹੀ ਸੀ। ਇਸ ਦੌਰੇ ਦੌਰਾਨ ਉਨ੍ਹਾਂ ਖੁਦ ਹਾਜ਼ਰ ਰਹਿ ਕੇ ਦਾਖਲਾ ਪ੍ਰਕਿਰਿਆ ਦਾ ਜਾਇਜ਼ਾ ਲਿਆ ਤੇ ਨਵੇਂ ਆ ਰਹੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨਾਲ ਗੱਲਬਾਤ ਕੀਤੀ।ਕੌਂਸਲਿੰਗ ਦੌਰਾਨ ਵਿਦਿਆਰਥੀਆਂ ਦੇ ਚਿਹਰੇ ਉੱਤੇ ਭਾਰੀ ਉਤਸ਼ਾਹ ਤੇ ਡੂੰਘੀ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਡਾ. ਜਗਦੀਪ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਦੇ ਉੱਚ-ਪੱਧਰੀ ਅਕਾਦਮਿਕ ਮਾਹੌਲ ਸਦਕਾ ਵਿਦਿਆਰਥੀ ਇੱਥੇ ਦਾਖਲ ਹੋਣ ਵਿੱਚ ਵਿਸ਼ੇਸ਼ ਦਿਲਚਸਪੀ ਲੈ ਰਹੇ ਹਨ।ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਹੋਣਹਾਰ ਵਿਦਿਆਰਥੀਆਂ ਦਾ ਪੰਜਾਬੀ ਯੂਨੀਵਰਸਿਟੀ ਵੱਲ ਰੁਝਾਨ ਇਸ ਗੱਲ ਦਾ ਪ੍ਰਮਾਣ ਹੈ ਕਿ ਇਹ ਸੰਸਥਾ ਅੱਜ ਵੀ ਉਚੇਰੀ ਸਿੱਖਿਆ ਲਈ ਨੌਜਵਾਨਾਂ ਦੀ ਪਹਿਲੀ ਪਸੰਦ ਬਣੀ ਹੋਈ ਹੈ। ਵਿਦਿਆਰਥੀਆਂ ਦਾ ਇਹ ਜੋਸ਼ ਬੇਹੱਦ ਉਤਸ਼ਾਹਜਨਕ ਹੈ।ਉਨ੍ਹਾਂ ਕੌਂਸਲਿੰਗ ਡਿਊਟੀ 'ਤੇ ਤਾਇਨਾਤ ਵੱਖ-ਵੱਖ ਵਿਭਾਗਾਂ ਦੇ ਮੁਖੀਆਂ, ਫੈਕਲਟੀ ਮੈਂਬਰਾਂ ਤੇ ਸਟਾਫ ਨਾਲ ਵੀ ਮੁਲਾਕਾਤ ਕੀਤੀ ਅਤੇ ਦਾਖਲਾ ਪ੍ਰਕਿਰਿਆ ਨੂੰ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਚਲਾਉਣ ਲਈ ਕੀਤੇ ਗਏ ਪ੍ਰਬੰਧਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਨਵੇਂ ਦਾਖਲ ਹੋ ਰਹੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।

## ਇਨਕਲਾਬੀ ਕੇਂਦਰ ਪੰਜਾਬ ਵੱਲੋਂ ਸਫਾਈ ਕਾਮਿਆਂ ਦੀ ਹੜਤਾਲ ਦੀ ਹਮਾਇਤ

**ਜਗਰਾਉਂ (ਨਛੱਤਰ ਸੰਧੂ)**-ਇਨਕਲਾਬੀ ਕੇਂਦਰ ਪੰਜਾਬ ਨੇ ਬੀਤੇ ਦਿਨੀਂ ਪੰਜਾਬ ਸਰਕਾਰ ਨਾਲ ਉਨ੍ਹਾਂ ਦੀਆਂ ਮੰਗਾਂ ਸਬੰਧੀ ਹੋਈ ਸਫ਼ਾਈ ਕਾਮਿਆਂ ਦੀ ਮੀਟਿੰਗ ਵਿੱਚ ਕੋਈ ਸਿੱਟਾ ਨਾ ਨਿਕਲਣ 'ਤੇ ਭਗਵੰਤ ਮਾਨ ਸਰਕਾਰ ਦੀ ਜ਼ੋਰਦਾਰ ਨਿੰਦਾ ਕੀਤੀ ਹੈ।ਇਸ ਸਬੰਧੀ ਇਥੇ ਬਿਆਨ ਜਾਰੀ ਕਰਦਿਆਂ ਇਨਕਲਾਬੀ ਕੇਂਦਰ ਪੰਜਾਬ ਦੇ ਜਰਨਲ ਸਕੱਤਰ ਕੰਵਲਜੀਤ ਖੰਨਾ ਤੇ ਇਲਾਕਾ ਪ੍ਰਧਾਨ ਧਰਮ ਸਿੰਘ ਸੂਜਾਪੁਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਭਰੋਸਾ ਦੇਣ ਦੇ ਬਾਵਜੂਦ ਸਮਾਜ ਦੇ ਸਭ ਤੋਂ ਵੱਧ ਦੱਬੇ ਕੁਚਲੇ ਵਰਗ ਦੀਆਂ ਮੰਗਾਂ ਨੂੰ ਅਣਗੌਲਿਆ ਕਰਨ ਦਾ ਸਿੱਧਾ ਅਰਥ ਹੈ ਕਿ ਠੇਕੇ 'ਤੇ ਨਾਮਾਤਰ ਤਨਖਾਹਾਂ 'ਤੇ ਵੀਹ ਵੀਹ ਸਾਲਾਂ ਤੋਂ ਕੰਮ ਕਰਦੇ ਸਫਾਈ ਕਾਮਿਆਂ ਨੂੰ ਪੰਜਾਬ ਸਰਕਾਰ ਕੀੜੇ ਮਕੌੜੇ ਸਮਝਦੀ ਹੈ।ਉਹ ਅੱਜ ਇਥੇ ਸਫਾਈ ਕਾਮਿਆਂ ਦੀ ਹੜਤਾਲ ਨੂੰ ਸੰਬੋਧਨ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਧੱਕੇ ਖਿਲਾਫ ਸਫਾਈ ਕਾਮਿਆਂ ਵੱਲੋਂ ਅੱਠ ਜੁਲਾਈ ਤੋਂ ਕੀਤੀ ਜਾ ਰਹੀ ਅਣਮਿੱਥੇ ਸਮੇਂ ਦੀ ਹੜਤਾਲ ਦੀ ਉਨ੍ਹਾਂ ਦੀ ਜਥੇਬੰਦੀ ਪੂਰਨ ਸਮਰਥਨ ਕਰੇਗੀ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀ ਮਹਿੰਗਾਈ ਭੱਤੇ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲੀ ਦੀ ਮੰਗ ਵੀ ਪੰਜਾਬ ਸਰਕਾਰ ਨੇ ਜਾਣਬੁੱਝ ਕੇ ਘੱਟੇ ਪਾਈ ਹੋਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕਰਮਚਾਰੀਆਂ ਦੀਆਂ ਮੰਗਾਂ ਨੂੰ ਨਾਲ ਪੂਰੇ ਪੰਜਾਬ 'ਚ ਲੋਕ ਪ੍ਰਸ਼ਾਸਨ ਪੂਰੀ ਤਰ੍ਹਾਂ ਅਸਤਵਿਅਸਤ ਹੋ ਰਿਹਾ ਹੈ, ਜਿਸ ਦਾ ਖਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।ਇਸ ਤੋਂ ਪਹਿਲਾਂ ਵੀ ਮੰਗਾਂ ਨਾ ਮੰਨਣ ਕਾਰਨ ਇਨ੍ਹਾਂ ਦੀ ਮੰਗਾਂ 'ਤੇ ਮਈ ਮਹੀਨੇ 'ਚ 16 ਦਿਨ ਲੰਮੀ ਚੱਲੀ ਹੜਤਾਲ ਨੇ ਸ਼ਹਿਰਾਂ ਨੂੰ ਕੂੜਾ ਨਗਰੀਆਂ ਬਣਾ ਦਿੱਤਾ ਸੀ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ, ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਤੇ ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ ਨੇ ਵੀ ਸਫਾਈ ਕਾਮਿਆਂ ਦੀ ਹੜਤਾਲ ਦਾ ਜ਼ੋਰਦਾਰ ਸਮਰਥਨ ਕੀਤਾ ਹੈ।



## ਹਲਕੇ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਾਂਗਾ : ਪੂਨੀਆ



**ਸਨੌਰ (ਰਜਿੰਦਰ ਸਿੰਘ ਥਿੰਦ)**-ਸਨੌਰ ਤੋਂ ਬੀਜੇਪੀ ਦੇ ਸੀਨੀਅਰ ਆਗੂ ਸਤਪਾਲ ਪੂਨੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੀਜੇਪੀ ਹੀ ਉਹ ਸਿਆਸੀ ਪਾਰਟੀ ਹੈ, ਜੋ ਪੰਜਾਬ ਨੂੰ ਮੁੜ ਖੁਸ਼ਹਾਲ ਤੇ ਰੰਗਲਾ ਪੰਜਾਬ ਬਣਾਉਣ ਦੀ ਸਮਰੱਥਾ ਰੱਖਦੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਨੇ ਹਮੇਸ਼ਾ ਪੰਜਾਬ, ਪੰਜਾਬੀਅਤ ਤੇ ਕਿਸਾਨਾਂ ਦੇ ਹੱਕਾਂ ਦੀ ਆਵਾਜ਼ ਬੁਲੰਦ ਕੀਤੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਵਚਨਬੱਧ ਹੈ।ਸਤਪਾਲ ਪੂਨੀਆ ਨੇ ਕਿਹਾ ਕਿ ਜੇਕਰ ਭਵਿੱਖ ਵਿੱਚ ਪਾਰਟੀ ਹਾਈਕਮਾਨ ਉਨ੍ਹਾਂ ਨੂੰ ਹਲਕਾ ਸਨੌਰ ਤੋਂ ਚੋਣ ਲੜਨ ਦੀ ਜ਼ਿੰਮੇਵਾਰੀ ਸੌਂਪਦੀ ਹੈ ਤਾਂ ਉਹ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਹਲਕੇ ਦੇ ਲੋਕਾਂ ਦੀ ਸੇਵਾ ਕਰਨਗੇ।ਉਨ੍ਹਾਂ ਕਿਹਾ ਕਿ ਸਨੌਰ ਉਨ੍ਹਾਂ ਦੀ ਜਨਮ ਭੂਮੀ ਹੈ ਤੇ ਉਹ ਇਲਾਕੇ ਦੀਆਂ ਸਮੱਸਿਆਵਾਂ ਨੂੰ ਨੇੜਿਓਂ ਜਾਣਦੇ ਹਨ।ਇਸ ਲਈ ਲੋਕਾਂ ਦੇ ਸਹਿਯੋਗ ਨਾਲ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੱਤੀ ਜਾਵੇਗੀ ਤੇ ਬੁਨਿਆਦੀ ਸਹੂਲਤਾਂ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੀ ਭਲਾਈ ਤੇ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਸੰਘਰਸ਼ ਕਰਦਾ ਆ ਰਿਹਾ ਹੈ।ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਤੇ ਲੋਕ-ਹਿੱਤ ਵਾਲੇ ਕਾਰਜਾਂ ਨੂੰ ਲੋਕਾਂ ਤੱਕ ਪਹੁੰਚਾਉਣ।


# Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ 1. ਸ੍ਰੀ ਦੀਪ ਨਾਰਾਇਣ ਪੁੱਤਰ ਬੋਕੂ ਪ੍ਰਸਾਦ ਵਾਸੀ ਗਲੀ ਨੰਬਰ 3, ਰਾਧਾ ਵਿਹਾਰ ਕਲੋਨੀ, ਭਾਮੀਆਂ ਕਲਾਂ, ਲੁਧਿਆਣਾ, ਪੰਜਾਬ-141015, 2. ਸ੍ਰੀ ਅਰੁਣ ਤਿਵਾੜੀ ਪੁੱਤਰ ਮਹਿੰਦਰ ਤਿਵਾੜੀ, ਵਾਸੀ ਵਾਰਡ ਨੰਬਰ 7, ਪੁਬਾਰੀ ਟੋਲਾ, ਮਹੇਸ਼ਖੁੰਟ, ਖਗਾਰੀਆ, ਬਿਹਾਰ-851213, 3. ਸ੍ਰੀਮਤੀ ਨਿਸ਼ਾ ਦੇਵੀ ਪਤਨੀ ਦੀਪ ਨਾਰਾਇਣ, ਵਾਸੀ ਮਕਾਨ ਨੰ. 5, ਗਲੀ ਨੰਬਰ 3, ਰਾਧਾ ਵਿਹਾਰ ਕਲੋਨੀ, ਭਾਮੀਆਂ ਕਲਾਂ, ਲੁਧਿਆਣਾ, ਪੰਜਾਬ-141015 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਾਰੰਟਰ, 4. ਸ੍ਰੀ ਬਬਲੂ ਯਾਦਵ ਪੁੱਤਰ ਰਾਮ ਪ੍ਰਸਾਦ ਯਾਦਵ, ਮਦਨ ਕਾ ਵਿਹੜਾ, ਦੁਰਗਾ ਕਲੋਨੀ, ਫੇਜ਼-7, ਫੋਕਲ ਪੁਆਇੰਟ, ਲੁਧਿਆਣਾ, ਪੰਜਾਬ-141010, 5. ਸ੍ਰੀ ਪਲਵਿੰਦਰ ਸਿੰਘ ਪੁੱਤਰ ਸੋਹਣ ਸਿੰਘ, ਵਾਸੀ ਮਕਾਨ ਨੰ. 57, ਗਲੀ ਨੰਬਰ 1, ਭਾਮੀਆਂ ਰੋਡ, ਐਮ ਜੀ ਸਿਟੀ, ਭਾਮੀਆਂ ਕਲਾਂ, ਲੁਧਿਆਣਾ, ਪੰਜਾਬ-141015 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਐੱਚ ਐੱਲ/071611000105 'ਚ ਰੁਪਏ 14,03,718.23 ਅਤੇ ਐੱਲ ਏ ਪੀ/071602000236 'ਚ ਰੁਪਏ 6,75,809.06 ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ 'ਚ ਮੋੜਨ ਲਈ ਮਿਤੀ 28-01-2026 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੀ ਐੱਚ ਐੱਲ/071611000105 'ਚ ਰੁਪਏ 14,03,718.23 ਅਤੇ ਐੱਲ ਏ ਪੀ/071602000236 'ਚ ਰੁਪਏ 6,75,809.06 ਸਮੇਤ 01.01.2026 ਤੋਂ ਭਵਿੱਖੀ ਵਿਆਜ ਦੇ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉੱਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 5738 ਮਿਤੀ 18-06-2013 ਅਨੁਸਾਰ ਸ੍ਰੀਮਤੀ ਨਿਸ਼ਾ ਦੇਵੀ ਪਤਨੀ ਦੀਪ ਨਾਰਾਇਣ ਦੀ ਮਲਕੀਅਤ ਜਾਇਦਾਦ ਰਕਬਾ 25 ਵਰਗ ਗਜ਼, ਭਾਮੀਆਂ ਕਲਾਂ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਹੱਦਬਸਤ ਨੰ. 181 ਨਾਲ ਸੰਬੰਧਤ ਸਭ ਕੁਝ।

ਮਿਤੀ : 14-07-2026, ਸਥਾਨ : ਲੁਧਿਆਣਾ (ਅਧਿਕਾਰਤ ਅਫਸਰ)


## ਚੇਅਰਮੈਨ ਬਰਸਟ ਨੇ ਵਾਰਡ ਨੰ. 7 ਦੇ ਕੌਂਸਲਰ ਨਾਲ ਕੀਤੀ ਮੁਲਾਕਾਤ



**ਸਮਾਣਾ (ਗੁਰਪ੍ਰਿਆਸ ਸਿੰਘ ਬੱਲ)**-ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਮਿਊਂਸਪਲ ਕੌਂਸਲ ਸਮਾਣਾ ਦੇ ਵਾਰਡ ਨੰਬਰ 7 ਦੇ ਕੌਂਸਲਰ ਅਮਨਦੀਪ ਕੌਰ ਤੇ ਉਨ੍ਹਾਂ ਦੇ ਪਤੀ ਨਿਸ਼ਾਨ ਸਿੰਘ ਚੀਮਾ ਨਾਲ ਉਨ੍ਹਾਂ ਦੇ ਗ੍ਰਹਿ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਦੌਰਾਨ ਸ. ਬਰਸਟ ਨੇ ਚੀਮਾ ਪਰਿਵਾਰ ਨੂੰ ਮੁਬਾਰਕਬਾਦ ਦਿੱਤੀ ਤੇ ਕਿਹਾ ਕਿ ਲੋਕਾਂ ਨੇ ਬਹੁਤ ਉਮੀਦਾਂ ਨਾਲ ਉਨ੍ਹਾਂ ਨੂੰ ਜਿਤਾਇਆ ਹੈ।ਇਸ ਲਈ ਉਹ ਇਲਾਕੇ ਦੇ ਲੋਕਾਂ ਦੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿਣ।ਸ. ਬਰਸਟ ਨੇ ਪਾਰਟੀ ਦੀਆਂ ਭਵਿੱਖੀ ਯੋਜਨਾਵਾਂ ਤੇ ਚੋਣ ਰਣਨੀਤੀਆਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਤੇ ਸੰਗਠਨ ਨੂੰ ਜ਼ਮੀਨੀ ਪੱਧਰ ਤੱਕ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਤੇ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਇਆ ਜਾਵੇ, ਤਾਂ ਜੋ ਲੋਕ ਵੱਧ ਤੋਂ ਵੱਧ ਇਨ੍ਹਾਂ ਦਾ ਲਾਭ ਲੈ ਸਕਣ।ਉਨ੍ਹਾਂ ਭਰੋਸਾ ਜਤਾਇਆ ਕਿ ਵਰਕਰਾਂ ਦੀ ਦਿਨ-ਰਾਤ ਦੀ ਮਿਹਨਤ ਸਦਕਾ ਪਾਰਟੀ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਪਹਿਲਾਂ ਨਾਲੋਂ ਵੀ ਵੱਡੀ ਤੇ ਸ਼ਾਨਦਾਰ ਜਿੱਤ ਦਰਜ ਕਰਕੇ ਪੰਜਾਬ ਵਿੱਚ ਦੁਬਾਰਾ ਲੋਕ-ਪੱਖੀ ਸਰਕਾਰ ਬਣਾਏਗੀ।ਬੈਠਕ ਦੌਰਾਨ ਇਲਾਕਾ ਵਾਸੀਆਂ ਨੇ ਇਲਾਕੇ ਦੀਆਂ ਸਮੱਸਿਆਵਾਂ ਬਾਰੇ ਵੀ ਜਾਣੂ ਕਰਵਾਇਆ, ਜਿਸ 'ਤੇ ਚੇਅਰਮੈਨ ਨੇ ਹਰ ਸੰਭਵ ਹੱਲ ਦਾ ਭਰੋਸਾ ਦਿੱਤਾ।ਇਸ ਮੌਕੇ ਅਮਨਦੀਪ ਕੌਰ ਤੇ ਨਿਸ਼ਾਨ ਸਿੰਘ ਚੀਮਾ ਨੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਲੋਕਾਂ ਦੀ ਸੇਵਾ ਲਈ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨਗੇ।ਇਲਾਕਾ ਨਿਵਾਸੀ ਮੌਜੂਦ ਰਹੇ।

## ਵਾਲੀਆਂ ਖੋਹਣ ਵਾਲੇ 2 ਅਣਪਛਾਤਿਆਂ ਵਿਰੁੱਧ ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਵਾਰਡ ਨੰਬਰ 06 ਦਸਮੇਸ਼ ਨਗਰ ਵਿਖੇ ਔਰਤ ਦੀਆਂ ਸੋਨੇ ਦੀਆਂ ਵਾਲੀਆਂ ਝਪਟ ਮਾਰ ਕੇ ਉਤਾਰਨ ਵਾਲੇ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ।

ਜਾਂਚ ਅਧਿਕਾਰੀ ਐਸ.ਆਈ. ਸ਼ਮੀਨਾ ਕੰਬੋਜ ਨੇ ਦੱਸਿਆ ਕਿ ਸ਼ਿਕਾਇਤਕਰਤਾ ਰਾਜ ਰਾਣੀ ਪਤਨੀ ਮਦਨ ਲਾਲ ਵਾਸੀ ਵਾਰਡ ਨੰਬਰ-6 ਦਸਮੇਸ਼ ਨਗਰ ਜਲਾਲਾਬਾਦ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਕਿ 10 ਜੁਲਾਈ ਨੂੰ ਦੁਪਹਿਰ ਕਰੀਬ 3.15 ਵਜੇ ਘਰ ਵਿੱਚ ਸੀ ਤਾਂ 2 ਅਣਪਛਾਤੇ ਵਿਅਕਤੀ ਉਸਦੇ ਘਰ ਅੰਦਰ ਦਾਖਲ ਹੋ ਕੇ ਉਸਦੇ ਕੰਨਾਂ ਵਿੱਚ ਪਾਇਆ ਸੋਨੇ ਦੀਆਂ ਵਾਲੀਆਂ ਦਾ ਜੋੜਾ ਝਪਟ ਮਾਰ ਕੇ ਖੋਹ ਲਿਆ ਅਤੇ ਭੱਜ ਗਏ, ਜਿਸ 'ਤੇ ਪੁਲਸ ਵੱਲੋਂ ਸ਼ਿਕਾਇਤਕਰਤਾ ਰਾਜ ਰਾਣੀ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਨੰਬਰ 122 ਮਿਤੀ 13 ਜੁਲਾਈ 2026 ਨੂੰ ਧਾਰਾ 304, 305, 333, 3(5) ਬੀ.ਐਨ.ਐਸ. ਅਧੀਨ ਥਾਣਾ ਸਿਟੀ ਵਿਖੇ ਦਰਜ ਕੀਤਾ ਗਿਆ ਹੈ ਤੇ ਪੁਲਸ ਵੱਲੋਂ ਨਾਮਜ਼ਦ ਵਿਅਕਤੀਆਂ ਨੂੰ ਕਾਬੂ ਕਰਨ ਲਈ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਸਤੀਸ਼ ਗੁਪਤਾ ਦੀ ਪਵਿੱਤਰ ਯਾਦ 'ਚ ਹਵਨ



**ਜਗਰਾਉਂ (ਅਮਿਤ ਖੰਨਾ)**-ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਵ. ਸਤੀਸ਼ ਗੁਪਤਾ ਦੇ ਜਨਮ ਦਿਨ 'ਤੇ ਹਵਨ ਕੀਤਾ ਗਿਆ।ਸਰਵਹਿੱਤਕਾਰੀ ਵਿੱਦਿਆ ਮੰਦਰ ਦੇ ਪ੍ਰਿੰਸੀਪਲ ਨੀਲੂ ਨਰੂਲਾ, ਮੈਨੇਜਮੈਂਟ ਕਮੇਟੀ ਦੇ ਪ੍ਰਬੰਧਕ ਪ੍ਰਦੀਪ, ਉਪ-ਪ੍ਰਧਾਨ ਸ਼ਾਮ ਸੁੰਦਰ, ਉਪ ਪ੍ਰਧਾਨ ਅਰੁਣ ਸਿੰਗਲਾ, ਸਰਪ੍ਰਸਤ ਰਵਿੰਦਰ ਗੁਪਤਾ, ਐੱਸ.ਐੱਸ.ਬੀ. ਗੁਰੂਕੁਲ ਪ੍ਰਬੰਧਨ ਕਮੇਟੀ ਦੇ ਪ੍ਰਧਾਨ ਐਡਵੋਕੇਟ ਵਿਵੇਕ ਭਾਰਦਵਾਜ, ਜ਼ਿਲ੍ਹਾ ਪ੍ਰਚਾਰਕ ਲਵਨੀਸ਼, ਸੁਰੇਸ਼ ਗਰਗ, ਬੀ.ਬੀ. ਸਿੰਗਲਾ, ਮੈਂਬਰ ਔਰਵ ਗੋਇਲ, ਮੈਂਬਰ ਆਕਾਸ਼, ਮੈਂਬਰ ਅਨੁਪਮ ਸੂਦ ਤੇ ਨੀਰੂ ਦੀਦੀ ਸਮਾਜ ਸਨ।ਇਨ੍ਹਾਂ ਸਭ ਨੇ ਹਵਨ ਵਿਚ ਹਿੱਸਾ ਲਿਆ।ਪ੍ਰੋਗਰਾਮ ਦੀ ਸ਼ੁਰੂਆਤ ਵੇਦ ਮੰਤਰ ਉਚਾਰਨ ਤੇ ਪਵਿੱਤਰ ਅੱਗ ਦੀ ਸਥਾਪਨਾ ਨਾਲ ਹੋਈ।ਸਕੂਲ ਦੇ ਸਾਰੇ ਅਧਿਆਪਕ, ਵਿਦਿਆਰਥੀ ਤੇ ਪ੍ਰਬੰਧਕ ਸ਼ਰਧਾ ਨਾਲ ਹਵਨ ਵਿਚ ਸ਼ਾਮਲ ਹੋਏ।ਸਤੀਸ਼ ਗੁਪਤਾ ਇੱਕ ਦਿਆਲੂ, ਸੰਵੇਦਨਸ਼ੀਲ ਤੇ ਦੂਰਦਰਸ਼ੀ ਵਿਅਕਤੀ ਸਨ।ਉਹ ਬੱਚਿਆਂ ਨਾਲ ਬਹੁਤ ਪਿਆਰ ਕਰਦੇ ਸਨ ਤੇ ਸਦਾ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਚਿੰਤਾ ਕਰਦੇ ਸਨ।

ਬੱਚਿਆਂ ਪ੍ਰਤੀ ਉਨ੍ਹਾਂ ਦੀ ਸਮਰਪਤ ਭਾਵਨਾ ਨੂੰ ਯਾਦ ਰੱਖਦਿਆਂ ਸਕੂਲ ਦਾ ਨਾਂ ਉਨ੍ਹਾਂ ਦੀ ਯਾਦ ਵਿੱਚ ਰੱਖਿਆ ਗਿਆ ਹੈ।ਪ੍ਰਿੰਸੀਪਲ ਨੀਲੂ ਨਰੂਲਾ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸਤੀਸ਼ ਗੁਪਤਾ ਦੀ ਸੋਚ ਸੀ ਕਿ ਸਿੱਖਿਆ ਸਿਰਫ਼ ਕਿਤਾਬਾਂ ਤੱਕ ਸੀਮਤ ਨਾ ਰਹੇ, ਸਗੋਂ ਇਹ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਸਾਧਨ ਬਣੇ।70, 80 ਤੇ 90 ਫ਼ੀਸਦੀ ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੇ ਕੇ ਸਨਮਾਨਤ ਕੀਤਾ ਗਿਆ।ਸਤੀਸ਼ ਗੁਪਤਾ ਸਰਵਹਿੱਤਕਾਰੀ ਦੇ ਪ੍ਰਧਾਨ ਵਿਨੇ ਸਿੰਗਲਾ ਨੇ ਕਿਹਾ ਸਾਨੂੰ ਸਭ ਨੂੰ ਸਵ. ਸਤੀਸ਼ ਗੁਪਤਾ ਵੱਲੋਂ ਸਿੱਖਿਆ ਦੇ ਖੇਤਰ ਵਿਚ ਵਿਖਾਈ ਗਈ ਇਮਾਨਦਾਰੀ, ਨਿਸ਼ਠਾ ਤੇ ਸਮਰਪਣ ਦੀ ਭਾਵਨਾ ਤੋਂ ਪ੍ਰੇਰਣਾ ਲੈਂਦੇ ਹੋਏ ਉਨ੍ਹਾਂ ਦੇ ਦੱਸੇ ਹੋਏ ਮਾਰਗ 'ਤੇ ਚੱਲਣਾ ਚਾਹੀਦਾ ਹੈ।


# Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 30.06.2026 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਏ ਐੱਲ 'ਚ ਕਰਜ਼ਦਾਰ) : ਸ੍ਰੀ ਗਗਨਦੀਪ ਸਿੰਘ ਪੁੱਤਰ ਸ੍ਰੀ ਹਰਦੀਪ ਸਿੰਘ ਵਾਸੀ ਮੁਹੱਲਾ ਮਹਿਤਾ, ਪਿੰਡ ਨੜਾਂਵਾਲੀ ਤਹਿਸੀਲ ਕਲਾਨੌਰ, ਗੁਰਦਾਸਪੁਰ, ਪੰਜਾਬ-143512

2. (ਏ ਐੱਲ 'ਚ ਗਰੰਟਰ) : ਸ੍ਰੀ ਹਰਪ੍ਰੀਤ ਸਿੰਘ ਪੁੱਤਰ ਮੰਗਲ ਸਿੰਘ ਵਾਸੀ 232/ਏ, ਡਬਲਯੂ/ਨੰ. 1, ਜੇਲ੍ਹ ਰੋਡ, ਹੇਅਰ ਵਿਹਾਰ ਕਲੋਨੀ, ਗੁਰਦਾਸਪੁਰ, ਪੰਜਾਬ-143521

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.06.2026 ਤੋਂ ਬਿਨਾਂ ਵਿਆਜ) |
|---|---|---|
| AL/138607000069 | Rs. 13,30,000/- | Rs. 10,71,275.44 |

ਪ੍ਰਾਇਮਰੀ ਸਕਿਉਰਿਟੀ : ਐੱਮ ਜੀ ਮੋਟਰਜ਼ ਇੰਡੀਆ ਪ੍ਰਾਈਵੇਟ ਲਿਮਟਿਡ, ਅਸਟੋਰ ਵੀ ਟੀ ਆਈ ਟੈੱਕ ਸੀ ਵੀ ਟੀ ਸ਼ਾਰਪਪਰੋ, ਰਜਿਸਟਰੇਸ਼ਨ ਨੰ. ਪੀ ਬੀ 06 ਬੀ ਜੀ 1616, ਚੇਸੀਜ਼ ਨੰ. ਐੱਮ ਜ਼ੈੱਡ 7 ਸੀ ਡੀ 34 ਕੇ ਬੀ 7 ਐੱਚ 034470, ਇੰਜਣ ਨੰ. ਐੱਫ ਐੱਮ ਜੀ ਪੀ ਬੀ 160616 ਗਗਨਦੀਪ ਸਿੰਘ ਪੁੱਤਰ ਹਰਦੀਪ ਸਿੰਘ ਦੇ ਨਾਂਅ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਗੁਰਦਾਸਪੁਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -

(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ

(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ

(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ

(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 14.07.2026 ਸਹੀ/- (ਅਧਿਕਾਰਤ ਅਫਸਰ)


## ਮਾਨ ਸਰਕਾਰ ਨੇ ਮਾਪਿਆਂ ਦੀ ਆਰਥਿਕ ਲੁੱਟ ਰੋਕਣ ਦੇ ਫੈਸਲੇ 'ਤੇ ਲਾਈ ਮੋਹਰ : ਚੇਅਰਮੈਨ ਸੂਦ



**ਰਾਜਪੁਰਾ (ਰਮੇਸ਼ ਕਟਾਰੀਆ)**-ਪੰਜਾਬ ਦੀ ਭਗਵੰਤ ਮਾਨ ਪਹਿਲੀ ਅਜਿਹੀ ਸਰਕਾਰ ਹੈ, ਜਿਸ ਨੇ ਨਿੱਜੀ ਸਕੂਲਾਂ ਦੇ ਮਾਲਕਾਂ ਵੱਲੋਂ ਬੱਚਿਆਂ ਦੇ ਮਾਪਿਆਂ ਦੀ ਆਰਥਿਕ ਲੁੱਟ ਰੋਕਣ ਲਈ ਕਦਮ ਚੁੱਕੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਉੱਘੇ ਆਗੂ ਤੇ ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ ਵੱਲੋਂ ਮਾਨ ਸਰਕਾਰ ਵੱਲੋਂ ਨਿੱਜੀ ਸਕੂਲਾਂ ਦੀ ਲੁੱਟ ਖਿਲਾਫ ਲਿਆਂਦੇ ਬਿੱਲ ਦੇ ਹੱਕ ਵਿੱਚ ਕੀਤਾ।ਚੇਅਰਮੈਨ ਸੂਦ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਜਿੱਥੇ ਅਨੇਕਾਂ ਲੋਕ ਹਿਤੈਸ਼ੀ ਫੈਸਲੇ ਕੀਤੇ ਹਨ, ਉੱਥੇ ਸਰਕਾਰ ਨੇ ਪੰਜਾਬ ਦੇ ਨਿੱਜੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਦੀ ਆਰਥਿਕ ਲੁੱਟ ਰੋਕਣ ਲਈ ਇੱਕ ਬਿੱਲ ਲਿਆਂਦਾ ਹੈ, ਜਿਸ ਨਾਲ ਹੁਣ ਨਿੱਜੀ ਸਕੂਲਾਂ ਵੱਲੋਂ ਮਾਪਿਆਂ ਦੀ ਫੀਸਾਂ 'ਤੇ ਹੋਰ ਖਰਚਿਆਂ ਦੇ ਰੂਪ ਵਿੱਚ ਹੁੰਦੀ ਆਰਥਿਕ ਲੁੱਟ ਨੂੰ ਠੱਲ੍ਹ ਪਵੇਗੀ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਅਜਿਹੇ ਲੋਕ ਹਿਤੈਸ਼ੀ ਫੈਸਲਿਆਂ ਕਾਰਨ ਹੀ ਲੋਕ ਮੁੜ ਪੰਜਾਬ ਵਿੱਚ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੇਖਣਾ ਚਾਹੁੰਦੇ ਹਨ, ਜਿਸ ਦਾ ਪੁੱਖ ਸਬੂਤ ਪੰਜਾਬ ਵਾਸੀਆਂ ਨੇ ਨਗਰ ਕੌਂਸਲ ਚੋਣਾਂ ਵਿੱਚ ਸਮੁੱਚੇ ਪੰਜਾਬ ਵਿੱਚ ਆਪ ਦੇ ਉਮੀਦਵਾਰਾਂ ਨੂੰ ਵੱਡੀ ਪੱਧਰ 'ਤੇ ਜਿਤਾ ਕੇ ਦੇ ਦਿੱਤਾ ਹੈ।

## ਸਪਰਿੰਗ ਫੀਲਡ ਸਕੂਲ 'ਚ ਵਿਸ਼ਵ ਆਬਾਦੀ ਦਿਵਸ ਮੌਕੇ ਜਾਗਰੂਕਤਾ ਪ੍ਰੋਗਰਾਮ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਵਿਸ਼ਵ ਆਬਾਦੀ ਦਿਵਸ ਮੌਕੇ ਵਿਦਿਆਰਥੀਆਂ ਨੂੰ ਵੱਧ ਰਹੀ ਵਿਸ਼ਵ ਆਬਾਦੀ, ਸੰਤੁਲਿਤ ਵਿਕਾਸ ਤੇ ਵਾਤਾਵਰਨ ਸੰਭਾਲ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਭਾਸ਼ਣ, ਵਾਦ-ਵਿਵਾਦ ਤੇ ਰਚਨਾਤਮਕ ਗਤੀਵਿਧੀਆਂ ਰਾਹੀਂ ਆਪਣੇ ਵਿਚਾਰ ਪੇਸ਼ ਕਰਦਿਆਂ ਆਬਾਦੀ ਵਾਧੇ ਨਾਲ ਜੁੜੀਆਂ ਚੁਣੌਤੀਆਂ ਤੇ ਉਨ੍ਹਾਂ ਦੇ ਹੱਲ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਸ ਮੌਕੇ ਸਕੂਲ ਦੇ ਚੇਅਰਮੈਨ ਨਰ ਸਿੰਘ ਬਰਾੜ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਯੁੱਗ ਵਿਚ ਸਿੱਖਿਆ ਦਾ ਮਹੱਤਵ ਪਹਿਲਾਂ ਨਾਲੋਂ ਕਈ ਗੁਣਾ ਵਧ ਗਿਆ ਹੈ।ਉਨ੍ਹਾਂ ਕਿਹਾ ਕਿ ਸਿੱਖਿਅਤ ਤੇ ਜਾਗਰੂਕ ਨਾਗਰਿਕ ਹੀ ਵਿਗਿਆਨਕ ਸੋਚ ਨੂੰ ਅਪਣਾ ਕੇ ਵਾਤਾਵਰਨ ਦੀ ਰੱਖਿਆ, ਕੁਦਰਤੀ ਸਰੋਤਾਂ ਦੀ ਸੰਭਾਲ ਤੇ ਧਰਤੀ ਹੇਠਲੇ ਖਣਿਜਾਂ ਦੀ ਸਹੀ ਵਰਤੋਂ ਵਿਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਨ ਸੁਰੱਖਿਆ ਤੇ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਸੁਚੇਤ ਰਹਿਣ ਦਾ ਸੱਦਾ ਦਿੱਤਾ।ਪ੍ਰੋਗਰਾਮ ਨੂੰ ਸਕੂਲ ਦੇ ਮਿਊਜ਼ਿਕ ਟੀਚਰ ਅਵਤਾਰ ਸਿੰਘ ਨੇ ਦਸਵੀਂ ਜਮਾਤ ਦੀਆਂ ਵਿਦਿਆਰਥਣਾਂ ਨੈਨਸੀ ਤੇ ਜੈਸਮੀਨ ਕੌਰ ਦੇ ਸਹਿਯੋਗ ਨਾਲ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਨੇ ਵਿਦਿਆਰਥੀਆਂ ਨੂੰ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਤੇ ਵਾਤਾਵਰਨ ਦੀ ਸੰਭਾਲ ਲਈ ਆਪਣੇ ਰੋਜ਼ਾਨਾ ਜੀਵਨ ਵਿੱਚ ਸਕਾਰਾਤਮਕ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ।

## ਖੋਜ, ਉਦਯੋਗ-ਆਧਾਰਤ ਸਿੱਖਿਆ ਨੂੰ ਮਜ਼ਬੂਤ ਕਰਨ ਲਈ ਕੀਤਾ ਸਮਝੌਤਾ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**



ਅਕਾਦਮਿਕ ਜਗਤ ਤੇ ਉਦਯੋਗ ਦਰਮਿਆਨ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਤੇ ਚੰਡੀਗੜ੍ਹ ਮੈਨੇਜਮੈਂਟ ਐਸੋਸੀਏਸ਼ਨ (ਸੀਐਮਏ) ਨੇ ਖੋਜ, ਮਾਰਗਦਰਸ਼ਨ, ਨਵੀਨਤਾ ਤੇ ਉਦਯੋਗ-ਆਧਾਰਿਤ ਸਿੱਖਿਆ ਨੂੰ ਉਤਸ਼ਾਹਤ ਕਰਨ ਲਈ ਸਮਝੌਤਾ ਸਹਿਮਤੀ ਪੱਤਰ (ਐਮਓਯੂ) 'ਤੇ ਹਸਤਾਖਰ ਕੀਤੇ।ਸਮਝੌਤਾ ਸਹਿਮਤੀ ਪੱਤਰ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਰਸਮੀ ਤੌਰ 'ਤੇ ਹਸਤਾਖਰ ਕੀਤੇ।

ਡੀਬੀਯੂ ਦੀ ਮੁੱਖ ਕਾਰਜਕਾਰੀ ਅਧਿਕਾਰੀ ਡਾ. ਤੁਲਿਕਾ ਮਹਿਤਾ ਵੀ ਹਾਜ਼ਰ ਸਨ ਚੰਡੀਗੜ੍ਹ ਮੈਨੇਜਮੈਂਟ ਐਸੋਸੀਏਸ਼ਨ ਵੱਲੋਂ ਪ੍ਰੈਜ਼ੀਡੈਂਟ ਇੰਜੀ.ਅਭਿਸ਼ੇਕ ਗੁਪਤਾ, ਜਨਰਲ ਸਕੱਤਰ ਡਾ. ਨਵਜੋਤ ਕੌਰ ਤੇ ਐਸੋਸੀਏਸ਼ਨ ਦੇ ਹੋਰ ਅਹੁਦੇਦਾਰ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਏ।ਇਸ ਸਹਿਯੋਗ ਦਾ ਉਦੇਸ਼ ਵੱਖ-ਵੱਖ ਸਾਂਝੀਆਂ ਪਹਿਲਕਦਮੀਆਂ ਰਾਹੀਂ ਅਕਾਦਮਿਕ, ਨਵੀਨਤਾ ਅਤੇ ਉਦਯੋਗਿਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਲਈ ਇੱਕ ਗਤੀਸ਼ੀਲ ਮੰਚ ਤਿਆਰ ਕਰਨਾ ਹੈ।ਸਮਝੌਤੇ ਤਹਿਤ ਦੋਵੇਂ ਸੰਸਥਾਵਾਂ ਸਾਂਝੇ ਖੋਜ ਪ੍ਰੋਜੈਕਟਾਂ 'ਤੇ ਕੰਮ ਕਰਨਗੀਆਂ, ਗਿਆਨ ਦੇ ਆਦਾਨ-ਪ੍ਰਦਾਨ ਨੂੰ ਉਤਸ਼ਾਹਤ ਕਰਨਗੀਆਂ, ਵਿਦਿਆਰਥੀਆਂ ਅਤੇ ਨੌਜਵਾਨ ਉਦਯੋਗਪਤੀਆਂ ਨੂੰ ਤਜਰਬੇਕਾਰ ਉਦਯੋਗਿਕ ਮਾਹਿਰਾਂ ਨਾਲ ਜੋੜਨ ਲਈ ਮਾਰਗਦਰਸ਼ਨ ਪ੍ਰੋਗਰਾਮ ਚਲਾਉਣਗੀਆਂ ਤੇ ਸੀਐਮਏ ਨਾਲ ਸੰਬੰਧਤ ਮੈਂਬਰ ਸੰਸਥਾਵਾਂ ਦੇ ਸਹਿਯੋਗ ਨਾਲ ਉਭਰਦੀਆਂ ਉਦਯੋਗਿਕ ਲੋੜਾਂ ਅਨੁਸਾਰ ਉਦਯੋਗ-ਆਧਾਰਿਤ ਪਾਠਕ੍ਰਮ ਵਿਕਸਤ ਕਰਨਗੀਆਂ।

ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਇਹ ਭਾਈਵਾਲੀ ਅਕਾਦਮਿਕ ਖੇਤਰ ਤੇ ਉਦਯੋਗ ਵਿਚਕਾਰਲੇ ਫ਼ਰਕ ਨੂੰ ਘਟਾਉਣ ਵੱਲ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਸਹਿਯੋਗ ਰਾਹੀਂ ਵਿਦਿਆਰਥੀਆਂ ਨੂੰ ਵਿਹਾਰਕ ਗਿਆਨ, ਉਦਯੋਗਿਕ ਤਜਰਬਾ ਤੇ ਅਨੁਭਵ-ਆਧਾਰਿਤ ਸਿੱਖਿਆ ਦੇ ਵਿਆਪਕ ਮੌਕੇ ਪ੍ਰਾਪਤ ਹੋਣਗੇ, ਜਿਸ ਨਾਲ ਉਹ ਭਵਿੱਖ ਲਈ ਤਿਆਰ ਪੇਸ਼ੇਵਰ ਅਤੇ ਨਵੀਨਤਾਕਾਰ ਬਣ ਸਕਣਗੇ।ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਕਿਹਾ ਕਿ ਯੂਨੀਵਰਸਿਟੀ ਹਮੇਸ਼ਾ ਪੇਸ਼ੇਵਰ ਸੰਸਥਾਵਾਂ ਨਾਲ ਅਰਥਪੂਰਨ ਭਾਈਵਾਲੀ ਸਥਾਪਤ ਕਰਨ ਲਈ ਵਚਨਬੱਧ ਰਹੀ ਹੈ, ਤਾਂ ਜੁ ਅਕਾਦਮਿਕ ਪ੍ਰੋਗਰਾਮਾਂ ਨੂੰ ਹੋਰ ਸਮਰੱਥ ਬਣਾਇਆ ਜਾ ਸਕੇ ਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਖੋਜ, ਉਦਯੋਗਪਤੀ ਸੋਚ ਅਤੇ ਨਵੀਨਤਾ ਦੀ ਸੰਸਕ੍ਰਿਤੀ ਨੂੰ ਉਤਸ਼ਾਹਿਤ ਕੀਤਾ ਜਾ ਸਕੇ।ਚੰਡੀਗੜ੍ਹ ਮੈਨੇਜਮੈਂਟ ਐਸੋਸੀਏਸ਼ਨ ਦੇ ਪ੍ਰਧਾਨ ਇੰਜੀ. ਅਭਿਸ਼ੇਕ ਗੁਪਤਾ ਨੇ ਕਿਹਾ ਕਿ ਇਹ ਸਹਿਯੋਗ ਪ੍ਰਤਿਭਾਵਾਂ ਨੂੰ ਨਿਖਾਰਨ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਸੀਐਮਏ ਦੀ ਵਚਨਬੱਧਤਾ ਦਾ ਪ੍ਰਤੀਕ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਭਾਈਵਾਲੀ ਵਿਦਿਆਰਥੀਆਂ, ਖੋਜਕਰਤਾਵਾਂ, ਉਦਯੋਗਪਤੀਆਂ ਤੇ ਉਦਯੋਗਿਕ ਮਾਹਿਰਾਂ ਨੂੰ ਪ੍ਰਭਾਵਸ਼ਾਲੀ ਪਹਿਲਕਦਮੀਆਂ 'ਤੇ ਮਿਲ ਕੇ ਕੰਮ ਕਰਨ ਲਈ ਮਹੱਤਵਪੂਰਨ ਮੌਕੇ ਪ੍ਰਦਾਨ ਕਰੇਗੀ।


AXIS BANK

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001. **Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025. **Registered Office:** 'Trishul', 3rd floor, opposite Samartheswar Temple, Law Garden, Ellisbridge, Ahmadabad-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਅਤੇ ਪਤਾ | ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|---|
| 1. ਮੈਸਰਜ਼ ਜੀ ਕੇ ਇੰਟਰਪ੍ਰਾਈਜ਼ਜ਼ ਰਾਹੀਂ ਇਸ ਦੇ ਮਾਲਕ ਗੌਰਵ ਕੋਹਲੀ ਪੁੱਤਰ ਯਸ਼ਪਾਲ ਕੋਹਲੀ ਪਤਾ : ਪਲਾਟ ਨੰਬਰ 100, ਵਰਿਆਣਾ ਇੰਡਸਟਰੀਅਲ ਕੰਪਲੈਕਸ, ਕਪੂਰਥਲਾ ਰੋਡ, ਜਲੰਧਰ-144001, 2. ਸ੍ਰੀ ਗੌਰਵ ਕੋਹਲੀ ਪੁੱਤਰ ਯਸ਼ਪਾਲ ਕੋਹਲੀ, ਪਤਾ : ਮਕਾਨ ਨੰ. 26-ਏ, ਨਿਊ ਅਸ਼ੋਕ ਨਗਰ, ਜਲੰਧਰ-1, ਜਲੰਧਰ ਬਸਤੀ ਗੁਜ਼ਾਂ-144002 | 01-OCT-2025 | 28-FEB-2025 | 09-JULY-2026 | ਰੁ. 57,05,035/- (ਸੱਤਵੰਜਾ ਲੱਖ ਪੰਜ ਹਜ਼ਾਰ ਪੈਂਤੀ ਰੁਪਏ ਕੇਵਲ) |

**ਜਾਇਦਾਦਾਂ ਦਾ ਵੇਰਵਾ**

ਇੰਡਸਟ੍ਰੀਅਲ ਜਾਇਦਾਦ ਰਕਬਾ 10 ਮਰਲੇ 215 ਵਰਗ ਫੁੱਟ, ਖੱਤਾ ਨੰਬਰ 82/133, 134, 135, 136, 83/137, 138, 139, 405/543, 544, 545, ਖਸਰਾ ਨੰਬਰ 79//17, 18, 19, 22/2 ਮਿਨ, 79//22/2 ਮਿਨ, 79//24, 79//23, 79//12, 79//13, 79//14, 78//16, 17, 24, 25, 79//21 ਮਿਨ, 22/1, 86//2/1, 79//20 ਮਿਨ, 21 ਮਿਨ, 86//1, 78//15, 79//11, 20 ਮਿਨ ਜਮ੍ਹਾਂਬੰਦੀ ਸਾਲ 2003-2004 ਜ਼ਮੀਨ ਹਿੱਸਾ 9-ਸੀ ਨਾਲ ਸੰਬੰਧਤ ਪਿੰਡ ਵਰਿਆਣਾ, ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਮਾਲਕ 70', ਪੱਛਮ : 30' ਸੜਕ 66'-6'', ਉੱਤਰ: 30' ਸੜਕ 32'-6'', ਦੱਖਣ : ਮਾਲਕ 53-6''।

| ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਅਤੇ ਪਤਾ | ਡਿਮਾਂਡ ਨੋਟਿਸ ਦੀ ਮਿਤੀ | ਐੱਨ ਪੀ ਏ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|---|
| 1. ਮੈਸਰਜ਼ ਏਕਾਕਸ਼ਰ ਕੁਲੈਕਸ਼ਨਜ਼ ਰਾਹੀਂ ਇਸ ਦੇ ਭਾਈਵਾਲਾਂ ਬੀ-33-321/10 ਏ, ਪਲਾਟ ਨੰਬਰ 15 ਪੀ ਐਨ ਬੀ ਬੈਂਕ ਰੋਡ, ਨੇੜੇ ਅਚਾਰ ਫੈਕਟਰੀ, ਭਗਵਾਨ ਦਾਸ ਕਲੋਨੀ, ਸਲੇਮ ਟਾਬਰੀ, ਲੁਧਿਆਣਾ, ਪੰਜਾਬ-141008, 2. ਸ੍ਰੀ ਅਤੁਲ ਗੁਪਤਾ ਪੁੱਤਰ ਰਮੇਸ਼ ਕੁਮਾਰ ਗੁਪਤਾ, ਮਕਾਨ ਨੰ. 53, ਬਲਾਕ-ਈ, ਨੇੜੇ ਕਿਚਲੂ ਨਗਰ ਮਾਰਕੀਟ, ਲੁਧਿਆਣਾ ਪੰਜਾਬ-141001, 3. ਸ੍ਰੀ ਆਸ਼ੂ ਗੋਇਲ ਪੁੱਤਰ ਅਰੁਣ ਕੁਮਾਰ, ਮਕਾਨ ਨੰ. 28, ਸ਼ਮਸ਼ੇਰ ਐਵੇਨਿਊ, ਬਾੜੇਵਾਲ ਅਵਾਣਾ, ਅਗਰ ਨਗਰ, ਲੁਧਿਆਣਾ ਪੰਜਾਬ-141012, 4. ਸ੍ਰੀਮਤੀ ਭਾਵਨਾ ਗੋਇਲ ਪਤਨੀ ਦਿਨੇਸ਼ ਗੋਇਲ, ਮਕਾਨ ਨੰਬਰ ਬੀ-1/454, ਕੁੰਦਨਪੁਰੀ, ਸਿਵਲ ਲਾਈਨਜ਼, ਲੁਧਿਆਣਾ, ਪੰਜਾਬ-141001, 5. ਸ੍ਰੀਮਤੀ ਸੁਧਾ ਰਾਣੀ ਪਤਨੀ ਅਰੁਣ ਗੋਇਲ, ਮਕਾਨ ਨੰ. 28, ਸ਼ਮਸ਼ੇਰ ਐਵੇਨਿਊ, ਬਾੜੇਵਾਲ ਅਵਾਣਾ, ਅਗਰ ਨਗਰ, ਲੁਧਿਆਣਾ-141012, 6. ਸ੍ਰੀ ਅਰੁਣ ਕੁਮਾਰ ਪੁੱਤਰ ਰਾਮ ਚੰਦ, ਮਕਾਨ ਨੰਬਰ 28, ਸ਼ਮਸ਼ੇਰ ਐਵੇਨਿਊ, ਬਾੜੇਵਾਲ ਅਵਾਣਾ, ਅਗਰ ਨਗਰ, ਲੁਧਿਆਣਾ ਪੰਜਾਬ-141012, 7. ਸ੍ਰੀ ਦਿਨੇਸ਼ ਗੋਇਲ ਪੁੱਤਰ ਦੇਵ ਰਾਜ ਗੋਇਲ, ਮਕਾਨ ਨੰ. ਬੀ-1/454, ਕੁੰਦਨਪੁਰੀ, ਸਿਵਲ ਲਾਈਨ, ਲੁਧਿਆਣਾ ਪੰਜਾਬ-141001 | 07-APR-2026 | 03-DEC-2025 | 09-JULY-2026 | ਰੁ. 1,85,91,476/- (ਇੱਕ ਕਰੋੜ ਪਚਾਸੀ ਲੱਖ ਇਕਾਨਵੇਂ ਹਜ਼ਾਰ ਚਾਰ ਸੌ ਛਿਹੱਤਰ ਰੁਪਏ ਕੇਵਲ) |

**ਜਾਇਦਾਦਾਂ ਦਾ ਵੇਰਵਾ**

ਜਾਇਦਾਦ/ਮਕਾਨ ਦਾ ਉੱਚਿਤ ਗਿਰਵੀਨਾਮਾ ਨੰਬਰ ਬੀ-33-321/10-ਏ, ਕਮ ਪਲਾਟ ਨੰਬਰ 15, ਰਕਬਾ 235-5/9 ਵਰਗ ਗਜ਼, ਖਸਰਾ ਨੰਬਰ 432, ਖੱਤਾ ਨੰਬਰ 2580/2992, ਜਮ੍ਹਾਂਬੰਦੀ ਸਾਲ 2006-07 'ਚ ਦਰਸਾਏ ਅਨੁਸਾਰ, ਪਿੰਡ ਤਰਫ਼ ਪੀਰੂ ਬੰਦਾ ਵਿਖੇ ਸਥਿਤ, ਹੱਦਬਸਤ ਨੰਬਰ 167, ਭਗਵਾਨ ਦਾਸ ਕਲੋਨੀ ਵਜੋਂ ਜਾਣੀ ਜਗ੍ਹਾ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ, ਰਜਿਸਟਰਡ ਬੈਨਾਮਾ ਵਸੀਕਾ ਨੰਬਰ 15402 ਮਿਤੀ 29/01/2014 ਅਨੁਸਾਰ ਅਤੁਲ ਗੁਪਤਾ ਪੁੱਤਰ ਰਮੇਸ਼ ਕੁਮਾਰ ਗੁਪਤਾ ਦੇ ਨਾਂਅ। ਹੱਦਾਂ ਬੈਨਾਮੇ ਅਨੁਸਾਰ : ਪੂਰਬ : ਪਲਾਟ ਨੰ. 16-53', ਪੱਛਮ : ਪਲਾਟ ਨੰ. 14-53', ਉੱਤਰ : ਸੜਕ 20' ਚੌੜੀ-40', ਦੱਖਣ : ਸੜਕ 20' ਚੌੜੀ -40'।

ਮਿਤੀ : 09.07.2026 (ਅਧਿਕਾਰਤ ਅਫਸਰ)

ਸਥਾਨ : ਪੰਜਾਬ ਐਕਸਿਸ ਬੈਂਕ ਲਿਮਟਿਡ।


## ਨਗਰ ਕੌਂਸਲ ਬੋਹਾ ਦੇ ਨਵੇਂ ਚੁਣੇ ਪ੍ਰਧਾਨ ਜਗਸੀਰ ਸਿੰਘ ਜੱਗਾ ਦੀ ਤਾਜਪੋਸ਼ੀ ਸਮਾਰੋਹ

**ਬੋਹਾ (ਨਿਰੰਜਣ ਬੋਹਾ)**-ਨਗਰ ਕੌਂਸਲ ਦਫਤਰ ਬੋਹਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਅਰਦਾਸ ਕਰਨ ਉਪਰੰਤ ਨਵੇਂ ਚੁਣੇ ਗਏ ਪ੍ਰਧਾਨ ਜਗਸੀਰ ਜੱਗਾ ਦਾ ਤਾਜਪੋਸ਼ੀ ਸਮਾਰੋਹ ਕਰਵਾਇਆ ਗਿਆ।ਇਸ ਸਮਾਰੋਹ ਦੌਰਾਨ ਜਗਸੀਰ ਸਿੰਘ ਜੱਗਾ ਨੂੰ ਵਧਾਈ ਦੇਣ ਲਈ ਵਿਸ਼ੇਸ਼ ਤੌਰ 'ਤੇ ਵਿਧਾਇਕ ਪ੍ਰਿੰਸੀਪਲ ਬੁਧਰਾਮ, ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਭੁੱਚਰ, ਚੇਅਰਮੈਨ ਸੋਹਣਾ ਸਿੰਘ ਕਲੀਪੁਰ, ਚੇਅਰਮੈਨ ਰਣਜੀਤ ਸਿੰਘ ਫਰੀਦਕੇ, ਚੇਅਰਮੈਨ ਸਤੀਸ਼ ਕੁਮਾਰ ਸਿੰਗਲਾ ਤੋਂ ਇਲਾਵਾ ਨਗਰ ਕੌਂਸਲ ਬੁਢਲਾਡਾ ਦੇ ਨਵੇਂ ਚੁਣੇ ਗਏ ਪ੍ਰਧਾਨ ਸਤਨਾਮ ਸਿੰਘ ਖਨਾਲੀਆਂ ਨੇ ਵਧਾਈਆਂ ਦਿੱਤੀਆਂ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਜਗਸੀਰ ਸਿੰਘ ਜੱਗਾ ਨੇ ਕਿਹਾ ਕਿ ਉਹ ਬੋਹਾ ਨਿਵਾਸੀਆਂ ਵੱਲੋਂ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਬੋਹਾ ਖੇਤਰ ਅੰਦਰ ਪਾਣੀ, ਸੀਵਰੇਜ ਤੇ ਸਫਾਈ ਪ੍ਰਬੰਧਾਂ ਨੂੰ ਲੋਕਾਂ ਦੇ ਸਹਿਯੋਗ ਨਾਲ ਸੁਚਾਰੂ ਢੰਗ ਨਾਲ ਚਲਾਉਣਗੇ ਅਤੇ ਪੰਜਾਬ ਸਰਕਾਰ ਤੋਂ ਵਿਸ਼ੇਸ਼ ਗ੍ਰਾਂਟਾਂ ਲੈ ਕੇ ਸ਼ਹਿਰ ਦੇ ਵਿਕਾਸ ਤੇ ਤਰੱਕੀ ਲਈ ਯਤਨਸ਼ੀਲ ਰਹਿਣਗੇ। ਇਸ ਮੌਕੇ ਪੰਚਾਇਤ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਰਿਉਂਦ ਕਲਾਂ, ਟਰੱਕ ਯੂਨੀਅਨ ਪ੍ਰਧਾਨ ਨੈਬ ਸਿੰਘ ਦਹੀਆ, ਬਲਾਕ ਸੰਮਤੀ ਚੇਅਰਮੈਨ ਬਲਵੀਰ ਸਿੰਘ ਚੀਨਾ, ਕੁਲਵੰਤ ਸਿੰਘ ਸ਼ੇਰਖਾ ਵਾਲਾ, ਐੱਸ ਐੱਚ ਓ ਮੇਲਾ ਸਿੰਘ, ਕਾਰਜ ਸਾਧਕ ਅਫਸਰ ਬੋਹਾ ਅਫਸਰ ਸਿਕੰਦਰ ਸਿੰਘ, ਮੀਤ ਪ੍ਰਧਾਨ ਕਿਰਪਾਲ ਸਿੰਘ ਬੋਹਾ, ਦਰਸ਼ਨ ਘਾਰੂ, ਸੰਤੋਖ ਸਾਗਰ, ਕਰਮਜੀਤ ਸਿੰਘ ਫੌਜੀ, ਟਿੰਕੂ ਪੰਜਾਬ ਤੋਂ ਇਲਾਵਾ ਕੌਂਸਲਰ ਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਸ਼ਾਮਲ ਸਨ।




## ਅਗਰਵਾਲ ਸਮਾਜ ਸਭਾ ਦੀ ਮਹੀਨਾਵਾਰ ਮੀਟਿੰਗ ਹੋਈ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਅਗਰਵਾਲ ਸਮਾਜ ਸਭਾ ਦੀ ਮਹੀਨਾਵਾਰ ਮੀਟਿੰਗ ਸਭਾ ਦੇ ਪ੍ਰਧਾਨ ਐਡਵੋਕੇਟ ਬੱਬਨ ਗੋਇਲ ਦੀ ਪ੍ਰਧਾਨਗੀ ਹੇਠ ਕਰਾਈ ਗਈ।ਮੀਟਿੰਗ ਦੌਰਾਨ ਸਮਾਜ ਦੀ ਏਕਤਾ ਨੂੰ ਹੋਰ ਮਜ਼ਬੂਤ ਕਰਨ, ਨੌਜਵਾਨਾਂ ਦੀ ਭਾਗੀਦਾਰੀ ਵਧਾਉਣ ਤੇ ਧਾਰਮਿਕ ਤੇ ਸਮਾਜਿਕ ਗਤੀਵਿਧੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਆਉਣ ਵਾਲੇ ਧਾਰਮਿਕ ਤੇ ਸਮਾਜਿਕ ਸਮਾਗਮਾਂ ਦੀਆਂ ਤਿਆਰੀਆਂ, ਸਮਾਜ ਭਲਾਈ ਦੇ ਕਾਰਜਾਂ ਅਤੇ ਨਵੇਂ ਪ੍ਰੋਜੈਕਟਾਂ ਬਾਰੇ ਵੀ ਚਰਚਾ ਕੀਤੀ ਗਈ।ਸਭਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਸਮਾਜ ਦੀ ਤਰੱਕੀ ਲਈ ਆਪਸੀ ਸਹਿਯੋਗ, ਭਾਈਚਾਰੇ ਅਤੇ ਸੇਵਾ ਦੀ ਭਾਵਨਾ ਨਾਲ ਮਿਲ ਕੇ ਕੰਮ ਕਰਨ ਦਾ ਸੰਕਲਪ ਲਿਆ।ਮੈਂਬਰਾਂ ਵੱਲੋਂ ਕਈ ਉਸਾਰੂ ਸੁਝਾਅ ਵੀ ਦਿੱਤੇ ਗਏ, ਜਿਨ੍ਹਾਂ ਨੂੰ ਭਵਿੱਖ ਦੀ ਕਾਰਜ-ਯੋਜਨਾ ਵਿੱਚ ਸ਼ਾਮਲ ਕਰਨ ਦਾ ਭਰੋਸਾ ਦਿੱਤਾ ਗਿਆ।ਸਭਾ ਦੇ ਪ੍ਰਧਾਨ ਐਡਵੋਕੇਟ ਬੱਬਨ ਗੋਇਲ ਨੇ ਮੀਟਿੰਗ ਵਿੱਚ ਸ਼ਮੂਲੀਅਤ ਕਰਨ ਵਾਲੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਗਰਵਾਲ ਸਮਾਜ ਦੀ ਮਜ਼ਬੂਤੀ ਤੇ ਤਰੱਕੀ ਲਈ ਹਰ ਮੈਂਬਰ ਦੀ ਸਰਗਰਮ ਭੂਮਿਕਾ ਬੇਹੱਦ ਮਹੱਤਵਪੂਰਨ ਹੈ।ਉਨ੍ਹਾਂ ਕਿਹਾ ਕਿ ਸਮਾਜ ਦੀ ਭਲਾਈ ਲਈ ਸਾਰੇ ਮੈਂਬਰ ਇਕਜੁਟ ਹੋ ਕੇ ਕੰਮ ਕਰਨਗੇ।

## ਮਾਡਰਨ ਕਾਲਜ ਬੀਰ ਕਲਾਂ ਦਾ ਨਤੀਜਾ ਸ਼ਾਨਦਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਮਾਡਰਨ ਕਾਲਜ ਬੀਰ ਕਲਾਂ ਦੇ ਬੀ.ਸੀ.ਏ. ਭਾਗ ਤੀਜਾ ਸਮੈਸਟਰ ਪੰਜਵਾਂ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਅਸਿਸਟੈਂਟ ਪ੍ਰੋਫੈਸਰ ਪ੍ਰਿਤਪਾਲ ਕੌਰ ਨੇ ਦੱਸਿਆ ਕਿ ਮਨਦੀਪ ਕੌਰ ਨੇ 700 ਅੰਕਾਂ ਵਿੱਚੋਂ 578 ਅੰਕ ਪ੍ਰਾਪਤ ਕਰਕੇ ਪਹਿਲਾ, ਨਵਨੀਤ ਕੌਰ 561 ਪ੍ਰਾਪਤ ਕਰਕੇ ਦੂਜਾ, ਅੰਜਲੀ ਸ਼ਰਮਾ 555 ਅੰਕ ਪ੍ਰਾਪਤ ਕਰਕੇ ਤੀਸਰਾ ਤੇ ਜਗਦੀਪ ਸਿੰਘ 543 ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾ. ਵੀ. ਕੇ. ਰਾਏ ਨੇ ਚੰਗੇ ਅੰਕ ਪ੍ਰਾਪਤ ਕਰਕੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਦੇ ਨਾਲ਼ ਹੀ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਿੱਖਿਆ ਖੇਤਰ ਦੇ ਨਾਲ਼-ਨਾਲ਼ ਸਮਾਜਿਕ, ਬੌਧਿਕ, ਨੈਤਿਕ ਕਦਰਾਂ ਕੀਮਤਾਂ ਦੇ ਵਿਕਾਸ ਤੇ ਧਿਆਨ ਕੇਂਦਰਿਤ ਕਰਨ ਲਈ ਵੀ ਕਿਹਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।


# PUNJAB NATIONAL BANK

BRANCH:- Machhiwara. DISTT. LUDHIANA, Punjab. Email:-bo814102@pnb.co.in

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਇਸ ਦੁਆਰਾ ਇੱਕ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਣ ਕਰਜ਼ਦਾਰਾਂ ਅਤੇ ਸਹਿ-ਕਰਜ਼ਦਾਰਾਂ ਨੇ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤ ਦੀ ਵਿਆਜ ਸਹਿਤ ਮੂਲ ਰਕਮ ਅਤੇ ਵਿਆਜ ਦੀ ਅਦਾਇਗੀ ਕਰਨ ਵਿੱਚ ਉਲੰਘਣਾ ਕੀਤੀ ਹੈ ਅਤੇ ਦਰਸਾਈਆਂ ਸਹੂਲਤਾਂ ਨੂੰ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਜੋਂ ਵਰਗੀਕ੍ਰਿਤ ਕੀਤਾ ਜਾ ਚੁੱਕਾ ਹੈ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਬੈਂਕ ਦੇ ਅਧਿਕਾਰਤ ਅਫ਼ਸਰ ਨੇ ਨੋਟਿਸ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤੇ 'ਤੇ ਭੇਜੇ ਸਨ । ਕੁਝ ਮਾਮਲਿਆਂ ਵਿੱਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ, ਕੁਝ ਮਾਮਲਿਆਂ 'ਚ ਪ੍ਰਾਪਤੀ ਦੀਆਂ ਰਸੀਦਾਂ ਪ੍ਰਾਪਤ ਨਹੀਂ ਹੋਈਆਂ ਹਨ। ਅਜਿਹੇ ਵਿੱਚ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਬਾਰੇ ਪਬਲਿਕ ਨੋਟਿਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

| ਜਾਇਦਾਦ ਦੇ ਕਰਜ਼ਦਾਰ/ਗਰੰਟਰ/ਭਾਈਵਾਲ/ਗਿਰਵੀਕਾਰ | ਜਾਇਦਾਦ/ਜਾਇਦਾਦਾਂ ਦਾ ਵੇਰਵਾ | ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਾਸ਼ੀ |
|---|---|---|---|---|
| 1. (ਕਰਜ਼ਦਾਰ) : ਸ੍ਰੀਮਤੀ ਜਿਓਤੀ ਪਤਨੀ ਸਵ: ਮਨੋਹਰ ਲਾਲ # ਕਲਗੀਧਰ ਕਾਲੋਨੀ, ਨੇੜੇ ਚਰਨ ਕੰਵਲ ਗੁਰਦੁਆਰਾ, ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ। ਗੌਰਵ ਪੁੱਤਰ ਸਵ: ਮਨੋਹਰ ਲਾਲ # ਕਲਗੀਧਰ ਕਾਲੋਨੀ, ਨੇੜੇ ਚਰਨ ਕੰਵਲ ਗੁਰਦੁਆਰਾ ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ। ਮੁਕੁਲ ਕੁਮਾਰ ਪੁੱਤਰ ਸਵ: ਮਨੋਹਰ ਲਾਲ # ਕਲਗੀਧਰ ਕਾਲੋਨੀ, ਨੇੜੇ ਚਰਨ ਕੰਵਲ ਗੁਰਦੁਆਰਾ ਮਾਛੀਵਾੜਾ, ਜ਼ਿਲ੍ਹਾ ਲੁਧਿਆਣਾ ਅਤੇ ਸਵ: ਸ੍ਰੀ ਮਨੋਹਰ ਲਾਲ ਦੇ ਕੋਈ ਹੋਰ ਕਾਨੂੰਨੀ ਵਾਰਸ। | ਰਿਹਾਇਸੀ ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ ਰਕਬਾ 3 ਮਰਲੇ, ਕੁੱਲ ਜ਼ਮੀਨ ਰਕਬਾ 8 ਕਨਾਲ ਦਾ 3/160 ਹਿੱਸਾ, ਖੇਵਟ ਨੰ. 557, ਖਤੌਨੀ ਨੰ. 616, ਕਿੱਲਾ ਨੰ. 87//19 (8-0) ਜਮ੍ਹਾਂਬੰਦੀ ਸਾਲ 2011-12, ਹੱਦਬਸਤ ਨੰ. 75, ਮਾਛੀਵਾੜਾ-II ਵਿਖੇ ਸਥਿਤ, ਜ਼ਿਲ੍ਹਾ ਲੁਧਿਆਣਾ ਬੈਨਾਮਾ ਵਸੀਕਾ ਨੰ. 265 ਮਿਤੀ 06/07/2015 ਅਨੁਸਾਰ ਸ੍ਰੀ ਮਨੋਹਰ ਲਾਲ ਪੁੱਤਰ ਸ੍ਰੀ ਪਿਆਰੇ ਲਾਲ ਦੇ ਨਾਂਅ। ਹੱਦਾਂ : ਪੂਰਬ : ਪਲਾਟ ਗੜ੍ਹੀ ਵਾਲੇ, ਉੱਤਰ : ਰਸਤਾ, ਪੱਛਮ : ਰਸਤਾ ਸ਼ਿਵ ਕੁਮਾਰ, ਦੱਖਣ : ਮਕਾਨ ਸ਼ਿਵ ਕੁਮਾਰ। | 29-06.2026 | 14-07.2026 | 07/07/2026 ਨੂੰ ਰੁਪਏ 07,86,256.68/- (ਸੱਤ ਲੱਖ ਛਿਆਸੀ ਹਜ਼ਾਰ ਦੋ ਸੌ ਛਪੰਜਾ ਰੁਪਏ ਅਤੇ ਅਠਾਹਠ ਪੈਸੇ ਕੇਵਲ) ਸਮੇਤ ਮੁਕੰਮਲ ਅਦਾਇਗੀ ਤੱਕ ਅਗਲਾ ਵਿਆਜ ਅਤੇ ਅਚਨਚੇਤੀ ਖਰਚੇ। |

ਨੋਟਿਸ ਦੀ ਬਦਲਵੀਂ ਸੇਵਾ ਲਈ ਕਦਮ ਚੁੱਕੇ ਗਏ ਹਨ ਅਤੇ ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂਯੋਗ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਨਿਕਲਦੀ ਰਾਸ਼ੀ ਦੀ ਅਦਾਇਗੀ ਕਰ ਦੇਣ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ ਦੀ ਸੂਰਤ ਵਿੱਚ ਸਕਿਉਰਟਾਈਜੇਸਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਅਧੀਨ ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੇ ਕਦਮ ਚੁੱਕੇ ਜਾਣਗੇ।

ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੇ ਪ੍ਰਾਪਤ ਹੋਣ 'ਤੇ ਤੁਹਾਨੂੰ ਬੈਂਕ ਦੀ ਸਹਿਮਤੀ ਲਏ ਬਗੈਰ ਬਿਜ਼ਨੈੱਸ ਦੇ ਆਮ ਕੰਮ ਧੰਦੇ ਤੋਂ ਸਿਵਾਏ ਉਪਰ ਵਰਨਣ ਸਕਿਉਰਟੀਜ਼ ਦੀ ਡਿਸਪੋਜ਼ਿੰਗ ਜਾਂ ਕੋਈ ਸੌਦੇਬਾਜ਼ੀ ਕਰਨ ਦੀ ਮਨਾਹੀ ਹੋਵੇਗੀ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸੈਕਸ਼ਨ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜਿਆਂ ਦਾ ਸਾਹਮਣਾ ਕਰਨਾ ਹੋਵੇਗਾ। ਕਰਜ਼ਦਾਰਾਂ/ਗਰੰਟਰਾਂ/ਗਿਰਵੀਕਾਰਾਂ ਨੂੰ ਸੰਬੰਧਤ ਬਰਾਂਚ ਕੋਲੋਂ ਨੋਟਿਸ ਦੀ ਕਾਪੀ ਪ੍ਰਾਪਤ ਕਰ ਲੈਣ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 14.07.2026 ਸਥਾਨ : ਮਾਛੀਵਾੜਾ ਅਧਿਕਾਰਤ ਅਫਸਰ



**ਯਾਤਰੀਗਣ ਕ੍ਰਿਪਾ ਧਿਆਨ ਦੇਣ !**

**ਮਹੱਤਵਪੂਰਣ ਜਾਣਕਾਰੀ**

**ਗ੍ਰੀਸ਼ਮਕਾਲ ਵਿਸ਼ੇਸ਼ ਰੇਲਗੱਡੀਆਂ ਦੀ ਪਰਿਚਾਲਨ ਸਮੇਂ ਵਿਚ ਵਾਧਾ**

ਸਰਵਸਬੰਧਿਤ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੇਲਵੇ ਦੁਆਰਾ ਹੇਠਾ ਲਿਖੀ ਗ੍ਰੀਸ਼ਮਕਾਲੀਨ ਵਿਸ਼ੇਸ਼ ਰੇਲਗੱਡੀਆਂ ਦੀ ਪਰਿਚਾਲਨ ਸਮੇਂ ਦੇ ਨੂੰ ਹੇਠਾ ਅਨੁਸਾਰ ਵਧਾਣ ਦਾ ਫੈਸਲਾ ਲਿਤਾ ਗਿਆ ਹੈ :-

| ਰੇਲਗੱਡੀ ਨੰਬਰ | ਸਟੇਸ਼ਨ ਤੋਂ | ਸਟੇਸ਼ਨ ਤਕ | ਆਵ੍ਰਿਤੀ/ ਚਲਨ ਦੇ ਦਿਨ | ਪਹਿਲਾ ਅਧਿਸੂਚਿਤ ਮਿਤੀ ਤਕ | ਵਿਸਤਾਰਿਤ ਸਮਾਂ ਤੋਂ | ਵਿਸਤਾਰਿਤ ਸਮਾਂ ਤਕ | ਫੇਰੇ |
|---|---|---|---|---|---|---|---|
| 05193 | ਛਪਰਾ | ਪਠਾਨਕੋਟ | ਸਪਤਾਹਿਕ (ਸੋਮ) | 13.07.2026 | 20.07.2026 | 28.09.2026 | 11 |
| 05194 | ਪਠਾਨਕੋਟ | ਛਪਰਾ | ਸਪਤਾਹਿਕ (ਬੁੱਧ) | 15.07.2026 | 22.07.2026 | 30.09.2026 | 11 |
| 09611 | ਅਜਮੇਰ ਜੰ: | ਯੋਗ ਨਗਰੀ ਰਿਸ਼ੀਕੇਸ਼ | ਸਪਤਾਹਿਕ (ਬੁੱਧਵਾਰ) | 15.07.2026 | 22.07.2026 | 30.09.2026 | 11 |
| 09612 | ਯੋਗ ਨਗਰੀ ਰਿਸ਼ੀਕੇਸ਼ | ਅਜਮੇਰ ਜੰ: | ਸਪਤਾਹਿਕ (ਵੀਰਵਾਰ) | 16.07.2026 | 23.07.2026 | 01.10.2026 | 11 |
| 04731 | ਸ੍ਰੀ ਗੰਗਾਨਗਰ | ਸਮਸਤੀਪੁਰ ਜੰ: | ਸਪਤਾਹਿਕ (ਐਤ) | 28.06.2026 | 26.07.2026 | | 01 |
| 04732 | ਸਮਸਤੀਪੁਰ ਜੰ: | ਸ੍ਰੀ ਗੰਗਾਨਗਰ | ਸਪਤਾਹਿਕ (ਮੰਗਲਵਾਰ) | 30.06.2026 | 28.07.2026 | | 01 |

ਨੋਟ: ਬਾਕੀ ਨਿਰਦੇਸ਼ ਪਹਿਲਾ ਵਾਂਗ ਰਹਿਣਗੇ ।

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੀ ਵੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ: 139 ਉਤੇ ਸੰਪਰਕ ਕਰੋ ਜਾਂ ਰੇਲਵੇ ਦੀ ਵੈੱਬਸਾਈਟ https://enquiry.indianrail.gov.in ਜਾਂ NTES App ਦੇਖੋ ।

ਰੇਲਮਦਦ ਵੈੱਬਸਾਈਟ ਦੇਖੋ : www.railmadad.indianrailways.gov.in ਰੇਲਮਦਦ ਐਪ ਡਾਊਨਲੋਡ ਕਰੋ

ਉੱਤਰ ਰੇਲਵੇ

ਸਾਨੂੰ www.nr.indianrailways.gov.in ਉਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਉਤੇ ਸਾਨੂੰ ਫਾਲੋ ਕਰੋ

# ਕਲਾਸੀਫਾਈਡ ਇਸ਼ਤਿਹਾਰ

## Change of Name

I, Johnveer S/o Manmohan R/o VPO Pharwala, Tehsil Phillaur, Distt. Jalandhar, Punjab - 144037 have changed my name to Johnveer to Johnveer Sanghera. All Concerned Note.

I, Priya W/o Hardeep Kumar R/o Village Wazidowal PO Mehli Distt. Kapurthala 144632 Punjab have changed my name from Priya Kumari. Concerned note.

I, Sunita Kumari W/o Gurminder Singh R/o Village Ganguwal Fatehpur Distt. Hoshiarpur Punjab have changed my name from Sunita Kumari to Sunita Devi. Concerned note.

I, Ramandeep Singh S/o Baljinder Singh R/o Village Shahu Da Pind, PO Sagran, Tehsil Dasuya, Distt. Hoshiarpur Punjab declare that my surname is Singh and my given name is Ramandeep. Concerned note.

I, Rajni W/o Kamlesh Kumar R/o VPO. Samrai, Patti Ali Sher, Tehsil Phillaur, District Jalandhar, Punjab have changed the name of my son from Shivam to Shivam Verma. All concerned please note.

I, Rajwinder Kaur W/o Rawel Singh R/o Village. Mullianwal, PO. Batala, Distt. Gurdaspur -143505, Punjab have changed my name from Rajwinder Kaur to Rajwinder as given name and Kaur as surname. All concerned please note.

I, JYOTI D/o MEHARDEEN, Resident of Village Lodhi Bholana, PO Bhulana, Distt. Kapurthala, Punjab, declare that I have to changed my name from JYOTI to JYOTI KAUR. That JYOTI is my given name and KAUR is my Surname. All concerned may please note.

I, Gurjit Kaur Sodhi W/o Kamldeep Singh Sodhi R/o House No 46, Near Shiv Mandir, Modern Estate, Dakoha, Distt Jalandhar Punjab 144023 I have changed my name from Gurjit Kaur to Gurjit Kaur Sodhi and declare that Gurjit Kaur is my given name and Sodhi is my Surname.

I, Charanjit Kaur W/o Kulwant Singh R/o House No 48, Baba Budha Ji Enclave, Dakoha Distt Jalandhar Punjab 144023 I have changed my name from Charanjit to Charanjit Kaur.

I, Sidharath S/o Hariom Tulsian R/o 30-Phase-III, Beauty Avenue, Amritsar, Punjab have changed my name from Sidharath to Siddharth Tulsian.

I, Saranjit Kaur W/o Gurmukh Singh R/o VPO Tarsikka, Tehsil Baba Bakala, Distt. Amritsar, Punjab have changed my name from Saranjit Kaur to Sharnjit Kaur.

I, Raghav S/o Dharam Pal R/o H.No. 2602 A, Gali No.1, Tehsilpura, Amritsar, Punjab-143001 have changed my name from Raghav to Raghav Mahajan.

I, Surinder Kaaur W/O Kulbir Singh R/O V.P.O. Bahmanian, Tehsil Shahkot, District Jalandhar, Punjab-144702, India have changed my name Surinder Kaaur to Jaswinder Kaur. Note Please Note Please.

I, Harjit Singh S/o Amarjit Singh R/o Plot No 14, (L-2/366) Gali No.5, Gurnam Nagar, Sultanwind Road, Amritsar have changed my name from Harjit Singh to Harjeet Singh

I Neha Kapoor W/o Anuj Khanna R/o H. No. 46, Mall Road, Amritsar have changed my name after Marriage to Neha Khanna. All Concerned Please Note.

I, Ramesh Kumar and Mahesh Kumar S/o Kishan Chand R/o D-3/348, Gali No.5, Main Road, Kishan Kot, Islamabad, Amritsar have declare that above both names are mine one and same person

I, Manjeet Chawla, Manjeet Kaur, Manjeet Kaur Bhalla and Manjeet Kaur Chawla W/o Jagdeep Singh Bhalla R/o H.No.18, Shastri Nagar Near Gopal Mandir, Payal Medicose Lane Majitha Road, Amritsar have declare that above all names are mine one and same person.

I, Ranapartap Singh S/o Sukhwinder Singh R/o VPO Kaleke Tehsil Baba Bakala Sahib District Amritsar have declare that Ranapartap is my Given name and Singh is my Surname.

I, Simranjit Singh S/o Manjit Singh R/o 5-A, Near 100ft Chowk Guru Nanak Nagar, Sultanwind Road, Amritsar have declare that Simranjit is my Given name and Singh is my Surname.

I, Manpreet Kaur W/o Navdeep Singh R/o H.No.L-4/994, Street No.2, Atma Ram Sultanwind Road, Amritsar have declare that Manpreet is my Given name and Kaur is my Surname.

I, Rachpal Singh S/o Narinder Singh R/o Patti Jaini Ki, Village Wanchari, PO Warpal Amritsar have changed my name from Rachpal Singh to Rashpal Singh.

I, Lovejeet Kaur W/O Ranjit Singh R/O Village Dharar Distt Amritsar have changed my name from Lovejeet Kaur to Lovejit Kaur.

I, Ranjeet Singh S/o Nirmal Singh R/o Village Dharar Distt Amritsar have changed my name from Ranjeet Singh to Ranjit Singh.

I, Satinderpal Singh S/o Gurdeep Singh R/o VPO Pakhoke, Tarn Taran have declare that Satinderpal is my Given name and Singh is my Surname.

I Harpreet Kaur W/O Pavitter Jeet R/O Vill Kadiana Po Adampur, Distt. Jalandhar (Punjab) . I have changed my minor daughter name Anika to Anika Gangar.

I Nisha Manaktala w/o Yatin Sikka,R/o H.no C, Shiv Vihar, Jalandhar have changed my name to Nisha Sikka.

I Anita W/o Dinesh Chander, R/o H.no.178, New Geeta Colony Kala Singha Road Jalandhar have changed my name from Anita to Anita Devi. All concerned may note.

I, Madhulika Gangwar W/O Shaminder Sood, R/o House Number 200, Block A, Near Sacred Heart Convent School, Sarabha Nagar, Ludhiana, Bharat Nagar Chowk, Punjab- 141001. have changed my name and shall hereafter be Known as Madhulika Sood.

I, Deepika Gulati W/O Vijay Kumar, R/o House No.222, Ward No.12, Mohalla Azad Nagar, Shahkot, Jalandhar, Punjab- 144702. have changed my name and shall hereafter be Known as Deepika Arora.

## Change of Name

I, Khajan Chander Joshi s/o Mohan Chandar Joshi r/o H.No.187, Tower Enclave, Phase-2, Jalandhar, Punjab have changed my name from Khajan Chander Joshi to Khajan Chander Joshi Alias Khajan Chand Joshi. All Please Note.

I, Raj Rani Alias Harsh w/o Baldev Raj r/o H.No.311/2, VPO. Nagra, Distt. Jalandhar have changed my name to Harsh Kajla (Given name as Harsh & Surname as Kajla). All Please Note.

I, Rishab s/o Ram Chander r/o H.No. 8/9, Gali No. 16, Friends Colony, Jalandhar, Punjab have changed my name to Rishab Chander (Surname as Chander) All Please Note.

I, Savita w/o Ram Chander r/o H.No. 8/9, Gali No. 16, Friends Colony, Jalandhar, Punjab have changed my name to Savita Devi (Surname as Devi) All Please Note.

I, Surjeeto alias Parkash Kaur w/o Gurmej Singh r/o Vill. Rajewal, Po.Talwandi butian, Teh.Shahkot, Distt.Jalandhar have changed my name from Surjeeto alias Parkash Kaur to Parkash Kaur. All Please Note.

I, Parkalp Bharti Sharma S/o Raj Kumar Sharma R/o H.No.3160, Gandhi Chowk, Ward No.5, Machhiwara Khas, Machhiwara, Ludhiana have changed my name to Parkalp Bharti. All Please Note.

I, Gurpreet Singh S/o Darshan Singh R/o VPO. Khukhrain, Distt. Kapurthala, Punjab have changed my name from Gurpreet Singh to Singh Gurpreet (Surname as Singh) All Please Note.

I, Ved Parkash S/O Rattan Lal R/o 376, Main Bazar Garha, Jalandhar declare that my name is Ved Parkash and in my son Abhishek's CBSE Certificate it is written as Ved Prakash. Both names refer to one and same person i.e. me.

## PUBLIC NOTICE

We, Jatinder Kumar S/o Sangat Rai & Sharda Rani W/o Jatinder Kumar both R/o H.No. EB-96, Qazi Mohalla, Jalandhar declare that our son Karan Kumar and his wife Komal Puri are out of our control. We disinherit them from our moveable and immovable properties. We and our family shall not be held responsible for any of them acts, deeds and things. All concerned please note.

## ਨਾਂਅ ਦੀ ਬਦਲੀ

ਮੈਂ ਜਗਦੀਪ ਸਿੰਘ ਪੁੱਤਰ ਪ੍ਰਿਆ ਵਰਤ ਰਿਹਾਇਸ਼ #20364,30/2, ਅਜੀਤ ਰੋਡ, ਬਠਿੰਡਾ ਨੇ ਆਪਣਾ ਨਾਮ ਜਗਦੀਪ ਸਿੰਘ ਬਦਲ ਕੇ ਜਗਦੀਪ ਸ਼ਰਮਾ ਰੱਖ ਲਿਆ ਹੈ।

ਮੈਂ ਸੁਨੈਨਾ ਪੁੱਤਰੀ ਗੁਰਨਾਮ ਸਿੰਘ, ਵਾਸੀ ਪਿੰਡ ਜਾਨੀਆ ਡਾਕਖਾਨਾ ਜਾਡਲਾ, ਤਹਿਸੀਲ ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਇਹ ਘੋਸ਼ਣਾ ਕਰਦੀ ਹਾਂ ਕਿ ਮੈਂ ਆਪਣਾ ਨਾਮ ਸੁਨੈਨਾ ਤੋਂ ਬਦਲ ਕੇ ਸੁਨੈਨਾ ਨਾਫਰੀ ਰੱਖ ਲਿਆ ਹੈ।

ਮੈਂ ਅਮਰਜੀਤ ਕੌਰ ਪਤਨੀ ਹੁਸਨ ਲਾਲ ਵਾਸੀ ਪਿੰਡ ਤੇ ਡਾਕਖਾਨਾ ਕੋਟਲੀਥਾਨਸਿੰਘ-144101, ਜਿਲ੍ਹਾ ਜਲੰਧਰ (ਪੰਜਾਬ) ਨੇ ਆਪਣੀ (ਨਾਬਾਲਿਗ 16 ਸਾਲਾ) ਲੜਕੀ ਦਾ ਨਾਮ ਯਸ਼ਮੀਨ ਤੋਂ ਬਦਲ ਕੇ ਯਸ਼ਮੀਨ ਕਲੇਰ ਕਰ ਲਿਆ ਹੈ।

ਮੈਂ, ਸੁਨੈਨਾ ਪੁੱਤਰੀ ਬਰਜਿੰਦਰ ਪਾਲ, ਵਾਸੀ ਗਦਾਈਪੁਰ, ਇੰਡਸਟਰੀਅਲ ਟਾਊਨ, ਜਲੰਧਰ, ਆਪਣਾ ਨਾਮ ਸੁਨੈਨਾ ਤੋਂ ਬਦਲ ਕੇ ਸੁਨੈਨਾ ਮਾਹੀ ਰੱਖ ਲਿਆ ਹੈ। ਮੈਨੂੰ ਇਸੇ ਨਾਮ ਨਾਲ ਜਾਣਿਆ ਜਾਵੇ।

## ਬੇਦਖਲੀ ਨੋਟਿਸ

ਮੈਂ, ਦਿਨੇਸ਼ ਡਾਂਗ ਪੁੱਤਰ ਲੇਟ ਸ੍ਰੀ ਲਾਜਪਤ ਰਾਏ, ਵਾਸੀ ਮਕਾਨ ਨੰ: 568, ਗਲੀ ਨੰ: 7/2, ਨਿਊ ਮਾਡਲ ਹਾਊਸ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰਿਧਿਮਾ ਡਾਂਗ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ। (ਆਰ)

[illegible]

ਮੈਂ ਕੁਸਮ ਰਾਣੀ ਪਤਨੀ ਸਵਰਗੀ ਕੁਲਵੰਤ ਰਾਏ ਵਾਸੀ ਵਾਰਡ ਨੰਬਰ ਅੱਠ ਪਾਤੜਾਂ, (ਪਟਿਆਲਾ) ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਜੇ ਗਰਗ ਮੇਰੇ ਕਹਿਣੇ ਤੋਂ ਬਾਹਰ ਹੈ।ਇਸ ਲਈ ਮੈਂ ਇਸਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ। ਸਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਮੈਂ ਜਗਸੀਰ ਸਿੰਘ ਪੁੱਤਰ ਪ੍ਰੀਤੂ ਰਾਮ ਵਾਸੀ ਪਿੰਡ ਮਹਿਮਦਵਾਲ ਕਲਾਂ ਡਾਕਖਾਨਾ ਰਾਮਪੁਰ ਤਹਿਸੀਲ ਗੜ੍ਹਸੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦੀ ਖੁਦ ਜੁੰਮੇਵਾਰ ਹੋਵੇਗੀ।

ਮੈਂ, ਚਮਨ ਲਾਲ ਪੁੱਤਰ ਸੰਤ ਰਾਮ ਵਾਸੀ ਪਿੰਡ ਖਾਨਪੁਰ, ਤਹਿਸੀਲ ਗੜ੍ਹਸ਼ੰਕਰ, ਜਿਲ੍ਹਾ ਹੁਸ਼ਿਆਰਪੁਰ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਕੁਮਾਰ ਜੋ ਮੇਰੇ ਕਹਿਣੇ ਤੋ ਬਾਹਰ ਹੋਣ ਕਰਕੇ ਮੈਂ ਇਸਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੇ ਬੇਦਖਲ ਕਰਦਾ ਹਾਂ। ਹੁਣ ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸਬੰਧ ਨਹੀਂ ਰਿਹਾ ਹੈ। ਜੇਕਰ ਕੋਈ ਵਿਅਕਤੀ ਇਸ ਨਾਲ ਕਿਸੇ ਕਿਸਮ ਦਾ ਤਾਲੁਕ ਵਾਸਤਾ ਰੱਖਦਾ ਹੈ, ਜਾਂ ਇਸ ਦੇ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ। ਇਹ ਆਪਣੇ ਚੰਗੇ ਮੰਦੇ ਕੰਮਾਂ ਲਈ ਖੁੱਦ ਜਿੰਮੇਵਾਰ ਹੋਵੇਗਾ। ਸਾਰੇ ਸਬੰਧਤ ਨੋਟ ਕਰਨ।

ਮੈਂ ਸਵਰਨਾ ਰਾਣੀ ਪਤਨੀ ਕਰਤਾਰ ਸਿੰਘ ਵਾਸੀ ਕੁਤਬਗੜ੍ਹ ਭਾਟਾ ਤਹਿਸੀਲ ਗੁਰੂ ਹਰ ਸਹਾਇ ਜਿਲਾ ਫਿਰੋਜਪੁਰ ਦੀ ਰਹਿਣ ਵਾਲੀ ਹਾਂ। ਮੈਂ ਆਪਣੇ ਲੜਕੇ ਗੁਰਮੀਤ ਸਿੰਘ ਜੋ ਬਾਲਗ ਹੈ ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜ਼ੀ ਕਰਦਾ ਹੈ ਤੇ ਮਾੜੀ ਸੰਗਤ ਦਾ ਸ਼ਿਕਾਰ ਹੋ ਗਿਆ ਹੈ। ਮੈਂ ਆਪਣੇ ਲੜਕੇ ਗੁਰਮੀਤ ਸਿੰਘ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਅੱਜ ਤੋਂ ਬਾਅਦ ਮੇਰਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਸਬੰਧਤ ਨੋਟ ਕਰਨ।

ਮੈ ਹਰਜੀਤ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਪਿੰਡ ਧਰਦਿਓ ਤਹਿਸੀਲ ਬਾਬਾ ਬਕਾਲਾ ਜਿਲਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਪਾਲ ਸਿੰਘ ਤੇ ਨੂੰਹ ਅਮਨਪ੍ਰੀਤ ਕੌਰ ਨੂੰ ਕਹਿਣੇ ਕੰਟਰੋਲ ਤੋਂ ਬਾਹਰ ਹੋਣ ਕਰਕੇ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇੰਨਾ ਨਾਲ ਲੈਣਦੇਣ ਕਰਨ ਵਾਲਾ ਖੁੱਦ ਜੁੰਮੇਵਾਰ ਹੋਵੇਗਾ।

ਅਸੀਂ, ਅਵਤਾਰ ਸਿੰਘ ਪੁੱਤਰ ਹਰਦੇਵ ਸਿੰਘ, ਮਨਜੀਤ ਕੌਰ ਪਤਨੀਂ ਅਵਤਾਰ ਸਿੰਘ, ਵਾਸੀਆਨ ਲੰਕਾ ਬਸਤੀ, ਨੇੜੇ ਗੰਦਾ ਨਾਲਾ, ਧੂਰੀ (ਸੰਗਰੂਰ) ਆਪਣੇ ਲੜਕੇ ਗੁਰਮੀਤ ਸਿੰਘ, ਨੂੰਹ ਸਮਨਦੀਪ ਕੌਰ ਨੂੰ ਕਹਿਣੇ ਤੋ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨਾਂ ਨਾਲ ਲੈਣ ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ [illegible]

[illegible]

ਮੈਂ, ਪੂਨਮ ਦੇਵੀ ਵਿਧਵਾ ਰਵੀ ਦਾਸ ਵਾਸੀ ਵਾਰਡ ਨੰ. 11, ਮੁਹੱਲਾ ਤਲਵਾੜ, ਟਾਂਡਾ, ਡਾਕਖਾਨਾ ਉੜਮੁੜ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਹਰੀ ਉਮ ਤੇ ਲੜਕੀ ਆਰਤੀ ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਮੇਰੇ ਨਾਲ ਝਗੜਾ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## PUBLIC NOTICE

It is inform to general public that HarleenKaur Daughter of S.Rashpal Singh wife of S.Prabhjot Singh RESIDENT OF 159/9, Gali No.2, Gate Bhagtanwala, Amritsar and JaswinderKaur wife of S.Charanjit Singh resident of 21, New GaliGurbaksh Nagar, Chabhal Road, Amritsar at present residents of 74, Garden Estate, Inside Garden Enclave, Vallaha Bye-Pass, Amritsar are owners of Property i.e. One Plot Private No.73, having length 75 ft and breadth 30 ft, total area measuring 250 sq. yards, which is bounded by(as per sale deed) East: Plot No.72, west: Plot No.74, North: passage 40 ft wide, South: Plot No.96, bearing Khasra No.55//10 Min, situated at Khankot, Abadi Garden Estate, Tehsil and District Amritsar on the basis of sale deed 06.06.2018 duly registered with the office of sub-registrar, Amritsar vide Document No.1901, Book No.1, Volume No.15082 and it has been represented to the Bank that the previous original previous sale deed dated 18.06.2007 duly registered with the office of sub-registrar, Amritsar vide document No.2570, Book No.1, Volume No.10008 at page 1922 in favour of Dharvinder Singh son of S. Gurbax Singh has been lost and a Police Report vide G.D. No.020 Dated 10.07.2026 has been lodged in this regard with Police Station JANDIALA, Amritsar and now, he has approached the Bank to tender said property as security, if anyone has any objection or any claim over such property, he/she may inform the Bank within 15 days in writing alongwith proof of his objection/claim, within the given period. BRANCH MANAGER, PUNJAB & SIND BANK, BRANCH DABURJI, AMRITSAR

## ਪਬਲਿਕ ਇਸ਼ਤਿਹਾਰ

ਬਾ-ਅਦਾਲਤ ਸੀ. ਆਰ. ਓ- ਕਮ ਨਾਇਬ ਤਹਿਸੀਲਦਾਰ- ਸਹਾਇਕ ਕੁਲੈਕਟਰ ਦਰਜਾ ਦੂਜਾ ਬੱਧਨੀ ਕਲਾਂ, ਤਹਿ: ਨਿਹਾਲ ਸਿੰਘ ਵਾਲਾ ਵਾ ਜ਼ਿਲ੍ਹਾ ਮੋਗਾ।

ਹਰ ਆਮ ਅਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਮਨਵਿੰਦਰ ਕੌਰ ਪੁੱਤਰੀ ਬਚਿੱਤਰ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਲੰਗੇਆਣਾ ਜ਼ਿਲ੍ਹਾ ਮੋਗਾ ਹਾਲ ਅਬਾਦ ਆਸਟਰੇਲੀਆ ਰਾਹੀਂ [illegible]

## ਆਮ ਸੂਚਨਾ

[illegible]

# ਅਤਿ-ਆਧੁਨਿਕ ਹਥਿਆਰਾਂ ਸਮੇਤ ਤਿੰਨ ਗ੍ਰਿਫ਼ਤਾਰ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਅੰਮ੍ਰਿਤਸਰ ਦਿਹਾਤੀ ਪੁਲਸ ਨੇ ਤਿੰਨ ਮੁਲਜ਼ਮਾਂ ਨੂੰ ਇਕ ਹੈਂਡ ਗ੍ਰਨੇਡ, ਤਿੰਨ ਅਤਿ ਆਧੁਨਿਕ ਰਾਈਫਲਾਂ ਜਿਨ੍ਹਾਂ ਵਿਚ 1 ਏਕੇ-47 ਸਮੇਤ 1 ਮੈਗਜ਼ੀਨ, 1 ਐੱਮ-4 .30 ਬੋਰ ਮਾਡੀਫਾਈਡ ਆਟੋ ਗੰਨ ਸਮੇਤ ਦੋ ਮੈਗਜ਼ੀਨ ਅਤੇ ਇਕ ਸਪੈਸ਼ਲ .30 ਬੋਰ ਮਾਡੀਫਾਈਡ ਸੈਮੀ-ਆਟੋ ਗੰਨ ਸਮੇਤ ਦੋ ਮੈਗਜ਼ੀਨ ਸ਼ਾਮਿਲ ਹਨ, ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਮੁਲਜ਼ਮਾਂ 'ਚੋਂ ਇਕ ਨਾਬਾਲਿਗ ਹੈ। ਅੰਮ੍ਰਿਤਸਰ ਦਿਹਾਤੀ ਪੁਲਸ ਦੇ ਐੱਸਐੱਸਪੀ ਕੰਵਲਪ੍ਰੀਤ ਸਿੰਘ ਚਾਹਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਥਾਣਾ ਘਰਿੰਡਾ ਪੁਲਸ ਨੂੰ ਗੁਪਤ ਸੂਚਨਾ ਮਿਲਣ 'ਤੇ ਡੀਐੱਸਪੀ(ਡੀ) ਗੁਰਿੰਦਰਪਾਲ ਸਿੰਘ ਨਾਗਰਾ, ਡੀਐੱਸਪੀ ਅਟਾਰੀ ਯਾਦਵਿੰਦਰ ਸਿੰਘ ਤੇ ਐੱਸਐੱਚਓ ਘਰਿੰਡਾ ਵੱਲੋਂ ਸਪੈਸ਼ਲ ਆਪਰੇਸ਼ਨ ਦੌਰਾਨ



ਅਟਾਰੀ ਨੇੜੇ ਇਨ੍ਹਾਂ ਤਿੰਨਾਂ ਮੁਲਜ਼ਮਾਂ ਨੂੰ ਉਪਰੋਕਤ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਥਾਣਾ ਘਰਿੰਡਾ ਪੁਲਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਆਕਾਸ਼ਬੀਰ ਸਿੰਘ ਉਰਫ਼ ਕਾਸ਼ੀ ਵਾਸੀ ਪਿੰਡ ਭੈਣੀ ਰਾਜਪੂਤਾਂ, ਥਾਣਾ ਘਰਿੰਡਾ; ਜੋਬਨ ਸਿੰਘ ਵਾਸੀ ਪਿੰਡ ਬੱਲੜਗਣ, ਥਾਣਾ ਰਾਜਾਸਾਂਸੀ ਤੇ ਜਸ਼ਨਪ੍ਰੀਤ ਸਿੰਘ ਉਰਫ਼ ਵੱਡਾ ਵਾਸੀ ਪਿੰਡ ਭੈਣੀ ਰਾਜਪੂਤਾਂ ਪਾਕਿਸਤਾਨੀ ਖ਼ੁਫ਼ੀਆ ਏਜੰਸੀ ਆਈਐੱਸਆਈ ਨਾਲ ਸਬੰਧ ਰੱਖਦੇ ਹਨ ਅਤੇ ਪਾਕਿਸਤਾਨ ਤੋਂ ਡਰੋਨ ਰਾਹੀਂ ਆਧੁਨਿਕ ਹਥਿਆਰ ਤੇ ਗ੍ਰਨੇਡ ਮੰਗਵਾ ਕੇ ਸਪਲਾਈ ਕਰਦੇ ਹਨ। ਇਸ 'ਤੇ ਪੁਲਸ ਨੇ ਕਾਰਵਾਈ ਕਰਦੇ ਹੋਏ ਆਕਾਸ਼ਬੀਰ ਸਿੰਘ ਉਰਫ਼ ਕਾਸ਼ੀ, ਜੋਬਨ ਸਿੰਘ ਤੇ ਇਕ ਨਾਬਾਲਿਗ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ ਇਕ ਹੈਂਡ ਗ੍ਰਨੇਡ, 1 ਏਕੇ-47 ਤੇ 1 ਮੈਗਜ਼ੀਨ, 1 ਐੱਮ-4 .30 ਬੋਰ ਮਾਡੀਫਾਈਡ ਆਟੋ ਗੰਨ ਤੇ ਦੋ ਮੈਗਜ਼ੀਨ ਅਤੇ ਇਕ ਸਪੈਸ਼ਲ .30 ਬੋਰ ਮਾਡੀਫਾਈਡ ਸੈਮੀ-ਆਟੋ ਗੰਨ ਤੇ ਦੋ ਮੈਗਜ਼ੀਨ ਬਰਾਮਦ ਕੀਤੇ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਥਾਣਾ ਘਰਿੰਡਾ ਵਿਚ ਮਾਮਲਾ ਦਰਜ ਕਰ ਲਿਆ ਗਿਆ ਹੈ।

## ਪੰਜਾਬ ਨੈਸ਼ਨਲ ਬੈਂਕ (ਭਾਰਤ ਸਰਕਾਰ ਦਾ ਇੱਕ ਅਧਾਰਾ)

**ਬਰਾਂਚ ਦਫ਼ਤਰ : ਪੰਜਾਬ ਨੈਸ਼ਨਲ ਬੈਂਕ ਓਵਰਸੀਜ਼ ਗੜ੍ਹਾ ਰੋਡ, ਜਲੰਧਰ।**

ਸ਼੍ਰੀ ਸ਼ਸ਼ੀ ਪਾਲ ਪੁੱਤਰ ਗੋਪਾਲ, ਵਾਸੀ 14 ਕੈਂਟ ਕਾਉਂਟੀ ਜਲੰਧਰ ਨੇ ਸਾਡੇ ਕੋਲ ਬੈਂਕ ਕਰਜੇ ਦੀ ਇੱਕ ਦਰਖਾਸਤ ਦਾਇਰ ਕੀਤੀ ਹੈ, ਜਿਸ ਵਿੱਚ ਉਹ ਆਪਣੀ ਜਾਇਦਾਦ ਮਿਣਤੀ ਛੇ (6) ਮਰਲੇ, ਅਬਾਦੀ ਸੈਦਾਂ ਗੇਟ, ਜਲੰਧਰ ਵਿੱਚ ਸਥਿਤ ਹੈ, ਨੂੰ ਗਹਿਣੇ ਕਰ ਰਿਹਾ ਹੈ। ਇਸ ਦੀ ਮਲਕੀਅਤ ਅਤੇ ਕਬਜਾ ਸ਼੍ਰੀ ਸ਼ਸ਼ੀ ਪਾਲ ਪੁੱਤਰ ਗੋਪਾਲ ਕੋਲ ਹੈ। ਇਹ ਜਾਇਦਾਦ ਸੇਲ ਡੀਡ ਨੰ: 2026-27/186/1/1958 ਮਿਤੀ 24.04.2026 ਜਲੰਧਰ ਦੇ ਜਰੀਏ ਖਰੀਦੀ ਹੋਈ ਹੈ। ਇਸ ਦੇ ਮਾਲਿਕ ਸ਼ਸ਼ੀ ਪਾਲ ਨੇ ਦੱਸਿਆ ਕਿ ਇਸ ਜਾਇਦਾਦ ਦੀ ਲੜੀ ਵਿੱਚ ਪੁਰਾਣੀ (ਅਸਲ) ਸੇਲ ਡੀਡ ਨੰ: 43 ਮਿਤੀ 02.04.1974 ਐਸ.ਆਰ. ਜਲੰਧਰ ਅਤੇ ਸੇਲ ਡੀਡ ਨੰ: 7141 ਮਿਤੀ 17.11.1989 ਐਸ.ਆਰ. ਜਲੰਧਰ ਅਤੇ ਅੰਤਕਾ ਮਿਤੀ 02/05/1974 ਦੀ ਅਸਲੀ ਕਾਪੀ ਗੁੰਮ ਹੋ ਗਈ ਹੈ। ਇਸ ਦੀ ਗੁੰਮ ਹੋਣ ਦੀ ਰਿਪੋਰਟ ਜੀ.ਡੀ. ਨੰ: 47 ਮਿਤੀ 06.07.2026 ਦੇ ਤਹਿਤ ਪੀ.ਐਸ. ਡਿਵੀਜ਼ਨ ਜਲੰਧਰ ਕੈਂਟ ਵਿਖੇ ਲਿਖਾਈ ਗਈ ਹੈ। ਹੁਣ ਬੈਂਕ ਵੱਲੋਂ ਦਿੱਤੀ ਜਾ ਰਹੀ ਕਰਜੇ ਦੀ ਸਹੂਲਤ ਨੂੰ ਸੁਰੱਖਿਅਤ ਕਰਨ ਲਈ ਬੈਂਕ ਇਸ ਜਾਇਦਾਦ ਨੂੰ ਆਪਣੇ ਕੋਲ ਗਹਿਣੇ ਕਰ ਰਿਹਾ ਹੈ। ਅਗਰ ਕਿਸੇ ਵਿਅਕਤੀ ਨੂੰ ਇਹ ਜਾਇਦਾਦ ਬੈਂਕ ਵੱਲੋਂ ਗਹਿਣੇ ਕੀਤੇ ਜਾਣ ਤੇ ਇਤਰਾਜ਼ ਹੈ ਜਾਂ ਉਸ ਦਾ ਕੋਈ ਹਿਤ ਹੋਵੇ ਜਾਂ ਗੁਆਚ ਗਏ ਦਸਤਾਵੇਜ ਉੱਪਰ ਉਸ ਦਾ ਕੋਈ ਦਾਅਵਾ ਹੋਵੇ ਜਾਂ ਉਸ ਸੰਬੰਧੀ ਉਸ ਨੂੰ ਕੋਈ ਜਾਣਕਾਰੀ ਹੋਵੇ ਤਾਂ ਉਹ ਆਪਣਾ ਇਤਰਾਜ਼ ਨਿਮਨ ਹਸਤਾਖਰੀ ਕੋਲ 7 ਦਿਨਾਂ ਦੇ ਅੰਦਰ ਦਰਜ ਕਰਵਾ ਸਕਦਾ ਹੈ। ਬਾਅਦ ਵਿੱਚ ਬੈਂਕ ਵੱਲੋਂ ਇਹ ਸਮਝ ਕੇ ਕਿ ਪੁਰਾਣੀਆਂ ਗੁਆਚੀਆਂ ਸੇਲ ਡੀਡ, ਕਿਸੇ ਬੈਂਕ, ਪ੍ਰਾਈਵੇਟ ਏਜੰਸੀ ਜਾਂ ਕਿਸੇ ਵਿਅਕਤੀ ਕੋਲ ਸਕਿਊਰਟੀ ਵਜੋਂ ਜਮਾਂ ਨਹੀਂ ਹਨ। ਇਹ ਜਾਇਦਾਦ ਗਹਿਣੇ ਰੱਖ ਕੇ ਬੈਂਕ ਵੱਲੋਂ ਕਰਜਾ ਦੇ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕਿਸੇ ਕਿਸਮ ਦਾ ਕੋਈ ਇਤਰਾਜ ਦਾਖਲ ਨਹੀਂ ਕੀਤਾ ਜਾਵੇਗਾ।

ਬਰਾਂਚ ਮੈਨੇਜਰ : ਪੰਜਾਬ ਨੈਸ਼ਨਲ ਬੈਂਕ ਓਵਰਸੀਜ਼ ਗੜ੍ਹਾ ਰੋਡ, ਜਲੰਧਰ। ਮੋ: 98156-54616

## ਨੋਟਿਸ

ਦੀ ਹੇਤਮਪੁਰਾ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ: ਪਿੰਡ ਹੇਤਮਪੁਰਾ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸੇਲਜ਼ਮੈਨ ਦੀ ਅਸਾਮੀ ਦੀ ਨਿਯੁਕਤੀ ਲਈ ਮਿਤੀ 04-08-2026 ਨੂੰ ਸਵੇਰੇ 11.00 ਵਜੇ ਸਭਾ ਦੇ ਦਫਤਰ ਵਿੱਚ ਇੰਟਰਵਿਊ ਰੱਖੀ ਗਈ ਹੈ। ਯੋਗ ਉਮੀਦਵਾਰ ਮਿਤੀ 03-08-2026 ਤੱਕ ਸਭਾ ਦੇ ਦਫਤਰ ਪਿੰਡ ਹੇਤਮਪੁਰਾ ਵਿਖੇ ਹਾਜ਼ਰ ਹੋ ਕੇ ਸਭਾ ਦੇ ਪ੍ਰਧਾਨ ਨੂੰ ਦਰਖਾਸਤ ਸਮੇਤ ਯੋਗਤਾ ਸਰਟੀਫਿਕੇਟ ਦੀ ਕਾਪੀ ਦੇ ਸਕਦੇ ਹਨ। ਸੇਲਜ਼ਮੈਨ ਦੀ ਉਮਰ 18 ਤੋਂ 35 ਸਾਲ ਵਿੱਚ ਹੋਣੀ ਚਾਹੀਦੀ ਹੈ। ਸੇਲਜ਼ਮੈਨ ਦੀ ਵਿੱਦਿਅਕ ਯੋਗਤਾ ਮਾਨਤਾ ਪ੍ਰਾਪਤ ਕਾਲਜ ਜਾਂ ਸੰਸਥਾ ਤੋਂ ਬੀ.ਏ. ਪਾਸ ਅਤੇ ਘੱਟੋ-ਘੱਟ ਛੇ ਮਹੀਨੇ ਦਾ ਕੰਪਿਊਟਰ ਕੋਰਸ ਕੀਤਾ ਹੋਵੇ। ਸੇਲਜ਼ਮੈਨ ਪੇਂਡੂ ਪਿਛੋਕੜ ਵਾਲਾ ਅਤੇ ਸਭਾ ਦੇ ਦਾਇਰਾ ਕਾਰੋਬਾਰ ਵਿੱਚ ਪੈਂਦੇ ਪਿੰਡਾਂ ਵਿੱਚੋਂ ਭਰਤੀ ਕੀਤਾ ਜਾਣਾ ਹੈ। ਸੇਲਜ਼ਮੈਨ ਕਿਸੇ ਹੋਰ ਸੰਸਥਾ ਤੋਂ ਅਯੋਗ ਕਰਾਰ ਨਾ ਦਿੱਤਾ ਹੋਵੇ। ਇੰਟਰਵਿਊ ਸਮੇਂ ਅਸਲ ਸਰਟੀਫਿਕੇਟ ਨਾਲ ਲਿਆਂਦੇ ਜਾਣ।

ਪ੍ਰਧਾਨ, ਦੀ ਹੇਤਮਪੁਰਾ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ: ਹੇਤਮਪੁਰਾ।

## PUBLIC NOTICE

It is hereby notified to the General Public that my client Sh. Gurmeet Singh Bhatia (Aadhar Card No.2884 3631 6816) s/o Sh. Devinder Singh Bhatia r/o H.No.1085, Urban Estate, Phase-I, Jalandhar has revoked the General Power of Attorney dated 25.04.2006 bearing Document No.1112 registered in the office of the Sub Registrar, Jalandhar-I executed in favour of Sh. Devinder Singh Bhatia S/o Sh. Partap Singh Bhatia S/o Sh. Kirpa Ram r/o H. No.1085, Urban Estate, Phase-I, Jalandhar. The said Sh. Devinder Singh Bhatia is not authorized to do any act, deed or thing on behalf of or in the name of my client henceforth and anybody dealing with the said Sh. Devinder Singh Bhatia on behalf of my client in respect of his movable and immovable properties shall be doing so at his/her own risk and peril and my client shall not be held liable for the same in any manner.

Inderjit Singh Bhatia, Advocate,
169-L, Model Town, Jalandhar-144003.
Mobile: 98140-63019,
Email: isbhatia@rediffmail.com

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਜਿੰਨਸੂ ਬਾਂਸਲ, ਜ਼ਿਲ੍ਹਾ ਮਾਲ ਅ਼ਫਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼, ਕਪੂਰਥਲਾ
ਕੇਸ ਨੰਬਰ 59-60/DRO/FTC/NRI ਤਾਰੀਖ ਦਾਇਰ 23/04/2026 ਕਿਸਮ ਮੁਕੱਦਮਾ : ਤਕਸੀਮ ਖੇਵਟ ਨੰਬਰ : 9, 11
ਖਤੌਨੀ ਨੰਬਰ 17, 18, 19, 23, 24 ਮੁਤਾਬਕ ਜਮ੍ਹਾਂਬੰਦੀ ਸਾਲ 2022-2023 ਵਾਕਿਆ ਅਰਾਜੀ ਪਿੰਡ ਸੁਭਾਨਪੁਰ, ਹੱਦਬਸਤ ਨੰ. 1, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ

1. ਇੰਦਰਜੀਤ ਸਿੰਘ ਬੱਲ ਪੁੱਤਰ ਦਲਬੀਰ ਸਿੰਘ ਪੁੱਤਰ ਗੁਰਬਖ਼ਸ਼ ਸਿੰਘ ਵਾਸੀ 25 Aberdour Road ILLford IG3 9SA, UK ਰਾਹੀਂ ਮੁਖਤਾਰ ਖਾਸ ਕੀਰਤਪਾਲ ਪੁੱਤਰ ਤਰਸੇਮ ਲਾਲ ਵਾਸੀ 3095 ਫੇਸ 7 ਮੋਹਾਲੀ। (ਧਿਰ ਅੱਵਲ)

ਬਨਾਮ

1. ਚਰਨਜੀਤ ਸਿੰਘ ਪੁੱਤਰ ਗੁਰਬਖ਼ਸ਼ ਸਿੰਘ ਪੁੱਤਰ ਗੁਰਅਪਾਰ 2. ਚਰਨਜੀਤ ਸਿੰਘ ਪੁੱਤਰ ਗੁਰਬਖ਼ਸ਼ ਸਿੰਘ ਪੁੱਤਰ ਗਿਰਧਾਰਾ ਸਿੰਘ 3. ਹਰਤੀਰਥ ਸਿੰਘ ਪੁੱਤਰ ਚਰਨਜੀਤ ਸਿੰਘ ਪੁੱਤਰ ਗੁਰਬਖ਼ਸ਼ ਸਿੰਘ 4. ਜਗਦੀਸ਼ ਕੌਰ ਪਤਨੀ ਚਰਨਜੀਤ ਸਿੰਘ ਪੁੱਤਰ ਗੁਰਬਖ਼ਸ਼ ਸਿੰਘ 5. ਬਲਬੀਰ ਸਿੰਘ ਪੁੱਤਰ ਪਿਸ਼ੌਰਾ [illegible]

[illegible]

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਜਿੰਨਸੂ ਬਾਂਸਲ, ਜ਼ਿਲ੍ਹਾ ਮਾਲ ਅ਼ਫਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼, ਕਪੂਰਥਲਾ
ਕੇਸ ਨੰਬਰ : 34-36/DRO/FTC/NRI ਤਾਰੀਖ ਦਾਇਰ 23/04/2026 ਕਿਸਮ ਮੁਕੱਦਮਾ : ਤਕਸੀਮ ਖੇਵਟ ਨੰਬਰ 37, 38, 39
ਖਤੌਨੀ ਨੰਬਰ 62,63,64,65,66,67, 68 ਮੁਤਾਬਿਕ ਜਮ੍ਹਾਂਬੰਦੀ ਸਾਲ 2018-2019 ਵਾਕਿਆ ਅਰਾਜੀ ਪਿੰਡ ਮੁੰਡੀ, ਹੱਦਬਸਤ ਨੰਬਰ 82 ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ।

1. ਅਜੈਬ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਖੈੜਾ ਮੱਲ ਵਾਸੀ ਪਿੰਡ ਫੱਤੂਢੀਂਗਾ,ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਹਾਲ ਵਾਸੀ EICHHSTATTER STRASSE 3 A 91781 WEISSENBURG, GERMANY ਰਾਹੀਂ ਮੁਖਤਾਰ ਖਾਸ ਸਤਵਿੰਦਰ ਕੌਰ ਪਤਨੀ ਗੁਰਮੀਤ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਪਿੰਡ ਫੱਤੂਢੀਂਗਾ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਅਤੇ ਹੋਰ। (ਧਿਰ ਅੱਵਲ)

ਬਨਾਮ

[illegible]

... ਮੁਕੱਦਮਾ (ਤਕਸੀਮ) ਦਾ ਕੇਸ ਦਾਇਰ ਕੀਤਾ ਹੋਇਆ ਹੈ।ਜੋ ਕਿ ਅਦਾਲਤ ਵਿੱਚ ਸੁਣਵਾਈ ਅਧੀਨ ਹੈ। ਅਦਾਲਤ ਨੂੰ ਤਸੱਲੀ ਹੋ ਚੁੱਕੀ ਹੈ ਕਿ ਕੁਝ ਧਿਰ ਦੋਮਾਂ ਦੀ ਆਮ ਤਰੀਕੇ ਨਾਲ ਸੰਮਨ ਰਾਹੀਂ ਤਾਮੀਲ ਨਹੀਂ ਹੋ ਸਕਦੀ ਜਾਂ ਧਿਰਾਂ ਜਾਣ-ਬੁੱਝ ਕੇ ਅਦਾਲਤੀ ਨੋਟਿਸ ਲੈਣ ਤੋਂ ਬਚ ਰਹੀਆਂ ਹਨ।ਇਸ ਲਈ ਮਾਣਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਇਹ ਜਨਤਕ ਇਸ਼ਤਿਹਾਰ (Substituted Service) ਜਾਰੀ ਕੀਤਾ ਗਿਆ ਹੈ।

ਇਸ ਸੰਮਨ ਰਾਹੀਂ ਧਿਰ ਦੋਮਾਂ ਨੂੰ ਇਤਲਾਹ ਕੀਤੀ ਜਾਂਦੀ ਹੈ ਕਿ ਤੁਸੀ ਖੁਦ ਜਾਂ ਆਪਣੇ ਕਿਸੇ ਕਾਨੂੰਨੀ ਵਕੀਲ ਰਾਹੀਂ ਮਿਤੀ 23/07/2026 ਦਿਨ ਵੀਰਵਾਰ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਹੋ ਕੇ ਕੇਸ ਦਾ ਜਵਾਬ ਦਾਇਰ ਕਰੋ। ਨਿਰਧਾਰਿਤ ਮਿਤੀ 'ਤੇ ਜੇਕਰ ਕੋਈ ਧਿਰ ਹਾਜ਼ਰ ਨਹੀਂ ਆਉਂਦੀ ਤਾਂ ਉਸ ਦੇ ਖਿਲਾਫ ਇਕਤਰਫਾ ਕਾਰਵਾਈ (Ex parte) ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਕੇਸ ਦਾ ਫੈਸਲਾ ਤੁਹਾਡੀ ਗੈਰ-ਹਾਜ਼ਰੀ ਵਿਚ ਕਾਨੂੰਨ ਅਨੁਸਾਰ ਕਰ ਦਿੱਤਾ ਜਾਵੇਗਾ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਅਤੇ ਅਖਬਾਰ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਅੱਜ ਮਿਤੀ 02.07.2026 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਹੋਇਆ।

ਸਹੀ/-ਜ਼ਿਲ੍ਹਾ ਮਾਲ ਅਫਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼, ਕਪੂਰਥਲਾ
ਨੰਬਰ :103/ ਰੀਡਰ ਮਿਤੀ : 02/7/2026

## AXIS BANK LTD.

[illegible]

ਮਿਤੀ : 15-07-2026
ਸਥਾਨ : ਪੰਜਾਬ

ਸਹੀ/-ਅਧਿਕਾਰਤ ਅਫਸਰ,
ਐਕਸਿਸ ਬੈਂਕ ਲਿਮਟਿਡ

## ਨਿਲਾਮੀ ਨੋਟਿਸ

ਦੀ ਬਰਨਾਲਾ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ. ਬਰਨਾਲਾ ਦੇ ਹੇਠ ਲਿਖੇ ਖੇਤੀਬਾੜੀ ਸੰਦਾਂ ਦੀ ਨਿਲਾਮੀ ਮਿਤੀ 27.7.2026 ਨੂੰ ਸਵੇਰੇ 11 ਵਜੇ ਸਭਾ ਦੇ ਦਫਤਰ ਪਿੰਡ ਬਰਨਾਲਾ, ਜ਼ਿਲ੍ਹਾ ਮਾਨਸਾ ਵਿਖੇ ਹੋਵੇਗੀ। ਸਕਿਉਰਿਟੀ 5000 ਰੁਪਏ ਲਈ ਜਾਵੇਗੀ। ਬਾਕੀ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

| ਲੜੀ ਨੰ: | ਖੇਤੀਬਾੜੀ ਸੰਦਾਂ ਦਾ ਵੇਰਵਾ | ਖ੍ਰੀਦ ਦਾ ਸਾਲ | ਨਗ |
|---|---|---|---|
| 1 | ਕਣਕ ਬੀਜਣ ਵਾਲੀ ਮਸ਼ੀਨ | 1-4-2007 | 1 |
| 2 | ਨਰਮਾ ਬੀਜਣ ਵਾਲੀ ਮਸ਼ੀਨ | 1-4-2007 | 2 |
| 3 | ਪਲਾਊ ਹਲ਼ M.B | 2-11-2018 | 1 |
| 4 | ਹੈਪੀ ਸੀਡਰ | 2-11-2018 | 1 |
| 5 | ਰੋਟਾਵੇਟਰ | 2-11-2018 | 1 |
| 6 | ਜਿੰਦਰਾ | 1-4-2007 | 1 |
| 7 | ਪਲਾਊ ਹਲ਼ | 1-4-2007 | 1 |

ਜਗਪਾਲ ਸਿੰਘ ਪ੍ਰਧਾਨ 98722-25961, ਨਿਰਭੈਅ ਸਿੰਘ ਮੀਤ ਪ੍ਰਧਾਨ 94651-25955

## ਦਫਤਰ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਦਾਸਪੁਰ

### ਚੋਣ ਨੋਟਿਸ

ਦੀ ਭਿਖਾਰੀਵਾਲ ਬਹੁਮੰਤਵੀ ਸਹਿਕਾਰੀ ਸਭਾ ਲਿਮ. ਭਿਖਾਰੀਵਾਲ ਦੇ ਸਮੂਹ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਸੰਬੰਧੀ ਜ਼ੋਨਾਂ ਦੀਆਂ ਲਿਸਟਾਂ ਨਿਮਨਹਸਤਾਖਰ ਦੇ ਦਫਤਰ ਵਿਚ ਮਨਜ਼ੂਰੀ ਲਈ ਪ੍ਰਾਪਤ ਹੋਈਆਂ ਹਨ। ਨਵੀਆਂ ਜ਼ੋਨ ਗਾਈਡ ਲਾਈਨਾਂ ਦੇ ਮੁਤਾਬਕ ਸਭਾ ਦੇ ਜ਼ੋਨ ਤਿਆਰ ਕੀਤੇ ਗਏ ਹਨ। ਇਹਨਾਂ ਜ਼ੋਨਾਂ ਦੀਆਂ ਸੂਚੀਆਂ ਨਿਮਨਹਸਤਾਖਰ ਦੇ ਦਫਤਰ ਅਤੇ ਸਭਾ ਦੇ ਦਫਤਰ ਵਿਚ ਮੌਜੂਦ ਹਨ। ਜੇਕਰ ਇਹਨਾਂ ਜ਼ੋਨ ਲਿਸਟਾਂ 'ਤੇ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਲਿਖਤੀ ਰੂਪ ਵਿਚ ਮਿਤੀ 10.08.2026 ਨੂੰ ਸ਼ਾਮ ਦਫਤਰੀ ਸਮੇਂ ਤੱਕ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ, ਗੁਰਦਾਸਪੁਰ ਦੇ ਦਫਤਰ ਆ ਸਕਦਾ ਹੈ। ਪ੍ਰਾਪਤ ਹੋਏ ਇਤਰਾਜ਼ਾਂ ਦੀ ਸੁਣਵਾਈ ਮਿਤੀ 11.08.2026 ਨੂੰ 11.00 ਵਜੇ ਸਵੇਰੇ ਇਸ ਦਫਤਰ ਦੇ ਕਮਰਾ ਨੰਬਰ 411, ਬੀ- ਬਲਾਕ, ਤੀਜੀ ਮੰਜ਼ਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਕੀਤੀ ਜਾਵੇਗੀ। ਨਿਯਤ ਮਿਤੀ ਉਪਰੰਤ ਪ੍ਰਾਪਤ ਹੋਣ ਵਾਲੇ ਇਤਰਾਜ਼ਾਂ ਨੂੰ ਵਿਚਾਰਿਆ ਨਹੀਂ ਜਾਵੇਗਾ। ਇਹ ਜ਼ੋਨ ਸੂਚੀਆਂ ਕਿਸੇ ਕੰਮ ਵਾਲੇ ਦਿਨ ਸਭਾ ਦੇ ਦਫ਼ਤਰ ਅਤੇ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਗੁਰਦਾਸਪੁਰ ਦੇ ਦਫਤਰ ਵਿਚ ਆ ਕੇ ਵੇਖੀਆਂ ਜਾ ਸਕਦੀਆਂ ਹਨ। ਇਤਰਾਜ਼ਕਰਤਾ ਖੁਦ ਸੁਣਵਾਈ ਸਮੇਂ ਹਾਜ਼ਰ ਹੋਵੇ। ਅਗਰ ਕਿਸੇ ਦਾ ਕੋਈ ਇਤਰਾਜ਼ ਨਾ ਆਇਆ ਤਾਂ ਮਿਤੀ 11.08.2026 ਨੂੰ ਜ਼ੋਨ ਲਿਸਟਾਂ ਪ੍ਰਵਾਨ ਕਰ ਦਿੱਤੀਆਂ ਜਾਣਗੀਆਂ।

ਇਹ ਨੋਟਿਸ ਅੱਜ ਮਿਤੀ 14.07.26 ਨੂੰ ਨਿਮਨਹਸਤਾਖਰ ਦੇ ਹਸਤਾਖਰਾਂ ਨਾਲ ਜਾਰੀ ਕੀਤਾ ਗਿਆ ਹੈ।

ਸਹੀ/-(ਹਰਸਿਮਰਨ ਸਿੰਘ) ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਗੁਰਦਾਸਪੁਰ।

## COURT NOTICE

(U/o 5 Rule 20 CPC)
In the Court of
Ms. Priyanka - I
Civil Judge (Junior Division), Phul
CNR No. PBBTB0-000252-2026
Next Date:- 08-09-2026
Darshan Singh
Vs.
General Public
Suit For Declaration
Publication Issued To:
General Public
Na

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 08-09-2026 at 10:00 a.m.

For details logon to https://highcourtchd.gov.in/?mod=district_notice&district=Bathinda

Civil Judge (Junior Division), Phul
Dated, this day of 09-07-2026

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 03.08.2026 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।ਮੈਨੂੰਅਲ ਨਿਵਿਦਾ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨ ਲਾਈਨ ਸਾਧਨਾ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਲਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 10.07.2026 | 20.07.2026 | 03.08.2026 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ, ਮਿਤੀ | ਨਿਵਿਦਾ ਦਾ ਵੇਰਵਾ |
|---|---|---|
| 1. | 49-2026-27-DEN-HQ-FZR | ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪਰ ਦੇ ਅਧਿਕਾਰ ਖੇਤਰ ਵਿਚ ਜਲੰਘਰ ਸਿਟੀ-ਫਿਰੋਜਪੁਰ-TRR (P)-36.172 Tkm ਦਾ ਕੰਮ ਕਈ ਥਾਵਾਂ ਤੇ ਹੋਵੇਗਾ: ਲੁਧਿਆਣਾ-ਫਿਰੋਜਪੁਰ ਸੈਕਸ਼ਨ ਉਤੇ Km 1.33 ਤੋਂ Km 11.255 (ਐਸਐਲ) Km 79.93 ਤੋਂ Km 89 (ਐਸਐਲ) ਅਤੇ Km 12.816 ਤੋਂ Km 19.85 (ਯੂਪੀ): ਜਲੰਧਰ ਸ਼ਹਿਰ-ਫਿਰੋਜਪੁਰ ਸੈਕਸ਼ਨ ਉਤੇ Km 20 ਤੋਂ Km 21.449 (ਐਸਐਲ) Km 38.5 ਤੋਂ Km 41.169 (ਐਸਐਲ) Km 43 ਤੋਂ Km 45.4 (ਐਸਐਲ); ਕੋਟਕਪੁਰਾ-ਫਾਜਿਲਕਾ ਉਤੇ Km 9.2 ਤੋਂ Km 12 (ਐਸਐਲ), Km 17.465 ਤੋਂ Km 18.29 (ਐਸਐਲ) ਅਤੇ ਇਸ ਦੇ ਨਾਲ ਹੀ ਫਿਰੋਜਪੁਰ ਡਵੀਜਨ ਵਿਚ ਕਈ ਥਾਵਾਂ ਉਤੇ TFR 36.172 KM ਦਾ ਕੰਮ ਵੀ TFR 709.177 TKM ਦੇ ਨਾਲ ਕੀਤਾ ਜਾਵੇਗਾ। |

| ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|
| 41671393.74 | 833400.00 | 60 दिन | 12 महीने |

**ਸਮਾਨ ਨੇਚਰ ਦਾ ਕੰਮ :** "CTR/TRR/TFR/TTR, ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਡੀਪ ਸਕ੍ਰੀਨਿੰਗ ਟ੍ਰੈਕ ਨੂੰ ਡਿਸਟ੍ਰੈਸਿੰਗ ਅਤੇ ਟ੍ਰੈਕ ਰਖਰਖਾਅ ਮਸ਼ੀਨਾਂ (ਜਿਵੇਂ ਟੈਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ) ਦੇ ਲਈ ਪ੍ਰੀ ਅਤੇ ਪੋਸਟ ਕੰਮ ਸ਼ਾਮਲ ਹਨ, ਟੀ-28 ਨਾਲ TTR ਦਾ ਕੰਮ ਸ਼ਾਮਲ ਹੈ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।ਨਿਵਿਦਾ ਨੰਬਰ: 49-2026-27-DEN-HQ-FZR ਤਾਰੀਕ : 13.07.2026 2391/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਪੰਜਾਬ ਪੈਨਸ਼ਨਰ ਯੂਨੀਅਨ ਦੀ ਮੀਟਿੰਗ



**ਮੋਰਟਿਆਣਾ/ਜਲੰਧਰ (ਜਗਤਾਰ ਸਿੰਘ ਭੁੰਗਰਨੀ /ਰਾਜੇਸ਼ ਥਾਪਾ)**- ਪੰਜਾਬ ਪੈਨਸ਼ਨਰ ਯੂਨੀਅਨ ਦੀ ਮਹੀਨਾਵਾਰ ਮੀਟਿੰਗ ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਜਲੰਧਰ ਵਿਖੇ ਚੇਅਰਮੈਨ ਕਾਮਰੇਡ ਮਦਨ ਲਾਲ ਚੀਮਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਅਤੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ, ਹਰਿੰਦਰ ਸਿੰਘ ਚੀਮਾ, ਜਨਰਲ ਸਕੱਤਰ ਵਿਜੇ ਕੁਮਾਰ ਸ਼ਰਮਾ, ਸੂਬਾ ਸਕੱਤਰ ਸੰਤੋਖ ਸਿੰਘ, ਕੈਸ਼ੀਅਰ ਸੰਤੋਖ ਸਿੰਘ ਤੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਗੁਰਜੀਤ ਸਿੰਘ ਨੇ ਸਾਂਝੇ ਤੌਰ ਤੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦਾ ਸਮੁੱਚਾ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਇਕ ਮੰਚ ਤੇ ਇਕੱਠਾ ਹੋ ਗਿਆ ਹੈ ਅਤੇ ਅੱਗਲੇ ਸਖ਼ਤ ਸੰਘਰਸ਼ਾਂ ਦਾ ਬਿਗਲ ਵਜਾ ਦਿੱਤਾ ਗਿਆ ਹੈ। ਅਗਲੇ ਸੰਘਰਸ਼ਾਂ ਦੀ ਰੂਪ ਰੇਖਾ 12 ਜੁਲਾਈ ਨੂੰ 'ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ' ਅਤੇ 'ਸਾਂਝਾ ਮੁਲਾਜ਼ਮ ਮੰਚ ਪੰਜਾਬ' ਦੀ ਸਾਥੀ ਭਜਨ ਸਿੰਘ ਗਿੱਲ ਅਤੇ ਸਾਥੀ ਗੁਰਮਨ ਸਿੰਘ ਵਿਰਕ ਦੀ ਸਾਂਝੀ ਪ੍ਰਧਾਨਗੀ ਹੇਠ ਲੁਧਿਆਣਾ ਵਿਖੇ ਹੋਈ ਸਾਂਝੀ ਮੀਟਿੰਗ ਦੇ ਵਿੱਚ ਫੈਸਲੇ ਲਏ ਗਏ ਹਨ। ਇਹਨਾਂ ਦੱਸਿਆ ਕਿ ਪ੍ਰਧਾਨ ਮੰਤਰੀ ਦੀ ਚੰਡੀਗੜ੍ਹ ਫੇਰੀ ਨੂੰ ਮੁੱਖ ਰੱਖਦਿਆਂ ਸੁਰੱਖਿਆ ਪ੍ਰਬੰਧਾਂ ਕਰਕੇ 17 ਜੁਲਾਈ ਵਾਲੀ ਚੰਡੀਗੜ੍ਹ ਮਹਾਂਰੈਲੀ ਮੁਲਤਵੀ ਕੀਤੀ ਗਈ ਹੈ। ਹੁਣ ਇਹ ਮਹਾਂ ਰੈਲੀ 7 ਅਗਸਤ ਨੂੰ ਦਾਣਾ ਮੰਡੀ ਸੈਕਟਰ 39 ਚੰਡੀਗੜ੍ਹ ਵਿਖੇ ਹੋਵੇਗੀ। ਪੰਜਾਬ ਭਰ ਦੇ ਮੁਲਾਜ਼ਮਾਂ ਪੈਨਸ਼ਨਰਾਂ ਨੂੰ ਵੱਡੀ ਲਾਮਬੰਦੀ ਨਾਲ ਮਹਾਰੈਲੀ ਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਗਈ 17 ਜੁਲਾਈ ਨੂੰ ਜ਼ਿਲਾ ਹੈਡ ਕੁਆਟਰਾਂ ਤੇ 17-7-2020 ਦਾ ਕੇਂਦਰੀ ਪੈਟਰਿਨ ਸਕੇਲ ਲਾਗੂ ਕਰਨ ਵਾਲਾ ਨੋਟੀਫਿਕੇਸ਼ਨ ਸਾੜੇ ਜਾਣਗੇ। ਅਤੇ ਬਾਕੀ ਸਾਂਝੀਆਂ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ। ਹੋਰਨਾਂ ਤੋਂ ਇਲਾਵਾ ਵਾਈਸ ਪ੍ਰਧਾਨ ਰੇਸ਼ਮ ਸਿੰਘ ਕੰਗ, ਗੁਰਵਿਆਲ ਸਿੰਘ ਜਲਵੇੜਾ, ਭੁਪਿੰਦਰ ਸਿੰਘ ਮੁਖਿਆਲਾ, ਜਗਦੇਵ ਸਿੰਘ ਕੁਕੋਵਾਲ, ਬਲਵਿੰਦਰ ਸਿੰਘ ਮੁਲਤਾਨੀ, ਪ੍ਰਭੂ ਸਿੰਘ, ਹਰਿੰਦਰ ਸਿੰਘ ਢਿਲਵਾਂ, ਸੁਰਿੰਦਰ ਸਿੰਘ, ਗੁਰਜਿੰਦਰ ਸਿੰਘ, ਜੋਗਿੰਦਰ ਸਿੰਘ, ਬਲਵੀਰ ਸਿੰਘ, ਸਰਦੂਲ ਸਿੰਘ, ਪ੍ਰੀਤਮ ਸਿੰਘ, ਜਸਵੀਰ ਸਿੰਘ, ਪ੍ਰਤਾਪ ਸਿੰਘ ਬਹਾਦਰ ਆਦਿ ਤੇ ਹੋਰ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ।

# ਬਿਜਲੀ ਵਿਭਾਗ ਦੇ ਮੁਲਾਜ਼ਮਾਂ ਵੱਲੋਂ ਗੇਟ ਰੈਲੀ

**ਟਾਂਡਾ ਉੜਮੁੜ (ਮਿਥਲੇਸ਼ ਗੱਗਾ, ਜਸਵਿੰਦਰ ਸੰਧੂ)**- ਬਿਜਲੀ ਵਿਭਾਗ ਦੇ ਮੁਲਾਜ਼ਮਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਪਾਵਰਕਾਮ ਦਫ਼ਤਰ ਟਾਂਡਾ ਦੇ ਗੇਟ ਤੇ ਸਰਕਾਰ ਖਿਲਾਫ ਇੱਕ ਰੋਸ ਰੈਲੀ ਕੀਤੀ ਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਜੁਆਇੰਟ ਫੋਰਮ ਦੇ ਸੱਦੇ ਤੇ ਜਥੇਬੰਦੀ ਦੇ ਡਿਵੀਜ਼ਨ ਪ੍ਰਧਾਨ



ਅਵਤਾਰ ਸਿੰਘ ਕੁਰਾਲਾ ਦੀ ਅਗਵਾਈ ਵਿੱਚ ਹੋਈ ਇਸ ਗੇਟ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਬਿਜਲੀ ਵਿਭਾਗ ਦੇ ਕਰਮਚਾਰੀ ਸ਼ਾਮਲ ਹੋਏ। ਇਸ ਮੌਕੇ ਬੋਲਦਿਆਂ ਪ੍ਰਧਾਨ ਅਵਤਾਰ ਸਿੰਘ, ਕਸ਼ਮੀਰ ਸਿੰਘ ਖੁੱਡਾ, ਸੁਖਵਿੰਦਰ ਸਿੰਘ, ਰਵਿੰਦਰ ਸਿੰਘ, ਇੰਜੀਨੀਅਰ ਦਵਿੰਦਰ ਸਿੰਘ, ਇੰਜੀਨੀਅਰ ਸਤਨਾਮ ਸਿੰਘ, ਮਹਿੰਦਰ ਸਿੰਘ, ਹਰਦੀਪ ਸਿੰਘ, ਮਨਦੀਪ ਸਿੰਘ, ਤਰਵਿੰਦਰ ਸਿੰਘ, ਲਖਵੀਰ ਸਿੰਘ, ਵਿਨੋਦ ਕੁਮਾਰ, ਨਵਦੀਪ ਸਿੰਘ, ਪਰਮਪਾਲ ਸਿੰਘ ਆਦਿ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਬੀਤੇ ਦਿਨੀਂ 2 ਜੁਲਾਈ ਨੂੰ ਜੁਆਇੰਟ ਫੋਰਮ, ਪੰਜਾਬ ਸਰਕਾਰ ਅਤੇ ਬਿਜਲੀ ਵਿਭਾਗ ਮੈਨੇਜਮੈਂਟ ਦੀ ਵਿੱਤ ਮੰਤਰੀ ਪੰਜਾਬ ਨਾਲ ਇੱਕ ਵਿਸ਼ੇਸ਼ ਬੈਠਕ ਹੋਈ ਸੀ। ਬੈਠਕ ਦੌਰਾਨ ਵਿੱਤ ਮੰਤਰੀ ਪੰਜਾਬ ਨੇ ਵਾਅਦਾ ਕੀਤਾ ਸੀ ਕਿ ਪੰਜਾਬ ਸਰਕਾਰ ਨਾਲ ਸੰਬੰਧਿਤ ਵਿੱਤੀ ਮਾਮਲੇ ਤੇ ਇੱਕ ਕਮੇਟੀ ਬਣਾ ਕੇ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਲਾਗੂ ਕੀਤੀਆਂ ਜਾਣਗੀਆਂ ਅਤੇ ਕਮੇਟੀ 31 ਜੁਲਾਈ 2026 ਤਕ ਆਪਣੀ ਰਿਪੋਰਟ ਕੈਬਨਿਟ ਸਬ ਕਮੇਟੀ ਨੂੰ ਭੇਜੇਗੀ, ਪਰ ਬਾਅਦ ਵਿੱਚ ਮੁੱਖ ਸਕੱਤਰ ਪੰਜਾਬ ਨੇ ਕਮੇਟੀ ਨੂੰ ਦੋ ਮਹੀਨਿਆਂ ਦਾ ਸਮਾਂ ਦੇ ਦਿੱਤਾ ਜਿਸ ਨੂੰ ਜੁਆਇੰਟ ਫੋਰਮ ਸਿਰੇ ਤੋਂ ਖਾਰਜ ਕਰਦੀ ਹੈ। ਬੁਲਾਰਿਆਂ ਦੱਸਿਆ ਕਿ 21 ਅਤੇ 22 ਜੁਲਾਈ ਦੀ ਸਮੂਹਿਕ ਛੁੱਟੀ ਲਾ ਕੇ ਆਪਣੇ ਆਪਣੇ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪੇ ਜਾਣਗੇ ਅਤੇ 15 ਜੁਲਾਈ ਨੂੰ ਸਰਕਲ ਪੱਧਰੀ ਕਨਵੈਨਸ਼ਨ ਕਰਕੇ ਆਉਣ ਵਾਲੇ ਸੰਘਰਸ਼ ਦੀ ਤਿਆਰੀ ਕੀਤੀ ਜਾਵੇਗੀ। ਬੁਲਾਰਿਆਂ ਦੱਸਿਆ ਕਿ 7 ਅਗਸਤ ਨੂੰ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ ਤੇ ਮੋਹਾਲੀ ਵਿੱਚ ਹੋਣ ਵਾਲੀ ਮਹਾਂ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।

# ਬੱਬਰ ਲਹਿਰ ਸ਼ਹਾਦਤਾਂ ਦੀ ਸ਼ਤਾਬਦੀ ਮੁਹਿੰਮ ਸੰਬੰਧੀ ਵਿਚਾਰ-ਚਰਚਾ

**ਬੰਗਾ (ਅਵਤਾਰ ਕਲੇਰ)**- ਬੱਬਰ ਅਕਾਲੀ ਲਹਿਰ ਦੀਆਂ ਸ਼ਹਾਦਤਾਂ ਦੀ ਸ਼ਤਾਬਦੀ (1926- 2026) ਪੂਰੇ ਜੋਸ਼-ਖਰੋਸ਼ ਨਾਲ ਮਨਾਉਣ ਲਈ ਪੰਜਾਬ ਭਰ ਵਿੱਚ ਵੱਖ-ਵੱਖ ਖੇਤਰਾਂ ਅੰਦਰ ਕੀਤੀਆਂ ਜਾਣ ਵਾਲੀਆਂ ਤਿਆਰੀ ਮੀਟਿੰਗਾਂ ਦੀ ਲੜੀ ਵਜੋਂ ਬੰਗਾ, ਮਾਹਿਲਪੁਰ



ਅਤੇ ਗੜ੍ਹਸ਼ੰਕਰ ਖੇਤਰ ਦੇ ਵੱਖ-ਵੱਖ ਜਥੇਬੰਦੀਆਂ, ਸੰਸਥਾਵਾਂ ਵਿੱਚ ਸਰਗਰਮ ਪ੍ਰਤੀਨਿਧਾਂ ਅਤੇ ਕਾਮਿਆਂ ਦੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਜਿੱਥੇ ਬੱਬਰ ਅਕਾਲੀ ਲਹਿਰ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਉੱਥੇ ਜਾਣੇ ਪਹਿਚਾਣੇ ਕਵੀ ਦੀਪ ਕਲੇਰ ਦੀ ਭੈਣ ਜੀ ਦੇ ਵਿਛੋੜੇ 'ਤੇ ਵੀ ਉਹਨਾਂ ਨੂੰ ਸਿਜਦਾ ਕੀਤਾ ਗਿਆ। ਇਸ ਮੀਟਿੰਗ ਵਿੱਚ ਬੱਬਰ ਅਕਾਲੀ ਲਹਿਰ ਦੇ ਸੂਰਮੇ ਸ਼ਹੀਦਾਂ ਅਤੇ ਸੰਗਰਾਮੀਆਂ ਦੇ ਪਿੰਡਾਂ ਵਿੱਚ ਸੰਪਰਕ ਮੁਹਿੰਮ ਤੇਜ਼ ਕਰਕੇ ਮੀਟਿੰਗਾਂ ਕਰਾਉਣ, ਉਸ ਨਗਰ ਵਿੱਚ ਉਹਨਾਂ ਸਬੰਧੀ ਜਾਣਕਾਰੀ ਦੀਆਂ ਫਲੈਕਸਾਂ ਲਾਉਣ ਅਤੇ ਪਿੰਡ ਵਿੱਚ ਕਮੇਟੀ ਜਥੇਬੰਦ ਕਰਕੇ ਬੱਬਰਾਂ ਦੀ ਜੀਵਨ ਸੰਗਰਾਮ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਉੱਦਮ ਜੁਟਾਉਣ ਦਾ ਫੈਸਲਾ ਕੀਤਾ ਗਿਆ। ਪਿੰਡ ਅਤੇ ਇਲਾਕਾ ਪੱਧਰੀ ਸਰਗਰਮੀਆਂ ਦੇ ਨਾਲ ਨਾਲ ਅਗਲੇ ਦਿਨਾਂ ਵਿੱਚ ਜਿਉਂ ਹੀ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵੱਲੋਂ ਬੱਬਰ ਅਕਾਲੀ ਲਹਿਰ ਦੇ ਪਿੰਡਾਂ ਵੱਲ ਕਾਫ਼ਲਾ ਆਏਗਾ ਤਾਂ ਇਹਨਾਂ ਸੰਬੰਧਤ ਪਿੰਡਾਂ ਅਤੇ ਸੰਬੰਧਤ ਕਮੇਟੀਆਂ ਵੱਲੋਂ ਉਹਨਾਂ ਦੇ ਆਉਣ 'ਤੇ ਜੀ ਆਇਆਂ ਕਹਿਣ ਅਤੇ ਜਨਤਕ ਇਕੱਤਰਤਾਵਾਂ ਕਰਨ ਬਾਰੇ ਵੀ ਵਿਚਾਰਾਂ ਕੀਤੀਆਂ ਗਈਆਂ।

ਇਹ ਵਿਚਾਰ ਵੀ ਕੀਤਾ ਗਿਆ ਕਿ ਵੱਖ-ਵੱਖ ਪਿੰਡਾਂ 'ਤੋਂ ਗ਼ਦਰੀ ਬਾਬਿਆਂ ਦੇ ਇੱਕ ਨਵੰਬਰ ਨੂੰ ਹੋਣ ਵਾਲੇ ਮੇਲਾ ਗ਼ਦਰੀ ਬਾਬਿਆਂ ਦਾ ਮੌਕੇ ਜੋ ਕਿ ਬੱਬਰ ਅਕਾਲੀ ਲਹਿਰ ਨੂੰ ਸਮਰਪਤ ਕੀਤਾ ਜਾ ਰਿਹਾ ਹੈ ਉਸ ਵਿੱਚ ਲੰਗਰ, ਵਲੰਟੀਅਰ ਅਤੇ ਜਨਤਕ ਸ਼ਮੂਲੀਅਤ ਪੱਖੋਂ ਭਰਵਾਂ ਯੋਗਦਾਨ ਪਾਇਆ ਜਾਵੇਗਾ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਜਪਾ ਆਗੂਆਂ ਦੇ ਘਰਾਂ ਦਾ ਘਿਰਾਓ 22 ਨੂੰ

**ਬੰਗਾ (ਅਵਤਾਰ ਕਲੇਰ)**- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਨੂੰ ਲਾਗੂ ਕਰਨ ਲਈ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਵਿਸ਼ਾਲ ਮੀਟਿੰਗ ਨਵਾਂਸ਼ਹਿਰ ਦੇ ਪਿੰਡ ਉੜਾਪੜ 'ਚ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਸੁਰਿੰਦਰ ਸਿੰਘ ਮਹਿਰਮਪੁਰ, ਕੁਲਬੀਰ ਸਿੰਘ ਸ਼ਾਹਪੁਰ ਪੱਟੀ, ਗੁਰਦੇਵ ਸਿੰਘ ਸੁੱਜੋਂ ਅਤੇ ਸਤਨਾਮ ਸਿੰਘ ਉੜਾਪੜ ਦੇ ਪ੍ਰਧਾਨਗੀ ਮੰਡਲ ਨੇ ਕੀਤੀ। ਇਸ ਮੀਟਿੰਗ ਨੂੰ ਸੰਬੋਧਨ ਕਰਨ ਲਈ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁਡੀਕੇ ਵਿਸ਼ੇਸ਼ ਤੌਰ 'ਤੇ ਆਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇਸ਼ ਦੇ ਸਮੁੱਚੇ ਕਾਰੋਬਾਰਾਂ ਨੂੰ ਵਿਦੇਸ਼ੀ ਕੰਪਨੀਆਂ ਅਤੇ ਦੇਸੀ ਵੱਡੇ ਸਰਮਾਏਦਾਰਾਂ ਦੇ ਹਵਾਲੇ ਕਰਨ ਦੀਆਂ ਕੋਝੀਆਂ ਸਾਜ਼ਿਸ਼ਾਂ ਕਰਦੀ ਆ ਰਹੀ ਹੈ। ਪੰਜਾਬ ਦੇ ਦਰਿਆਵਾ ਦਾ ਪਾਣੀ ਦੂਜੇ ਸੂਬਿਆਂ ਨੂੰ ਦਿੱਤਾ ਜਾ ਰਿਹਾ ਹੈ, ਪੰਜਾਬ ਨੂੰ ਬੰਜਰ ਬਣਾਉਣ ਦੀਆਂ ਕੋਝੀਆਂ ਸਾਜ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਦਰਿਆਵਾਂ ਦੇ ਪਾਣੀਆਂ ਦੀ ਵੰਡ ਰਿਪੇਰੀਅਨ ਸਿਧਾਂਤ ਅਨੁਸਾਰ ਕੀਤੀ ਜਾਵੇ, ਪੰਜਾਬ



ਵਿਰੋਧੀ 78,79,80 ਧਾਰਾਵਾਂ ਖਤਮ ਕੀਤੀਆਂ ਜਾਣ। ਅਮਰੀਕਾ ਨਾਲ ਕਿਸਾਨ ਵਿਰੋਧੀ ਅਤੇ ਲੋਕ ਵਿਰੋਧੀ ਸਮਝੌਤੇ ਕਰਨ ਤੋਂ ਬਾਜ ਆਵੇ। ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਚ ਪੰਜਾਬ ਵਾਸੀਆਂ ਨੂੰ ਇਕਠੇ ਹੋਕੇ ਭਾਜਪਾ ਦਾ ਪਿੰਡਾਂ ਵਿੱਚ ਬਾਈਕਾਟ ਕਰਨਾ ਚਾਹੀਦਾ ਹੈ। ਇਸ ਮੌਕੇ ਸੁਰਿੰਦਰ ਸਿੰਘ ਬੈਂਸ, ਭੁਪਿੰਦਰ ਸਿੰਘ ਵੜੈਚ, ਤਰਸੇਮ ਸਿੰਘ ਬੈਂਸ ਤੇ ਕਿਰਤੀ ਕਿਸਾਨ ਯੂਨੀਅਨ ਅਤੇ ਵਿੰਗ ਦੀ ਆਗੂ ਸੁਰਜੀਤ ਕੌਰ ਉਟਾਲ ਨੇ ਸੰਬੋਧਨ ਕੀਤਾ ਅਤੇ ਸਮੂਹ ਕਿਸਾਨਾਂ, ਮਜ਼ਦੂਰਾਂ ਅਤੇ ਹੋਰ ਵਰਗਾਂ ਨੂੰ ਐਸ ਕੇ ਐਮ ਦੇ 22 ਜੁਲਾਈ ਦੇ ਭਾਜਪਾ ਆਗੂਆਂ ਦੇ ਘਰਾਂ ਦੇ ਘਿਰਾਓ 'ਚ ਪੂਰੇ ਜ਼ੋਰ ਨਾਲ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੀਟਿੰਗ ਦੌਰਾਨ ਸੁਰਿੰਦਰ ਸਿੰਘ ਮਹਿਰਮਪੁਰ, ਅਵਤਾਰ ਸਿੰਘ, ਕਰਨੈਲ ਸਿੰਘ ਉੜਾਪੜ, ਬਲਦੇਵ ਸਿੰਘ, ਕਸ਼ਮੀਰ ਸਿੰਘ, ਰਾਮ ਜੀ ਦਾਸ, ਮੋਹਣ ਸਿੰਘ, ਕੁਲਬੀਰ ਸਿੰਘ ਸ਼ਾਹਪੁਰ ਪੱਟੀ, ਸੋਹਣ ਸਿੰਘ ਅਟਵਾਲ, ਅਵਤਾਰ ਸਿੰਘ ਸਕੋਹਪੁਰ, ਨਿਰਮਲ ਸਿੰਘ ਅੜਕਾ, ਤਾਰਾ ਸਿੰਘ,ਬਲਬੀਰ ਸਿੰਘ, ਜੀਵਨ ਦਾਸ ਬੇਗੋਵਾਲ, ਮੇਜਰ ਸਿੰਘ,ਅਵਤਾਰ ਕੱਟ, ਜੱਸਾ ਸਿੰਘ ਮਾਹਿਲ ਗਹਿਲਾਂ, ਸੁਰਿੰਦਰ ਸਿੰਘ ਮਾਹਿਲ ਅਤੇ ਹੋਰ ਹਾਜ਼ਰ ਸਨ।

# ਮੁਲਾਜ਼ਮਾਂ ਵੱਲੋਂ ਨਿਗਰਾਨ ਇੰਜੀਨੀਅਰ ਦੇ ਦਫ਼ਤਰ ਅੱਗੇ ਰੋਸ ਰੈਲੀ

**ਹੁਸ਼ਿਆਰਪੁਰ (ਬਲਵਿੰਦਰ ਸੈਣੀ)**- ਪੀ ਡਬਲਯੂ ਡੀ ਫੀਲਡ ਅਤੇ ਵਰਕਸ਼ਾਪ ਵਰਕਰ ਯੂਨੀਅਨ ਵੱਲੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਅਮਰਜੀਤ ਨੰਗਲ ਖਿਲਾੜੀਆਂ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਹਰਜੋਗ ਸਿੰਘ ਦੀ ਪ੍ਰਧਾਨਗੀ ਹੇਠ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਮੰਗਲਵਾਰ ਨਿਗਰਾਨ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਹਲਕਾ ਹੁਸ਼ਿਆਰਪੁਰ ਦੇ ਦਫ਼ਤਰ ਅੱਗੇ ਰੋਸ ਰੈਲੀ ਕੀਤੀ ਗਈ ਜਿਸ ਵਿੱਚ ਤਲਵਾੜਾ, ਮੁਕੇਰੀਆਂ, ਟਾਂਡਾ, ਗੜ੍ਹਦੀਵਾਲਾ, ਹੁਸ਼ਿਆਰਪੁਰ, ਮਾਹਿਲਪੁਰ, ਗੜ੍ਹਸ਼ੰਕਰ, ਬਲਾਚੌਰ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਸੈਂਕੜੇ ਮੁਲਾਜ਼ਮਾਂ ਵੱਲੋਂ ਵੱਡੀ ਸ਼ਮੂਲੀਅਤ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਅਤੇ ਸਾਬਕਾ ਜਨਰਲ ਸਕੱਤਰ ਅਤੇ ਪੈਨਸ਼ਨਰ ਆਗੂ ਮਨਜੀਤ ਸਿੰਘ ਸੈਣੀ ਨੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਤਿੱਖੀ ਅਲੋਚਨਾ ਕਰਦਿਆਂ ਕਿਹਾ ਕਿ ਜਲ ਸਪਲਾਈ ਵਿਭਾਗ ਅੰਦਰ ਪਿਛਲੇ 18-18 ਸਾਲਾਂ ਤੋਂ ਕੰਮ ਕਰਦੇ ਇੰਨਲਿਸਟਮੈਂਟ ਅਤੇ ਮਾਸਟਰੋਲ ਕਾਮਿਆਂ ਨੂੰ ਪੱਕੇ ਨਹੀਂ ਕੀਤਾ ਜਾ ਰਿਹਾ, ਦਰਜਾ 3 ਅਤੇ 4 ਫੀਲਡ ਕਾਮਿਆਂ ਦੀਆਂ ਪ੍ਰਮੋਸ਼ਨਾਂ ਨਹੀਂ ਕੀਤੀਆਂ ਜਾ ਰਹੀਆਂ, ਵਿਭਾਗ ਅੰਦਰ ਖਾਲੀ ਪਈਆਂ ਅਸਾਮੀਆਂ 'ਤੇ ਨਵੀਂ ਭਰਤੀ ਨਹੀਂ ਕੀਤੀ ਜਾ ਰਹੀ। ਇਸ ਦੇ ਉਲਟ ਜਲ ਸਪਲਾਈ ਵਿਭਾਗ ਦਾ ਨਿੱਜੀਕਰਨ ਅਤੇ ਪੰਚਾਇਤੀਕਰਨ ਕਰਕੇ ਆਮ ਲੋਕਾਂ ਨੂੰ ਪੀਣ ਵਾਲੇ ਪਾਣੀ ਤੋਂ ਵੀ ਵਾਂਝੇ ਕੀਤਾ ਜਾ ਰਿਹਾ ਹੈ। ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀ ਕਿਸੇ ਵੀ ਮੰਗ ਦਾ ਹੱਲ ਨਹੀਂ ਕੀਤਾ ਜਾ ਰਿਹਾ ਸਗੋਂ 18% ਮਹਿੰਗਾਈ ਭੱਤਾ ਰੋਕੀ ਬੈਠੀ ਹੈ। ਸਾਢੇ ਚਾਰ ਸਾਲ ਦਾ ਸਮਾਂ ਬੀਤਣ 'ਤੇ ਵੀ ਮੁੱਖ ਮੰਤਰੀ ਵੱਲੋਂ ਮੁਲਾਜ਼ਮਾਂ ਨਾਲ



ਕੋਈ ਮੀਟਿੰਗ ਨਹੀਂ ਕੀਤੀ ਗਈ ਅਤੇ ਨਾ ਹੀ ਕਿਸੇ ਮਸਲੇ ਦਾ ਹੱਲ ਕੀਤਾ। ਇਸ ਲਈ ਮੁਲਾਜ਼ਮਾਂ ਦੇ ਮਨਾਂ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਨੂੰ ਸਬਕ ਸਿਖਾਉਣ ਦਾ ਮਨ ਬਣ ਗਿਆ ਹੈ। ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਦਾ ਜਲਦੀ ਹੱਲ ਨਹੀਂ ਕੀਤਾ ਗਿਆ ਤਾਂ 21 ਜੁਲਾਈ ਨੂੰ ਵਿੱਤ ਮੰਤਰੀ ਪੰਜਾਬ ਦੇ ਵਿਧਾਨ ਸਭਾ ਹਲਕੇ ਅੰਦਰ ਰੋਸ ਮਾਰਚ ਕੀਤਾ ਜਾਵੇਗਾ, ਜਿਸ ਵਿੱਚ ਲੋਕ ਨਿਰਮਾਣ ਵਿਭਾਗ ਦੇ ਹਜ਼ਾਰਾਂ ਕਾਮੇ ਸ਼ਮੂਲੀਅਤ ਕਰਨਗੇ। ਰੈਲੀ ਵਿੱਚ ਜ਼ਿਲਾ ਜਨਰਲ ਸਕੱਤਰ ਜਗਦੀਸ਼ ਲਾਲ ਅਤੇ ਰਾਜੀਵ ਸ਼ਰਮਾ, ਵਿਨੋਦ ਕੁਮਾਰ, ਗੁਰਨਾਮ ਸਿੰਘ, ਸਤੀਸ਼ ਕੁਮਾਰ, ਟੇਕ ਚੰਦ, ਗੁਰਨਾਮ ਚੰਦ, ਹਰਕੇਸ਼ ਕੁਮਾਰ, ਸਤਨਾਮ ਸਿੰਘ ਕਰਮਜੀਤ ਸਿੰਘ, ਹਰੀ ਸ਼ੰਕਰ, ਰਿੰਕੂ, ਪ੍ਰੀਤਮ ਸਿੰਘ, ਸ਼ਾਮ ਸਿੰਘ, ਜਗਦੀਸ਼ ਸਿੰਘ, ਅਵਤਾਰ ਸਿੰਘ, ਅਮੋਲਕ ਸਿੰਘ, ਸੁਰਿੰਦਰ ਸਿੰਘ, ਸ਼ਾਂਤੀ ਸਰੂਪ, ਰਾਜ ਕੁਮਾਰ, ਸੁਰਿੰਦਰ ਕੁਮਾਰ, ਗੁਰਵਿੰਦਰ ਸਿੰਘ, ਬਾਲ ਕਿਸ਼ਨ, ਜਸਪਾਲ, ਬਿੱਕਰ ਚੰਦ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਹਾਜ਼ਰ ਸਨ।

# ਖਿਡਾਰੀਆਂ ਨੂੰ ਰਿਫਰੈਸ਼ਮੈਂਟ ਮੁਹੱਈਆ ਕਰਵਾਈ

**ਬੰਗਾ (ਅਵਤਾਰ ਕਲੇਰ)**- ਫੁੱਟਬਾਲ ਅਕੈਡਮੀ ਦੇ ਟ੍ਰੇਨਿੰਗ ਸੈਸ਼ਨ ਤੋਂ ਬਾਅਦ ਪਿੰਡ ਦੀ ਟੀਮ ਦੇ ਸਾਬਕਾ ਫੁੱਟਬਾਲ ਖਿਡਾਰੀ ਮਨਪ੍ਰੀਤ ਉਰਫ ਸਾਬੀ ਪੁੱਤਰ ਭੋਲਾ ਪੰਡਿਤਾਂ ਦੀ ਵੱਲੋਂ ਖਿਡਾਰੀਆਂ ਲਈ



ਰਿਫਰੈਸ਼ਮੈਂਟ ਭੇਜੀ ਗਈ। ਅਕੈਡਮੀ ਦੇ ਕੋਚ ਅਤਿੰਦਰ ਮਨੀ ਨੇ ਦੱਸਿਆ ਕਿ ਸਾਬੀ ਪਿੰਡ ਦੀ ਫੁੱਟਬਾਲ ਟੀਮ ਵਿੱਚ ਸਾਡੇ ਨਾਲ ਖੇਡਦਾ ਰਿਹਾ ਹੈ। ਉਸ ਨੇ ਦੋ ਮਹੀਨੇ ਪਹਿਲਾਂ ਵੀ ਵਿਦੇਸ਼ ਤੋਂ ਆ ਕੇ ਖਿਡਾਰੀਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ ਸੀ। ਹੁਣ ਸਾਬੀ ਦੀ ਭੈਣ ਮਨਦੀਪ ਕੌਰ ਉਰਫ ਔਸ਼ੀ ਰਿਫਰੈਸ਼ਮੈਂਟ ਲੈ ਕੇ ਗਰਾਊਂਡ ਵਿੱਚ ਪੁੱਜੀ ਹੈ। ਅਕੈਡਮੀ ਦੇ ਚੀਫ਼ ਕੋਚ ਸਰਬਜੀਤ ਮੰਗੂਵਾਲ ਨੇ ਭੋਲਾਂ ਦੇ ਪਰਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਡੇ ਪਿੰਡ ਵਿੱਚ ਲੋਕ ਖੇਡਾਂ ਪ੍ਰਤੀ ਬਹੁਤ ਜਾਗਰੂਕ ਹਨ। ਪਿਛਲੇ ਸਮੇਂ ਵਿੱਚ ਸੋਹਣ ਸਿੰਘ ਖਟਕੜ ਵੀ ਅਕੈਡਮੀ ਦੇ ਖਿਡਾਰੀਆਂ ਨੂੰ ਲਗਾਤਾਰ ਰਿਫਰੈਸ਼ਮੈਂਟ ਦਿੰਦੇ ਰਹੇ ਹਨ।

## 'ਮਿਲਦੇ-ਗਿਲਦੇ ਰਿਹਾ ਕਰੋ' ਗੀਤ ਨਾਲ ਮੁੜ ਚਰਚਾ 'ਚ ਗਾਇਕ ਅਮਰ ਵਿਰਦੀ

**ਚੰਡੀਗੜ੍ਹ (ਸੁਰਜੀਤ ਸੁਮਨ)**- ਚੰਡੀਗੜ੍ਹ ਦੇ ਗਲਿਆਰਿਆਂ ਵਿੱਚ ਉੱਘੇ ਗਾਇਕ ਅਮਰ ਵਿਰਦੀ ਦੀ ਮਖ਼ਮਲੀ ਆਵਾਜ਼ ਗੂੰਜਦੀ ਤਾਂ ਸੁਖਨਾ ਝੀਲ ਦੀਆਂ ਲਹਿਰਾਂ ਵੈਰਾਗਮਈ ਹੋ ਜਾਂਦੀਆਂ ਤੇ ਕਦੀ ਨੱਚ ਉੱਠਦੀਆਂ। ਹਵਾ ਨਾਲ ਖੜਕਦੇ ਪਿੱਪਲਾਂ ਦੇ ਪੱਤੇ ਸੁਰਮਈ ਹੋ ਜਾਂਦੇ। ਅਮਰ ਵਿਰਦੀ, ਪੰਜਾਬ ਸਿਵਲ ਸਕੱਤਰੇਤ ਤੋਂ ਬਤੌਰ ਸੁਪਰਡੰਟ ਸੇਵਾ ਮੁਕਤ ਹੋਏ ਸਨ। ਉਨ੍ਹਾਂ ਦੀ ਪਤਨੀ ਸੁਨੀਤਾ ਵਿਰਦੀ ਵੀ ਸਕੱਤਰੇਤ ਵਿਖੇ ਹੀ ਸੀਨੀਅਰ ਵਿਸ਼ੇਸ਼ ਸਕੱਤਰ ਦੇ ਅਹੁਦੇ ਤੋਂ ਸੇਵਾ ਮੁਕਤ ਹੋਏ ਹਨ। ਆਪਣੀ ਸਰਕਾਰੀ ਸੇਵਾ ਦੌਰਾਨ ਅਮਰ ਵਿਰਦੀ ਦੀ ਆਵਾਜ਼ ਵਿੱਚ ਬਹੁਤ ਸਾਰੇ ਗੀਤ ਸਰੋਤਿਆਂ ਦੇ ਸਨਮੁੱਖ ਹੋਏ, ਜਿਨ੍ਹਾਂ ਰਾਹੀਂ ਉਹ ਇੱਕ ਸਮਰੱਥ ਗਾਇਕ ਵੱਜੋਂ ਉੱਭਰੇ। ਗਾਇਕ ਅਮਰ ਵਿਰਦੀ ਨੇ ਕਿਹਾ ਕਿ ਮੇਰਾ ਤਾਜ਼ਾ ਗੀਤ ਮਿਲਦੇ-ਗਿਲਦੇ ਰਿਹਾ ਕਰੋ ਤੋਂ ਮੈਨੂੰ ਬਹੁਤ ਆਸਾਂ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸੇਵਾ ਦੌਰਾਨ ਮੈਨੂੰ ਪਰਮਦੀਪ ਸਿੰਘ ਭਬਾਤ, ਰਾਜ ਕੁਮਾਰ ਸਾਹੋਵਾਲੀਆ, ਕੁਲਵੰਤ ਸਿੰਘ, ਦਵਿੰਦਰ ਜੁਗਨੀ, ਮਲਕੀਅਤ ਸਿੰਘ ਔਜਲਾ, ਸੁਰਜੀਤ ਸੁਮਨ, ਰੰਗਕਰਮੀ ਜਰਨੈਲ ਹੁਸ਼ਿਆਰਪੁਰੀ, ਰੁਪਿੰਦਰ ਰੂਪੀ, ਗੁਰਮੀਤ ਸਿੰਗਲ, ਧਿਆਨ ਸਿੰਘ ਕਾਹਲੋਂ ਅਤੇ ਹੋਰ ਬਹੁਤ ਸਾਰੇ ਸਾਥੀਆਂ ਵੱਲੋਂ ਸਹਿਯੋਗ ਤੇ ਉਤਸ਼ਾਹ ਮਿਲਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਨੁੱਖ ਨੂੰ ਆਪਸੀ ਰਿਸ਼ਤੇ ਮਜ਼ਬੂਤ ਕਰਨ ਲਈ ਮਿਲਦੇ-ਗਿਲਦੇ ਰਹਿਣਾ ਚਾਹੀਦਾ ਹੈ, ਇਹੋ ਇਸ ਗੀਤ ਦਾ ਤਤਸਾਰ ਹੈ।



# ਏ ਐੱਸ ਆਈ ਨੀਰਜ ਕੁਮਾਰ ਡੀ ਜੀ ਪੀ ਡਿਸਕ ਨਾਲ ਸਨਮਾਨਤ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਜ਼ੀਰਕਪੁਰ ਵਿੱਚ ਤਾਇਨਾਤ ਬੀਟ ਇੰਚਾਰਜ ਏ ਐਸ ਆਈ ਨੀਰਜ ਕੁਮਾਰ ਨੂੰ ਡਿਊਟੀ ਪ੍ਰਤੀ ਇਮਾਨਦਾਰੀ, ਲਗਨ ਅਤੇ ਸ਼ਾਨਦਾਰ



ਕਾਰਗੁਜ਼ਾਰੀ ਲਈ ਡੀ ਜੀ ਪੀ ਡਿਸਕ ਸਨਮਾਨ ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ ਏ ਐੱਸ ਪੀ ਗਜ਼ਲਪ੍ਰੀਤ ਕੌਰ ਵੱਲੋਂ ਇੱਕ ਸਾਦੇ ਸਮਾਗਮ ਦੌਰਾਨ ਉਨ੍ਹਾਂ ਨੂੰ ਭੇਟ ਕੀਤਾ ਗਿਆ। ਇਸ ਮੌਕੇ ਏਐਸਪੀ ਗਜ਼ਲਪ੍ਰੀਤ ਕੌਰ ਨੇ ਕਿਹਾ ਕਿ ਪੁਲਸ ਵਿਭਾਗ ਵਿੱਚ ਆਪਣੀਆਂ ਜ਼ਿੰਮੇਵਾਰੀਆਂ ਨੂੰ ਇਮਾਨਦਾਰੀ, ਨਿਸ਼ਠਾ ਅਤੇ ਸਮਰਪਣ ਨਾਲ ਨਿਭਾਉਣ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਮੇਂ-ਸਮੇਂ 'ਤੇ ਸਨਮਾਨਤ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਨਮਾਨ ਨਾਲ ਨਾ ਸਿਰਫ਼ ਸਨਮਾਨਿਤ ਕਰਮਚਾਰੀ ਦਾ ਮਨੋਬਲ ਉੱਚਾ ਹੁੰਦਾ ਹੈ, ਸਗੋਂ ਹੋਰ ਪੁਲਸ ਮੁਲਾਜ਼ਮਾਂ ਨੂੰ ਵੀ ਆਪਣੀ ਡਿਊਟੀ ਵਧੇਰੇ ਨਿਸ਼ਠਾ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਦੀ ਪ੍ਰੇਰਣਾ ਮਿਲਦੀ ਹੈ। ਏ ਐੱਸ ਪੀ ਨੇ ਕਿਹਾ ਕਿ ਲੋਕਾਂ ਨੂੰ ਬਿਹਤਰ ਪੁਲਿਸ ਸੇਵਾਵਾਂ ਪ੍ਰਦਾਨ ਕਰਨ ਲਈ ਹਰ ਪੁਲਸ ਕਰਮਚਾਰੀ ਦਾ ਪੇਸ਼ੇਵਰ ਅਤੇ ਲੋਕ-ਹਿਤੈਸ਼ੀ ਰਵੱਈਆ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਸ਼ਾਨਦਾਰ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਪਛਾਣ ਅਤੇ ਸਨਮਾਨ ਮਿਲਣ ਨਾਲ ਸੇਵਾ ਭਾਵਨਾ ਹੋਰ ਮਜ਼ਬੂਤ ਹੁੰਦੀ ਹੈ ਅਤੇ ਸਮੁੱਚੇ ਪੁਲਿਸ ਬਲ ਵਿੱਚ ਸਕਾਰਾਤਮਕ ਕਾਰਜ-ਸੱਭਿਆਚਾਰ ਨੂੰ ਉਤਸ਼ਾਹ ਮਿਲਦਾ ਹੈ। ਡੀ ਜੀ ਪੀ ਡਿਸਕ ਸਨਮਾਨ ਪ੍ਰਾਪਤ ਕਰਨ 'ਤੇ ਏ ਐੱਸ ਆਈ ਨੀਰਜ ਕੁਮਾਰ ਨੂੰ ਪੁਲਿਸ ਵਿਭਾਗ ਦੇ ਅਧਿਕਾਰੀਆਂ ਤੇ ਸਾਥੀ ਕਰਮਚਾਰੀਆਂ ਨੇ ਵਧਾਈ ਦਿੱਤੀ।

# ਫਰੀ ਮੈਡੀਕਲ ਚੈੱਕਅੱਪ ਕੈਂਪ ਲਗਾਇਆ

**ਪੋਜੇਵਾਲ (ਰਾਮ ਲਾਲ)**- ਗੁਰਦੁਆਰਾ ਸਿੰਘ ਸਭਾ ਮਜਾਰੀ ਵਿਖੇ ਮਾਰਕੀਟ ਐਸੋਸੀਏਸ਼ਨ ਮਜਾਰੀ ਦੇ ਪ੍ਰਧਾਨ ਨਵਦੀਪ ਸੂਦ ਆਲੋਵਾਲ ਵਾਲੇ, ਹਰਦੀਪ ਫੀਜੀਓਥਰੈਪੀ ਮਜਾਰੀ ਅਤੇ ਨੌਜਵਾਨ ਸਭਾ ਮਜਾਰੀ ਦੇ ਸਾਂਝੇ ਯਤਨਾਂ ਸਦਕਾ ਇੱਕ ਵਿਸ਼ਾਲ 'ਮੈਗਾ ਫਰੀ ਮੈਡੀਕਲ ਚੈੱਕਅੱਪ ਕੈਂਪ' ਲਗਾਇਆ ਗਿਆ। ਇਸ ਪਰਉਪਕਾਰੀ ਕਾਰਜ ਦਾ ਉਦਘਾਟਨ ਇਲਾਕੇ ਦੇ ਸਮੂਹ ਪਤਵੰਤਿਆਂ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਸ਼ੁਕਰਾਨੇ ਦੀ ਅਰਦਾਸ ਕਰਕੇ ਕੀਤਾ ਗਿਆ। ਇਸ ਕੈਂਪ ਦੌਰਾਨ ਨਾਮਵਰ ਹਸਪਤਾਲਾਂ ਦੀਆਂ ਟੀਮਾਂ ਨੇ ਪਹੁੰਚ ਕੇ ਮਰੀਜ਼ਾਂ ਦੀ ਜਾਂਚ ਕੀਤੀ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਹਰਦੀਪ ਫੀਜੀਓਥਰੈਪੀ ਹਸਪਤਾਲ (ਮਜਾਰੀ) ਸੂਰੀ ਹਸਪਤਾਲ (ਬਲਾਚੌਰ) ਨਵਦੀਪਕ ਆਈ ਕੇਅਰ ਹਸਪਤਾਲ (ਗੜ੍ਹਸ਼ੰਕਰ) ਬੇਦੀ ਹਸਪਤਾਲ (ਨਵਾਂਸ਼ਹਿਰ) ਲਿਵਾਸਾ ਹਸਪਤਾਲ (ਨਵਾਂਸ਼ਹਿਰ )ਦਸ਼ਮੇਸ਼ ਡੈਂਟਲ ਕੇਅਰ ਕਲੀਨਿਕ ਪਾਹਵਾ ਹਸਪਤਾਲ (ਨਵਾਂਸ਼ਹਿਰ) ਇਨ੍ਹਾਂ ਹਸਪਤਾਲਾਂ ਦੇ ਵੱਖ-ਵੱਖ ਬਿਮਾਰੀਆਂ ਦੇ ਮਾਹਰ ਡਾਕਟਰਾਂ ਵੱਲੋਂ ਕਰੀਬ 450 ਤੋਂ ਵੱਧ ਲੋੜਵੰਦ ਮਰੀਜ਼ਾਂ ਦਾ ਡਾਕਟਰੀ ਮੁਆਇਨਾ ਕੀਤਾ ਗਿਆ ਅਤੇ ਉਨ੍ਹਾਂ ਨੂੰ ਮੁਫ਼ਤ



ਦਵਾਈਆਂ ਵੀ ਦਿੱਤੀਆਂ ਗਈਆਂ। ਕੈਂਪ ਦੌਰਾਨ ਇਲਾਕੇ ਦੇ ਕਈ ਪ੍ਰਮੁੱਖ ਆਗੂਆਂ ਨੇ ਹਾਜ਼ਰੀ ਲਗਵਾ ਕੇ ਆਪਣਾ ਯੋਗਦਾਨ ਪਾਇਆ, ਜਿਨ੍ਹਾਂ ਵਿੱਚ ਚੌਧਰੀ ਅਜੈ ਮੰਗੂਪੁਰ (ਜ਼ਿਲ੍ਹਾ ਪ੍ਰਧਾਨ ਕਾਂਗਰਸ), ਰਾਜਵਿੰਦਰ ਲੱਕੀ (ਜ਼ਿਲ੍ਹਾ ਪ੍ਰਧਾਨ ਭਾਜਪਾ ਨਵਾਂਸ਼ਹਿਰ), ਸਤਨਾਮ ਜਲਾਲਪੁਰ (ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ), ਅਸ਼ੋਕ ਕਟਾਰੀਆ (ਆਪ ਆਗੂ), ਅਸ਼ੋਕ ਨਾਨੋਵਾਲ (ਬਲਾਚੌਰ ਲੋਕ ਭਲਾਈ ਮੰਚ), ਸਾਈਂ ਕਾਲੇਸ਼ਾਹ ਕਾਠਗੜ੍ਹ, ਬਾਬਾ ਮਲਕੀਤ ਸਿੰਘ (ਬੁੱਢਾ ਦਲ ਗੜ੍ਹਸ਼ੰਕਰ), ਰਜਿੰਦਰ ਛਿੰਦੀ (ਕਾਂਗਰਸੀ ਆਗੂ), ਪੰਕਜ ਬਲਾਚੌਰ, ਹਰਜੀਤ ਜਾਡਲੀ (ਸਾਬਕਾ ਚੇਅਰਮੈਨ), ਪੰਮਾ ਕੌਂਸਲਰ ਬਲਾਚੌਰ, ਨਵਦੀਪ ਸੂਦ (ਪ੍ਰਧਾਨ ਮਜਾਰੀ), ਤਿਲਕ ਰਾਜ ਸੂਦ (ਪ੍ਰਧਾਨ ਕਾਂਗਰਸ ਬਲਾਕ ਸੜੋਆ), ਕੁਲਵਰਨ ਸਿੰਘ, ਸੁੱਖਾ ਗਿੱਲ, ਰਾਮ ਦਾਸ, ਦਿਲਵਰ ਸਿੰਘ ਕੌਲਗੜ੍ਹ (ਪ੍ਰਧਾਨ ਗੁਰੂ ਰਵਿਦਾਸ ਸੈਨਾ ਪੰਜਾਬ), ਮਨਪ੍ਰੀਤ ਪਾਹਲੇਵਾਲ, ਪ੍ਰਦੀਪ ਪਾਰੋਵਾਲ, ਤੇਜਾ ਮਜਾਰੀ, ਪਰਮਜੀਤ ਸਿੰਘ ਮਜਾਰੀ ਅਤੇ ਰਛਪਾਲ ਸਿੰਘ (ਸਰਪੰਚ ਮਜਾਰੀ) ਆਦਿ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ। ਇਸ ਮੌਕੇ ਤਿਲਕ ਰਾਜ ਸੂਦ ਵੱਲੋਂ ਕੈਂਪ ਵਿੱਚ ਪਹੁੰਚੀਆਂ ਡਾਕਟਰਾਂ ਦੀਆਂ ਟੀਮਾਂ ਤੇ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਕੈਂਪ ਦੇ ਅਖੀਰ ਵਿੱਚ ਪ੍ਰਬੰਧਕਾਂ ਵੱਲੋਂ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਹਿਯੋਗੀ ਸੱਜਣਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।

# ਪੰਜਾਬੀ ਸ਼ਾਰਟਹੈਂਡ ਕਲਾਸਾਂ ਲਈ ਦਾਖਲਾ ਸ਼ੁਰੂ

**ਮੁਹਾਲੀ (ਗੁਰਜੀਤ ਬਿੱਲਾ)**- ਭਾਸ਼ਾ ਵਿਭਾਗ, ਪੰਜਾਬ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਸਾਹਿਤਕ ਸਰਗਰਮੀਆਂ ਦੇ ਨਾਲ-ਨਾਲ ਪੰਜਾਬੀ ਸ਼ਾਰਟਹੈਂਡ ਦੀ ਸਿਖਲਾਈ ਵੀ ਸੂਬੇ ਦੇ ਜ਼ਿਲ੍ਹਾ ਸਦਰ ਮੁਕਾਮਾਂ 'ਤੇ ਦਿੱਤੀ ਜਾਂਦੀ ਹੈ। ਇਸੇ ਕੜੀ ਤਹਿਤ ਸੈਸ਼ਨ 2026-27 ਲਈ ਪੰਜਾਬੀ ਸ਼ਾਰਟਹੈਂਡ ਦੀਆਂ ਮੁੱਢਲੀ ਸਿਖਲਾਈ ਤੇ ਤੇਜ਼ ਗਤੀ ਜਮਾਤਾਂ ਵਿੱਚ ਦਾਖਲੇ ਸ਼ੁਰੂ ਕਰ ਦਿੱਤੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਦਰਸ਼ਨ ਕੌਰ, ਖੋਜ ਅਫ਼ਸਰ, ਭਾਸ਼ਾ ਵਿਭਾਗ, ਪੰਜਾਬ ਨੇ ਦੱਸਿਆ ਕਿ ਇਨ੍ਹਾਂ ਕੋਰਸਾਂ ਵਿੱਚ ਦਾਖਲੇ ਲਈ ਘੱਟੋ-ਘੱਟ ਵਿੱਦਿਅਕ ਯੋਗਤਾ ਗ੍ਰੈਜੂਏਸ਼ਨ ਰੱਖੀ ਗਈ ਹੈ ਅਤੇ ਫ਼ਾਰਮ ਭਰਨ ਦੀ ਅੰਤਿਮ ਮਿਤੀ 20 ਅਗਸਤ 2026 ਨਿਰਧਾਰਤ ਕੀਤੀ ਗਈ ਹੈ। ਮੁੱਢਲੀ ਸਿਖਲਾਈ ਅਤੇ ਤੇਜ਼ ਗਤੀ ਜਮਾਤਾਂ ਲਈ ਉਮੀਦਵਾਰਾਂ ਦੀ ਇੰਟਰਵਿਊ 26 ਅਗਸਤ 2026 ਨੂੰ ਸਵੇਰੇ 10:00 ਵਜੇ ਜ਼ਿਲ੍ਹਾ ਭਾਸ਼ਾ ਦਫ਼ਤਰ, ਐੱਸ ਏ ਐੱਸ ਨਗਰ ਵਿਖੇ ਲਈ ਜਾਵੇਗੀ। ਇਸ ਦਿਨ ਉਮੀਦਵਾਰ ਆਪਣੇ ਸਾਰੇ ਅਸਲ ਵਿੱਦਿਅਕ ਸਰਟੀਫਿਕੇਟਾਂ ਅਤੇ ਲੋੜੀਂਦੇ ਦਸਤਾਵੇਜ਼ਾਂ ਸਮੇਤ ਨਿਰਧਾਰਤ ਸਮੇਂ 'ਤੇ ਇੰਟਰਵਿਊ ਲਈ ਹਾਜ਼ਰ ਹੋਣ।

## ਬੇਅਦਬੀ ਕਰਨ ਵਾਲਿਆਂ ਨੂੰ ਸਖਤ ਸਜ਼ਾ ਮਿਲੇ : ਮਲਕੀਤ ਚੁੰਬਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਲੁਧਿਆਣਾ ਬਾਈਪਾਸ ਤੇ ਲੱਗੇ ਡਾ. ਭੀਮ ਰਾਓ ਅੰਬੇਦਕਰ ਦੇ ਸਟੈਚੂ ਨੂੰ ਇੱਕ ਵਾਰ ਫਿਰ ਸ਼ਰਾਰਤੀ ਅਨਸਰਾਂ ਨੇ ਨਿਸ਼ਾਨਾ ਬਣਾਇਆ। ਮਲਕੀਤ ਚੁੰਬਰ ਨੇ ਕਿਹਾ ਕਿ ਜਿਹੜਾ ਬੇਅਦਬੀ ਕਾਨੂੰਨ ਸਰਕਾਰ ਲੈ ਕੇ ਆਈ ਉਸ ਵਿੱਚ ਹਰ ਧਰਮ ਅਤੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਦੀ ਬੇਅਦਬੀ ਨੂੰ ਵੀ ਜੋੜਿਆ ਜਾਣਾ ਚਾਹੀਦਾ ਤਾਂ ਕਿ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲ ਸਕੇ। ਸ਼ਰਾਰਤੀ ਅਨਸਰਾਂ ਨੂੰ ਸਰਕਾਰ ਪੂਰੀ ਤਰ੍ਹਾਂ ਨੱਥ ਪਾਵੇ।



## ਕੇਂਦਰ ਸਰਕਾਰ ਸਤਲੁਜ ਤੇ ਲੱਗੀ ਪਾਬੰਦੀ ਤੁਰੰਤ ਹਟਾਵੇ : ਲੱਖੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਕੇਂਦਰ ਸਰਕਾਰ ਫਿਲਮ ਸਤਲੁਜ ਤੇ ਲੱਗੀ ਪਾਬੰਦੀ ਨੂੰ ਤੁਰੰਤ ਹਟਾਵੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ



ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਅਮਰੀਕਾ ਤੋਂ ਫੋਨ ਤੇ ਗੱਲਬਾਤ ਕਰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਇਸ ਫਿਲਮ ਤੇ ਪਾਬੰਦੀ ਲਗਾਉਣਾ ਬਹੁਤ ਹੀ ਮੰਦਭਾਗਾ ਹੈ ਕਿਉਂਕਿ ਇਹ ਫਿਲਮ ਪਿਛਲੀਆਂ ਘਟਨਾਵਾਂ ਅਤੇ ਸਿੱਖ ਭਾਈਚਾਰੇ ਵਿਰੁੱਧ ਕਥਿਤ ਬੇਇਨਸਾਫ਼ੀਆਂ ਨੂੰ ਦਰਸਾਉਂਦੀ ਹੈ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਆਪਣੇ ਫ਼ੈਸਲੇ 'ਤੇ ਮੁੜ ਵਿਚਾਰ ਕਰੇ ਅਤੇ ਤੁਰੰਤ ਪਾਬੰਦੀ ਹਟਾਵੇ। ਜ਼ਿਲ੍ਹਾ ਪ੍ਰਧਾਨ ਲੱਖੀ ਗਿਲਜੀਆਂ ਨੇ ਹੋਰ ਆਖਿਆ ਕਿ ਸਿੱਖਾਂ ਵਿਰੁੱਧ ਘਟਨਾਵਾਂ ਅਤੇ ਬੇਇਨਸਾਫ਼ੀਆਂ ਕਾਂਗਰਸ ਸਰਕਾਰ ਦੌਰਾਨ ਹੋਈਆਂ। ਉਨ੍ਹਾਂ ਦੋਸ਼ ਲਗਾਇਆ ਕਿ ਫ਼ਿਲਮ ਵਿਚ ਜਿਸ ਦੌਰ ਨੂੰ ਦਰਸਾਇਆ ਗਿਆ ਹੈ, ਉਸ ਦੇ ਲਈ ਤਤਕਾਲੀ ਸਰਕਾਰ ਜ਼ਿੰਮੇਵਾਰ ਸੀ ਅਤੇ ਅਜਿਹੇ ਇਤਿਹਾਸਕ ਤੱਥਾਂ ਨੂੰ ਸਾਹਮਣੇ ਆਉਣ ਤੋਂ ਨਹੀਂ ਰੋਕਿਆ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਇਸ ਨਾਲ ਉਸ ਸਮੇਂ ਦੀ ਸੱਚਾਈ ਸਾਹਮਣੇ ਆਵੇਗੀ ਤੇ ਪੀੜਤ ਪਰਿਵਾਰਾਂ ਨੂੰ ਨਿਆਂ ਮਿਲਣ ਦੀ ਦਿਸ਼ਾ ਵਿਚ ਕਦਮ ਵਧੇਗਾ।

# ਹਲਕਾ ਮੋਹਾਲੀ 'ਚ ਲੋਕ ਮਿਲਣੀ ਪ੍ਰੋਗਰਾਮਾਂ ਦਾ ਦੌਰ ਜਾਰੀ

## ਵਿਧਾਇਕ ਕੁਲਵੰਤ ਸਿੰਘ ਹੋਏ ਲੋਕਾਂ ਦੇ ਰੂਬਰੂ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਸਿੱਧਾ ਸੰਵਾਦ ਸਥਾਪਤ ਕਰਨ ਅਤੇ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਚਲਾਏ ਜਾ ਰਹੇ 'ਲੋਕ ਮਿਲਣੀ ਪ੍ਰੋਗਰਾਮ' ਤਹਿਤ ਹਲਕਾ ਮੋਹਾਲੀ ਦੇ ਪਿੰਡ




ਬਠਲਾਣਾ, ਗੁਡਾਣਾ ਅਤੇ ਢੇਲਪੁਰ ਵਿਖੇ ਵਿਧਾਇਕ ਕੁਲਵੰਤ ਸਿੰਘ ਨੇ ਲੋਕਾਂ ਨਾਲ ਮੁਲਾਕਾਤ ਕੀਤੀ। ਤਿੰਨਾਂ ਪਿੰਡਾਂ ਵਿੱਚ ਕਰਵਾਏ ਗਏ ਪ੍ਰੋਗਰਾਮਾਂ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਅਤੇ ਇਲਾਕੇ ਦੇ ਮੋਹਤਬਰ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਰੰਗਲਾ ਪੰਜਾਬ ਸਕੀਮ ਤਹਿਤ ਪਿੰਡ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ 8 ਲੱਖ ਰੁਪਏ, ਅਨੁਸੂਚਿਤ ਜਾਤੀ ਧਰਮਸ਼ਾਲਾ ਲਈ 5 ਲੱਖ ਰੁਪਏ ਅਤੇ ਸਟਰੀਟ ਲਾਈਟਾਂ ਲਈ 3 ਲੱਖ ਰੁਪਏ ਜਲਦੀ ਜਾਰੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਲੋੜਵੰਦ ਪਰਵਾਰਾਂ ਨੂੰ ਮਕਾਨਾਂ ਦੀ ਉਸਾਰੀ ਲਈ ਵਿੱਤੀ ਸਹਾਇਤਾ ਵੀ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪਿੰਡ ਵਿੱਚ 5 ਲੱਖ ਰੁਪਏ ਦੀ ਲਾਗਤ ਨਾਲ ਜਿਮ ਬਣਾਇਆ ਜਾ ਰਿਹਾ ਹੈ, ਲਾਇਬ੍ਰੇਰੀ ਦੀ ਉਸਾਰੀ ਜਾਰੀ ਹੈ ਅਤੇ ਮੁੱਖ ਮੰਤਰੀ ਖੇਡ ਮੈਦਾਨ ਯੋਜਨਾ ਤਹਿਤ ਖੇਡ ਮੈਦਾਨ ਵੀ ਤਿਆਰ ਕੀਤਾ ਜਾ ਰਿਹਾ ਹੈ, ਤਾਂ ਜੋ ਨੌਜਵਾਨਾਂ ਨੂੰ ਖੇਡਾਂ ਲਈ ਉਚਿਤ ਸਹੂਲਤਾਂ ਮਿਲ ਸਕਣ ਅਤੇ ਉਹ ਖੇਡਾਂ ਦੇ ਖੇਤਰ ਵਿੱਚ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਸਮਾਣਾ, ਸਾਬਕਾ ਸਰਪੰਚ ਅਵਤਾਰ ਸਿੰਘ ਮੌਲੀ, ਰਜਿੰਦਰ ਪ੍ਰਸਾਦ ਸ਼ਰਮਾ, ਹਰਪਾਲ ਸਿੰਘ ਚੰਨਾ, ਜਸਪਾਲ ਸਿੰਘ ਮਟੌਰ, ਪਿੰਡ ਗੁਡਾਣਾ ਦੇ ਸਰਪੰਚ ਗੁਰਜੰਟ ਸਿੰਘ, ਬਾਬਾ ਬੰਤ ਸਿੰਘ, ਸਤਨਾਮ ਸਿੰਘ, ਬਲਾਕ ਪ੍ਰਧਾਨ ਰਿੰਕੂ ਗੁਡਾਲਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਸੰਤ ਬਾਬਾ ਭਾਗ ਸਿੰਘ 'ਵਰਸਿਟੀ ਵੱਲੋਂ ਦਿੱਤੀ ਜਾ ਰਹੀ ਬੱਸ ਸੁਵਿਧਾ ਦੇ ਨਾਲ ਸਫ਼ਰ ਹੋਇਆ ਸੁਰੱਖਿਅਤ

**ਆਦਮਪੁਰ (ਪਰਮਜੀਤ ਸਿੰਘ)**- ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ, ਵਾਈਸ-ਚਾਂਸਲਰ ਪ੍ਰੋ.ਪਲਵਿੰਦਰ ਸਿੰਘ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ,ਖਿਆਲਾ (ਜਲੰਧਰ) ਉੱਚ ਸਿੱਖਿਆ, ਅਨੁਸ਼ਾਸਨ ਅਤੇ ਵਿਦਿਆਰਥੀ-ਪੱਖੀ ਮਾਹੌਲ ਲਈ ਇੱਕ ਮਿਸਾਲ ਬਣ ਚੁੱਕੀ ਹੈ। ਮਾਪਿਆਂ ਦੀ ਸਭ ਤੋਂ ਵੱਡੀ ਚਿੰਤਾ ਹਮੇਸ਼ਾ ਇਹ ਹੁੰਦੀ ਹੈ ਕਿ ਉਹਨਾਂ ਦੇ ਬੱਚੇ, ਖ਼ਾਸ ਕਰਕੇ ਧੀਆਂ, ਘਰ ਤੋਂ ਦੂਰ ਸੁਰੱਖਿਅਤ ਤਰੀਕੇ ਨਾਲ ਵਿੱਦਿਅਕ ਸੰਸਥਾ ਤੱਕ ਕਿਵੇਂ ਪਹੁੰਚਣਗੇ। ਇਸੇ ਚਿੰਤਾ ਨੂੰ ਜੜ੍ਹ ਤੋਂ ਖ਼ਤਮ ਕਰਦਿਆਂ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਇੱਕ ਬੇਮਿਸਾਲ ਅਤੇ ਵਿਸ਼ਾਲ ਟ੍ਰਾਂਸਪੋਰਟ ਨੈੱਟਵਰਕ ਤਿਆਰ ਕੀਤਾ ਗਿਆ ਹੈ ਜੋ ਇਲਾਕੇ ਦੇ ਕੋਨੇ-ਕੋਨੇ ਨੂੰ ਯੂਨੀਵਰਸਿਟੀ ਕੈਂਪਸ ਨਾਲ ਜੋੜਦਾ ਹੈ। ਵਾਈਸ-ਚਾਂਸਲਰ ਪ੍ਰੋ.(ਡਾ.)ਪਲਵਿੰਦਰ ਸਿੰਘ ਨੇ ਕਿਹਾ ਕਿ ਸਾਡਾ ਮੁੱਖ ਮਕਸਦ ਸਿਰਫ਼ ਉੱਚ ਪੱਧਰੀ ਸਿੱਖਿਆ ਦੇਣਾ ਹੀ ਨਹੀਂ ਬਲਕਿ ਵਿਦਿਆਰਥੀਆਂ ਨੂੰ ਇੱਕ ਸੁਰੱਖਿਅਤ ਮਾਹੌਲ ਦੇਣਾ ਵੀ ਹੈ। ਯੂਨੀਵਰਸਿਟੀ ਦੀ ਵਿਸ਼ੇਸ਼ ਬੱਸ ਸੇਵਾ 38 ਤੋਂ ਵੱਧ ਬੱਸਾਂ ਰਾਹੀਂ ਹਾਈ-ਟੈਕ ਰੂਟਾਂ ਰਾਹੀਂ ਚਲਾਈ ਜਾ ਰਹੀ ਹੈ। ਇਹ ਬੱਸਾਂ ਰੋਜ਼ਾਨਾ ਸਵੇਰੇ ਨਿਰਧਾਰਤ ਸਮੇਂ 'ਤੇ ਜਲੰਧਰ, ਹੁਸ਼ਿਆਰਪੁਰ, ਕਪੂਰਥਲਾ, ਫਗਵਾੜਾ, ਮੁਕੇਰੀਆਂ, ਫਿਲੌਰ, ਦਸੂਹਾ, ਟਾਂਡਾ ਵਰਗੇ ਵੱਡੇ ਸ਼ਹਿਰਾਂ ਅਤੇ ਇਹਨਾਂ ਦੇ ਆਲੇ-ਦੁਆਲੇ ਪੈਂਦੇ ਸੈਂਕੜੇ ਪਿੰਡਾਂ ਤੋਂ ਵਿਦਿਆਰਥੀਆਂ ਨੂੰ ਲੈ ਕੇ ਰਵਾਨਾ ਹੁੰਦੀਆਂ ਹਨ।

# ਡਾ. ਸੁਹਾਨੀ ਡੋਡਾ 'ਆਪ' 'ਚ ਸ਼ਾਮਲ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਆਮ ਆਦਮੀ ਪਾਰਟੀ (ਆਪ) ਪੰਜਾਬ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ



ਜਦੋਂ ਅਮਰੀਕਾ ਤੋਂ ਪਰਤੇ ਐਮ ਬੀ ਬੀ ਐਸ-ਯੋਗਤਾ ਪ੍ਰਾਪਤ ਸਰਜਨ ਤੇ ਸਮਾਜ ਸੇਵਿਕਾ ਡਾ. ਸੁਹਾਨੀ ਡੋਡਾ ਪਾਰਟੀ ਵਿੱਚ ਸ਼ਾਮਲ ਹੋ ਗਏ। 'ਆਪ' ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ 'ਆਪ' ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਡਾ. ਡੋਡਾ ਦਾ ਪਾਰਟੀ ਵਿੱਚ ਸਵਾਗਤ ਕੀਤਾ ਅਤੇ ਭਰੋਸਾ ਪ੍ਰਗਟਾਇਆ ਕਿ ਸਿਹਤ ਸੰਭਾਲ ਖੇਤਰ ਵਿੱਚ ਉਹਨਾਂ ਦਾ ਤਜਰਬਾ ਅਤੇ ਜਨਸੇਵਾ ਪ੍ਰਤੀ ਵਚਨਬੱਧਤਾ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਦੇ 'ਆਪ' ਦੇ ਮਿਸ਼ਨ ਨੂੰ ਹੋਰ ਮਜ਼ਬੂਤ ਕਰੇਗੀ। ਅਬੋਹਰ ਵਿਧਾਨ ਸਭਾ ਹਲਕੇ ਦੇ ਰਹਿਣ ਵਾਲੀ ਡਾ. ਸੁਹਾਨੀ ਡੋਡਾ ਅਮਰੀਕਾ ਤੋਂ ਪਰਤੇ ਇੱਕ ਐਮ ਬੀ ਬੀ ਐਸ ਯੋਗਤਾ ਪ੍ਰਾਪਤ ਸਰਜਨ ਹਨ ਜੋ ਪਿਛਲੇ ਕਈ ਸਾਲਾਂ ਤੋਂ ਸਮਾਜਿਕ ਸੇਵਾ ਦੇ ਕੰਮਾਂ ਵਿੱਚ ਸਰਗਰਮੀ ਨਾਲ ਜੁੜੀ ਹੋਈ ਹਨ। ਉਹਨਾਂ ਦਾ ਆਮ ਆਦਮੀ ਪਾਰਟੀ ਵਿੱਚ ਸਵਾਗਤ ਕਰਦਿਆਂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਪਾਰਟੀ ਇਮਾਨਦਾਰ, ਪੜ੍ਹੇ-ਲਿਖੇ ਅਤੇ ਸੇਵਾ ਭਾਵਨਾ ਵਾਲੇ ਲੋਕਾਂ ਨੂੰ ਇੱਕ ਮੰਚ 'ਤੇ ਲਿਆ ਰਹੀ ਹੈ ਜੋ ਪੰਜਾਬ ਦੇ ਵਿਕਾਸ ਵਿੱਚ ਯੋਗਦਾਨ ਪਾਉਣਾ ਚਾਹੁੰਦੇ ਹਨ। ਡਾ. ਸੁਹਾਨੀ ਡੋਡਾ ਨੇ ਪਾਰਟੀ ਵਿੱਚ ਸਵਾਗਤ ਕਰਨ ਲਈ 'ਆਪ' ਲੀਡਰਸ਼ਿਪ ਦਾ ਧੰਨਵਾਦ ਕੀਤਾ।

## ਸਾਬਕਾ ਸਰਪੰਚ ਨਵਤੇਜ ਸਿੰਘ ਤੇਜੀ ਨੂੰ ਸਦਮਾ, ਮਾਤਾ ਦਾ ਦੇਹਾਂਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਸਰਪੰਚ ਨਵਤੇਜ ਸਿੰਘ ਤੇਜੀ ਸਹੇੜੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੀ ਮਾਤਾ ਹਰਭਜਨ ਕੌਰ (87 ਸਾਲ) ਦਾ ਦੇਹਾਂਤ ਹੋ ਗਿਆ ਜਿਨਾ ਦਾ ਅੰਤਿਮ ਸੰਸਕਾਰ ਪਿੰਡ ਸਹੇੜੀ ਵਿਖੇ ਕਰ



ਦਿੱਤਾ ਗਿਆ। ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸਾਬਕਾ ਕੈਬਿਨਟ ਮੰਤਰੀ ਜਗਮੋਹਨ ਸਿੰਘ ਕੰਗ, ਖਰੜ ਹਲਕਾ ਇੰਚਾਰਜ ਵਿਜੇ ਸ਼ਰਮਾ ਟਿੰਕੂ, ਜਿਲਾ ਯੂਥ ਕਾਂਗਰਸ ਰੂਪਨਗਰ ਦੇ ਪ੍ਰਧਾਨ ਨਵਜੀਤ ਸਿੰਘ ਨਵੀ, ਪਨਗ੍ਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਬਲਾਕ ਕਾਂਗਰਸ ਕਮੇਟੀ ਮੋਰਿੰਡਾ ਦੇ ਪ੍ਰਧਾਨ ਦਰਸ਼ਨ ਸਿੰਘ, ਸਾਬਕਾ ਪ੍ਰਧਾਨ ਬਲਵੀਰ ਸਿੰਘ ਸਹੇੜੀ, ਜਿਲ੍ਹਾ ਪ੍ਰੀਸ਼ਦ ਮੈਂਬਰ ਨਰਿੰਦਰ ਸਿੰਘ ਮਾਵੀ ਅਤੇ ਗੁਰਵਿੰਦਰ ਸਿੰਘ ਕਕਰਾਲੀ, ਮਿਲਕ ਪਲਾਟ ਮੋਹਾਲੀ ਦੇ ਡਾਇਰੈਕਟਰ ਬਲਜਿੰਦਰ ਸਿੰਘ ਧਾਲੀਵਾਲ, ਸ਼ੂਗਰ ਮਿੱਲ ਮੋਰਿੰਡਾ ਦੇ ਸਾਬਕਾ ਚੇਅਰਮੈਨ ਖੁਸ਼ਹਾਲ ਸਿੰਘ ਦਤਾਰਪੁਰ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਹਰੀਪਾਲ, ਕੌਂਸਲਰ ਮਨਦੀਪ ਸਿੰਘ ਬਾਜਵਾ, ਗੁਰੂ ਸ਼ੇਰ ਗਿੱਲ, ਬਲਾਕ ਸੰਮਤੀ ਚੇਅਰਪਰਸਨ ਹਰਵਿੰਦਰ ਕੌਰ ਸੰਧੂ, ਬਲਾਕ ਸੰਮਤੀ ਮੈਂਬਰ ਬਲਵਿੰਦਰ ਸਿੰਘ ਰੰਗੀਆਂ, ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੇ ਸਰਪਰਸਤ ਕੁਲਵੀਰ ਸਿੰਘ ਸੋਨੂ, ਸਰਪੰਚ ਜਗਤਾਰ ਸਿੰਘ ਸਹੇੜੀ, ਸਰਪੰਚ ਨਰਾਤਾ ਸਿੰਘ ਅਰਨੋਲੀ, ਸਾਬਕਾ ਸਰਪੰਚ ਬਲਵਿੰਦਰ ਸਿੰਘ ਸੰਧੂ, ਸਰਪੰਚ ਹਰਵਿੰਦਰ ਸਿੰਘ ਕੋਟਲਾ, ਮਨਪ੍ਰੀਤ ਸਿੰਘ ਮਾਵੀ ਸਮਾਣਾ, ਸਿਮਰਨਜੀਤ ਸਿੰਘ ਸਰਹਾਣਾ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ 31 ਨੂੰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸ਼ਹੀਦ ਊਧਮ ਸਿੰਘ ਚੌਂਕ ਵਿਖੇ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਸੁਲਤਾਨਪੁਰ ਲੋਧੀ ਵੱਲੋਂ ਸਾਹਿਤ ਸਭਾ ਸੁਲਤਾਨਪੁਰ ਲੋਧੀ, ਬਾਰ ਐਸੋਸੀਏਸ਼ਨ ਸੁਲਤਾਨਪੁਰ ਲੋਧੀ, ਸ੍ਰੀ ਗੁਰੂ ਨਾਨਕ ਦੇਵ ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ ਅਤੇ ਵੱਖ ਵੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ 31 ਜੁਲਾਈ ਨੂੰ ਮਨਾਇਆ ਜਾਵੇਗਾ। ਇਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਦੇ ਨਵ ਨਿਯੁਕਤ ਪ੍ਰਧਾਨ ਡਾਕਟਰ ਬਲਜੀਤ ਕੌਰ ਦੀ ਅਗਵਾਈ ਹੇਠ ਪ੍ਰੈੱਸ ਕਲੱਬ ਸੁਲਤਾਨਪੁਰ ਲੋਧੀ ਵਿਖੇ ਵਿਸ਼ਾਲ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਵੱਡੀ ਗਿਣਤੀ ਵਿੱਚ ਆਗੂ ਸਾਹਿਬਾਨ ਹਾਜ਼ਰ ਹੋਏ। ਇਸ ਮੌਕੇ ਬੀਤੇ ਸਮੇਂ ਦੌਰਾਨ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਸੁਲਤਾਨਪੁਰ ਲੋਧੀ ਦੇ ਪ੍ਰਧਾਨ ਸਵ.ਪ੍ਰੋਫੈਸਰ ਚਰਨ ਸਿੰਘ ਦੀ ਯਾਦ ਨੂੰ ਤਾਜ਼ਾ ਕਰਦਿਆਂ ਸਮੂਹ ਜਥੇਬੰਦੀਆਂ ਵੱਲੋਂ ਮੀਟਿੰਗ ਦੌਰਾਨ 2 ਮਿੰਟ ਦਾ ਮੌਨ ਰੱਖ ਕੇ ਉਹਨਾਂ ਨੂੰ




ਸ਼ਰਧਾਂਜਲੀ ਭੇਟ ਕੀਤੀ ਗਈ । ਇਸ ਉਪਰੰਤ ਸਮਾਗਮ ਦੀਆਂ ਸਮੁੱਚੀਆਂ ਤਿਆਰੀਆਂ ਲਈ ਸਮੂਹ ਅਹੁਦੇਦਾਰਾਂ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ । ਇਸ ਮੌਕੇ ਪ੍ਰਧਾਨ ਡਾਕਟਰ ਬਲਜੀਤ ਕੌਰ ਨੇ ਕਿਹਾ ਕਿ ਇਸ ਸਮਾਗਮ ਵਿੱਚ ਸ਼ਾਮਲ ਹੋਣ ਲਈ ਵੱਖ ਵੱਖ ਰਾਜਨੀਤਿਕ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਨੂੰ ਸੱਦਾ ਪੱਤਰ ਭੇਜਿਆ ਜਾਵੇਗਾ ਤੇ ਸਾਰਿਆਂ ਦੇ ਸਹਿਯੋਗ ਨਾਲ ਇਹ ਸਮਾਗਮ ਕੀਤਾ ਜਾਵੇਗਾ। ਹੋਰਨਾਂ ਤੋਂ ਇਲਾਵਾ ਐਡਵੋਕੇਟ ਕੇਹਰ ਸਿੰਘ, ਮੀਤ ਪ੍ਰਧਾਨ ਐਡਵੋਕੇਟ ਗੁਰਮੇਲ ਸਿੰਘ, ਪ੍ਰਿੰਸੀਪਲ ਪ੍ਰੋਮਿਲਾ ਅਰੋੜਾ, ਸਾਹਿਤ ਸਭਾ ਦੇ ਸਕੱਤਰ ਮੁਖਤਾਰ ਸਿੰਘ ਚੰਦੀ, ਨਰਿੰਦਰ ਸਿੰਘ ਸੋਨੀਆ, ਨਰਿੰਦਰ ਸਿੰਘ ਜੈਨਪੁਰ, ਬਾਰ ਅਸੋਸੀਏਸ਼ਨ ਪ੍ਰਧਾਨ ਐਡਵੋਕੇਟ ਜਰਨੈਲ ਸਿੰਘ ਸੰਧਾ, ਪ੍ਰਿੰਸੀਪਲ ਅਮਰੀਕ ਸਿੰਘ,ਐਡ. ਸ਼ੈਲ ਪ੍ਰਭਾਕਰ, ਸਤਵੀਰ ਮਾਹੀਪਾਲ, ਗੁਰਮੀਤ ਸਿੰਘ ਢਿੱਲੋਂ, ਪ੍ਰਿੰਸੀਪਲ ਲਖਬੀਰ ਸਿੰਘ, ਮਾਸਟਰ ਚਰਨ ਸਿੰਘ, ਫਕੀਰ ਮੁਹੰਮਦ ਭੌਰ, ਗੁਰਮੀਤ ਸਿੰਘ ਅਮਰਕੋਟ, ਪਵਨ ਕੁਮਾਰ, ਦਿਆਲ ਸਿੰਘ ਦੀਪੇਵਾਲ, ਜਸਵੰਤ ਸਿੰਘ ਕਰਮਜੀਤਪੁਰ, ਬਚਿੱਤਰ ਸਿੰਘ ਕਰਮਜੀਤਪੁਰ, ਬਲਵਿੰਦਰ ਸਿੰਘ ਲਾਡੀ ਪ੍ਰੈਸ ਕਲੱਬ, ਨਰੇਸ਼ ਕੁਮਾਰ ਹੈਪੀ, ਸਿਮਰਨ ਸੰਧੂ, ਹਰਵਿੰਦਰ ਸਿੰਘ ਮੋਠਾਂਵਾਲਾ, ਹਰਜਿੰਦਰ ਸਿੰਘ, ਗੁਰਿੰਦਰ ਸਿੰਘ, ਲਖਵੀਰ ਸਿੰਘ ਖਿੰਡਾ, ਬਲਵੀਰ ਸਿੰਘ , ਸੁਖਵਿੰਦਰ ਸਿੰਘ ਚੱਕ ਕੋਟਲਾ ਆਦਿ ਵੀ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਪੁਰਬ ਲਈ 80 ਕਰੋੜ ਰੁਪਏ ਰਾਖਵੇਂ ਰੱਖੇ : ਸੌਂਦ

## ਤਿੰਨ ਰੋਜ਼ਾ ਰਾਜ ਪੱਧਰੀ ਸਮਾਗਮ ਤੇ ਡਰੋਨ ਸ਼ੋਅ ਹੋਣਗੇ ਮੁੱਖ ਆਕਰਸ਼ਣ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਇਥੇ ਦੱਸਿਆ ਕਿ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਵਿਆਪਕ ਪੱਧਰ 'ਤੇ ਮਨਾ ਰਹੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਮਹਾਨ ਸੰਤ ਸ੍ਰੀ ਗੁਰੂ ਰਵਿਦਾਸ ਦੇ ਜੀਵਨ, ਫਲਸਫੇ ਅਤੇ ਬਰਾਬਰਤਾ ਦੇ ਸੰਦੇਸ਼ ਦੇ ਵੱਧ ਤੋਂ ਵੱਧ ਪਾਸਾਰ ਲਈ ਸਾਲ ਭਰ ਚੱਲਣ ਵਾਲੇ ਵਿਸ਼ੇਸ਼ ਸਮਾਗਮਾਂ ਦੀ ਯੋਜਨਾ ਉਲੀਕੀ ਗਈ ਹੈ। ਇੱਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸਮਾਗਮਾਂ ਲਈ ਪਹਿਲਾਂ ਹੀ 80 ਕਰੋੜ ਰੁਪਏ ਰਾਖਵੇਂ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰੇ ਪ੍ਰੋਗਰਾਮਾਂ ਨੂੰ ਸਫਲਤਾਪੂਰਵਕ ਅਤੇ ਸੁਚੱਜੇ



ਢੰਗ ਨਾਲ ਨੇਪਰੇ ਚਾੜ੍ਹਨ ਲਈ ਲੋੜ ਪੈਣ ਤੇ ਹੋਰ ਫੰਡ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ ਹੈ। ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਇਨ੍ਹਾਂ ਸ਼ਾਨਦਾਰ ਸਮਾਗਮਾਂ ਦੀ ਯੋਜਨਾ ਪੜਾਅਵਾਰ ਢੰਗ ਨਾਲ ਉਲੀਕੀ ਗਈ ਹੈ ਅਤੇ ਇਹ ਸਮਾਗਮ ਸਾਲ ਭਰ ਜਾਰੀ ਰਹਿਣਗੇ, ਜਿਨ੍ਹਾਂ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਦੀਵੀਂ ਸਿੱਖਿਆਵਾਂ ਨੂੰ ਪੰਜਾਬ ਦੇ ਕੋਨੇ-ਕੋਨੇ ਅਤੇ ਵਿਸ਼ਵ ਪੱਧਰ ਤੱਕ ਪਹੁੰਚਾਉਣਾ ਹੈ। ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਸਕੂਲ ਪੱਧਰੀ ਮੁਕਾਬਲਿਆਂ ਤੋਂ ਇਲਾਵਾ 13,000 ਤੋਂ ਵੱਧ ਪਿੰਡਾਂ ਵਿੱਚ 30 ਮਿੰਟ ਦੀਆਂ ਡਾਕੂਮੈਂਟਰੀ ਫਿਲਮਾਂ ਵੀ ਦਿਖਾਈਆਂ ਜਾ ਰਹੀਆਂ ਹਨ। ਧਾਰਮਿਕ ਸਮਾਗਮਾਂ 'ਤੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ 5 ਤੋਂ 8 ਅਕਤੂਬਰ ਦਰਮਿਆਨ ਵਾਰਾਣਸੀ, ਫਰੀਦਕੋਟ, ਬਠਿੰਡਾ ਅਤੇ ਜੰਮੂ ਤੋਂ ਸ਼ੁਰੂ ਹੋ ਕੇ ਚਾਰ ਸ਼ੋਭਾ ਯਾਤਰਾਵਾਂ ਖੁਰਾਲਗੜ੍ਹ ਵਿਖੇ ਸਮਾਪਤ ਹੋਣਗੀਆਂ। ਉਨ੍ਹਾਂ ਦੱਸਿਆ ਕਿ ਇਹ ਸਮਾਗਮ 9 ਤੋਂ 11 ਅਕਤੂਬਰ, 2026 ਤੱਕ ਖੁਰਾਲਗੜ੍ਹ ਵਿਖੇ ਤਿੰਨ ਰੋਜ਼ਾ ਸ਼ਾਨਦਾਰ ਰਾਜ ਪੱਧਰੀ ਸਮਾਗਮ ਨਾਲ ਸੰਪੰਨ ਹੋਣਗੇ।

# ਸਾਬਕਾ ਸਰਪੰਚ ਰਾਕੇਸ਼ ਕੁਮਾਰ ਸੋਨੂੰ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

**ਹੁਸ਼ਿਆਰਪੁਰ (ਓ ਪੀ ਰਾਣਾ)**- ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਕੋਟ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ



ਹੋਰ ਮਜ਼ਬੂਤੀ ਮਿਲੀ ਜਦੋਂ ਪਿੰਡ ਦੇ ਸਾਬਕਾ ਸਰਪੰਚ ਰਾਕੇਸ਼ ਕੁਮਾਰ ਸੋਨੂੰ ਆਪਣੇ ਵੱਡੀ ਗਿਣਤੀ ਵਿੱਚ ਸਮਰਥਕਾਂ ਅਤੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਪਾਰਟੀ ਵਿੱਚ ਸਵਾਗਤ ਕੀਤਾ। ਇਸ ਮੌਕੇ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ, ਸਿਹਤ, ਬਿਜਲੀ, ਪੀਣ ਵਾਲੇ ਪਾਣੀ, ਸੜਕਾਂ, ਖੇਡਾਂ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਸਾਬਕਾ ਸਰਪੰਚ ਰਾਕੇਸ਼ ਕੁਮਾਰ ਸੋਨੂੰ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਡਾ. ਰਵਜੋਤ ਸਿੰਘ ਵੱਲੋਂ ਇਲਾਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ। ਇਸ ਮੌਕੇ ਸਾਬਕਾ ਸਰਪੰਚ ਰਾਕੇਸ਼ ਕੁਮਾਰ ਸੋਨੂੰ, ਦਰਸ਼ਨ ਸਿੰਘ, ਪੰਡਿਤ ਸੁਦੇਸ਼, ਮੁਕੇਸ਼ ਕੁਮਾਰ, ਕਸ਼ਮੀਰ ਸਿੰਘ, ਨੰਬਰਦਾਰ ਪ੍ਰਕਾਸ਼, ਸਰੂਪ ਸਿੰਘ, ਡਾ. ਰਵਿੰਦਰ ਸਿੰਘ, ਵਿਨੋਦ ਕੁਮਾਰ ਆਦਿ ਵੀ ਮੌਜੂਦ ਸਨ।

## ਸੀ ਟੀ ਗਰੁੱਪ ਵੱਲੋਂ ਕਜ਼ਾਖਸਤਾਨ 'ਚ ਅੰਤਰਰਾਸ਼ਟਰੀ ਕਾਨਫਰੰਸ

**ਜਲੰਧਰ (ਸ਼ੈਲੀ ਐਲਬਰਟ)**- ਕਜ਼ਾਖਸਤਾਨ ਦੇ ਇਤਿਹਾਸਕ ਸ਼ਹਿਰ ਅਲਮਾਟੀ ਨੇ ਹਾਲ ਹੀ ਵਿੱਚ ਵਿਸ਼ਵ ਪੱਧਰੀ ਅਕਾਦਮਿਕ ਨਵੀਨਤਾ ਦਾ ਕੇਂਦਰ ਬਣਦਿਆਂ 9ਵੀਂ ਇੰਟਰਨੈਸ਼ਨਲ ਮਲਟੀ-ਟ੍ਰੈਕ ਕਾਨਫਰੰਸ ਆਨ ਸਾਇੰਸਜ਼, ਇੰਜੀਨੀਅਰਿੰਗ, ਮੈਨੇਜਮੈਂਟ ਅਤੇ ਟੈਕਨੀਕਲ ਇਨੋਵੇਸ਼ਨ ਦੀ ਸਫਲ ਮੇਜ਼ਬਾਨੀ ਕੀਤੀ। ਇਸ ਵੱਡੇ ਅਕਾਦਮਿਕ ਸਮਾਗਮ ਦਾ ਆਯੋਜਨ ਸੀ ਟੀ ਇੰਸਟੀਚਿਊਟ ਆਫ ਇੰਜੀਨੀਅਰਿੰਗ, ਮੈਨੇਜਮੈਂਟ ਐਂਡ ਟੈਕਨਾਲੋਜੀ ਵੱਲੋਂ ਸੀਟੀ ਯੂਨੀਵਰਸਿਟੀ, ਭਾਰਤ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਦੇ ਨਾਲ ਅੰਤਰਰਾਸ਼ਟਰੀ ਸਹਿ-ਆਯੋਜਕਾਂ ਵਿੱਚ ਸਿਟੀ ਯੂਨੀਵਰਸਿਟੀ ਅਜਮਾਨ (ਯੂ ਏ ਈ) ਅਤੇ ਗਲੋਬਲ ਯੂਨੀਵਰਸਿਟੀ (ਮਲੇਸ਼ੀਆ) ਸ਼ਾਮਲ ਰਹੇ।ਇਸ ਮੀਲ ਪੱਥਰ ਸਮਾਗਮ ਵਿੱਚ ਵਿਸ਼ਵ ਭਰ ਤੋਂ ਪ੍ਰਸਿੱਧ ਵਿਗਿਆਨੀ, ਮੁੱਖ ਵਕਤਾ, ਅਕਾਦਮਿਕ ਵਿਦਵਾਨ ਅਤੇ ਉਦਯੋਗਕ ਮਾਹਿਰ ਇਕੱਠੇ ਹੋਏ, ਜਿਨ੍ਹਾਂ ਨੇ ਵਿਗਿਆਨ, ਇੰਜੀਨੀਅਰਿੰਗ, ਪ੍ਰਬੰਧਨ ਅਤੇ ਤਕਨੀਕੀ ਨਵੀਨਤਾ ਨਾਲ ਸੰਬੰਧਿਤ ਮਹੱਤਵਪੂਰਨ ਚੁਣੌਤੀਆਂ ਅਤੇ ਨਵੇਂ ਮੌਕਿਆਂ 'ਤੇ ਵਿਚਾਰ-ਵਟਾਂਦਰਾ ਕੀਤਾ।ਕਾਨਫਰੰਸ ਦੀ ਸ਼ੁਰੂਆਤ ਪ੍ਰਭਾਵਸ਼ਾਲੀ ਉਦਘਾਟਨ ਸਮਾਰੋਹ ਨਾਲ ਹੋਈ, ਜਿਸ ਵਿੱਚ ਨਾਰਘੋਜ਼ ਯੂਨੀਵਰਸਿਟੀ ਦੀ ਸੀਨੀਅਰ




ਅਕਾਦਮਿਕ ਅਤੇ ਸਕੂਲ ਆਫ ਇਕਨਾਮਿਕਸ ਐਂਡ ਮੈਨੇਜਮੈਂਟ ਦੀ ਸਾਬਕਾ ਡੀਨ ਪ੍ਰੋ. ਦਿਲਬਰ ਗਿਮਰਾਨੋਵਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡਾ. ਨਿੱਤਨ ਅਰੋੜਾ, ਡਾਇਰੈਕਟਰ ਸੀ ਸੀ ਪੀ ਸੀ ਤੇ ਪ੍ਰਿੰਸੀਪਲ ਦੀ ਅਗਵਾਈ ਹੇਠ ਸੈਸ਼ਨਾਂ ਦਾ ਸੰਚਾਲਨ ਕੀਤਾ ਗਿਆ, ਜਿੱਥੇ ਅੰਤਰਰਾਸ਼ਟਰੀ ਮਾਹਿਰਾਂ ਵੱਲੋਂ ਨਵੀ ਤਕਨਾਲੋਜੀ ਤੇ ਤਕਨੀਕਾਂ ਬਾਰੇ ਵਿਚਾਰ ਸਾਂਝੇ ਕੀਤੇ ਗਏ।ਡਾ. ਪੁਨੀਤ ਪੁਰੀ (ਡੀ ਏ ਵੀ ਕਾਲਜ, ਜਲੰਧਰ) ਅਤੇ ਮਿਸ ਕ੍ਰਿਤਿਕਾ ਅਰੋੜਾ (ਚਿਤਕਾਰਾ ਯੂਨੀਵਰਸਿਟੀ) ਨੂੰ ਉਨ੍ਹਾਂ ਦੇ ਸ਼ਾਨਦਾਰ ਖੋਜ ਦੇ ਕੰਮ ਲਈ ਬੈਸਟ ਪੇਪਰ ਐਵਾਰਡ ਨਾਲ ਸਨਮਾਨਤ ਕੀਤਾ ਗਿਆ।

ਇਸ ਤੋਂ ਇਲਾਵਾ ਡਾ. ਇਸਮਾਗੁਲੋਵਾ ਸਿਮਬਤ, ਡਾ. ਅਣਨਯਾ ਮਿਸ਼ਰਾ, ਡਾ. ਪਰਦੀਪ ਗੋਰਾਇਆ, ਮਿਸ ਅਗੇਰਿਮ ਸ਼ਾਖਾਨੋਵਾ, ਡਾ. ਅਭਿਨਵ ਆਨੰਦ, ਡਾ. ਵਰਿੰਦਰ ਸਿੰਘ ਰਾਣਾ, ਐਸੋਸੀਏਟ ਪ੍ਰੋ. ਡਾ. ਦਲਵਿੰਦਰ ਕੌਰ ਅਤੇ ਮਿਸਟਰ ਅਮਨਦੀਪ ਸਿੰਘ ਵਰਗੇ ਪ੍ਰਸਿੱਧ ਬੁਲਾਰਿਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।ਸੀ ਟੀ ਗਰੁੱਪ ਦੇ ਪ੍ਰਬੰਧਨ ਨੇ ਜ਼ੋਰ ਦਿੰਦਿਆਂ ਕਿਹਾ ਕਿ ਆਧੁਨਿਕ ਤੇਜ਼ੀ ਨਾਲ ਵਧ ਰਹੀਆਂ ਉਦਯੋਗਕ ਜ਼ਰੂਰਤਾਂ ਲਈ ਅਲੱਗ-ਅਲੱਗ ਖੇਤਰਾਂ ਦੀ ਬਜਾਏ ਬਹੁ-ਵਿਭਾਗੀ ਸਹਿਯੋਗ ਲਾਜ਼ਮੀ ਹੈ। ਕਾਨਫਰੰਸ ਦੇ ਅੰਤ ਵਿੱਚ ਨੈੱਟਵਰਕਿੰਗ ਸੈਸ਼ਨ, ਪ੍ਰਸ਼ਨ-ਉੱਤਰ ਫੋਰਮ ਅਤੇ ਸਾਂਝੇ ਵਿਚਾਰ-ਵਟਾਂਦਰੇ ਨੇ ਭਵਿੱਖ ਵਿੱਚ ਅੰਤਰਰਾਸ਼ਟਰੀ ਸਹਿਯੋਗ, ਸਾਂਝੀ ਖੋਜ ਅਤੇ ਫੈਕਲਟੀ ਐਕਸਚੇਂਜ ਲਈ ਮਜ਼ਬੂਤ ਬੁਨਿਆਦ ਰੱਖੀ।

## ਵੈੱਸਟ ਵਿਧਾਨ ਸਭਾ 'ਚ ਵਿਸ਼ੇਸ਼ ਸਫ਼ਾਈ ਮੁਹਿੰਮ ਅੱਜ ਤੋਂ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 17 ਜੁਲਾਈ ਨੂੰ ਜਲੰਧਰ ਦੌਰੇ ਨੂੰ ਲੈ ਕੇ ਭਾਜਪਾ ਦੇ ਵੈਸਟ ਵਿਧਾਨ ਸਭਾ ਹਲਕਾ ਇੰਚਾਰਜ ਸ਼ੀਤਲ ਅੰਗੁਰਾਲ ਨੇ ਆਪਣੇ ਦਫ਼ਤਰ ਵਿੱਚ ਵੈਸਟ ਵਿਧਾਨ ਸਭਾ ਖੇਤਰ ਦੇ ਮੰਡਲ ਪ੍ਰਧਾਨਾ ਨਾਲ ਇੱਕ



ਮਹੱਤਵਪੂਰਨ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਮੰਡਲ ਪ੍ਰਧਾਨ ਰਿਸ਼ੀ ਬਹਿਲ, ਮਨੀਸ਼ ਬਲ, ਸੋਨੂ ਚੌਹਾਨ, ਅਜੇ ਠਾਕੁਰ ਅਤੇ ਸੁਨੀਲ ਚੋਪੜਾ ਹਾਜ਼ਰ ਰਹੇ। ਮੀਟਿੰਗ ਦੌਰਾਨ 15 ਅਤੇ 16 ਜੁਲਾਈ ਨੂੰ ਵੈਸਟ ਵਿਧਾਨ ਸਭਾ ਦੇ ਸਾਰੇ ਮੰਡਲਾਂ ਵਿੱਚ ਵਿਸ਼ੇਸ਼ ਸਫ਼ਾਈ ਅਭਿਆਨ ਚਲਾਉਣ ਦੀ ਵਿਸਤ੍ਰਿਤ ਯੋਜਨਾ ਤਿਆਰ ਕੀਤੀ ਗਈ। ਸ਼ੀਤਲ ਅੰਗੁਰਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦੇਸ਼ ਭਰ ਵਿੱਚ ਸ਼ੁਰੂ ਕੀਤੇ ਗਏ ਸਵੱਛ ਭਾਰਤ ਅਭਿਆਨ ਨੂੰ ਲੋਕ ਅੰਦੋਲਨ ਬਣਾਉਣ ਲਈ ਭਾਜਪਾ ਵਰਕਰ ਲਗਾਤਾਰ ਕੰਮ ਕਰ ਰਹੇ ਹਨ। ਉਨ੍ਹਾਂ ਸਾਰੇ ਮੰਡਲ ਪ੍ਰਧਾਨਾਂ ਨੂੰ ਨਿਰਦੇਸ਼ ਦਿੱਤੇ ਕਿ ਆਪਣੇ-ਆਪਣੇ ਖੇਤਰਾਂ ਵਿੱਚ ਵਰਕਰਾਂ ਨਾਲ ਮਿਲ ਕੇ ਜਨਤਕ ਥਾਵਾਂ, ਬਾਜ਼ਾਰਾਂ, ਪਾਰਕਾਂ, ਧਾਰਮਿਕ ਸਥਾਨਾਂ ਅਤੇ ਮੁੱਖ ਸੜਕਾਂ ਉੱਤੇ ਵਿਸ਼ਾਲ ਸਫ਼ਾਈ ਅਭਿਆਨ ਚਲਾਇਆ ਜਾਵੇ ਅਤੇ ਵੱਧ ਤੋਂ ਵੱਧ ਨਾਗਰਿਕਾਂ ਨੂੰ ਇਸ ਨਾਲ ਜੋੜਿਆ ਜਾਵੇ। ਮੀਟਿੰਗ ਵਿੱਚ ਸਾਰੇ ਮੰਡਲ ਪ੍ਰਧਾਨਾਂ ਨੇ ਭਰੋਸਾ ਦਿਵਾਇਆ ਕਿ 15 ਅਤੇ 16 ਜੁਲਾਈ ਨੂੰ ਵੈਸਟ ਵਿਧਾਨ ਸਭਾ ਦੇ ਹਰ ਮੰਡਲ ਵਿੱਚ ਵੱਡੇ ਪੱਧਰ 'ਤੇ ਸਫ਼ਾਈ ਅਭਿਆਨ ਚਲਾ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਵਾਗਤ ਦੀਆਂ ਤਿਆਰੀਆਂ ਨੂੰ ਲੋਕ ਭਾਗੀਦਾਰੀ ਨਾਲ ਸਫਲ ਬਣਾਇਆ ਜਾਵੇਗਾ।

## ਪੇਪਰ ਬੈਗ ਦਿਵਸ ਮਨਾਇਆ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਵਾਤਾਵਰਣ ਸੁਰੱਖਿਆ ਨੂੰ ਸਮਰਪਿਤ ਜੱਥੇਬੰਦੀ ਫਗਵਾੜਾ ਇਨਵਾਇਰਨਮੈਂਟ ਐਸੋਸੀਏਸ਼ਨ ਵਲੋਂ ਪ੍ਰਧਾਨ ਕੇ ਕੇ ਸਰਦਾਨਾ ਦੀ ਸਰਪ੍ਰਸਤੀ ਅਤੇ ਐਸੋਸੀਏਸ਼ਨ ਦੇ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਦੀ ਦੇਖਰੇਖ ਹੇਠ ਪੇਪਰ ਬੈਗ ਦਿਵਸ ਸਥਾਨਕ ਖੇੜਾ ਰੋਡ ਸਥਿਤ ਸੀਨੀਅਰ ਸਿਟੀਜਨ ਕੇਅਰ ਸੈਂਟਰ ਵਿਖੇ ਮਨਾਇਆ ਗਿਆ।



ਸਮਾਗਮ ਦੌਰਾਨ ਏ ਡੀ ਸੀ ਰਣਦੀਪ ਸਿੰਘ ਹੀਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਹਨਾਂ ਨੇ ਸ਼ਹਿਰ ਵਾਸੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕੀਤੀ ਜਾਵੇ ਕਿਉਂਕਿ ਇਸ ਦੀ ਵੇਸਟ ਨੂੰ ਨਸ਼ਟ ਕਰਨਾ ਬਹੁਤ ਮੁਸ਼ਕਿਲ ਹੁੰਦਾ ਹੈ ਤੇ ਸਾੜਨ ਦੇ ਨਾਲ ਕੈਂਸਰ ਕਾਰਕ ਜਹਿਰੀਲਾ ਧੂਆਂ ਉੱਠਦਾ ਹੈ। ਉਹਨਾਂ ਕਿਹਾ ਕਿ ਇਹ ਪਲਾਸਟਿਕ ਦੇ ਵੇਸਟ ਲਿਫਾਫੇ ਨਾਲੀਆਂ 'ਚ ਸੁੱਟਣ ਦੇ ਨਾਲ ਸੀਵਰੇਜ ਜਾਮ ਦੀ ਸਮੱਸਿਆ ਆਉਂਦੀ ਹੈ। ਇਸ ਲਈ ਪਲਾਸਟਿਕ ਦੇ ਬੈਗ ਦੀ ਬਜਾਏ ਪੇਪਰ ਬੈਗ ਜਾਂ ਕਪੜੇ ਦੇ ਥੈਲੇ ਵਰਤੋਂ ਵਿੱਚ ਲਿਆਉਂਦੇ ਜਾਣ। ਸਮਾਗਮ ਦੌਰਾਨ ਵਾਰਡ ਨੰਬਰ 21 ਦੇ ਵਸਨੀਕਾਂ ਨੂੰ ਕਪੜੇ ਦੇ ਥੈਲੇ ਅਤੇ ਡਸਟਬਿਨ ਫਰੀ ਦਿੱਤੇ ਗਏ। ਨਾਲ ਹੀ ਜਨ ਜਾਗਰੁਕਤਾ ਲਈ ਸਟਿਕਰ ਵੀ ਰਿਲੀਜ ਕੀਤਾ ਗਿਆ। ਮਲਕੀਅਤ ਸਿੰਘ ਰਘਬੋਤਰਾ ਅਤੇ ਕ੍ਰਿਸ਼ਨ ਕੁਮਾਰ ਨੇ ਗਿੱਲਾ ਅਤੇ ਸੁੱਕਾ ਕੂੜਾ ਵੱਖ-ਵੱਖ ਡਸਟਬਿਨਾਂ 'ਚ ਇੱਕਠਾ ਕਰਨ ਦਾ ਸੁਨੇਹਾ ਦਿੱਤਾ।ਸਮਾਗਮ ਨੂੰ ਸਫਲ ਬਨਾਉਣ ਵਿੱਚ ਚੰਦਨ ਦੁਆ, ਅਮਰਜੀਤ ਸਿੰਘ ਢਿੱਲੋਂ ਪ੍ਰਧਾਨ ਸੀਨੀਅਰ ਸਿਟੀਜਨ ਵੈਲਫੇਅਰ ਸੁਸਾਇਟੀ ਅਤੇ ਬਲਦੇਵ ਸ਼ਰਮਾ ਸਰਪ੍ਰਸਤ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਮਨਮੋਹਨ ਸਿੰਘ ਵਾਲੀਆ, ਮੋਹਨ ਲਾਲ ਤਨੇਜਾ, ਐੱਸ ਸੀ ਚਾਵਲਾ, ਰਵੀ ਕਾਂਤ ਸਹਿਗਲ, ਅਮਰਜੀਤ ਡਾਂਗ, ਪਰਮਜੀਤ ਸਿੰਘ ਮੈਨੇਜਰ ਤੇ ਅਜੇ ਕੁਮਾਰ ਚੀਫ ਸੈਨੇਟਰੀ ਇੰਸਪੈਕਟਰ ਨਗਰ ਨਿਗਮ ਫਗਵਾੜਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਸੰਤ ਜਗਜੀਤ ਸਿੰਘ ਲੋਪੋਂ ਦਾ ਜਨਮ ਦਿਹਾੜਾ ਪੌਦੇ ਤੇ ਮਿਠਾਈਆ ਵੰਡ ਕੇ ਮਨਾਇਆ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਲੋਪੋਂ ਸੰਪਰਦਾਇ ਵੱਲੋਂ ਦੁਨੀਆ ਭਰ ਤੇ ਦੇਸ਼ਾਂ ਵਿਦੇਸ਼ਾਂ ਵਿੱਚ ਭਲਾਈ ਦੇ ਅਨੇਕਾਂ ਕਾਰਜ ਨਿਰੰਤਰ ਚਲਦੇ ਹੀ ਰਹਿੰਦੇ ਹਨ। ਸਥਾਨਕ ਸੰਤ ਆਸ਼ਰਮ ਵਿਖੇ ਦਰਬਾਰ ਸੰਪ੍ਰਦਾਇ ਲੋਪੋਂ ਦੇ ਮੁੱਖੀ ਸੰਤ ਜਗਜੀਤ ਸਿੰਘ ਲੋਪੋਂ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆ ਸੰਤ ਆਸ਼ਰਮ ਦੇ ਸੇਵਾਦਾਰ ਅਤੇ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕੌਮੀ ਸੰਚਾਲਕ ਭਾਈ ਹਰਜੀਤ ਸਿੰਘ ਰਾਮਗੜ੍ਹੀਆ ਨੇ ਫਲਦਾਰ-ਛਾਂਦਾਰ ਬੂਟੇ ਵੰਡੇ ਅਤੇ ਲਗਾਏ।ਉਹਨਾਂ ਦੱਸਿਆ ਲੋਪੋਂ ਸੰਪ੍ਰਦਾਇ ਦੇ ਮੁੱਖੀ ਸੰਤ ਜਗਜੀਤ ਸਿੰਘ ਲੋਪੋਂ ਦੀ ਅਗਵਾਈ ਵਿੱਚ ਹੋ ਰਹੇ ਦੁਨੀਆ ਭਰ ਅੰਦਰ ਅਨੇਕਾਂ ਹੀ ਸਮਾਜ ਭਲਾਈ ਦੇ ਕਾਰਜ ਹਮੇਸ਼ਾ ਚਲਦੇ ਰਹਿੰਦੇ ਹਨ। ਸੰਤ ਸੁਆਮੀ ਦਰਬਾਰਾ ਸਿੰਘ ਲੋਪੋਂ ਵਾਲੇ ਸੰਤ ਸੁਆਮੀ ਜੋਰਾ ਸਿੰਘ ਲੋਪੋਂ ਵਾਲਿਆਂ ਜੀ ਦੇ ਦਰਸਾਏ ਹੋਏ ਮਾਰਗ ਉਤੇ ਚੱਲਦੇ ਹੋਏ ਲੋਕਾਈ ਦਾ ਭਲਾ ਕਰ ਰਹੇ ਹਨ ਧਰਮ ਖੇਤਰ ਵਿੱਚ ਰੱਬੀ ਨੂਰ ਨਾਲ ਚਮਕਦੀ ਰੂਹਾਨੀ ਮੂਰਤ ਸੰਤ ਜਗਜੀਤ ਸਿੰਘ ਲੋਪੋਂ ਦਾ ਜਨਮ ਦਿਨ ਸੰਤ ਆਸ਼ਰਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਫ਼ਲਦਾਰ-ਛਾਂਦਾਰ ਪੌਦੇ ਵੰਡੇ ਕੇ ਅਤੇ ਲਗਾ ਕੇ ਮਨਾਇਆ ਗਿਆ। ਭਾਈ ਹਰਜੀਤ ਸਿੰਘ ਰਾਮਗੜ੍ਹੀਆ ਨੇ ਆਈ ਸੰਗਤ ਦਾ ਧੰਨਵਾਦ ਕੀਤਾ ਅਤੇ ਮਿਠਾਈਆਂ ਵੰਡ ਕੇ ਆਈ ਸੰਗਤ ਨਾਲ ਖੁਸ਼ੀਆਂ ਸਾਝੀਆਂ ਕੀਤੀਆਂ। ਇਸ ਮੌਕੇ ਰਾਮਗੜ੍ਹੀਆ ਅਕਾਲ ਜਥੇਬੰਦੀ ਮੁੱਖ ਦਫ਼ਤਰ ਇੰਚਾਰਜ ਜਰਨੈਲ ਸਿੰਘ ਸੱਗੂ, ਠੇਕੇਦਾਰ ਤਰਲੋਚਨ ਸਿੰਘ, ਕੁਲਦੀਪ ਸਿੰਘ ਭੰਵਰਾ, ਬਾਬਾ ਮੇਜਰ ਸਿੰਘ, ਬਾਬਾ ਨੈਬ ਸਿੰਘ, ਜਗਜੀਤ ਸਿੰਘ ਲੋਧੀਪੁਰ, ਰਮੇਸ਼ ਕੁਮਾਰ ਅਤੇ ਸੰਦੀਪ ਦੋਲੋਵਾਲੀਆ ਆਦਿ ਹਾਜਰ ਸਨ।

## ਅਪ੍ਰੇਸ਼ਨ ਪ੍ਰਹਾਰ 3.0 ਸ਼ੁਰੂ, 300 ਤੋਂ ਵੱਧ ਅਪਰਾਧਿਕ ਤੱਤਾਂ ਖ਼ਿਲਾਫ਼ ਕੀਤੀ ਕਾਨੂੰਨੀ ਕਾਰਵਾਈ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਅਤੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀ ਜੀ ਪੀ), ਪੰਜਾਬ ਦੇ ਦਿਸ਼ਾ-



ਨਿਰਦੇਸ਼ਾਂ ਅਨੁਸਾਰ ਜਲੰਧਰ ਦਿਹਾਤੀ ਪੁਲਸ ਵੱਲੋਂ ਆਪ੍ਰੇਸ਼ਨ ਪ੍ਰਹਾਰ 3.0 ਦੀ ਸ਼ੁਰੂਆਤ ਕੀਤੀ ਗਈ। ਇਸ ਵਿਸ਼ੇਸ਼ ਮੁਹਿੰਮ ਦਾ ਉਦੇਸ਼ ਗੈਂਗਸਟਰਾਂ, ਉਨ੍ਹਾਂ ਦੇ ਸਾਥੀਆਂ, ਪਨਾਹ ਦੇਣ ਵਾਲਿਆਂ, ਭਗੌੜੇ ਅਪਰਾਧੀਆਂ (ਪੀ ਓ), ਲੋੜੀਂਦੇ ਮੁਲਜ਼ਮਾਂ, ਜ਼ਮਾਨਤ 'ਤੇ ਬਾਹਰ ਆਏ ਅਪਰਾਧੀਆਂ ਅਤੇ ਹੋਰ ਅਪਰਾਧਿਕ ਤੱਤਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨਾ ਹੈ।ਇਸ ਆਪ੍ਰੇਸ਼ਨ ਦੀ ਅਗਵਾਈ ਨਵੀਨ ਸਿੰਗਲਾ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਸ ਜਲੰਧਰ ਰੇਂਜ ਵੱਲੋਂ ਕੀਤੀ ਗਈ। ਉਨ੍ਹਾਂ ਨੇ ਖੁਦ ਜਲੰਧਰ ਦਿਹਾਤੀ ਦਾ ਦੌਰਾ ਕਰਕੇ ਚੱਲ ਰਹੇ ਆਪ੍ਰੇਸ਼ਨ ਦਾ ਜਾਇਜ਼ਾ ਲਿਆ, ਮੈਦਾਨ ਵਿੱਚ ਤਾਇਨਾਤ ਪੁਲਿਸ ਟੀਮਾਂ ਦੀ ਨਿਗਰਾਨੀ ਕੀਤੀ ਅਤੇ ਪ੍ਰਭਾਵਸ਼ਾਲੀ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਹਰਵਿੰਦਰ ਸਿੰਘ ਵਿਰਕ, ਸੀਨੀਅਰ ਪੁਲਿਸ ਕਪਤਾਨ, ਜਲੰਧਰ ਦਿਹਾਤੀ ਦੀ ਅਗਵਾਈ ਹੇਠ ਇਹ ਆਪ੍ਰੇਸ਼ਨ ਪੂਰੇ ਜ਼ਿਲ੍ਹੇ ਵਿੱਚ ਯੋਜਨਾਬੱਧ ਢੰਗ ਨਾਲ ਚਲਾਇਆ ਜਾ ਰਿਹਾ ਹੈ। ਐੱਸ ਐੱਸ ਪੀ ਨੇ ਵੀ ਖੁਦ ਵੱਖ-ਵੱਖ ਥਾਵਾਂ ਦਾ ਦੌਰਾ ਕਰਕੇ ਛਾਪੇਮਾਰੀਆਂ ਦਾ ਨਿਰੀਖਣ ਕੀਤਾ। ਆਪ੍ਰੇਸ਼ਨ ਪ੍ਰਹਾਰ 3.0 ਦੌਰਾਨ ਜਲੰਧਰ ਦਿਹਾਤੀ ਪੁਲਸ ਵੱਲੋਂ ਪੂਰੇ ਜ਼ਿਲ੍ਹੇ ਵਿੱਚ ਵਿਆਪਕ ਕਾਰਵਾਈ ਕਰਦਿਆਂ 300 ਤੋਂ ਵੱਧ ਅਪਰਾਧਿਕ ਤੱਤਾਂ ਖ਼ਿਲਾਫ਼ ਕਾਨੂੰਨੀ ਅਤੇ ਰੋਕਥਾਮੀ ਕਾਰਵਾਈ ਕੀਤੀ ਗਈ।

## ਮੌਨਸੂਨ ਦੀਆਂ ਤਿਆਰੀਆਂ ਨੂੰ ਲੈ ਕੇ ਰੰਧਾਵਾ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

**ਡੇਰਾਬੱਸੀ (ਵਿਨੇ ਕੁਮਾਰ ਜੈਨ)**

ਮੌਨਸੂਨ ਦੇ ਮੱਦੇਨਜ਼ਰ ਲੋਕਾਂ ਦੀ ਸੁਰੱਖਿਆ ਅਤੇ ਸੁਵਿਧਾ ਨੂੰ ਯਕੀਨੀ ਬਣਾਉਣ ਲਈ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਐੱਸ ਡੀ ਐੱਮ ਡੇਰਾਬੱਸੀ ਅਮਿਤ ਗੁਪਤਾ ਦੀ ਮੌਜੂਦਗੀ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਵਿੱਚ ਪੀ ਡਬਲਿਊ ਡੀ (ਸਟੇਟ ਅਤੇ ਨੈਸ਼ਨਲ ਹਾਈਵੇ), ਨਗਰ ਕੌਂਸਲ ਡੇਰਾਬੱਸੀ, ਮਾਈਨਿੰਗ ਅਤੇ ਡਰੇਨੇਜ ਵਿਭਾਗ ਤੇ ਬੀ ਡੀ ਪੀ ਓ ਦਫ਼ਤਰ ਡੇਰਾਬੱਸੀ ਦੇ ਅਧਿਕਾਰੀਆਂ ਨੇ ਹਿੱਸਾ ਲਿਆ। ਇਸ ਦੌਰਾਨ ਮੌਨਸੂਨ ਦੌਰਾਨ ਪਾਣੀ ਦੀ ਨਿਕਾਸੀ, ਨਾਲਿਆਂ ਦੀ ਸਫ਼ਾਈ, ਸੜਕਾਂ ਦੀ ਸਥਿਤੀ ਅਤੇ ਸੰਭਾਵਿਤ ਪਾਣੀ ਭਰਨ ਵਾਲੇ ਖੇਤਰਾਂ ਸਬੰਧੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਮੌਨਸੂਨ ਦੌਰਾਨ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਉਣ ਦੇ ਯੋਗ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਅਤੇ ਸੁਵਿਧਾ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ



ਅਤੇ ਕਿਸੇ ਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਸਾਰੇ ਵਿਭਾਗ ਪੂਰੀ ਤਰ੍ਹਾਂ ਤਿਆਰ ਰਹਿਣ। ਇਸ ਮੌਕੇ ਨਗਰ ਕੌਂਸਲ ਡੇਰਾਬੱਸੀ ਦੇ ਪ੍ਰਧਾਨ ਆਸ਼ੂ ਉਪਨੇਜਾ, ਮੀਤ ਪ੍ਰਧਾਨ ਦਵਿੰਦਰ ਸੈਣੀ, ਨਗਰ ਕੌਂਸਲ ਲਾਲੜੂ ਦੇ ਪ੍ਰਧਾਨ ਜੋਰਵਾਰ ਸਿੰਘ, ਸੀਨੀਅਰ ਵਾਈਸ ਪ੍ਰਧਾਨ ਹਰੀਸ਼ ਮਦਾਨ, ਵਾਈਸ ਪ੍ਰਧਾਨ ਅਮਨ ਰਾਣਾ ਤੇ ਵਿਧਾਇਕ ਦੇ ਸਲਾਹਕਾਰ ਰਾਹੁਲ ਕੌਸ਼ਿਕ ਵੀ ਹਾਜ਼ਰ ਸਨ।

## ਅਕਾਲੀ ਦਲ (ਅੰਮ੍ਰਿਤਸਰ) ਦੀ ਜ਼ਿਲ੍ਹਾ ਵਰਕਿੰਗ ਕਮੇਟੀ ਤੇ ਹਲਕਾ ਇੰਚਾਰਜਾਂ ਦੀ ਮੀਟਿੰਗ ਭਲਕੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਿਮਰਨਜੀਤ ਸਿੰਘ ਮਾਨ ਪਾਰਟੀ ਪ੍ਰਧਾਨ ਦੀ ਅਗਵਾਈ ਹੇਠ ਲਗਾਤਾਰ ਸੰਘਰਸ਼ ਕਰ ਰਹੀ ਹੈ ਅਤੇ ਪਾਰਟੀ 2027 ਦੀਆਂ ਚੋਣਾਂ ਨੂੰ ਲੈ ਕੇ ਲਗਾਤਾਰ ਸਰਗਰਮੀਆਂ ਕਰ ਰਹੀ ਹੈ। ਇਸੇ ਤਹਿਤ 2 ਅਗਸਤ ਨੂੰ ਸਰਦਾਰ ਸਿਮਰਨਜੀਤ ਸਿੰਘ ਮਾਨ ਹੁਸ਼ਿਆਰਪੁਰ ਵਿਖੇ ਆਉਣਗੇ ਜਿਸ ਦੀ ਤਿਆਰੀ ਲਈ 16 ਜੁਲਾਈ ਨੂੰ ਪਾਰਟੀ ਦਫਤਰ ਹੁਸ਼ਿਆਰਪੁਰ ਵਿਖੇ ਜਿਲਾ ਵਰਕਿੰਗ ਕਮੇਟੀ ਅਤੇ ਹਲਕਾ ਇੰਚਾਰਜਾਂ ਦੀ ਵਿਸ਼ੇਸ਼ ਮੀਟਿੰਗ ਜਿਲਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਦੀ ਪ੍ਰਧਾਨਗੀ ਹੇਠ ਹੋਵੇਗੀ ਜਿਸ ਵਿਚ ਪਾਰਟੀ ਦੇ ਜਨਰਲ ਸਕੱਤਰ ਹਰਜਿੰਦਰ ਸਿੰਘ ਜੱਖੂ ਜਨਰਲ ਸਕੱਤਰ ਤੇ ਦੁਆਬਾ ਇੰਚਾਰਜ ਵਿਸ਼ੇਸ਼ ਤੌਰ ਤੇ ਹਾਜਰ ਹੋਣਗੇ। ਇਸ ਦੀ ਜਾਣਕਾਰੀ ਦਿੰਦਿਆਂ ਹੋਇਆਂ ਹਰਵਿੰਦਰ ਸਿੰਘ ਹੀਰਾ ਜਿਲਾ ਜਨਰਲ ਸਕੱਤਰ ਨੇ ਦੱਸਿਆ ਕਿ ਇਸ ਮੀਟਿੰਗ 'ਚ ਜਿਲਾ ਵਰਕਿੰਗ ਕਮੇਟੀ ਤੋਂ ਇਲਾਵਾ ਹਲਕਾ ਇੰਚਾਰਜ ਵੀ ਸ਼ਾਮਿਲ ਹੋਣਗੇ ਤੇ 2 ਅਗਸਤ ਦੇ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਪਾਰਟੀ ਦੇ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ।



## ਖੂਨਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਮਹਾਨ ਸੇਵਾ : ਸੰਤ ਨਰੇਸ਼ ਗਿਰ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਡੇਰਾ ਬਾਬਾ ਭਗਤ ਰਾਮ ਪਿੰਡ ਨੰਗਲ ਖੂੰਗਾ ਵਿਖੇ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ। ਸੰਤ ਬਾਬਾ ਭਗਤ ਰਾਮ ਦੀ 87ਵੀਂ ਬਰਸੀ ਨੂੰ ਸਮਰਪਤ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਨਰੇਸ਼ ਗਿਰ ਦੀ ਸਰਪ੍ਰਸਤੀ ਹੇਠ ਲਗਾਏ ਗਏ ਇਸ ਖੂਨਦਾਨ ਕੈਂਪ ਦੌਰਾਨ ਦੋਆਬਾ ਹਸਪਤਾਲ ਸੁਲਤਾਨਪੁਰ ਲੋਧੀ ਰੋਡ ਕਪੂਰਥਲਾ ਦੀ ਟੀਮ ਵਿੱਚ ਸ਼ਾਮਲ ਲਵਪ੍ਰੀਤ ਸਿੰਘ, ਰੋਹਿਤ ਕੁਮਾਰ, ਹੰਸ ਰਾਜ, ਰਜਨੀ ਕਾਜਲ ਨੇ ਸੇਵਾਵਾਂ ਪ੍ਰਦਾਨ ਕੀਤੀਆਂ। ਕੈਂਪ ਦੌਰਾਨ ਇਲਾਕੇ ਭਰ ਚੋਂ 30 ਨੌਜਵਾਨਾਂ ਨੇ ਖੂਨਦਾਨ ਕੀਤਾ। ਇਸ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਐ.ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ, ਮੂਨਕ ਖੁਰਦ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਸੁਰਜੀਤ ਸਿੰਘ ਭਾਰਦਵਾਜ, ਮਾਨਵਤਾ ਸੇਵਾ ਸੋਸਾਇਟੀ ਨੰਗਲ ਖੂੰਗਾ ਦੇ ਪ੍ਰਧਾਨ ਅਵਤਾਰ ਸਿੰਘ ਤਾਰੀ ਨੇ ਜਿੱਥੇ ਸੰਤ ਬਾਬਾ ਨਰੇਸ਼ ਗਿਰ ਜੀ ਵੱਲੋਂ ਕੀਤੇ ਜਾ ਰਹੇ ਪਰਉਪਕਾਰੀ ਕਾਰਜਾਂ ਦੀ ਸ਼ਲਾਘਾ ਕੀਤੀ ਉੱਥੇ ਖੂਨਦਾਨ ਕੈਂਪ ਵਿੱਚ ਯੋਗਦਾਨ ਪਾਉਣ ਵਾਲੇ ਨੌਜਵਾਨਾਂ ਦੀ ਸੇਵਾ ਨੂੰ ਮਹਾਨ ਦੱਸਿਆ ਤੇ ਆਖਿਆ ਕਿ ਸਾਡੇ ਵੱਲੋਂ ਦਾਨ ਕੀਤੇ ਗਏ ਖੂਨ ਨਾਲ ਕਿਸੇ ਵੀ ਲੋੜਵੰਦ ਦੀ ਜਾਨ ਬਚ ਸਕਦੀ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਅਜਿਹੇ ਪਰਉਪਕਾਰੀ ਕਾਰਜਾਂ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਸੰਤ ਨਰੇਸ਼ ਗਿਰ ਵੱਲੋਂ ਖੂਨਦਾਨ ਕਰਨ ਵਾਲੇ ਨੌਜਵਾਨਾਂ ਦਾ ਹਸਪਤਾਲ ਵੱਲੋਂ ਜਾਰੀ ਸਰਟੀ ਫਿਕੇਟ ਅਤੇ ਸਿਰਪਾਓ ਭੇਟ ਕਰਕੇ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸੈਕਟਰੀ ਜੈ ਸਿੰਘ, ਅਵਤਾਰ ਸਿੰਘ ਤਾਰੀ, ਮਨਜੀਤ ਸਿੰਘ, ਜਰਨੈਲ ਸਿੰਘ, ਕੁਲਦੀਪ ਸਿੰਘ, ਸੰਦੀਪ ਸਿੰਘ, ਰੂਪ ਲਾਲ, ਅਮਰੀਕ ਸਿੰਘ ਸੋਢੀ, ਅਵਤਾਰ ਸਿੰਘ ਬਿੱਟੂ, ਜੱਸੀ ਮੂਨਕਾ, ਹਰਿ ਗੁਰ ਸਿਮਰਜੀਤ ਸਿੰਘ, ਰਣਜੀਤ ਸਿੰਘ ਰਾਜਪੁਰ, ਗੁਰਪ੍ਰੀਤ ਸਿੰਘ ਗੋਪੀ, ਰਮਨ ਰਾਜ ਪੁਰੀਆ ਨਰਿੰਦਰ ਸਿੰਘ ਨੰਗਲ ਖੂੰਗਾ, ਰੂਪ ਲਾਲ, ਦਵਿੰਦਰ ਸਿੰਘ ਨੰਗਲ ਦਾਤਾ, ਬਲਵੀਰ ਸਿੰਘ ਬੱਬੂ, ਕੁਲਦੀਪ ਸਿੰਘ ਨੰਗਲ ਖੂੰਗਾ, ਮਨਜਿੰਦਰ ਸਿੰਘ ਸਾਗਰ, ਦਵਿੰਦਰ ਸਿੰਘ, ਅਵਤਾਰ ਸਿੰਘ ਤਾਰੀ ਵੀ ਹਾਜ਼ਰ ਸਨ।

## ਲਾਹੌਰੀ ਰਾਮ ਬਾਲੀ ਬੇਖੌਫ, ਨਿਧੜਕ ਤੇ ਬੇਮਿਸਾਲ ਸ਼ਖਸੀਅਤ ਦੇ ਮਾਲਕ ਸਨ : ਪ੍ਰੋ. ਜਗਮੋਹਨ ਸਿੰਘ

**ਜਲੰਧਰ (ਰਾਜੇਸ਼ ਥਾਪਾ)**

ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਵੱਲੋਂ ਮਰਹੂਮ ਲਾਹੌਰੀ ਰਾਮ ਬਾਲੀ ਦੇ ਚੌਥੇ ਪ੍ਰੀਨਿਰਵਾਣ ਦਿਵਸ ਨੂੰ ਸਮਰਪਿਤ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਵਿੱਚ ਸ਼ਹੀਦ ਭਗਤ ਸਿੰਘ ਦੇ ਭਾਣਜੇ ਪ੍ਰੋਫੈਸਰ ਜਗਮੋਹਨ ਸਿੰਘ ਮੁੱਖ ਬੁਲਾਰੇ ਵਜੋਂ ਅਤੇ ਅਜੀਤ ਸਮਾਚਾਰ ਗਰੁੱਪ ਦੇ ਸੀਨੀਅਰ ਪੱਤਰਕਾਰ ਸਤਨਾਮ ਸਿੰਘ ਮਾਣਕ ਵਿਸ਼ੇਸ਼ ਬੁਲਾਰੇ ਵਜੋਂ ਸ਼ਾਮਿਲ ਹੋਏ। ਮੁੱਖ ਮਹਿਮਾਨ ਪ੍ਰੋਫੈਸਰ ਜਗਮੋਹਨ ਸਿੰਘ ਨੇ ਲਾਹੌਰੀ ਰਾਮ ਬਾਲੀ ਨਾਲ ਸ਼ਹੀਦੇ-ਆਜ਼ਮ ਸ੍ਰ. ਭਗਤ ਸਿੰਘ ਦੇ ਪਿੰਡ ਖਟਕੜ ਕਲਾ ਵਿਖੇ ਹੋਈ 1949 ਨੂੰ ਪਹਿਲੀ ਮੁਲਾਕਾਤ ਦੀ ਯਾਦ ਤਾਜ਼ਾ ਕਰਦਿਆਂ ਕਿਹਾ ਕਿ ਮੇਰੇ ਮਾਤਾ ਬੀਬੀ ਅਮਰ ਕੌਰ ਜੀ, (ਸ਼ਹੀਦ ਭਗਤ ਸਿੰਘ ਦੀ ਛੋਟੀ ਭੈਣ) ਬਾਲੀ ਸਾਹਿਬ ਨੂੰ ਆਪਣਾ ਭਰਾ ਮੰਨਦੇ ਸਨ। ਉਨ੍ਹਾਂ ਨੇ ਦੱਸਿਆ ਕਿ ਮੇਰੇ ਮਾਤਾ ਜੀ ਨੇ ਮੇਰਾ ਹੱਥ ਬਾਲੀ ਸਾਹਿਬ ਨੂੰ ਫੜਾਉਂਦਿਆਂ ਮੈਨੂੰ ਹਦਾਇਤ ਕੀਤੀ ਸੀ ਕਿ ਅੱਜ ਤੋਂ ਤੂੰ ਬਾਲੀ ਸਾਹਿਬ ਦੇ ਨਕਸ਼ੇ-ਕਦਮ ਤੇ ਚਲਦਿਆਂ ਆਪਣੇ ਵਿਚਾਰਾਂ ਵਿੱਚ ਪਰਪੱਕਤਾ ਲਿਆਉਣੀ ਹੈ। ਪ੍ਰੋਫੈਸਰ ਜਗਮੋਹਨ ਸਿੰਘ ਨੇ ਕਿਹਾ ਕਿ ਬਾਲੀ ਜੀ ਬੇਖੌਫ, ਨਿਧੜਕ ਤੇ ਬੇਮਿਸਾਲ ਸ਼ਖ਼ਸੀਅਤ ਦੇ ਮਾਲਕ ਸਨ। ਮੁੱਖ ਮਹਿਮਾਨ ਨੇ ਕਿਹਾ ਕਿ ਬਾਲੀ ਦੀ ਸਰਪਰਸਤੀ ਹੇਠ ਉਸਾਰਿਆ ਗਿਆ ਅੰਬੇਡਕਰ ਭਵਨ ਇੱਕ ਇਤਿਹਾਸਿਕ ਤੇ ਯਾਦਗਾਰੀ ਸਥਾਨ ਹੈ, ਜਿੱਥੋਂ ਡਾ. ਅੰਬੇਡਕਰ ਸਾਹਿਬ ਦੇ ਸਿਧਾਂਤਕ ਫਲਸਫੇ ਦਾ ਪ੍ਰਚਾਰ ਕੀਤਾ ਜਾਂਦਾ ਹੈ। ਸਮਾਗਮ ਦੇ ਵਿਸ਼ੇਸ਼ ਮਹਿਮਾਨ ਸੀਨੀਅਰ ਪੱਤਰਕਾਰ ਉੱਘੇ ਬੁੱਧੀਜੀਵੀ ਰੋਜਾਨਾ ਅਜੀਤ ਦੇ ਸੰਪਾਦਕ ਸ੍ਰੀ ਸਤਨਾਮ ਸਿੰਘ ਮਾਣਕ ਨੇ ਕਿਹਾ ਕਿ ਬਾਲੀ ਸਾਹਿਬ ਮੇਰੇ ਲਈ ਸਦਾ ਪ੍ਰੇਰਨਾ ਦੇ ਸਰੋਤ ਰਹੇ ਹਨ। ਉਨ੍ਹਾਂ ਨੇ ਡਾ. ਅੰਬੇਡਕਰ ਸਾਹਿਬ ਦੀਆਂ ਧਰਮ ਨਿਰਪੱਖ, ਲੋਕਤੰਤਰਿਕ ਅਤੇ ਪਛੜੇ ਤੇ ਦਲਿਤ ਸਮਾਜ ਦੀ ਬੇਹਤਰੀ ਲਈ ਕੀਤੇ ਗਏ ਸੰਘਰਸ਼ ਦੀ



ਨੀਤੀ ਨੂੰ ਆਪਣੀ ਜ਼ਿੰਦਗੀ ਦਾ ਮੂਲ ਮੰਤਵ ਸਮਝਦਿਆਂ ਆਪਣੀਆਂ ਲਿਖਤਾਂ ਅਤੇ ਅੰਦੋਲਨਾਂ ਦੁਆਰਾ ਲਗਾਤਾਰ ਸੰਘਰਸ਼ਸ਼ੀਲ ਜੀਵਨ ਬਤੀਤ ਕੀਤਾ। ਉੱਘੇ ਲੇਖਕ ਅਤੇ ਬੁੱਧੀਜੀਵੀ ਡਾ. ਸੁਰਿੰਦਰ ਅਜਨਾਤ ਨੇ ਕਿਹਾ ਕਿ ਬਾਲੀ ਸਾਹਿਬ ਇੱਕ ਗੰਭੀਰ ਚਿੰਤਕ, ਪ੍ਰਤਿਬਧ ਅੰਬੇਡਕਰੀ ਲੇਖਕ, ਪੀੜਿਤ ਲੋਕਾਂ ਲਈ ਨਿਰੰਤਰ ਸੰਘਰਸ਼ ਕਰਨ ਵਾਲੇ ਮਹਾਨ ਯੋਧਾ ਸਨ। ਰਮੇਸ਼ ਚੰਦਰ, ਸਾਬਕਾ ਰਾਜਦੂਤ ਨੇ ਬਾਲੀ ਸਾਹਿਬ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਬਾਲੀ ਸਾਹਿਬ ਦੀ ਅੰਦੋਲਨਕਾਰੀ ਸ਼ਖ਼ਸ਼ੀਅਤ ਦਾ ਵਿਸ਼ੇਸ਼ ਜ਼ਿਕਰ ਕੀਤਾ। ਸੋਹਨ ਲਾਲ ਸਾਂਪਲਾ ਜਰਮਨੀ, ਡਾ. ਜੀ. ਸੀ. ਕੌਲ ਜਸਵਿੰਦਰ ਵਰਿਆਣਾ ਤੇ ਐਡਵੋਕੇਟ ਹਰਭਜਨ ਸਾਂਪਲਾ ਨੇ ਵੀ ਆਪਣੇ ਵਿਚਾਰ ਪੇਸ਼ ਕਰਦਿਆਂ ਮਰਹੂਮ ਲਾਹੌਰੀ ਰਾਮ ਬਾਲੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ।ਅੰਬੇਡਕਰ ਮਿਸ਼ਨ ਸੁਸਾਇਟੀ ਦੇ ਪ੍ਰਧਾਨ ਪ੍ਰੋਫੈਸਰ ਬਲਬੀਰ ਨੇ ਸਭ ਮਹਿਮਾਨਾਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ।ਸੁਸਾਇਟੀ ਦੇ ਮੁੱਖ ਸਲਾਹਕਾਰ ਚਰਨ ਦਾਸ ਸੰਧੂ ਨੇ ਮੰਚ ਦਾ ਸੰਚਾਲਨ ਬਾਖੂਬੀ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਮਹਿੰਦਰ ਸੰਧੂ, ਬਲਦੇਵ ਰਾਜ ਭਾਰਦਵਾਜ ਪਰਮਿੰਦਰ ਸਿੰਘ ਖੁੱਤਣ, ਡਾ. ਰਾਹੁਲ ਬਾਲੀ, ਤਿਲਕ ਰਾਜ, ਕਮਲਸ਼ੀਲ ਬਾਲੀ, ਡਾ. ਚਰਨਜੀਤ ਸਿੰਘ, ਨਿਰਮਲ ਬਿੰਜੀ, ਚਰਨਜੀਤ ਸਿੰਘ ਚੰਨੀ, ਕਮਲ ਕੁਮਾਰ, ਪ੍ਰਿੰਸੀਪਲ ਪਰਮਜੀਤ ਜੱਸਲ, ਪ੍ਰਿੰਸੀਪਲ ਕੁਲਵੰਤ ਸਿੰਘ ਫੁੱਲ, ਡੀ.ਪੀ. ਭਗਤ, ਮਨਜੀਤ ਸਿੰਘ, ਓਮ ਪ੍ਰਕਾਸ਼, ਚਮਨ ਸਾਂਪਲਾ, ਪ੍ਰੋ. ਅਤਿੰਦਰ ਸਿੰਘ, ਪ੍ਰੋ. ਅਸ਼ਵਨੀ ਜਸਲ, ਅਜੇ ਯਾਦਵ, ਰੂਪ ਲਾਲ, ਐਮ.ਆਰ. ਸੱਲਣ, ਡਾ. ਸੰਦੀਪ ਮਹਿਮੀ, ਸੂਰਜ ਬਿਰਦੀ, ਬਲਵਿੰਦਰ ਪੁਆਰ, ਇੰਜੀ. ਜੀਤ ਸਿੰਘ, ਹੁਸਨ ਲਾਲ ਫੂਲਪੁਰ, ਮਲਕੀਤ ਸਿੰਘ, ਜਗਦੀਸ਼ ਕੁਮਾਰ ਡਾਲੀਆ, ਪਰਮਜੀਤ ਮਹੇ, ਸਵਰਨ ਦਾਸ, ਜੀ. ਰਾਜ ਅੰਗੂਰਾਨਾ, ਹਰੀ ਸਿੰਘ ਥਿੰਦ, ਧਨੀ ਰਾਮ, ਪਿਛੌਰੀ ਲਾਲ ਸੰਧੂ, ਹਿਤੇਸ਼ ਕੁਮਾਰ, ਸੋਨੀਆ ਭਾਰਦਵਾਜ, ਗੁਰਮੀਤ ਕੌਰ ਆਦਿ ਹਾਜ਼ਰ ਸਨ।

## ਸ਼ਹੀਦ ਬਾਬਾ ਮਤੀ ਜੀ ਦਾ ਪ੍ਰਕਾਸ਼ ਦਿਹਾੜਾ ਅੱਜ ਮਨਾਇਆ ਜਾਵੇਗਾ

**ਆਦਮਪੁਰ (ਪਰਮਜੀਤ ਸਿੰਘ)**-ਧੰਨ ਧੰਨ ਸ਼ਹੀਦ ਬਾਬਾ ਮਤੀ ਸਾਹਿਬ ਦਾ ਪ੍ਰਕਾਸ਼ ਦਿਹਾੜਾ 15 ਜੁਲਾਈ ਨੂੰ ਗੁਰਦੁਆਰਾ ਜਨਮ ਅਸਥਾਨ ਸ਼ਹੀਦ ਬਾਬਾ ਮਤੀ ਸਾਹਿਬ ਪਿੰਡ ਬਡਲਾ ਨੇੜੇ ਪਿੰਡ ਰਾਜਪੁਰ ਭਾਈਆਂ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਬਡਲਾ ਤੇ ਸਮੂਹ ਸਾਧ ਸੰਗਤ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ। ਪ੍ਰਕਾਸ਼ ਦਿਹਾੜਾ ਮਨਾਉਣ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼ਹੀਦ ਬਾਬਾ ਮੱਤੀ ਸਾਹਿਬ ਡਰੋਲੀ ਕਲਾਂ ਤੇ ਸ਼ਹੀਦ ਬਾਬਾ ਮੱਤੀ ਸਾਹਿਬ ਸੇਵਾ ਸੋਸਾਇਟੀ ਦਾ ਵੀ ਵਿਸ਼ੇਸ਼ ਸਹਿਯੋਗ ਰਹੇਗਾ । ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਦੱਸਿਆ ਕਿ ਇਸ ਸੰਬੰਧ ਵਿੱਚ 13 ਤੇ 14 ਨੂੰ ਸੰਧਿਆ ਫੇਰੀਆਂ ਕੱਢੀਆਂ ਜਾਣਗੀਆਂ ਅਤੇ 13 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ, ਭੋਗ 15 ਜੁਲਾਈ ਨੂੰ ਸਵੇਰੇ 10 ਵਜੇ ਪਾਏ ਜਾਣਗੇ। ਉਪਰੰਤ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਰਾਗੀ ਢਾਡੀ, ਕਥਾਵਾਚਕ ਤੇ ਕਵੀਸ਼ਰੀ ਜਥੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ।ਗੁਰੂ ਕਾ ਅਤੁੱਟ ਲੰਗਰ ਵਰਤਾਇਆ ਜਾਵੇਗਾ।

## ਵਿਦਿਆਰਥੀਆਂ ਨੂੰ ਵਜ਼ੀਫ਼ੇ ਦੇਣ ਲਈ ਅਰਜ਼ੀਆਂ ਦੀ ਮੰਗ

**ਰੂਪਨਗਰ (ਰਜਿੰਦਰ ਸੈਣੀ)**-ਸੈਣੀ ਚੈਰੀਟੇਬਲ ਐਜੂਕੇਸ਼ਨ ਟਰੱਸਟ (ਰਜਿ.) ਸੈਣੀ ਭਵਨ ਰੂਪਨਗਰ ਵੱਲੋਂ ਪੇਸ਼ੇਵਰ ਤਕਨੀਕੀ ਅਤੇ ਉਚੇਰੀ ਵਿਦਿਅਕ ਸੰਸਥਾਵਾਂ 'ਚ ਦਾਖਲ ਵਿਦਿਆਰਥੀਆਂ ਨੂੰ ਸਾਲ 2026-27 ਸੈਸ਼ਨ ਦੌਰਾਨ ਵਜ਼ੀਫ਼ੇ ਦੇਣ ਲਈ 31 ਅਗਸਤ 2026 ਤੱਕ ਅਰਜੀਆ ਨਿਧਾਰਤ ਫਾਰਮ 'ਚ ਲਈਆ ਜਾਣਗੀਆ। ਫਾਰਮ ਸੈਣੀ ਭਵਨ ਤੋਂ ਸਵੇਰੇ 10 ਤੋਂ 1 ਵਜੇ ਤੱਕ ਕੰਮ ਵਾਲੇ ਦਿਨਾ 'ਚ ਪ੍ਰਾਪਤ ਕੀਤੇ ਜਾ ਸਕਦੇ ਹਨ।ਇਹ ਫੈਸਲਾ ਟਰੱਸਟ ਦੇ ਚੇਅਰਮੈਨ ਬਲਬੀਰ ਸਿੰਘ ਸੈਣੀ ਦੀ ਅਗਵਾਈ 'ਚ ਹੋਈ ਮੀਟਿੰਗ ਦੌਰਾਨ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਟਰਸੱਟ ਦੇ ਪ੍ਰਧਾਨ ਰਾਜਿੰਦਰ ਸੈਣੀ ਨੇ ਦੱਸਿਆ ਕਿ ਟਰੱਸਟ ਵੱਲੋਂ ਵਜ਼ੀਫੇ ਸਤੰਬਰ ਦੇ ਅੰਤ ਜਾ ਅਕਤੂਬਰ ਮਹੀਨੇ ਦੇ ਪਹਿਲੇ ਸਪਤਾਹ 'ਚ ਵੰਡੇ ਜਾਣਗੇ ਅਤੇ ਵਿਦਿਆਰਥੀਆਂ ਦੇ ਆਤਮ ਵਿਸ਼ਵਾਸ ਨੂੰ ਦ੍ਰਿੜ ਬਣਾਉਣ ਦੇ ਉਦੇਸ਼ ਨਾਲ ਭਖਦੇ ਮਸਲਿਆਂ ਤੇ ਭਾਸ਼ਣ ਮੁਕਾਬਲੇ ਵੀ ਕਰਵਾਏ ਜਾਣਗੇ।ਪ੍ਰਤਿਯੋਗਤਾਵਾਂ ਵਿੱਚ ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ ਦਿੱਤਾ ਜਾਵੇਗਾ।ਟਰੱਸਟ ਵਲੋਂ ਇਹ ਵਜ਼ੀਫ਼ੇ ਆਰਥਿਕ ਪੱਖੋ ਕਮਜ਼ੋਰ ਪਰਿਵਾਰਾਂ ਦੇ ਪੜਾਈ ਵਿੱਚ ਵਧਿਆ ਨਤੀਜੇ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਦਿੱਤੇ ਜਾਂਦੇ ਹਨ। ਪਰਵਾਰ ਦੀ ਸਾਲਾਨਾ ਆਮਦਨ 5 ਲੱਖ ਤੋਂ ਵੱਧ ਨਹੀ ਹੋਣੀ ਚਾਹੀਦੀ ਹੈ। ਸਹੀ ਸੂਚਨਾ ਨਾ ਦੇਣ ਵਾਲੇ ਵਿਦਿਆਰਥੀਆਂ ਦੀ ਅਰਜ਼ੀ ਰਦ ਕਰ ਦਿੱਤੀ ਜਾਵੇਗੀ।

## ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਪੈਨਸ਼ਨਰਜ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਕੁਲਦੀਪ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ। ਯੂਨੀਅਨ ਦੇ ਮੁੱਖ ਬੁਲਾਰਿਆਂ ਓਂਕਾਰ ਸਿੰਘ ਪ੍ਰਧਾਨ, ਅਮਰੀਕ ਸਿੰਘ ਸੈਣੀ ਜਨਰਲ ਸਕੱਤਰ, ਬਿੱਕਰ ਸਿੰਘ ਅਤੇ ਜੋਗਾ ਸਿੰਘ ਨੇ ਆਪਣੇ ਸਾਂਝੇ ਸੰਬੋਧਨ ਵਿੱਚ ਸਰਕਾਰ ਵੱਲੋਂ ਪੈਨਸ਼ਨਰਜ਼ ਅਤੇ ਮੁਲਾਜ਼ਮਾਂ ਦੇ 18 % ਡੀਏ ਰੋਕਣ ਦੀ ਨਿਖੇਧੀ ਕੀਤੀ। ਆਗੂਆਂ ਨੇ ਕਿਹਾ ਕਿ ਅਸੀਂ ਕਿਸੇ ਵਰਗ ਦੇ ਖਿਲਾਫ ਨਹੀਂ ਹਾਂ ਪਰ ਸਾਨੂੰ ਸਾਡਾ ਹੱਕ ਮਿਲਣਾ ਚਾਹੀਦਾ ਹੈ। ਅਖੀਰ ਵਿੱਚ ਆਗੂਆਂ ਨੇ ਸਰਕਾਰ ਤੋਂ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਫੈਸਲੇ ਮਿਤੀ 8-4-2026 ਅਨੁਸਾਰ ਬਣਦਾ 18 % ਡੀਏ, ਪੁਰਾਣੀ ਪੈਨਸ਼ਨ ਬਹਾਲੀ, 6ਵੇਂ ਤਨਖਾਹ ਕਮਿਸ਼ਨ ਦੀ ਦੂਜੀ ਰਿਪੋਰਟ ਲਾਗੂ ਕਰਨ ਅਤੇ ਹੋਰ ਮੰਗਾਂ ਲਾਗੂ ਕਰਨ ਦੀ ਮੰਗ ਕੀਤੀ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਬਲਵੀਰ ਸਿੰਘ ਸੈਣੀ ਵਧੀਕ ਜਨਰਲ ਸਕੱਤਰ ਪੰਜਾਬ ਸਟੇਟ ਪੈਨਸ਼ਨਰਜ ਕਨਫਡਰੇਸ਼ਨ ਉਚੇਚੇ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਸੁਰਜੀਤ ਸਿੰਘ, ਓਕਾਰ ਸਿੰਘ, ਗੁਰਚਰਨ ਸਿੰਘ, ਬੂਟਾ ਸਿੰਘ, ਦਵਿੰਦਰ ਸਿੰਘ, ਮੋਹਨ ਸਿੰਘ, ਗੁਰਬਚਨ ਸਿੰਘ, ਹਰਬੰਸ ਲਾਲ, ਦਵਿੰਦਰ ਸਿੰਘ, ਗੁਲਵੰਤ ਸਿੰਘ, ਗੁਰਦੇਵ ਸਿੰਘ, ਬਲਵੀਰ ਸਿੰਘ, ਕੇਵਲ ਰਾਮ ਆਦਿ ਹਾਜ਼ਰ ਸਨ।

## ਬੀ ਐੱਲ ਓ ਯੂਨੀਅਨ ਦੀ ਮੀਟਿੰਗ

**ਕਪੂਰਥਲਾ (ਮਨਜੀਤ ਮਾਨ)**- ਬੀ ਐੱਲ ਓ ਯੂਨੀਅਨ ਤਹਿਸੀਲ ਕਪੂਰਥਲਾ ਦੇ ਅਹੁਦੇਦਾਰਾਂ ਦੀ ਇੱਕ ਮੀਟਿੰਗ ਜ਼ੂਮ ਐਪ ਰਾਹੀਂ ਹੋਈ ਜਿਸ ਵਿੱਚ ਉਹਨਾਂ ਵੱਲੋਂ ਬੀ.ਐਲ.ਓ. ਡਿਊਟੀ/ਐਸ.ਆਈ.ਆਰ. ਦੇ ਦੌਰਾਨ ਆ ਰਹੀ ਸਮੱਸਿਆਵਾਂ ਅਤੇ ਇਸ ਦੌਰਾਨ ਪ੍ਰਸ਼ਾਸਨ ਦੇ ਮਾੜੇ ਰਵਈਏ ਬਾਰੇ ਵੀ ਗੱਲਬਾਤ ਕੀਤੀ । ਉਹਨਾਂ ਜ਼ਿਕਰ ਕੀਤਾ ਕਿ ਲਗਾਤਾਰ ਦੋ ਵਾਰ ਕਪੂਰਥਲਾ ਵਿੱਚ ਪ੍ਰਸ਼ਾਸਨ ਨਾਲ ਮੀਟਿੰਗਾਂ ਕਰਕੇ ਬੀ ਐਲ ਓ ਡਿਊਟੀ ਦੌਰਾਨ ਆ ਰਹੀਆਂ ਸਮੱਸਿਆਵਾਂ ਅਤੇ ਇਹਨਾਂ ਦੇ ਸਾਰਥਕ ਹੱਲ ਵੀ ਸੁਝਾਏ ਗਏ ਜਿਨ੍ਹਾਂ ਵਿੱਚ ਸਭ ਤੋਂ ਮੁੱਖ ਮੰਗ 600 ਤੋਂ ਵੱਧ ਵੋਟਾਂ ਵਾਲੇ ਹਰੇਕ ਬੂਥ ਤੇ ਬੀ ਐੱਲ ਓ ਨਾਲ ਇੱਕ ਸਹਾਇਕ ਬੀ ਐੱਲ ਓ ਲਗਾਏ ਜਾਣ, ਬੀ ਐੱਲਓ ਲਈ ਇੱਕ ਹੈਲਪ ਲਾਈਨ ਨੰਬਰ ਜਾਰੀ ਕਰਨ, ਬੀ ਐੱਲ ਓ ਨੂੰ 30 ਸਤੰਬਰ 2026 ਤੱਕ ਵਿਭਾਗੀ ਡਿਊਟੀ ਤੋਂ ਪੂਰਨ ਤੌਰ ਤੇ ਫਾਰਗ ਕੀਤੇ ਜਾਣ, ਤਹਿਸੀਲ ਪੱਧਰ ਦੇ ਦਫਤਰ ਵੱਲੋਂ ਬੀ ਐੱਲ ਓ ਨੂੰ ਹਰ ਤਰ੍ਹਾਂ ਦੇ ਫਾਰਮ ਤੁਰੰਤ ਮੁਹਈਆ ਕਰਾਏ ਜਾਣ, ਕੰਮ ਦੇ ਜਿਆਦਾ ਭਾਰ ਅਤੇ ਤਣਾਅ ਕਾਰਨ ਬੀ ਐੱਲ ਓ ਆਤਮ-ਹੱਤਿਆਵਾਂ ਦੀਆਂ ਘਟਨਾਵਾਂ ਨੂੰ ਦੇਖਦੇ ਹੋਏ ਕੰਮ ਦਾ ਵਾਧੂ ਬੋਝ ਨਾ ਪਾਉਣ, ਐੱਸ ਆਈ ਆਰ ਦੇ ਕੰਮ ਦੀ ਸਮਾਂ ਸੀਮਾ ਇਕ



ਮਹੀਨਾ ਹੋਰ ਵਧਾਏ ਜਾਣ ਆਦਿ ਤੇ ਪ੍ਰਸ਼ਾਸਨ ਨਾਲ ਗੱਲਬਾਤ ਕੀਤੀ ਸੀ । ਪਰ ਪ੍ਰਸ਼ਾਸਨ ਵੱਲੋਂ ਇਹਨਾਂ ਸਾਰੀਆਂ ਜਰੂਰੀ ਮੰਗਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ ਜਿਸ ਕਾਰਨ ਬੀ ਐੱਲ ਓ ਲੱਗੇ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਤੇ ਉਹਨਾਂ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਜਲਦੀ ਹੀ ਇਹ ਮਸਲੇ ਹੱਲ ਨਹੀਂ ਹੁੰਦੇ ਤਾਂ ਬੀ ਐੱਲ ਓ ਯੂਨੀਅਨ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।ਇਸ ਦੇ ਨਾਲ ਹੀ ਬੀ ਐੱਲ ਓ ਯੂਨੀਅਨ ਤਹਿਸੀਲ ਕਪੂਰਥਲਾ ਇਕਾਈ ਨੇ ਕਪੂਰਥਲਾ ਜ਼ਿਲ੍ਹੇ ਦੀਆਂ ਬਾਕੀ ਤਹਿਸੀਲਾਂ ਫਗਵਾੜਾ, ਭੁਲੱਥ ਅਤੇ ਸੁਲਤਾਨਪੁਰ ਵਿੱਚ ਬਤੌਰ ਬੀਐਲਓ ਡਿਊਟੀ ਨਿਭਾਅ ਰਹੇ ਕਰਮਚਾਰੀਆਂ ਨੂੰ ਜਥੇਬੰਦੀ ਵਿੱਚ ਸ਼ਾਮਿਲ ਹੋਣ ਅਤੇ ਬੀਐਲਓ ਯੂਨੀਅਨ ਦਾ ਆਧਾਰ ਹੋਰ ਵੱਡਾ ਕੀਤੇ ਜਾਣ ਦੀ ਅਪੀਲ ਕੀਤੀ ਤਾਂ ਕਿ ਬੀ.ਐਲ.ਓ ਲੱਗੇ ਕਰਮਚਾਰੀਆਂ ਨਾਲ ਹੋ ਰਹੇ ਹੋ ਰਹੀਆਂ ਵਧੀਕੀਆਂ ਦਾ ਹੱਲ ਸੰਘਰਸ਼ ਰਾਹੀਂ ਕਰਵਾਇਆ ਜਾ ਸਕੇ । ਇਸ ਮੀਟਿੰਗ ਵਿੱਚ ਜਥੇਬੰਦੀ ਦੇ ਪ੍ਰਧਾਨ ਸ਼੍ਰੀ ਕੁਸ਼ਲ ਕੁਮਾਰ, ਸਕੱਤਰ ਨਿਸ਼ਾਂਤ ਕੁਮਾਰ ਸੀਨੀਅਰ ਸਲਾਹਕਾਰ ਤਜਿੰਦਰ ਸਿੰਘ, ਪੰਕਜ ਬਾਬੂ, ਮਹਾਵੀਰ, ਸੁਖਵਿੰਦਰ ਸਿੰਘ ਮਨਦੀਪ ਸਿੰਘ, ਕਮਲ ਬਾਵਾ, ਜਗਦੇਵ ਸਿੰਘ, ਮੀਨੂ ਰਾਣੀ, ਪਰਵੀਨ ਆਨੰਦ, ਰਮਨਪ੍ਰੀਤ ਕੌਰ, ਰਮਨਦੀਪ ਕੌਰ, ਸੁਰਿੰਦਰ ਪਾਲ ਸਿੰਘ ਧਰਮਿੰਦਰ ਸਿੰਘ ਤੇ ਹੋਰ ਆਗੂ ਸ਼ਾਮਿਲ ਸਨ ।

## ਸੱਪ ਦੇ ਡੰਗ ਦਾ ਇਲਾਜ ਸਰਕਾਰੀ ਹਸਪਤਾਲਾਂ 'ਚ ਮੁਫ਼ਤ ਉਪਲੱਬਧ : ਸਿਵਲ ਸਰਜਨ

**ਮੁਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਸੱਪ ਦੇ ਡੰਗ ਦਾ ਇਲਾਜ ਉਪਲਬਧ ਹੈ, ਇਸ ਲਈ ਅਜਿਹੀ ਹਾਲਤ ਵਿਚ ਮਰੀਜ਼ ਨੂੰ ਤੁਰੰਤ ਸਰਕਾਰੀ ਹਸਪਤਾਲ ਲਿਆਂਦਾ ਜਾਵੇ। ਇਹ ਜਾਣਕਾਰੀ ਸਾਂਝੀ ਕਰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਕਿਹਾ ਕਿ ਸੱਪ ਦੇ ਡੰਗੇ ਜਾਣ ਤੋਂ ਬਾਅਦ ਅਖੌਤੀ ਤਾਂਤਰਿਕਾਂ/ਬਾਬਿਆਂ ਜਾਂ ਝੋਲਾ ਛਾਪ ਡਾਕਟਰਾਂ ਕੋਲ ਨਹੀਂ ਜਾਣਾ ਚਾਹੀਦਾ ਕਿਉਂਕਿ ਉਨ੍ਹਾਂ ਕੋਲ ਕੋਈ ਡਾਕਟਰੀ ਇਲਾਜ ਨਹੀਂ ਹੁੰਦਾ ਸਗੋਂ ਉਹ ਕਈ ਵਾਰ ਮਰੀਜ਼ ਦੀ ਹਾਲਤ ਨੂੰ ਹੋਰ ਗੰਭੀਰ ਬਣਾ ਦਿੰਦੇ ਹਨ ਅਤੇ ਸਮੇਂ ਸਿਰ ਸਹੀ ਇਲਾਜ ਨਾ ਮਿਲਣ ਕਾਰਨ ਕਈ ਵਾਰ ਮਰੀਜ਼ ਦੀ ਜਾਨ ਵੀ ਚਲੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸੱਪ ਦੁਆਰਾ ਡੰਗ ਮਾਰੇ ਜਾਣ 'ਤੇ ਘਬਰਾਉਣ ਦੀ ਜ਼ਰੂਰਤ ਨਹੀਂ ਸਗੋਂ ਮਰੀਜ਼ ਨੂੰ ਤੁਰੰਤ ਸਰਕਾਰੀ ਹਸਪਤਾਲ ਵਿਚ ਲਿਆਂਦਾ ਜਾਵੇ ਜਿੱਥੇ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਇਹ ਇਲਾਜ ਮੋਹਾਲੀ, ਖਰੜ, ਡੇਰਾਬੱਸੀ, ਕੁਰਾਲੀ, ਬੂਥਗੜ੍ਹ, ਘੜੂੰਆਂ, ਜ਼ੀਰਕਪੁਰ, ਬਨੂੜ, ਲਾਲੜੂ ਦੇ ਸਰਕਾਰੀ ਹਸਪਤਾਲਾਂ ਵਿਚ ਉਪਲਬਧ ਹੈ। ਨੋਡਲ ਅਧਿਕਾਰੀ ਡਾ. ਹਰਮਨਦੀਪ ਕੌਰ ਨੇ ਕਿਹਾ ਕਿ ਬਰਸਾਤ ਦੇ ਮੌਸਮ 'ਚ ਸੱਪਾਂ ਦੁਆਰਾ ਇਨਸਾਨਾਂ ਨੂੰ ਡੰਗੇ ਜਾਣ ਦੀਆਂ ਘਟਨਾਵਾਂ ਆਮ ਸਾਹਮਣੇ ਆਉਂਦੀਆਂ ਹਨ।



## ਯਾਦਗਾਰੀ ਹੋ ਨਿਬੜਿਆ ਰਵਿਦਾਸੀਆ ਧਰਮ ਸੰਗਠਨ ਦਾ ਚੇਤਨਾ ਸੰਤ ਸਮਾਗਮ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਅਖਿਲ ਭਾਰਤੀ ਰਵਿਦਾਸੀਆ ਧਰਮ ਸੰਗਠਨ (ਪੰਜਾਬ ਇਕਾਈ) ਵੱਲੋਂ ਨਵੀਂ ਦਾਣਾ ਮੰਡੀ ਹੁਸ਼ਿਆਰਪੁਰ ਰੋਡ, ਫਗਵਾੜਾ ਵਿਖੇ ਕਰਵਾਇਆ ਗਿਆ ਮਹਾਨ ਰਵਿਦਾਸੀਆ ਧਰਮ ਚੇਤਨਾ ਸੰਤ ਸਮਾਗਮ ਸਮੁੱਚੇ ਸਤਿਗੁਰੂ ਰਵਿਦਾਸ ਸਾਧੂ ਸਮਾਜ ਦੀ ਭਰਵੀਂ ਸਮੂਲੀਅਤ, ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ 'ਚ ਪੁੱਜੀਆਂ ਸੰਗਤਾਂ ਅਤੇ ਵੱਖ-ਵੱਖ ਧਾਰਮਿਕ, ਸਮਾਜਿਕ ਤੇ ਸਿਆਸੀ ਸ਼ਖਸੀਅਤਾਂ ਦੀ ਹਾਜ਼ਰੀ ਵਿੱਚ ਇਤਿਹਾਸਕ ਅਤੇ ਯਾਦਗਾਰੀ ਢੰਗ ਨਾਲ ਸੰਪੰਨ ਹੋਇਆ। ਸਮਾਗਮ ਦੌਰਾਨ ਰਵਿਦਾਸੀਆ ਧਰਮ ਦੇ ਪ੍ਰਚਾਰ-ਪ੍ਰਸਾਰ, ਧਾਰਮਿਕ ਏਕਤਾ ਅਤੇ ਵੱਖਰੀ ਧਾਰਮਿਕ ਪਹਿਚਾਣ ਨੂੰ ਹੋਰ ਮਜ਼ਬੂਤ ਕਰਨ ਦਾ ਸੰਦੇਸ਼ ਦਿੱਤਾ ਗਿਆ। ਸਮਾਗਮ ਦੀ ਅਗਵਾਈ ਪਦਮਸ੍ਰੀ ਸੰਤ ਨਿਰੰਜਣ ਦਾਸ ਮਹਾਰਾਜ, ਗੱਦੀਨਸ਼ੀਨ ਡੇਰਾ ਸੱਚਖੰਡ ਬੱਲਾਂ ਅਤੇ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਮੰਦਿਰ ਪਬਲਿਕ ਚੈਰੀਟੇਬਲ ਟਰੱਸਟ, ਸੀਰ ਗੋਵਰਧਨਪੁਰ (ਕਾਸ਼ੀ) ਨੇ ਕੀਤੀ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਤਿਗੁਰੂ ਰਵਿਦਾਸ ਮਹਾਰਾਜ ਦੇ ਉਪਦੇਸ਼ਾਂ 'ਤੇ ਚੱਲਣ, ਸਮਾਜਿਕ ਏਕਤਾ ਨੂੰ ਮਜ਼ਬੂਤ ਕਰਨ ਅਤੇ ਰਵਿਦਾਸੀਆ ਧਰਮ ਦੇ ਪ੍ਰਚਾਰ ਲਈ ਹਰ ਘਰ ਤੱਕ ਪਹੁੰਚਣ ਦਾ ਸੱਦਾ ਦਿੱਤਾ। ਨਾਲ ਹੀ ਉਨ੍ਹਾਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪਾਵਨ ਪ੍ਰਕਾਸ਼ ਪੁਰਬ ਨੂੰ ਵਿਸ਼ਵ ਪੱਧਰ 'ਤੇ ਸ਼ਾਨਦਾਰ ਅਤੇ ਯਾਦਗਾਰੀ ਢੰਗ ਨਾਲ ਮਨਾਉਣ ਦਾ ਵੀ ਅਹਿਦ ਦੁਹਰਾਇਆ। ਸਮਾਗਮ ਨੂੰ ਸੰਬੋਧਨ ਕਰਦਿਆਂ ਸੰਤਾਂ ਮਹਾਂਪੁਰਸ਼ਾਂ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਭਾਰਤ ਦੀ ਆਉਣ ਵਾਲੀ ਜਨਗਣਨਾ ਵਿੱਚ ਰਵਿਦਾਸੀਆ ਧਰਮ ਲਈ ਵੱਖਰਾ ਧਾਰਮਿਕ ਕਾਲਮ ਦੇਣ ਸਬੰਧੀ ਨੋਟੀਫਿਕੇਸ਼ਨ ਜਲਦ ਜਾਰੀ ਕੀਤਾ ਜਾਵੇ ਤਾਂ ਜੋ ਰਵਿਦਾਸੀਆ ਸਮਾਜ ਆਪਣੀ ਵੱਖਰੀ ਧਾਰਮਿਕ ਪਹਿਚਾਣ ਨੂੰ ਸੰਵਿਧਾਨਕ ਤੌਰ 'ਤੇ ਦਰਜ ਕਰਵਾ ਸਕੇ। ਅਖੀਰ ਵਿੱਚ ਪਦਮਸ਼੍ਰੀ ਸੰਤ ਨਿਰੰਜਣ ਦਾਸ ਮਹਾਰਾਜ ਜੀ ਵਲੋਂ ਪਹੁੰਚੇ ਸੰਤ ਮਹਾਂਪੁਰਸ਼ਾਂ, ਸਮਾਜਿਕ ਅਤੇ ਸਿਆਸੀ ਆਗੂਆਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਸਟਰ ਸੋਮਰਾਜ ਗੋਲਡ ਮੈਡਲਿਸਟ, ਜੱਥੇਦਾਰ ਸਰੂਪ ਸਿੰਘ ਖਲਵਾੜਾ, ਬਲਵੰਤ ਸਿੰਘ, ਵਿਜੇ ਕੁਮਾਰ ਸਰਪੰਚ ਢੱਕ ਪੰਡੋਰੀ, ਚੰਦਰੇਸ਼ ਕੌਲ, ਜੋਗਿੰਦਰ ਪਾਲ, ਅਵਤਾਰ ਕਜਲਾ, ਸੋਮ ਨਾਥ ਕ੍ਰਿਪਾਲਪੁਰ ਕਲੋਨੀ, ਸਾਲਗਰਾਮ ਜੱਸੀ, ਹਰਮੇਸ਼ ਲਾਲ ਨਵੀਂ ਆਬਾਦੀ ਨਾਰੰਗਸ਼ਾਹਪੁਰ, ਅਸ਼ੋਕ ਸੰਧੂ, ਡਾ. ਸੁਖਦੇਵ ਬੰਗਾ, ਸੁਰਿੰਦਰ ਬੱਬੂ, ਮਾਸਟਰ ਜਗਦੀਸ਼ ਕਲੇਰ, ਗੁਰਬਚਨਾ ਰਾਮ, ਰਾਣੀ ਸਰਪੰਚ ਮਹੇੜੂ, ਦੇਸਰਾਜ, ਚਰਨਜੀਤ ਚਹੇੜੂ, ਜੀਤਾ ਕੋਟਰਾਣੀ ਆਦਿ ਵੀ ਹਾਜਰ ਸਨ।

## ਐਂਟਰਪ੍ਰੇਨਿਓਰਸ਼ਿਪ ਮਾਈਂਡਸੈੱਟ ਕੋਰਸ 'ਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੀ ਸ਼ਾਨਦਾਰ ਪ੍ਰਾਪਤੀ

**ਆਦਮਪੁਰ (ਪਲਮਜੀਤ ਸਿੰਘ)**

ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ, ਵਾਈਸ-ਚਾਂਸਲਰ ਪ੍ਰੋ. ਪਲਵਿੰਦਰ ਸਿੰਘ ਅਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਖਿਆਲਾ (ਜਲੰਧਰ) ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਐਂਟਰਪ੍ਰੇਨਿਓਰਸ਼ਿਪ ਮਾਈਂਡਸੈੱਟ ਕੋਰਸ (ਈ ਐਮ ਸੀ) ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਦਿਆਂ ਉੱਦਮਤਾ ਦੇ ਖੇਤਰ ਵਿੱਚ ਮਹੱਤਵਪੂਰਨ ਉਪਲਬਧੀਆਂ ਹਾਸਲ ਕੀਤੀਆਂ ਹਨ। ਇਹ ਕੋਰਸ ਵਿਦਿਆਰਥੀਆਂ ਵਿੱਚ ਨਵੀਨ ਸੋਚ, ਸਿਰਜਣਾਤਮਕਤਾ, ਲੀਡਰਸ਼ਿਪ, ਸਵੈ-ਨਿਰਭਰਤਾ ਅਤੇ ਉੱਦਮੀ ਸੋਚ ਨੂੰ ਉਤਸ਼ਾਹਿਤ ਕਰ ਰਿਹਾ ਹੈ। (ਪੰਜਾਬ ਸਟਾਰਟਸ ਅੱਪ. ਕਾਮ) ਤੇ ਉਪਲਬਧ ਤਾਜ਼ਾ ਅੰਕੜਿਆਂ ਅਨੁਸਾਰ ਯੂਨੀਵਰਸਿਟੀ ਦੇ 422 ਵਿਦਿਆਰਥੀਆਂ ਨੇ ਆਪਣੇ ਨਵੀਨਤਾਕਾਰੀ ਵਿਚਾਰਾਂ ਨੂੰ ਹਕੀਕਤ ਵਿੱਚ ਬਦਲਦਿਆਂ ਪੰਜਾਬ ਸਟਾਰਟ ਐਪ 'ਤੇ ਰਜਿਸਟ੍ਰੇਸ਼ਨ ਕਰਵਾਈ ਹੈ। ਇਨ੍ਹਾਂ ਵਿੱਚੋਂ 280 ਵਿਦਿਆਰਥੀਆਂ ਨੇ ਆਪਣੇ ਸਟਾਰਟਅੱਪ ਸਫਲਤਾਪੂਰਵਕ ਬਾਜ਼ਾਰ ਵਿੱਚ ਸ਼ੁਰੂ ਕਰ ਦਿੱਤੇ ਹਨ। ਸਮੂਹ ਵਿਦਿਆਰਥੀ ਨੇ ਮਿਲ ਕੇ ਇੱਕ ਕਰੋੜ ਰੁਪਏ ਤੋਂ ਵੱਧ ਦਾ ਕਾਰੋਬਾਰ ਕੀਤਾ ਹੈ। ਤਾਜ਼ਾ ਜਾਣਕਾਰੀ ਅਨੁਸਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੇ ਈ.ਐਮ.ਸੀ. ਦੇ ਪ੍ਰਭਾਵਸ਼ਾਲੀ ਲਾਗੂ ਕਰਨ ਵਿੱਚ ਪੰਜਾਬ ਦੀਆਂ ਰਾਜ ਯੂਨੀਵਰਸਿਟੀਆਂ ਵਿੱਚ ਦੂਜਾ ਸਥਾਨ ਅਤੇ ਵਿਦਿਆਰਥੀ ਉੱਦਮਤਾ ਰਾਹੀਂ ਆਮਦਨ ਸਿਰਜਣ ਵਿੱਚ ਤੀਜਾ ਸਥਾਨ ਹਾਸਲ ਕੀਤਾ ਹੈ।ਇਸ ਮੌਕੇ ਵਾਈਸ ਚਾਂਸਲਰ ਪ੍ਰੋ. (ਡਾ.) ਪਲਵਿੰਦਰ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਸਿਰਫ਼ ਨੌਕਰੀਆਂ ਦੀ ਤਲਾਸ਼ ਕਰਨ ਵਾਲੇ ਨਹੀਂ, ਸਗੋਂ ਨੌਕਰੀਆਂ ਪੈਦਾ ਕਰਨ ਵਾਲੇ ਉੱਦਮੀ ਬਣਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਫੈਕਲਟੀ ਵਿਕਾਸ, ਉਦਯੋਗਿਕ ਭਾਈਵਾਲੀ ਅਤੇ ਸਟਾਰਟਅੱਪ ਫੰਡਿੰਗ ਨੂੰ ਹੋਰ ਮਜ਼ਬੂਤ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਇਸ ਸ਼ਾਨਦਾਰ ਪ੍ਰਾਪਤੀ ਲਈ ਈ.ਐਮ.ਸੀ ਨਾਲ ਜੁੜੇ ਸਮੂਹ ਫੈਕਲਟੀ ਮੈਂਬਰਾਂ, ਵਿਦਿਆਰਥੀਆਂ ਅਤੇ ਸਹਿਯੋਗੀ ਸੰਸਥਾਵਾਂ ਨੂੰ ਵਧਾਈ ਵੀ ਦਿੱਤੀ।

## ਜੀ ਟੀ ਰੋਡ ਫਲਾਈ ਓਵਰ 'ਤੇ ਸ਼ੂਗਰ ਮਿੱਲ ਚੌਕ ਰਸਤੇ ਨੂੰ ਖੋਲ੍ਹਣ ਦੀ ਮੰਗ



**ਫਗਵਾੜਾ (ਜਸਵਿੰਦਰ ਢੱਡਾ)**

ਫਗਵਾੜਾ ਦੇ ਮੋਹਤਬਰ ਵਿਅਕਤੀਆਂ ਦਾ ਇੱਕ ਵਫਦ ਐੱਸ ਪੀ ਮਾਧਵੀ ਸ਼ਰਮਾ ਨੂੰ ਮਿਲਿਆ। ਇਸ ਦੌਰਾਨ ਵਫਦ ਵਿੱਚ ਸ਼ਾਮਲ ਆਗੂਆਂ ਨੇ ਐੱਸ ਪੀ ਫਗਵਾੜਾ ਨੂੰ ਸ਼ਹਿਰ ਵਾਸੀਆਂ ਨਾਲ ਸਬੰਧਤ ਮੁਸ਼ਕਿਲਾਂ ਬਾਰੇ ਜਾਣੂ ਕਰਵਾਇਆ ਅਤੇ ਮੰਗ ਕੀਤੀ ਕਿ ਲੋਕ ਹਿੱਤ ਵਿੱਚ ਜਲਦੀ ਤੋਂ ਜਲਦੀ ਢੁਕਵੀਂ ਕਾਰਵਾਈ ਕੀਤੀ ਜਾਵੇ। ਇਸ ਮੁਲਾਕਾਤ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅੰਬੇਡਕਰ ਸੈਨਾ ਪੰਜਾਬ ਦੇ ਪ੍ਰਧਾਨ ਸੁਰਿੰਦਰ ਢੰਡਾ, ਸੁਖਵਿੰਦਰ ਸਿੰਘ ਸ਼ੇਰਗਿਲ, ਰਮੇਸ਼ ਕੌਲ ਅਤੇ ਪਰਮਿੰਦਰ ਬੋਧ ਨੇ ਦੱਸਿਆ ਕਿ ਸ਼ਹਿਰ ਦੇ ਲੋਕ ਲੰਬੇ ਸਮੇਂ ਤੋਂ ਕਈ ਸਮੱਸਿਆਵਾਂ ਨਾਲ ਜੂਝ ਰਹੇ ਹਨ, ਪਰ ਪ੍ਰਸ਼ਾਸਨ ਵੱਲੋਂ ਇਨ੍ਹਾਂ ਦੇ ਸਥਾਈ ਹੱਲ ਲਈ ਲੋੜੀਂਦੇ ਕਦਮ ਨਹੀਂ ਚੁੱਕੇ ਜਾ ਰਹੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਐੱਸ ਪੀ ਮਾਧਵੀ ਸ਼ਰਮਾ ਨੂੰ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ ਹੈ। ਵਫਦ ਨੇ ਐੱਸ ਪੀ ਮਾਧਵੀ ਸ਼ਰਮਾ ਰਾਹੀਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜੀ ਟੀ ਰੋਡ ਫਲਾਈ ਓਵਰ ਦੇ ਉੱਪਰ ਸ਼ੁਗਰ ਮਿਲ ਚੌਕ ਵਾਲਾ ਬੰਦ ਕੀਤਾ ਰਸਤਾ ਤੁਰੰਤ ਖੋਲ੍ਹਿਆ ਜਾਵੇ, ਕਿਉਂਕਿ ਇਸ ਦੇ ਨਾਲ ਨਕਦੋਰ ਸਾਈ ਤੋਂ ਮਾਤਾ ਚਿੰਤਪੁਰਨੀ ਅਤੇ ਜਵਾਲਾ ਜੀ ਨੂੰ ਜਾਣ-ਆਉਣ ਵਾਲੀਆਂ ਸੰਗਤਾਂ ਨੂੰ ਭਾਰੀ ਪਰੇਸ਼ਾਨੀ ਪੇਸ਼ ਆਉਂਦੀ ਹੈ। ਇਸ ਦੇ ਨਾਲ ਹੀ ਹਦੀਆਬਾਦ, ਸਤਨਾਮਪੁਰਾ ਸਾਈਡ ਤੋਂ ਸ਼ਹਿਰ ਦੀ ਦੂਸਰੀ ਸਾਈਡ ਆਉਣ ਵਾਲੇ ਹਜਾਰਾਂ ਲੋਕ ਚਾਹਲ ਨਗਰ ਚੌਕ ਸਾਈਡ ਤੋਂ ਕਾਫੀ ਲੰਮਾ ਚੱਕਰ ਲਗਾਉਣ ਲਈ ਮਜਬੂਰ ਹੁੰਦੇ ਹਨ। ਜਿਸ ਨਾਲ ਲੋਕਾਂ ਨੂੰ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਤੋਂ ਇਲਾਵਾ ਵਫਦ ਨੇ ਕੌਲਸਰ ਮੁਹੱਲੇ ਸਮੇਤ ਸ਼ਹਿਰ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸਟੇਚੂਆਂ ਦੀ ਸੁਰੱਖਿਆ ਦਾ ਪ੍ਰਬੰਧ ਕੀਤੇ ਜਾਣ ਦੀ ਮੰਗ ਵੀ ਰੱਖੀ। ਸੁਰਿੰਦਰ ਢੰਡਾ ਅਤੇ ਸੁਖਵਿੰਦਰ ਸਿੰਘ ਸ਼ੇਰਗਿਲ ਨੇ ਦੱਸਿਆ ਕਿ ਐੱਸ ਪੀ. ਮਾਧਵੀ ਸ਼ਰਮਾ ਨੇ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿੱਤਾ ਕਿ ਹਰ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਵਾ ਕੇ ਜਿੱਥੇ ਪੁਲਿਸ ਵਿਭਾਗ ਦਾ ਅਧਿਕਾਰ ਖੇਤਰ ਬਣਦਾ ਹੈ, ਉੱਥੇ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ ਅਤੇ ਹੋਰ ਮਾਮਲਿਆਂ ਨੂੰ ਸਬੰਧਤ ਵਿਭਾਗਾਂ ਕੋਲ ਭੇਜਿਆ ਜਾਵੇਗਾ।

## ਵਿਸ਼ਾਲ ਕੰਬਾਈਨ ਨੇ ਪੂਰੇ ਭਾਰਤ 'ਚ ਉਚਾ ਕੀਤਾ ਨਾਂਅ : ਰੱਖੜਾ



ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)-ਭਾਰਤ ਦੇ ਹਰ ਸਟੇਟ ਵਿੱਚ ਕਿਸਾਨਾਂ ਦੀ ਪਹਿਲੀ ਪਸੰਦ ਬਣ ਚੁੱਕੀ ਹੈ ਮਨਕੂ ਐਗਰੋ ਟੈਕ ਵੱਲੋਂ ਤਿਆਰ ਕੀਤੀ ਵਿਸ਼ਾਲ ਕੰਬਾਈਨ। ਇਹ ਵਿਚਾਰ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਦੇ ਵਿਸ਼ਾਲ ਕੰਬਾਈਨ ਵੱਲੋਂ ਦਿੱਤੀ ਗਈ ਇੱਕ ਡਿਨਰ ਪਾਰਟੀ ਸਮੇਂ ਬੋਲਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਸਵ: ਸੁਰਜੀਤ ਸਿੰਘ ਮਨਕੂ ਨੇ 1975 ਵਿੱਚ ਪਿੰਡ ਜਿਓਲਪੁਰ ਨੇੜੇ ਭਾਦਸੋਂ ਤੋਂ ਆ ਕੇ ਸਮਾਣੇ ਇੱਕ ਛੋਟੀ ਜਿਹੀ ਵਰਕਸ਼ਾਪ ਤੋਂ ਕੰਮ ਸ਼ੁਰੂ ਕੀਤਾ। ਇਸ ਸਮੇਂ ਉਨ੍ਹਾਂ ਦੇ ਛੋਟੇ ਭਰਾ ਨਰਿੰਦਰ ਸਿੰਘ ਤੇ ਸੁਖਵਿੰਦਰ ਸਿੰਘ ਨੇ ਰਲ-ਮਿਲ ਕੇ ਮਿਹਨਤ ਕੀਤੀ। ਇਸ ਮਿਹਨਤ ਸਦਕਾ ਇਨ੍ਹਾਂ ਨੇ 1989 ਵਿੱਚ ਪਹਿਲੀ ਕੰਬਾਈਨ ਤਿਆਰ ਕੀਤੀ, ਜਿਸਦੇ ਇਨ੍ਹਾਂ ਵਿੱਚ ਹੀ ਹਰ ਪਾਸੇ ਚਰਚੇ ਹੋਣ ਲੱਗ ਪਏ ਤੇ ਦਿਨੋਂ ਦਿਨ ਇਨ੍ਹਾਂ ਦਾ ਕੰਮ ਤਰੱਕੀ ਵੱਲ ਜਾਂਦਾ ਰਿਹਾ। ਹੁਣ ਸੁਖਵਿੰਦਰ ਸਿੰਘ ਮਨਕੂ ਉਨ੍ਹਾਂ ਦੇ ਬੇਟੇ ਬਿਕਰਮ ਸਿੰਘ ਵਿੱਕੀ ਮਨਕੂ ਤੇ ਭਤੀਜੇ ਜਗਤਾਰ ਸਿੰਘ ਮਨਕੂ ਇਸ ਉਦਯੋਗ ਨੂੰ ਸਫਲਤਾ ਨਾਲ ਚਲਾ ਰਹੇ ਹਨ। ਨਗਰ ਕੌਂਸਲ ਦੇ ਪ੍ਰਧਾਨ ਕਪੂਰ ਚੰਦ ਬਾਂਸਲ, ਜੀਵਨ ਸ਼ਰਮਾ ਸੰਨੀਠ ਪੀਏ ਰਾਣਾ ਸ਼ੇਖ਼, ਅਸ਼ੋਕ ਮੋਦਗਿਲ, ਗੁਰਨਦੀਪ ਬਾਂਸਲ, ਗੁਰਸੇਵਕ ਸਿੰਘ ਮੱਖਣ ਤੇ ਗੁਰਦਿਆਲ ਸਿੰਘ ਰੰਧਾਵਾ ਸਮੇਤ ਕਾਫੀ ਗਿਣਤੀ ਵਿੱਚ ਪਤਵੰਤ ਹਾਜ਼ਰ ਸਨ।

## ਜਾਮੁਨ ਦਾ ਬੂਟਾ ਲਗਾ ਕੇ ਦੀਵਾਂਸ਼ੀ ਨੇ ਮਨਾਇਆ ਜਨਮ ਦਿਨ



ਭੀਖੀ (ਧਰਮਵੀਰ ਸ਼ਰਮਾ)-ਸ੍ਰੀ ਕਾਲੀ ਮਾਤਾ ਮੰਦਰ ਕਮੇਟੀ ਦੇ ਪ੍ਰੈੱਸ ਸਕੱਤਰ ਤੇ ਸਮਾਜ ਸੇਵੀ ਜਤਿੰਦਰ ਵਿੱਕੀ ਮੋਡੀਗੜ ਦੀ ਸਪੁੱਤਰੀ ਦੀਵਾਂਸ਼ੀ ਨੇ ਆਪਣਾ ਜਨਮ ਦਿਨ ਸ੍ਰੀ ਕਾਲੀ ਮਾਤਾ ਮੰਦਰ ਵਿਖੇ ਫਲਦਾਰ ਜਾਮੁਨ ਦਾ ਬੂਟਾ ਲਗਾ ਕੇ ਮਨਾਇਆ। ਇਸ ਮੌਕੇ ਦੀਵਾਂਸ਼ੀ ਨੇ ਵਾਤਾਵਰਨ ਦੀ ਸੰਭਾਲ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੇ ਜਨਮ ਦਿਨ, ਵਿਆਹ ਦੀ ਵਰ੍ਹੇਗੰਢ ਜਾਂ ਹੋਰ ਖ਼ੁਸ਼ੀ ਦੇ ਮੌਕਿਆਂ 'ਤੇ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼-ਸੁਥਰਾ ਤੇ ਹਰਿਆ-ਭਰਿਆ ਵਾਤਾਵਰਨ ਮਿਲ ਸਕੇ। ਦੀਵਾਂਸ਼ੀ ਦੇ ਪਿਤਾ ਜਤਿੰਦਰ ਵਿੱਕੀ ਮੋਡੀਗੜ ਅਤੇ ਮਾਤਾ ਰੇਖਾ ਰਾਣੀ ਨੇ ਦੱਸਿਆ ਕਿ ਬੂਟੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਕਰਨਾ ਵੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਰੁੱਖ ਸਾਨੂੰ ਸ਼ੁੱਧ ਹਵਾ, ਫਲ ਅਤੇ ਵਾਤਾਵਰਨ ਦਾ ਸੰਤੁਲਨ ਬਣਾਈ ਰੱਖਣ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਉਨ੍ਹਾਂ ਸਮੂਹ ਇਲਾਕਾ ਵਾਸੀਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਤੇ ਉਨ੍ਹਾਂ ਦੀ ਸੇਵਾ ਕਰਨ ਦੀ ਅਪੀਲ ਕੀਤੀ। ਇਸ ਮੌਕੇ ਮੰਦਰ ਕਮੇਟੀ ਦੇ ਚੇਅਰਮੈਨ ਵਿਵੇਕ ਜੈਨ ਬਿੱਟੂ ਤੇ ਪ੍ਰਧਾਨ ਅਮਨ ਮਿੱਤਲ ਨੇ ਦੀਵਾਂਸ਼ੀ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ ਤੇ ਇਸ ਨਿਵੇਕਲੀ ਪਹਿਲ ਦੀ ਸ਼ਲਾਘਾ ਕੀਤੀ।

## ਮੁਹੱਲਾ ਵਾਸੀਆਂ ਦਾ ਸੀਵਰੇਜ ਦੀ ਲੀਕੇਜ ਕਾਰਨ ਬੁਰਾ ਹਾਲ



ਬਰੇਟਾ (ਰੀਤਵਾਲ)-ਵਾਰਡ ਨੰਬਰ 1 ਮੁਹੱਲਾ ਗੁਰੂ ਨਾਨਕ ਕਲੋਨੀ ਬਰੇਟਾ ਕੈਂਚੀਆਂ ਨਜ਼ਦੀਕ ਪਿਛਲੇ ਕਈ ਮਹੀਨਿਆਂ ਤੋਂ ਸੀਵਰੇਜ ਦੀ ਲੀਕੇਜ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਗੰਦਾ ਪਾਣੀ ਗਲੀਆਂ 'ਤੇ ਖੜ੍ਹਾ ਰਹਿਣ ਕਾਰਨ ਆਵਾਜਾਈ ਪ੍ਰਭਾਵਤ ਹੋ ਰਹੀ ਹੈ ਮੁਹੱਲੇ ਵਿੱਚ ਬਦਬੂ ਫੈਲਣ ਨਾਲ ਲੋਕਾਂ ਦਾ ਜੀਣਾ ਦੁੱਭਰ ਹੋ ਗਿਆ ਹੈ। ਇਸ ਸਬੰਧੀ ਜਸਵੀਰ ਸਿੰਘ ਜੱਸੀ, ਅਜੈ ਕੁਮਾਰ, ਵਿਪਨ ਕੁਮਾਰ, ਗੁਰਮੇਲ ਸਿੰਘ ਮੁਹੱਲਾ ਵਾਸੀਆਂ ਦਾ ਕਹਿਣਾ ਹੈ ਕਿ ਇਸ ਸਬੰਧੀ ਕਈ ਵਾਰ ਸਬੰਧਤ ਵਿਭਾਗ ਨੂੰ ਸ਼ਿਕਾਇਤ ਕੀਤੀ ਜਾ ਚੁੱਕੀ ਹੈ, ਪਰ ਅਜੇ ਤੱਕ ਕੋਈ ਠੋਸ ਕਾਰਵਾਈ ਨਹੀਂ ਹੋਈ। ਉਨ੍ਹਾਂ ਦਾ ਕਹਿਣਾ ਹੈ ਕਿ ਬਰਸਾਤ ਦੇ ਮੌਸਮ ਵਿੱਚ ਹਾਲਾਤ ਹੋਰ ਵੀ ਖਰਾਬ ਹੋ ਗਏ ਹਨ, ਜਿਸ ਨਾਲ ਬਿਮਾਰੀਆਂ ਫੈਲਣ ਦਾ ਖ਼ਤਰਾ ਵੱਧ ਗਿਆ ਹੈ।ਮੁਹੱਲਾ ਨਿਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸੀਵਰੇਜ ਦੀ ਲੀਕੇਜ ਨੂੰ ਤੁਰੰਤ ਠੀਕ ਕਰਾ ਕੇ ਲੋਕਾਂ ਨੂੰ ਇਸ ਸਮੱਸਿਆ ਤੋਂ ਰਾਹਤ ਦਿੱਤੀ ਜਾਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਹੱਲ ਨਾ ਕੀਤਾ ਗਿਆ ਤਾਂ ਉਹ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

## ਜ਼ਿਲ੍ਹਾ ਮਾਲੇਰਕੋਟਲਾ ਦੇ ਕੰਬੋਜ ਭਲਾਈ ਬੋਰਡ ਦੇ ਜਥੇਬੰਦਕ ਢਾਂਚੇ ਦਾ ਗਠਨ



ਮਾਲੇਰਕੋਟਲਾ (ਅਸਗਰ ਪਰਿਹਾਰ)-ਕੰਬੋਜ ਭਲਾਈ ਬੋਰਡ ਪੰਜਾਬ ਦੇ ਸੂਬਾਈ ਮੈਂਬਰ ਹਾਜੀ ਮੁਹੰਮਦ ਰਮਜਾਨ ਸਿਆਮਾ ਤੇ ਜ਼ਿਲ੍ਹਾ ਪ੍ਰਧਾਨ ਅਸਰਾਰ ਸਿਆਮਾ ਨੇ ਪ੍ਰੈੱਸ ਨੂੰ ਸਾਂਝੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਮਾਲੇਰਕੋਟਲਾ ਦੇ ਕੰਬੋਜ ਭਲਾਈ ਬੋਰਡ ਦੇ ਜਥੇਬੰਦਕ ਢਾਂਚੇ ਦਾ ਗਠਨ ਕਰ ਦਿੱਤਾ ਗਿਆ ਹੈ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਕੰਬੋਜ ਭਲਾਈ ਬੋਰਡ 'ਚ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਦੇ ਮੋਹਤਬਰਾਂ ਨੂੰ ਬਤੌਰ ਮੈਂਬਰ ਸ਼ਾਮਲ ਕੀਤਾ ਗਿਆ ਹੈ, ਜਿਨ੍ਹਾਂ 'ਚ ਮੁਹੰਮਦ ਜਮੀਲ ਥਿੰਦ ਪੁੱਤਰ ਹਾਜੀ ਉਮਰਦੀਨ, ਗੁਲਾਮ ਰਸੂਲ ਪੁੱਤਰ ਮੁਹੰਮਦ ਰਮਜ਼ਾਨ, ਅਖ਼ਤਰ ਅਲੀ ਪੁੱਤਰ ਅਬਦੁੱਲਾ, ਮੁਹੰਮਦ ਰਫੀਕ ਪੁੱਤਰ ਜਮਾਲਦੀਨ ਬਿੰਜੋਕੀ, ਅਬਦੁਲ ਖ਼ਾਲਿਕ ਪੁੱਤਰ ਅਬਦੁਲ ਮਜੀਦ, ਨਿਜ਼ਾਮਦੀਨ ਬਬਲੀ ਫਰੂਟ ਵਾਲੇ ਪੁੱਤਰ ਅਬਦੁੱਲਾ, ਲਿਆਕਤ ਅਲੀ ਪੁੱਤਰ ਸ਼ਰੀਫ਼ ਮੁਹੰਮਦ ਗੌਂਸਪੁਰਾ, ਮੁਹੰਮਦ ਯਾਮੀਨ ਪੁੱਤਰ ਅਬਦੁਲ ਅਜ਼ੀਜ਼, ਮੁਹੰਮਦ ਅਸ਼ਰਫ਼ ਪੁੱਤਰ ਨੂਰ ਮੁਹੰਮਦ, ਮੁਹੰਮਦ ਨਜ਼ੀਰ ਪੁੱਤਰ ਮੁਹੰਮਦ ਦੀਨ ਜਮਾਲਪੁਰਾ, ਮੁਹੰਮਦ ਯਾਮੀਨ ਪੁੱਤਰ ਮੁਹੰਮਦ ਸਿੱਦੀਕ ਤੱਖਰ ਖੁਰਦ, ਮੁਹੰਮਦ ਸ਼ਰੀਫ਼ ਪੁੱਤਰ ਖੁਸ਼ੀ ਮੁਹੰਮਦ, ਡਾਕਟਰ ਅਬਦੁਲ ਸ਼ਕੂਰ ਪੁੱਤਰ ਈਦੂ, ਅਬਦੁਲ ਸੱਤਾਰ ਪੁੱਤਰ ਮੁਹੰਮਦ ਸੁਲੇਮਾਨ, ਮੁਹੰਮਦ ਹੁਸੈਨ ਪੁੱਤਰ ਮੁਹੰਮਦ ਯਾਸੀਨ, ਮੁਹੰਮਦ ਅਜ਼ਹਰ ਮੁਨੀਮ ਪੁੱਤਰ ਇਲਮਦੀਨ ਮੁਨੀਮ, ਮੁਹੰਮਦ ਅਖ਼ਤਰ ਥਿੰਦ ਪੁੱਤਰ ਮੁਹੰਮਦ ਯੂਸਫ਼, ਅਬਦੁਲ ਲਤੀਫ਼ ਪੁੱਤਰ ਮੁਹੰਮਦ ਯੂਸਫ਼, ਸ਼ਹਿਜ਼ਾਦ ਅਹਿਮਦ ਪੁੱਤਰ ਅਕਬਰ ਅਲੀ, ਮੁਹੰਮਦ ਸ਼ਕੀਲ ਸਿਆਮਾ ਪੁੱਤਰ ਰਹਿਮਦੀਨ, ਮੁਹੰਮਦ ਅਸ਼ਰਫ ਲਾਡੀ ਪੁੱਤਰ ਨੂਰਦੀਨ ਦੇ ਨਾਂ ਸ਼ਾਮਲ ਹਨ।ਬੋਰਡ ਦੇ ਆਗੂਆਂ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਬੋਰਡ ਦੇ ਕੰਮਕਾਜ ਨੂੰ ਸੁਚਾਰੂ ਤੇ ਸੁਚੱਜੇ ਢੰਗ ਨਾਲ ਚਲਾਉਣ ਲਈ ਵੱਖ-ਵੱਖ ਅਹੁਦਿਆਂ ਦੇ ਜ਼ਿੰਮੇਵਾਰਾਂ ਦਾ ਐਲਾਨ ਵੀ ਜਲਦ ਕਰ ਦਿੱਤਾ ਜਾਵੇਗਾ, ਤਾਂ ਜੋ ਜਥੇਬੰਦੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾ ਸਕੇ।

## ਲਾਇਨਜ਼ ਕਲੱਬ ਸਿਟੀ ਨੇ ਵਣ-ਮਹਾਂਉਤਸਵ ਮਨਾਇਆ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਲਾਇਨਜ਼ ਕਲੱਬ ਸੁਨਾਮ ਸਿਟੀ ਵੱਲੋਂ ਸਥਾਨਕ ਸਤੀ ਸ਼ਿਵ ਮੰਦਰ ਕੰਪਲੈਕਸ ਵਿਖੇ ਵਣ ਮਹਾਂਉਤਸਵ ਮਨਾਇਆ ਗਿਆ।ਬੂਟੇ ਲਾਉਣ ਦੀ ਸ਼ੁਰੂਆਤ ਅਸ਼ੋਕ ਗੋਇਲ ਤੇ ਜੋਗਿੰਦਰ ਸਿੰਘ ਮੱਲ੍ਹੀ, ਜਿਨ੍ਹਾਂ ਦਾ ਜਨਮ ਦਿਨ ਸੀ, ਵੱਲੋਂ ਕੀਤੀ ਗਈ।ਇਸ ਮੌਕੇ ਕਲੱਬ ਦੇ ਪ੍ਰਧਾਨ ਰਾਜੀਵ ਕੌਸ਼ਿਕ ਨੇ ਕਿਹਾ ਕਿ ਰੁੱਖਾਂ ਦੀ ਮਨੁੱਖੀ ਜੀਵਨ ਵਿੱਚ ਬਹੁਤ ਮਹਤੱਤਾ ਹੈ, ਇਸ ਲਈ ਰੁੱਖ ਲਗਾਉਣੇ ਬਹੁਤ ਜ਼ਰੂਰੀ ਹਨ, ਕਿਉਂਕਿ ਇਹ ਮਨੁੱਖੀ ਜ਼ਿੰਦਗੀ ਦੀ ਨੀਂਹ ਹਨ।ਇਹ ਰੁੱਖ ਕਾਰਬਨ ਡਾਈਆਕਸਾਈਡ ਸੋਖ ਕੇ ਸਾਨੂੰ ਆਕਸੀਜਨ ਰੂਪੀ ਸਾਫ ਹਵਾ ਪ੍ਰਦਾਨ ਕਰਦੇ ਹਨ।ਇਹ ਪਾਣੀ ਦਾ ਲੈਵਲ ਉੱਪਰ ਲਿਆਉਣ ਵਿੱਚ ਮਦਦ ਕਰਦੇ ਹਨ ਤੇ ਮਿੱਟੀ ਨੂੰ ਫੜ ਕੇ ਰੱਖਦੇ ਹਨ, ਜਿਸ ਨਾਲ ਹੜ੍ਹ ਤੇ ਮਿੱਟੀ ਦਾ ਵਹਾਅ ਵੀ ਰੋਕਦਾ ਹੈ।ਇਸ ਮੌਕੇ ਕਲੱਬ ਦੇ ਮੈਂਬਰਾਂ ਵਿੱਚ ਪਰਮਜੀਤ ਸਿੰਘ ਧਾਲੀਵਾਲ, ਬਲਦੇਵ ਕ੍ਰਿਸ਼ਨ ਭੋਲਾ, ਚੰਦਰ ਮਨੀ ਗੋਇਲ, ਅਮਰੀਕ ਸਿੰਘ ਕੰਡਾ, ਜੋਗਿੰਦਰ ਸਿੰਘ ਮੱਲ੍ਹੀ, ਅਸ਼ੋਕ ਗੋਇਲ, ਗੋਪਾਲ ਕਾਂਸਲ, ਮੰਦਰ ਕਮੇਟੀ ਦੇ ਪ੍ਰਧਾਨ ਨਰਿੰਦਰ ਸਿੰਘ ਕਣਕਵਾਲ, ਨਰਿੰਦਰ ਪਾਲ ਸ਼ਰਮਾ, ਗੋਪਾਲ ਸ਼ਰਮਾ ਆਦਿ ਮੈਂਬਰ ਸ਼ਾਮਲ ਸਨ।

## ਵਿਸ਼ਵ ਜਨਸੰਖਿਆ ਦਿਵਸ ਮੌਕੇ ਵੱਖ-ਵੱਖ ਮੁਕਾਬਲੇ ਕਰਵਾਏ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਿੱਖਿਆ ਦੇ ਖੇਤਰ ਵਿੱਚ ਮੋਢੀ ਸੰਸਥਾ ਡਾਇਟ ਫਿਰੋਜ਼ਪੁਰ ਵਿਖੇ ਪ੍ਰਿੰਸੀਪਲ ਸੀਮਾ ਦੀ ਯੋਗ ਅਗਵਾਈ ਹੇਠ ਵਿਸ਼ਵ ਜਨਸੰਖਿਆ ਦਿਵਸ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਵੱਖ-ਵੱਖ ਗਤੀਵਿਧੀਆਂ ਵਿੱਚ ਵਧਾਇਆ ਗਿਆ ਅਤੇ ਵਸੋਂ ਦਿਵਸ ਅਧੀਨ ਪੋਸਟਰ ਮੁਕਾਬਲੇ, ਭਾਸ਼ਣ ਮੁਕਾਬਲੇ ਤੇ ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ। ਪ੍ਰਿੰਸੀਪਲ ਸੀਮਾ ਤੇ ਪ੍ਰੋਜੈਕਟ ਕੋਆਰਡੀਨੇਟਰ ਕਮਲ ਸ਼ਰਮਾ ਨੇ ਆਪੋ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਦੇਸ਼ ਦੀ ਵਧ ਰਹੀ ਆਬਾਦੀ ਨਾਲ ਸਬੰਧਤ ਕਾਰਜਸ਼ੀਲ ਕਾਰਨਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਵਾਰ ਵਿਸ਼ਵ ਜਨਸੰਖਿਆ ਦਿਵਸ ਦਾ ਥੀਮ ਨੌਜਵਾਨਾਂ ਨੂੰ ਇਕ ਨਿਰਪੱਖ ਤੇ ਉਮੀਦ ਭਰੇ ਸੰਸਾਰ ਵਿੱਚ ਉਨ੍ਹਾਂ ਦੀ ਮਰਜ਼ੀ ਦੇ ਪਰਿਵਾਰ ਬਣਾਉਣ ਲਈ ਸਮਰੱਥ ਬਣਾਉਣਾ ਹੈ ਅਤੇ ਅੱਜ ਵਿਦਿਆਰਥੀਆਂ ਨੂੰ ਇਸ ਬਾਰੇ ਜਾਗਰੂਕ ਕਰਨ ਲਈ ਮੁਕਾਬਲੇ ਕਰਵਾਏ ਗਏ। ਲੈਕਚਰਾਰ ਗਗਨ ਗੱਖੜ, ਬੀਆਰਸੀ ਇੰਦਰਪਾਲ ਸਿੰਘ, ਲੈਕਚਰਾਰ ਸਰਵਸ਼ਕਤੀ ਮਾਨ, ਪਰਮਜੀਤ ਕੌਰ ਨੇ ਵੀ ਵਿਦਿਆਰਥੀਆਂ ਨੂੰ ਵੱਧ ਵੱਧ ਉਦਾਹਰਣਾਂ ਦੇ ਕੇ ਵਧਦੀ ਵਸੋਂ ਦੇ ਬੁਰੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ। ਵਿਦਿਆਰਥੀਆਂ ਵਿੱਚ ਅਰਸ਼ਦੀਪ ਸਿੰਘ, ਪ੍ਰਥਮ ਸ਼ਰਮਾ, ਨੇਹਾ, ਨਵਨੀਤ ਕੌਰ, ਰਾਜਵਿੰਦਰ ਕੌਰ, ਅਰਮਾਨਦੀਪ ਕੌਰ, ਹਰਮਨਪ੍ਰੀਤ ਕੌਰ, ਮੁਸਕਾਨ, ਕੋਮਲ, ਨਵਰੀਤ ਕੌਰ, ਸ਼ਾਇਨਾ, ਮਹਿਕ, ਵਿਨੈ, ਤਨੂੰ, ਹਰਪ੍ਰੀਤ, ਅਕਸ਼ੈ, ਸੁਮਨ, ਪ੍ਰਿਆ, ਗੁਰਪ੍ਰੀਤ, ਵਿਸ਼ਵਾਸ, ਵਿਨੈ, ਪ੍ਰਿਅੰਕਾ ਰਾਣੀ ਆਦਿ ਨੇ ਵੱਧ ਚੜ੍ਹ ਕੇ ਹਿੱਸਾ ਲਿਆ।

# ਨਗਰ ਕੌਂਸਲ ਸਫਾਈ ਕਰਮਚਾਰੀਆਂ ਵੱਲੋਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ




ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਨਗਰ ਕੌਂਸਲ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹੱਕੀ ਮੰਗਾਂ ਨੂੰ ਲੈ ਕੇ ਪ੍ਰਧਾਨ ਡੈਨੀ ਦੀ ਅਗਵਾਈ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਮੁਲਾਜ਼ਮ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਨਾ ਮੰਨਿਆ ਗਿਆ, ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਡੈਨੀ ਨੇ ਮੰਗ ਕੀਤੀ ਕਿ ਠੇਕਾ ਪ੍ਰਣਾਲੀ ਨੂੰ ਮੁਕੰਮਲ ਤੌਰ 'ਤੇ ਸਮਾਪਤ ਕੀਤਾ ਜਾਵੇ। ਆਊਟਸੋਰਸਿੰਗ ਰਾਹੀਂ ਕੰਮ ਕਰਦੇ ਮਾਲੀ, ਬੇਲਦਾਰ, ਸੇਵਾਦਾਰ, ਇਲੈਕਟਰੀਸ਼ੀਅਨ, ਪੰਪ ਓਪਰੇਟਰ, ਕੰਪਿਊਟਰ ਓਪਰੇਟਰ, ਕਲਰਕ, ਡਰਾਈਵਰ, ਸਫ਼ਾਈ ਸੇਵਕ, ਸੀਵਰਮੈਨ ਤੇ ਫਾਇਰ ਬ੍ਰਿਗੇਡ ਦੇ ਮੁਲਾਜ਼ਮਾਂ ਨੂੰ ਸਿੱਧਾ ਵਿਭਾਗ ਦੇ ਅਧੀਨ ਕਰਕੇ ਰੈਗੂਲਰ ਪੋਸਟਾਂ 'ਤੇ ਪੱਕਾ ਕੀਤਾ ਜਾਵੇ। ਉਨ੍ਹਾਂ ਪੰਜਾਬ ਸਰਕਾਰ ਵੱਲੋਂ 2023 ਵਿੱਚ ਬਣਾਈ ਗਈ 10 ਸਾਲਾ ਪਾਲਿਸੀ ਨੂੰ ਰੱਦ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਮਿਊਂਸੀਪਲ ਮੁਲਾਜ਼ਮਾਂ ਨੂੰ 3 ਸਾਲ ਦਾ ਕਾਰਜਕਾਲ ਪੂਰਾ ਹੋਣ 'ਤੇ ਸਾਰੀਆਂ ਸਹੂਲਤਾਂ ਸਮੇਤ ਪੱਕਾ ਕੀਤਾ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ 23 ਜੂਨ 2021 ਦੇ ਨੋਟੀਫਿਕੇਸ਼ਨ ਦੇ ਆਧਾਰ 'ਤੇ ਰਹਿੰਦੇ ਸਮੂਹ ਆਊਟਸੋਰਸ ਸਫ਼ਾਈ ਸੇਵਕਾਂ ਤੇ ਸੀਵਰਮੈਨਾਂ ਨੂੰ ਬਿਨਾਂ ਸ਼ਰਤ ਵਿਭਾਗ ਅਧੀਨ ਲਿਆਉਣ ਤੇ 'ਬਰਾਬਰ ਕੰਮ-ਬਰਾਬਰ ਤਨਖਾਹ' ਦਾ ਨਿਯਮ ਲਾਗੂ ਕਰਨ ਦੀ ਮੰਗ ਚੁੱਕੀ ਗਈ। ਮੁਲਾਜ਼ਮਾਂ ਨੇ ਨਵੀਂ ਪੈਨਸ਼ਨ ਸਕੀਮ ਨੂੰ ਰੱਦ ਕਰਕੇ ਪੁਰਾਣੀ ਪੈਨਸ਼ਨ ਯੋਜਨਾ ਬਹਾਲ ਕਰਨ, 31 ਦਸੰਬਰ 2011 ਤੱਕ ਦੀ ਪੈਨਸ਼ਨ ਆਪਸ਼ਨ ਵਾਲਿਆਂ ਨੂੰ ਪੈਨਸ਼ਨ ਦੇਣ ਤੇ ਨਗਰ ਪੰਚਾਇਤਾਂ ਵਿੱਚ ਈਪੀਐੱਫ ਸਕੀਮ ਲਾਗੂ ਕਰਨ 'ਤੇ ਜ਼ੋਰ ਦਿੱਤਾ। ਮੁਲਾਜ਼ਮਾਂ ਨੇ ਸਫ਼ਾਈ ਕਰਮਚਾਰੀਆਂ ਦੇ ਭੱਤਿਆਂ ਵਿੱਚ ਚਾਰ ਗੁਣਾ ਵਾਧਾ ਕਰਨ, ਭਰਤੀ ਵਿੱਚੋਂ ਰੋਸਟਰ ਨਿਯਮ (ਰਾਖਵਾਂਕਰਨ) ਖ਼ਤਮ ਕਰਨ ਤੇ ਤਰਸ ਦੇ ਆਧਾਰ 'ਤੇ ਨੌਕਰੀ ਦੀ ਸੁਵਿਧਾ ਆਊਟਸੋਰਸ ਤੇ ਕੰਟਰੈਕਟ ਮੁਲਾਜ਼ਮਾਂ 'ਤੇ ਵੀ ਬਿਨਾਂ ਸ਼ਰਤ ਲਾਗੂ ਕਰਨ ਦੀ ਮੰਗ ਕੀਤੀ। ਸਮੇਂ ਸਿਰ ਤਨਖਾਹਾਂ ਯਕੀਨੀ ਬਣਾਉਣ ਲਈ ਜੀਐੱਸਟੀ ਰਾਸ਼ੀ ਦੇ ਹਿੱਸੇ ਵਿੱਚ ਵਾਧਾ ਕਰਨ, ਪੇਅ-ਕਮਿਸ਼ਨ ਦਾ ਬਕਾਇਆ ਤੇ ਡੀਏ ਦੀਆਂ ਕਿਸ਼ਤਾਂ ਜਾਰੀ ਕਰਨ ਅਤੇ 200 ਰੁਪਏ ਕਿੱਤਾ ਟੈਕਸ (ਪ੍ਰੋਫ਼ੈਸ਼ਨਲ ਟੈਕਸ) ਤੋਂ ਛੋਟ ਦੇਣ ਦੀ ਮੰਗ ਕੀਤੀ ਗਈ। ਆਗੂਆਂ ਨੇ ਮੰਗ ਕੀਤੀ ਕਿ 15 ਸਾਲ ਦੀ ਸੇਵਾ ਪੂਰੀ ਕਰ ਚੁੱਕੇ ਕਲਰਕਾਂ ਨੂੰ ਲਾਜ਼ਮੀ ਤੌਰ 'ਤੇ ਇੰਸਪੈਕਟਰ ਤੇ ਪੰਪ ਓਪਰੇਟਰਾਂ ਨੂੰ ਜੇਈ ਬਣਾਇਆ ਜਾਵੇ ਆਦਿ। ਇਸ ਮੌਕੇ ਉਨ੍ਹਾਂ ਆਖਿਆ ਕਿ ਨਵ-ਨਿਯੁਕਤ ਕਰਮਚਾਰੀਆਂ ਦਾ ਪਰਖ-ਕਾਲ ਸਮਾਂ 2 ਸਾਲ ਕਰਨ, ਪਰਖ-ਕਾਲ ਦੌਰਾਨ ਭੱਤਿਆਂ ਸਮੇਤ ਪੂਰੀ ਤਨਖਾਹ ਦੇਣ ਅਤੇ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਆਊਟਸੋਰਸ ਸੀਵਰਮੈਨਾਂ ਨੂੰ ਬਿਨਾਂ ਸ਼ਰਤ ਵਿਭਾਗ ਅਧੀਨ ਕਰਨ ਦੀ ਪੁਰਜ਼ੋਰ ਮੰਗ ਕੀਤੀ ਗਈ। ਇਸ ਮੌਕੇ ਨਗਰ ਕੌਂਸਲ ਦੇ ਸਫਾਈ ਸੇਵਕ ਤੇ ਹੋਰ ਕਰਮਚਾਰੀ ਹਾਜ਼ਰ ਸਨ।

## ਸ਼ਹਿਰ ਦਾ ਰਿਕਾਰਡਤੋੜ ਵਿਕਾਸ ਹੋਵੇਗਾ : ਹੁਸਨਦੀਪ ਬਾਂਸਲ

ਸਮਾਣਾ (ਇਕਬਾਲ ਸਿੰਘ ਬੱਲ)-ਪਿਛਲੇ ਕੁੱਝ ਸਮੇਂ ਤੋਂ ਸ਼ਹਿਰ ਦੇ ਵਿਕਾਸ 'ਚ ਭਾਰੀ ਖੜੋਤ ਆ ਗਈ ਸੀ ਤੇ ਸ਼ਹਿਰ ਨਿਵਾਸੀ ਇਸ ਕਾਰਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਦੇ ਆ ਰਹੇ ਸਨ, ਪਰ ਹੁਣ ਨਗਰ ਕੌਂਸਲ ਦੀ ਨਵੀਂ ਟੀਮ ਨੇ ਚਾਰਜ ਸੰਭਾਲ ਲਿਆ ਹੈ ਤੇ ਜਲਦੀ ਹੀ ਸ਼ਹਿਰ ਦਾ ਰਿਕਾਰਡਤੋੜ ਵਿਕਾਸ ਹੋਵੇਗਾ।ਇਹ ਵਿਚਾਰ ਆਮ ਆਦਮੀ ਪਾਰਟੀ ਦੇ ਯੂਥ ਆਗੂ ਹੁਸਨਦੀਪ ਬਾਂਸਲ ਨੇ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਸਭ ਤੋਂ ਪਹਿਲਾਂ ਬਰਸਾਤੀ ਪਾਣੀ ਦੀ ਨਿਕਾਸੀ ਦਾ ਉਚੇਚਾ ਪ੍ਰਬੰਧ ਕੀਤਾ ਜਾਵੇਗਾ ਤੇ ਇਸ ਦੇ ਨਾਲ ਲਗਪਗ ਸਾਰੀਆਂ ਹੀ ਸੜਕਾਂ ਦੀ ਕਾਇਆ ਕਲਪ ਕੀਤੀ ਜਾਵੇਗੀ।ਸ਼ਹਿਰ ਵਿਚ ਸਟਰੀਟ ਲਾਈਟ ਦਾ ਉਚੇਚਾ ਪ੍ਰਬੰਧ ਕੀਤਾ ਜਾਵੇਗਾ।ਸ਼ਹਿਰ ਦੇ ਪਾਰਕਾਂ ਨੂੰ ਨਵੀਂ ਲੁੱਕ ਦਿੱਤੀ ਜਾਵੇਗੀ।ਇਨ੍ਹਾਂ ਵਿਚ ਵੱਖ-ਵੱਖ ਤਰ੍ਹਾਂ ਦੇ ਬੂਟੇ ਵਿਸ਼ੇਸ਼ ਕਰਕੇ ਡੈਕੋਰੇਸ਼ਨ ਦਰੱਖਤ ਵੀ ਲਗਾਏ ਜਾਣਗੇ। ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਘਾਟ ਨੂੰ ਵੇਖਦੇ ਹੋਏ ਸ਼ਹਿਰ ਦੇ ਵੱਖ-ਵੱਖ ਸਥਾਨਾਂ ਤੇ ਨਵੇਂ ਵਾਟਰ ਕੂਲਰ ਲਗਾਏ ਜਾਣਗੇ ਤੇ ਬਾਥਰੂਮਾਂ ਦੀ ਵੀ ਨਵੇਂ ਸਿਰੇ ਤੋਂ ਮੁਰੰਮਤ ਕੀਤੀ ਜਾਵੇਗੀ। ?ਬਾਂਸਲ ਨੇ ਸ਼ਹਿਰ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਸ਼ਹਿਰ ਦੀ ਸਫਾਈ ਲਈ ਆਪਣਾ ਯੋਗਦਾਨ ਪਾਉਣ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਵਰਤੋਂ ਛੱਡ ਕੇ ਕੱਪੜੇ ਵਾਲੇ ਥੈਲੇ ਵਰਤੇ ਜਾਣ ਤੇ ਨਗਰਪਾਲਿਕਾ ਵੱਲੋਂ ਲਾਈਆਂ ਗਈਆਂ ਗੱਡੀਆਂ 'ਚ ਹੀ ਆਪਣੇ ਘਰਾਂ ਦਾ ਕੂੜਾ ਪਾਇਆ ਜਾਵੇ।

# ਪੈਰਾ-ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਦਾ ਗਠਨ

■ 23 ਨੂੰ ਸਿਹਤ ਡਾਇਰੈਕਟਰ ਨੂੰ ਮਿਲੇਗਾ ਡੈਪੂਟੇਸ਼ਨ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ-ਕਾਮਰੇਡ ਨਛੱਤਰ ਸਿੰਘ ਹਾਲ ਮੋਗਾ ਵਿਖੇ ਵਿਰਸਾ ਸਿੰਘ ਪੰਨੂ ਤੇ ਗਗਨਦੀਪ ਸਿੰਘ ਭੁੱਲਰ ਦੀ ਸਾਂਝੀ ਅਗਵਾਈ ਹੇਠ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਪੈਰਾਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਦਾ ਗਠਨ ਕੀਤਾ ਗਿਆ। ?ਇੱਥੇ ਇਹ ਜ਼ਿਕਰਯੋਗ ਹੈ ਕਿ ਇਹ ਸੰਘਰਸ਼ ਕਮੇਟੀ ਪੰਜਾਬ ਅੰਦਰ ਮੁਲਾਜ਼ਮਾਂ ਦੇ ਹਿੱਤਾਂ ਲਈ ਚੱਲ ਰਹੀਆਂ ਦੋ ਪ੍ਰਮੁੱਖ ਪੈਰਾਮੈਡੀਕਲ ਜਥੇਬੰਦੀਆਂ ਵਿੱਚੋਂ ਸਾਂਝੇ ਤੌਰ 'ਤੇ ਚੁਣੀ ਗਈ। ਇਸ ਕਮੇਟੀ ਵਿੱਚ ਜਥੇਬੰਦਕ ਕਾਰਵਾਈਆਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਨਰਿੰਦਰ ਸ਼ਰਮਾ ਫਿਰੋਜ਼ਪੁਰ ਤੇ ਗੁਲਜ਼ਾਰ ਖਾਨ ਮਲੇਰਕੋਟਲਾ ਨੂੰ ਬਤੌਰ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ। ?ਮੀਟਿੰਗ ਦੌਰਾਨ ਸਰਬਸੰਮਤੀ ਨਾਲ ਗੁਰਪ੍ਰੀਤ ਸਿੰਘ ਮੰਗਵਾਲ, ਡਾਕਟਰ ਸੁਨੀਲ ਅਰਗੋਤਰਾ ਸੀ ਐੱਚ ਓ, ਡਾਕਟਰ ਪ੍ਰੀਤ ਮੁਖੀਜਾ, ਸੰਦੀਪ ਸਿੰਘ ਸਿੱਧੂ ਰੇਡੀਓਗ੍ਰਾਫਰ, ਮਨਜੀਤ ਸਿੰਘ ਤਰਨਤਾਰਨ, ਗੁਰਜਿੰਦਰ ਸਿੰਘ ਢਿੱਲੋਂ, ਹਰਮਿੰਦਰ ਪਾਲ ਫ਼ਤਹਿਗੜ੍ਹ ਸਾਹਿਬ, ਅਸ਼ੋਕ ਕੁਮਾਰ ਸੰਗਰੂਰ, ਚਮਕੌਰ ਸਿੰਘ ਐੱਮ ਐੱਲ ਟੀ, ਸੁਖਵਿੰਦਰ ਸਿੰਘ ਦੋਦਾ, ਮੁਨੱਵਰ ਜਹਾਂ ਮਲੇਰਕੋਟਲਾ, ਗੁਰਜਿੰਦਰ ਸਿੰਘ ਪ੍ਰਧਾਨ ਆਊਟਸੋਰਜ਼ ਯੂਨੀਅਨ, ਗੁਰਦੇਵ ਸਿੰਘ ਢਿੱਲੋਂ, ਸੁਖਜਿੰਦਰ ਸਿੰਘ ਫ਼ਾਜ਼ਿਲਕਾ, ਹਰਜੀਤ ਸਿੰਘ ਪਹੂਵਿੰਡ, ਸੁਰਿੰਦਰ ਸੋਨੀ ਲੁਧਿਆਣਾ, ਰਾਮ ਪ੍ਰਸ਼ਾਦ ਫਿਰੋਜ਼ਪੁਰ, ਗੁਰਦੇਵ ਸਿੰਘ ਬੱਲ, ਪਵਨਜੀਤ ਸਿੰਘ ਵਿਰਕ ਫ਼ਾਜ਼ਿਲਕਾ, ਗੁਰਪਾਲ ਸਿੰਘ ਲੁਧਿਆਣਾ, ਜਸਮੇਲ ਸਿੰਘ ਮੋਗਾ, ਹਰਵਿੰਦਰ ਸਿੰਘ ਤੇ ਜਸਮੇਲ ਸਿੰਘ ਏਡਜ਼ ਕੰਟਰੋਲ ਪ੍ਰੋਗਰਾਮ, ਚਰਨਜੀਤ ਸਿੰਘ ਟਹਿਣਾ ਫ਼ਰੀਦਕੋਟ, ਸੁਖਜੀਤ ਸਿੰਘ ਮੁਕਤਸਰ, ਰਜਵੰਤ ਸਿੰਘ ਬਾਗੜੀਆ, ਅਮਨਦੀਪ ਸਿੰਘ ਜਲੰਧਰ, ਸਿਕੰਦਰ ਸਿੰਘ ਢੇਰ ਰੋਪੜ ਤੇ ਹਰਵਿੰਦਰ ਸਿੰਘ ਛੀਨਾਂ ਨੂੰ ਬਤੌਰ ਕਮੇਟੀ ਮੈਂਬਰ ਸ਼ਾਮਲ ਕੀਤਾ ਗਿਆ। ਇਸ ਦੇ ਨਾਲ ਹੀ ਪ੍ਰੈੱਸ ਸਕੱਤਰ ਤੇ ਸੋਸ਼ਲ ਮੀਡੀਆ ਦੀ ਜ਼ਿੰਮੇਵਾਰੀ ਰਾਜਿੰਦਰ ਬਲੂਆਣਾ ਤੇ ਜਸਵਿੰਦਰ ਸਿੰਘ ਫਿਰੋਜ਼ਪੁਰ ਨੂੰ ਸੌਂਪੀ ਗਈ। ?ਮੀਟਿੰਗ ਦੌਰਾਨ ਮੁਲਾਜ਼ਮਾਂ ਦੀਆਂ ਲੰਬਿਤ ਮੰਗਾਂ ਤੇ ਅਗਲੇਰੀ ਰਣਨੀਤੀ 'ਤੇ ਗੰਭੀਰ ਚਰਚਾ ਕੀਤੀ ਗਈ। ਆਗੂਆਂ ਨੇ ਐਲਾਨ ਕੀਤਾ ਕਿ ਪੈਰਾਮੈਡੀਕਲ ਸਿਹਤ ਮੁਲਾਜ਼ਮਾਂ ਦੇ ਮਸਲਿਆਂ ਦੇ ਹੱਲ ਲਈ ਆਉਂਦੀ 23 ਜੁਲਾਈ ਨੂੰ ਸਿਹਤ ਵਿਭਾਗ ਦੇ ਡਾਇਰੈਕਟਰ ਨੂੰ ਇੱਕ ਵਿਸ਼ਾਲ ਮਾਸ ਡੈਪੂਟੇਸ਼ਨ (ਵਫ਼ਦ) ਮਿਲ ਕੇ ਮੰਗ ਪੱਤਰ ਸੌਂਪੇਗਾ। ਇਸ ਸਮੇਂ ਸਿਹਤ ਵਿਭਾਗ ਦੇ ਵੱਖ ਵੱਖ ਕੇਡਰਾਂ ਤੋਂ ਵੱਡੀ ਗਿਣਤੀ ਵਿੱਚ ਪੈਰਾਮੈਡੀਕਲ ਕਾਮੇ ਹਾਜ਼ਰ ਸਨ।

# ਮੁੱਖ ਮੰਤਰੀ ਨੇ ਚੋਣਾਂ ਤੋਂ ਪਹਿਲਾਂ ਦਿੱਤੀ ਹਰ ਗਰੰਟੀ ਨੂੰ ਪੂਰਾ ਕੀਤਾ : ਸੁਖਵੀਰ ਸਿੰਘ

■ ਘਨੌਰ ਕਲਾਂ 'ਚ ਕੀਤੀ ਲੋਕ ਮਿਲਣੀ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਨਿਪਟਾਰਾ ਕਰਨ ਤੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਲਈ ਓ.ਐੱਸ.ਡੀ. ਸੁਖਵੀਰ ਸਿੰਘ ਨੇ ਪਿੰਡ ਘਨੌਰ ਕਲਾਂ ਵਿਖੇ 'ਲੋਕ ਮਿਲਣੀ' ਕੀਤੀ। ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਸਮਾਂਬੱਧ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਹਲਕੇ ਦੇ ਹਰੇਕ ਪਿੰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ।ਉਨ੍ਹਾਂ ਦੱਸਿਆ ਕਿ ਘਨੌਰ ਕਲਾਂ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਕਰੀਬ 5.45 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਮੁਕੰਮਲ ਹੋ ਚੁੱਕੇ ਹਨ, ਜਦਕਿ ਲਗਭਗ 5.99 ਕਰੋੜ ਰੁਪਏ ਦੀ ਲਾਗਤ ਵਾਲੇ ਹੋਰ ਸੜਕਾਂ ਤੇ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਜੈਕਟ ਵੀ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੋਣਾਂ ਤੋਂ ਪਹਿਲਾਂ ਲੋਕਾਂ ਨੂੰ ਜੋ ਵੀ ਗਰੰਟੀਆਂ ਦਿੱਤੀਆਂ ਸਨ, ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਹੈ।ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਤੇ ਸਮੁੱਚੀ ਟੀਮ ਹਲਕੇ ਦੇ ਸਰਬਪੱਖੀ ਵਿਕਾਸ ਤੇ ਲੋਕਾਂ ਦੀ ਸੇਵਾ ਲਈ ਹਰ ਵੇਲੇ ਵਚਨਬੱਧ ਹੈ।ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ 'ਲੋਕ ਮਿਲਣੀ' ਪ੍ਰੋਗਰਾਮਾਂ ਰਾਹੀਂ ਸਰਕਾਰ ਲੋਕਾਂ ਦੇ ਬੂਹੇ ਤੱਕ ਪਹੁੰਚ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੀ ਹੈ ਤੇ ਜਾਇਜ਼ ਮੰਗਾਂ ਦਾ ਸਮਾਂਬੱਧ ਹੱਲ ਯਕੀਨੀ ਬਣਾ ਰਹੀ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਵਚਨਬੱਧ ਹੈ ਤੇ ਨਹਿਰੀ ਪਾਣੀ ਦੀ ਸੰਭਾਲ, ਨਸ਼ਿਆਂ ਵਿਰੁੱਧ ਮੁਹਿੰਮ, ਸਿੱਖਿਆ ਸੁਧਾਰ ਤੇ ਸਰਬਪੱਖੀ ਵਿਕਾਸ ਦੇ ਖੇਤਰ ਵਿੱਚ ਇਤਿਹਾਸਕ ਕੰਮ ਕਰ ਰਹੀ ਹੈ, ਜਿਨ੍ਹਾਂ ਦਾ ਲਾਭ ਹਰ ਵਰਗ ਦੇ ਲੋਕਾਂ ਨੂੰ ਮਿਲ ਰਿਹਾ ਹੈ।ਇਸ ਮੌਕੇ ਸਰਪੰਚ ਜਸਵਿੰਦਰ ਸਿੰਘ ਨੇ ਕਿਹਾ ਕਿ ਪੰਚਾਇਤ ਵੱਲੋਂ ਵਿਕਾਸ ਗ੍ਰਾਂਟਾਂ ਦੀ ਵਰਤੋਂ ਪੂਰੀ ਪਾਰਦਰਸ਼ਤਾ ਤੇ ਜਵਾਬਦੇਹੀ ਨਾਲ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਗਲੀਆਂ-ਨਾਲੀਆਂ ਸਮੇਤ ਵਿਕਾਸ ਕਾਰਜ ਤੇਜ਼ੀ ਨਾਲ ਜਾਰੀ ਹਨ ਤੇ ਪਿੰਡ ਦੇ ਸਰਬਪੱਖੀ ਵਿਕਾਸ ਲਈ ਸਰਕਾਰ ਦੇ ਸਹਿਯੋਗ ਨਾਲ ਹੋਰ ਵਿਕਾਸ ਪ੍ਰੋਜੈਕਟ ਵੀ ਜਲਦ ਸ਼ੁਰੂ ਕੀਤੇ ਜਾਣਗੇ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ, ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਬਲਾਕ ਸੰਮਤੀ ਸ਼ੇਰਪੁਰ ਦੇ ਚੇਅਰਮੈਨ ਚਰਨ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਪ੍ਰਧਾਨ ਸੁਖਦੇਵ ਸਿੰਘ, ਡਾਇਰੈਕਟਰ ਅਨਿਲ ਮਿੱਤਲ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਪੰਚਾਇਤ ਨੁਮਾਇੰਦੇ ਤੇ ਪਿੰਡ ਵਾਸੀ ਹਾਜ਼ਰ ਸਨ।

## ਨੌਜਵਾਨ ਦੀ ਭੇਦਭਰੀ ਹਾਲਤ 'ਚ ਮੌਤ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਬੀਤੇ ਦਿਨ ਦੇਰ ਸ਼ਾਮ ਉਸ ਵੇਲੇ ਇਕ ਦੁਖਦਾਈ ਘਟਨਾ ਸਾਹਮਣੇ ਆਈ, ਜਦੋਂ ਸ਼ਹਿਰ ਦੇ ਆਦਰਸ਼ ਨਗਰ ਇਲਾਕੇ ਵਿੱਚ ਇਕ ਨੌਜਵਾਨ ਦੀ ਲਾਸ਼ ਉਸ ਦੇ ਘਰ ਵਿੱਚੋਂ ਮਿਲੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਦਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਆਦਰਸ਼ ਨਗਰ ਸਥਿਤ ਇਕ ਘਰ ਵਿੱਚ ਇਕ ਨੌਜਵਾਨ ਮ੍ਰਿਤਕ ਹਾਲਤ ਵਿੱਚ ਪਿਆ ਹੈ।ਸੂਚਨਾ ਮਿਲਦੇ ਹੀ ਪੁਲਸ ਪਾਰਟੀ ਮੌਕੇ 'ਤੇ ਪਹੁੰਚੀ ਤੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ।ਪੁਲਸ ਅਨੁਸਾਰ ਮ੍ਰਿਤਕ ਦੀ ਪਛਾਣ ਰਘੂ ਗੱਖੜ ਵਜੋਂ ਹੋਈ ਹੈ।ਥਾਣਾ ਮੁਖੀ ਦਵਿੰਦਰ ਸਿੰਘ ਨੇ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਇਹ ਜਾਣਕਾਰੀ ਸਾਹਮਣੇ ਆਈ ਹੈ ਕਿ ਉਹ ਨਸ਼ੇ ਦਾ ਆਦੀ ਸੀ। ਪੁਲਸ ਨੇ ਇਹ ਵੀ ਦੱਸਿਆ ਕਿ ਉਸ ਦੇ ਮਾਤਾ-ਪਿਤਾ ਦਾ ਪਹਿਲਾਂ ਹੀ ਦੇਹਾਂਤ ਹੋ ਚੁੱਕਾ ਹੈ।ਥਾਣਾ ਮੁਖੀ ਨੇ ਦੱਸਿਆ ਕਿ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ।ਮੌਤ ਦੇ ਅਸਲ ਕਾਰਨਾਂ ਦਾ ਪਤਾ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਲੱਗ ਸਕੇਗਾ।ਪੁਲਸ ਵੱਲੋਂ ਮਾਮਲੇ ਦੀ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ।

# ਡੀ ਸੀ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਸੰਬੰਧੀ ਮੀਟਿੰਗ

**ਪੈਂਡਿੰਗ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਦਿੱਤੇ ਆਦੇਸ਼**




ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਜ਼ਿਲ੍ਹੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ ਤੇ ਉਨ੍ਹਾਂ ਨੂੰ ਸਰਕਾਰੀ ਵਿਭਾਗਾਂ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਹ ਜਾਣਕਾਰੀ ਸ੍ਰੀ ਅਮਿਤ ਕੁਮਾਰ ਪੰਚਾਲ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੇ ਟਰੇਡ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਮੌਕੇ ਸਾਂਝੀ ਕੀਤੀ। ਇਸ ਮੌਕੇ ਪ੍ਰੋਫੈਸਰ ਆਸ਼ੂਤੋਸ਼ ਮੈਂਬਰ ਪੰਜਾਬ ਡਿਵੈਲਪਮੈਂਟ ਕਮਿਸ਼ਨ ਵੀ ਮੌਜੂਦ ਸਨ।ਮੀਟਿੰਗ ਦੌਰਾਨ ਪ੍ਰੋਫੈਸਰ ਆਸ਼ੂਤੋਸ਼ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਜੋ ਵੀ ਵਪਾਰੀਆਂ ਨਾਲ ਸਬੰਧਤ ਸ਼ਿਕਾਇਤਾਂ ਪ੍ਰਾਪਤ ਹੁੰਦੀਆਂ ਹਨ, ਇਨ੍ਹਾਂ ਸ਼ਿਕਾਇਤਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇ ਤਾਂ ਜੋ ਵਪਾਰੀਆਂ, ਦੁਕਾਨਦਾਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ।ਉਨ੍ਹਾਂ ਕਿਹਾ ਕਿ ਜਿਹੜੀਆਂ ਸਮੱਸਿਆਵਾਂ ਜ਼ਿਲ੍ਹਾ ਪੱਧਰ 'ਤੇ ਹੱਲ ਨਹੀਂ ਹੋ ਸਕਦੀਆਂ, ਉਨ੍ਹਾਂ ਸਮੱਸਿਆਵਾਂ ਨੂੰ ਮੁੱਖ ਦਫਤਰ ਪੱਧਰ 'ਤੇ ਹੱਲ ਕਰਵਾਇਆ ਜਾਵੇਗਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਵਪਾਰੀਆਂ ਦੀ ਸਮੱਸਿਆਵਾਂ ਦੇ ਹੱਲ ਲਈ ਹਰ ਹਫਤੇ ਹਲਕਾ ਕੋਆਰਡੀਨੇਟਰਾਂ ਨਾਲ ਮੀਟਿੰਗ ਕੀਤੀਆਂ ਜਾ ਰਹੀਆਂ ਹਨ ਤੇ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਰੀਵਿਊ ਕੀਤਾ ਜਾ ਰਿਹਾ ਹੈ ਅਤੇ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਉਨ੍ਹਾਂ ਜ਼ਿਲ੍ਹੇ ਨਾਲ ਸਬੰਧਤ ਨਗਰ ਕੌਂਸਲਾਂ, ਪਾਵਰਕਾਮ, ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨੂੰ ਹਦਾਇਤ ਕੀਤੀ ਕਿ ਲੋਕਾਂ ਵੱਲੋਂ ਕੀਤੀਆਂ ਗਈਆਂ ਸ਼ਿਕਾਇਤਾਂ ਦਾ ਆਪਸੀ ਤਾਲਮੇਲ ਨਾਲ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ।ਡਿਪਟੀ ਕਮਿਸ਼ਨਰ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਖਾਸ ਹਦਾਇਤ ਕੀਤੀ ਕਿ ਸਟਰੀਟ ਲਾਈਟਾਂ, ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ ਤੇ ਕਿਸੇ ਵੀ ਤਰ੍ਹਾਂ ਦੀ ਕੋਈ ਅਣਗਹਿਲੀ ਨਾ ਵਰਤੀ ਜਾਵੇ।ਇਸ ਮੌਕੇ ਵੱਖ ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀ ਤੇ ਟਰੇਡ ਯੂਨੀਅਨ ਦੇ ਨੁਮਾਇੰਦੇ ਆਦਿ ਮੌਜੂਦ ਸਨ।

# ਰਣਜੋਧ ਹਡਾਣਾ ਵੱਲੋਂ ਹਲਕਾ ਸਨੌਰ ਦੇ ਪਿੰਡਾਂ ਦਾ ਤੂਫ਼ਾਨੀ ਦੌਰਾ



ਸਨੌਰ (ਰਾਜਿੰਦਰ ਸਿੰਘ ਥਿੰਦ)

ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਰਿਕਾਰਡਤੋੜ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਹਲਕਾ ਸਨੌਰ ਦੇ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਦੇ ਪਿੰਡਾਂ ਅੰਦਰ ਲਗਾਤਾਰ ਤੂਫ਼ਾਨੀ ਦੌਰੇ ਕਰਕੇ ਲੋਕਾਂ ਦੀਆਂ ਸੱਥਾਂ ਵਿੱਚ ਹਾਜ਼ਰੀ ਲਗਵਾਈ ਜਾ ਰਹੀ ਹੈ।ਇਸੇ ਤਹਿਤ ਸ੍ਰੀ ਹਡਾਣਾ ਵੱਲੋਂ ਗੁਰਪ੍ਰੀਤ ਸਿੰਘ ਗੋਪੀ ਸਰਪੰਚ ਤੇ ਬਲਾਕ ਪ੍ਰਧਾਨ ਅਤੇ ਹਰਪ੍ਰੀਤ ਸਿੰਘ ਘੁੰਮਣ ਵਾਈਸ ਚੇਅਰਮੈਨ ਬਲਾਕ ਸੰਮਤੀ ਸਨੌਰ ਦੀ ਅਗਵਾਈ ਵਿੱਚ ਹਲਕੇ ਦੇ ਚਾਰ ਪ੍ਰਮੁੱਖ ਇਲਾਕਿਆਂ ਪਿੰਡ ਚੌਰਾ, ਰਿਸ਼ੀ ਕਲੋਨੀ ਤੇ ਉਸ ਤੋਂ ਬਾਅਦ ਨੂਰ ਖੇੜੀਆਂ ਤੇ ਡੀਲਵਾਲ ਵਿਖੇ ਵਿਸ਼ੇਸ਼ ਸਭਾਵਾਂ ਕਰਕੇ ਜਨਤਾ ਦੇ ਰੂ-ਬ-ਰੂ ਹੋਏ।ਇਸ ਦੌਰਾਨ ਵੱਖ-ਵੱਖ ਥਾਵਾਂ 'ਤੇ ਪਹੁੰਚਣ ਉਪਰੰਤ ਇਲਾਕਾ ਨਿਵਾਸੀਆਂ ਤੇ ਸਥਾਨਕ ਪੰਚਾਇਤਾਂ ਵੱਲੋਂ ਉਨ੍ਹਾਂ ਦਾ ਨਿੱਘਾ ਤੇ ਜ਼ੋਰਦਾਰ ਸਵਾਗਤ ਕੀਤਾ ਗਿਆ।ਇਸ ਮੌਕੇ ਹਲਕੇ ਦੀਆਂ ਪ੍ਰਮੁੱਖ ਰਾਜਨੀਤਕ ਸ਼ਖਸੀਅਤਾਂ, ਕਿਸਾਨ ਆਗੂ ਤੇ ਸਰਪੰਚ ਸਾਹਿਬਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ, ਜਿਨ੍ਹਾਂ ਵਿੱਚ ਬਲਿਹਾਰ ਸਿੰਘ ਪ੍ਰਧਾਨ ਕਿਸਾਨ ਵਿੰਗ, ਗੁਰਜੀਤ ਸਿੰਘ ਭੱਠਲ ਬਲਾਕ ਪ੍ਰਧਾਨ ਤੇ ਸਰਪੰਚ, ਰਾਮ ਇੰਦਰ ਸਿੰਘ ਜਮਨਾ ਮੈਂਬਰ, ਜ਼ਿਲ੍ਹਾ ਪ੍ਰੀਸ਼ਦ, ਮਨਿੰਦਰ ਸਿੰਘ ਚੀਮਾ ਤੇ ਹਰਪਿੰਦਰ ਸਿੰਘ ਚੀਮਾ, ਕਰਮਜੀਤ ਸਿੰਘ ਸਰਪੰਚ, ਪਿੰਡ ਚੌਰਾ, ਗਗਨ ਸਰਪੰਚ, ਪਿੰਡ ਡੀਲਵਾਲ, ਹਰਪ੍ਰੀਤ ਸਿੰਘ ਸਰਪੰਚ ਪਿੰਡ ਨੂਰਖੇੜੀਆਂ ਤੇ ਪਿੰਡ ਵਾਸੀ ਮੌਜੂਦ ਰਹੇ।ਇਨ੍ਹਾਂ ਸਭਾਵਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪਿੰਡਾਂ ਦੀਆਂ ਸੱਥਾਂ ਵਿੱਚ ਬੈਠ ਕੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣਨਾ ਤੇ ਉਨ੍ਹਾਂ ਦਾ ਮੌਕੇ 'ਤੇ ਹੱਲ ਕਰਨਾ ਹੀ ਸਾਡੀ ਪਹਿਲੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਇੱਕੋ-ਇੱਕ ਨਿਸ਼ਾਨਾ ਪੰਜਾਬ ਦੇ ਹਰ ਪਿੰਡ ਤੇ ਸ਼ਹਿਰੀ ਵਾਰਡ ਤੱਕ ਬਿਨਾਂ ਕਿਸੇ ਰਾਜਨੀਤਕ ਪੱਖਪਾਤ ਦੇ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨਾ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਚੌਰਾ, ਰਿਸ਼ੀ ਕਲੋਨੀ, ਨੂਰ ਖੇੜੀਆਂ ਤੇ ਡੀਲਵਾਲ ਦੇ ਸਰਵਪੱਖੀ ਵਿਕਾਸ ਲਈ ਗ੍ਰਾਂਟਾਂ ਦੇ ਖ਼ਜ਼ਾਨੇ ਖੋਲ੍ਹੇ ਜਾਣਗੇ ਅਤੇ ਚੱਲ ਰਹੇ ਸੜਕਾਂ ਤੇ ਗਲੀਆਂ ਦੇ ਕੰਮਾਂ ਨੂੰ ਜਲਦੀ ਮੁਕੰਮਲ ਕੀਤਾ ਜਾਵੇਗਾ।ਇਸ ਮੌਕੇ ਵੱਡੀ ਗਿਣਤੀ ਵਿੱਚ ਸਥਾਨਕ ਪੰਚਾਇਤ ਮੈਂਬਰ, ਆਮ ਆਦਮੀ ਪਾਰਟੀ ਦੇ ਮਿਹਨਤੀ ਵਲੰਟੀਅਰ ਤੇ ਭਾਰੀ ਗਿਣਤੀ ਵਿੱਚ ਪਿੰਡਾਂ ਦੇ ਪਤਵੰਤੇ ਸੱਜਣ ਮੌਜੂਦ ਸਨ, ਜਿਨ੍ਹਾਂ ਨੇ ਮਾਨ ਸਰਕਾਰ ਤੇ ਰਣਜੋਧ ਹਡਾਣਾ ਦੀ ਕਾਰਜਸ਼ੈਲੀ 'ਤੇ ਪੂਰਨ ਭਰੋਸਾ ਜਤਾਇਆ।

## ਰੀ-ਵੈਲਿਊਏਸ਼ਨ ਉੱਤਰ-ਪੱਤਰੀਆਂ ਬਦਲਣ ਦੀਆਂ ਖੁੱਲ੍ਹਣ ਲੱਗੀਆਂ ਪਰਤਾਂ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬੀ ਯੂਨੀਵਰਸਿਟੀ ਰੀ-ਵੈਲਿਊਏਸ਼ਨ ਦੌਰਾਨ ਉੱਤਰ ਪੱਤਰੀਆਂ ਦੇ ਪੰਨੇ ਬਦਲਣ ਦੇ ਮਾਮਲੇ ਦੀਆਂ ਪਰਤਾਂ ਖੁੱਲ੍ਹਣੀਆਂ ਸ਼ੁਰੂ ਹੋ ਗਈਆਂ ਹਨ।ਪਹਿਲਾਂ ਤਿੰਨ ਉੱਤਰ ਪੱਤਰੀਆਂ 'ਚ ਹੇਰਫੇਰ ਸਾਹਮਣੇ ਆਇਆ ਸੀ, ਜਿਨ੍ਹਾਂ ਦੀ ਗਿਣਤੀ ਹੁਣ ਦਸ ਤੱਕ ਪੁੱਜ ਗਈ ਹੈ।ਦਿਲਚਸਪ ਹੈ ਕਿ ਇਹ ਸਾਰੀਆਂ ਉੱਤਰ ਪੱਤਰੀਆਂ ਇੱਕੋ ਵਿਭਾਗ ਦੀਆਂ ਹੀ ਹਨ।ਜਾਂਚ ਦੌਰਾਨ ਸਾਹਮਣੇ ਆਇਆ ਕਿ ਪੇਪਰਾਂ ਵਿੱਚ ਵਿਦਿਆਰਥੀਆਂ ਨੇ ਰੀ-ਇਵੈਲੂਏਸ਼ਨ ਲਈ ਅਪਲਾਈ ਕੀਤਾ ਸੀ ਜਦੋਂ ਅਸਲ ਉੱਤਰ-ਕਾਪੀਆਂ ਦੀ ਪੜਤਾਲ ਕੀਤੀ ਗਈ ਤਾਂ ਪਤਾ ਲੱਗਾ ਕਿ ਵਿਦਿਆਰਥੀਆਂ ਦੀਆਂ ਅਸਲ ਕਾਪੀਆਂ ਦੇ ਅੰਦਰਲੇ ਪੰਨੇ ਕਿਸੇ ਹੋਰ ਉੱਤਰ-ਕਾਪੀ ਜਿਸ ਦਾ ਰੋਲ ਨੰਬਰ, ਕਾਪੀ ਨੰਬਰ ਵੱਖਰਾ ਸੀ, ਨਾਲ ਅਦਲਾ-ਬਦਲੀ ਕੀਤੇ ਗਏ ਸਨ। ਹੋਰਨਾਂ ਹੁਸ਼ਿਆਰ ਬੱਚਿਆਂ ਦੀਆਂ ਕਾਪੀਆਂ ਦੇ ਪੰਨੇ ਪਾੜ ਕੇ ਇਨ੍ਹਾਂ ਵਿਦਿਆਰਥੀਆਂ ਦੀਆਂ ਕਾਪੀਆਂ 'ਚ ਲਾਏ ਗਏ।ਜਾਂਚ ਅੱਗੇ ਵਧੀ ਤਾਂ 10 ਅਜਿਹੀਆਂ ਉੱਤਰ ਪੱਤਰੀਆਂ ਮਿਲੀਆਂ ਜਿਨ੍ਹਾਂ ਦੇ ਪਹਿਲੇ ਪੰਨੇ ਅੰਦਰਲੇ ਪੰਨਿਆਂ ਦੀ ਲਿਖਾਈ ਵਿਚ ਫਰਕ ਹੈ।ਕਾਪੀਆਂ ਨੂੰ ਮੁੜ ਜੋੜਨ ਲਈਆਂ ਸਟੈਪਲਰ ਤੇ ਧਾਗੇ ਬਾਰੇ ਜਾਂਚ ਕੀਤੀ ਜਾ ਰਹੀ ਹੈ।ਸੂਤਰਾਂ ਅਨੁਸਾਰ ਉੱਤਰ ਪੱਤਰੀਆਂ 'ਤੇ ਧਾਗੇ ਤੇ ਸਟੈਪਲਰ ਵਿਸ਼ੇਸ਼ ਕਿਸਮ ਦੇ ਹੁੰਦੇ ਹਨ ਤੇ ਹੇਰਫੇਰ ਕਰਨ ਵਾਲੇ ਵੱਲੋਂ ਅਜਿਹੇ ਹੀ ਧਾਗੇ ਤੇ ਸਟੈਪਲਰ ਦੀ ਵਰਤੋਂ ਕੀਤੀ ਗਈ ਹੈ।

## ਪਬਲਿਕ ਲਾਇਬ੍ਰੇਰੀ ਨਾਰੰਗਵਾਲ 'ਚ ਇਤਿਹਾਸਕ ਪਦਾਰਥਵਾਦ ਵਿਸ਼ੇ 'ਤੇ ਸੈਮੀਨਾਰ



ਰਾਏਕੋਟ (ਸੰਤੋਖ ਗਿੱਲ)-ਪਬਲਿਕ ਲਾਇਬ੍ਰੇਰੀ ਨਾਰੰਗਵਾਲ ਵਿੱਚ ਗੋਵਿੰਦ ਨੈਸ਼ਨਲ ਕਾਲਜ ਨਾਰੰਗਵਾਲ ਦੇ ਵਿਦਿਆਰਥੀਆਂ ਦੇ ਲੱਗੇ ਕੈਂਪ ਦੇ 10ਵੇਂ ਦਿਨ ਇਤਿਹਾਸਕ ਪਦਾਰਥਵਾਦ ਵਿਸ਼ੇ 'ਤੇ ਕਰਵਾਏ ਗਏ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਟਰੱਸਟੀ ਸਾਥੀ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਸਮਾਜ ਨੂੰ ਬਦਲਣ ਲਈ ਪਦਾਰਥਕ ਕਾਰਨ ਅਸਰ ਕਰਦੇ ਹਨ। ਉਨ੍ਹਾਂ ਕਿਹਾ ਕਿ ਇਤਿਹਾਸਕ ਪਦਾਰਥਵਾਦ ਇਹ ਦੱਸਦਾ ਹੈ ਕਿ ਮਨੁੱਖੀ ਇਤਿਹਾਸ ਕਿਸੇ ਰਾਜੇ-ਮਹਾਰਾਜੇ ਦੀ ਮਰਜ਼ੀ ਜਾਂ ਰੱਬੀ ਖੇਡ ਨਾਲ ਨਹੀਂ ਬਦਲਦਾ, ਸਗੋਂ ਇਹ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਮਨੁੱਖ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਚੀਜ਼ਾਂ ਦਾ ਉਤਪਾਦਨ ਕਿਵੇਂ ਕਰਦਾ ਹੈ ਅਤੇ ਉਸ ਆਰਥਿਕ ਪ੍ਰਣਾਲੀ ਵਿੱਚ ਸ਼ਕਤੀ ਕਿਸ ਦੇ ਹੱਥ ਵਿੱਚ ਹੈ।ਉਨ੍ਹਾਂ ਕਿਹਾ ਕਿ 19ਵੀਂ ਸਦੀ ਦੇ ਪ੍ਰਸਿੱਧ ਦਾਰਸ਼ਨਿਕ, ਅਰਥਸ਼ਾਸਤਰੀ, ਇਤਿਹਾਸਕਾਰ ਤੇ ਸਮਾਜਿਕ ਚਿੰਤਕ ਕਾਰਲ ਮਾਰਕਸ ਅਨੁਸਾਰ ਕਿਸੇ ਵੀ ਸਮਾਜ ਵਿੱਚ ਵਿਚਾਰ, ਰਾਜਨੀਤੀ, ਧਰਮ ਜਾਂ ਕਾਨੂੰਨ ਉਦੋਂ ਤੱਕ ਪੈਦਾ ਨਹੀਂ ਹੋ ਸਕਦੇ, ਜਦੋਂ ਤੱਕ ਮਨੁੱਖ ਦੀਆਂ ਮੁੱਢਲੀਆਂ ਭੌਤਿਕ ਲੋੜਾਂ ਰੋਟੀ, ਕੱਪੜਾ ਤੇ ਮਕਾਨ ਪੂਰੀਆਂ ਨਹੀਂ ਹੁੰਦੀਆਂ।ਇਸ ਲਈ, ਸਮਾਜ ਨੂੰ ਸਮਝਣ ਲਈ ਉਸ ਦੀ ਆਰਥਿਕ ਪ੍ਰਣਾਲੀ ਨੂੰ ਸਮਝਣਾ ਜ਼ਰੂਰੀ ਹੈ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਉਠਾਏ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।ਇਸ ਮੌਕੇ ਅਮਰਪ੍ਰੀਤ ਸਿੰਘ ਗੁੱਜਰਵਾਲ ਨੇ ਸਟੇਜ ਦੀ ਕਾਰਵਾਈ ਚਲਾਈ।ਸੈਮੀਨਾਰ ਉਪਰੰਤ ਪ੍ਰਬੰਧਕਾਂ ਨੇ ਸਾਥੀ ਮੰਗਤ ਰਾਮ ਪਾਸਲਾ ਤੇ ਜਮਹੂਰੀ ਕਿਸਾਨ ਸਭਾ ਦੇ ਆਗੂ ਰਘਵੀਰ ਸਿੰਘ ਬੈਨੀਪਾਲ ਦਾ ਸਨਮਾਨ ਕੀਤਾ ਗਿਆ।ਪਰਮਜੀਤ ਸਿੰਘ ਗਰੇਵਾਲ, ਡਾ. ਮਨਦੀਪ ਕੌਰ ਰਾਏ, ਲਾਇਬ੍ਰੇਰੀਅਨ ਲਵਪ੍ਰੀਤ ਕੌਰ, ਹਰਨੇਕ ਸਿੰਘ ਗੁੱਜਰਵਾਲ ਤੇ ਮਦਨ ਲਾਲ ਸ਼ਰਮਾ ਮੌਜੂਦ ਸਨ।

## ਕਿੰਡਰ ਗਾਰਟਨ ਦੇ ਬੱਚਿਆਂ ਨੇ ਗੁਬਾਰਿਆਂ ਦੀ ਛਪਾਈ ਰਾਹੀਂ ਰੁੱਖਾਂ ਦੇ ਚਿੱਤਰ ਬਣਾਏ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸੈਕਰਡ ਹਾਰਟ ਇੰਟਰਨੈਸ਼ਨਲ ਸਕੂਲ ਦੀਵਾਨਗੜ੍ਹ ਕੈਮਪੁਰ, ਦਿੜ੍ਹਬਾ ਵਿਖੇ ਕਿੰਡਰਗਾਰਟਨ ਦੇ ਵਿਦਿਆਰਥੀਆਂ ਲਈ ਗੁਬਾਰਿਆਂ ਦੀ ਛਪਾਈ ਨਾਲ ਰੁੱਖ ਤਿਆਰ ਕਰਨ ਦੀ ਗਤੀਵਿਧੀ ਕਰਵਾਈ ਗਈ।ਇਸ ਗਤੀਵਿਧੀ ਦਾ ਮੰਤਵ ਬੱਚਿਆਂ ਦੀ ਸਿਰਜਣਾਤਮਕ ਸੋਚ ਨੂੰ ਉਤਸ਼ਾਹਤ ਕਰਨਾ, ਰੰਗਾਂ ਦੀ ਪਛਾਣ ਨੂੰ ਨਿਖਾਰਨਾ ਤੇ ਉਨ੍ਹਾਂ ਦੀਆਂ ਕਲਾਤਮਕ ਯੋਗਤਾਵਾਂ ਨੂੰ ਹੋਰ ਪ੍ਰਫੁੱਲਤ ਕਰਨਾ ਸੀ।ਨੰਨ੍ਹੇ-ਮੁੰਨੇ ਬੱਚਿਆਂ ਨੇ ਗੁਬਾਰਿਆਂ ਨੂੰ ਰੰਗਾਂ ਵਿੱਚ ਡੁਬੋ ਕੇ ਰੁੱਖਾਂ ਦੇ ਪੱਤਿਆਂ ਦੀ ਛਪਾਈ ਕੀਤੀ ਅਤੇ ਬਹੁਤ ਹੀ ਸੋਹਣੇ ਤੇ ਮਨਮੋਹਕ ਚਿੱਤਰ ਤਿਆਰ ਕੀਤੇ।ਬੱਚਿਆਂ ਨੇ ਇਹ ਗਤੀਵਿਧੀ ਬੜੇ ਚਾਅ ਤੇ ਉਤਸ਼ਾਹ ਨਾਲ ਕੀਤੀ, ਜਿਸ ਨਾਲ ਸਮੁੱਚਾ ਸਕੂਲੀ ਮਾਹੌਲ ਖ਼ੁਸ਼ੀ ਤੇ ਚਹਿਲ-ਪਹਿਲ ਨਾਲ ਭਰ ਗਿਆ।ਅਧਿਆਪਕਾਵਾਂ ਨੇ ਬੱਚਿਆਂ ਨੂੰ ਹਰ ਪੜਾਅ 'ਤੇ ਸਹੀ ਸੇਧ ਦਿੱਤੀ ਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸੋਨਿਕਾ ਗੁਪਤਾ ਨੇ ਬੱਚਿਆਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਆਖਿਆ ਕਿ ਅਜਿਹੀਆਂ ਰੌਚਕ ਗਤੀਵਿਧੀਆਂ ਬੱਚਿਆਂ ਦੀ ਕਲਪਨਾ-ਸ਼ਕਤੀ, ਆਤਮ-ਵਿਸ਼ਵਾਸ ਤੇ ਸਰਬਪੱਖੀ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ।

## ਸਤਲੁਜ 95 ਫ਼ਿਲਮ 'ਤੇ ਪਾਬੰਦੀ ਲਗਾਉਣਾ ਨਿੰਦਣਯੋਗ : ਜਸਬੀਰ ਭੁੱਲਰ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਹਲਕਾ ਫ਼ਿਰੋਜ਼ਪੁਰ ਸ਼ਹਿਰ ਦੇ ਇੰਚਾਰਜ ਜਸਬੀਰ ਸਿੰਘ ਭੁੱਲਰ ਨੇ ਸਰਕਾਰ ਦੀਆਂ ਨੀਤੀਆਂ 'ਤੇ ਤਿੱਖਾ ਨਿਸ਼ਾਨਾ ਸਾਧਿਆ ਹੈ। ਗੱਲਬਾਤ ਕਰਦਿਆਂ ਉਨ੍ਹਾਂ ਕੌਮੀ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ 'ਤੇ ਬਣੀ ਫ਼ਿਲਮ ਸਤਲੁਜ 95 ਨੂੰ ਸਿਨੇਮਾ ਘਰਾਂ ਵਿੱਚ ਨਾ ਚੱਲਣ ਦੇਣ ਦੇ ਸਰਕਾਰੀ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਗੱਲਬਾਤ ਕਰਦਿਆਂ ਭੁੱਲਰ ਨੇ ਆਖਿਆ ਕਿ ਇਹ ਫ਼ਿਲਮ ਪੰਜਾਬ ਦੇ ਹੱਕਾਂ ਤੇ ਮਨੁੱਖੀ ਅਧਿਕਾਰਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਮਹਾਨ ਸ਼ਹੀਦ ਜਸਵੰਤ ਸਿੰਘ ਖਾਲੜਾ ਦੀ ਕੁਰਬਾਨੀ ਤੇ ਉਨ੍ਹਾਂ ਦੇ ਸੰਘਰਸ਼ਮਈ ਜੀਵਨ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਫ਼ਿਲਮ ਨੂੰ ਸਿਨੇਮਾ ਘਰਾਂ ਵਿੱਚ ਚਲਾਇਆ ਜਾਣਾ ਚਾਹੀਦਾ ਸੀ ਤਾਂ ਜੋ ਅੱਜ ਦੀ ਨੌਜਵਾਨ ਪੀੜ੍ਹੀ ਆਪਣੇ ਇਤਿਹਾਸ ਤੇ ਕੌਮੀ ਸ਼ਹੀਦਾਂ ਦੇ ਯੋਗਦਾਨ ਬਾਰੇ ਜਾਣੂ ਹੋ ਸਕੇ, ਪਰ ਬੇਹੱਦ ਅਫ਼ਸੋਸ ਦੀ ਗੱਲ ਹੈ ਕਿ ਸਰਕਾਰ ਨੇ ਇਸ ਫ਼ਿਲਮ 'ਤੇ ਪਾਬੰਦੀ ਲਗਾ ਕੇ ਇਸ ਦੇ ਪ੍ਰਦਰਸ਼ਨ ਨੂੰ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਹੈ। ਅਕਾਲੀ ਆਗੂ ਨੇ ਇਸ ਕਦਮ ਨੂੰ ਵਿਚਾਰਾਂ ਦੀ ਆਜ਼ਾਦੀ 'ਤੇ ਹਮਲਾ ਦੱਸਿਆ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਨੂੰ ਆਪਣਾ ਇਹ ਲੋਕ ਵਿਰੋਧੀ ਫੈਸਲਾ ਤੁਰੰਤ ਵਾਪਸ ਲੈਣਾ ਚਾਹੀਦਾ ਹੈ ਅਤੇ ਫ਼ਿਲਮ ਨੂੰ ਬਿਨਾਂ ਕਿਸੇ ਰੋਕ ਟੋਕ ਦੇ ਸਿਨੇਮਾ ਘਰਾਂ ਵਿੱਚ ਰਿਲੀਜ਼ ਕਰਨ ਦੀ ਇਜਾਜ਼ਤ ਦੇਣੀ ਚਾਹੀਦੀ ਹੈ, ਤਾਂ ਜੋ ਸ਼ਹੀਦ ਖਾਲੜਾ ਦੀ ਸਚਾਈ ਦੁਨੀਆ ਸਾਹਮਣੇ ਆ ਸਕੇ।

## ਸ਼ਹਿਰ 'ਚ ਟ੍ਰੈਫਿਕ ਵਿਵਸਥਾ ਡਾਵਾਂਡੋਲ, ਪ੍ਰਸ਼ਾਸਨ ਖਾਮੋਸ਼



ਬਰੇਟਾ (ਰੀਤਵਾਲ)-ਸਥਾਨਕ ਸ਼ਹਿਰ ਵਿੱਚ ਟ੍ਰੈਫਿਕ ਪ੍ਰਬੰਧ ਪੂਰੀ ਤਰ੍ਹਾਂ ਡਾਵਾਂਡੋਲ ਹੋ ਚੁੱਕਾ ਹੈ।ਮੁੱਖ ਬਾਜ਼ਾਰਾਂ ਤੇ ਰੁੱਝੀਆਂ ਸੜਕਾਂ 'ਤੇ ਲੋਕ ਆਪਣੀਆਂ ਗੱਡੀਆਂ ਮਨਮਰਜ਼ੀ ਨਾਲ ਸੜਕ ਦੇ ਵਿਚਕਾਰ ਜਾਂ ਨੋ-ਪਾਰਕਿੰਗ ਵਾਲੀਆਂ ਥਾਵਾਂ 'ਤੇ ਖੜ੍ਹੀਆਂ ਕਰਕੇ ਖਰੀਦਦਾਰੀ ਕਰਨ ਚਲੇ ਜਾਂਦੇ ਹਨ।ਇਸ ਕਾਰਨ ਸੜਕਾਂ 'ਤੇ ਲੰਬੇ ਜਾਮ ਲੱਗਦੇ ਹਨ ਤੇ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਪ੍ਰਭਾਵਸ਼ਾਲੀ ਕਾਰਵਾਈ ਨਾ ਹੋਣ ਕਾਰਨ ਅਜਿਹੀ ਸਥਿਤੀ ਬਣੀ ਹੋਈ ਹੈ।ਲੋਕਾਂ ਦਾ ਦੋਸ਼ ਹੈ ਕਿ ਸਬੰਧਤ ਪ੍ਰਸ਼ਾਸਨ ਤੇ ਟ੍ਰੈਫਿਕ ਵਿਭਾਗ ਇਸ ਸਮੱਸਿਆ ਪ੍ਰਤੀ ਗੰਭੀਰ ਨਹੀਂ ਦਿਖਾਈ ਦੇ ਰਹੇ ਜੋ ਹਾਲੇ ਕੁੰਭਕਰਨੀ ਨੀਂਦਰ 'ਚ ਸੌਂ ਰਿਹਾ ਹੈ।ਸ਼ਹਿਰ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਗੈਰ-ਕਾਨੂੰਨੀ ਪਾਰਕਿੰਗ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ, ਟ੍ਰੈਫਿਕ ਪੁਲਸ ਦੀ ਤਾਇਨਾਤੀ ਵਧਾਈ ਜਾਵੇ ਤੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਈ ਜਾਵੇ, ਤਾਂ ਜੋ ਆਵਾਜਾਈ ਸੁਚਾਰੂ ਬਣ ਸਕੇ ਤੇ ਲੋਕਾਂ ਨੂੰ ਰੋਜ਼ਾਨਾ ਲੱਗਣ ਵਾਲੇ ਜਾਮ ਤੋਂ ਰਾਹਤ ਮਿਲ ਸਕੇ।

## ਨਗਰ ਕੌਂਸਲ ਬੁਢਲਾਡਾ ਦੇ ਸਤਨਾਮ ਸਿੰਘ ਖਨਾਲੀਆ ਬਣੇ ਨਵੇਂ ਪ੍ਰਧਾਨ



ਬੁਢਲਾਡਾ (ਅਸ਼ੋਕ ਲਾਕੜਾ)-ਨਗਰ ਕੌਂਸਲ ਬੁਢਲਾਡਾ ਵਿੱਚ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦੇ ਅਹੁਦਿਆਂ ਲਈ ਹੋਈ ਚੋਣ ਵਿੱਚ ਆਮ ਆਦਮੀ ਪਾਰਟੀ ਨੇ ਤਿੰਨਾਂ ਅਹੁਦਿਆਂ 'ਤੇ ਜਿੱਤ ਦਰਜ ਕਰਕੇ ਆਪਣਾ ਬਹੁਮਤ ਸਾਬਿਤ ਕਰ ਦਿੱਤਾ।ਇਸ ਤੋਂ ਪਹਿਲਾਂ ਬੋਹਾ ਤੇ ਬਰੇਟਾ ਨਗਰ ਕੌਂਸਲਾਂ ਵਿੱਚ ਵੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਜੇਤੂ ਰਹੇ ਸਨ।ਚੋਣ ਨਤੀਜਿਆਂ ਅਨੁਸਾਰ ਸਤਨਾਮ ਸਿੰਘ ਖਨਾਲੀਆ ਨਗਰ ਕੌਂਸਲ ਬੁਢਲਾਡਾ ਦੇ ਪ੍ਰਧਾਨ ਚੁਣੇ ਗਏ, ਜਦਕਿ ਟਿੰਕੂ ਪੰਜਾਬ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਮਨਜੀਤ ਕੌਰ (ਪਤਨੀ ਨੱਥਾ ਸਿੰਘ), ਵਾਰਡ ਨੰਬਰ 11 ਨੂੰ ਮੀਤ ਪ੍ਰਧਾਨ ਚੁਣਿਆ ਗਿਆ।ਚੋਣ ਦੌਰਾਨ ਆਮ ਆਦਮੀ ਪਾਰਟੀ ਦੇ ਕੌਂਸਲਰ ਇਕਜੁੱਟ ਨਜ਼ਰ ਆਏ।ਕੁੱਲ 20 ਮੈਂਬਰਾਂ ਵਿੱਚੋਂ 14 ਵੋਟਾਂ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਪਈਆਂ, ਜਿਸ ਨਾਲ ਆਮ ਆਦਮੀ ਪਾਰਟੀ ਨੇ ਸਪੱਸ਼ਟ ਬਹੁਮਤ ਨਾਲ ਤਿੰਨਾਂ ਅਹੁਦਿਆਂ 'ਤੇ ਜਿੱਤ ਹਾਸਲ ਕੀਤੀ।ਬਾਕੀ ਕੁਝ ਮੈਂਬਰਾਂ ਨੇ ਚੋਣ ਪ੍ਰਕਿਰਿਆ ਵਿੱਚ ਹਿੱਸਾ ਨਹੀਂ ਲਿਆ।ਇਸ ਮੌਕੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਬੁਢਲਾਡਾ ਦੇ ਸਮੂਹ ਵੋਟਰਾਂ ਤੇ ਸ਼ਹਿਰ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਵੱਲੋਂ ਆਮ ਆਦਮੀ ਪਾਰਟੀ 'ਤੇ ਜਤਾਇਆ ਗਿਆ ਭਰੋਸਾ ਉਨ੍ਹਾਂ ਲਈ ਵੱਡੀ ਜ਼ਿੰਮੇਵਾਰੀ ਹੈ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਮਨੀਸ਼ ਸਿਸੋਦੀਆ ਤੇ ਪਾਰਟੀ ਦੀ ਸਮੂਹ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਲੋਕਾਂ ਦੇ ਭਰੋਸੇ ਤੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਦੀ ਜਿੱਤ ਹੈ।

## ਨੇਚਰ ਪਾਰਕ ਮੋਗਾ ਵਿਖੇ ਲਿਖਾਰੀ ਸਭਾ ਦੀ ਮੀਟਿੰਗ



ਮੋਗਾ (ਇਕਬਾਲ ਸਿੰਘ ਖਹਿਰਾ)-ਨੇਚਰ ਪਾਰਕ ਮੋਗਾ ਵਿਖੇ ਲਿਖਾਰੀ ਸਭਾ ਦੀ ਮੀਟਿੰਗ ਡਾ ਬਲਦੇਵ ਸਿੰਘ ਢਿਲੋਂ ਦੀ ਪ੍ਰਧਾਨਗੀ ਹੇਠ ਹੋਈ। ਮੰਚ ਸੰਚਾਲਨ ਦੀ ਭੂਮਿਕਾ ਮਾਸਟਰ ਪ੍ਰੇਮ ਸ਼ਰਮਾ ਤੇ ਪਰਮਜੀਤ ਚੂਹੜਚੱਕ ਨੇ ਨਿਭਾਈ।ਇਸ ਮੌਕੇ ਮੋਗਾ ਦੇ ਸਾਹਿਤਕਾਰਾਂ ਨੇ ਸਾਹਿਤਕ ਮਹਿਫਲ ਤੇ ਕਵੀ ਦਰਬਾਰ ਵਿਚ ਰਚਨਾਵਾਂ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ।ਇਸ ਮੌਕੇ ਪ੍ਰਧਾਨ ਡਾ. ਬਲਦੇਵ ਸਿੰਘ ਢਿੱਲੋਂ ਨੇ ਰਚਨਾ 'ਬੇਵਫਾ', ਮਾਸਟਰ ਪ੍ਰੇਮ ਕੁਮਾਰ ਨੇ ਤਰੰਨਮ ਵਿਚ ਗੀਤ, ਬਲਬੀਰ ਸਿੰਘ ਪਰਦੇਸੀ, ਸੁਰਜੀਤ ਸਿੰਘ ਕਾਲੇਕੇ ਤੇ ਜੰਗੀਰ ਸਿੰਘ ਖੋਖਰ ਨੇ ਗਜ਼ਲਾਂ, ਨਾਵਲਕਾਰ ਨਛੱਤਰ ਸਿੰਘ ਪ੍ਰੇਮੀ ਨੇ ਨਾਵਲ ਦਾ ਕਾਂਡ 'ਰਿਸਦੇ ਜ਼ਖ਼ਮ', ਪਰਮਜੀਤ ਸਿੰਘ ਚੂਹੜਚੱਕ ਨੇ ਸਾਵਨ ਦਾ ਗੀਤ, ਪਿਆਰਾ ਸਿੰਘ ਚਾਹਲ ਨੇ ਰੁਮਕ ਰੁਮਕ ਹਵਾਂਏ, ਗੁਰਮੇਲ ਬੌਡੇ ਨੇ ਰਚਨਾ 'ਧੀ ਧਿਆਣੀ', ਅਰਸ਼ਦੀਪ ਸਿੰਘ ਨੇ ਕਵਿਤਾ, ਸੋਨੀ ਮੋਗਾ ਨੇ ਗੀਤ, ਨੀਰਜ ਕੁਮਾਰ ਮਹਿਰਾ ਨੇ 'ਅਮੀਰ ਵਿਰਸਾ' ਤੇ ਗੁਰਨਾਮ ਸਿੰਘ ਗਾਮਾ ਨੇ ਮੌਲਿਕ ਰਚਨਾ ਪੇਸ਼ ਕੀਤੀ।ਲਿਖਾਰੀ ਸਭਾ ਲਈ ਇਹ ਮਾਣ ਵਾਲੀ ਗੱਲ ਹੈ ਕਿ ਪਿਛਲੇ ਦਿਨੀਂ ਰੇਡੀਓ ਆਪਣਾ/ਟੀ ਵੀ ਆਪਣਾ ਵਿੰਨੀਪੈੱਗ ਕੈਨੇਡਾ ਵੱਲੋਂ ਪ੍ਰੋਗਰਾਮ ਸਾਂਝ ਸੁਰਾਂ ਦੀ ਵਿੱਚ ਪਿਆਰਾ ਸਿੰਘ ਚਾਹਲ ਨੇ ਸ਼ਾਮਲ ਹੋ ਕੇ ਗੀਤ ਪੇਸ਼ ਕਰਕੇ ਸਰੋਤਿਆਂ ਦਾ ਮਨੋਰੰਜਨ ਕੀਤਾ।ਡਾ. ਬਲਦੇਵ ਸਿੰਘ ਢਿੱਲੋਂ ਨੇ ਸ਼ਾਮਲ ਮੈਂਬਰਾਂ ਦਾ ਧੰਨਵਾਦ ਕਰਦਿਆਂ ਅਪੀਲ ਕੀਤੀ ਕਿ ਸਾਰੇ ਮੈਂਬਰ ਮਹੀਨਾਵਾਰ ਮੀਟਿੰਗ ਵਿੱਚ ਜ਼ਰੂਰ ਹਾਜ਼ਰ ਹੋਣ।

# ਭਾਰਤ-ਅਮਰੀਕਾ ਸੰਧੀ ਹੋਣ ਕਾਰਨ ਅਨਾਜ, ਡੇਅਰੀ ਤੇ ਪੋਲਟਰੀ 'ਤੇ ਨਿਰਭਰ ਵੱਡੀ ਗਿਣਤੀ 'ਚ ਲੋਕ ਪ੍ਰਭਾਵਿਤ ਹੋਣਗੇ : ਐੱਸ ਕੇ ਐੱਮ



ਵਲਟੋਹਾ (ਰਣਜੀਤ ਸਿੰਘ ਵਲਟੋਹਾ)- ਰਣਜੀਤ ਸਿੰਘ ਸੇਰੋ ਖੰਡ ਮਿੱਲ ਬਚਾਓ ਪੱਕਾ ਮੋਰਚਾ ਵਿੱਚ ਸ਼ਾਮਿਲ ਸੰਯੁਕਤ ਕਿਸਾਨ ਮੋਰਚੇ ਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ 54ਵੇਂ ਦਿਨ ਵੀ ਸਹਿਕਾਰੀ ਖੰਡ ਮਿੱਲ ਸੇਰੋਂ ਵਿਖੇ ਪੱਕਾ ਮੋਰਚਾ ਜਾਰੀ ਰਿਹਾ।ਇਸ ਮੌਕੇ ਬੋਲਦਿਆਂ ਹੋਇਆਂ ਕਿਸਾਨ ਮੋਰਚਾ ਦੇ ਆਗੂਆਂ ਸੁਖਦੇਵ ਸਿੰਘ ਤੁੜ, ਮਨਜੀਤ ਸਿੰਘ ਬੱਗੂ, ਕਾਰਜ ਸਿੰਘ ਕੈਰੋਂ, ਤਰਸੇਮ ਸਿੰਘ ਲੁਹਾਰ, ਨਛੱਤਰ ਸਿੰਘ ਪੰਨੂ, ਦਲਜੀਤ ਸਿੰਘ ਦਿਆਲਪੁਰ, ਤਰਸੇਮ ਸਿੰਘ, ਜੱਸਾ ਸਿੰਘ ਕੱਦਗਿਲ ਆਦਿ ਆਗੂਆਂ ਨੇ ਕਿਹਾ ਕਿ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਲਈ ਪਿਛਲੇ ਦੋ ਤਿੰਨ ਦਹਾਕਿਆਂ ਤੋਂ ਦਬਾਅ ਪਾਇਆ ਜਾ ਰਿਹਾ ਸੀ।

ਮੋਦੀ ਸਰਕਾਰ ਅਮਰੀਕਾ ਦੇ ਥੱਲੇ ਲੱਗ ਕੇ ਤੇ ਉਸ ਦੀਆਂ ਸ਼ਰਤਾਂ ਤਹਿਤ ਵਪਾਰਕ ਸਮਝੌਤਾ ਕਰਨ ਲਈ ਕਾਹਲੀ ਹੈ, ਜਿਸ ਨਾਲ ਭਾਰਤੀ ਖੇਤੀ ਤੇ ਅਰਥਚਾਰੇ ਨੂੰ ਵੱਡਾ ਨੁਕਸਾਨ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਜੇਕਰ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਹੁੰਦਾ ਹੈ ਤਾਂ ਅਨਾਜ ਦੀ ਖੇਤਰ ਡੇਅਰੀ ਦੇ ਖੇਤਰ ਅਤੇ ਪੋਲਟਰੀ ਦੇ ਖੇਤਰ ਤੋਂ ਬਹੁਤ ਵੱਡੀ ਆਬਾਦੀ ਪ੍ਰਭਾਵਿਤ ਹੋਵੇਗੀ ਕਿਉਂਕਿ ਡੇਅਰੀ ਉਦਯੋਗ ਉੱਪਰ ਵੀ ਬਹੁਤ ਵੱਡੀ ਆਬਾਦੀ ਨਿਰਭਰ ਕਰਦੀ ਹੈ ਜਿਹੜੀ ਕਿ ਉਨ੍ਹਾਂ ਦੀ ਰੋਟੀ ਰੋਜ਼ੀ ਦਾ ਸਾਧਨ ਹੈ।ਮੋਟੇ ਅਨਾਜ ਵਿੱਚ ਖੁੱਲ੍ਹੀ ਮੰਡੀ ਦੇ ਮੁਕਾਬਲੇ ਦੇ ਸਾਹਮਣੇ ਘਰੇਲੂ ਕਿਸਾਨੀ ਬਿਲਕੁਲ ਨਿਹੱਥੀ ਹੋ ਜਾਏਗੀ ਤੇ ਉਹ ਅਮਰੀਕਨ ਕਿਸਾਨਾਂ ਦਾ ਮੁਕਾਬਲਾ ਨਹੀਂ ਕਰ ਸਕਣਗੇ ।

ਇਸ ਸਬੰਧ ਵਿਚ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਮੋਦੀ ਹਕੂਮਤ ਦੇ ਫ਼ੈਸਲੇ ਦੇ ਵਿਰੋਧ ਵਿੱਚ 22 ਜੁਲਾਈ ਨੂੰ ਟੋਲ ਪਲਾਜੇ ਮੁਫ਼ਤ ਕਰਨ ਤੇ ਬੀਜੇਪੀ ਆਗੂਆਂ ਦਾ ਘਿਰਾਓ ਕਰਨ ਦਾ ਫੈਸਲਾ ਲਿਆ ਗਿਆ ਹੈ।

ਇਸ ਪ੍ਰਦਰਸ਼ਨ ਦੀ ਤਿਆਰੀ ਹਿਤ ਐਸ ਕੇ ਐਮ ਤਰਨ ਤਾਰਨ ਵੱਲੋਂ ਜ਼ਿਲ੍ਹਾ ਮੀਟਿੰਗ ਗਾਂਧੀ ਪਾਰਕ 11 ਵਜੇ ਸਵੇਰੇ ਤਰਨ ਤਾਰਨ ਵਿਖੇ ਕੀਤੀ ਜਾਵੇਗੀ।ਧਰਨੇ 'ਤੇ ਬੈਠੇ ਕਿਸਾਨ ਆਗੂ ਰੇਸ਼ਮ ਸਿਘ ਫੇਲੋਕੇ, ਗੁਰਚਰਨ ਸਿੰਘ ਸਭਰਾ, ਸੁਖਚੈਨ ਸਿੰਘ ਸਰਹਾਲੀ, ਸਵਿੰਦਰ ਸਿੰਘ ਤੁੜ, ਦਾਰਾ ਸਿੰਘ, ਕੈਪਟਨ ਸਿੰਘ ਕਾਹਲਵਾਂ, ਵਿਰਸਾ ਸਿੰਘ ਸਰਹਾਲੀ, ਨਾਜ਼ਰ ਸਿੰਘ, ਮੇਘ ਸਿੰਘ ਬਿਸ਼ੰਬਰਪੁਰ, ਤਰਸੇਮ ਸਿੰਘ ਲਖਣਾ, ਲਖਵਿੰਦਰ ਸਿੰਘ ਫੇਲੋਕੇ, ਗੁਰਪ੍ਰਤਾਪ ਸਿੰਘ ਗੰਜਾ, ਖਜਾਨ ਸਿੰਘ ਸਰਪੰਚ, ਸਤਨਾਮ ਸਿੰਘ ਕਾਹਲਵਾਂ, ਪਰਮਜੀਤ ਸਿੰਘ ਮੁਗ਼ਲਾਣੀ, ਸਰਬਜੀਤ ਸਿੰਘ ਚੰਬਲ ਆਦਿ ਕਿਸਾਨਾਂ ਨੇ ਮੰਗ ਕੀਤੀ ਕਿ ਤਰਨ ਤਾਰਨ ਜ਼ਿਲ੍ਹੇ ਵਿਚ ਇਕ ਹੀ ਸੇਰੋਂ ਖੰਡ ਮਿੱਲ ਹੈ ਜਿਸ ਦੀ ਜ਼ਮੀਨ ਹੋਰ ਵਿਭਾਗਾਂ ਨੂੰ ਦੇਣ ਦੀ ਜ਼ਿੱਦ ਛੱਡ ਕੇ ਸਰਕਾਰ ਇਸ ਨੂੰ ਮੁੜ ਚਾਲੂ ਕਰਨ ਦਾ ਫੈਸਲਾ ਲਵੇ।

# ਗੁ. ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲ੍ਹਣ ਲਈ ਧਾਮੀ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਲਿਖਿਆ ਪੱਤਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਤੁਰੰਤ ਖੋਲ੍ਹੇ ਜਾਣ ਦੀ ਮੰਗ ਕੀਤੀ ਹੈ। ਪੱਤਰ ਵਿਚ ਕਿਹਾ ਗਿਆ ਕਿ ਸ੍ਰੀ ਕਰਤਾਰਪੁਰ ਸਾਹਿਬ ਉਹ ਪਾਵਨ ਧਰਤੀ ਹੈ, ਜਿਥੇ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਨੂੰ ਕਿਰਤ ਕਰਨ, ਨਾਮ ਜਪਣ ਤੇ ਵੰਡ ਛਕਣ ਦੇ ਉਪਦੇਸ਼ ਦੇ ਨਾਲ-ਨਾਲ ਭਾਈਚਾਰਕ ਸਾਂਝ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਇਸ ਪਾਵਨ ਅਸਥਾਨ ਨਾਲ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ ਅਤੇ ਸੰਗਤਾਂ ਇਸ ਦੇ ਦਰਸ਼ਨਾਂ ਦੀ ਤਾਂਘ ਹਮੇਸ਼ਾ ਰੱਖਦੀਆਂ ਹਨ। ਪੱਤਰ ਵਿਚ ਕਿਹਾ ਗਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਲਾਂਘਾ ਖੁੱਲ੍ਹਣ ਨਾਲ ਦੁਨੀਆ ਭਰ ਦੇ ਸਿੱਖਾਂ ਦੀਆਂ ਰੋਜ਼ਾਨਾ ਕੀਤੀਆਂ ਅਰਦਾਸਾਂ ਪੂਰੀਆਂ ਹੋਈਆਂ ਸਨ ਅਤੇ ਲੱਖਾਂ ਸ਼ਰਧਾਲੂਆਂ ਨੇ ਇਸ ਪਵਿੱਤਰ ਅਸਥਾਨ ਦੇ ਦਰਸ਼ਨ ਕਰਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ ਸੀ। ਪੱਤਰ ਵਿੱਚ ਇਹ ਵੀ ਯਾਦ ਕਰਵਾਇਆ ਗਿਆ ਕਿ ਲਾਂਘੇ ਨੂੰ ਮੁੜ ਖੋਲ੍ਹਣ ਦੀ ਮੰਗ ਕੋਈ ਨਵੀਂ ਨਹੀਂ ਹੈ। ਇਸ ਸਬੰਧੀ ਪੰਜਾਬ ਦੇ ਰਾਜਪਾਲ ਅਤੇ ਕੇਂਦਰੀ ਗ੍ਰਹਿ ਮੰਤਰੀ ਨੂੰ ਵੀ ਯਾਦ ਪੱਤਰ ਭੇਜ ਕੇ ਇਸ ਮਾਮਲੇ ਵਿੱਚ ਜਲਦ ਕਾਰਵਾਈ ਦੀ ਮੰਗ ਕੀਤੀ ਗਈ ਸੀ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਿਸ਼ਵਾਸ ਪ੍ਰਗਟਾਇਆ ਕਿ ਸਿੱਖ ਭਾਈਚਾਰੇ ਦੀ ਇਸ ਭਾਵਨਾਤਮਕ ਅਪੀਲ 'ਤੇ ਕੇਂਦਰ ਸਰਕਾਰ ਹਮਦਰਦੀ ਅਤੇ ਸੰਵੇਦਨਸ਼ੀਲਤਾ ਨਾਲ ਵਿਚਾਰ ਕਰੇਗੀ ਤਾਂ ਜੋ ਦੁਨੀਆ ਭਰ ਦੇ ਸ਼ਰਧਾਲੂ ਇਕ ਵਾਰ ਫਿਰ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਨਤਮਸਤਕ ਹੋ ਸਕਣ।

# ਖੰਡ ਮਿੱਲ ਸੇਰੋਂ ਨੂੰ ਮੁੜ ਚਾਲੂ ਕਰਵਾਉਣ ਲਈ ਪੱਕਾ ਮੋਰਚਾ 55ਵੇਂ ਦਿਨ ਵੀ ਜਾਰੀ

## ਕੇਂਦਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ਼ 22 ਨੂੰ ਟੋਲ ਪਲਾਜ਼ੇ ਕਰਾਂਗੇ ਫ੍ਰੀ : ਐੱਸ ਕੇ ਐੱਮ



ਵਲਟੋਹਾ/ਤਰਨ ਤਾਰਨ (ਰਣਜੀਤ ਸਿੰਘ ਵਲਟੋਹਾ/ਪ੍ਰਿਤਪਾਲ ਸਿੰਘ)-ਸੇਰੋਂ ਖੰਡ ਮਿੱਲ ਨੂੰ ਮੁੜ ਚਾਲੂ ਕਰਨ ਅਤੇ ਮਿੱਲ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਦੇ ਖਿਲਾਫ਼ ਸੰਯੁਕਤ ਕਿਸਾਨ ਮੋਰਚੇ ਵੱਲੋਂ ਲਗਾਏ ਪੱਕੇ ਮੋਰਚੇ ਦੇ 55ਵੇਂ ਦਿਨ ਮੰਗਲਵਾਰ ਨੂੰ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਮੋਰਚੇ ਵਾਲੇ ਸਥਾਨ ਤੇ ਨਛੱਤਰ ਸਿੰਘ ਮੁਗਲਚੱਕ ਦੀ ਪ੍ਰਧਾਨਗੀ ਹੇਠ ਮੀਟਿੰਗ ਕਰਕੇ 22 ਜੁਲਾਈ ਨੂੰ ਕੇਂਦਰ ਦੀ ਮੋਦੀ ਸਰਕਾਰ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸੰਘਰਸ਼ ਪ੍ਰੋਗਰਾਮ ਬਾਰੇ ਵਿਉਂਤਬੰਦੀ ਕੀਤੀ । ਇਸ ਮੀਟਿੰਗ ਵਿੱਚ ਸ਼ਾਮਲ ਆਗੂਆਂ ਮਨਜੀਤ ਸਿੰਘ ਬੱਗੂ, ਤਰਸੇਮ ਸਿੰਘ ਲੁਹਾਰ, ਦਵਿੰਦਰ ਸੋਹਲ, ਜੱਸਾ ਸਿੰਘ ਕੱਦਗਿੱਲ, ਮੁਖਤਾਰ ਸਿੰਘ ਮੱਲਾ, ਡਾ . ਇੰਦਰਜੀਤ ਸਿੰਘ ਮਰਹਾਣਾ, ਬਾਬਾ ਸੁਲੱਖਣ ਸਿੰਘ ਮੰਡਾਲਾ ਆਦਿ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦੇ ਦਬਾਅ ਹੇਠ ਕੀਤੇ ਮੁਕਤ ਵਪਾਰ ਸਮਝੌਤੇ ਵਿਰੁੱਧ 22 ਜੁਲਾਈ ਨੂੰ ਸਥਾਨਕ ਜ਼ਿਲ੍ਹੇ ਅਧੀਨ ਪੈਂਦੇ ਤਿੰਨੇ ਟੋਲ ਪਲਾਜ਼ੇ ਸੇਰੋਂ, ਮੰਨਣ, ਭੱਗੂਪੁਰ ਦੁਪਿਹਰ 12 ਵਜੇ ਤੋਂ 3 ਵਜੇ ਤੱਕ ਫ੍ਰੀ ਕੀਤੇ ਜਾਣ ਤੋਂ ਇਲਾਵਾ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਦੀ ਰਿਹਾਇਸ਼ ਅਤੇ ਦਫਤਰ ਅੱਗੇ ਰੋਸ ਧਰਨਾ ਦਿੱਤਾ ਜਾਵੇਗਾ ।ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ ਅਮਰੀਕਾ ਨਾਲ ਕੀਤਾ ਸਮਝੌਤਾ ਪੰਜਾਬ ਦੀ ਕਿਸਾਨੀ ਸਮੇਤ ਮਜ਼ਦੂਰ ਵਰਗ ਨੂੰ ਤਬਾਹ ਕਰ ਦੇਵੇਗਾ ਕਿਉਂਕਿ ਭਾਰਤ ਦੀ ਬਹੁਤ ਵੱਡੀ ਆਬਾਦੀ ਖੇਤੀ, ਡੇਅਰੀ ਅਤੇ ਪੋਲਟਰੀ ਉਪਰ ਜੀਵਨ ਨਿਰਬਾਹ ਕਰ ਰਹੀ ਹੈ। ਜੇਕਰ ਅਮਰੀਕਨ ਕੰਪਨੀਆਂ ਭਾਰਤ ਵਿੱਚ ਆ ਕੇ ਵਪਾਰ ਕਰਨਗੀਆਂ ਤਾਂ ਸਾਡਾ ਘਰੇਲੂ ਉਤਪਾਦਕ ਉਨ੍ਹਾਂ ਦਾ ਮੁਕਾਬਲਾ ਨਹੀਂ ਕਰ ਸਕਗੇ, ਜਿਸ ਨਾਲ ਸਾਡੀ ਭਾਰਤੀ ਮੰਡੀ ਰੁਲ ਜਾਵੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਸਾਨ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਬਾਬਾ ਮਹਿੰਦਰ ਸਿੰਘ ਵੇਈਂਪੁਈਂ, ਜਸਬੀਰ ਸਿੰਘ ਸਰਹਾਲੀ ਖੁਰਦ, ਨਿਰਮਲ ਸਿੰਘ ਨਾਗੋਕੇ, ਭੁਪਿੰਦਰ ਸਿੰਘ ਠੱਠੀਆਂ, ਸਰਬਜੀਤ ਸਿੰਘ ਦੀਨੇਵਾਲ, ਗੁਰਲਾਲ ਸਿੰਘ ਠੱਠੀਆਂ, ਗੁਰਦਿਆਲ ਸਿੰਘ ਠੱਠੀਆਂ, ਕੇਹਰ ਸਿੰਘ ਮੁਗਲ ਚੱਕ, ਮੰਗਲ ਸਿੰਘ, ਅਨੋਖ ਸਿੰਘ, ਕਸ਼ਮੀਰ ਸਿੰਘ ਫੈਲੋਕੇ, ਮੁਖਤਾਰ ਸਿੰਘ ਮੱਲਾ, ਸੁਖਵਿੰਦਰ ਸਿੰਘ ਫੈਲੋਕੇ, ਖਜਾਨ ਸਿੰਘ ਸਰਪੰਚ, ਜਸਪਾਲ ਸਿੰਘ ਸਰਪੰਚ, ਸੂਬੇਦਾਰ ਜਸਪਾਲ ਸਿੰਘ ਤੁੜ ਆਦਿ ਕਿਸਾਨਾਂ ਨੇ ਆਪਣੇ ਵਿਚਾਰ ਪੇਸ਼ ਕਰਦਿਆਂ 22 ਜੁਲਾਈ ਦੇ ਐਕਸ਼ਨ ਨੂੰ ਕਾਮਯਾਬ ਕਰਨ ਦਾ ਅਹਿਦ ਲਿਆ।

# ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ 70 ਹਜ਼ਾਰ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਹੋਈ : ਸ਼ਮਸ਼ੇਰ ਸਿੰਘ



ਦੀਨਾਨਗਰ-(ਬਲਵਿੰਦਰ ਸਿੰਘ ਬਿੱਲਾ)- ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਵਿਧਾਨਸਭਾ ਹਲਕਾ ਦੀਨਾਨਗਰ ਅੰਦਰ ਹੁਣ ਤੱਕ 70 ਹਜ਼ਾਰ ਤੋਂ ਵੱਧ ਮਹਿਲਾਵਾਂ ਦੀ ਇਸ ਯੋਜਨਾ ਲਈ ਰਜਿਸਟ੍ਰੇਸ਼ਨ ਕੀਤੀ ਜਾ ਚੁੱਕੀ ਹੈ ਜਦੋਂਕਿ ਬਾਕੀਆਂ ਦੀ ਰਜਿਸਟ੍ਰੇਸ਼ਨ ਦਾ ਕੰਮ ਵੀ ਤੇਜ਼ੀ ਨਾਲ ਜਾਰੀ ਹੈ, ਜੋ ਆਉਂਦੇ ਕੁਝ ਦਿਨਾਂ ਤੱਕ ਮੁਕੰਮਲ ਕਰ ਲਿਆ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਇਕ ਰੀਵਿਊ ਮੀਟਿੰਗ ਮਗਰੋਂ ਕੀਤਾ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਕਰੀਬ ਇਕ ਮਹੀਨਾ ਪਹਿਲਾਂ ਦੀਨਾਨਗਰ ਵਿਧਾਨਸਭਾ ਹਲਕੇ ਅੰਦਰ ਸ਼ੁਰੂ ਕੀਤੀ ਗਈ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਸਿਰਫ ਵਿਧਾਨਸਭਾ ਹਲਕਾ ਦੀਨਾਨਗਰ ਅੰਦਰ ਅੰਦਾਜਨ 95 ਹਜ਼ਾਰ ਔਰਤਾਂ ਦੀ ਰਜਿਸਟ੍ਰੇਸ਼ਨ ਕਰਨ ਦਾ ਟੀਚਾ ਮਿਥਿਆ ਗਿਆ ਹੈ।ਦੀਨਾਨਗਰ ਵਿਧਾਨਸਭਾ ਹਲਕੇ ਅੰਦਰ ਪੰਜਾਬ ਸਰਕਾਰ ਵਲੋਂ ਨਿਯੁਕਤ ਕੀਤੀਆਂ ਗਈਆਂ ਸਖੀਆਂ, ਆਂਗਣਵਾੜੀ ਵਰਕਰਾਂ ਅਤੇ ਪਾਰਟੀ ਦੇ ਪਿੰਡ ਵਾਰਡ ਪੱਧਰੀ ਮਿਹਨਤੀ ਵਰਕਰਾਂ ਦੀ ਟੀਮ ਨੇ ਦਿਨ ਰਾਤ ਅਣਥੱਕ ਮਿਹਨਤ ਕਰਦਿਆਂ ਸ਼ਾਨਦਾਰ ਟੀਚੇ ਹਾਸਲ ਕੀਤੇ ਹਨ ਜਿਸ ਸਦਕਾ ਦੀਨਾਨਗਰ ਹਲਕੇ ਅੰਦਰ ਐਸ ਤੱਕ 70032 ਔਰਤਾਂ ਦੀ ਰਜਿਸਟ੍ਰੇਸ਼ਨ ਕੀਤੀ ਜਾ ਚੁੱਕੀ ਹੈ।ਉਨ੍ਹਾਂ ਨੇ ਪੰਜਾਬ ਸਰਕਾਰ ਵਲੋਂ ਰਜਿਸਟ੍ਰੇਸ਼ਨ ਲਈ ਨਿਯੁਕਤ ਕੀਤੀਆਂ ਗਈਆਂ ਸਖੀਆਂ, ਆਂਗਣਵਾੜੀ ਵਰਕਰਾਂ, ਪਾਰਟੀ ਦੇ ਅਹੁਦੇਦਾਰਾਂ, ਵਰਕਰਾਂ ਅਤੇ ਸਰਪੰਚਾਂ ਤੇ ਪੰਚਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਲਗਨ ਸਦਕਾ ਹੀ ਇਸ ਮਾਮਲੇ ਮਾਮਲੇ ਵਿਚ ਵਿਧਾਨਸਭਾ ਹਲਕਾ ਦੀਨਾਨਗਰ ਪੂਰੇ ਜ਼ਿਲ੍ਹੇ 'ਚੋਂ ਪਹਿਲੇ ਸਥਾਨ ਉੱਤੇ ਹੈ ਅਤੇ ਰਾਜ ਭਰ 'ਚੋਂ 15ਵੇਂ ਸਥਾਨ ਤੇ ਹੈ, ਜਿੱਥੇ ਸਭ ਤੋਂ ਵੱਧ ਔਰਤਾਂ ਦੀ ਇਸ ਯੋਜਨਾ ਲਈ ਰਜਿਸਟ੍ਰੇਸ਼ਨ ਕੀਤੀ ਗਈ ਹੈ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਲਾਗੂ ਕੀਤੀ ਗਈ। ਇਸ ਯੋਜਨਾ ਤਹਿਤ ਇਸ ਜੁਲਾਈ ਤੋਂ ਮਹਿਲਾਵਾਂ ਦੇ ਬੈਂਕ ਖਾਤਿਆਂ ਵਿਚ ਪੈਸੇ ਆਉਣੇ ਸ਼ੁਰੂ ਹੋ ਚੁੱਕੇ ਹਨ ਅਤੇ ਜਿਵੇਂ ਜਿਵੇਂ ਰਜਿਸਟ੍ਰੇਸ਼ਨ ਦਾ ਕੰਮ ਮੁਕੰਮਲ ਹੁੰਦਾ ਜਾਵੇਗਾ, ਪੈਸੇ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਭੇਜਣ ਦਾ ਕੰਮ ਪੰਜਾਬ ਸਰਕਾਰ ਵਲੋਂ ਜਾਰੀ ਰਹੇਗਾ।

# ਯੁਵਾ ਆਪਦਾ ਮਿੱਤਰ ਸਕੀਮ ਤਹਿਤ ਐੱਨ ਐੱਸ ਐੱਸ ਵਲੰਟੀਅਰਾਂ ਲਈ ਸਿਖਲਾਈ ਪ੍ਰੋਗਰਾਮ ਦਾ ਆਗਾਜ਼

ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕਾਲਜ, ਤਰਨ ਤਾਰਨ ਵਿਖੇ ਰਾਸ਼ਟਰੀ ਸੇਵਾ ਯੋਜਨਾ (ਐੱਨ. ਐੱਸ. ਐੱਸ.) ਦੇ ਨੌਜਵਾਨ ਵਲੰਟੀਅਰਾਂ ਲਈ ਯੁਵਾ ਆਪਦਾ ਮਿੱਤਰ ਸਕੀਮ ਤਹਿਤ ਸੱਤ ਰੋਜ਼ਾ ਸਿਖਲਾਈ ਪ੍ਰੋਗਰਾਮ ਦਾ ਰਸਮੀ ਉਦਘਾਟਨ ਕੀਤਾ ਗਿਆ। 13 ਤੋਂ 19 ਜੁਲਾਈ ਤੱਕ ਚੱਲਣ ਵਾਲੇ ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨ ਵਲੰਟੀਅਰਾਂ ਨੂੰ ਆਫ਼ਤ ਪ੍ਰਬੰਧਨ, ਪਹਿਲਾਂ ਤੋਂ ਤਿਆਰੀ ਅਤੇ ਭਾਈਚਾਰਕ ਸਮਰੱਥਾ ਨਿਰਮਾਣ ਸਬੰਧੀ ਜ਼ਰੂਰੀ ਹੁਨਰਾਂ ਨਾਲ ਲੈਸ ਕਰਨਾ ਹੈ।ਉਦਘਾਟਨੀ ਸਮਾਗਮ ਦੌਰਾਨ ਐੱਨ. ਐੱਸ. ਐੱਸ ਵਲੰਟੀਅਰਾਂ ਨੇ ਭਰਵਾਂ ਉਤਸ਼ਾਹ ਦਿਖਾਉਂਦੇ ਹੋਏ ਸਿਖਲਾਈ ਲਈ ਆਪਣੀ ਰਜਿਸਟ੍ਰੇਸ਼ਨ ਕਰਵਾਈ।ਇਸ ਮੌਕੇ ਡਾ. ਅਮਨਦੀਪ ਭੱਟੀ ਪ੍ਰਿੰ. ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕਾਲਜ, ਤਰਨ ਤਾਰਨ, ਡਾ. ਹੀਰਾ ਸਿੰਘ, ਪ੍ਰੋਗਰਾਮ ਅਫ਼ਸਰ, ਐੱਨ. ਐੱਸ. ਐੱਸ ਅਤੇ ਡਾ. ਨੇਹਾ ਅਰੋੜਾ, ਪ੍ਰੋਗਰਾਮ ਅਫ਼ਸਰ, ਐੱਨ. ਐੱਸ. ਐੱਸ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ, ਜਿਨ੍ਹਾਂ ਦੀ ਮੌਜੂਦਗੀ ਨੇ ਇਸ ਉਪਰਾਲੇ ਨੂੰ ਸੰਸਥਾਗਤ ਸਮਰਥਨ ਅਤੇ ਹੌਸਲਾ ਦਿੱਤਾ।ਸਿਖਲਾਈ ਦੇ ਪਹਿਲੇ ਦਿਨ ਵਲੰਟੀਅਰਾਂ ਨੂੰ ਆਪਦਾ ਪ੍ਰਬੰਧਨ ਦੇ ਬੁਨਿਆਦੀ ਸਿਧਾਂਤ, ਆਪਦਾ ਲਈ ਪਹਿਲਾਂ ਤੋਂ ਤਿਆਰੀ ਅਤੇ ਅਗੇਤੀ ਚੇਤਾਵਨੀ ਪ੍ਰਣਾਲੀ ਸਬੰਧੀ ਸੈਸ਼ਨਾਂ ਵਿੱਚ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ।

ਇਸ ਤੋਂ ਇਲਾਵਾ ਭੀੜ ਪ੍ਰਬੰਧਨ ਅਤੇ ਭਗਦੜ ਦੀ ਸਥਿਤੀ ਵਿੱਚ ਬਚਾਅ ਦਾ ਵਿਹਾਰਕ ਪ੍ਰਦਰਸ਼ਨ ਵੀ ਕੀਤਾ ਗਿਆ, ਜਿਸ ਨਾਲ ਵਲੰਟੀਅਰਾਂ ਨੂੰ ਅਸਲ ਐਮਰਜੈਂਸੀ ਹਾਲਾਤਾਂ ਦਾ ਵਿਹਾਰਕ ਅਨੁਭਵ ਪ੍ਰਾਪਤ ਹੋਇਆ।ਸਿਖਲਾਈ ਸੈਸ਼ਨ ਮਹਾਂਸ਼ਿਵਾ ਦੀ ਮਾਹਿਰ ਟੀਮ ਵੱਲੋਂ ਕਰਵਾਏ ਗਏ, ਜਿਸ ਵਿੱਚ ਸਚਿਨ ਕੁਮਾਰ, ਆਯੂਸ਼ ਠਾਕੁਰ, ਜੋਹਨਸਨ, ਪੂਰਨਾ ਅਤੇ ਕੋਮਲ ਸ਼ਾਮਲ ਸਨ।

ਇਹ ਸੱਤ ਰੋਜ਼ਾ ਪ੍ਰੋਗਰਾਮ ਜ਼ਿਲ੍ਹੇ ਦੇ ਆਫ਼ਤ ਪ੍ਰਬੰਧਨ ਢਾਂਚੇ ਨੂੰ ਮਜ਼ਬੂਤ ਬਣਾਉਣ ਵਿੱਚ ਸਹਾਈ ਹੋਵੇਗਾ ਅਤੇ ਐਮਰਜੈਂਸੀ ਹਾਲਾਤਾਂ ਦੌਰਾਨ ਸਥਾਨਕ ਪ੍ਰਸ਼ਾਸਨ ਦੀ ਮਦਦ ਲਈ ਇੱਕ ਸਿਖਲਾਈ-ਪ੍ਰਾਪਤ ਨੌਜਵਾਨ ਵਲੰਟੀਅਰ ਸਮੂਹ ਤਿਆਰ ਕਰੇਗਾ।

# ਐਲੀਮੈਂਟਰੀ ਟੀਚਰਜ਼ ਯੂਨੀਅਨ ਵੱਲੋਂ ਛੁੱਟੀ ਵਾਲੇ ਦਿਨ ਸਕੂਲ ਖੋਲ੍ਹਣ ਦੀ ਨਿੰਦਾ



ਧਾਰੀਵਾਲ, (ਮਨਦੀਪ ਵਿੱਕੀ)- ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਇੱਕ ਗੈਰ-ਵਾਜਬ ਅਤੇ ਨਾਦਰਸ਼ਾਹੀ ਪੱਤਰ ਜਾਰੀ ਕਰਕੇ ਪੰਜਾਬ ਦੇ ਸਾਰੇ ਪ੍ਰਾਇਮਰੀ, ਮਿਡਲ, ਹਾਈ ਅਤੇ ਸੈਕੰਡਰੀ ਸਕੂਲਾਂ ਨੂੰ ਖੋਲ੍ਹ ਕੇ ਸਮੁੱਚੇ ਸਟਾਫ ਨੂੰ 11 ਅਤੇ 12 ਜੁਲਾਈ (ਭਾਵ ਮਹੀਨੇ ਦੇ ਦੂਸਰੇ ਸ਼ਨੀਵਾਰ ਅਤੇ ਐਤਵਾਰ) ਛੁੱਟੀ ਵਾਲੇ ਦਿਨ ਸਕੂਲਾਂ ਦੇ ਵਿੱਚ ਐੱਸ. ਆਈ. ਆਰ. ਸੰਬੰਧੀ ਹਾਜ਼ਰ ਹੋਣ ਦਾ ਹੁਕਮ ਦਿੱਤਾ ਗਿਆ ਜਿਸ ਦਾ ਐਲੀਮੈਂਟਰੀ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਫੱਜੂਪੁਰ, ਸੂਬਾਈ ਆਗੂ ਹਰਪ੍ਰੀਤ ਪਰਮਾਰ ਤੇ ਫਤਪਾਲ ਸਿੰਘ ਉਦੋਕੇ ਆਦਿ ਆਗੂਆਂ ਨੇ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕੀਤੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪ੍ਰਸ਼ਾਸਨਿਕ ਅਧਿਕਾਰੀ ਗੈਰ-ਵਿਦਿਅਕ ਡਿਊਟੀਆਂ ਦੇ ਨਾਂ ਹੇਠ ਅਧਿਆਪਕਾਂ ਨੂੰ ਭਾਰੀ ਮਾਨਸਿਕ ਪ੍ਰੇਸ਼ਾਨੀਆਂ ਦੇ ਰਹੇ ਹਨ ਜਿਸ ਕਾਰਨ ਕਈ ਅਧਿਆਪਕਾਂ ਨੂੰ ਆਪਣੀਆਂ ਕੀਮਤੀ ਜਾਨਾਂ ਤੋਂ ਹੱਥ ਧੋਣੇ ਪੈ ਰਹੇ ਹਨ। ਪੰਜਾਬ ਸਰਕਾਰ ਤੇ ਅਧਿਕਾਰੀ ਜਾਣਬੁੱਝ ਕੇ ਅਧਿਆਪਕਾਂ ਨੂੰ ਪ੍ਰੇਸ਼ਾਨ ਕਰ ਰਹੇ ਹਨ।

ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂਆਂ ਅਸ਼ਵਨੀ ਫੱਜੂਪੁਰ, ਹਰਪ੍ਰੀਤ ਪਰਮਾਰ ਤੇ ਫਤਪਾਲ ਸਿੰਘ ਉਦੋਕੇ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ 11 ਅਤੇ 12 ਜੁਲਾਈ (ਸ਼ਨੀਵਾਰ ਤੇ ਐਤਵਾਰ) ਨੂੰ ਪੂਰਾ ਸਮਾਂ ਸਕੂਲਾਂ ਵਿੱਚ ਹਾਜ਼ਰ ਰਹਿਣ ਬਦਲੇ ਪੰਜਾਬ ਦੇ ਸਮੁੱਚੇ ਅਧਿਆਪਕਾਂ ਨੂੰ ਛੁੱਟੀ ਵਾਲੇ ਦਿਨਾਂ ਵਿੱਚ ਕੰਮ ਬਦਲੇ ਕਮਾਈ ਛੁੱਟੀ ਦਿੱਤੀ ਜਾਵੇ।

ਇਸ ਮੌਕੇ ਨਿਸ਼ਾਨ ਖਾਨਪੁਰ, ਗੁਰਵਿੰਦਰ ਸੈਣੀ, ਸਤਿਬੀਰ ਕਾਹਲੋਂ, ਰਜਿੰਦਰ ਕੁਮਾਰ, ਰਜਿੰਦਰਜੀਤ ਸਿੰਘ ਆਦਿ ਅਧਿਆਪਕ ਹਾਜ਼ਰ ਸਨ।

# ਡੇਰਾ ਚੁੰਗੀ ਨੇੜੇ ਖਸਤਾ ਹਾਲ ਸੜਕ ਦੇ ਟੋਟੇ ਦਾ ਨਿਰਮਾਣ ਕਾਰਜ ਸ਼ੁਰੂ



ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਹਲਕਾ ਫਤਿਹਗੜ੍ਹ ਚੂੜੀਆਂ ਦੇ ਹਲਕਾ ਇੰਚਾਰਜ ਬਲਬੀਰ ਸਿੰਘ ਪਨੂੰ ਨੇ ਫਤਿਹਗੜ੍ਹ ਚੂੜੀਆਂ ਵਿਖੇ ਡੇਰਾ ਚੁੰਗੀ ਨਾਲ ਲੱਗਦੀ ਡੇਰਾ ਬਾਬਾ ਨਾਨਕ ਰੋਡ ਉਪਰ ਪਿਛਲੇ ਕਈ ਚਿਰਾਂ ਤੋਂ ਬਦਤਰ ਹੋਏ ਸੜਕ ਦੇ ਟੋਟੇ ਨੂੰ ਬਣਾਉਣ ਲਈ ਲੋਕ ਨਿਰਮਾਣ ਵਿਭਾਗ ਰਾਹੀਂ ਬਣਾਉਣ ਦੇ ਕੰਮ ਦੀ ਸ਼ੁਰੂਆਤ ਰਿਬਨ ਕੱਟ ਕੇ ਕਰਵਾਈ।ਇਹ 600 ਫੁੱਟ ਲੰਬਾ ਤੇ 23 ਫੁੱਟ ਚੌੜਾ ਸੜਕ ਦਾ ਟੁਕੜਾ ਸੀਵਰੇਜ ਸਿਸਟਮ ਸਹੀ ਨਾ ਹੋਣ ਕਰਕੇ ਖ਼ਰਾਬ ਹੋ ਚੁੱਕਾ ਸੀ।ਇਸ ਸੜਕ ਨੂੰ ਸੁਧਾਰਨ ਲਈ ਕੰਮ ਸ਼ੁਰੂ ਕਰ ਦਿੱਤਾ ਗਿਆ ਅਤੇ ਇਸ ਨੂੰ ਤਕਰੀਬਨ 17.50 ਲੱਖ ਦੀ ਲਾਗਤ ਨਾਲ ਬਣਾਇਆ ਜਾਵੇਗਾ।ਇਸ ਮੌਕੇ ਐੱਸ. ਡੀ. ਓ. ਜਗਦੀਪ ਸਿੰਘ, ਕਾਰਜਕਾਰੀ ਇੰਜੀਨੀਅਰ ਨਿਰਮਲ ਸਿੰਘ, ਜੇ. ਈ. ਸਤਨਾਮ ਸਿੰਘ, ਸੁਰਿੰਦਰ ਸਿੰਘ, ਸਤਨਾਮ ਸਿੰਘ ਗਿੱਲ, ਐੱਮ. ਸੀ. ਕੇਵਲ ਮਸੀਹ, ਹਰਿਰੀ ਪ੍ਰਧਾਨ ਤੇਜਵਿੰਦਰ ਸਿੰਘ, ਨੰਬਰਦਾਰ ਬਲਦੇਵ ਸਿੰਘ, ਸਾਬਕਾ ਕੌਂਸਲਰ ਮਨਦੀਪ ਕੌਰ ਗਿੱਲ, ਜਸਵੀਰ ਸਿੰਘ ਗਿੱਲ, ਹਰਦੀਪ ਸਿੰਘ, ਸੀਨੀਅਰ ਆਗੂ ਵਿਲਸਨ ਮਸੀਹ, ਭੀਲਾ ਸੂਰੀ, ਰਾਣਾ ਆਹੂਤੀ, ਪੀ. ਏ. ਸ਼ਮਸ਼ੇਰ ਸਿੰਘ, ਮਲਜਿੰਦਰ ਸਿੰਘ, ਬਲਬੀਰ ਸਿੰਘ ਅਤੇ ਸੈਮ ਮਸੀਹ ਆਦਿ ਹਾਜ਼ਰ ਰਹੇ।

# ਡਾ. ਇਕਬਾਲ ਕੌਰ ਸੌਂਦ ਦੇ ਵਿਛੋੜੇ 'ਤੇ ਦੁੱਖ ਪ੍ਰਗਟ

ਛੇਹਰਟਾ, (ਮਨੋਜ ਕੁਮਾਰ) : ਪੰਜਾਬੀ ਵਿਦਵਾਨ ਤੇ 1947 ਦੀ ਵਿਭਾਜਨ ਵੰਡ ਦੀ ਤ੍ਰਾਸਦੀ ਮੌਕੇ ਅਮਨ ਦਾ ਹੋਕਾ ਦੇਣ ਵਾਲੇ, ਲੋਕਾਂ ਨੂੰ ਮਹਿਫੂਜ਼ ਥਾਵਾਂ ਵਾਲੇ ਤੇ ਆਪਣਿਆਂ ਤੋਂ ਹੀ ਕਤਲ ਹੋਏ ਦੇਸ਼ ਭਗਤ ਕਾਮਰੇਡ ਗਹਿਲ ਸਿੰਘ ਛੱਜਲਵੱਡੀ ਦੀ ਧੀ ਡਾਕਟਰ ਇਕਬਾਲ ਕੌਰ ਸੌਂਦ ਸਦੀਵੀ ਵਿਛੋੜਾ ਦੇ ਗਏ, ਜੋ ਕੁਝ ਅਰਸੇ ਤੋਂ ਬਿਮਾਰ ਸਨ। ਮਿਲਾਪੜੇ ਤੇ ਵਿਦਵਤਾ ਭਰਪੂਰ ਡਾ. ਇਕਬਾਲ ਕੌਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਪੰਜਾਬੀ ਵਿਭਾਗ ਦੇ ਭਗਤ ਨਾਮਦੇਵ ਚੇਅਰ ਦੇ ਮੁਖੀ ਵਜੋਂ ਰਿਟਾਇਰ ਹੋਏ ਤੇ ਲਗਾਤਾਰ ਸਮਾਜਿਕ ਕਾਰਜਾਂ ਵਿਚ ਸਰਗਰਮ ਰਹੇ। ਉਹ ਨਾਰੀ ਚੇਤਨਾ ਮੰਚ ਦੇ ਪ੍ਰਧਾਨ ਵਜੋਂ ਕਾਰਜਸ਼ੀਲ ਰਹੇ ਸਨ।ਉਨ੍ਹਾਂ ਦੇ ਵਿਦਿਅਕ ਤੇ ਸਮਾਜਿਕ ਕਾਰਜਾਂ ਦਾ ਘੇਰਾ ਬਹੁਤ ਵਸੀਹ ਹੋਣ ਕਾਰਨ ਹਮੇਸ਼ਾ ਸਰਗਰਮ ਰਹੇ।ਉਨ੍ਹਾਂ ਦੇ ਸਦੀਵੀ ਵਿਛੋੜੇ ਨਾਲ ਸ਼ਹਿਰ ਵਿਚ ਸੋਗ ਦੀ ਲਹਿਰ ਦੌੜ ਗਈ। ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਨ ਵਾਲਿਆਂ ਵਿਚ ਵਿਰਸਾ ਵਿਹਾਰ ਦੇ ਪ੍ਰਧਾਨ ਤੇ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ, ਫੋਕਲੋਰ ਰਿਸਰਚ ਅਕਾਦਮੀ ਦੇ ਪ੍ਰਧਾਨ ਰਮੇਸ਼ ਯਾਦਵ, ਆਲਮੀ ਵਿਰਾਸਤ ਫਾਊਂਡੇਸ਼ਨ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸੇਖੋਂ, ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਪੰਜਾਬ ਪ੍ਰਧਾਨ ਪ੍ਰੋ. ਸੁਰਜੀਤ ਜੱਜ, ਜ਼ਿਲ੍ਹਾ ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਜਮਹੂਰੀ ਅਧਿਕਾਰ ਸਭਾ ਵੱਲੋਂ ਡਾ. ਪਰਮਿੰਦਰ ਸਿੰਘ, ਯਸ਼ਪਾਲ ਝਬਾਲ, ਲੋਕ ਵਿਰਾਸਤ ਅਕਾਦਮੀ ਦੇ ਪ੍ਰਧਾਨ ਪ੍ਰੋ. ਗੁਰਭਜਨ ਗਿੱਲ, ਯੂਨੀਵਰਸਿਟੀ ਦੇ ਵਿਦਵਾਨ ਡਾ. ਸੁਖਦੇਵ ਸਿੰਘ ਸੋਹਲ, ਡਾ. ਹਰਿਭਜਨ ਸਿੰਘ ਭਾਟੀਆ, ਡਾ. ਮਨਜਿੰਦਰ ਸਿੰਘ, ਡਾ. ਬਲਜੀਤ ਕੌਰ ਰਿਆੜ, ਡਾ. ਇੰਦਰਾ ਵਿਰਕ, ਡਾ. ਭੁਪਿੰਦਰ ਕੌਰ, ਡਾ. ਹੀਰਾ ਸਿੰਘ ਆਦਿ ਸ਼ਖ਼ਸੀਅਤਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਕ ਨੇਕ ਤੇ ਵੱਡੀ ਹਸਤੀ ਤੋਂ ਮਹਿਰੂਮ ਹੋ ਗਏ ਹਨ।

# ਅਮਨਦੀਪ ਕੌਰ ਚੇਅਰਪਰਸਨ ਤੇ ਮਨਦੀਪ ਸਿੰਘ ਵਾਈਸ ਚੇਅਰਮੈਨ ਬਣੇ



ਡੇਰਾ ਬਾਬਾ ਨਾਨਕ, ਧਾਰੀਵਾਲ (ਰਮੇਸ਼ ਸ਼ਰਮਾ, ਮਨਦੀਪ ਸਿੰਘ ਵਿੱਕੀ)-ਸ. ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਦੀ ਮੌਜੂਦਗੀ ਵਿੱਚ ਜ਼ਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਹੋਈ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਹੋਈ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ 25 ਮੈਂਬਰਾਂ ਵਿੱਚੋਂ 21 ਮੈਂਬਰ ਅਤੇ 11 ਬਲਾਕ ਸੰਮਤੀਆਂ ਦੇ ਚੇਅਰਮੈਨ ਮੌਜੂਦ ਸਨ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਜ਼ੋਨ ਨੰਬਰ 11 ਭੈਣੀ ਮੀਆਂ ਖਾਂ ਤੋਂ ਆਮ ਆਦਮੀ ਪਾਰਟੀ ਦੀ ਅਮਨਦੀਪ ਕੌਰ ਚੇਅਰਪਰਸਨ ਅਤੇ ਜ਼ੋਨ ਨੰਬਰ 10 ਨੌਸ਼ਹਿਰਾ ਮੱਝਾ ਸਿੰਘ ਤੋਂ ਆਮ ਆਦਮੀ ਪਾਰਟੀ ਦੇ ਮਨਦੀਪ ਸਿੰਘ ਵਾਈਸ ਚੇਅਰਮੈਨ ਚੁਣੇ ਗਏ।ਇਸ ਮੌਕੇ ਸਰਬਸੰਮਤੀ ਨਾਲ ਹੋਈ ਚੋਣ ਉਪਰੰਤ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ. ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਡੇਰਾ ਬਾਬਾ ਨਾਨਕ ਤੋਂ ਵਿਧਾਇਕ ਸ. ਗੁਰਦੀਪ ਸਿੰਘ, ਸ੍ਰੀ ਹਰਗੋਬਿੰਦਪੁਰ ਤੋਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ, ਜੋਬਨ ਰੰਧਾਵਾ, ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਗੁਰਦਾਸਪੁਰ, ਹਲਕਾ ਗੁਰਦਾਸਪੁਰ ਤੋਂ ਹਲਕਾ ਇੰਚਾਰਜ ਰਮਨ ਬਹਿਲ, ਹਲਕਾ ਕਾਦੀਆਂ ਤੋਂ ਹਲਕਾ ਇੰਚਾਰਜ ਗੁਰਇੱਕਬਾਲ ਸਿੰਘ, ਮੁਖਦੇਵ ਸਿੰਘ ਆਲੋਵਾਲ ਮੀਡੀਆ ਇੰਚਾਰਜ ਗੁਰਦਾਸਪੁਰ ਵੱਲੋਂ ਉਮੀਦਵਾਰਾਂ ਨੂੰ ਮੁਬਾਰਕਬਾਦ ਦਿੱਤੀ ਗਈ।

# ਹਲਕਾ ਪੱਛਮੀ : ਡਾ. ਸੁਸ਼ੀਲ ਦੇਵਗਨ ਵੱਲੋਂ ਪਤਨੀ ਲਈ ਟਿਕਟ ਦੀ ਦਾਅਵੇਦਾਰੀ ਪੇਸ਼





ਛੇਹਰਟਾ, (ਮਨੋਜ ਕੁਮਾਰ): ਪੰਜਾਬ ਵਿਧਾਨ ਸਭਾ ਚੋਣਾਂ 2027 ਅਜੇ ਦੂਰ ਹਨ ਪਰ ਸਿਆਸੀ ਪਾਰਟੀਆਂ ਨੇ ਹੁਣ ਤੋਂ ਤਿਆਰੀਆਂ ਆਰੰਭ ਦਿੱਤੀਆਂ ਹਨ। ਚੋਣਾਂ ਲੜਨ ਦੇ ਚਾਹਵਾਨ ਆਗੂ ਹੁਣ ਤੋਂ ਦਾਅਵੇਦਾਰੀ ਵਾਲੇ ਹਲਕਿਆਂ ਵਿਚ ਵਿਚਰਨ ਲੱਗ ਪਏ ਹਨ। ਪਿਛਲੀਆਂ ਵਿਧਾਨ ਸਭਾ ਚੋਣਾਂ ਵਿਚ ਹਲਕਾ ਅਟਾਰੀ (ਰਿਜ਼ਰਵ) ਤੋਂ ਭਾਜਪਾ ਦੀ ਟਿਕਟ 'ਤੇ ਚੋਣ ਲੜਨ ਚੁੱਕੇ ਬਲਵਿੰਦਰ ਕੌਰ ਐਤਕੀਂ ਅੰਮ੍ਰਿਤਸਰ ਦੇ ਹਲਕਾ ਪੱਛਮੀ ਤੋਂ ਟਿਕਟ ਦੀ ਦੌੜ ਵਿਚ ਸ਼ਾਮਲ ਹਨ। ਉਨ੍ਹਾਂ ਦੇ ਪਤੀ ਤੇ ਹਲਕਾ ਪੱਛਮੀ ਤੋਂ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਡਾ. ਸੁਸ਼ੀਲ ਦੇਵਗਨ ਭਾਵੇਂ ਹਲਕਾ ਅਟਾਰੀ ਵੱਲ ਲਗਾਤਾਰ ਧਿਆਨ ਦੇ ਰਹੇ ਹਨ, ਪਰ ਹਲਕਾ ਪੱਛਮੀ ਵਿਚ ਉਨ੍ਹਾਂ ਦੀਆਂ ਸਿਆਸੀ ਸਰਗਰਮੀਆਂ ਜਾਰੀ ਹੀ ਨਹੀਂ ਹਨ, ਸਗੋਂ ਪਹਿਲਾਂ ਨਾਲੋਂ ਵੀ ਤੇਜ਼ ਹੋ ਗਈਆਂ ਹਨ। ਉਹ ਚਾਹੁੰਦੇ ਹਨ ਕਿ ਬਲਵਿੰਦਰ ਕੌਰ ਹੁਣ ਹਲਕਾ ਪੱਛਮੀ ਤੋਂ ਚੋਣ ਲੜਨ। ਐਡਵੋਕੇਟ ਡਾ. ਸੁਸ਼ੀਲ ਦੇਵਗਨ ਅਨੁਸਾਰ 2022 ਵਿਚ ਉਨ੍ਹਾਂ ਦੀ ਪਤਨੀ ਬਲਵਿੰਦਰ ਕੌਰ ਹਲਕਾ ਪੱਛਮੀ (ਰਿਜ਼ਰਵ) ਵਿਚ ਟਿਕਟ ਦੇ ਦਾਅਵੇਦਾਰਾਂ ਵਿਚੋਂ ਸਭ ਤੋਂ ਅੱਗੇ ਸਨ ਪਰ ਪਾਰਟੀ ਦੇ ਹੁਕਮ ਨੂੰ ਮੰਨਦੇ ਹੋਏ ਉਨ੍ਹਾਂ ਉਸ ਸਮੇਂ ਸਰਹੱਦੀ ਹਲਕੇ ਅਟਾਰੀ ਤੋਂ ਚੋਣ ਲੜੀ ਜਦੋਂ ਕਿਸਾਨ ਅੰਦੋਲਨ ਦੇ ਪ੍ਰਭਾਵ ਕਾਰਨ ਭਾਜਪਾ ਦਾ ਪਿੰਡਾਂ ਵਿਚ ਵੜਨਾ ਔਖਾ ਸੀ। ਇਸ ਸੀਟ 'ਤੇ ਗਠਜੋੜ ਹੋਣ ਕਰਕੇ ਪਹਿਲਾਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਹੀ ਚੋਣ ਲੜਦਾ ਰਿਹਾ ਹੈ। ਇਸ ਹਲਕੇ ਵਿਚ ਪਹਿਲੀ ਵਾਰ ਭਾਜਪਾ ਨੇ ਨਿਡਰਤਾ ਤੇ ਪੂਰੇ ਜ਼ੋਰ ਨਾਲ ਚੋਣ ਲੜੀ ਅਤੇ ਸਰਹੱਦੀ ਪਿੰਡਾਂ ਵਿਚ ਆਪਣਾ ਵਜੂਦ ਕਾਇਮ ਕੀਤਾ। ਮਾਝੇ ਦੇ ਜ਼ਿਲ੍ਹਿਆਂ ਵਿਚ ਦਿਹਾਤ ਵਿਚ ਜਿੱਥੇ ਵੀ ਭਾਜਪਾ ਨੇ ਪਹਿਲੀ ਵਾਰ ਚੋਣ ਲੜੀ, ਪਾਰਟੀ ਉਮੀਦਵਾਰਾਂ ਵਿੱਚੋਂ ਸਭ ਤੋਂ ਵੱਧ ਵੋਟਾਂ ਉਨ੍ਹਾਂ ਦੀ ਪਤਨੀ ਨੇ ਪ੍ਰਾਪਤ ਕੀਤੀਆਂ।ਐਡਵੋਕੇਟ ਡਾ. ਸੁਸ਼ੀਲ ਦੇਵਗਨ ਅਨੁਸਾਰ ਉਹ ਇਸ ਹਲਕੇ ਦੇ ਜੰਮਪਲ ਹਨ ਤੇ ਭਾਜਪਾ ਵਿਚ ਆਪਣਾ ਸਿਆਸੀ ਸਫ਼ਰ ਵੀ ਇਸ ਹਲਕੇ ਤੋਂ ਸ਼ੁਰੂ ਕੀਤਾ। ਉਹ ਖੰਡਵਾਲਾ ਦੇ ਮੰਡਲ ਪ੍ਰਧਾਨ ਰਹੇ ਤੇ ਫਿਰ ਕੌਂਸਲਰ ਦੀ ਚੋਣ ਵੀ ਲੜੀ। ਹਲਕਾ ਪੱਛਮੀ ਵਿਚ ਲੰਬਾ ਸਮਾਂ ਵਿਚਰਨ ਕਾਰਨ ਹਲਕੇ ਦੇ ਕਰੀਬ-ਕਰੀਬ ਸਾਰੇ ਵਾਸੀ ਉਨ੍ਹਾਂ ਦੇ ਨਾਂ ਤੋਂ ਵਾਕਿਫ਼ ਹਨ। ਪਾਰਟੀ ਨੇ ਹਰ ਵਾਰ ਹਲਕਾ ਪੱਛਮੀ ਵਿਚ ਬਾਹਰੀ ਹਲਕਿਆਂ ਤੋਂ ਉਮੀਦਵਾਰ ਲਿਆ ਕੇ ਵਿਧਾਨ ਸਭਾ ਚੋਣਾਂ ਲੜਾਈਆਂ। ਉਨ੍ਹਾਂ ਕਿਹਾ ਕਿ ਜੇਕਰ ਪਾਰਟੀ ਨੇ ਉਨ੍ਹਾਂ ਦੀ ਪਤਨੀ ਬਲਵਿੰਦਰ ਕੌਰ ਜੋ ਕਿ ਭਾਜਪਾ ਮਹਿਲਾ ਮੋਰਚਾ ਦੇ ਸੂਬਾ ਸਕੱਤਰ ਵੀ ਹਨ, ਨੂੰ ਇਸ ਵਾਰ ਹਲਕਾ ਪੱਛਮੀ ਤੋਂ ਚੋਣ ਲੜਨ ਦਾ ਮੌਕਾ ਦਿੱਤਾ ਤਾਂ ਉਹ ਦਾਅਵੇ ਨਾਲ ਕਹਿੰਦੇ ਹਨ ਕਿ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਵਿਚ ਪਾਉਣਗੇ। ਉਨ੍ਹਾਂ ਕਿਹਾ ਕਿ ਜੇਕਰ ਉਹ ਦਿਹਾਤ ਵਿਚ ਅਟਾਰੀ ਵਰਗੇ ਹਲਕੇ ਵਿਚ ਪਾਰਟੀ ਨੂੰ ਮਜ਼ਬੂਤ ਕਰ ਸਕਦੇ ਹਨ ਤਾਂ ਹਲਕਾ ਪੱਛਮੀ ਤਾਂ ਉਨ੍ਹਾਂ ਦਾ ਆਪਣਾ ਹਲਕਾ ਹੈ। ਬੱਸ ਇਕ ਵਾਰ ਉਮੀਦਵਾਰ ਵਜੋਂ ਬਲਵਿੰਦਰ ਕੌਰ ਦੇ ਨਾਂ ਦਾ ਐਲਾਨ ਹੋਣ ਦੀ ਦੇਰ ਹੈ, ਉਨ੍ਹਾਂ ਦੇ ਨਿਜੀ ਸਬੰਧਾਂ ਕਾਰਨ ਮਾਹੌਲ ਆਪਣੇ-ਆਪ ਉਨ੍ਹਾਂ ਦੇ ਹੱਕ ਵਿਚ ਬਣਨਾ ਸ਼ੁਰੂ ਹੋ ਜਾਵੇਗਾ।

# ਨਹੀਂ ਰਹੇ ਪ੍ਰਮੁੱਖ ਭਾਸ਼ਾ ਵਿਗਿਆਨੀ ਡਾ. ਇਕਬਾਲ ਕੌਰ ਸੌਂਦ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸਾਹਿਤਕ ਹਲਕਿਆਂ ਵਿਚ ਇਹ ਖ਼ਬਰ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਉੱਘੇ ਪੰਜਾਬੀ ਵਿਦਵਾਨ, ਆਲੋਚਕ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਪੰਜਾਬੀ ਵਿਭਾਗ ਦੇ ਸਾਬਕਾ ਪ੍ਰੋਫੈਸਰ ਡਾ. ਇਕਬਾਲ ਕੌਰ ਸੌਂਦ ਅਕਾਲ ਚਲਾਣਾ ਕਰ ਗਏ ਹਨ। ਉਨ੍ਹਾਂ ਦੀ ਸਿਹਤ ਪਿਛਲੇ ਕੁਝ ਦਿਨਾਂ ਤੋਂ ਢਿੱਲੀ-ਮੱਠੀ ਸੀ ਅਤੇ ਉਹ ਜ਼ੇਰੇ ਇਲਾਜ ਸਨ। ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਦੁੱਖ ਦਾ ਇਜ਼ਹਾਰ ਕਰਦਿਆਂ ਪ੍ਰਧਾਨ ਦਰਸ਼ਨ ਬੁੱਟਰ, ਸੁਸ਼ੀਲ ਦੁਸਾਂਝ, ਮੱਖਣ ਕੁਹਾੜ ਅਤੇ ਦੀਪ ਦੇਵਿੰਦਰ ਸਿੰਘ ਨੇ ਦੱਸਿਆ ਕਿ 1939 ਨੂੰ ਦੇਸ਼ ਭਗਤ ਪਰਿਵਾਰ ਵਿਚ ਜਨਮੇ ਡਾ. ਸੌਂਦ ਨੇ ਕਹਾਣੀ ਸੰਗ੍ਰਹਿ 'ਬਟਵਾਰਾ', "ਬੁੱਢੇ ਬੋਹੜ ਦੀ ਹੂਕ", "ਦਿਲ ਦੀਆਂ ਬਾਤਾਂ", ਭਗਤ ਨਾਮਦੇਵ ਰਚਨਾ ਸੰਸਾਰ ਸਮੇਤ ਅਨੇਕਾਂ ਪੁਸਤਕਾਂ ਪੰਜਾਬੀ ਸਾਹਿਤ ਦੀ ਝੋਲੀ ਪਾਈਆਂ। ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ 'ਭਗਤ ਨਾਮਦੇਵ ਚੇਅਰ' ਦੇ ਪਹਿਲੇ ਮੁਖੀ ਵਜੋਂ ਸੇਵਾ ਨਿਭਾਉਂਦੇ ਹੋਏ ਉਨ੍ਹਾਂ ਨੇ ਭਗਤੀ ਲਹਿਰ, ਭਗਤਾਂ ਦੀ ਬਾਣੀ ਅਤੇ ਮੱਧਕਾਲੀਨ ਪੰਜਾਬੀ ਸਾਹਿਤ ਤੇ ਵਿਸ਼ੇਸ਼ ਕੰਮ ਕਰਵਾਇਆ ਅਤੇ ਉਹ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੈਮੀਨਾਰਾਂ ਵਿੱਚ ਪੰਜਾਬੀ ਭਾਸ਼ਾ ਅਤੇ ਸਾਹਿਤ ਦੇ ਭਵਿੱਖ ਬਾਰੇ ਆਪਣੇ ਖੋਜ-ਪੱਤਰ ਪੜ੍ਹਦੇ ਰਹਿੰਦੇ ਸਨ। ਉਨ੍ਹਾਂ ਦੇ ਬੇਟੇ ਡਾ. ਸਰਤਾਜ ਸਿੰਘ ਤੋਂ ਮਿਲੀ ਜਾਣਕਾਰੀ ਮੁਤਾਬਕ ਉਨ੍ਹਾਂ ਦਾ ਅੰਤਿਮ ਸੰਸਕਾਰ ਕੱਲ ਸਵੇਰੇ ਗਿਆਰਾਂ ਵਜੇ ਕੀਤਾ ਜਾਵੇਗਾ।

# ਆਂਗਣਵਾੜੀ ਵਰਕਰਾਂ ਨੇ ਹਲਕਾ ਇੰਚਾਰਜ ਮਾਹਲ ਨੂੰ ਮੁੱਖ ਮੰਤਰੀ ਦੇ ਨਾਂਅ ਸੌਂਪਿਆ ਮੰਗ ਪੱਤਰ



ਧਾਰੀਵਾਲ, (ਮਨਦੀਪ ਵਿੱਕੀ)- ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਮੰਗਾਂ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਦੇ ਨਾਂ ਇੱਕ ਮੰਗ ਪੱਤਰ ਆਮ ਆਦਮੀ ਪਾਰਟੀ ਦੇ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੂੰ ਸੌਂਪਿਆ ਗਿਆ।ਇਸ ਮੌਕੇ ਯੂਨੀਅਨ ਦੀ ਪ੍ਰਧਾਨ ਕੰਵਲਜੀਤ ਕੌਰ, ਮੀਤ ਪ੍ਰਧਾਨ ਬਲਜਿੰਦਰ ਕੌਰ, ਜਨਰਲ ਸਕੱਤਰ ਹਰਪ੍ਰੀਤ ਕੌਰ ਸਿੰਘਪੁਰਾ, ਬਲਾਕ ਸਕੱਤਰ ਪ੍ਰਮਿਲਾ, ਰਜਨੀ ਬਾਲਾ, ਮਨਪ੍ਰੀਤ ਕੌਰ ਆਦਿ ਆਂਗਣਵਾੜੀ ਆਗੂਆਂ ਨੇ ਮੰਗ ਕੀਤੀ ਕਿ ਸਰਵ ਆਂਗਣਵਾੜੀ ਵਰਕਰ ਅਤੇ ਹੈਲਪਰ ਯੂਨੀਅਨ ਦੇ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੀਟਿੰਗ ਦਾ ਸਮਾਂ ਜਲਦੀ ਤੋਂ ਜਲਦੀ ਦਿੱਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਮੁੱਖ ਮੰਤਰੀ ਮਾਨ ਵੱਲੋਂ ਆਪਣੇ ਚੋਣ ਮੈਨੀਫੈਸਟੋ ਅਨੁਸਾਰ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਜਾਵੇ, ਆਂਗਣਵਾੜੀ ਵਰਕਰ ਅਤੇ ਹੈਲਪਰ ਦਾ ਮਾਣ ਭੱਤਾ ਦੁੱਗਣਾ ਕੀਤਾ ਜਾਵੇ, ਵਰਕਰ ਅਤੇ ਹੈਲਪਰ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਦਿੱਤਾ ਜਾਵੇ, ਸਰਕਾਰ ਦੀ ਹਿਦਾਇਤ ਮੁਤਾਬਕ ਦੇਣ ਤੱਕ ਘੱਟ ਘੱਟ ਵਰਕਰ ਤੇ ਹੈਲਪਰ ਨੂੰ ਉਜਰਤ ਦੇ ਦਾਇਰੇ ਵਿੱਚ ਲਿਆਇਆ ਜਾਵੇ, ਇਸ ਮਹਿੰਗਾਈ ਦੇ ਯੁੱਗ ਵਿੱਚ ਵਰਕਰਾਂ ਤੇ ਹੈਲਪਰਾਂ ਨੂੰ ਮਾਣ ਭੱਤਾ ਸਮੇਂ ਸਿਰ ਦਿੱਤਾ ਜਾਵੇ।ਆਂਗਣਵਾੜੀ ਵਰਕਰ ਨੂੰ ਪ੍ਰੀ ਪ੍ਰਾਇਮਰੀ ਟੀਚਰ ਦਾ ਦਰਜਾ ਦਿੱਤਾ ਜਾਵੇ।ਵਰਕਰ ਤੇ ਹੈਲਪਰ ਕੋਲੋਂ ਵਿਭਾਗੀ ਕੰਮਾਂ ਤੋਂ ਇਲਾਵਾ ਲਏ ਜਾਂਦੇ ਵਾਧੂ ਕੰਮਾਂ ਦਾ ਮਿਹਨਤਾਨਾ ਸਮੇਂ ਸਿਰ ਦਿੱਤਾ ਜਾਵੇ।ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕੰਵਲਜੀਤ ਕੌਰ ਨੇ ਕਿਹਾ ਕਿ ਮਾਵਾਂ ਧੀਆਂ ਸਤਿਕਾਰ ਯੋਜਨਾ ਸਕੀਮ ਨੂੰ ਸਫ਼ਲ ਬਣਾਉਣ ਲਈ ਹਰ ਤਰ੍ਹਾਂ ਵਰਕਰਾਂ ਅਤੇ ਹੈਲਪਰਾਂ ਨੇ ਬਹੁਤ ਮਿਹਨਤ ਕੀਤੀ ਹੈ।ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਉਪਰੋਕਤ ਸਭ ਮੰਗਾਂ ਵੱਲ ਧਿਆਨ ਦਿੱਤਾ ਜਾਵੇ।ਇਸ ਮੌਕੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਯੂਨੀਅਨ ਆਗੂਆਂ ਨੂੰ ਭਰੋਸਾ ਦਵਾਇਆ ਕਿ ਉਹ ਇਹ ਮੰਗ ਪੱਤਰ ਮੁੱਖ ਮੰਤਰੀ ਸਾਹਿਬ ਨੂੰ ਸੌਂਪ ਕੇ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਮੰਗਾਂ ਦੀ ਪੂਰਤੀ ਲਈ ਸਿਫਾਰਸ਼ ਵੀ ਕਰਨਗੇ।

# ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਕੈਂਪ 16 ਨੂੰ

ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਬੇਰੋਜ਼ਗਾਰ ਨੌਜਵਾਨ ਪ੍ਰਾਰਥੀਆਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਤਰਨ ਤਾਰਨ ਆਦਿੱਤਿਆ ਸ਼ਰਮਾ ਦੀ ਰਹਿਨੁਮਾਈ ਹੇਠ 16 ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਤਰਨ ਤਾਰਨ, ਕਮਰਾ ਨੰਬਰ 115, ਪਹਿਲੀ ਮੰਜ਼ਿਲ, ਡੀ.ਸੀ ਦਫ਼ਤਰ ਕੰਪਲੈਕਸ, ਸਰਹਾਲੀ ਰੋਡ (ਪਿੰਡ ਪਿੱਦੀ) ਤਰਨ ਤਾਰਨ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ, ਤਰਨ ਤਾਰਨ ਵਿਕਰਮ ਜੀਤ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਸਟਾਫਿੰਗ ਟਾਇਟਨਸ ਪ੍ਰਾਈਵੇਟ ਲਿਮਟਿਡ ਕੰਪਨੀ ਭਾਗ ਲੈ ਰਹੀ ਹੈ। ਉਨ੍ਹਾਂ ਦੱਸਿਆ ਕਿ ਕੰਪਨੀ ਨੂੰ ਬਲਿੰਕਿਟ ਸਵਿੱਗੀ, ਜੈਪਟੋ ਅਤੇ ਫਲਿਪਕਾਰਟ ਵਿਚ ਕੰਮ ਕਰਨ ਲਈ ਲੜਕੇ ਅਤੇ ਲੜਕੀਆਂ ਉਮੀਦਵਾਰਾਂ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਉਮਰ ਹੱਦ 21 ਤੋਂ 40 ਸਾਲ, ਯੋਗਤਾ10ਵੀਂ ਤੋਂ ਲੈ ਕੇ ਗ੍ਰੈਜੂਏਸ਼ਨ ਤੱਕ ਦੇ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਤਨਖਾਹ 15000 ਤੋਂ 20000 ਤੱਕ ਹੋਵੇਗੀ।ਉਨ੍ਹਾਂ ਨੇ ਬੇਰੋਜ਼ਗਾਰ ਉਮੀਦਵਾਰਾ ਨੂੰ ਇਸ ਪਲੇਸਮੈਂਟ ਕੈਂਪ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਕਿਹਾ ਗਿਆ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਤਰਨ ਤਾਰਨ ਦੇ ਹੈਲਪਲਾਈਨ ਨੰਬਰ 77173-97013 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ



ਦੀਨਾਨਗਰ, ਧਾਰੀਵਾਲ (ਬਲਵਿੰਦਰ ਸਿੰਘ ਬਿੱਲਾ, ਮਨਦੀਪ ਸਿੰਘ ਵਿੱਕੀ)-ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਵਿਸ਼ੇਸ਼ ਇਕੱਤਰਤਾ ਪਿਆਰਾ ਸਿੰਘ ਬਲਾਕ ਪ੍ਰਧਾਨ ਧਾਰੀਵਾਲ ਦੀ ਪ੍ਰਧਾਨਗੀ ਹੇਠ ਸਥਾਨਕ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਹੋਈ। ਇਕੱਤਰਤਾ ਦਾ ਆਰੰਭ ਕਰਦਿਆਂ ਜ਼ਿਲ੍ਹਾ ਪ੍ਰੈੱਸ ਸਕੱਤਰ ਮੰਗਤ ਚੰਚਲ ਵੱਲੋਂ ਇਕੱਤਰਤਾ ਦਾ ਅਜੰਡਾ ਪੇਸ਼ ਕੀਤਾ ਗਿਆ। ਅਜੰਡੇ 'ਤੇ ਬੋਲਦਿਆਂ ਜ਼ਿਲ੍ਹਾ ਵਿੱਤ ਸਕੱਤਰ ਸ੍ਰੀ ਸੁਰੇਸ਼ ਸ਼ਰਮਾ ਨੇ ਦੱਸਿਆ ਕਿ 17 ਜੁਲਾਈ ਨੂੰ ਮੁਲਾਜ਼ਮ-ਪੈਨਸ਼ਨਰ ਸਾਂਝੇ ਮੋਰਚੇ ਦੀ ਮੁਹਾਲੀ ਵਿਖੇ ਹੋਣ ਵਾਲੀ ਰੈਲੀ ਹੁਣ 7 ਅਗਸਤ ਦਿਨ ਸ਼ੁੱਕਰਵਾਰ ਨੂੰ ਮੋਹਾਲੀ ਵਿਖੇ ਹੋਵੇਗੀ ਅਤੇ 29 ਜੁਲਾਈ ਦਿਨ ਬੁੱਧਵਾਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਮੁਲਾਜ਼ਮ-ਪੈਨਸ਼ਨਰ ਸਾਂਝੇ ਮੋਰਚੇ ਦੀ ਰੈਲੀ ਪਹਿਲਾਂ ਤੋਂ ਮਿਥੇ ਦਿਨ 29 ਜੁਲਾਈ ਦਿਨ ਬੁੱਧਵਾਰ ਨੂੰ ਹੀ ਸੰਗਰੂਰ ਵਿਖੇ ਹੋਵੇਗੀ।ਇਸ ਲਈ ਉਨ੍ਹਾ ਨੇ 29 ਜੁਲਾਈ ਦੀ ਰੈਲੀ ਵਿੱਚ ਹੁੰਮ-ਹੁਮਾ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ ਜਿਸ ਨੂੰ ਸਰਬਸੰਮਤੀ ਨਾਲ ਪ੍ਰਵਾਨ ਕੀਤਾ ਗਿਆ ।ਸਾਥੀ ਮੱਖਣ ਕੁਹਾੜ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਜੋ ਵੱਡੇ ਵੱਡੇ ਸਬਜ਼ਬਾਗ ਦਿਖਾ ਕੇ ਸੱਤਾ ਵਿਚ ਆਈ ਸੀ ਉਹ ਸਭ-ਕੁਝ ਭੁੱਲ-ਭੁਲਾ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਸਲਿਆਂ ਵੱਲੋਂ ਮੂੰਹ ਮੋੜ ਕੇ ਮੁਫਤ ਦੀਆਂ ਰਿਓੜੀਆਂ ਵੰਡਣ ਦੇ ਰਾਹ ਪੈ ਚੁਕੀ ਹੈ ਇਸ ਲਈ ਸਾਡੇ ਕੋਲ ਬਸ ਸੰਘਰਸ਼ ਦਾ ਰਾਹ ਹੀ ਰਹਿ ਗਿਆ ਹੈ ਅਤੇ ਉਨ੍ਹਾਂ ਇੱਕੋ-ਇੱਕ ਠੀਕ ਰਾਹ ਏਕੇ ਤੇ ਸੰਘਰਸ਼ ਦਾ ਨਾਹਰਾ ਬੁਲੰਦ ਕੀਤਾ। ਐੱਲ.ਟੀ.ਸੀ. ਦੀ ਪ੍ਰਾਪਤੀ ਸਬੰਧੀ ਸੁਰੇਸ਼ ਸ਼ਰਮਾ ਨੇ ਦੱਸਿਆ ਕਿ ਅਨੈਕਸ਼ਰ ਏ ਹਰ ਪੈਨਸ਼ਨਰ ਲਈ ਭਰਨਾ ਜ਼ਰੂਰੀ ਹੈ ਅਤੇ ਇੱਕ ਵਾਰ ਹੀ ਭਰਨਾ ਹੈ ਸੋ ਇਹ ਭਰ ਲੈਣਾ ਅਤੀ ਜ਼ਰੂਰੀ ਹੈ। ਬਾਕੀ ਐੱਲ. ਟੀ. ਸੀ. ਜਿਹੜੇ ਮਹੀਨੇ ਮਿਲਣ ਯੋਗ ਹੋਵੇ ਉਸ ਤੋਂ ਮਹੀਨਾ ਪਹਿਲਾਂ ਹੀ ਅਪਲਾਈ ਕਰ ਦੇਣਾ ਚਾਹੀਦਾ ਹੈ ਤਾਂ ਕਿ ਸਮੇਂ ਸਿਰ ਪ੍ਰਾਪਤ ਹੋ ਸਕੇ।ਇਸ ਸਮੇਂ ਸਵਿੰਦਰ ਔਲਖ ਜ਼ਿਲ੍ਹਾ ਜਨਰਲ ਸਕੱਤਰ, ਵਿਨੋਦ ਸ਼ਰਮਾ ਬਲਾਕ ਜਨਰਲ ਸਕੱਤਰ ਨੇ ਵੀ ਵਿਚਾਰ ਚਰਚਾ ਵਿੱਚ ਭਾਗ ਲਿਆ।ਇਸ ਤੋਂ ਇਲਾਵਾ ਸਰਵ ਸ੍ਰੀ ਪਿਆਰਾ ਸਿੰਘ,ਅਮਰਜੀਤ ਸੈਣੀ,ਜਸਵੀਰ ਸਿੰਘ, ਬਲਵਿੰਦਰ ਸਿੰਘ, ਮਹਿੰਦਰ ਸਿੰਘ, ਜਸਪਾਲ ਸਿੰਘ, ਸੁਰਿੰਦਰ ਕਲਸੀ, ਨਰਿੰਦਰ ਸਿੰਘ, ਪ੍ਰੇਮ ਨਾਥ, ਦਰਬਾਰੀ ਲਾਲ, ਮੰਗਤ ਚੰਚਲ, ਬੂਟਾ ਰਾਮ ਪ੍ਰੇਮ ਨਗਰ, ਲਖਵਿੰਦਰ ਸਿੰਘ, ਰਘਬੀਰ ਚਾਹਲ ਰਮੇਸ਼ ਚੰਦਰ ਸ਼ਰਮਾ ਅਤੇ ਬੂਟਾ ਰਾਮ ਆਜ਼ਾਦ ਹਾਜ਼ਰ ਸਨ।ਅਖੀਰ ਵਿੱਚ ਸ ਪਿਆਰਾ ਸਿੰਘ ਡਡਵਾਂ ਵੱਲੋਂ ਹਾਜ਼ਰ ਸਾਥੀਆਂ ਨੂੰ ਰੈਲੀ ਵਿੱਚ ਪਹੁੰਚਣ ਹਿਤ ਜ਼ੋਰਦਾਰ ਅਪੀਲ ਕੀਤੀ ਗਈ ਅਤੇ ਧੰਨਵਾਦ ਵੀ ਕੀਤਾ ਗਿਆ।

# ਈ ਵੀ ਐੱਮ ਵੇਅਰਹਾਊਸ ਤੇ ਪੋਲਿੰਗ ਸਟੇਸ਼ਨਾਂ ਦਾ ਨਿਰੀਖਣ



ਅੰਮ੍ਰਿਤਸਰ, (ਜਗਦੀਸ਼ ਕਮਲੇਸ਼)- ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਦੇ ਅਧੀਨ ਸਕੱਤਰ ਰਾਕੇਸ਼ ਕੁਮਾਰ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਈ. ਵੀ. ਐੱਮ. ਵੇਅਰਹਾਊਸ ਅਤੇ ਵੱਖ-ਵੱਖ ਪੋਲਿੰਗ ਸਟੇਸ਼ਨਾਂ ਦਾ ਵਿਸਤ੍ਰਿਤ ਨਿਰੀਖਣ ਕੀਤਾ ਗਿਆ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਪੱਲਵੀ ਮਿਸ਼ਰਾ ਅਤੇ ਚੋਣ ਤਹਿਸੀਲਦਾਰ ਅੰਮ੍ਰਿਤਸਰ ਰਾਜਿੰਦਰ ਸਿੰਘ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।ਨਿਰੀਖਣ ਦੌਰਾਨ ਰਾਕੇਸ਼ ਕੁਮਾਰ ਨੇ ਈ. ਵੀ. ਐੱਮ. ਵੇਅਰਹਾਊਸ ਵਿੱਚ ਮਸ਼ੀਨਾਂ ਦੀ ਸੁਰੱਖਿਆ ਲਈ ਕੀਤੇ ਗਏ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ। ਉਨ੍ਹਾਂ ਨੇ ਸੀ. ਸੀ. ਟੀ. ਵੀ. ਨਿਗਰਾਨੀ ਪ੍ਰਣਾਲੀ, ਐਕਸੈੱਸ ਕੰਟਰੋਲ, ਸੁਰੱਖਿਆ ਕਰਮਚਾਰੀਆਂ ਦੀ ਤਾਇਨਾਤੀ, ਸਟਰਾਂਗ ਰੂਮ ਦੀ ਸੁਰੱਖਿਆ ਅਤੇ ਹੋਰ ਮਿਆਰੀ ਪ੍ਰਬੰਧਾਂ ਦੀ ਜਾਂਚ ਕੀਤੀ ਅਤੇ ਸਬੰਧਤ ਅਧਿਕਾਰੀਆਂ ਨੂੰ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਕਿਹਾ।ਉਨ੍ਹਾਂ ਨੇ ਕਿਹਾ ਕਿ ਈ. ਵੀ. ਐੱਮ. ਦੀ ਸੁਰੱਖਿਆ ਚੋਣ ਪ੍ਰਕਿਰਿਆ ਦਾ ਸਭ ਤੋਂ ਮਹੱਤਵਪੂਰਨ ਪੱਖ ਹੈ ਅਤੇ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਵੱਲੋਂ ਈ. ਵੀ. ਐੱਮ. ਵੇਅਰਹਾਊਸ ਵਿਖੇ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਦੀ ਸ਼ਲਾਘਾ ਵੀ ਕੀਤੀ ਗਈ।ਉਪਰੰਤ ਰਾਕੇਸ਼ ਕੁਮਾਰ ਨੇ ਸਰਕਾਰੀ ਮਿਡਲ ਸਕੂਲ ਰਾਮਪੁਰਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੀਤਾ ਕਲ੍ਹਾਂ ਅਤੇ ਸ਼ਹੀਦ ਜੈਮਲ ਸਿੰਘ ਬੱਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਾਵਾਲਾ ਕਲ੍ਹਾਂ ਵਿਖੇ ਸਥਿਤ ਪੋਲਿੰਗ ਸਟੇਸ਼ਨਾਂ ਦਾ ਦੌਰਾ ਕੀਤਾ।

# ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਮੀਟਿੰਗ 'ਚ ਮੈਂਬਰਾਂ ਨੂੰ ਨਵੇਂ ਸ਼ਨਾਖਤੀ ਕਾਰਡ ਵੰਡੇ



ਜੰਡਿਆਲਾ ਗੁਰੂ(ਹਰਿੰਦਰ ਪਾਲ ਸਿੰਘ):-ਮਾਝਾ ਪ੍ਰੈੱਸ ਕਲੱਬ, (ਰਜਿ:) ਅੰਮ੍ਰਿਤਸਰ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਅਹਿਮ ਮੀਟਿੰਗ ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਕਲੱਬ ਦੀਆਂ ਗਤੀਵਿਧੀਆਂ, ਕਲੱਬ ਦੀ ਬਿਹਤਰੀ ਤੇ ਪੱਤਰਕਾਰਾਂ ਨੂੰ ਦਰਪੇਸ਼ ਸੱਮਸਿਆਵਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਲੋਕਤੰਤਰ ਦਾ ਚੌਥਾ ਥੰਮ੍ਹ ਮੰਨੇ ਜਾਂਦੇ ਪੱਤਰਕਾਰਾਂ ਨੂੰ ਫੀਲਡ ਵਿਚ ਕੰਮ ਕਰਨ ਸਮੇਂ ਆਉਂਦੀਆਂ ਮੁਸ਼ਕਿਲਾਂ ਤੇ ਉਨ੍ਹਾਂ ਦੇ ਹੱਲ ਲਈ ਵਿਚਾਰਾਂ ਕੀਤੀਆਂ ਗਈਆਂ ਅਤੇ ਸਰਕਾਰਾਂ ਪਾਸੋਂ ਮੰਗ ਕੀਤੀ ਗਈ ਕਿ ਪੱਤਰਕਾਰਾਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ।ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਸਮਾਜਿਕ ਮੁੱਦਿਆਂ ਨਸ਼ਿਆਂ, ਵਾਤਾਵਰਣ ਦੇ ਪ੍ਰਦੂਸ਼ਿਤ ਹੋਣ ਅਤੇ ਪ੍ਰੈੱਸ ਸ਼ਬਦ ਦੀ ਦੁਰਵਰਤੋਂ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ ।ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਕਲੱਬ ਦੇ ਅਹੁਦੇਦਾਰ ਤੇ ਮੈਂਬਰ ਸਾਥੀਆਂ ਨੂੰ ਕਲੱਬ ਦੇ ਨਵੇਂ ਸ਼ਨਾਖਤੀ ਵੀ ਵੰਡੇ ਗਏ।ਮੀਟਿੰਗ ਦੌਰਾਨ ਸਮੂਹ ਸਾਥੀਆਂ ਨੇ ਪਿੰਗਲਵਾੜਾ ਸੰਸਥਾ ਵੱਲੋਂ ਭਗਤ ਪੂਰਨ ਸਿੰਘ ਦੀ ਬਰਸੀ ਨੂੰ ਸਮਰਪਿਤ 1 ਅਗਸਤ ਤੋਂ 5 ਅਗਸਤ ਤੱਕ ਕਰਵਾਏ ਜਾ ਰਹੇ ਸਮਾਗਮਾਂ ਵਿਚ ਵੱਧ-ਚੜ੍ਹ ਦੇ ਹਿੱਸਾ ਲੈਣ ਦਾ ਫੈਸਲਾ ਕੀਤਾ।ਇਸ ਮੌਕੇ ਜਸਵੰਤ ਸਿੰਘ ਮਾਂਗਟ, ਅੰਮ੍ਰਿਤਪਾਲ ਸਿੰਘ, ਹਰੀਸ਼ ਕੱਕੜ, ਗੁਰਪਾਲ ਸਿੰਘ ਰਾਏ, ਸਿਮਰਤਪਾਲ ਸਿੰਘ ਬੇਦੀ, ਕੁਲਦੀਪ ਸਿੰਘ ਭੁੱਲਰ, ਸਵਿੰਦਰ ਸਿੰਘ ਸ਼ਿੰਦਾ ਲਾਹੌਰੀਆ, ਸੁਖਚੈਨ ਸਿੰਘ, ਡਾ. ਗੁਰਮੀਤ ਸਿੰਘ ਨੰਢਾ, ਕੁਲਦੀਪ ਸਿੰਘ ਖਹਿਰਾ, ਐਡਵੋਕੇਟ ਸ਼ੁਕਰਗੁਜ਼ਾਰ ਸਿੰਘ, ਪਰਵਿੰਦਰ ਸਿੰਘ ਮਲਕ, ਸਤਪਾਲ ਵਿਨਾਇਕ, ਗੁਰਵਿੰਦਰ ਸਿੰਘ ਹੈਪੀ, ਸੁਖਦੇਵ ਸਿੰਘ ਬੱਬੂ ਆਦਿ ਹਾਜ਼ਰ ਸਨ।

# ਅੰਤਰ-ਸਕੂਲ ਸਾਹਿਤ ਤੇ ਕਲਾ ਉਤਸਵ 'ਚ ਆਰ. ਡੀ. ਖੋਸਲਾ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



ਬਟਾਲਾ (ਤਰਲੋਕ ਬੱਗਾ, ਡਾ. ਮਾਲਵਿੰਦਰ ਸਿੰਘ)-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਵਿਦਿਆਰਥੀਆਂ ਨੇ ਸਹੋਦਿਆ ਸਕੂਲ ਕੈਂਪਸ ਦੁਆਰਾ ਆਯੋਜਿਤ ਅੰਤਰ-ਸਕੂਲ ਸਾਹਿਤ ਅਤੇ ਕਲਾ ਉਤਸਵ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਵਿਦਿਆਰਥੀਆਂ ਨੇ ਵੁੱਡਸਟਾਕ ਪਬਲਿਕ ਸਕੂਲ ਬਟਾਲਾ ਵਿਖੇ ਆਯੋਜਿਤ ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ, ਕਈ ਪੁਰਸਕਾਰ ਜਿੱਤੇ।

ਕ੍ਰਿਸ਼ਾ ਨੇ ਕਹਾਣੀ ਉਚਾਰਨ ਵਿੱਚ ਪਹਿਲਾ, ਪੁਨੀਤ ਭਗਤ ਨੇ ਤਤਕਾਲ ਭਾਸ਼ਣ ਵਿੱਚ ਪਹਿਲਾ ਤੇ ਮਾਧਵੀ ਸਾਨਨ ਨੇ ਭਾਸ਼ਣ ਮੁਕਾਬਲੇ ਵਿੱਚ ਪਹਿਲਾ, ਅਨੁਰੀਤ ਕੌਰ ਨੇ ਪੈਨਸਿਲ ਸਕੈਚਿੰਗ ਵਿੱਚ ਦੂਜਾ ਸਥਾਨ ਹਾਸਿਲ ਕੀਤਾ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਉਨ੍ਹਾਂ ਦੀ ਸਖ਼ਤ ਮਿਹਨਤ, ਉਨ੍ਹਾਂ ਦੇ ਅਧਿਆਪਕਾਂ ਦੀ ਅਗਵਾਈ ਅਤੇ ਉਨ੍ਹਾਂ ਦੇ ਮਾਪਿਆਂ ਦੇ ਸਮਰਥਨ ਦਾ ਨਤੀਜਾ ਸਨ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸਕੂਲ ਦੇ ਵਿਦਿਆਰਥੀ ਭਵਿੱਖ ਵਿੱਚ ਵੱਖ-ਵੱਖ ਵਿਦਿਅਕ ਅਤੇ ਸਹਿ-ਵਿਦਿਅਕ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕਰਦੇ ਰਹਿਣਗੇ।ਉਨ੍ਹਾਂ ਜੇਤੂ ਵਿਦਿਆਰਥੀਆਂ ਦੇ ਮਾਪਿਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਬਲਵਿੰਦਰ ਕੌਰ, ਸ਼ਗੁਫਤਾ, ਅਭਿਸ਼ੇਕ, ਰੋਹਨ ਅਤੇ ਨਵੀਨ ਨੂੰ ਵੀ ਦਿਲੋਂ ਵਧਾਈਆਂ ਦਿੱਤੀਆਂ।ਉਨ੍ਹਾਂ ਜੇਤੂਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੀ ਨਿਰੰਤਰ ਸਫਲਤਾ ਦੀ ਕਾਮਨਾ ਕੀਤੀ।

# ਸਾਂਸਦ ਔਜਲਾ ਵੱਲੋਂ ਅਜਨਾਲਾ ਓਟ ਸੈਂਟਰ ਦਾ ਦੌਰਾ

## ਨਸ਼ਿਆਂ ਵਿਰੁੱਧ ਜੰਗ ਜ਼ਮੀਨੀ ਹਕੀਕਤ ਨੂੰ ਸਮਝੇ ਬਿਨਾਂ ਨਹੀਂ ਜਿੱਤੀ ਜਾ ਸਕਦੀ



ਛੇਹਰਟਾ, (ਮਨੋਜ ਕੁਮਾਰ) : ਕਾਂਗਰਸ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਸੋਮਵਾਰ ਨੂੰ ਚਮਿਆਰੀ (ਅਜਨਾਲਾ ਹਲਕੇ) ਵਿਚ ਓਟ ਸੈਂਟਰ ਦਾ ਦੌਰਾ ਕੀਤਾ ਅਤੇ ਇਲਾਜ ਅਧੀਨ ਮਰੀਜ਼ਾਂ ਤੋਂ ਇਲਾਵਾ ਡਾਕਟਰਾਂ ਤੇ ਸਿਹਤ ਅਧਿਕਾਰੀਆਂ ਨਾਲ ਵੀ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਜ਼ਮੀਨੀ ਹਕੀਕਤ ਨੂੰ ਸਮਝੇ ਬਿਨਾਂ ਨਹੀਂ ਜਿੱਤੀ ਜਾ ਸਕਦੀ ਤੇ ਉਹ ਸੂਬਾ ਸਰਕਾਰ ਨੂੰ ਅਸਲ ਸਥਿਤੀਆਂ ਦੀ ਰਿਪੋਰਟ ਕਰਨ ਲਈ ਵੱਖ-ਵੱਖ ਓਟ ਸੈਂਟਰਾਂ ਦਾ ਦੌਰਾ ਕਰ ਰਹੇ ਹਨ। ਔਜਲਾ ਨੇ ਦੱਸਿਆ ਕਿ ਇਕੱਲੇ ਅਜਨਾਲਾ ਓਟ ਸੈਂਟਰ ਵਿਚ ਕਰੀਬ 650 ਮਰੀਜ਼ ਰਜਿਸਟਰਡ ਹਨ, ਜੋ ਨਿਯਮਿਤ ਤੌਰ 'ਤੇ ਦਵਾਈ ਲੈਣ ਆਉਂਦੇ ਹਨ। ਉਨ੍ਹਾਂ ਮਰੀਜ਼ਾਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਵੀ ਸੁਣੀਆਂ। ਉਨ੍ਹਾਂ ਕਿਹਾ ਕਿ ਓਟ ਸੈਂਟਰ ਸਥਾਪਤ ਕਰਨ ਦਾ ਉਦੇਸ਼ ਮਰੀਜ਼ਾਂ ਨੂੰ ਹੌਲੀ-ਹੌਲੀ ਨਸ਼ਿਆਂ ਤੋਂ ਛੁਟਕਾਰਾ ਦਿਵਾਉਣਾ ਸੀ; ਜਦੋਂਕਿ ਮੌਜੂਦਾ ਪ੍ਰਣਾਲੀ ਤਹਿਤ ਇਹ ਸੈਂਟਰ ਕਈ ਥਾਵਾਂ 'ਤੇ ਸਿਰਫ਼ ਦਵਾਈ ਦਾ ਬਦਲ ਪ੍ਰਦਾਨ ਕਰਨ ਤਕ ਸੀਮਤ ਹੋ ਕੇ ਰਹਿ ਗਏ ਹਨ। ਇਕ ਸਥਾਈ ਹੱਲ ਅਸੰਭਵ ਹੈ, ਜਦੋਂ ਤਕ ਮਰੀਜ਼ਾਂ ਨੂੰ ਮਨੋਵਿਗਿਆਨਕ ਇਲਾਜ, ਨਿਯਮਤ ਸਲਾਹ, ਪੁਨਰਵਾਸ, ਰੁਜ਼ਗਾਰ ਦੇ ਮੌਕੇ ਤੇ ਸਮਾਜਿਕ ਸਹਾਇਤਾ ਨਹੀਂ ਮਿਲਦੀ। ਜਦੋਂ ਮਰੀਜ਼ਾਂ ਨੂੰ ਦਵਾਈ ਸਮੇਂ ਸਿਰ ਨਹੀਂ ਮਿਲਦੀ ਤਾਂ ਬਹੁਤ ਸਾਰੇ ਨਾਜਾਇਜ਼ ਦਵਾਈਆਂ ਦੀ ਵਰਤੋਂ ਦੁਬਾਰਾ ਸ਼ੁਰੂ ਕਰ ਦਿੰਦੇ ਹਨ। ਅਜਿਹੀਆਂ ਸ਼ਿਕਾਇਤਾਂ ਨਾ ਸਿਰਫ਼ ਅਜਨਾਲਾ ਤੋਂ ਬਲਕਿ ਰਾਮਦਾਸ, ਸੰਗਤਪੁਰਾ ਤੇ ਹੋਰ ਖੇਤਰਾਂ ਵਿੱਚ ਓਟ ਕੇਂਦਰਾਂ ਤੋਂ ਵੀ ਮਿਲ ਰਹੀਆਂ ਹਨ। ਉਹ ਇਨ੍ਹਾਂ ਸਾਰੇ ਕੇਂਦਰਾਂ ਦਾ ਦੌਰਾ ਕਰ ਰਹੇ ਹਨ ਅਤੇ ਇਕ ਵਿਸਤ੍ਰਿਤ ਰਿਪੋਰਟ ਤਿਆਰ ਕਰਨ ਤੇ ਇਸਨੂੰ ਸਰਕਾਰ ਨੂੰ ਪੇਸ਼ ਕਰਨ ਦੀ ਯੋਜਨਾ ਬਣਾ ਰਹੇ ਹਨ। ਔਜਲਾ ਨੇ ਕਿਹਾ ਕਿ ਜਦੋਂ ਤਕ ਸਬੰਧਤ ਵਿਭਾਗ ਅਸਲ ਸਥਿਤੀ ਸਰਕਾਰ ਨੂੰ ਨਹੀਂ ਦੱਸਦੇ, ਨਸ਼ਿਆਂ ਵਿਰੁੱਧ ਮੁਹਿੰਮ ਪ੍ਰਭਾਵਸ਼ਾਲੀ ਨਹੀਂ ਹੋ ਸਕਦੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੁਲਸ, ਸਿਹਤ ਵਿਭਾਗ, ਪ੍ਰਸ਼ਾਸਨ ਤੇ ਸਮਾਜ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ; ਸਿਰਫ਼ ਅੰਕੜੇ ਪੇਸ਼ ਕਰਨ ਨਾਲ ਮਸਲਾ ਹੱਲ ਨਹੀਂ ਹੋਵੇਗਾ।

# ਧੋਖੇ ਨਾਲ ਪੰਜਾਬ ਦੀ ਸੱਤਾ ਹਾਸਲ ਕਰਨਾ ਚਾਹੁੰਦੀ ਹੈ ਭਾਰਤੀ ਜਨਤਾ ਪਾਰਟੀ : ਸ਼ਮਸ਼ੇਰ ਸਿੰਘ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ )-ਭਾਰਤੀ ਜਨਤਾ ਪਾਰਟੀ ਦੇ ਐੱਸ. ਸੀ. ਮੋਰਚਾ ਦੀ ਸੂਬਾ ਸਕੱਤਰ ਅਤੇ ਦੀਨਾਨਗਰ ਦੀ ਹਲਕਾ ਇੰਚਾਰਜ ਰੇਣੂ ਕਸ਼ਯਪ ਦੇ ਸੋਸ਼ਲ ਮੀਡੀਆ ਉਪਰ ਵਾਇਰਲ ਹੋ ਰਹੇ ਐਸ.ਆਈ.ਆਰ. ਸਬੰਧੀ ਇੱਕ ਵਿਵਾਦਿਤ ਵੀਡਿਓ ਉਪਰ ਤਿੱਖੀ ਟਿੱਪਣੀ ਕਰਦਿਆਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਨੇ ਇਸ ਵੀਡੀਓ ਨੂੰ ਭਾਰਤੀ ਜਨਤਾ ਪਾਰਟੀ ਦੇ ਮਨਸੂਬਿਆਂ ਨੂੰ ਜ਼ਾਹਿਰ ਕਰਦਾ ਬਿਆਨ ਕਰਾਰ ਦਿੱਤਾ ਹੈ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਤੇ ਹੋਰ ਸੀਨੀਅਰ ਆਗੂ ਪਹਿਲਾਂ ਹੀ ਐੱਸ.ਆਈ.ਆਰ. ਨੂੰ ਭਾਰਤੀ ਜਨਤਾ ਪਾਰਟੀ ਦੇ ਵਿਰੋਧੀਆਂ ਖਿਲਾਫ ਵਰਤੇ ਜਾਣ ਵਾਲੇ ਹਥਿਆਰ ਵਜੋਂ ਵੇਖ ਰਹੇ ਹਨ ਅਤੇ ਸਖਤ ਵਿਰੋਧ ਵੀ ਕਰ ਰਹੇ ਹਨ ਪਰ ਹੁਣ ਸੋਸ਼ਲ ਮੀਡੀਆ ਉਪਰ ਵਾਇਰਲ ਹੋ ਰਹੀ ਭਾਜਪਾ ਆਗੂ ਦੀ ਇਸ ਵੀਡੀਓ ਨੇ ਭਾਰਤੀ ਜਨਤਾ ਪਾਰਟੀ ਦੇ ਇਰਾਦਿਆਂ ਨੂੰ ਜਨਤਾ ਪੂਰੀ ਜਨਤਾ ਦੇ ਸਾਹਮਣੇ ਬੇਨਕਾਬ ਕਰ ਦਿੱਤਾ ਹੈ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਦਿੱਲੀ ਵਿਚ ਵੀ ਲੱਖਾਂ ਦੀ ਗਿਣਤੀ ਵਿਚ ਵੋਟਾਂ ਕੱਟ ਕੇ ਧੋਖੇ ਨਾਲ ਰਾਜ ਹਾਸਲ ਕੀਤਾ ਹੈ ਪਰ ਪੰਜਾਬ ਦੇ ਲੋਕ ਚੁਕੰਨੇ ਹਨ ਅਤੇ ਭਾਰਤੀ ਜਨਤਾ ਪਾਰਟੀ ਦੀ ਕਿਸੇ ਵੀ ਸਾਜਿਸ਼ ਨੂੰ ਕਾਮਯਾਬ ਨਹੀਂ ਹੋਣ ਦੇਣਗੇ।

# ਗੈਰ-ਕਾਨੂੰਨੀ ਉਸਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ

**ਜਲੰਧਰ (ਵਿਕਾਸ ਸਿੰਘ ਉੱਭੀ)**- ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜੇਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ ਅਤੇ ਵਧੀਕ ਮੁੱਖ ਪ੍ਰਸ਼ਾਸਕ ਤੇਜਦੀਪ ਸਿੰਘ ਸੈਣੀ ਦੇ ਹੁਕਮਾਂ ਅਨੁਸਾਰ ਜਲੰਧਰ ਵਿਕਾਸ ਅਥਾਰਟੀ (ਜੇਡੀਏ) ਦੇ ਜ਼ਿਲ੍ਹਾ ਨਗਰ ਯੋਜਨਾਕਾਰ ਵਿੰਗ ਵੱਲੋਂ ਡੀ ਟੀ ਪੀ, ਰਈਨਾ, ਏ ਟੀ ਪੀ ਨਿਲੇਸ਼, ਜੇ ਈ ਅਮਨਦੀਪ ਸਿੰਘ ਦੀ ਟੀਮ ਵੱਲੋਂ ਗੈਰ-ਕਾਨੂੰਨੀ ਉਸਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਗਈ।



ਪ੍ਰਸ਼ਾਸਨ ਦੀ ਮਨਜ਼ੂਰੀ ਵਿੱਚ ਨਗਰ ਨਿਗਮ ਜਲੰਧਰ ਦੀ ਹੱਦ ਤੋਂ ਬਾਹਰ ਸਥਿਤ ਪਿੰਡ ਧਨਾਲ ਅਤੇ ਪਿੰਡ ਰੰਧਾਵਾ ਮਸੰਦਾਂ ਵਿੱਚ ਬਣ ਰਹੀਆਂ ਦੋ ਗੈਰ-ਅਧਿਕਾਰਤ ਕਮਰਸ਼ੀਅਲ ਉਸਾਰੀਆਂ ਨੂੰ ਢਾਹ ਦਿੱਤਾ ਗਿਆ।ਜ਼ਿਲ੍ਹਾ ਨਗਰ ਯੋਜਨਾਕਾਰ (ਰੈਗੂਲੇਟਰੀ) ਨੇ ਦੱਸਿਆ ਕਿ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਭਵਿੱਖ ਵਿੱਚ ਵੀ ਗੈਰ-ਕਾਨੂੰਨੀ ਉਸਾਰੀਆਂ ਨੂੰ ਰੋਕਣਾ ਯਕੀਨੀ ਬਣਾਉਣ ਲਈ ਪਾਪਰਾ ਐਕਟ-1995 ਅਤੇ ਪੀ.ਆਰ.ਟੀ.ਪੀ.ਡੀ. ਐਕਟ-1995 ਤਹਿਤ ਪਹਿਲਾਂ ਨੋਟਿਸ ਜਾਰੀ ਕਰਕੇ ਉਸਾਰੀ ਦਾ ਕੰਮ ਰੁਕਵਾਇਆ ਗਿਆ ਸੀ। ਇਸ ਦੇ ਬਾਵਜੂਦ ਉਸਾਰੀ ਮਾਲਕਾਂ ਨੇ ਨਾ ਤਾਂ ਕੋਈ ਤਸੱਲੀਬਖ਼ਸ਼ ਜਵਾਬ ਦਿੱਤਾ ਅਤੇ ਨਾ ਹੀ ਕੰਮ ਬੰਦ ਕੀਤਾ, ਜਿਸ ਕਾਰਨ ਇਨ੍ਹਾਂ ਇਮਾਰਤਾਂ ਨੂੰ ਤੋੜਨ ਦੀ ਕਾਰਵਾਈ ਕਰਨੀ ਪਈ। ਜੇਡੀਏ ਦੇ ਰੈਗੂਲੇਟਰੀ ਵਿੰਗ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਗੈਰ-ਮਨਜ਼ੂਰਸ਼ੁਦਾ ਕਲੋਨੀ ਵਿੱਚ ਪਲਾਟ ਜਾਂ ਦੁਕਾਨ ਖਰੀਦਣ ਤੋਂ ਪਹਿਲਾਂ ਪੁੱਡਾ ਤੋਂ ਜਾਰੀ ਮਨਜ਼ੂਰੀ ਦੀ ਜਾਂਚ ਜ਼ਰੂਰ ਕਰਨ ਅਤੇ ਜਲੰਧਰ ਵਿਕਾਸ ਅਥਾਰਟੀ ਨਾਲ ਸੰਪਰਕ ਕਰਕੇ ਕਲੋਨੀ ਦੀ ਕਾਨੂੰਨੀ ਸਥਿਤੀ ਬਾਰੇ ਪੂਰੀ ਜਾਣਕਾਰੀ ਪ੍ਰਾਪਤ ਕਰਨ, ਤਾਂ ਜੋ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੇ ਆਰਥਿਕ ਨੁਕਸਾਨ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਕਿਸੇ ਵੀ ਤਰ੍ਹਾਂ ਦੀ ਉਸਾਰੀ ਜਾਂ ਜਾਇਦਾਦ ਦੀ ਖਰੀਦ ਤੋਂ ਪਹਿਲਾਂ ਸਬੰਧਤ ਵਿਭਾਗ ਤੋਂ ਲੋੜੀਂਦੀਆਂ ਮਨਜ਼ੂਰੀਆਂ ਪ੍ਰਾਪਤ ਕਰਨਾ ਲਾਜ਼ਮੀ ਹੈ।

# ਬਿੰਜੋਂ 'ਚ ਡਿਪਟੀ ਸਪੀਕਰ ਨੇ ਖੇਡ ਮੈਦਾਨ ਦੇ ਨਵੀਨੀਕਰਨ ਪ੍ਰੋਜੈਕਟ ਦਾ ਰੱਖਿਆ ਨੀਂਹ ਪੱਥਰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਿੰਡ ਬਿੰਜੋਂ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ। ਇਸ ਮੌਕੇ ਉਨ੍ਹਾਂ ਪਿੰਡ ਦੇ ਸਰਵਪੱਖੀ ਵਿਕਾਸ ਨੂੰ ਹੋਰ ਗਤੀ ਦਿੰਦਿਆਂ 33 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਦੇ ਨਵੀਨੀਕਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨਵੀਨੀਕਰਨ ਉਪਰੰਤ ਮੈਦਾਨ ਵਿੱਚ ਦੌੜ ਟਰੈਕ ਸਮੇਤ ਆਧੁਨਿਕ ਖੇਡ ਸਹੂਲਤਾਂ ਵਿਕਸਿਤ ਕੀਤੀਆਂ ਜਾਣਗੀਆਂ, ਤਾਂ ਜੋ ਪਿੰਡ ਦੇ ਖਿਡਾਰੀਆਂ ਨੂੰ ਆਪਣੇ ਹੀ ਪਿੰਡ ਵਿੱਚ ਸ਼ਹਿਰਾਂ ਵਰਗੀਆਂ ਸੁਵਿਧਾਵਾਂ ਪ੍ਰਾਪਤ ਹੋ ਸਕਣ। ਡਿਪਟੀ ਸਪੀਕਰ ਨੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਜਾਇਜ਼ ਮੰਗਾਂ ਦੇ ਤੁਰੰਤ ਨਿਪਟਾਰੇ ਲਈ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਗੜ੍ਹਸ਼ੰਕਰ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜ ਇਸੇ ਤੇਜ਼ੀ ਨਾਲ ਜਾਰੀ ਰਹਿਣਗੇ ਅਤੇ ਕਿਸੇ ਵੀ ਪਿੰਡ ਨੂੰ ਵਿਕਾਸ ਪੱਖੋਂ ਪਿੱਛੇ ਨਹੀਂ ਰਹਿਣ ਦਿੱਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪੰਚਾਇਤ ਨੁਮਾਇੰਦੇ, ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



# ਲਾਇਨਜ਼ ਆਈ ਹਸਪਤਾਲ ਵਿਖੇ ਆਈ ਓ ਐੱਲ ਮਾਸਟਰ 700 ਓ ਸੀ ਟੀ ਮਸ਼ੀਨ ਦਾ ਉਦਘਾਟਨ

**ਆਦਮਪੁਰ, (ਪਰਮਜੀਤ ਸਿੰਘ)**- ਲਾਈਨਜ਼ ਕਲੱਬ ਆਦਮਪੁਰ ਅਤੇ ਲਾਇਨਜ਼ ਆਈ ਹਸਪਤਾਲ ਚੈਰੀਟੇਬਲ ਸੁਸਾਇਟੀ ਵੱਲੋਂ ਲਾਇਨਜ਼ ਆਈ ਹਸਪਤਾਲ ਵਿਖੇ ਅੱਖਾਂ ਦੇ ਖੇਤਰ ਅੰਦਰ ਹੋਰ ਮਾਡਰਨ ਤਕਨੀਕਾਂ ਨਾਲ ਜ਼ਰੂਰਤਮੰਦ ਮਰੀਜ਼ਾਂ ਦੀ ਸੇਵਾ ਲਈ ਕਰੀਬ 40 ਲੱਖ ਰੁਪਏ ਦੀ ਕੀਮਤ ਵਾਲੀ ਜ਼ਾਇਸ ਆਈ.ਓ.ਐੱਲ. ਮਾਸਟਰ 700 ਓਸੀਟੀ ਮਸ਼ੀਨ ਦਾ ਉਦਘਾਟਨ ਅੱਜ ਸੀਨੀਅਰ ਮੈਡੀਕਲ ਅਫ਼ਸਰ ਆਦਮਪੁਰ ਡਾਕਟਰ ਕੁਲਦੀਪ ਸਿੰਘ ਵੱਲੋਂ ਕੀਤਾ ਗਿਆ।ਹਸਪਤਾਲ ਦੇ ਚੇਅਰਮੈਨ ਦਰਸ਼ਵਿੰਦਰ ਚਾਂਦ ਨੇ ਦੱਸਿਆ ਕਿ ਇਹ ਮਸ਼ੀਨ ਖਾਸ ਤੌਰ 'ਤੇ ਸਰਜਨ ਨੂੰ ਮੰਗਵਾਈ ਗਈ ਹੈ ਜੋ ਮਰੀਜ਼ਾਂ ਦੇ ਅੱਖਾਂ ਦੇ ਅਪਰੇਸ਼ਨ ਤੋਂ ਪਹਿਲਾਂ ਉਨ੍ਹਾਂ ਨੂੰ ਲੱਗਣ ਵਾਲੇ ਲੈਂਸ ਦਾ 100 ਪ੍ਰਤੀਸ਼ਤ ਸਟੀਕ ਲੈਂਸ ਪਾਵਰ ਦੇ ਸਕੇਗਾ ਜਿਸ ਦਾ ਸਿੱਧਾ ਲਾਭ ਸਰਜਰੀ ਕਰਵਾਉਣ ਵਾਲੇ ਮਰੀਜ਼ ਨੂੰ ਹੋਵੇਗਾ ਅਤੇ ਸਰਜਰੀ ਤੋਂ ਬਾਅਦ ਉਸ ਦੀ ਨਜ਼ਰ ਵੀ ਇੱਕਦਮ ਸਟੀਕ ਬਣ ਜਾਵੇਗੀ।ਉਨ੍ਹਾਂ ਦੱਸਿਆ ਕਿ ਲਾਇਨਜ਼ ਆਈ ਹਸਪਤਾਲ ਇਲਾਕੇ ਦਾ ਇਹ ਪਹਿਲਾ ਚੈਰੀਟੇਬਲ ਹਸਪਤਾਲ ਹੋਵੇਗਾ ਜਿੱਥੇ ਹੁਣ ਇਹ ਮਸ਼ੀਨ ਸਥਾਪਤ ਹੋ ਗਈ ਹੈ। ਇਸ ਮੌਕੇ ਐਸ.ਐਮ.ਓ. ਕੁਲਦੀਪ ਸਿੰਘ ਨੇ ਹਸਪਤਾਲ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅੱਖਾਂ ਦਾ ਇਹ ਹਸਪਤਾਲ ਜਿਸ ਤਰੀਕੇ ਨਾਲ ਗਰੀਬ ਤੇ ਜ਼ਰੂਰਤਮੰਦ ਲੋਕਾਂ ਦੀ ਅਲਟਰਾ ਮਾਡਰਨ ਤਕਨੀਕ ਨਾਲ ਸੇਵਾ ਕਰ ਰਿਹਾ ਹੈ, ਉਹ ਆਪਣੇ ਆਪ ਵਿੱਚ ਮਿਸਾਲ ਹੈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਲਾਇਨ ਕਲੱਬ ਦੇ ਪ੍ਰਧਾਨ ਰਾਕੇਸ਼ ਅੱਗਰਵਾਲ, ਅਮਰਜੀਤ ਸਿੰਘ ਭੋਗਪੁਰੀਆ, ਹਰਿੰਦਰ ਸਿੰਘ ਬਾਂਸਲ, ਸੁਖਬੀਰ ਸਿੰਘ ਕੁੱਕੀ, ਹਰਵਿੰਦਰ ਸਿੰਘ ਪਰਹਾਰ, ਕੁਲਵੀਰ ਸਿੰਘ, ਅਮਰ ਸਿੰਘ, ਵਿਕਰਮ ਟੰਡਨ, ਰਾਜੂ ਅੱਗਰਵਾਲ, ਤਜਿੰਦਰ ਵਰਮਾ, ਸੰਦੀਪ ਕੁਮਾਰ, ਡਾਕਟਰ ਹਰਪ੍ਰੀਤ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।



## ਮੰਗਾਂ ਨਾ ਮੰਨੀਆਂ ਤਾਂ 21 ਨੂੰ ਵਿੱਤ ਮੰਤਰੀ ਦਫ਼ਤਰ ਬਾਹਰ ਧਰਨਾ ਲਾਇਆ ਜਾਵੇਗਾ : ਜਸਵੀਰ ਕੌਰ

**ਦਸੂਹਾ (ਕਰਨੈਲ ਮਾਂਗਟ)**- ਜੁਝਾਰੂ ਆਂਗਣਵਾੜੀ ਵਰਕਰ/ਹੈਲਪਰ ਯੂਨੀਅਨ ਦੀ ਆਨਲਾਈਨ ਮੀਟਿੰਗ ਹੋਈ। ਜਿਸ ਵਿੱਚ ਸਮੂਹ ਮੈਂਬਰਾਂ ਨੇ ਭਾਗ ਲਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬਲਾਕ ਦਸੂਹਾ ਦੀ ਪ੍ਰਧਾਨ ਜਸਵੀਰ ਕੌਰ ਨੇ ਦੱਸਿਆ ਕਿ ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਜੇਕਰ ਸਰਕਾਰ ਨੇ ਸਾਡੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਨਾ ਮੰਨਿਆ ਤੇ ਲਾਗੂ ਨਾ ਕੀਤਾ ਤਾਂ ਯੂਨੀਅਨ ਧਰਨਾ ਪ੍ਰਦਰਸ਼ਨ ਕਰੇਗੀ, ਜਿਸ ਦੀ ਸਾਰੀ ਜ਼ੁੰਮੇਵਾਰੀ ਆਪ ਸਰਕਾਰ ਦੀ ਹੋਵੇਗੀ। ਉਨ੍ਹਾਂ ਦੱਸਿਆ ਕਿ ਵਿੱਤ ਮੰਤਰੀ ਵੱਲੋਂ ਆਂਗਣਵਾੜੀ ਮੰਗਾਂ ਸੰਬੰਧੀ 17 ਜੁਲਾਈ ਦਾ ਸਮਾਂ ਮੰਗਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜੇਕਰ ਗੱਲਬਾਤ ਕਰਨ ਲਈ ਸਮਾਂ ਨਾ ਦਿੱਤਾ ਗਿਆ ਤਾਂ 21 ਜੁਲਾਈ ਨੂੰ ਵਿੱਤ ਮੰਤਰੀ ਪੰਜਾਬ ਦੇ ਦਫਤਰ ਦੇ ਬਾਹਰ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ । ਇਸ ਮੌਕੇ ਨਰਿੰਦਰ ਕੌਰ, ਜਸਵੀਰ ਕੌਰ, ਹਰਜੀਤ ਕੌਰ, ਕੁਲਵੰਤ ਕੌਰ, ਨਰਿੰਦਰ ਕੌਰ ਬੁੱਧੋਬਰਕਤ, ਸਰੂਪ ਕੌਰ, ਸ਼ੈਰੀ ਸ਼ਰਮਾ, ਪਰਵਿੰਦਰ ਕੌਰ, ਨਿਰਮਲ ਕੌਰ, ਰਾਜਵਿੰਦਰ ਕੌਰ, ਬਲਜੀਤ ਕੌਰ ਆਦਿ ਹਾਜ਼ਰ ਸਨ।



# ਜਲ ਸਪਲਾਈ ਇਨਲਿਸਟਮੈਂਟ ਕਾਮਿਆਂ ਦੀ ਮੀਟਿੰਗ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ )**- ਅੱਜ ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿਸਟਰ ਨੰਬਰ 26 ਦੀ ਮੀਟਿੰਗ ਸ਼ਿਮਲਾ ਪਹਾੜੀ ਪਾਰਕ ਟਾਂਡਾ ਵਿੱਚ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਸਿੰਘ ਖੱਖ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ ਅਤੇ ਸੂਬਾ ਜੁਆਇੰਟ ਜਨਰਲ ਸਕੱਤਰ ਸੁਖਵਿੰਦਰ ਸਿੰਘ ਖਰਲ ਵਿਸ਼ੇਸ਼ ਤੌਰ 'ਤੇ ਪਹੁੰਚੇ।



ਮੀਟਿੰਗ ਵਿੱਚ ਆਗੂਆਂ ਨੇ ਸਰਕਾਰ ਵੱਲੋਂ ਬਣ ਰਹੇ ਨਵੇਂ ਐਕਟ ਆਊਟਸੋਰਸਿੰਗ ਪਰਸਨਲ ਐਕਟ 2026 ਵਿੱਚ ਇੰਨਲਿਸਟਮੈਂਟ ਕੈਟਾਗਰੀ ਨੂੰ ਸ਼ਾਮਲ ਕਰਵਾਉਣ ਲਈ ਵਿਭਾਗ ਅਤੇ ਸਰਕਾਰ ਨਾਲ ਚੱਲ ਰਹੀ ਗੱਲਬਾਤ ਅਤੇ ਹੋ ਰਹੀਆਂ ਮੀਟਿੰਗਾਂ ਬਾਰੇ ਵਰਕਰਾਂ ਨੂੰ ਦੱਸਿਆ ਅਤੇ ਆਉਣ ਵਾਲੇ ਸੰਘਰਸ਼ ਬਾਰੇ ਲਾਮਬੰਦ ਕੀਤਾ ਗਿਆ। 19 ਤਰੀਕ ਨੂੰ ਸੂਬਾ ਕਮੇਟੀ ਦੀ ਈਸੜੂ ਭਵਨ ਲੁਧਿਆਣਾ ਵਿਖੇ ਮੀਟਿੰਗ ਵਿੱਚ ਸਾਰੇ ਪੰਜਾਬ ਭਰ ਦੇ ਸੂਬਾ ਆਗੂਆਂ ਅਤੇ ਜ਼ਿਲ੍ਹਾ ਆਗੂ ਅਤੇ ਬਰਾਂਚ ਆਗੂ ਨੂੰ ਸ਼ਾਮਲ ਹੋਣ ਦਾ ਸੱਦਾ ਦਿੱਤਾ ਅਤੇ ਸਰਕਾਰ ਤੋਂ ਮੰਗ ਕੀਤੀ ਕਿ ਇੰਨਲਿਸਟਮੇਂਟ ਕੈਟਾਗਰੀ ਨੂੰ ਜਲਦ ਹੀ ਨਵੇਂ ਐਕਟ ਵਿੱਚ ਸ਼ਾਮਲ ਕਰਕੇ ਇਹਨਾਂ ਵਰਕਰਾਂ ਦਾ ਰੁਜ਼ਗਾਰ ਪੱਕਾ ਕੀਤਾ ਜਾਵੇ। ਇਸ ਸਮੇਂ ਸਾਥੀ ਗੁਰਵਿੰਦਰ ਸਿੰਘ, ਕਮਲਜੀਤ ਸਿੰਘ, ਮਨਪ੍ਰੀਤ ਸਿੰਘ, ਜਗਦੀਸ਼ ਸਿੰਘ, ਜਗੀਰ ਸਿੰਘ, ਅਸ਼ੋਕ ਕੁਮਾਰ, ਰਣਜੀਤ ਸਿੰਘ, ਸੰਦੀਪ ਕੁਮਾਰ, ਅਨਿਲ ਕੁਮਾਰ, ਦੇਸ ਰਾਜ, ਰਮਨ ਸੈਣੀ, ਰਵਿੰਦਰ ਕੁਮਾਰ, ਸੁਪਿੰਦਰ ਸਿੰਘ, ਸੁਰਜੀਤ ਕੁਮਾਰ, ਕੁਲਵਿੰਦਰ ਸਿੰਘ, ਗੁਰਦਿਆਲ ਕੌਰ, ਦਿਲਬਾਗ ਸਿੰਘ, ਜੋਗਿੰਦਰ ਸਿੰਘ ਆਦਿ ਹਾਜ਼ਰ ਸਨ।

# ਬਰਿੰਦਰ ਕੁਮਾਰ ਗੋਇਲ ਨੇ ਹੜ੍ਹ ਰੋਕੂ ਪ੍ਰਾਜੈਕਟ ਦਾ ਕੀਤਾ ਨਿਰੀਖਣ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਦੇ ਜਲ ਸਰੋਤ, ਖਣਨ ਅਤੇ ਭੂ-ਵਿਗਿਆਨ ਅਤੇ ਭੂਮੀ ਅਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੁਆਬਾ ਖੇਤਰ ਦੇ ਦੋ ਦਿਨਾ ਦੌਰੇ ਦੀ ਸ਼ੁਰੂਆਤ ਕੀਤੀ। ਇਹ ਦੌਰਾ ਦਰਿਆਵਾਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਚੱਲ ਰਹੇ ਹੜ੍ਹ ਰੋਕੂ ਕੰਮਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਪੂਰੇ ਸੂਬੇ ਵਿੱਚ ਕੀਤੇ ਜਾ ਰਹੇ ਦੌਰਿਆਂ ਦਾ ਹਿੱਸਾ ਹੈ। ਕੈਬਨਿਟ ਮੰਤਰੀ ਨੇ ਵਿਧਾਇਕ ਬਲਾਚੌਰ ਸੰਤੋਸ਼ ਕਟਾਰੀਆ ਨਾਲ ਬਲਾਚੌਰ ਉਪ-ਮੰਡਲ ਵਿੱਚ ਸਤਲੁਜ ਦਰਿਆ ਕੰਢੇ ਪੈਂਦੇ ਪਿੰਡ ਬੰਗਾ ਬੇਟ ਅਤੇ ਖੋਜਾ ਬੇਟ ਦਾ ਦੌਰਾ ਕੀਤਾ ਅਤੇ 2.30 ਕਰੋੜ ਰੁਪਏ ਦੀ ਲਾਗਤ ਨਾਲ ਹਾਲ ਹੀ ਵਿੱਚ ਮੁਕੰਮਲ ਹੋਏ ਹੜ੍ਹ ਰੋਕੂ ਕੰਮਾਂ ਦਾ ਨਿਰੀਖਣ ਕੀਤਾ। ਇਸ ਪ੍ਰਾਜੈਕਟ ਤਹਿਤ ਬੰਨ੍ਹ 'ਤੇ 910 ਫੁੱਟ ਲੰਬਾ ਹੜ੍ਹ ਰੋਕੂ ਰਿਵੈਟਮੈਂਟ ਅਤੇ 8 ਸਟੱਡ ਬਣਾਏ ਗਏ ਹਨ ਤਾਂ ਜੋ ਦਰਿਆ ਦੇ ਕਿਨਾਰੇ ਦੇ ਕਟਾਅ ਨੂੰ ਰੋਕਿਆ ਜਾ ਸਕੇ ਅਤੇ ਬੰਨ੍ਹ ਨੂੰ ਮਜਬੂਤ ਕੀਤਾ ਜਾ ਸਕੇ। ਸ੍ਰੀ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪੂਰੇ ਸੂਬੇ ਵਿੱਚ ਹੜ੍ਹ ਰੋਕੂ ਉਪਾਵਾਂ 'ਤੇ 450 ਕਰੋੜ ਰੁਪਏ ਤੋਂ ਵੱਧ ਖਰਚ ਕੀਤੇ ਹਨ। ਇਹ ਦਰਿਆਵਾਂ ਦੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਹੜ੍ਹਾਂ ਦੀ ਤਬਾਹੀ ਤੋਂ ਬਚਾਉਣ ਲਈ ਹੁਣ ਤੱਕ ਦਾ ਸਭ ਤੋਂ ਵੱਡਾ ਨਿਵੇਸ਼ ਹੈ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਹੜ੍ਹ ਰੋਕੂ ਕੰਮਾਂ ਵਿੱਚ 101 ਬੋਲਡਰ ਅਤੇ ਹਾਈਬ੍ਰਿਡ ਰੋਕੂ ਕੰਮ, 17 ਬੰਨ੍ਹਾਂ ਨੂੰ ਉੱਚਾ ਚੁੱਕਣ ਦੇ ਕੰਮ, 22 ਬੰਨ੍ਹਾਂ ਨੂੰ ਮਜ਼ਬੂਤ ਕਰਨ ਦੇ ਕੰਮ, 188 ਨਾਲਿਆਂ ਦੀ ਸਫ਼ਾਈ ਅਤੇ 5 ਹੜ੍ਹ ਕੰਟਰੋਲ ਗੇਟ ਚਲਾਉਣ ਦੇ ਕੰਮ ਲਈ ਸ਼ਾਮਲ ਹਨ। ਇਨ੍ਹਾਂ ਸਾਰਿਆਂ 'ਤੇ ਕੁੱਲ ਲਗਭਗ 450 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ।



ਇਸ ਮੌਕੇ ਸੁਪਰਡੈਂਟਿੰਗ ਇੰਜੀਨੀਅਰ ਡਰੇਨੇਜ ਅਤੇ ਮਾਈਨਿੰਗ ਅਮਰਿੰਦਰ ਸਿੰਘ ਪੰਧੇਰ, ਕਾਰਜਕਾਰੀ ਇੰਜੀਨੀਅਰ ਤੁਸ਼ਾਰ ਗੋਇਲ, ਐੱਸ ਡੀ ਓ ਹਰਕਮਲ ਹੀਰਾ ਹਾਜ਼ਰ ਸਨ।

## ਡੇਰਾ ਨੰਗਲ ਖੁੰਗਾ 'ਚ ਇਕ ਦਿਨਾ ਸਿਹਤ ਜਾਂਚ ਕੈਂਪ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਬੀ.ਐਸ ਰਾਜੂ ਨਿਊਰੋਥਰੇਪੀ ਵੈਲਨਸ ਸੈਂਟਰ ਦਸੂਹਾ ਵੱਲੋਂ ਡੇਰਾ ਬਾਬਾ ਭਗਤ ਰਾਮ ਜੀ ਪਿੰਡ ਨੰਗਲ ਖੁੰਗਾ ਵਿਖੇ ਇੱਕ ਦਿਨਾ ਨਿਊਰੋਥਰੇਪੀ ਸਿਹਤ ਜਾਂਚ ਕੈਂਪ ਲਗਾਇਆ ਗਿਆ। ਅਸਥਾਨ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਰੇਸ਼ ਗਿਰ ਦੀ ਅਗਵਾਈ ਵਿੱਚ ਲਗਾਏ ਗਏ ਇਸ ਕੈਂਪ ਦੇ ਦੌਰਾਨ ਨਿਊਰੋਥੈਰੇਪੀ ਸੈਂਟਰ ਦੀ ਟੀਮ ਵਿੱਚ ਸ਼ਾਮਲ ਡਾਇਰੈਕਟਰ ਬੀ.ਐਸ ਰਾਜੂ, ਬੂਟਾ ਸਿੰਘ, ਰਣਜੀਤ ਸਿੰਘ, ਨਰਿੰਦਰ ਕੌਰ, ਪ੍ਰੀਤ, ਪ੍ਰਬ ਤੇ ਸਪਨਾ ਦੀ ਟੀਮ ਨੇ ਲਗਾਏ ਗਏ ਕੈਂਪ ਦੌਰਾਨ ਮਰੀਜ਼ ਦੀ ਸਿਹਤ ਸਬੰਧੀ ਜਾਂਚ ਕੀਤੀ। ਇਸ ਕੈਂਪ ਦੀ ਸਮਾਪਤੀ 'ਤੇ ਸੰਤ ਨਰੇਸ਼ ਗਿਰ ਨੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਨ ਦੇ ਨਾਲ ਨਾਲ ਧੰਨਵਾਦ ਵੀ ਕੀਤਾ। ਇਸ ਕੈਂਪ ਦੌਰਾਨ ਸ਼੍ਰੋਮਣੀ ਅਕਾਲੀ ਦਲ ਐ.ਸੀ ਵਿੰਗ ਦੇ ਜ਼ਿਲ੍ਹਾ ਪਧਾਨ ਸਰਬਜੀਤ ਸਿੰਘ ਮੋਮੀ, ਮੂਨਕ ਖੁਰਦ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਸੁਰਜੀਤ ਸਿੰਘ ਕਾਲਾ, ਭਾਈ ਨਰਿੰਦਰ ਸਿੰਘ ਨੰਗਲ ਖੁੰਗਾ, ਖੇਡ ਪਰਮੋਟਰ ਦਵਿੰਦਰ ਸਿੰਘ ਨੰਗਲ ਦਾਤਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ। ਇਸ ਮੌਕੇ ਰਣਜੀਤ ਸਿੰਘ ਰਾਜਪੁਰ, ਬਲਵੀਰ ਸਿੰਘ ਬੱਬੂ, ਸਰਪੰਚ ਦਲਜੀਤ ਸਿੰਘ, ਅਮਰੀਕ ਸਿੰਘ ਮੂਨਕ, ਰੂਪ ਲਾਲ, ਸੈਕਟਰੀ ਜੈ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਗੋਪੀ, ਓਂਕਾਰ ਸਿੰਘ, ਜੱਸੀ ਮੂਨਕ, ਕਿਰਪਾਲ ਸਿੰਘ,ਸੰਦੀਪ ਸਿੰਘ ,ਪਰਮਜੀਤ ਸਿੰਘ , ਮਨਜੀਤ ਸਿੰਘ, ਦਵਿੰਦਰ ਸਿੰਘ ਵੀ ਹਾਜ਼ਰ ਸਨ।



## ਡੇਂਗੂ ਰੋਕਥਾਮ ਸੰਬੰਧੀ ਜਾਗਰੂਕਤਾ ਤੇ ਸਰਵੇਖਣ ਮੁਹਿੰਮ

**ਮਾਹਿਲਪੁਰ (ਸ਼ਫਰੀ)**- ਮਾਹਿਲਪੁਰ ਅਤੇ ਪਾਲਦੀ ਦੇ ਐਸ ਐਮ ਓ ਪਰਮਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਹਿਲਪੁਰ ਵਿਖੇ ਡੇਂਗੂ ਰੋਕਥਾਮ ਸਬੰਧੀ ਜਾਗਰੂਕਤਾ ਅਤੇ ਸਰਵੇਖਣ ਮੁਹਿੰਮ ਚਲਾਈ ਗਈ। ਇਸ ਦੌਰਾਨ ਸਿਹਤ ਵਿਭਾਗ ਦੀ ਟੀਮ ਵੱਲੋਂ ਸ਼ਹਿਰ ਵਾਸੀਆਂ ਨੂੰ ਡੇਂਗੂ ਬੁਖਾਰ ਤੋਂ ਬਚਾਅ ਲਈ ਜਾਣਕਾਰੀ ਦਿੱਤੀ ਗਈ। ਟੀਮ ਨੇ ਘਰ ਘਰ ਜਾ ਕੇ ਘਰਾਂ 'ਚ ਰੱਖੇ ਪਾਣੀ ਦੀ ਜਾਂਚ ਕੀਤੀ। ਇਸ ਦੌਰਾਨ ਕੂਲਰਾਂ, ਪਾਣੀ ਦੀਆਂ ਟੈਂਕੀਆਂ, ਗਮਲਿਆਂ, ਕਬਾੜ ਅਤੇ ਹੋਰ ਥਾਵਾਂ 'ਤੇ ਖੜ੍ਹੇ ਪਾਣੀ 'ਚ ਡੇਂਗੂ ਦੇ ਲਾਰਵੇ ਦੀ ਚੈਕਿੰਗ ਕੀਤੀ ਗਈ। ਲੋਕਾਂ ਨੂੰ ਆਪਣੇ ਆਲੇ ਦੁਆਲੇ ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਹਫਤੇ 'ਚ ਇੱਕ ਵਾਰ ਕੂਲਰਾਂ ਅਤੇ ਹੋਰ ਪਾਣੀ ਵਾਲੇ ਭਾਂਡਿਆਂ ਨੂੰ ਖਾਲੀ ਕਰ ਕੇ ਸਾਫ ਕਰਨ ਲਈ ਪ੍ਰੇਰਿਤ ਕੀਤਾ ਗਿਆ । ਇਸ ਮੌਕੇ ਅੰਜੂ ਬਾਲਾ ਸੀ ਐਚ ਓ ਰਮਨ ਕੁਮਾਰ ਅਤੇ ਹੈਲਥ ਵਰਕਰ ਆਦਿ ਹਾਜ਼ਰ ਸਨ।



# ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਵੱਲੋਂ ਸਤਲੁਜ 'ਤੇ ਪਾਬੰਦੀ ਦੀ ਨਿਖੇਧੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਕਰ ਰਹੇ ਨੌਜਵਾਨਾਂ ਉਹਨਾਂ ਦੇ ਪਰਵਾਰਕ ਮੈਂਬਰਾਂ ਤੇ ਜਬਰ ਜ਼ੁਲਮ ਕਰਦੇ ਹੋਏ ਉਹਨਾਂ ਨੂੰ ਜਾਨੋ ਖਤਮ ਕਰ ਦਿੱਤਾ ਅਤੇ ਉਹਨਾਂ ਦੀਆਂ ਲਾਸ਼ਾਂ ਨੂੰ ਵੀ ਖੁਰਦ ਬੁਰਦ ਕਰ ਦਿੱਤਾ। ਇਸ ਸਾਰੇ ਘਟਨਾਕ੍ਰਮ ਨੂੰ ਪੇਸ਼ ਕਰਦੀ ਫਿਲਮ ਸਤਲੁਜ ਤੇ ਪਹਿਲਾਂ ਅਣਐਲਾਨੀ ਅਤੇ ਹੁਣ ਕੇਂਦਰ ਸਰਕਾਰ ਵੱਲੋਂ ਇਸ ਤੇ ਬਣੀ ਰਿਵਿਊ ਕਮੇਟੀ ਦੀ ਸਿਫਾਰਿਸ਼ ਤੇ ਪਾਬੰਦੀ ਲਗਾਉਣ ਦੀ ਸਖਤ ਨਿਖੇਦੀ ਕਰਦਿਆਂ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦੇ ਪ੍ਰਧਾਨ ਪਰਮਿੰਦਰ ਸਿੰਘ ਲਾਚੋਵਾਲ ਨੇ ਜਥੇਬੰਦੀ ਦੀ ਗੁਰਦੀਪ ਸਿੰਘ ਖੁਣ ਖੁਣ ਸਰਪਰਸਤ ਦੀ ਪ੍ਰਧਾਨਗੀ ਹੇਠ ਹੋਈ ਮਹੀਨਾ ਵਾਰ ਮੀਟਿੰਗ 'ਚ ਗੱਲਬਾਤ ਕਰਦਿਆਂ ਸਤਲੁਜ ਫਿਲਮ ਨੂੰ ਤੁਰੰਤ ਰਿਲੀਜ ਕਰਨ ਦੀ ਮੰਗ ਕੀਤੀ। ਲਾਚੋਵਾਲ ਨੇ ਕਿਹਾ ਕਿ ਇਲਾਕੇ ਦੇ ਲੋਕਾਂ ਦੀਆਂ ਆਰਥਿਕ ਲੋੜਾਂ ਨੂੰ ਮੁੱਖ ਰੱਖ ਕੇ ਜੋ ਹਰਿਆਣਾ ਵਿਖੇ ਜੋ ਲੱਕੜ ਮੰਡੀ ਬੰਦ ਪਈ ਹੈ ਉਸ ਵਿੱਚ ਘੱਟੋ ਘੱਟ ਮਹੀਨੇ ਵਿੱਚ ਇੱਕ ਵਾਰ ਪਸ਼ੂ ਮੰਡੀ ਖੋਲਣ ਦੀ ਮੰਗ ਕੀਤੀ ਤਾਂ ਜੋ ਇਲਾਕੇ ਦੇ ਲੋਕਾਂ ਦੀਆਂ ਆਰਥਿਕ ਲੋੜਾਂ ਪੂਰੀਆਂ ਹੋ ਸਕਣ ਇਸੇ ਤਰ੍ਹਾਂ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਅਵਾਰਾ ਕੁੱਤਿਆਂ ਨੂੰ ਕਾਬੂ ਕਰਕੇ ਲੋਕਾਂ ਦੀ ਜਾਨ ਮਾਲ ਦੀ ਰੱਖਿਆ ਕੀਤੀ ਜਾਵੇ ਤੇ ਜੋ ਡੀਜ਼ਲ ਦੀਆਂ ਲਗਾਤਾਰ ਕੀਮਤਾਂ ਵੱਧ ਰਹੀਆਂ ਹਨ ਉਸ ਨੂੰ ਤੁਰੰਤ ਪ੍ਰਭਾਵ ਨਾਲ ਕੰਟਰੋਲ ਕਰਕੇ ਕਿਸਾਨਾਂ ਨੂੰ ਰਾਹਤ ਦਿੱਤੀ ਜਾਵੇ। ਇਸ ਸਮੇਂ ਹਰਪ੍ਰੀਤ ਸਿੰਘ ਲਾਲੀ, ਅਕਬਰ ਸਿੰਘ ਬੁਰੇ ਜੱਟਾਂ, ਬਿੱਕਰ ਸਿੰਘ ਸ਼ੇਰਪੁਰ, ਗੁਰਨਾਮ ਸਿੰਘ ਸਿੰਗੜੀਵਾਲਾ, ਜਸਪਾਲ ਸਿੰਘ ਰਾਜਾ, ਪ੍ਰੀਤਮ ਸਿੰਘ ਨੰਗਲ ਕਲਾਲ, ਲੰਬੜਦਾਰ ਮਨਜੀਤ ਸਿੰਘ, ਜਥੇਦਾਰ ਕਿਰਪਾਲ ਸਿੰਘ ਪਡੋਰੀ ਖਜੂਰ, ਬਲਦੇਵ ਸਿੰਘ, ਜਗਤਾਰ ਸਿੰਘ ਖੁਣਖੁਣ, ਸਤਵੰਤ ਸਿੰਘ ਮੁਰਾਦਪੁਰ, ਸੁਖਦੇਵ ਸਿੰਘ ਸੁੱਖਾ, ਰਵਿੰਦਰ ਸਿੰਘ ਅਸਲਪੁਰ, ਮਲਕੀਤ ਸਿੰਘ ਆਲੋਵਾਲ ਆਦਿ ਹਾਜ਼ਰ ਸਨ।

# ਐੱਲ ਪੀ ਯੂ ਨੇ ਐੱਨ ਸੀ ਸੀ ਸੰਯੁਕਤ ਸਾਲਾਨਾ ਸਿਖਲਾਈ ਕੈਂਪ ਲਗਾਇਆ

**ਜਲੰਧਰ (ਸ਼ੈਲੀ ਐਲਬਰਟ )**- ਜਲੰਧਰ; ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਨੇ 8 ਪੰਜਾਬ ਬਟਾਲੀਅਨ ਐਨਸੀਸੀ, ਫਗਵਾੜਾ ਦੇ ਸੰਯੁਕਤ ਸਾਲਾਨਾ ਸਿਖਲਾਈ ਕੈਂਪਾਂ ਸੀ ਏ ਟੀ ਸੀ-35 (485 ਐਨਸੀਸੀ ਕੈਡਿਟਾਂ ਨੇ ਭਾਗ ਲਿਆ) ਅਤੇ ਸੀ ਏ ਟੀ ਸੀ-38 (607 ਐਨਸੀਸੀ ਕੈਡਿਟਾਂ ਨੇ ਭਾਗ ਲਿਆ) ਦਾ ਸਫਲਤਾਪੂਰਵਕ ਆਯੋਜਨ ਕੀਤਾ। ਕੁੱਲ 1,092 ਐਨਸੀਸੀ ਕੈਡਿਟਾਂ ਨੇ ਇਨ੍ਹਾਂ ਕੈਂਪਾਂ ਵਿੱਚ ਹਿੱਸਾ ਲਿਆ, ਫੌਜੀ ਸਿਖਲਾਈ, ਲੀਡਰਸ਼ਿਪ ਵਿਕਾਸ, ਤਕਨਾਲੋਜੀ ਜਾਣੂ ਕਰਵਾਉਣਾ, ਅਤੇ ਰਾਸ਼ਟਰੀ ਪੱਧਰ ਦੀ ਚੋਣ ਟਰਾਇਲਾਂ ਦੇ ਇੱਕ ਤੀਬਰ ਪ੍ਰੋਗਰਾਮ ਵਿੱਚੋਂ ਗੁਜ਼ਰਦੇ ਹੋਏ। ਯੂਨੀਵਰਸਿਟੀ ਕੈਂਪਸ ਵਿੱਚ 10 ਦਿਨਾਂ ਦੇ ਸ਼ਡਿਊਲ ਵਿੱਚ ਆਯੋਜਿਤ, ਇਹਨਾਂ ਕੈਂਪਾਂ ਨੇ ਸੀਨੀਅਰ ਡਿਵੀਜ਼ਨ, ਸੀਨੀਅਰ ਵਿੰਗ, ਜੂਨੀਅਰ ਡਿਵੀਜ਼ਨ, ਅਤੇ ਜੂਨੀਅਰ ਵਿੰਗ ਦੇ ਕੈਡਿਟਾਂ ਲਈ ਇੱਕ ਸਿਖਲਾਈ ਈਕੋਸਿਸਟਮ ਪ੍ਰਦਾਨ ਕੀਤਾ, ਜਿਸ ਵਿੱਚ ਮੁੱਢਲੀ ਫੌਜੀ ਹਦਾਇਤਾਂ ਦੇ ਨਾਲ-ਨਾਲ ਵਿਸ਼ੇਸ਼ ਸਿਖਲਾਈ ਅਤੇ ਚੋਣ ਪ੍ਰਕਿਰਿਆਵਾਂ ਸ਼ਾਮਲ ਸਨ। ਸੀ ਏ ਟੀ ਸੀ-35 ਨੇ ਇੱਕ ਯੋਜਨਾਬੱਧ ਫੌਜੀ ਸਿਖਲਾਈ ਪ੍ਰੋਗਰਾਮ ਪ੍ਰਦਾਨ ਕੀਤਾ ਜਿਸ ਵਿੱਚ ਡ੍ਰਿਲ, ਸਰੀਰਕ ਸਿਖਲਾਈ, ਹਥਿਆਰ ਸੰਭਾਲਣਾ, ਸ਼ੂਟਿੰਗ, ਨਕਸ਼ਾ ਪੜ੍ਹਨਾ, ਫੀਲਡ ਕਰਾਫਟ, ਬੈਟਲ ਕਰਾਫਟ, ਸਿਹਤ ਅਤੇ ਸਫਾਈ, ਖੇਡ ਗਤੀਵਿਧੀਆਂ ਅਤੇ ਐਨਸੀਸੀ ਹਦਾਇਤਾਂ ਦੀਆਂ ਕਲਾਸਾਂ ਸ਼ਾਮਲ ਸਨ। ਬੀ ਤੇ ਸੀ ਸਰਟੀਫਿਕੇਟ ਕੈਡਿਟਾਂ ਲਈ ਇੱਕ ਲਾਜ਼ਮੀ ਕੈਂਪ ਦੇ ਰੂਪ ਵਿੱਚ, ਇਸ ਨੇ ਸਰਟੀਫਿਕੇਟ ਪ੍ਰੀਖਿਆਵਾਂ ਲਈ ਉਹਨਾਂ ਨੂੰ ਤਿਆਰ ਕਰਦੇ ਸਮੇਂ ਫੌਜੀ ਪ੍ਰਕਿਰਿਆਵਾਂ ਦਾ ਵਿਹਾਰਕ ਅਨੁਭਵ ਪ੍ਰਦਾਨ ਕੀਤਾ। ਕੈਂਪ ਦੌਰਾਨ ਆਯੋਜਿਤ ਸੱਭਿਆਚਾਰਕ ਪ੍ਰੋਗਰਾਮਾਂ ਨੇ ਭਾਗੀਦਾਰਾਂ ਨੂੰ ਆਪਣੀ ਰਚਨਾਤਮਕਤਾ, ਵਿਸ਼ਵਾਸ ਅਤੇ ਟੀਮ ਵਰਕ ਦਾ ਪ੍ਰਦਰਸ਼ਨ ਕਰਨ ਦੀ ਆਗਿਆ ਦਿੱਤੀ, ਵੱਖ-ਵੱਖ ਸੰਸਥਾਵਾਂ ਦੇ ਕੈਡਿਟਾਂ ਵਿੱਚ ਆਪਸੀ ਤਾਲਮੇਲ ਅਤੇ ਦੋਸਤੀ ਨੂੰ ਉਤਸ਼ਾਹਿਤ ਕੀਤਾ।



## ਡਾ. ਬਲਰਾਜ ਕੁਮਾਰ ਨਮਿਤ ਭੋਗ ਤੇ ਅੰਤਿਮ ਅਰਦਾਸ ਅੱਜ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਡਾਕਟਰ ਵਿਪਨ ਕੁਮਾਰ ਪਚਨੰਗਲ ਮੈਂਬਰ ਜ਼ਿਲ੍ਹਾ ਪੀਸ਼ਦ ਦੇ ਸਤਿਕਾਰਯੋਗ ਵੱਡੇ ਭਰਾ ਡਾਕਟਰ ਬਲਰਾਜ ਕੁਮਾਰ ਜੋ ਕਿ 3 ਜੁਲਾਈ ਨੂੰ ਅ ਚਾ ਨ ਕ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਨਮਿਤ ਭੋਗ ਅਤੇ ਅੰਤਿਮ ਅਰਦਾਸ 15 ਜੁਲਾਈ ਨੂੰ ਠੀਕ 12 ਵਜੇ ਪਿੰਡ ਖੁਸ਼ਹਾਲਪੁਰ ਦੇ ਗੁ. ਸਾਹਿਬ ਵਿਖੇ ਹੋਵੇਗੀ।



ਉਸ ਤੋਂ ਬਾਅਦ ਕੀਰਤਨ ਹੋਵੇਗਾ। ਡਾਕਟਰ ਵਿਪਨ ਕੁਮਾਰ ਪਚਨੰਗਲ ਅਤੇ ਵਰੁਣ ਪਚਨੰਗਲ ਨੇ ਆਪਣੇ ਰਿਸ਼ਤੇਦਾਰਾਂ, ਮਿੱਤਰਾਂ ਪਿਆਰਿਆਂ ਨੂੰ ਸਮੇਂ ਸਿਰ ਸਮਾਗਮ ਵਿੱਚ ਪਹੁੰਚਣ ਦੀ ਬੇਨਤੀ ਕੀਤੀ।

## ਭਾਈ ਤਾਰੂ ਸਿੰਘ ਦਾ ਸ਼ਹੀਦੀ ਦਿਹਾੜਾ ਭਲਕੇ


**ਮੁਹਾਲੀ (ਗੁਰਜੀਤ ਬਿੱਲਾ)**- ਸਿੰਘ ਸਾਹਿਬ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਦਿਹਾੜਾ 16 ਜੁਲਾਈ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ। ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਇਸ ਉਪਰੰਤ ਗਿਆਨੀ ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ, ਭਾਈ ਹਰਪਾਲ ਸਿੰਘ ਹਜ਼ੂਰੀ ਰਾਗੀ ਤਖਤ ਸ੍ਰੀ ਹਜ਼ੂਰ ਸਾਹਿਬ, ਭਾਈ ਹਰਜੀਤ ਸਿੰਘ ਦਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਕਰਨਦੀਪ ਸਿੰਘ ਗੁਰਦੁਆਰਾ ਅੰਬ ਸਾਹਿਬ, ਭਾਈ ਗੁਰਸੇਵਕ ਸਿੰਘ ਲੁਧਿਆਣੇ ਵਾਲੇ, ਭਾਈ ਹਰਭਜਨ ਸਿੰਘ ਜੀ ਦਮਦਮੀ ਟਕਸਾਲ ਵਾਲੇ, ਭਾਈ ਅਨਮੋਲ ਸਿੰਘ ਪਟਿਆਲੇ ਵਾਲੇ ਅਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ। ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਜਾਵੇਗਾ।

## ਆਂਗੜਵਾੜੀ ਸਕੂਲ ਦੇ ਬੱਚਿਆਂ ਨੂੰ ਕਾਪੀਆਂ ਤੇ ਪੈਨਸਲਾਂ ਵੰਡੀਆਂ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਡਾ. ਅੰਬੇਦਕਰ ਯੂਥ ਵੈਲਫੇਅਰ ਸੋਸਾਇਟੀ (ਰਜਿ.) ਪਿੰਡ ਚੂਹੇਕੀ ਦੇ ਪ੍ਰਧਾਨ ਜਗਦੀਸ਼ ਕੁਮਾਰ ਦੀ ਪ੍ਰਧਾਨਗੀ ਹੇਠ ਆਂਗੜਵਾੜੀ 40 ਸਕੂਲੀ ਬੱਚਿਆਂ ਨੂੰ ਕਾਪੀਆਂ ਅਤੇ ਪੈਨਸਲਾਂ ਅਤੇ ਜਰੂਰਤ ਸਨੈਟਰੀ ਸਮਾਨ ਦਿੱਤਾ ਗਿਆ। ਇਸ ਮੌਕੇ ਪਵਨ ਕੁਮਾਰ ਚੇਅਰਮੈਨ, ਜਸਵੀਰ ਲਾਲ ਜਰਨਲ ਸੈਕਟਰੀ, ਪਰਮਿੰਦਰ ਕੁਮਾਰ ਕੈਸ਼ੀਅਰ, ਸਤੀਸ਼ ਕੁਮਾਰ ਲਉਸ਼ਰ, ਸੰਦੀਪ ਰਾਮ ਮੈਂਬਰ, ਗੁਰਦਿਆਲ ਚੰਦ ਚਦੜ ਮੈਂਬਰ, ਪਵਨਜੀਤ ਮੈਂਬਰ, ਨਿਤਿਨ ਮੈਂਬਰ , ਕਮਲਜੀਤ ਕੁਮਾਰ ਮੈਂਬਰ, ਜਤਿੰਦਰ ਕੁਮਾਰ ਮੈਂਬਰ ਹਾਜ਼ਰ ਸਨ। ਆਖਿਰ ਵਿੱਚ ਆਂਗਨਵਾੜੀ ਮੈਡਮ ਕਾਜਲ ਨੇ ਡਾ. ਅੰਬੇਦਕਰ ਯੂਥ ਵੈਲਫੇਅਰ ਸੋਸਾਇਟੀ ਦਾ ਧੰਨਵਾਦ ਕੀਤਾ ।

## ਕੰਢੀ ਸੰਘਰਸ਼ ਕਮੇਟੀ ਦੇ ਡੈਪੂਟੇਸ਼ਨ ਨੇ ਦਿੱਤਾ ਮੰਗ ਪੱਤਰ



**ਹੁਸ਼ਿਆਰਪੁਰ/ਮਾਹਿਲਪੁਰ (ਓ ਪੀ ਰਾਣਾ, ਸ਼ਫਰੀ)**- ਕੰਢੀ ਸੰਘਰਸ਼ ਕਮੇਟੀ ਦਾ ਵਫਦ ਦਰਸ਼ਨ ਸਿੰਘ ਮੱਟੂ ਸੂਬਾਈ ਕਨਵੀਨਰ ਦੀ ਅਗਵਾਈ ਵਿਚ ਡਿਪਟੀ ਕਮਿਸ਼ਨਰ ਸਾਹਿਬਾਂ ਅਸ਼ਿਕਾ ਜੈਨ ਨੂੰ ਮਿਲਣ ਹੁਸ਼ਿਆਰਪੁਰ ਆਏ ਸੀ,ਪਰ ਉਹ ਬਾਹਰ ਗਏ ਹੋਣ ਕਰਕੇ ਡਿਪਟੀ ਕਮਿਸ਼ਨਰ ਦਫਤਰ ਨੇ ਹਰਜੋਤ ਸਿੰਘ ਤਹਿਸੀਲਦਾਰ ਰਾਹੀਂ ਮੰਗ ਪੱਤਰ ਲਿਆ।ਇਸ ਮੰਗ ਪੱਤਰ ਵਿਚ ਮੰਗ ਕੀਤੀ ਗਈ ਕਿ ਡਿਪਟੀ ਕਮਿਸ਼ਨਰ ਨਿਰਧਾਰਤ ਸਮਾਂ ਨੂੰ ਲਾਗੂ ਕਰਵਾਏ ,ਓਵਰ ਲੋਡ ਟਿੱਪਰ, ਟਰਾਲਿਆਂ ਦਾ ਚਲਾਨ ਕੱਟਿਆ ਜਾਵੇ। ਚੌਧਰੀ ਅੱਛਰ ਸਿੰਘ ਬਿਲੜੋਂ ਨੇ ਮੰਗ ਕੀਤੀ ਕਿ ਬਿਨਾਂ ਨੰਬਰ ਪਲੇਟਾਂ ਤੇ ਕਾਗਜਾਂ ਤੋਂ ਚਲ ਰਹੇ ਟਿੱਪਰ, ਟਰਾਲੇ ਜਬਤ ਕੀਤੇ ਜਾਣ, ਭਾਰ ਕਰਨ ਵਾਲਾ ਕੰਡਾ ਚਾਲੂ ਕੀਤਾ ਜਾਵੇ। ਗੁਰਨੇਕ ਸਿੰਘ ਭੱਜਲ ਸੂਬਾਈ ਆਗੂ ਕੁਲ ਹਿੰਦ ਕਿਸਾਨ ਸਭਾ,ਕੁਲਵਿੰਦਰ ਸੰਘਾ ਪ੍ਰਧਾਨ ਵਿਕਾਸ ਮੰਚ ਨੇ ਮੰਗ ਕੀਤੀ ਕਿ ਗੈਰ ਕਾਨੂੰਨੀ ਮਾਈਨਿੰਗ ਬੰਦ ਕੀਤੀ ਜਾਵੇ।ਇਸ ਮੌਕੇ ਰਵਿੰਦਰ ਕੁਮਾਰ ਨੀਟਾ, ਗੁਰਮੀਤ ਸਿੰਘ ਪਾਂਗਲੀ ਹਾਜ਼ਰ ਸਨ।

# ਜਲੰਧਰ ਹਾਈਟਸ ਕ੍ਰਿਕਟ ਐਕਸੀਲੈਂਸ ਸੈਂਟਰ 'ਚ ਆਧੁਨਿਕ ਟ੍ਰੇਨਿੰਗ ਸਹੂਲਤਾਂ ਦੀ ਸ਼ੁਰੂਆਤ

**ਜਲੰਧਰ (ਰਾਜੇਸ਼ ਥਾਪਾ)**- ਏਜੀਆਈ ਗਲੋਬਲ ਸਕੂਲ ਜਲੰਧਰ ਹਾਈਟਸ-2, ਅਰਬਾਨਾ ਦੇ ਖੇਡ ਮੈਦਾਨ ਵਿੱਚ ਸਥਿਤ ਜਲੰਧਰ ਹਾਈਟਸ ਕ੍ਰਿਕਟ ਐਕਸੀਲੈਂਸ ਸੈਂਟਰ ਵਿੱਚ ਨਵੀਂ ਪ੍ਰੋਫੈਸ਼ਨਲ ਕ੍ਰਿਕਟ ਟ੍ਰੇਨਿੰਗ ਪਿਚ ਅਤੇ ਪੂਰੀ ਤਰ੍ਹਾਂ ਆਟੋਮੈਟਿਕ ਬੌਲਿੰਗ ਮਸ਼ੀਨ ਦੀ ਸਹੂਲਤ ਸ਼ੁਰੂ ਕਰ ਦਿੱਤੀ ਗਈ ਹੈ। ਇਸ ਨਾਲ ਨੌਜਵਾਨ ਕ੍ਰਿਕਟਰਾਂ ਨੂੰ ਅੰਤਰਰਾਸ਼ਟਰੀ ਪੱਧਰ ਵਰਗੀ ਆਧੁਨਿਕ ਟ੍ਰੇਨਿੰਗ ਮਿਲੇਗੀ। ਇਹ ਸਹੂਲਤ ਖਿਡਾਰੀਆਂ ਨੂੰ ਵੱਖ-ਵੱਖ ਰਫ਼ਤਾਰ, ਲੰਬਾਈ ਅਤੇ ਦਿਸ਼ਾ ਵਾਲੀਆਂ ਗੇਂਦਾਂ ਦਾ ਅਭਿਆਸ ਕਰਵਾਉਂਦੀ ਹੈ, ਜਿਸ ਨਾਲ ਉਨ੍ਹਾਂ ਦੀ ਬੈਟਿੰਗ, ਫੁੱਟਵਰਕ, ਰਿਫਲੈਕਸ, ਟਾਈਮਿੰਗ ਅਤੇ ਮੈਚ ਖੇਡਣ ਦੀ ਯੋਗਤਾ ਵਿੱਚ ਸੁਧਾਰ ਹੁੰਦਾ ਹੈ।ਕ੍ਰਿਕਟ ਐਕਸੀਲੈਂਸ ਸੈਂਟਰ ਵਿੱਚ ਪਹਿਲਾਂ ਹੀ ਦੋ ਪ੍ਰੋਫੈਸ਼ਨਲ ਆਰਗੈਨਿਕ ਮਿੱਟੀ ਦੀਆਂ ਵਿਕਟਾਂ, ਇੱਕ ਸਿੰਥੈਟਿਕ ਪ੍ਰੈਕਟਿਸ ਵਿਕਟ, ਇੱਕ ਸੀਮੈਂਟ ਪ੍ਰੈਕਟਿਸ ਵਿਕਟ ਅਤੇ ਆਧੁਨਿਕ ਕੋਚਿੰਗ ਸਹੂਲਤਾਂ ਮੌਜੂਦ ਹਨ। ਹੁਣ ਆਟੋਮੈਟਿਕ ਬੌਲਿੰਗ ਮਸ਼ੀਨ ਨਾਲ ਖਿਡਾਰੀਆਂ ਨੂੰ ਹੋਰ ਵਧੀਆ ਅਭਿਆਸ ਦਾ ਮੌਕਾ ਮਿਲੇਗਾ।ਇੱਥੇ ਲੜਕਿਆਂ ਅਤੇ ਲੜਕੀਆਂ ਨੂੰ ਅਨੁਸ਼ਾਸਿਤ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਟ੍ਰੇਨਿੰਗ ਦਿੱਤੀ ਜਾਂਦੀ ਹੈ। ਤਕਨੀਕੀ ਹੁਨਰਾਂ ਦੇ ਨਾਲ-ਨਾਲ ਸਰੀਰਕ ਤੰਦਰੁਸਤੀ, ਮਾਨਸਿਕ ਮਜ਼ਬੂਤੀ, ਟੀਮ ਭਾਵਨਾ ਅਤੇ ਖੇਡ ਭਾਵਨਾ 'ਤੇ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ। ਸੈਂਟਰ ਦਾ ਮਕਸਦ ਖਿਡਾਰੀਆਂ ਨੂੰ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ ਦੀਆਂ ਪ੍ਰਤੀਯੋਗਿਤਾਵਾਂ ਲਈ ਤਿਆਰ ਕਰਨਾ ਹੈ।ਏਜੀਆਈ ਇੰਫਰਾ ਲਿਮਿਟੇਡ ਦੇ ਮੈਨੇਜਿੰਗ ਡਾਇਰੈਕਟਰ ਅਤੇ ਏਜੀਆਈ ਸਪੋਰਟਸ ਇੰਸਟੀਚਿਊਟ ਆਫ ਇੰਡੀਆ (ਰਜਿ.) ਦੇ ਚੇਅਰਪਰਸਨ ਸੁਖਦੇਵ ਸਿੰਘ ਨੇ ਆਪਣੇ ਸੰਦੇਸ਼ ਵਿੱਚ ਕਿਹਾ, ਸਾਡਾ ਮਕਸਦ ਹਰ ਉਭਰਦੇ ਕ੍ਰਿਕਟਰ ਨੂੰ ਦੇਸ਼ ਦੀਆਂ ਸਭ ਤੋਂ ਵਧੀਆ ਕ੍ਰਿਕਟ ਅਕੈਡਮੀਆਂ ਵਰਗੀਆਂ ਸਹੂਲਤਾਂ ਦੇਣਾ ਹੈ। ਨਵੀਂ ਆਟੋਮੈਟਿਕ ਬੌਲਿੰਗ ਮਸ਼ੀਨ ਅਤੇ ਟ੍ਰੇਨਿੰਗ ਪਿਚ ਨਾਲ ਖਿਡਾਰੀ ਹੋਰ ਸਹੀ ਢੰਗ ਅਤੇ ਪੂਰੇ ਆਤਮਵਿਸ਼ਵਾਸ ਨਾਲ ਅਭਿਆਸ ਕਰ ਸਕਣਗੇ। ਅਸੀਂ ਚਾਹੁੰਦੇ ਹਾਂ ਕਿ ਸਾਡੇ ਨੌਜਵਾਨ ਕ੍ਰਿਕਟਰ ਭਵਿੱਖ ਵਿੱਚ ਪੰਜਾਬ ਅਤੇ ਭਾਰਤ ਦਾ ਨਾਂਅ ਰੌਸ਼ਨ ਕਰਨ।

# ਸਾਬਕਾ ਸੰਸਦੀ ਸਕੱਤਰ ਧੁੱਗਾ ਨੇ ਸੰਤ ਨਿਰੰਜਨ ਦਾਸ ਤੋਂ ਲਿਆ ਆਸ਼ੀਰਵਾਦ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸਤਿਗੁਰ ਰਵਿਦਾਸ ਮਹਾਰਾਜ ਦੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਨੂੰ ਸਮਰਪਿਤ ਦਾਨਾ ਮੰਡੀ ਫਗਵਾੜਾ ਵਿਖੇ ਕਰਵਾਏ ਗਏ ਰਵਿਦਾਸੀਆ ਧਰਮ ਸੰਮੇਲਨ ਦੌਰਾਨ ਸਾਬਕਾ ਸੰਸਦੀ ਸਕੱਤਰ ਦੇਸ਼ ਰਾਜ ਸਿੰਘ ਧੁੱਗਾ ਨੇ ਹਾਜ਼ਰ ਲਗਵਾਈ। ਇਸ ਮੌਕੇ ਉਨਾਂ ਨੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਪਵਿੱਤਰ ਸ੍ਰੀ ਅੰਮ੍ਰਿਤ ਬਾਣੀ ਨੂੰ ਨਤਮਸਤਕ ਹੁੰਦੇ ਹੋਏ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗਦੀ ਨਸ਼ੀਨ ਤੇ ਪਦਮ ਸ੍ਰੀ ਸੰਤ ਨਿਰੰਜਨ ਦਾਸ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਦੇਸ਼ ਰਾਜ ਸਿੰਘ ਧੁੱਗਾ ਜਿੱਥੇ ਪਦਮ ਸ੍ਰੀ ਸੰਤ ਨਿਰੰਜਨ ਦਾਸ ਜੀ ਮਹਾਰਾਜ ਦਾ ਧੰਨਵਾਦ ਕੀਤਾ ਉਥੇ ਹੀ ਉਹਨਾਂ ਨੇ ਫਰਵਰੀ 2027 ਵਿੱਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਮਨਾਏ ਜਾਣ ਵਾਲੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਪੁਰਬ ਦੀਆਂ ਸਰਬੱਤ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਉਹਨਾਂ ਕਿਹਾ ਹੈ ਕਿ ਸਾਨੂੰ ਸਾਰਿਆਂ ਨੂੰ ਹੀ ਸਤਿਗੁਰੂ ਰਵਿਦਾਸ ਮਹਾਰਾਜ ਦੀਆਂ ਮਹਾਨ ਅਤੇ ਕ੍ਰਾਂਤੀਕਾਰੀ ਸਿੱਖਿਆਵਾਂ ਤੇ ਚੱਲ ਕੇ ਆਪਣਾ ਜੀਵਨ ਸਫਲਾ ਕਰਨਾ ਚਾਹੀਦਾ ਹੈ। ਉਹਨਾਂ ਨੇ ਹੋਰ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਨੇ ਜਿੱਥੇ ਸਾਨੂੰ ਸਮਾਜਿਕ ਬੁਰਾਈਆਂ ਨਾਲ ਲੜਨ ਦਾ ਸੰਦੇਸ਼ ਦਿੱਤਾ ਹੈ ਉੱਥੇ ਹੀ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਉਹਨਾਂ ਦੀ ਪਵਿੱਤਰ ਬਾਣੀ ਸਾਨੂੰ ਸਾਰਿਆਂ ਨੂੰ ਹੀ ਰੂਹਾਨੀਅਤ ਦੇ ਮਾਲਕ ਤੇ ਵੀ ਚੱਲਣ ਦਾ ਸੰਦੇਸ਼ ਦਿੰਦੀ ਹੈ। ਉਨਾਂ ਨੇ ਇਸ ਮੌਕੇ ਸਮਾਗਮ ਦੇ ਸਮੂਹ ਸੇਵਾਦਾਰਾਂ ਨੂੰ ਬੀ ਮੁਬਾਰਕਬਾਦ ਦਿੱਤੀ ਅਤੇ ਦੱਸਿਆ ਕਿ ਭਾਰੀ ਬਾਰਿਸ਼ ਦੇ ਬਾਵਜੂਦ ਵੀ ਲੱਖਾਂ ਦੀ ਗਿਣਤੀ ਵਿੱਚ ਸੰਗਤ ਨੇ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਜਿੱਥੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਉੱਥੇ ਹੀ ਸਤਿਗੁਰ ਉਥੇ ਹੀ ਪਦਮ ਸ੍ਰੀ ਸੰਤ ਨਿਰੰਜਨ ਦਾਸ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ।



## ਮੁਲਾਜ਼ਮਾਂ ਨੂੰ ਰਿਹਾਇਸ਼ ਲਈ ਲਾਇਸੰਸ ਫੀਸ 'ਚ ਯੂ ਟੀ ਦੀ ਤਰਜ਼ 'ਤੇ ਮਿਲੇਗੀ ਰਾਹਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਰਕਾਰ ਨੇ ਚੰਡੀਗੜ੍ਹ ਸਥਿਤ ਆਪਣੇ ਮੁਲਾਜ਼ਮਾਂ ਪਾਸੋਂ ਸਰਕਾਰੀ ਮਕਾਨਾਂ ਦੀ ਮਹੀਨਾਵਾਰ ਲਾਇਸੰਸ ਫੀਸ ਦੀ ਕਟੌਤੀ ਯੂ ਟੀ ਚੰਡੀਗੜ੍ਹ ਦੇ ਸਰਕਾਰੀ ਮਕਾਨਾਂ ਦੀ ਲਾਇਸੰਸ ਫੀਸ ਦੀ ਦਰ ਦੇ ਬਰਾਬਰ ਨਿਰਧਾਰਤ ਕਰਨ ਦਾ ਫੈਸਲਾ ਕੀਤਾ ਹੈ। ਇਸ ਸਬੰਧੀ ਆਮ ਰਾਜ ਪ੍ਰਬੰਧ ਵਿਭਾਗ ਦੇ ਪ੍ਰਸ਼ਾਸਕੀ ਅਫ਼ਸਰ-1 ਵੱਲੋਂ ਜਾਰੀ ਪੱਤਰ ਵਿੱਚ ਖੁਲਾਸਾ ਕੀਤਾ ਗਿਆ ਹੈ ਕਿ ਚੰਡੀਗੜ੍ਹ ਸਥਿਤ ਸਰਕਾਰੀ ਮਕਾਨਾਂ ਦੀਆਂ ਪੁਰਾਣੀਆਂ ਲਾਇਸੰਸ ਫੀਸ ਦਰਾਂ ਵਿੱਚ ਰਵੀਜ਼ਨ ਦਾ ਇਹ ਫੈਸਲਾ ਪੱਤਰ ਜਾਰੀ ਹੋਣ ਦੀ ਮਿਤੀ ਭਾਵ 14 ਜੁਲਾਈ 2026 ਤੋਂ ਲਾਗੂ ਹੋਵੇਗਾ। ਚੰਡੀਗੜ੍ਹ ਪ੍ਰਸ਼ਾਸਨ ਦੀਆਂ ਹਦਾਇਤਾਂ ਅਨੁਸਾਰ ਇਨ੍ਹਾਂ ਦਰਾਂ ਵਿੱਚ ਸਾਲਾਨਾ ਵਾਧਾ 5 ਪ੍ਰਤੀਸ਼ਤ ਦੇ ਹਿਸਾਬ ਨਾਲ ਹਰ ਸਾਲ ਆਪਣੇ ਆਪ ਲਾਗੂ ਹੋਵੇਗਾ। ਪੰਜਾਬ ਰਾਜ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਸਥਿਤ ਰਿਹਾਇਸ਼ੀ ਮਕਾਨਾਂ ਦੀ ਲਾਇਸੰਸ ਫੀਸ ਦਰ ਵਿੱਚ ਇਕਸਾਰਤਾ ਲਿਆਉਣ ਸਬੰਧੀ ਫੈਸਲਾ ਵੱਖਰੇ ਤੌਰ 'ਤੇ ਕੀਤਾ ਜਾਵੇਗਾ। ਇਸ ਪੱਤਰ ਦੇ ਜਾਰੀ ਹੋਣ ਨਾਲ ਚੰਡੀਗੜ੍ਹ ਰਹਿ ਰਹੇ ਮੁਲਾਜ਼ਮਾਂ ਨੂੰ ਭਾਰੀ ਰਾਹਤ ਮਿਲੇਗੀ। ਇਸ ਸਬੰਧੀ ਪੰਜਾਬ ਸਿਵਲ ਸਕੱਤਰੇਤ ਸਟਾਫ ਐਸੋਸੀਏਸ਼ਨ ਦੇ ਪ੍ਰਧਾਨ ਸੁਸ਼ੀਲ ਕੁਮਾਰ ਫੌਜੀ ਨੇ ਕਿਹਾ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੀ ਇਸ ਮੰਗ ਨੂੰ ਮੰਨੇ ਜਾਣ ਦਾ ਸਵਾਗਤ ਹੈ।



# ਕਿੱਤਾਮੁਖੀ ਸਿਖਲਾਈ ਪ੍ਰੋਗਰਾਮ ਕਰਵਾਇਆ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਮਿਤੀ 6 ਤੋਂ 14 ਜੁਲਾਈ ਤੱਕ ਰਵਾਇਤੀ ਅਤੇ ਆਧੁਨਿਕ ਤਕਨੀਕਾਂ ਦੁਆਰਾ ਕੱਪੜੇ ਦੀ ਸਜਾਵਟ ਸੰਬੰਧੀ ਕਿੱਤਾਮੁਖੀ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਸਿਖਲਾਈ ਵਿੱਚ 24 ਪੇਂਡੂ ਔਰਤਾਂ ਅਤੇ ਕਾਲਜ ਜਾਣ ਵਾਲੀਆਂ ਕੁੜੀਆਂ ਦੀ ਭਰਵੀਂ ਸ਼ਮੂਲੀਅਤ ਦੇਖੀ ਗਈ ਜੋ ਕਿ ਫੈਬਰਿਕ ਡਿਜ਼ਾਈਨ ਤੇ ਸਜਾਵਟ ਵਿੱਚ ਆਪਣੇ ਹੁਨਰ ਨੂੰ ਵਧਾਉਣ ਲਈ ਤਤਪਰ ਸਨ। ਕ੍ਰਿਸ਼ੀ ਵਿਗਿਆਨ ਕੇਂਦਰ, ਸ਼ਹੀਦ ਭਗਤ ਸਿੰਘ ਨਗਰ ਤੋਂ ਸਹਾਇਕ ਪ੍ਰੋਫੈਸਰ (ਗ੍ਰਹਿ ਵਿਗਿਆਨ), ਡਾ. ਰਜਿੰਦਰ ਕੌਰ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ, ਰੂਪਨਗਰ ਤੋਂ ਪ੍ਰੋਗਰਾਮ ਸਹਾਇਕ (ਲੈਬ ਟੈਕਨੀਸ਼ੀਅਨ), ਮਨਪ੍ਰੀਤ ਕੌਰ ਨੇ ਕੱਪੜਿਆਂ ਦੀ ਸਜਾਵਟ ਵਿੱਚ ਮੁਹਾਰਤ ਹਾਸਲ ਕਰਨ ਲਈ ਪ੍ਰੈਕਟੀਕਲ ਅਤੇ ਸਿਧਾਂਤਕ ਸੈਸ਼ਨਾਂ ਰਾਹੀ ਵੱਖ-ਵੱਖ ਵਿਸ਼ਿਆਂ ਤੇ ਜਾਣਕਾਰੀ ਦਿੱਤੀ।ਸਿਖਿਆਰਥੀਆਂ ਨੂੰ ਸਿਲਾਈ ਤਕਨੀਕਾਂ ਦੇ ਨਾਲ-ਨਾਲ ਹੱਥ ਦੀ ਕਢਾਈ ਦੇ ਮੁੱਢਲੇ ਟਾਂਕਿਆਂ ਬਾਰੇ ਵੀ ਸਿਖਾਇਆ ਗਿਆ।ਇਸ ਤੋਂ ਇਲਾਵਾ ਬਲਾਕ ਪ੍ਰਿੰਟਿੰਗ, ਟਾਈ-ਡਾਈ, ਅਤੇ ਸਟੈਂਸਿਲ ਪੇਂਟਿੰਗ ਵਰਗੀਆਂ ਆਧੁਨਿਕ ਤਕਨੀਕਾਂ ਦਾ ਵੀ ਪ੍ਰਦਰਸ਼ਨ ਕੀਤਾ ਗਿਆ।ਮਾਹਿਰਾਂ ਨੇ ਦੱਸਿਆ ਕਿ ਕਿਵੇਂ ਪੇਂਡੂ ਔਰਤਾਂ ਅਤੇ ਕੁੜੀਆਂ ਸਵੈ-ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਫੈਸ਼ਨ ਡਿਜ਼ਾਈਨਿੰਗ ਵਿੱਚ ਆਪਣੇ ਨਵੇਂ ਹਾਸਲ ਕੀਤੇ ਹੁਨਰਾਂ ਦਾ ਲਾਭ ਉਠਾ ਸਕਦੀਆਂ ਹਨ। ਪ੍ਰੋਗਰਾਮ ਦੇ ਅਖੀਰਲੇ ਦਿਨ ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ), ਡਾ. ਮਨਿੰਦਰ ਸਿੰਘ ਬੌਂਸ ਨੇ ਸਿਖਿਆਰਥੀਆਂ ਨੂੰ ਸੰਬੋਧਿਤ ਕਰਦਿਆਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਹੁਨਰ ਵਿਕਾਸ ਰਾਹੀਂ ਔਰਤਾਂ ਨੂੰ ਸਸ਼ਕਤ ਬਣਾਉਣਾ, ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਣਾ ਅਤੇ ਉੱਦਮਤਾ ਰਾਹੀਂ ਆਰਥਿਕ ਸਵੈ-ਨਿਰਭਰਤਾ ਨੂੰ ਉਤਸ਼ਾਹਿਤ ਕਰਨਾ ਹੈ।



## ਕੌਂਸਲਰ ਜਸਪਾਲ ਸਿੰਘ ਦਾ ਧੰਨਵਾਦੀ ਦੌਰੇ ਸਮੇਂ ਕੀਤਾ ਸਵਾਗਤ



**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**- ਕੌਂਸਲਰ ਜਸਪਾਲ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਹੁਸ਼ਿਆਰਪੁਰ ਵੱਲੋ ਦੋਬਾਰਾ ਚੋਣ ਜਿੱਤਣ ਉਪਰੰਤ ਧੰਨਵਾਦੀ ਦੌਰੇ ਸਮੇ, ਪ੍ਰਧਾਨ ਲਾਇਨਜ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਕੋਹਿਨੂਰ 321 ਡੀ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਦੇ ਨਿਵਾਸ ਅਸਥਾਨ 'ਤੇ ਗੁਰਕੀਰਤ ਅਸਟੇਟ ਹੁਸ਼ਿਆਰਪੁਰ ਵਿਖੇ ਬਹੁਤ ਪੁਰਜੋਰ ਸਵਾਗਤ ਕੀਤਾ ਗਿਆ । ਇਸ ਮੌਕੇ ਰਣਦੀਪ ਸਿੰਘ, ਪਰਮਜੀਤ ਸਿੰਘ ਸੋਢੀ, ਰਕੇਸ਼ ਕੁਮਾਰ, ਗੁਰਲਾਲ ਸੈਲਾ, ਕਲੱਬ ਸਕੱਤਰ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ, ਵੱਲੋ ਫੁੱਲਾਂ ਦੇ ਗੁਲਦਸਤੇ ਭੇਟ ਕੀਤੇ ਗਏ ਅਤੇ ਸ਼ਾਨਦਾਰ ਚਾਹ ਪਾਰਟੀ ਆਯੋਜਿਤ ਕੀਤੀ ਗਈ।

# ਪੱਤਰਕਾਰਾਂ ਦੀ ਏਕਤਾ ਹੀ ਸਾਡੀ ਸਭ ਤੋਂ ਵੱਡੀ ਤਾਕਤ : ਮਨਜਿੰਦਰ ਸਿੰਘ

**ਬੰਗਾ (ਅਵਤਾਰ ਕਲੇਰ)**- ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਸਬ ਡਿਵੀਜ਼ਨ ਬੰਗਾ ਦੀ ਅਹਿਮ ਮੀਟਿੰਗ ਸਬ ਡਿਵੀਜ਼ਨ ਪ੍ਰਧਾਨ ਮਨਜਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪੱਤਰਕਾਰਾਂ ਦੀ ਏਕਤਾ, ਪ੍ਰੈੱਸ ਦੀ ਆਜ਼ਾਦੀ, ਪੱਤਰਕਾਰਾਂ ਦੀ ਸੁਰੱਖਿਆ, ਭਲਾਈ ਸਕੀਮਾਂ ਅਤੇ ਯੂਨੀਅਨ ਨੂੰ ਹੋਰ ਮਜ਼ਬੂਤ ਬਣਾਉਣ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਜ਼ਿਲ੍ਹਾ ਐੱਸ ਬੀ ਐੱਸ ਨਗਰ ਦੇ ਚੇਅਰਮੈਨ ਚੇਤ ਰਾਮ ਰਤਨ ਤੇ ਜ਼ਿਲ੍ਹਾ ਜਨਰਲ ਸਕੱਤਰ ਨਵਕਾਂਤ ਭਰੋਮਜਾਰਾ ਨੇ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਸਬ ਡਿਵੀਜ਼ਨ ਬੰਗਾ ਇਕਾਈ ਵੱਲੋਂ ਪੱਤਰਕਾਰ ਭਾਈਚਾਰੇ ਦੀ ਭਲਾਈ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਅਤੇ ਮੈਂਬਰਾਂ ਦੀ ਆਪਸੀ ਏਕਤਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇੱਕ ਮਜ਼ਬੂਤ ਅਤੇ ਸੰਗਠਿਤ ਯੂਨੀਅਨ ਹੀ ਪੱਤਰਕਾਰਾਂ ਦੇ ਹੱਕਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਰੱਖਿਆ ਕਰ ਸਕਦੀ ਹੈ। ਮੀਟਿੰਗ ਦੌਰਾਨ ਪੱਤਰਕਾਰਾਂ ਦੀਆਂ ਮੰਗਾਂ ਸਬੰਧੀ ਮਤੇ ਵੀ ਪਾਸ ਕੀਤੇ ਗਏ। ਇਨ੍ਹਾਂ ਵਿੱਚ ਪੰਜਾਬ ਵਿੱਚ ਪੱਤਰਕਾਰਾਂ ਦੀ ਸੁਰੱਖਿਆ ਲਈ ਪ੍ਰਭਾਵਸ਼ਾਲੀ ਕਾਨੂੰਨ ਬਣਾਉਣ, ਸਿਹਤ ਅਤੇ ਦੁਰਘਟਨਾ ਬੀਮਾ ਯੋਜਨਾਵਾਂ ਨੂੰ ਮਜ਼ਬੂਤ ਕਰਨ, ਪੱਤਰਕਾਰ ਕਲਿਆਣ ਫੰਡ ਨੂੰ ਪ੍ਰਭਾਵਸ਼ਾਲੀ ਬਣਾਉਣ, ਐਕਰੀਡੇਸ਼ਨ ਪ੍ਰਕਿਰਿਆ ਨੂੰ ਸਰਲ ਅਤੇ ਪਾਰਦਰਸ਼ੀ ਬਣਾਉਣ, ਜ਼ਿਲ੍ਹਾ ਅਤੇ ਸਬ ਡਿਵੀਜ਼ਨ ਪੱਧਰ 'ਤੇ ਮੀਡੀਆ ਸੈਂਟਰਾਂ ਦੀਆਂ ਸਹੂਲਤਾਂ ਵਿੱਚ ਸੁਧਾਰ ਕਰਨ, ਪੱਤਰਕਾਰਾਂ ਲਈ ਨਿਯਮਿਤ ਟ੍ਰੇਨਿੰਗ ਅਤੇ ਫੈਕਟ-ਚੈਕਿੰਗ ਵਰਕਸ਼ਾਪਾਂ ਕਰਵਾਉਣ, ਸਰਕਾਰੀ ਵਿਭਾਗਾਂ ਵੱਲੋਂ ਜਾਣਕਾਰੀ ਸਮੇਂ ਸਿਰ ਉਪਲਬਧ ਕਰਵਾਉਣ, ਪੱਤਰਕਾਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਪੱਤਰਕਾਰਾਂ ਲਈ ਕਾਨੂੰਨੀ ਸਹਾਇਤਾ ਉਪਲਬਧ ਕਰਵਾਉਣ ਵਰਗੀਆਂ ਮੰਗਾਂ ਸ਼ਾਮਲ ਸਨ। ਵੱਖ-ਵੱਖ ਬੁਲਾਰਿਆਂ ਸੁਰਿੰਦਰ ਸਿੰਘ ਕਰਮ ਸਰਪ੍ਰਸਤ, ਧਰਮਵੀਰ ਪਾਲ, ਜਨਰਲ ਸਕੱਤਰ, ਨਰਿੰਦਰ ਮਾਹੀ ਸੀਨੀਅਰ ਵਾਈਸ ਪ੍ਰਧਾਨ, ਮਨੀਸ਼ ਚੁਘ ਕੈਸ਼ੀਅਰ, ਅਵਤਾਰ ਕਲੇਰ, ਮੀਨਾਕਸ਼ੀ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਪੱਤਰਕਾਰਾਂ ਦੀਆਂ ਜਾਇਜ਼ ਮੰਗਾਂ ਮਨਵਾਉਣ ਲਈ ਆਪਸੀ ਏਕਤਾ ਅਤੇ ਸੰਗਠਨ ਦੀ ਮਜ਼ਬੂਤੀ ਸਭ ਤੋਂ ਵੱਧ ਜ਼ਰੂਰੀ ਹੈ।ਹੋਰਨਾਂ ਤੋਂ ਇਲਾਵਾ ਸੁਖਜਿੰਦਰ ਬਖਲੌਰ, ਕੁਲਦੀਪ ਬੰਗਾ, ਪ੍ਰੇਮ ਜੰਡਿਆਲੀ, ਰਕੇਸ਼ ਆਨੰਦ, ਪ੍ਰੇਮੀ ਸੰਧਵਾਂ, ਗੁਰਜਿੰਦਰ ਸਿੰਘ ਗੁਰੂ, ਰਾਜ ਮਜਾਰੀ, ਰੇਸ਼ਮ ਕਲੇਰ, ਬਿੱਟੂ ਭੱਟੀ, ਜੀ ਚੰਨੀ ਪਠਲਾਵਾ, ਚਰਨਜੀਤ ਸੱਲ੍ਹਣ, ਮਨਪ੍ਰੀਤ ਕੌਰ ਆਦਿ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।




## ਜਨਮ ਦਿਨ ਮੁਬਾਰਕ



ਆਰਵ ਅਰੋੜਾ, ਮੋਗਾ

## ਮੁਬਾਰਕਾਂ



ਪੂਰਵ ਸਿੰਘ ਤੇ ਬਲਵਿੰਦਰ ਕੌਰ ਦੇ ਸਪੁੱਤਰ ਪਲਵਿੰਦਰ ਸਿੰਘ ਵਾਸੀ ਰੂਪਨਗਰ ਦਾ ਵਿਆਹ ਤੇਜਪਾਲ ਸਿੰਘ ਤੇ ਨਿਰਮਲ ਕੌਰ ਦੀ ਸਪੁੱਤਰੀ ਮਨਪ੍ਰੀਤ ਕੌਰ ਵਾਸੀ ਚੱਪੜਚਿੜੀ ਜ਼ਿਲ੍ਹਾ ਮੁਹਾਲੀ ਨਾਲ ਬਿਨਾਂ ਦਾਜ-ਦਹੇਜ ਤੇ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਹੋਇਆ।